21-NOV-PAGE-1.qxd 11/20/2023 10:53 PM Page 1

ਮੰਗਲਵਾਰ, 21 ਨਵੰਬਰ, 2023
6 ਮੱਘਰ { ਨਾਨਕਸ਼ਾਹੀ 555
ਬਿਕਰਮੀ 2080
ਜਿਲਦ/VOL. : 72
ਅੰਕ/NO. : 171

# ਨਵਾਂ ਜ਼ਮਾਨਾ

DAILY NAWAN ZAMANA • TUESDAY, 21 NOVEMBER, 2023 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪ੍ਰੈੱਸ-ਰਿੰਗ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

nawan zamana TV

ਕੀਮਤ/PRICE : 5.00 ਰੁਪਏ Regd. No : Pb/JL-123/2021-23, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਹੂਤੀਆਂ ਨੇ ਇਜ਼ਰਾਈਲ ਦੇ ਮਾਲਵਾਹਕ ਜਹਾਜ਼ ਨੂੰ ਕਬਜ਼ੇ 'ਚ ਲਿਆ

**ਯੂਰੋਸ਼ਲਮ :** ਯਮਨ ਦੇ ਹੂਤੀ ਬਾਗੀਆਂ ਨੇ ਲਾਲ ਸਾਗਰ 'ਚ ਇਜ਼ਰਾਈਲ ਨਾਲ ਸੰਬੰਧਤ ਅਤੇ ਭਾਰਤ ਜਾ ਰਹੇ ਮਾਲਵਾਹਕ ਜਹਾਜ਼ ਨੂੰ ਕਬਜ਼ੇ ਵਿਚ ਲੈ ਲਿਆ ਹੈ ਅਤੇ ਜਹਾਜ਼ ਵਿਚ ਸਵਾਰ 25 ਚਾਲਕ ਦਲ ਦੇ ਮੈਂਬਰਾਂ ਨੂੰ ਬੰਦੀ ਬਣਾ ਲਿਆ ਹੈ। ਇਸ ਘਟਨਾ ਨਾਲ ਇਜ਼ਰਾਈਲ-ਹਮਾਸ ਜੰਗ ਕਾਰਨ ਖੇਤਰੀ ਤਣਾਅ ਹੋਰ ਵਧਣ ਦੀ ਸੰਭਾਵਨਾ ਹੈ ਅਤੇ ਸਮੁੰਦਰੀ ਮੋਰਚੇ 'ਤੇ ਜੰਗ ਛਿੜਨ ਦੀ ਸੰਭਾਵਨਾ ਹੈ। ਈਰਾਨ-ਸਮਰਥਕ ਹੂਤੀ ਬਾਗੀਆਂ ਨੇ ਕਿਹਾ ਕਿ ਉਹ ਗਾਜ਼ਾ ਦੇ ਹਮਾਸ ਸ਼ਾਸਕਾਂ ਵਿਰੁੱਧ ਇਜ਼ਰਾਈਲ ਦੀ ਮੁਹਿੰਮ ਦੇ ਅੰਤ ਤੱਕ ਕੌਮਾਂਤਰੀ ਪਾਣੀਆਂ ਵਿਚ ਇਜ਼ਰਾਈਲੀਆਂ ਨਾਲ ਸੰਬੰਧਤ ਜਾਂ ਮਾਲਕੀ ਵਾਲੇ ਜਹਾਜ਼ਾਂ ਨੂੰ ਨਿਸ਼ਾਨਾ ਬਣਾਉਂਦੇ ਰਹਿਣਗੇ।

## ਦਿੱਲੀ ਦੀ ਹਵਾ ਫਿਰ ਵਿਗੜੀ

**ਨਵੀਂ ਦਿੱਲੀ :** ਦਿੱਲੀ ਅਤੇ ਇਸ ਦੇ ਨਾਲ ਲੱਗਦੇ ਸ਼ਹਿਰਾਂ ਵਿਚ ਸੋਮਵਾਰ ਮੁੜ ਹਵਾ ਦੀ ਗੁਣਵੱਤਾ ਵਿਗੜ ਗਈ। ਨਿਗਰਾਨ ਏਜੰਸੀਆਂ ਦਾ ਕਹਿਣਾ ਹੈ ਕਿ ਆਉਣ ਵਾਲੇ ਦਿਨਾਂ 'ਚ ਕਿਸੇ ਵੱਡੀ ਰਾਹਤ ਦੀ ਉਮੀਦ ਨਹੀਂ ਹੈ। ਰਾਜਧਾਨੀ 'ਚ ਏਅਰ ਕੁਆਲਿਟੀ ਇੰਡੈਕਸ ਸੋਮਵਾਰ ਸਵੇਰੇ 8 ਵਜੇ 338 ਸੀ, ਜੋ ਐਤਵਾਰ ਸ਼ਾਮ 4 ਵਜੇ 301 ਦਰਜ ਕੀਤਾ ਗਿਆ।

## ਸੰਜੇ ਸਿੰਘ ਦੀ ਪਟੀਸ਼ਨ 'ਤੇ ਈ ਡੀ ਨੂੰ ਨੋਟਿਸ

**ਨਵੀਂ ਦਿੱਲੀ :** ਦਿੱਲੀ ਸ਼ਰਾਬ ਘੁਟਾਲੇ ਮਾਮਲੇ 'ਚ 'ਆਪ' ਦੇ ਰਾਜ ਸਭਾ ਮੈਂਬਰ ਸੰਜੇ ਸਿੰਘ ਦੀ ਪਟੀਸ਼ਨ 'ਤੇ ਸੋਮਵਾਰ ਸੁਣਵਾਈ ਕਰਦਿਆਂ ਸੁਪਰੀਮ ਕੋਰਟ ਨੇ ਈ ਡੀ ਨੂੰ ਨੋਟਿਸ ਭੇਜਿਆ। ਦਰਅਸਲ, ਸੰਜੇ ਸਿੰਘ ਨੇ ਆਪਣੀ ਗ੍ਰਿਫਤਾਰੀ ਨੂੰ ਲੈ ਕੇ 4 ਨਵੰਬਰ ਨੂੰ ਸੁਪਰੀਮ ਕੋਰਟ ਤੱਕ ਪਹੁੰਚ ਕੀਤੀ ਸੀ। ਇਸ ਤੋਂ ਪਹਿਲਾਂ 20 ਅਕਤੂਬਰ ਨੂੰ ਦਿੱਲੀ ਹਾਈ ਕੋਰਟ ਨੇ ਉਨ੍ਹਾ ਦੀ ਪਟੀਸ਼ਨ ਖਾਰਜ ਕਰ ਦਿੱਤੀ ਸੀ।

## ਖੇਤ 'ਚੋਂ ਡਰੋਨ ਬਰਾਮਦ

**ਚੰਡੀਗੜ੍ਹ :** ਬੀ ਐੱਸ ਐੱਫ ਨੇ ਸੋਮਵਾਰ ਤਰਨ ਤਾਰਨ ਜ਼ਿਲ੍ਹੇ ਦੇ ਪਿੰਡ ਮਹਿਦੀਪੁਰ ਦੇ ਬਾਹਰਵਾਰ ਪੰਜਾਬ ਪੁਲਸ ਨਾਲ ਮਿਲ ਕੇ ਸਾਂਝੀ ਤਲਾਸ਼ੀ ਮੁਹਿੰਮ ਦੌਰਾਨ ਖੇਤ 'ਚੋਂ ਚੀਨ ਦਾ ਬਣਿਆ ਕਵਾਡਕਾਪਟਰ ਬਰਾਮਦ ਕੀਤਾ। ਪਿਛਲੇ ਸੱਤ ਦਿਨਾਂ 'ਚ ਪੰਜਾਬ ਦੇ ਵੱਖ-ਵੱਖ ਖੇਤਰਾਂ ਵਿੱਚੋਂ ਬਰਾਮਦ ਇਹ ਅੱਠਵਾਂ ਡਰੋਨ ਹੈ।

## ਗੁਰਪਤਵੰਤ ਪਨੂੰ ਖਿਲਾਫ ਕੇਸ

**ਨਵੀਂ ਦਿੱਲੀ :** ਕੌਮੀ ਜਾਂਚ ਏਜੰਸੀ ਨੇ ਏਅਰ ਇੰਡੀਆ 'ਤੇ ਸਫਰ ਕਰਨ ਵਾਲੇ ਯਾਤਰੀਆਂ ਨੂੰ ਧਮਕਾਉਣ ਲਈ ਅੱਤਵਾਦੀ ਐਲਾਨੇ ਗੁਰਪਤਵੰਤ ਪਨੂੰ ਅਤੇ ਉਸ ਦੀ ਪਾਬੰਦੀਸ਼ੁਦਾ ਜਥੇਬੰਦੀ ਐੱਸ ਐੱਫ ਜੇ ਖਿਲਾਫ ਕੇਸ ਦਰਜ ਕਰ ਲਿਆ ਹੈ।

## ਮਨੀਪੁਰ 'ਚ ਦੋ ਗਰੁੱਪਾਂ ਵਿਚਾਲੇ ਗੋਲੀਬਾਰੀ, 2 ਮੌਤਾਂ

**ਇੰਫਾਲ :** ਮਨੀਪੁਰ ਦੇ ਕਾਂਗਪੋਕਪੀ ਜ਼ਿਲ੍ਹੇ ਵਿਚ ਸੋਮਵਾਰ ਹਿੰਸਾ ਦੀ ਤਾਜ਼ਾ ਘਟਨਾ ਵਿਚ ਦੋ ਵਿਰੋਧੀ ਸਮੂਹਾਂ ਵਿਚਾਲੇ ਗੋਲੀਬਾਰੀ ਦੌਰਾਨ ਦੋ ਵਿਅਕਤੀਆਂ ਦੀ ਮੌਤ ਹੋ ਗਈ। ਪੁਲਸ ਨੇ ਦੱਸਿਆ ਕਿ ਗੋਲੀਬਾਰੀ ਹਾਰੋਥੈਲ ਅਤੇ ਕੋਬਸਾ ਪਿੰਡਾਂ ਦੇ ਵਿਚਕਾਰ ਪੈਂਦੀ ਥਾਂ 'ਤੇ ਹੋਈ। ਪੁਲਸ ਇਹ ਸਪੱਸ਼ਟ ਨਹੀਂ ਕਰ ਸਕੀ ਕਿ ਗੋਲੀਬਾਰੀ ਕਿਸ ਕਾਰਨ ਹੋਈ।

# ਅਸੰਬਲੀ ਅਜਲਾਸ 28-29 ਨੂੰ



**ਚੰਡੀਗੜ੍ਹ :** ਪੰਜਾਬ ਅਸੰਬਲੀ ਦਾ ਸਰਦ ਰੁੱਤ ਇਜਲਾਸ 28 ਤੋਂ 29 ਨਵੰਬਰ ਤੱਕ ਚੱਲੇਗਾ। ਰਾਜਪਾਲ ਵੱਲੋਂ ਪਿਛਲੇ ਹਫਤੇ ਬੱਜਟ ਸੈਸ਼ਨ ਨੂੰ ਮੁਲਤਵੀ ਕਰਨ ਤੋਂ ਬਾਅਦ ਸੈਸ਼ਨ ਬੁਲਾਇਆ ਜਾ ਰਿਹਾ ਹੈ। ਇਹ ਫੈਸਲਾ ਸੋਮਵਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ 'ਚ ਹੋਈ ਪੰਜਾਬ ਮੰਤਰੀ ਮੰਡਲ ਦੀ ਮੀਟਿੰਗ 'ਚ ਲਿਆ ਗਿਆ। ਅਸੰਬਲੀ 'ਚ ਪੰਜਾਬ ਵਿੱਤੀ ਜ਼ਿੰਮੇਵਾਰੀ ਅਤੇ ਬੱਜਟ ਪ੍ਰਬੰਧਨ (ਸੋਧ) ਬਿੱਲ-2023, ਪੰਜਾਬ ਗੁੱਡਸ ਐਂਡ ਸਰਵਿਸਿਜ਼ ਟੈਕਸ (ਸੋਧ) ਬਿੱਲ-2023 ਅਤੇ ਭਾਰਤੀ ਸਟੈਂਪ (ਪੰਜਾਬ ਸੋਧ) ਬਿੱਲ-2023 ਪੇਸ਼ ਕਰਨ ਦੀ ਸੰਭਾਵਨਾ ਹੈ। ਵਿੱਤ ਮੰਤਰੀ ਹਰਪਾਲ ਚੀਮਾ ਨੇ ਦੱਸਿਆ ਕਿ ਪੰਜ ਕੈਦੀਆਂ, ਜਿਨ੍ਹਾਂ ਦੀਆਂ ਸਜ਼ਾਵਾਂ ਪੂਰੀਆਂ ਹੋਣ ਦੇ ਨੇੜੇ ਹਨ ਅਤੇ ਜਿਨ੍ਹਾਂ ਨੇ ਚੰਗਾ ਵਿਵਹਾਰ ਕੀਤਾ ਸੀ, ਦੇ ਮਾਮਲੇ ਕੈਬਨਿਟ ਮੀਟਿੰਗ ਦੌਰਾਨ ਵਿਚਾਰੇ ਗਏ। ਇਨ੍ਹਾਂ ਵਿੱਚੋਂ ਚਾਰ ਕੇਸਾਂ ਨੂੰ ਰੱਦ ਕਰ ਦਿੱਤਾ ਗਿਆ ਅਤੇ ਇੱਕ ਨੂੰ ਜਲਦੀ ਰਿਹਾਈ ਲਈ ਮਨਜ਼ੂਰੀ ਦਿੱਤੀ ਗਈ ਹੈ। ਕੈਬਨਿਟ ਨੇ ਮਹਾਰਾਜਾ ਭੁਪਿੰਦਰ ਸਿੰਘ ਸਪੋਰਟਸ ਯੂਨੀਵਰਸਿਟੀ, ਪਟਿਆਲਾ ਵਿੱਚ ਸਿੱਧੀ ਭਰਤੀ ਰਾਹੀਂ ਤਕਨੀਕੀ ਕਾਡਰ ਦੀਆਂ ਨੌਂ ਆਸਾਮੀਆਂ ਦੀ ਰਚਨਾ ਕਰਨ ਅਤੇ ਭਰਨ ਦੀ ਵੀ ਪ੍ਰਵਾਨਗੀ ਦੇ ਦਿੱਤੀ। ਇਨ੍ਹਾਂ ਆਸਾਮੀਆਂ ਵਿੱਚ ਇਕ ਆਸਾਮੀ ਸਹਾਇਕ ਮੈਨੇਜਰ, ਪ੍ਰੋਗਰਾਮਰ ਦੀਆਂ ਦੋ ਆਸਾਮੀਆਂ, ਦੋ ਆਸਾਮੀਆਂ ਤਕਨੀਕੀ ਸਹਾਇਕ ਦੀਆਂ ਅਤੇ ਕਲਰਕ-ਕਮ-ਡੇਟਾ ਐਂਟਰੀ ਅਪਰੇਟਰ ਦੀਆਂ ਹੋਣਗੀਆਂ। ਇਸ ਯੂਨੀਵਰਸਿਟੀ ਦੀ ਸਥਾਪਨਾ ਖੇਡਾਂ ਦੇ ਖ਼ੇਤਰ ਦੇ ਕੋਰਸਾਂ, ਸਿੱਖਿਆ ਤੇ ਸਿਖਲਾਈ ਰਾਹੀਂ ਸੂਬੇ ਵਿੱਚ ਖੇਡਾਂ ਦਾ ਪੱਧਰ ਉੱਚਾ ਚੁੱਕਣ ਦੇ ਮਕਸਦ ਨਾਲ ਹੋਈ ਸੀ ਅਤੇ ਇਨ੍ਹਾਂ ਆਸਾਮੀਆਂ ਨਾਲ ਯੂਨੀਵਰਸਿਟੀ ਦਾ ਕੰਮਕਾਜ ਸੁਚਾਰੂ ਤਰੀਕੇ ਨਾਲ ਚਲਾਉਣ ਤੇ ਵਿਦਿਆਰਥੀਆਂ ਨੂੰ ਰੋਜ਼ਾਨਾ ਦੇ ਕੰਮਕਾਜ ਵਿੱਚ ਸਹੂਲਤ ਹੋਵੇਗੀ।

ਕੈਬਨਿਟ ਨੇ ਪੰਜਾਬ ਰਾਜ ਵਿੱਚ ਨਹਿਰਾਂ ਤੇ ਡਰੇਨੇਜ ਦੇ ਕੰਟਰੋਲ ਤੇ ਪ੍ਰਬੰਧਨ ਲਈ ਪੰਜਾਬ ਕੈਨਾਲ ਤੇ ਡਰੇਨੇਜ ਬਿੱਲ-2023 ਨੂੰ ਵੀ ਮਨਜ਼ੂਰੀ ਦੇ ਦਿੱਤੀ। ਇਸ ਦਾ ਮੁੱਖ ਮੰਤਵ ਕਿਸਾਨਾਂ ਤੇ ਜ਼ਮੀਨ ਮਾਲਕਾਂ ਨੂੰ ਬਿਨਾਂ ਕਿਸੇ ਅੜਿੱਕੇ ਦੇ ਸਿੰਜਾਈ ਦੇ ਮੰਤਵ ਲਈ ਨਹਿਰੀ ਪਾਣੀ ਦੇਣ ਵਾਸਤੇ ਨਹਿਰਾਂ, ਡਰੇਨਾਂ ਤੇ ਕੁਦਰਤੀ ਜਲ ਸਰੋਤਾਂ ਦੀ ਸਾਂਭ-ਸੰਭਾਲ, ਮੁਰੰਮਤ ਅਤੇ ਸਮੇਂ ਸਿਰ ਸਫ਼ਾਈ ਯਕੀਨੀ ਬਣਾਉਣਾ ਹੈ। ਇਸ ਤੋਂ ਇਲਾਵਾ ਇਹ ਬਿੱਲ ਪਾਣੀ ਦੀ ਵਰਤੋਂ ਕਰਨ ਵਾਲਿਆਂ ਅਤੇ ਪਾਣੀ ਦੀ ਬੇਲੋੜੀ ਬਰਬਾਦੀ ਵਿਰੁੱਧ ਹੋਰ ਨਿਯਮਤ ਪਾਬੰਦੀਆਂ ਦੀਆਂ ਸ਼ਿਕਾਇਤਾਂ ਦੇ ਨਿਬੇੜੇ ਲਈ ਨਿਰਪੱਖ ਤੇ ਪਾਰਦਰਸ਼ੀ ਢਾਂਚਾ ਕਾਇਮ ਕਰਨਾ ਯਕੀਨੀ ਬਣਾਏਗਾ।

ਕੈਬਨਿਟ ਨੇ ਪੰਜਾਬ ਰਾਜ ਸਮਾਜ ਭਲਾਈ ਬੋਰਡ (ਪੀ ਐੱਸ ਐੱਸ ਡਬਲਯੂ ਬੀ) ਨੂੰ ਬੰਦ ਕਰਨ ਅਤੇ ਇਸ ਦੇ ਹੈੱਡਕੁਆਰਟਰ ਉਤੇ ਤਾਇਨਾਤ ਮੁਲਾਜ਼ਮਾਂ, ਪੈਨਸ਼ਨਰਾਂ ਤੇ ਪੰਜ ਆਈ ਸੀ ਡੀ ਐੱਸ ਬਲਾਕਾਂ ਸਮੇਤ ਸਟਾਫ਼ ਦੇ ਸਮਾਜਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਵਿੱਚ ਰਲੇਵੇਂ ਨੂੰ ਵੀ ਮਨਜ਼ੂਰੀ ਦੇ ਦਿੱਤੀ।

## ਕਸ਼ਮੀਰ 'ਚ ਸੀਤ ਲਹਿਰ ਦੀ ਸ਼ੁਰੂਆਤ



**ਸ੍ਰੀਨਗਰ :** ਐਤਵਾਰ ਰਾਤ ਘੱਟੋ-ਘੱਟ ਤਾਪਮਾਨ ਸਿਫਰ ਤੋਂ ਹੇਠਾਂ ਜਾਣ ਕਾਰਨ ਸੋਮਵਾਰ ਸਵੇਰੇ ਸ੍ਰੀਨਗਰ ਸਮੇਤ ਕਈ ਥਾਵਾਂ 'ਤੇ ਸੰਘਣੀ ਧੁੰਦ ਛਾਈ ਰਹੀ ਤੇ ਤਾਪਮਾਨ 'ਚ ਗਿਰਾਵਟ ਕਾਰਨ ਕਸ਼ਮੀਰ 'ਚ ਸੀਤ ਲਹਿਰ ਸ਼ੁਰੂ ਹੋ ਗਈ। ਭਾਰਤੀ ਮੌਸਮ ਵਿਭਾਗ ਨੇ ਕਿਹਾ ਕਿ ਜੰਮੂ-ਕਸ਼ਮੀਰ ਦੀ ਗਰਮੀਆਂ ਦੀ ਰਾਜਧਾਨੀ ਸ੍ਰੀਨਗਰ 'ਚ ਘੱਟੋ-ਘੱਟ ਤਾਪਮਾਨ ਮਨਫੀ 0.8 ਡਿਗਰੀ ਸੈਲਸੀਅਸ ਸੀ, ਜੋ ਸਾਲ ਦੇ ਇਸ ਸੀਜ਼ਨ ਲਈ ਆਮ ਨਾਲੋਂ 1.2 ਡਿਗਰੀ ਸੈਲਸੀਅਸ ਘੱਟ ਹੈ।

## ਦੱਖਣੀ ਕੋਰੀਆ ਦੀ ਉੱਤਰੀ ਕੋਰੀਆ ਨੂੰ ਚਿਤਾਵਨੀ

**ਸਿਓਲ :** ਦੱਖਣੀ ਕੋਰੀਆ ਦੀ ਫੌਜ ਨੇ ਉੱਤਰੀ ਕੋਰੀਆ ਨੂੰ ਆਪਣੀ ਜਾਸੂਸੀ ਉਪਗ੍ਰਹਿ ਲਾਂਚ ਯੋਜਨਾ ਨੂੰ ਅੱਗੇ ਨਾ ਵਧਾਉਣ ਦੀ ਚਿਤਾਵਨੀ ਦਿੱਤੀ ਹੈ ਤੇ ਕਿਹਾ ਹੈ ਕਿ ਜੇ ਉਹ ਨਾ ਟਲਿਆ ਤਾਂ ਅੰਤਰ-ਕੋਰੀਆਈ ਸ਼ਾਂਤੀ ਸਮਝੌਤੇ ਨੂੰ ਖਤਮ ਕਰ ਦਿੱਤਾ ਜਾਵੇਗਾ। ਇਸ ਦੇ ਨਾਲ ਦੱਖਣੀ ਕੋਰੀਆ ਨੇ ਕਿਹਾ ਕਿ ਯੋਜਨਾ ਰੱਦ ਨਾ ਕਰਨ 'ਤੇ ਉਹ ਖੇਤਰ 'ਚ ਹਵਾਈ ਨਿਗਰਾਨੀ ਸ਼ੁਰੂ ਕਰ ਸਕਦਾ ਹੈ।

ਉੱਤਰੀ ਕੋਰੀਆ ਇਸ ਸਾਲ ਦੇ ਸ਼ੁਰੂ 'ਚ ਫੌਜੀ ਜਾਸੂਸੀ ਉਪਗ੍ਰਹਿ ਨੂੰ ਪੁਲਾੜ 'ਚ ਭੇਜਣ 'ਚ ਦੋ ਵਾਰ ਅਸਫਲ ਹੋ ਚੁੱਕਿਆ ਹੈ ਤੇ ਅਕਤੂਬਰ 'ਚ ਉਪਗ੍ਰਹਿ ਨੂੰ ਪੰਧ 'ਚ ਪਾਉਣ ਦੀ ਤੀਜੀ ਕੋਸ਼ਿਸ਼ ਨਹੀਂ ਕੀਤੀ।

# ਗਵਰਨਰ ਤਿੰਨ ਸਾਲ ਕੀ ਕਰਦੇ ਰਹੇ ?

### ਬਿੱਲ ਦੱਬੀ ਰੱਖਣ ਖਿਲਾਫ ਤਾਮਿਲਨਾਡੂ ਸਰਕਾਰ ਦੀ ਪਟੀਸ਼ਨ 'ਤੇ ਸੁਪਰੀਮ ਕੋਰਟ ਦਾ ਸਵਾਲ

**ਨਵੀਂ ਦਿੱਲੀ :** ਤਾਮਿਲਨਾਡੂ ਦੇ ਗਵਰਨਰ ਐੱਨ ਰਵੀ ਵੱਲੋਂ ਜਨਵਰੀ 2020 ਤੋਂ ਪੈਂਡਿੰਗ ਪਏ ਬਿੱਲਾਂ ਬਾਰੇ ਫੈਸਲਾ ਲੈਣ ਵਿਚ ਦੇਰੀ 'ਤੇ ਸੁਪਰੀਮ ਕੋਰਟ ਨੇ ਸੋਮਵਾਰ ਸਵਾਲ ਉਠਾਇਆ। ਸੂਬਾ ਸਰਕਾਰ ਦੀ ਪਟੀਸ਼ਨ 'ਤੇ ਸੁਣਵਾਈ ਕਰਦਿਆਂ ਚੀਫ ਜਸਟਿਸ ਡੀ ਵਾਈ ਚੰਦਰਚੂੜ, ਜਸਟਿਸ ਜੇ ਬੀ ਪਾਰਦੀਵਾਲਾ ਤੇ ਜਸਟਿਸ ਮਨੋਜ ਮਿਸ਼ਰਾ ਦੀ ਬੈਂਚ ਨੇ ਕਿਹਾ—ਗਵਰਨਰ ਨੇ ਸੂਬਾ ਸਰਕਾਰ ਦੀ ਪਟੀਸ਼ਨ 'ਤੇ 10 ਨਵੰਬਰ ਨੂੰ ਸੁਪਰੀਮ ਕੋਰਟ ਵੱਲੋਂ ਨੋਟਿਸ ਜਾਰੀ ਕਰਨ ਦੇ ਬਾਅਦ ਹੀ 10 ਬਿੱਲਾਂ 'ਤੇ ਸਹਿਮਤੀ ਰੋਕਣ ਦਾ ਫੈਸਲਾ ਕੀਤਾ। ਚੀਫ ਜਸਟਿਸ ਚੰਦਰਚੂੜ ਨੇ ਭਾਰਤ ਸਰਕਾਰ ਦੇ ਅਟਾਰਨੀ ਜਨਰਲ ਆਰ ਵੈਂਕਟਰਮਣੀ ਨੂੰ ਕਿਹਾ—ਮਿਸਟਰ ਅਟਾਰਨੀ, ਗਵਰਨਰ ਦਾ ਕਹਿਣਾ ਹੈ ਕਿ ਉਨ੍ਹਾ 13 ਨਵੰਬਰ ਨੂੰ 10 ਬਿੱਲਾਂ ਦਾ ਨਿਪਟਾਰਾ ਕਰ ਦਿੱਤਾ। ਸਾਡੀ ਚਿੰਤਾ ਇਹ ਹੈ ਕਿ ਅਸੀਂ 10 ਨਵੰਬਰ ਨੂੰ ਆਦੇਸ਼ ਪਾਸ ਕੀਤਾ। ਇਹ ਬਿੱਲ ਜਨਵਰੀ 2020 ਤੋਂ ਪੈਂਡਿੰਗ ਸਨ। ਇਸ ਦਾ ਮਤਲਬ ਹੈ ਕਿ ਗਵਰਨਰ ਨੇ ਕੋਰਟ ਦੇ ਆਦੇਸ਼ ਤੋਂ ਬਾਅਦ ਫੈਸਲਾ ਕੀਤਾ। ਉਹ ਤਿੰਨ ਸਾਲ ਕੀ ਕਰ ਰਹੇ ਸਨ ? ਗਵਰਨਰ ਨੂੰ ਪਾਰਟੀਆਂ ਦੇ ਸੁਪਰੀਮ ਕੋਰਟ ਜਾਣ ਦੀ ਉਡੀਕ ਕਿਉਂ ਕਰਨੀ ਚਾਹੀਦੀ ਹੈ? ਇਹ ਦੱਸੇ ਜਾਣ 'ਤੇ ਕਿ ਅਸੰਬਲੀ ਨੇ ਉਪਰੋਕਤ 10 ਬਿੱਲ ਫਿਰ ਪਾਸ ਕਰ ਦਿੱਤੇ ਹਨ, ਬੈਂਚ ਨੇ ਕਿਹਾ ਕਿ ਉਹ ਇਨ੍ਹਾਂ ਬਿੱਲਾਂ ਬਾਰੇ ਗਵਰਨਰ ਦੇ ਫੈਸਲੇ ਦੀ ਉਡੀਕ ਕਰੇਗੀ ਤੇ ਅਗਲੀ ਸੁਣਵਾਈ ਇਕ ਦਸੰਬਰ ਨੂੰ ਕਰੇਗੀ।

### ਕੇਰਲਾ ਦੇ ਗਵਰਨਰ ਤੇ ਕੇਂਦਰ ਨੂੰ ਨੋਟਿਸ

**ਨਵੀਂ ਦਿੱਲੀ :** ਸੁਪਰੀਮ ਕੋਰਟ ਨੇ ਬਿੱਲਾਂ ਨੂੰ ਮਨਜ਼ੂਰੀ ਦੇਣ 'ਚ ਦੇਰੀ ਦਾ ਦੋਸ਼ ਲਗਾਉਣ ਵਾਲੀ ਕੇਰਲਾ ਸਰਕਾਰ ਦੀ ਪਟੀਸ਼ਨ 'ਤੇ ਸੋਮਵਾਰ ਕੇਂਦਰ ਸਰਕਾਰ ਅਤੇ ਗਵਰਨਰ ਆਰਿਫ ਮੁਹੰਮਦ ਖਾਨ ਦੇ ਦਫਤਰ ਤੋਂ ਜਵਾਬ ਮੰਗਿਆ। ਪਟੀਸ਼ਨ 'ਚ ਦੋਸ਼ ਲਾਇਆ ਗਿਆ ਹੈ ਕਿ ਰਾਜਪਾਲ ਵਿਧਾਨ ਸਭਾ ਵੱਲੋਂ ਪਾਸ ਕੀਤੇ ਕਈ ਬਿੱਲਾਂ ਨੂੰ ਮਨਜ਼ੂਰੀ ਨਹੀਂ ਦੇ ਰਹੇ। ਚੀਫ ਜਸਟਿਸ ਡੀ ਵਾਈ ਚੰਦਰਚੂੜ, ਜਸਟਿਸ ਜੇ ਬੀ ਪਾਰਦੀਵਾਲਾ ਅਤੇ ਜਸਟਿਸ ਮਨੋਜ ਮਿਸ਼ਰਾ ਦੀ ਬੈਂਚ ਸ਼ੁੱਕਰਵਾਰ ਨੂੰ ਅਗਲੀ ਸੁਣਵਾਈ ਕਰੇਗੀ।

## ਕੇਜਰੀਵਾਲ ਵਿਰੁੱਧ ਭਾਜਪਾ ਦੇ ਕੂੜ-ਪ੍ਰਚਾਰ ਦੀ ਚੋਣ ਕਮਿਸ਼ਨ ਕੋਲ ਸ਼ਿਕਾਇਤ



**ਨਵੀਂ ਦਿੱਲੀ :** ਆਮ ਆਦਮੀ ਪਾਰਟੀ ਨੇ ਸੋਮਵਾਰ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਨਿਸ਼ਾਨਾ ਬਣਾਉਣ ਵਾਲੀਆਂ ਸੋਸ਼ਲ ਮੀਡੀਆ ਪੋਸਟਾਂ ਨੂੰ ਲੈ ਕੇ ਭਾਰਤੀ ਜਨਤਾ ਪਾਰਟੀ ਵਿਰੁੱਧ ਚੋਣ ਕਮਿਸ਼ਨ ਕੋਲ ਸ਼ਿਕਾਇਤ ਦਰਜ ਕਰਵਾਈ। ਰਾਜ ਸਭਾ ਮੈਂਬਰ ਰਾਘਵ ਚੱਢਾ ਦੀ ਅਗਵਾਈ ਹੇਠ 'ਆਪ' ਦਾ ਵਫਦ ਚੋਣ ਕਮਿਸ਼ਨ ਦੇ ਅਧਿਕਾਰੀਆਂ ਨੂੰ ਮਿਲਿਆ। ਚੱਢਾ ਨੇ ਕਿਹਾ ਕਿ ਭਾਜਪਾ ਸੋਸ਼ਲ ਮੀਡੀਆ 'ਤੇ ਹਾਸੋਹੀਣੀ ਸਮਗਰੀ ਪੋਸਟ ਕਰਕੇ ਸਾਡੀ ਪਾਰਟੀ ਅਤੇ ਮੁੱਖ ਮੰਤਰੀ ਕੇਜਰੀਵਾਲ ਦੇ ਅਕਸ ਨੂੰ ਖਰਾਬ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਉਹ ਕੇਜਰੀਵਾਲ ਦੀ ਚਰਿੱਤਰ ਹੱਤਿਆ ਕਰ ਰਹੀ ਹੈ।

ਉਨ੍ਹਾ ਕਿਹਾ—ਰਾਜਨੀਤੀ 'ਚ ਵੀ ਕੁਝ ਮਰਿਆਦਾ ਹੋਣੀ ਚਾਹੀਦੀ ਹੈ। ਮੇਰੀ ਭਾਜਪਾ ਨੂੰ ਬੇਨਤੀ ਹੈ ਕਿ ਉਹ ਲੋਕਾਂ ਦੀ ਚਰਿੱਤਰ ਹੱਤਿਆ ਨੂੰ ਰੋਕੇ। ਜੇਕਰ ਤੁਸੀਂ ਕੇਜਰੀਵਾਲ ਨਾਲ ਲੜਨਾ ਚਾਹੁੰਦੇ ਹੋ ਤਾਂ ਚੋਣ ਮੈਦਾਨ 'ਚ ਲੜੋ। ਸਾਨੂੰ ਯਕੀਨ ਹੈ ਕਿ ਚੋਣ ਕਮਿਸ਼ਨ ਢੁਕਵੀਂ ਕਾਰਵਾਈ ਕਰੇਗਾ। 'ਆਪ' ਨੇ ਦੋਸ਼ ਲਾਇਆ ਹੈ ਕਿ ਭਾਜਪਾ ਲੋਕ ਪ੍ਰਤੀਨਿਧ ਕਾਨੂੰਨ ਅਤੇ ਆਦਰਸ਼ ਚੋਣ ਜ਼ਾਬਤੇ ਦੀ ਉਲੰਘਣਾ ਕਰ ਰਹੀ ਹੈ।

## ਦਰਸ਼ਕਾਂ ਨੂੰ ਚੁੱਪ ਕਰਾ ਕੇ ਤਸੱਲੀ ਹੋਈ : ਕਮਿੰਸ

**ਅਹਿਮਦਾਬਾਦ :** ਆਸਟਰੇਲੀਆ ਦੇ ਕਪਤਾਨ ਪੈਟ ਕਮਿੰਸ ਲਈ ਵਿਸ਼ਵ ਕੱਪ ਫਾਈਨਲ 'ਚ ਵਿਰਾਟ ਕੋਹਲੀ ਨੂੰ ਆਊਟ ਕਰਕੇ ਨਰਿੰਦਰ ਮੋਦੀ ਸਟੇਡੀਅਮ 'ਚ ਮੌਜੂਦ 90 ਹਜ਼ਾਰ ਦਰਸ਼ਕਾਂ ਨੂੰ ਚੁੱਪ ਕਰਾਉਣਾ ਸਭ ਤੋਂ ਤਸੱਲੀ ਵਾਲਾ ਪਲ ਸੀ। ਕੋਹਲੀ ਜਦੋਂ 54 ਦੌੜਾਂ 'ਤੇ ਖੇਡ ਰਿਹਾ ਸੀ ਤਾਂ ਕਮਿੰਸ ਨੇ ਉਸ ਨੂੰ ਆਊਟ ਕਰ ਦਿੱਤਾ। ਕਮਿੰਸ ਨੂੰ ਜਦੋਂ ਪੁੱਛਿਆ ਗਿਆ ਕਿ ਕੀ ਸਟੇਡੀਅਮ 'ਚ ਮੌਜੂਦ ਦਰਸ਼ਕਾਂ ਨੂੰ ਚੁੱਪ ਕਰਾਉਣਾ ਉਸ ਲਈ ਸਭ ਤੋਂ ਸੰਤੋਸ਼ਜਨਕ ਪਲ ਸੀ ਤਾਂ ਉਸ ਨੇ ਕਿਹਾ-ਜਦੋਂ ਕੋਹਲੀ ਨੂੰ ਆਊਟ ਕੀਤਾ ਤਾਂ ਚਾਰੇ ਪਾਸੇ ਚੁੱਪ ਵਰਤ ਗਈ। ਇਹ ਮੇਰੇ ਲਈ ਤਸੱਲੀ ਦਾ ਪਲ ਸੀ। ਮੈਨੂੰ ਅਜਿਹਾ ਲੱਗਦਾ ਸੀ ਕਿ ਅੱਜ ਵੀ ਕੋਹਲੀ ਸੈਂਕੜਾ ਮਾਰੇਗਾ, ਜਿਵੇਂ ਉਹ ਅਜਿਹੇ ਹਾਲਾਤ 'ਚ ਆਮ ਤੌਰ 'ਤੇ ਕਰਦਾ ਹੈ, ਪਰ ਉਸ ਨੂੰ ਅਜਿਹਾ ਨਾ ਕਰਨ ਦੇਣਾ ਹੀ ਤਸੱਲੀ ਦੇਣ ਵਾਲੀ ਗੱਲ ਹੈ।

## ਮਨਪ੍ਰੀਤ ਤੋਂ 4 ਘੰਟੇ ਪੁੱਛਗਿੱਛ

**ਬਠਿੰਡਾ :** ਵਿਜੀਲੈਂਸ ਅਧਿਕਾਰੀਆਂ ਨੇ ਸੋਮਵਾਰ ਸਾਬਕਾ ਵਿੱਤ ਮੰਤਰੀ ਅਤੇ ਭਾਜਪਾ ਆਗੂ ਮਨਪ੍ਰੀਤ ਸਿੰਘ ਬਾਦਲ ਤੋਂ ਬਠਿੰਡਾ ਵਿਕਾਸ ਅਥਾਰਟੀ ਤੋਂ ਪਲਾਟ ਖਰੀਦਣ ਦੇ ਬਹੁਚਰਚਿਤ ਮਾਮਲੇ 'ਚ ਕਰੀਬ 4 ਘੰਟੇ ਪੁੱਛਗਿੱਛ ਕੀਤੀ। ਮਨਪ੍ਰੀਤ ਨੇ ਦੁਹਰਾਇਆ ਕਿ ਵਿਜੀਲੈਂਸ ਸੌ ਵਾਰ ਸੱਦੇ ਉਹ ਸੌ ਵਾਰ ਆਉਣਗੇ। ਵਿਜੀਲੈਂਸ ਬਿਊਰੋ ਰੇਂਜ ਬਠਿੰਡਾ ਦੇ ਐੱਸ ਐੱਸ ਪੀ ਹਰਪਾਲ ਸਿੰਘ ਨੇ ਕਿਹਾ ਕਿ ਹੁਣ ਤੱਕ ਦੀ ਤਫਤੀਸ਼ ਦਾ ਜਾਇਜ਼ਾ ਲਿਆ ਜਾਏਗਾ ਤੇ ਜੇ ਲੋੜ ਪਈ ਤਾਂ ਉਨ੍ਹਾ ਨੂੰ ਫਿਰ ਤੋਂ ਬੁਲਾਇਆ ਜਾ ਸਕਦਾ ਹੈ।

## ਸੁਰੰਗ 'ਚ ਫਸੇ ਮਜ਼ਦੂਰਾਂ ਨੂੰ ਖਾਣਾ ਪਹੁੰਚਾਉਣ 'ਚ ਸਫਲਤਾ



ਕੌਮਾਂਤਰੀ ਸੁਰੰਗ ਮਾਹਰ ਅਰਨੋਲਡ ਡਿਕਸ ਅਧਿਕਾਰੀਆਂ ਨਾਲ ਮਸ਼ਵਰਾ ਕਰਦੇ ਹੋਏ।

**ਉੱਤਰਕਾਸ਼ੀ :** ਉੱਤਰਾਖੰਡ ਦੇ ਉੱਤਰਕਾਸ਼ੀ ਜ਼ਿਲ੍ਹੇ 'ਚ ਸਿਲਕਿਆਰਾ ਸੁਰੰਗ 'ਚ ਫਸੇ 41 ਮਜ਼ਦੂਰਾਂ ਨੂੰ ਬਚਾਉਣ ਦੇ ਯਤਨਾਂ ਨੂੰ ਵੱਡੀ ਸਫਲਤਾ ਮਿਲੀ, ਜਦੋਂ ਮਲਬੇ ਵਿੱਚ ਛੇ ਇੰਚੀ ਵਿਆਸ ਵਾਲੀ ਪਾਈਪ ਪਾ ਦਿੱਤੀ ਗਈ। ਇਸ ਨਾਲ ਮਜ਼ਦੂਰਾਂ ਨੂੰ ਠੋਸ ਖੁਰਾਕ ਪਹੁੰਚਾਉਣ ਤੇ ਉਨ੍ਹਾਂ ਨਾਲ ਗੱਲਬਾਤ ਕਰਨ 'ਚ ਮਦਦ ਮਿਲੇਗੀ। ਨੈਸ਼ਨਲ ਹਾਈਵੇਜ਼ ਐਂਡ ਇਨਫਰਾਸਟਰਕਚਰ ਡਿਵੈੱਲਪਮੈਂਟ ਕਾਰਪੋਰੇਸ਼ਨ ਦੇ ਡਾਇਰੈਕਟਰ ਅੰਸ਼ੂ ਮਨਸੀਹ ਖਲਖੋ ਨੇ ਦੱਸਿਆ—ਅਸੀਂ ਪਹਿਲੀ ਵੱਡੀ ਸਫਲਤਾ ਹਾਸਲ ਕਰ ਲਈ ਹੈ। ਮਜ਼ਦੂਰ ਇਸ ਪਾਈਪ ਨਾਲ ਗੱਲਬਾਤ ਕਰ ਸਕਦੇ ਹਨ।

ਇਸੇ ਦੌਰਾਨ ਕੌਮਾਂਤਰੀ ਸੁਰੰਗ ਮਾਹਰ ਅਰਨੋਲਡ ਡਿਕਸ ਸੋਮਵਾਰ ਮੌਕੇ 'ਤੇ ਪਹੁੰਚ ਗਏ। ਉਨ੍ਹਾ ਕਿਹਾ—ਮੇਰੇ ਕੋਲ ਹਿਮਾਲੀਅਨ ਭੂ-ਵਿਗਿਆਨ ਦੇ ਸਭ ਤੋਂ ਵਧੀਆ ਮਾਹਰ ਹਨ। ਅਸੀਂ ਸਾਰੇ ਜਾਣਦੇ ਹਾਂ ਕਿ ਸੁਰੰਗ ਦੇ ਉੱਪਰ ਸਥਿਤੀ ਕਿਹੋ ਜਿਹੀ ਹੈ ਅਤੇ ਅੰਦਰ ਕੀ ਸਥਿਤੀ ਹੋ ਸਕਦੀ ਹੈ। ਅਸੀਂ ਸਾਰੇ ਉਨ੍ਹਾਂ 41 ਵਰਕਰਾਂ ਨੂੰ ਬਚਾਉਣ ਦੀ ਕੋਸ਼ਿਸ਼ ਕਰ ਰਹੇ ਹਾਂ ਅਤੇ ਕਿਸੇ ਵੀ ਵਰਕਰ ਨੂੰ ਸੱਟ ਨਹੀਂ ਲੱਗਣ ਦੇਵਾਂਗੇ। ਇਹ ਬਹੁਤ ਮੁਸ਼ਕਲ ਕੰਮ ਹੈ, ਸਾਨੂੰ ਸੁਰੰਗ ਦੇ ਉੱਪਰ ਤੋਂ ਹੇਠਾਂ ਤੱਕ ਸਭ ਪਾਸੇ ਦੇਖਣਾ ਪੈਂਦਾ ਹੈ। ਅਸੀਂ ਜਲਦੀ ਹੀ ਸਾਰਿਆਂ ਨੂੰ ਸੁਰੱਖਿਅਤ ਬਾਹਰ ਕੱਢ ਲਵਾਂਗੇ। ਅਸੀਂ ਸਾਰੇ ਇੱਕ ਟੀਮ ਹਾਂ ਅਤੇ ਪੂਰੀ ਦੁਨੀਆ ਸਾਡੇ ਨਾਲ ਹੈ।

## ਵਿਆਹ ਦਾ ਵਿਰੋਧ ਕਰਨ 'ਤੇ ਕੁੜੀ ਦੇ ਦੋ ਭਰਾਵਾਂ ਦੀ ਹੱਤਿਆ

**ਲਖੀਸਰਾਏ :** ਬਿਹਾਰ ਦੇ ਲਖੀਸਰਾਏ ਜ਼ਿਲ੍ਹੇ 'ਚ ਸੋਮਵਾਰ ਸਵੇਰੇ ਨੌਜਵਾਨ ਨੇ ਕਥਿਤ ਪ੍ਰੇਮਿਕਾ ਦੇ ਪਰਵਾਰ ਵੱਲੋਂ ਵਿਆਹ ਤੋਂ ਇਨਕਾਰ ਕਰਨ 'ਤੇ ਉਸ ਦੇ ਦੋ ਭਰਾਵਾਂ ਰਾਜਨੰਦਨ ਝਾਅ ਤੇ ਚੰਦਨ ਝਾਅ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ, ਜਦਕਿ ਕੁੜੀ ਸਣੇ ਚਾਰ ਨੂੰ ਜ਼ਖਮੀ ਕਰ ਦਿੱਤਾ। ਮੁਲਜ਼ਮ ਦਾ ਘਰ ਪੀੜਤ ਪਰਵਾਰ ਦੇ ਗੁਆਂਢ 'ਚ ਹੈ। ਉਸ ਨੇ ਉਦੋਂ ਗੋਲੀ ਚਲਾਈ ਜਦੋਂ ਪੀੜਤ ਪਰਵਾਰ ਦੇ ਮੈਂਬਰ ਛੱਠ ਪੂਜਾ ਤੋਂ ਬਾਅਦ ਘਾਟ ਤੋਂ ਵਾਪਸ ਆ ਰਹੇ ਸਨ। ਪੀੜਤ ਪਰਵਾਰ ਨੇ ਕਿਹਾ ਕਿ ਮੁਲਜ਼ਮ ਆਸ਼ੀਸ਼ ਚੌਧਰੀ (30) ਉਨ੍ਹਾਂ ਦੀ ਕੁੜੀ ਨਾਲ ਵਿਆਹ ਕਰਵਾਉਣਾ ਚਾਹੁੰਦਾ ਸੀ, ਜਦਕਿ ਉਹ ਤਿਆਰ ਨਹੀਂ ਸਨ।



## ਪ੍ਰਕਾਸ਼ ਪੁਰਬ ਵਿਸ਼ੇਸ਼ ਸਪਲੀਮੈਂਟ



ਅਸ਼ੋਕ ਸ਼ਰਮਾ
ਫਿਰੋਜ਼ਪੁਰ
81468-22544



ਅਮਰਜੀਤ ਬੱਬਰੀ
ਮੋਗਾ
94630-83363



ਦਰਸ਼ਨ ਜਿੰਦਲ
ਰਾਮਪੁਰਾ ਫੂਲ
94172-27460



ਜਸਬੀਰ ਕੰਬੋਜ
ਮਮਦੋਟ
98550-12590



ਮਨਦੀਪ ਕੁਮਾਰ ਕੋਹਲੀ
ਕਲਾਨੌਰ
98154-22070



ਦਵਿੰਦਰ ਸੈਣੀ
ਪਠਾਨਕੋਟ
95305-91456



ਸੁਖਤਿੰਦਰ ਸਿੰਘ
ਅਜਨਾਲਾ
99145-08940



ਮਨਜੀਤ ਮਾਨ
ਕਪੂਰਥਲਾ
98728-88995

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਤ ਕੀਤੇ ਜਾ ਰਹੇ ਹਨ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਇਨ੍ਹਾਂ ਪੱਤਰਕਾਰਾਂ ਨਾਲ ਸੰਪਰਕ ਕੀਤਾ ਜਾਵੇ।

*-ਜਨਰਲ ਮੈਨੇਜਰ*



## ਜੱਜਾਂ ਦੀ ਨਿਯੁਕਤੀ 'ਚ ਸਰਕਾਰ ਦੀ ਪਸੰਦ-ਨਾਪਸੰਦ ਦੀ ਨੀਤੀ ਠੀਕ ਨਹੀਂ : ਸੁਪਰੀਮ ਕੋਰਟ



ਜੱਜਾਂ ਦੇ ਤਬਾਦਲੇ ਦੀ ਸਿਫਾਰਸ਼ ਵਾਲੀ ਫਾਈਲ ਸਰਕਾਰ ਨੇ ਅਜੇ ਵੀ ਲਟਕਾ ਰੱਖੀ ਹੈ।

**ਨਵੀਂ ਦਿੱਲੀ :** ਸੁਪਰੀਮ ਕੋਰਟ ਨੇ ਸੋਮਵਾਰ ਕਿਹਾ ਕਿ ਜੱਜਾਂ ਦੀ ਨਿਯੁਕਤੀ ਵਿਚ ਪਸੰਦ-ਨਾਪਸੰਦ ਦੀ ਨੀਤੀ ਠੀਕ ਨਹੀਂ ਹੈ। ਇਹ ਚੰਗੇ ਸੰਕੇਤ ਨਹੀਂ ਹਨ। ਇਹ ਦੇਸ਼ ਵਿਚ ਗਲਤ ਸੰਦੇਸ਼ ਦਿੰਦਾ ਹੈ। ਜਸਟਿਸ ਸੰਜੇ ਕਿਸ਼ਨ ਕੌਲ ਤੇ ਜਸਟਿਸ ਸੁਧਾਂਸ਼ੂ ਧੂਲੀਆ ਦੀ ਬੈਂਚ ਨੇ ਸੁਪਰੀਮ ਕੋਰਟ ਦੇ ਕਾਲੇਜਿਅਮ ਵੱਲੋਂ ਸਿਫਾਰਸ਼ ਕਰਨ ਦੇ ਬਾਵਜੂਦ ਜੱਜਾਂ ਦੀ ਨਿਯੁਕਤੀ ਵਿਚ ਦੇਰੀ ਲਈ ਕੇਂਦਰ ਸਰਕਾਰ ਨੂੰ ਝਾੜ ਪਾਈ। ਬੈਂਚ ਨੇ ਕਿਹਾ—ਸਰਕਾਰ ਜੱਜਾਂ ਦੀ ਨਿਯੁਕਤੀ ਤੇ ਤਬਾਦਲਾ ਆਪਣੀ ਪਸੰਦ-ਨਾਪਸੰਦ ਮੁਤਾਬਕ ਕਰ ਰਹੀ ਹੈ। ਅਲਾਹਾਬਾਦ, ਦਿੱਲੀ, ਪੰਜਾਬ ਤੇ ਗੁਜਰਾਤ ਹਾਈਕੋਰਟ ਦੇ ਜੱਜਾਂ ਦੇ ਤਬਾਦਲੇ ਦੀ ਸਿਫਾਰਸ਼ ਵਾਲੀ ਫਾਈਲ ਸਰਕਾਰ ਨੇ ਅਜੇ ਵੀ ਲਟਕਾ ਰੱਖੀ ਹੈ। ਗੁਜਰਾਤ ਹਾਈਕੋਰਟ ਵਿਚ ਤਾਂ ਚਾਰ ਜੱਜਾਂ ਦੇ ਤਬਾਦਲੇ ਪੈਂਡਿੰਗ ਹਨ। ਇਨ੍ਹਾਂ ਬਾਰੇ ਸਰਕਾਰ ਨੇ ਹੁਣ ਤਕ ਕੁਝ ਨਹੀਂ ਕੀਤਾ।

ਬੈਂਚ ਨੇ ਕਿਹਾ—ਦੁਬਾਰਾ ਸਿਫਾਰਸ਼ ਦੇ ਬਾਵਜੂਦ ਨਿਯੁਕਤੀ ਨਾ ਕਰਨਾ ਪ੍ਰੇਸ਼ਾਨ ਕਰਨ ਵਾਲੀ ਗੱਲ ਹੈ।

ਸਿਫਾਰਸ਼ਾਂ 'ਤੇ ਅਮਲ ਲਈ ਸਰਕਾਰ ਨੂੰ ਸਮਾਂ ਦਿੰਦਿਆਂ ਅਗਲੀ ਸੁਣਵਾਈ ਕਰਨ ਲਈ ਪੰਜ ਦਸੰਬਰ ਦੀ ਤਰੀਕ ਤੈਅ ਕੀਤੀ। ਸੁਣਵਾਈ ਦੌਰਾਨ ਅਟਾਰਨੀ ਜਨਰਲ ਆਰ ਵੈਂਕਟਰਮਣੀ ਨੇ ਕਿਹਾ ਕਿ ਅਸੰਬਲੀ ਚੋਣਾਂ 'ਚ ਰੁੱਝੇ ਹੋਣ ਕਾਰਨ ਦੇਰੀ ਹੋਈ ਹੈ। ਸਰਕਾਰ ਦੀ ਫੈਸਲਾ ਲੈਣ ਵਿਚ ਦੇਰੀ ਕਰਨ ਦੀ ਕੋਈ ਮਣਸ਼ਾ ਨਹੀਂ।

## ਡੇਰਾ ਮੁਖੀ ਦੀ 21 ਦਿਨ ਦੀ ਫਰਲੋ ਮਨਜ਼ੂਰ

**ਚੰਡੀਗੜ੍ਹ :** ਸਿਰਸਾ ਦਾ ਡੇਰਾ ਮੁਖੀ ਗੁਰਮੀਤ ਰਾਮ ਰਹੀਮ ਇੱਕ ਵਾਰ ਫਿਰ ਤੋਂ ਜੇਲ੍ਹ 'ਚੋਂ ਬਾਹਰ ਆਉਣ ਵਾਲਾ ਹੈ। ਉਸ ਦੀ ਫਰਲੋ ਮਨਜ਼ੂਰ ਹੋ ਗਈ ਹੈ। ਇਸ ਵਾਰ ਰਾਮ ਰਹੀਮ 21 ਦਿਨਾਂ ਦੇ ਲਈ ਜੇਲ੍ਹ 'ਚੋਂ ਬਾਹਰ ਆਵੇਗਾ। ਜੇਲ੍ਹ 'ਚੋਂ ਬਾਹਰ ਆਉਣ ਤੋਂ ਬਾਅਦ ਉਹ ਉੱਤਰ ਪ੍ਰਦੇਸ਼ ਦੇ ਬਾਗਪਤ ਸਥਿਤ ਆਸ਼ਰਮ 'ਚ ਰਹੇਗਾ। ਉਹ ਸਾਧਵੀਆਂ ਨਾਲ ਬਲਾਤਕਾਰ ਦੇ ਮਾਮਲੇ 'ਚ ਰੋਹਤਕ ਦੀ ਸੁਨਾਰੀਆ ਜੇਲ੍ਹ ਵਿੱਚ 20 ਸਾਲ ਦੀ ਸਜ਼ਾ ਕੱਟ ਰਿਹਾ ਹੈ। ਇਸ ਤੋਂ ਪਹਿਲਾਂ ਉਸ ਨੂੰ ਦੋ ਵਾਰ ਪੈਰੋਲ ਮਿਲ ਚੁੱਕੀ ਹੈ।

## ਪੱਲੇਦਾਰਾਂ ਦਾ ਨਿਧੜਕ ਆਗੂ ਸੀ ਰਣਜੀਤ ਕਲਿਆਣ : ਧਾਲੀਵਾਲ

**ਮਾਲੇਰਕੋਟਲਾ :** ਸੋਮਵਾਰ ਪਿੰਡ ਕਲਿਆਣ ਦੇ ਗੁਰਦੁਆਰਾ ਸਾਹਿਬ ਵਿਖੇ ਮਰਹੂਮ ਕਾਮਰੇਡ ਰਣਜੀਤ ਸਿੰਘ ਕਲਿਆਣ ਨਮਿਤ ਪਾਠ ਦੇ ਭੋਗ ਪਾਏ ਗਏ। ਅੰਤਮ ਅਰਦਾਸ ਸਮੇਂ ਸ਼ਰਧਾਂਜਲੀ ਭੇਟ ਕਰਦੇ ਹੋਏ ਭਰਪੂਰ ਸਿੰਘ ਬੂਲਾਪੁਰ ਨੇ ਕਿਹਾ ਕਿ ਰਣਜੀਤ ਸਿੰਘ ਕਲਿਆਣ ਪੰਜਾਬ ਪੱਲੇਦਾਰ ਯੂਨੀਅਨ (ਏਟਕ) ਦੀ ਜਨਰਲ ਸਕੱਤਰ ਦੇ ਤੌਰ 'ਤੇ ਅਗਵਾਈ ਕਰ ਰਿਹਾ ਸੀ। ਐੱਫ ਸੀ ਆਈ ਪੱਲੇਦਾਰ ਯੂਨੀਅਨ (ਰਜਿ:) ਪੰਜਾਬ ਦਾ ਵੀ ਜਨਰਲ ਸਕੱਤਰ ਸੀ। ਏਟਕ ਦੀ ਕੌਮੀ ਕੌਂਸਲ ਮੀਟਿੰਗ, ਜੋ ਕਿ ਤਿਰੂਪੁਰ (ਤਾਮਿਲਨਾਡੂ) ਵਿਖੇ ਹੋਈ ਸੀ, ਦੌਰਾਨ ਉਸ ਨੇ ਕੇਰਲਾ, ਤਾਮਿਲਨਾਡੂ ਤੇ ਹੋਰ ਰਾਜਾਂ ਦੇ ਪੱਲੇਦਾਰ ਆਗੂਆਂ ਨਾਲ ਵੀ ਗੱਲਬਾਤ ਕੀਤੀ, ਕਿਉਂਕਿ ਉਹਨਾਂ ਰਾਜਾਂ ਵਿੱਚ ਪੱਲੇਦਾਰਾਂ ਦੇ ਬੋਰਡ ਬਣਾਏ ਗਏ ਹਨ। ਉਥੇ ਪੱਲੇਦਾਰਾਂ ਦੇ ਬੋਰੀ ਦੇ ਰੇਟ ਵੀ ਪੰਜਾਬ ਨਾਲੋਂ ਵੱਧ ਹਨ। ਉਸ ਨੇ ਸਾਰੇ ਕਾਗਜ਼ਾਤ ਸੰਘਰਸ਼ ਕਮੇਟੀ ਸਾਹਮਣੇ ਰੱਖੇ ਸਨ। ਪੰਜਾਬ ਸਰਕਾਰ ਅੱਗੇ ਪੇਸ਼ ਕਰਕੇ ਠੇਕੇਦਾਰੀ ਸਿਸਟਮ ਬੰਦ ਕਰਕੇ ਬੋਰਡ ਬਣਾਉਣ ਦੀ ਮੰਗ ਵੀ ਜ਼ੋਰਦਾਰ ਢੰਗ ਨਾਲ ਕੀਤੀ ਗਈ ਸੀ, ਜਿਸ 'ਤੇ ਕਾਰਵਾਈ ਕਰਨ ਲਈ ਪੰਜਾਬ ਸਰਕਾਰ ਵੱਲੋਂ ਡਾਇਰੈਕਟਰ ਫੂਡ ਐਂਡ ਸਿਵਲ ਸਪਲਾਈ ਵਿਭਾਗ ਪੰਜਾਬ ਦੀ ਡਿਊਟੀ ਲਗਾ ਦਿੱਤੀ ਗਈ ਸੀ, ਜੋ ਕਿ ਕਾਰਵਾਈ ਅਧੀਨ ਹੈ।

ਰਣਜੀਤ ਸਿੰਘ ਕਲਿਆਣ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਨਿਰਮਲ ਸਿੰਘ ਧਾਲੀਵਾਲ ਜਨਰਲ ਸਕੱਤਰ ਏਟਕ ਪੰਜਾਬ ਨੇ ਕਿਹਾ ਕਿ ਕਾਮਰੇਡ ਰਣਜੀਤ ਏਟਕ ਦਾ ਨਿਧੜਕ ਆਗੂ ਸੀ। ਸਮੁੱਚੇ ਪੰਜਾਬ ਦੇ ਪੱਲੇਦਾਰਾਂ ਦੀ ਯੋਗ ਅਗਵਾਈ ਕਰ ਰਿਹਾ ਸੀ ਅਤੇ ਪੰਜਾਬ ਦੇ ਪੱਲੇਦਾਰਾਂ ਲਈ ਠੇਕੇਦਾਰੀ ਸਿਸਟਮ ਖਤਮ ਕਰਨ ਦੀ ਲੜਾਈ ਲੜ ਰਿਹਾ ਸੀ, ਪ੍ਰੰਤੂ ਉਹ 62 ਸਾਲਾਂ ਦੀ ਉਮਰ ਵਿੱਚ ਹੀ ਆਪਣੇ ਪਰਵਾਰ ਸਮੇਤ ਪੰਜਾਬ ਦੇ ਪੱਲੇਦਾਰਾਂ ਅਤੇ ਸੀ ਪੀ ਆਈ ਨੂੰ ਨਾ-ਸਹਿਣਯੋਗ ਵਿਛੋੜਾ ਦੇ ਗਿਆ, ਜੋ ਕਿ ਬਹੁਤ ਦੁੱਖਦਾਈ ਹੈ। ਉਸ ਨੇ ਪੂਰੀ ਜ਼ਿੰਮੇਵਾਰੀ ਅਤੇ ਇਮਾਨਦਾਰੀ ਨਾਲ ਪੱਲੇਦਾਰਾਂ ਦੇ ਸੰਘਰਸ਼ ਨੂੰ ਲੜਿਆ ਅਤੇ ਸਾਰੇ ਪੰਜਾਬ ਦੇ ਪੱਲੇਦਾਰਾਂ ਦੀ ਯੋਗ ਅਗਵਾਈ ਕੀਤੀ ਹੈ। ਸਾਥੀ ਕਲਿਆਣ ਏਟਕ ਪੰਜਾਬ ਦੇ ਮੀਤ ਪ੍ਰਧਾਨ ਅਤੇ ਕੌਮੀ ਕੌਂਸਲ ਦੇ ਮੈਂਬਰ ਸਨ। ਕੌਮੀ ਕੌਂਸਲ ਮੀਟਿੰਗ ਵਿੱਚ ਹੀ ਉਹ ਸਾਰੇ ਰਾਜਾਂ ਦੇ ਆਗੂਆਂ ਤੋਂ ਪੱਲੇਦਾਰਾਂ ਦੇ ਬਣੇ ਬੋਰਡਾਂ ਦੇ ਸਾਰੇ ਸਬੂਤ ਆਦਿ ਲੈ ਕੇ ਆਇਆ ਸੀ। ਉਹਨਾਂ ਦੇ ਅਧਾਰ 'ਤੇ ਹੀ ਪੰਜਾਬ ਸਰਕਾਰ ਨਾਲ ਗੱਲਬਾਤ ਸ਼ੁਰੂ ਕੀਤੀ ਗਈ ਸੀ। ਇਸ ਦੌਰਾਨ ਉਹ ਸਾਨੂੰ ਸਦੀਵੀ ਵਿਛੋੜਾ ਦੇ ਗਏ। ਹੁਣ ਅਗਲੀ ਜ਼ਿੰਮੇਵਾਰੀ ਪੰਜਾਬ ਪੱਲੇਦਾਰ ਯੂਨੀਅਨ (ਏਟਕ) ਦੀ ਹੈ, ਜੋ ਉਹਨਾ ਦੀ ਥਾਂ ਆਪਣਾ ਆਗੂ ਮੈਂਬਰ ਦੇਵੇਗੀ, ਪ੍ਰੰਤੂ ਉਹਨਾ ਦੀ ਘਾਟ ਜ਼ਰੂਰ ਮਹਿਸੂਸ ਹੁੰਦੀ ਰਹੇਗੀ।

ਇਸ ਮੌਕੇ ਪੱਲੇਦਾਰਾਂ ਦੇ ਆਗੂ ਅਵਤਾਰ ਸਿੰਘ, ਕਾਕਾ ਸਿੰਘ, ਕੇਵਲ ਸਿੰਘ ਸਾਬਕਾ ਐੱਮ ਪੀ, ਸੀ ਪੀ ਆਈ ਦੇ ਜ਼ਿਲ੍ਹਾ ਸੰਗਰੂਰ ਦੇ ਸਕੱਤਰ ਸੁਖਦੇਵ ਸ਼ਰਮਾ, ਸੀ ਪੀ ਆਈ ਜ਼ਿਲ੍ਹਾ ਲੁਧਿਆਣਾ ਦੇ ਸਕੱਤਰ ਡੀ ਪੀ ਮੌੜ, ਭਗਵਾਨ ਸਿੰਘ ਸੋਮਲ ਖੇੜੀ, ਵਿਜੇ ਕੁਮਾਰ, ਚਮਕੌਰ ਸਿੰਘ ਆਦਿ ਆਗੂਆਂ ਨੇ ਵੀ ਸ਼ਰਧਾਂਜਲੀ ਭੇਟ ਕਰਦੇ ਹੋਏ ਰਣਜੀਤ ਸਿੰਘ ਕਲਿਆਣ ਦੇ ਸੰਘਰਸ਼ੀ ਜੀਵਨ ਨੂੰ ਲਾਲ ਸਲਾਮ ਕਿਹਾ।

## ਅੱਜ-ਨਾਮਾ

ਹਾਰ ਗਿਆ ਮੈਚ ਤੇ ਰੋਈ ਨਾ ਜਾਉ ਬੇਲੀ,
ਵਾਰੀ ਅਗਲੀ ਵੀ ਆਈ ਕਿ ਆਈ ਬੇਲੀ।
ਖੇਡਾਂ ਖੇਡਦਿਆਂ ਸਦਾ ਨਹੀਂ ਜਿੱਤ ਮਿਲਦੀ,
ਗਾਰੰਟੀ ਜਾਂਦੀ ਨਹੀਂ ਕਰੀ-ਕਰਾਈ ਬੇਲੀ।
ਭਾਵਨਾ ਖੇਡ ਦੀ ਕੀਹਨੂੰ ਜੀ ਕਿਹਾ ਜਾਂਦਾ,
ਬਾਤ ਇਹ ਕਦੇ ਨਾ ਕਿਸੇ ਸਿਖਾਈ ਬੇਲੀ।
ਸਾਰੀ ਦੁਨੀਆ ਪਈ ਖੇਡ ਦਾ ਮਜ਼ਾ ਲੈਂਦੀ,
ਭਾਰਤ-ਪਾਕਿ ਬੱਸ ਕੀਤਾ ਸ਼ੁਦਾਈ ਬੇਲੀ।
ਕਈ ਜਨੂੰਨੀ ਤਾਂ ਲੱਗ ਗਏ ਰੋਣ-ਪਿੱਟਣ,
ਅਸਲੋਂ ਹੋ ਗਏ ਕੁਝ ਲੋਕ ਮਾਯੂਸ ਬੇਲੀ।
ਅਕਲ ਵਾਲੇ ਨਹੀਂ ਕਦੇ ਵੀ ਇੰਜ ਕਰਦੇ,
ਕਰਦੇ ਹਾਰ ਉਹ ਸਿਰਫ ਮਹਿਸੂਸ ਬੇਲੀ।

-ਤੀਸ ਮਾਰ ਖਾਂ

## ਆਮ ਆਦਮੀ ਕਲੀਨਿਕਾਂ ਨੂੰ ਮਿਲੀ ਆਲਮੀ ਮਾਨਤਾ



**ਚੰਡੀਗੜ੍ਹ (ਗੁਰਜੀਤ ਬਿੱਲਾ)**

ਪੰਜਾਬ ਵਿੱਚ ਮੁੱਢਲੇ ਸਿਹਤ ਸੰਭਾਲ ਢਾਂਚੇ ਦੀ ਕਾਇਆ-ਕਲਪ ਕਰਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ਨੂੰ ਉਦੋਂ ਆਲਮੀ ਪੱਧਰ ਉਤੇ ਮਾਨਤਾ ਮਿਲੀ, ਜਦੋਂ ਸੂਬੇ ਦੇ ਆਮ ਆਦਮੀ ਕਲੀਨਿਕਾਂ ਨੇ ਨੈਰੋਬੀ ਵਿੱਚ 14 ਤੋਂ 16 ਨਵੰਬਰ ਤੱਕ ਹੋਏ ਗਲੋਬਲ ਹੈੱਲਥ ਸਪਲਾਈ ਚੇਨ ਸੰਮੇਲਨ ਵਿੱਚ ਪਹਿਲਾ ਇਨਾਮ ਹਾਸਲ ਕੀਤਾ। ਇਹ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਨੇ ਦੱਸਿਆ ਕਿ ਪੰਜਾਬ ਦੇ ਸਿਹਤ ਤੇ ਪਰਵਾਰ ਭਲਾਈ ਵਿਭਾਗ ਨੂੰ 'ਦਵਾਈਆਂ ਦੀ ਹਰੇਕ ਵਿਅਕਤੀ ਤੱਕ ਪਹੁੰਚ : ਪੰਜਾਬ ਤੋਂ ਇਕ ਅਧਿਐਨ' ਵਿਸ਼ੇ ਹੇਠਲੇ ਦਸਤਾਵੇਜ਼ ਲਈ ਪਹਿਲਾ ਇਨਾਮ ਮਿਲਿਆ। ਉਨ੍ਹਾ ਕਿਹਾ ਕਿ ਇਸ ਕਾਨਫਰੰਸ ਵਿੱਚ 85 ਮੁਲਕਾਂ ਨੇ ਭਾਗ ਲਿਆ ਅਤੇ ਚਾਰ ਦੇਸ਼ਾਂ ਨੇ ਆਪਣੇ ਦਸਤਾਵੇਜ਼ ਦਾਖ਼ਲ ਕੀਤੇ, ਜਿਨ੍ਹਾਂ ਵਿੱਚੋਂ ਪੰਜਾਬ ਸਰਕਾਰ ਦੇ ਦਸਤਾਵੇਜ਼ ਨੂੰ ਅੰਤਮ ਪੇਸ਼ਕਾਰੀ ਲਈ ਚੁਣਿਆ ਗਿਆ।

ਮਾਨ ਨੇ ਕਿਹਾ ਕਿ ਸੂਬਾ ਸਰਕਾਰ ਨੇ ਆਮ ਆਦਮੀ ਕਲੀਨਿਕਾਂ ਦੀ ਸਫ਼ਲਤਾ ਦੀ ਕਹਾਣੀ ਦੱਸੀ ਅਤੇ ਦੱਸਿਆ ਕਿ ਕਿਵੇਂ ਪੰਜਾਬ ਸਰਕਾਰ ਨੇ ਮੁੱਢਲੀਆਂ ਸਿਹਤ ਸੰਭਾਲ ਸਹੂਲਤਾਂ ਵਿੱਚ ਤੇਜ਼ੀ ਨਾਲ ਵਾਧਾ ਕੀਤਾ ਅਤੇ ਮਿਆਰੀ ਸਿਹਤ ਸੰਭਾਲ ਸੇਵਾਵਾਂ ਦਿੱਤੀਆਂ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੀ ਜੇਤੂ ਐਂਟਰੀ ਵਿੱਚ ਵਿਗਿਆਨ ਉਤੇ ਜ਼ੋਰ, ਸਮੱਸਿਆਵਾਂ ਦੇ ਹੱਲ ਲਈ ਸੁਪਰ ਪ੍ਰਜ਼ੀਸ਼ਨਿੰਗ, ਹੱਲ ਤੇ ਪ੍ਰਭਾਵ ਦੀ ਸਪੱਸ਼ਟਤਾ, ਨਵੀਨ ਹੱਲ, ਸਿਆਸੀ ਇੱਛਾ-ਸ਼ਕਤੀ ਕਿਵੇਂ ਮੁੱਢਲੇ ਸਿਹਤ ਸੰਭਾਲ ਢਾਂਚੇ ਦੀ ਕਾਇਆਕਲਪ ਲਈ ਸਹਾਈ, ਪ੍ਰਾਈਵੇਟ ਖ਼ੇਤਰ ਨਾਲ ਸਹਿਯੋਗ ਤੇ ਸੁਧਾਰਾਂ ਲਈ ਸਪੱਸ਼ਟ ਵਿਆਖਿਆ ਨੂੰ ਦਰਸਾਇਆ ਗਿਆ। ਉਨ੍ਹਾ ਕਿਹਾ ਕਿ ਇਸ ਸੰਮੇਲਨ ਦੇ ਭਾਈਵਾਲ ਮੁਲਕਾਂ ਨੇ ਇੱਛਾ ਜਤਾਈ ਕਿ ਉਹ ਪੰਜਾਬ ਆ ਕੇ ਆਮ ਆਦਮੀ ਕਲੀਨਿਕ ਦੇਖਣ ਦੇ ਇੱਛੁਕ ਹਨ ਅਤੇ ਉਹ ਇਹ ਗੱਲ ਸਮਝਣੀ ਚਾਹੁੰਦੇ ਹਨ ਕਿ ਕਿਵੇਂ ਮਰੀਜ਼ਾਂ ਨੂੰ ਬਿਨਾਂ ਕਿਸੇ ਖ਼ਰਚ ਦੇ ਉਨ੍ਹਾਂ ਦੇ ਘਰਾਂ ਦੇ ਨੇੜੇ 84 ਦਵਾਈਆਂ ਤੇ 40 ਕਲੀਨੀਕਲ ਟੈਸਟ ਕੀਤੇ ਜਾਂਦੇ ਹਨ। ਉਹਨਾ ਕਿਹਾ ਕਿ ਭਾਈਵਾਲ ਮੁਲਕ ਇਸ ਗੱਲੋਂ ਵੀ ਹੈਰਾਨ ਸਨ ਕਿ ਸਾਰੇ ਆਮ ਆਦਮੀ ਕਲੀਨਿਕ ਆਈ ਟੀ ਨਾਲ ਲੈਸ ਹਨ ਅਤੇ ਰਜਿਸਟਰੇਸ਼ਨ, ਡਾਕਟਰ ਦੀ ਸਲਾਹ, ਟੈਸਟ ਤੇ ਦਵਾਈਆਂ ਪੂਰੀ ਤਰ੍ਹਾਂ ਡਿਜੀਟਾਈਜ਼ਡ ਹਨ। ਸੂਬੇ ਦੇ ਲੋਕਾਂ ਨੂੰ ਮੁਬਾਰਕਬਾਦ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਮਾਨਤਾ ਨੇ ਸੂਬੇ ਦੇ ਲੋਕਾਂ ਦੀ ਹੋਰ ਸਮਰਪਣ ਨਾਲ ਸੇਵਾ ਕਰਨ ਦਾ ਜਜ਼ਬਾ ਭਰਿਆ ਹੈ। ਭਵਿੱਖ ਵਿੱਚ ਅਜਿਹੀਆਂ ਹੋਰ ਕੋਸ਼ਿਸ਼ਾਂ ਕੀਤੀਆਂ ਜਾਣਗੀਆਂ, ਤਾਂ ਕਿ ਇਨ੍ਹਾਂ ਲੋਕ-ਪੱਖੀ ਪਹਿਲਕਦਮੀਆਂ ਨਾਲ ਲੋਕਾਂ ਨੂੰ ਵੱਧ ਤੋਂ ਵੱਧ ਲਾਭ ਪਹੁੰਚਣਾ ਯਕੀਨੀ ਬਣੇ। ਉਹਨਾ ਇਸ ਨਿਵੇਕਲੇ ਮਾਅਰਕੇ ਲਈ ਸਿਹਤ ਵਿਭਾਗ ਨੂੰ ਮੁਬਾਰਕਬਾਦ ਦਿੱਤੀ ਅਤੇ ਉਮੀਦ ਜਤਾਈ ਕਿ ਉਹ ਇਸੇ ਮਿਸ਼ਨਰੀ ਭਾਵਨਾ ਨਾਲ ਲੋਕਾਂ ਦੀ ਸੇਵਾ ਜਾਰੀ ਰੱਖਣਗੇ।

21-NOV-PAGE-1.qxd 11/20/2023 11:25 PM Page 2



## ਮੀਤ ਹੇਅਰ ਵੱਲੋਂ ਬੀ ਐੱਮ ਸੀ ਸੁਪਰਸਪੈਸ਼ਲਿਟੀ ਹਸਪਤਾਲ ਦਾ ਉਦਘਾਟਨ



**ਬਰਨਾਲਾ (ਰਾਜਿੰਦਰ ਬਰਾੜ)**-ਇੱਥੇ ਹੰਡਿਆਇਆ ਬਰਨਾਲਾ ਰੋਡ ਤੇ ਸਥਿਤ ਬੀਐਮਸੀ ਸੁਪਰਸਪੈਸ਼ਲਿਟੀ ਹਸਪਤਾਲ ਦਾ ਉਦਘਾਟਨ ਕੈਬਨਿਟ ਮੰਤਰੀ ਮੀਤ ਹੇਅਰ ਵੱਲੋਂ ਕਰਦਿਆਂ ਹਸਪਤਾਲ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਡਾ. ਗੁਰਿੰਦਰ ਸਿੰਘ ਮਾਨ, ਡਾ. ਰਾਜੀਵ ਚਾਵਲਾ ਤੇ ਡਾ. ਇਸ਼ਾਨ ਬਾਂਸਲ ਨੇ ਦੱਸਿਆ ਕਿ ਇਲਾਕੇ ਦੀ ਚਿਰੋਕਨੀ ਮੰਗ ਨੂੰ ਦੇਖਦਿਆਂ ਉਨ੍ਹਾਂ ਵੱਲੋਂ ਸਾਰੀਆਂ ਵੱਡੀਆਂ ਸਹੂਲਤਾਂ ਨਾਲ ਲੈਸ ਬੀਐਮਸੀ ਸੁਪਰਸਪੈਸ਼ਲਿਟੀ ਹਸਪਤਾਲ ਦੀ ਸ਼ੁਰੂਆਤ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਬੀਐਮਸੀ ਹਸਪਤਾਲ ਦੀ ਸ਼ੁਰੂਆਤ ਨਾਲ ਬਰਨਾਲਾ ਹੀ ਨਹੀਂ ਬਲਕਿ ਆਸ ਪਾਸ ਦੇ ਖੇਤਰ ਦੇ ਲੋਕਾਂ ਨੂੰ ਸੀਮਤ ਬਜਟ ਵਿੱਚ ਚੰਗੀਆਂ ਸਿਹਤ ਸਹੂਲਤਾਂ ਪ੍ਰਦਾਨ ਕੀਤੀਆਂ ਜਾਣਗੀਆਂ। ਡਾ. ਬਾਂਸਲ ਨੇ ਕਿਹਾ ਕਿ ਸੁਪਰਸਪੈਸ਼ਲਿਟੀ ਹਸਪਤਾਲ ਖੋਲ੍ਹਣ ਦਾ ਮਕਸਦ ਇੱਕੋ ਛੱਤ ਹੇਠ ਲੋਕਾਂ ਨੂੰ ਸਾਰੀਆਂ ਸਹੂਲਤਾਂ ਪ੍ਰਦਾਨ ਕਰਨਾ ਹੈ। ਇਸ ਮੌਕੇ ਵਿਧਾਇਕ ਲਾਭ ਸਿੰਘ ਉਗੋਕੇ, ਸਾਬਕਾ ਕੈਬਨਿਟ ਮੰਤਰੀ ਸਿਕੰਦਰ ਸਿੰਘ ਮਲੂਕਾ, ਸਾਬਕਾ ਵਿਧਾਇਕ ਜਗਦੀਪ ਸਿੰਘ ਨਕਈ, ਜ਼ਿਲ੍ਹਾ ਪਲਾਨਿੰਗ ਬੋਰਡ ਚੇਅਰਮੈਨ ਗੁਰਦੀਪ ਸਿੰਘ ਬਾਠ, ਇੰਪਰੂਵਮੈਂਟ ਚੇਅਰਮੈਨ ਰਾਮ ਤੀਰਥ ਮੰਨਾ, ਲੱਖੀ ਜੈਲਦਾਰ, ਕੁਪਦੀਪ ਸਿੰਘ ਕਾਲਾ ਢਿੱਲੋਂ, ਭੋਲਾ ਸਿੰਘ ਵਿਰਕ ਤੇ ਜ਼ਿਲ੍ਹਾਂ ਪ੍ਰਸ਼ਾਸਨ ਵੱਲੋਂ ਐਸਐਸਪੀ ਸੰਦੀਪ ਮਲਿਕ, ਐਸਡੀਐਮ ਗੋਪਾਲ ਸਿੰਘ ਤੇ ਹੋਰ ਪਤਵੰਤੇ ਸੱਜਣ ਮੌਜੂਦ ਸਨ।

# ਦੁਤਾਲ ਵਿਖੇ ਮੈਡੀਕਲ ਕੈਂਪ ਦੌਰਾਨ 450 ਮਰੀਜ਼ਾਂ ਦੀ ਜਾਂਚ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**
ਪਾਤੜਾਂ ਟਰਾਂਸਮਿਸ਼ਨ ਕੰਪਨੀ ਲਿਮਟਿਡ ਪਾਤੜਾਂ ਵੱਲੋਂ ਸ਼੍ਰੀ ਵਿਸ਼ਵਕਰਮਾ ਬਲੱਡ ਡੋਨਰਜ਼ ਕਲੱਬ ਪਾਤੜਾਂ ਦੇ ਸਹਿਯੋਗ ਨਾਲ ਪ੍ਰਾਇਮਰੀ ਸਕੂਲ ਪਿੰਡ ਦੁਤਾਲ ਵਿਖੇ ਮੁਫਤ ਮੈਡੀਕਲ ਚੈੱਕਅਪ ਕੈਂਪ ਲਗਾਇਆ ਗਿਆ, ਜਿਸ ਵਿੱਚ ਵੱਖ ਵੱਖ ਬਿਮਾਰੀਆਂ ਦੇ ਮਾਹਰ ਡਾਕਟਰਾਂ ਵੱਲੋਂ 450 ਤੋਂ ਉਪਰ ਮਰੀਜ਼ਾਂ ਦੀ ਜਾਂਚ ਕਰਨ ਉਪਰੰਤ ਉਨ੍ਹਾਂ ਦੇ ਮੁਫਤ ਟੈਸਟ ਕੀਤੇ ਗਏ ਤੇ ਦਵਾਈਆਂ ਦਿੱਤੀਆਂ ਗਈਆਂ। ਇਸ ਕੈਂਪ ਦਾ ਉਦਘਾਟਨ ਪੀਟੀਸੀਐੱਲ ਦੇ ਰੀਜਨਲ ਮੈਨੇਜਰ ਪ੍ਰਯਾਸ ਗੁਪਤਾ ਵੱਲੋਂ ਕੀਤਾ ਗਿਆ। ਕੈਂਪ ਵਿੱਚ ਪ੍ਰਾਈਮ ਮਲਟੀਸਪੈਸ਼ਲਿਟੀ ਹਸਪਤਾਲ ਪਟਿਆਲਾ ਦੇ ਮਾਹਰ ਡਾਕਟਰਾਂ ਦੀ ਟੀਮ, ਜਿਸ ਵਿੱਚ ਦੂਰਬੀਨ ਰਾਹੀਂ ਆਪ੍ਰੇਸ਼ਨਾਂ ਦੇ ਮਾਹਰ ਡਾ. ਰੋਹਿਤ ਗਰਗ, ਹੱਡੀ ਰੋਗਾਂ ਦੇ ਮਾਹਰ ਡਾ. ਗੌਰਵ ਬਠਲਾ, ਜਨਰਲ ਬਿਮਾਰੀਆਂ ਦੇ ਮਾਹਰ ਡਾ. ਯਸ਼ਪਾਲ, ਔਰਤ ਰੋਗਾਂ ਦੇ ਮਾਹਰ ਡਾ. ਜਤਿੰਦਰਪਾਲ ਕੌਰ ਤੇ ਚਮੜੀ ਰੋਗਾਂ ਦੇ ਮਾਹਰ ਡਾ. ਮੋਨਿਕਾ ਵੱਲੋਂ 450 ਤੋਂ ਵੱਧ ਮਰੀਜ਼ਾਂ ਦੀ ਮੁਫਤ ਜਾਂਚ ਤੇ ਇਲਾਜ ਕੀਤਾ ਗਿਆ। ਸ਼੍ਰੀ ਵਿਸ਼ਵਕਰਮਾ ਬਲੱਡ ਡੋਨਰਜ਼ ਕਲੱਬ ਪਾਤੜਾਂ ਦੇ ਪ੍ਰਧਾਨ ਹਰਜਿੰਦਰ ਸਿੰਘ ਬਿੱਟਾ ਨੇ ਦੱਸਿਆ ਕਿ ਇਲਾਜ ਪੱਖੋਂ ਪੱਛੜੇ ਹੋਏ ਪਿੰਡਾਂ ਦੇ ਲੋਕਾਂ ਦੀ ਸਿਹਤ ਦੀ ਜਾਂਚ ਕਰਨ ਲਈ ਵਿੱਢੀ ਗਈ ਮੁਹਿੰਮ ਤਹਿਤ ਪਿੰਡ ਦੁਤਾਲ ਵਿੱਚ ਇਹ ਪਹਿਲਾ ਕੈਂਪ ਲਗਾਇਆ ਗਿਆ ਹੈ, ਜਿਸ ਬਾਰੇ ਆਲੇ ਦੁਆਲੇ ਦੇ ਪਿੰਡਾਂ ਵਿੱਚ ਵੀ ਵੱਡੇ ਪੱਧਰ 'ਤੇ ਅਨਾਊਂਸਮੈਂਟ ਕਰਵਾਈ ਗਈ ਸੀ ਤੇ ਅੱਜ ਦੇ ਕੈਂਪ ਵਿੱਚ 17 ਪਿੰਡਾਂ ਦੇ ਲੋੜਵੰਦ ਲੋਕਾਂ ਨੇ ਕੈਂਪ ਦਾ ਲਾਹਾ ਲਿਆ ਹੈ। ਉਨ੍ਹਾਂ ਦੱਸਿਆ ਕਿ ਕੈਂਪ ਵਿੱਚ ਮਰੀਜ਼ਾਂ ਦੀ ਮੁਫਤ ਜਾਂਚ ਕਰਕੇ ਉਨ੍ਹਾਂ ਨੂੰ ਮੁਫਤ ਦਵਾਈਆਂ ਵੰਡੀਆਂ ਗਈਆਂ ਹਨ। ਉਨ੍ਹਾਂ ਪੀਟੀਸੀਐੱਲ ਦੇ ਅਧਿਕਾਰੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਸਹਿਯੋਗ ਨਾਲ ਹੀ ਐਨਾ ਵੱਡਾ ਕੈਂਪ ਕਾਮਯਾਬ ਹੋ ਸਕਿਆ ਹੈ। ਇਸ ਮੌਕੇ ਮੈਨੇਜਰ ਪ੍ਰਯਾਸ ਗੁਪਤਾ ਨੇ ਸ਼੍ਰੀ ਵਿਸ਼ਵਕਰਮਾ ਬਲੱਡ ਡੋਨਰਜ਼ ਕਲੱਬ ਪਾਤੜਾਂ ਦੇ ਸਮੂਹ ਮੈਂਬਰਾਂ ਦਾ ਸਹਿਯੋਗ ਲਈ ਧੰਨਵਾਦ ਕਰਦਿਆਂ ਕਿਹਾ ਕਿ ਸੰਸਥਾ ਭਵਿੱਖ ਵਿੱਚ ਹੋਰ ਅਜਿਹੇ ਕੈਂਪਾਂ ਦਾ ਆਯੋਜਨ ਕਰਦੀ ਰਹੇਗੀ। ਇਸ ਮੌਕੇ ਪੀਐੱਚਸੀ ਸ਼ੁਤਰਾਣਾ ਤੋਂ ਹੈਲਥ ਸੁਪਰਵਾਈਜ਼ਰ ਮਹਿੰਦਰ ਪਾਲ ਲੂੰਬਾ ਨੇ ਹਾਜ਼ਰ ਲੋਕਾਂ ਨੂੰ ਡੇਂਗੂ, ਚਿਕਨਗੁਨੀਆ ਦੇ ਫੈਲਣ ਦੇ ਕਾਰਨਾਂ, ਬਚਾਓ ਤਰੀਕਿਆਂ ਤੇ ਇਲਾਜ ਸਬੰਧੀ ਜਾਣਕਾਰੀ ਦਿੱਤੀ ਅਤੇ ਮੱਛਰ ਨੂੰ ਪੈਦਾ ਹੋਣ ਤੋਂ ਰੋਕਣ ਲਈ ਢੰਗ ਤਰੀਕਿਆਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾ ਪੀ ਟੀ ਸੀ ਐੱਲ ਅਧਿਕਾਰੀਆਂ ਤੇ ਕਲੱਬ ਮੈਂਬਰਾਂ ਨੂੰ ਕੈਂਪ ਦੇ ਸਫਲ ਆਯੋਜਨ ਲਈ ਵੀ ਵਧਾਈ ਦਿੱਤੀ।

ਇਸ ਮੌਕੇ ਉਕਤ ਤੋਂ ਇਲਾਵਾ ਇੰਡੀ ਗਰਿੱਡ ਟਰੱਸਟ ਮੈਂਬਰ ਪੀ ਸ਼ਕਤੀਵੇਲ ਇੰਜ. ਗੁਰਵਿੰਦਰ ਸਿੰਘ, ਇੰਜ. ਐੱਸ ਮੁਖਰਜੀ, ਮੰਡੀ ਬੋਰਡ ਦੇ ਚੀਫ ਅਪ੍ਰੇਟਿੰਗ ਅਫਸਰ ਪਰਮਜੀਤ ਸਿੰਘ ਮਨੇਸ, ਕਲੱਬ ਦੇ ਸਰਪ੍ਰਸਤ ਹਰਦੀਪ ਸਿੰਘ ਸੋਹਲ, ਸੁਰਜੀਤ ਸਿੰਘ ਹੰਜਰਾਂ, ਬੰਤ ਸਿੰਘ ਬਾਹੜੇ, ਪ੍ਰਧਾਨ ਅਮਰੀਕ ਸਿੰਘ ਠੇਕੇਦਾਰ, ਬਲਕਾਰ ਸਿੰਘ ਭੁੱਲਰ, ਸੁਖਪਾਲ ਸਿੰਘ ਪਾਲ ਐੱਮ ਸੀ, ਡਾ. ਰਣਧੀਰ ਸਿੰਘ ਚੌਹਾਨ ਸਮੇਤ ਟੀਮ, ਨਵੀਨ ਧੀਮਾਨ, ਗੁਰਮੀਤ ਸਿੰਘ ਰੱਲਣ, ਗੁਰਜੰਟ ਸਿੰਘ ਮਾਨਸਾ, ਬਲਵਿੰਦਰ ਸਿੰਘ, ਗੁਰਧਿਆਨ ਸਿੰਘ ਬੰਟੀ, ਲਾਡੀ ਸਿੰਘ, ਵਿੱਕੀ, ਜਗਤਾਰ ਸਿੰਘ ਜੱਗੀ ਸਰੀਏਵਾਲਾ, ਨਾਹਰ ਸਿੰਘ, ਦੇਸ ਰਾਜ ਨੰਬਰਦਾਰ, ਪ੍ਰਿੰਸੀਪਲ ਸਿਲਕੀ ਰਾਣੀ, ਸਰਪੰਚ ਗੁਰਦਰਸ਼ਨ ਸਿੰਘ ਬਣਵਾਲਾ ਆਦਿ ਹਾਜ਼ਰ ਸਨ।

# ਪਰਾਲੀ ਨੂੰ ਸਾੜਨ ਦੀ ਬਜਾਏ ਕਿਸਾਨ ਪਸ਼ੂ ਚਾਰੇ ਵਜੋਂ ਸੰਭਾਲ ਸਕਦੇ ਹਨ : ਡਾ. ਦੁੱਗਲ

■ ਸਰਦੀਆਂ 'ਚ ਪਸ਼ੂਆਂ ਥੱਲੇ ਸੁੱਕਾ ਕਰਨ ਲਈ ਵੀ ਪਰਾਲੀ ਦੀ ਵਰਤੋਂ ਲਾਹੇਵੰਦ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਫਾਜ਼ਿਲਕਾ ਦੇ ਡਿਪਟੀ ਕਮਿਸ਼ਨਰ ਡਾ: ਸੇਨੂ ਦੁੱਗਲ ਨੇ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਪਰਾਲੀ ਨੂੰ ਸਾੜਨ ਦੀ ਬਜਾਏ ਇਸ ਨੂੰ ਪਸ਼ੂ ਚਾਰੇ ਵਜੋਂ ਵੀ ਸੰਭਾਲ ਸਕਦੇ ਹਨ। ਇਸ ਲਈ ਪਿੰਡਾਂ ਵਿੱਚ ਸਾਂਝੀਆਂ ਥਾਂਵਾਂ ਨੂੰ ਲੈਂਡ ਬੈਂਕ ਵਜੋਂ ਨਿਰਧਾਰਤ ਕੀਤਾ ਹੈ, ਜਿੱਥੇ ਕੋਈ ਵੀ ਕਿਸਾਨ ਆਪਣੀ ਪਰਾਲੀ ਸਟੋਰ ਕਰ ਸਕਦਾ ਹੈ ਅਤੇ ਫਿਰ ਆਉਣ ਵਾਲੇ ਦਿਨਾਂ ਵਿੱਚ ਪਸ਼ੂਆਂ ਦੇ ਚਾਰੇ ਵਜੋਂ ਵਰਤ ਸਕਦਾ ਹੈ। ਉਨ੍ਹਾਂ ਕਿਹਾ ਕਿ ਲਗਭਗ ਹਰ ਕਿਸਾਨ ਤੇ ਘਰ ਜਾਨਵਰ ਹਨ ਅਤੇ ਉਹ ਪਰਾਲੀ ਦਾ ਚੋਖਾ ਹਿੱਸਾ ਇਸ ਕੰਮ ਲਈ ਵਰਤ ਸਕਦਾ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਮਾਹਰਾਂ ਅਨੁਸਾਰ ਬਾਸਮਤੀ ਦੀ ਪਰਾਲੀ ਨੂੰ ਪਸ਼ੂਆਂ ਦੇ ਚਾਰੇ ਵਿੱਚ ਤੂੜੀ ਦੀ ਥਾਂ 'ਤੇ ਵਰਤਿਆ ਜਾ ਸਕਦਾ ਹੈ ਤੇ ਇਸ ਨਾਲ ਪਸ਼ੂਆਂ ਦੀ ਸਿਹਤ 'ਤੇ ਕੋਈ ਅਸਰ ਨਹੀਂ ਹੁੰਦਾ ਹੈ। ਉਨ੍ਹਾ ਕਿਹਾ ਕਿ ਰਾਜਸਥਾਨ ਸਮੇਤ ਹੋਰ ਸੋਕਾ ਗ੍ਰਸਤ ਸੂਬਿਆਂ ਵਿੱਚ ਪਰਾਲੀ ਪਸ਼ੂਆਂ ਦੀ ਖੁਰਾਕ ਦਾ ਇੱਕ ਮੁੱਖ ਸ੍ਰੋਤ ਹੈ। ਉਨ੍ਹਾ ਕਿਹਾ ਕਿ ਇਹ ਤੂੜੀ ਦੇ ਮੁਕਾਬਲੇ ਬਹੁਤ ਸਸਤੀ ਪੈਂਦੀ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜੇਕਰ ਕਿਸੇ ਕੋਲ ਪਰਾਲੀ ਭੰਡਾਰ ਕਰਨ ਲਈ ਥਾਂ ਨਾ ਹੋਵੇ ਤਾਂ ਉਹ ਆਪਣੇ ਪਿੰਡ ਦੀ ਪੰਚਾਇਤ ਨਾਲ ਤਾਲਮੇਲ ਕਰਕੇ ਜਾਂ ਪਹਿਲਾਂ ਤੋਂ ਨਿਰਧਾਰਤ ਥਾਂਵਾਂ 'ਤੇ ਪਰਾਲੀ ਨੂੰ ਸਟੋਰ ਕਰ ਸਕਦਾ ਹੈ। ਉਨ੍ਹਾ ਕਿਹਾ ਕਿ ਇਸ ਤਰ੍ਹਾਂ ਕਰਨ ਨਾਲ ਅਸੀਂ ਪਰਾਲੀ ਨੂੰ ਸਾੜਨ ਤੋਂ ਵੀ ਬਚ ਜਾਵਾਂਗੇ ਤੇ ਪਰਾਲੀ ਦੀ ਸਹੀ ਵਰਤੋਂ ਕਰਕੇ ਇਸ ਤੋਂ ਲਾਭ ਵੀ ਲੈ ਸਕਾਂਗੇ। ਇਸ ਮੌਕੇ ਵੈਟਰਨਰੀ ਅਫਸਰ ਮਨਦੀਪ ਸਿੰਘ ਨੇ ਦੱਸਿਆ ਕਿ ਜੇਕਰ ਪਰਾਲੀ ਦੇ ਕੁਤਰੇ ਨੂੰ ਸੀਰੇ ਤੇ ਯੂਰੀਆ ਨਾਲ ਸੋਧ ਲਿਆ ਜਾਵੇ ਅਤੇ ਫਿਰ ਪਸ਼ੂਆਂ ਨੂੰ ਖੁਰਾਕ ਵਿੱਚ ਦਿੱਤਾ ਜਾਵੇ ਤਾਂ ਇਸ ਨਾਲ ਦੁੱਧ ਦੀ ਪੈਦਾਵਾਰ 'ਚ ਵੀ ਵਾਧਾ ਹੁੰਦਾ ਹੈ। ਉਨ੍ਹਾ ਦੱਸਿਆ ਕਿ ਸਿਆਲਾਂ ਵਿੱਚ ਪਸ਼ੂਆਂ ਦੇ ਥੱਲੇ ਜਿੱਥੇ ਰਾਤ ਨੂੰ ਪਸ਼ੂਆਂ ਨੂੰ ਬੰਨ੍ਹਿਆਂ ਜਾਂਦਾ ਹੈ, ਉਥੇ 8 ਇੰਚ ਮੋਟੀ ਪਰਾਲੀ ਦੀ ਤਹਿ ਵਿਛਾ ਦਿੱਤੀ ਜਾਵੇ ਤਾਂ ਇਸ ਨਾਲ ਪਸ਼ੂ ਰਾਤ ਸਮੇਂ ਸਰਦੀ ਤੋਂ ਬਚਦਾ ਹੈ।

## 25 ਦੀ ਫਰੀਦਕੋਟ ਰੈਲੀ ਮਾਨ ਸਰਕਾਰ ਨੂੰ ਗਰੰਟੀਆਂ ਦਾ ਕਰਾਏਗੀ ਅਹਿਸਾਸ : ਐਡਵੋਕੇਟ ਉੱਡਤ



**ਮਾਨਸਾ (ਆਤਮਾ ਸਿੰਘ ਪਮਾਰ)**-ਬਦਲਾਅ ਦੇ ਨਾਮ 'ਤੇ ਸੱਤਾ ਉੱਪਰ ਕਾਬਜ਼ ਹੋਈ ਮਾਨ ਸਰਕਾਰ ਨੂੰ 25 ਨਵੰਬਰ ਦੀ ਮਜ਼ਦੂਰ ਰੈਲੀ ਚੋਣਾਂ ਤੋਂ ਪਹਿਲਾਂ ਮਜ਼ਦੂਰ ਵਰਗ ਨੂੰ ਦਿੱਤੀਆਂ ਗਰੰਟੀਆਂ ਦੀ ਅਹਿਸਾਸ ਕਰਵਾ ਦੇਵੇਗੀ। ਪੰਜਾਬ ਖੇਤ ਮਜ਼ਦੂਰ ਸਭਾ ਵੱਲੋਂ 25 ਨਵੰਬਰ ਨੂੰ ਫਰੀਦਕੋਟ ਵਿਖੇ ਕੀਤੀ ਜਾ ਰਹੀ ਸੂਬਾ ਪੱਧਰੀ ਰੈਲੀ ਦੀ ਤਿਆਰੀ ਹਿੱਤ ਜਨ ਸੰਪਰਕ ਮੁਹਿੰਮ ਤਹਿਤ ਪਿੰਡ ਬਰਨਾਲਾ ਵਿਖੇ ਭਰਵੀਂ ਜਨਤਕ ਮੀਟਿੰਗ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਸੀ ਪੀ ਆਈ ਤੇ ਏਟਕ ਦੇ ਸੂਬਾਈ ਆਗੂ ਐਡਵੋਕੇਟ ਕੁਲਵਿੰਦਰ ਸਿੰਘ ਉੱਡਤ ਨੇ ਕਿਹਾ ਕਿ ਪੰਜਾਬ ਦੀ ਮਾਨ ਸਰਕਾਰ ਪੂਰੀ ਤਰ੍ਹਾਂ ਮੋਦੀ ਸਰਕਾਰ ਦੀਆਂ ਕਾਰਪੋਰੇਟ ਪੱਖੀ ਨੀਤੀਆਂ 'ਤੇ ਪਹਿਰਾ ਦੇ ਰਹੀ ਹੈ ਤੇ ਬੜੀ ਹੈਰਾਨੀ ਦੀ ਗੱਲ ਹੈ ਕਿ ਮੋਦੀ ਸਰਕਾਰ ਵੱਲੋਂ ਬਣਾਏ ਮਜ਼ਦੂਰ ਵਰਗ ਵਿਰੋਧੀ ਚਾਰ ਲੇਬਰ ਕੋਡ ਲਾਗੂ ਕਰਨ ਵਾਲੀ ਪਹਿਲੀ ਸਰਕਾਰ ਬਣ ਗਈ ਹੈ, ਜਿਸ ਨੇ ਮਜ਼ਦੂਰਾਂ ਦੀ ਦਿਹਾੜੀ ਦਾ ਸਮੇਂ 'ਚ 8 ਤੋਂ 12 ਘੰਟੇ ਦਾ ਵਾਧਾ ਕਰ ਦਿੱਤਾ ਹੈ। ਐਡਵੋਕੇਟ ਉੱਡਤ ਨੇ ਕਿਹਾ ਕਿ ਮਾਨ ਸਰਕਾਰ ਮੋਦੀ ਸਰਕਾਰ ਦੇ ਰਸਤੇ 'ਤੇ ਚੱਲਣਾ ਬੰਦ ਕਰੇ ਤੇ ਚੋਣਾਂ ਤੋਂ ਪਹਿਲਾਂ ਦਿੱਤੀਆਂ ਆਪਣੀਆਂ ਗਰੰਟੀਆਂ ਪੂਰੀਆਂ ਕਰੇ, ਨਹੀਂ ਤਾਂ ਨਤੀਜੇ ਭੁਗਤਣ ਲਈ ਤਿਆਰ ਰਹੇ। ਇਸ ਸਮੇਂ ਹੋਰਨਾਂ ਤੋਂ ਇਲਾਵਾ ਸਾਥੀ ਰਾਜਿੰਦਰ ਸਿੰਘ ਹੀਰੇਵਾਲਾ, ਸਾਥੀ ਜਰਨੈਲ ਸਿੰਘ ਹੀਰੇਵਾਲਾ, ਬੂਟਾ ਸਿੰਘ ਬਰਨਾਲਾ, ਭੋਲਾ ਸਿੰਘ ਬਰਨਾਲਾ, ਸੰਕਰ ਸਿੰਘ ਬਰਨਾਲਾ, ਸੀਤਾ ਸਿੰਘ ਬਰਨਾਲਾ ਆਦਿ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ।

## ਕੈਬਨਿਟ ਮੰਤਰੀ ਵੱਲੋਂ ਅੱਖਾਂ ਦੇ ਮੁਫਤ ਅਪ੍ਰੇਸ਼ਨ ਕਰਨ ਦੀ ਲੜੀ ਨਿਰੰਤਰ ਜਾਰੀ : ਪੰਮਾ ਸੰਧੂ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਅੱਖਾਂ ਦੇ ਰੋਗਾਂ ਦੇ ਮਾਹਰ ਤੇ ਸੂਬੇ ਦੇ ਕੈਬਨਿਟ ਮੰਤਰੀ ਡਾਕਟਰ ਬਲਜੀਤ ਕੌਰ ਵੱਲੋਂ ਲੋੜਵੰਦ ਮਰੀਜ਼ਾਂ ਦੀਆਂ ਅੱਖਾਂ ਦੇ ਮੁਫਤ ਆਪ੍ਰੇਸ਼ਨ ਕਰਨ ਦੀ ਲੜੀ ਨਿਰੰਤਰ ਜਾਰੀ ਹੈ। ਜਾਣਕਾਰੀ ਦਿੰਦਿਆਂ ਸਮਾਜ ਸੇਵੀ ਸੰਸਥਾ ਸੰਕਲਪ ਐਜੂਕੇਸ਼ਨਲ ਵੈੱਲਫੇਅਰ ਸੁਸਾਇਟੀ (ਰਜਿ:) ਦੇ ਪ੍ਰਧਾਨ ਨਰਿੰਦਰ ਸਿੰਘ ਸੰਧੂ ਨੇ ਦੱਸਿਆ ਕਿ ਬੀਤੇ ਦਿਨੀਂ ਡਾਕਟਰ ਬਲਜੀਤ ਕੌਰ ਵੱਲੋਂ ਸਥਾਨਕ ਮਲੋਟ ਰੋਡ ਸਥਿਤ ਡਾ. ਬਲਜੀਤ ਆਈ ਕੇਅਰ ਸੈਂਟਰ ਵਿਖੇ ਸੰਕਲਪ ਐਜੂਕੇਸ਼ਨਲ ਵੈੱਲਫੇਅਰ ਸੁਸਾਇਟੀ (ਰਜਿ:) ਤੇ ਰਬਾਬ ਐਜੂਕੇਸ਼ਨਲ ਵੈੱਲਫੇਅਰ ਸੁਸਾਇਟੀ (ਰਜਿ:) ਦੇ ਸਹਿਯੋਗ ਨਾਲ ਮੁਫਤ ਜਾਂਚ ਕੈਂਪ ਲਾਇਆ ਗਿਆ ਸੀ। ਉਨ੍ਹਾ ਦੱਸਿਆ ਕਿ ਇਸ ਮੌਕੇ ਕਰੀਬ 1500 ਮਰੀਜ਼ਾਂ ਦੀ ਜਾਂਚ ਕਰਕੇ ਸੰਸਥਾਵਾਂ ਦੀ ਮਦਦ ਨਾਲ ਸਾਰੇ ਮਰੀਜ਼ਾਂ ਨੂੰ ਨਜ਼ਰ ਦੀਆਂ ਐਨਕਾਂ ਤੇ ਦਵਾਈਆਂ ਮੁਫਤ ਦਿੱਤੀਆਂ ਗਈਆਂ ਸਨ। ਚੇਅਰਪਰਸਨ ਕੁਲਵਿੰਦਰ ਕੌਰ ਬਰਾੜ ਨੇ ਦੱਸਿਆ ਕਿ ਇਸ ਕੈਂਪ ਮੌਕੇ 100 ਚਿੱਟੇ ਮੋਤੀਏ ਦੇ ਆਪ੍ਰੇਸ਼ਨ ਦੇ ਯੋਗ ਮਰੀਜ਼ਾਂ ਦੀ ਚੋਣ ਕੀਤੀ ਗਈ। ਪ੍ਰਧਾਨ ਪੰਮਾ ਸੰਧੂ ਨੇ ਦੱਸਿਆ ਕਿ ਆਪਣੇ ਰੁਝੇਵਿਆਂ ਵਿੱਚੋਂ ਸਮਾਂ ਕੱਢ ਕੇ ਡਾਕਟਰ ਬਲਜੀਤ ਕੌਰ ਵੱਲੋਂ ਇਨ੍ਹਾਂ ਵਿੱਚੋਂ 50 ਮਰੀਜ਼ਾਂ ਦੇ ਆਪ੍ਰੇਸ਼ਨ ਸਫਲਤਾ ਪੂਰਵਕ ਕੀਤੇ ਜਾ ਚੁੱਕੇ ਹਨ ਤੇ ਬਾਕੀ ਰਹਿੰਦੇ ਮਰੀਜ਼ਾਂ ਦੇ ਆਪ੍ਰੇਸ਼ਨ ਵੀ ਜਲਦੀ ਹੀ ਕੀਤੇ ਜਾਣਗੇ।

ਇਸ ਵਿਸਾਲ ਮੁਫਤ ਜਾਂਚ ਤੇ ਆਪ੍ਰੇਸ਼ਨ ਕੈਂਪ ਨੂੰ ਸਫਲਤਾ ਪੂਰਵਕ ਸਿਰੇ ਚਾੜ੍ਹਨ ਬਦਲੇ ਸੰਧੂ ਨੇ ਵਿਜੇ ਛਾਬੜਾ, ਜਗਦੀਸ਼ ਕੁਮਾਰ ਭੋਲਾ ਤੇ ਬਲਰਾਜ ਕੁਮਾਰ ਦਾ ਧੰਨਵਾਦ ਕੀਤਾ। ਇਸ ਮੌਕੇ ਅਰਸ਼ਦੀਪ ਸਿੰਘ, ਛਿੰਦਰਪਾਲ ਸਿੰਘ, ਡਾਕਟਰ ਸਿਕੰਦਰ, ਮੀਨਾ ਰਾਣੀ, ਹਰਪ੍ਰੀਤ ਸਿੰਘ ਤੇ ਭਵਕੀਰਤ ਸਿੰਘ ਆਦਿ ਮੌਜੂਦ ਸਨ।

## ਕੇਸਧਾਰੀ ਸਿੱਖਾਂ ਦੀ ਵੋਟਰ ਰਜਿਸਟ੍ਰੇਸ਼ਨ ਦਾ ਕੰਮ 29 ਫਰਵਰੀ ਤੱਕ ਚੱਲੇਗਾ : ਧੀਮਾਨ

■ ਜ਼ਿਲ੍ਹੇ ਦੇ ਕੇਸਧਾਰੀ ਸਿੱਖ ਆਪਣੀ ਵੋਟ ਜ਼ਰੂਰ ਬਣਾਉਣ : ਡੀ ਸੀ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਚੋਣਾਂ-2023 ਲਈ ਕੇਸਧਾਰੀ ਸਿੱਖਾਂ ਦੀ ਵੋਟਰ ਰਜਿਸਟ੍ਰੇਸ਼ਨ ਦੇ ਕੰਮ ਦੀ ਮਿਆਦ ਵਿੱਚ 29 ਫਰਵਰੀ 2024 ਤੱਕ ਵਾਧਾ ਕਰ ਦਿੱਤਾ ਹੈ।ਜ਼ਿਲ੍ਹਾ ਫਿਰੋਜ਼ਪੁਰ ਵਿਖੇ ਚਾਰ ਚੋਣ ਹਲਕੇ 18-ਮਮਦੋਟ, 19-ਫਿਰੋਜ਼ਪੁਰ, 20-ਤਲਵੰਡੀ ਭਾਈ ਤੇ 21-ਜ਼ੀਰਾ ਪੈਂਦੇ ਹਨ।ਇਹ ਜਾਣਕਾਰੀ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਰਾਜੇਸ਼ ਧੀਮਾਨ ਆਈਏਐੱਸ ਨੇ ਦਿੱਤੀ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਚੋਣ ਪ੍ਰਕਿਰਿਆ ਤਹਿਤ ਵੋਟਰ ਰਜਿਸਟ੍ਰੇਸ਼ਨ ਦਾ ਕੰਮ 21 ਅਕਤੂਬਰ ਤੋਂ ਸ਼ੁਰੂ ਹੋ ਕੇ 15 ਨਵੰਬਰ 2023 ਤੱਕ ਚੱਲਣਾ ਸੀ, ਜਦਕਿ ਹੁਣ ਰਜਿਸਟ੍ਰੇਸ਼ਨ ਦੀ ਮਿਤੀ ਵਧਾ ਕੇ 29 ਫਰਵਰੀ 2024 ਤੱਕ ਕਰ ਦਿੱਤੀ ਗਈ ਹੈ।ਉਨ੍ਹਾਂ ਦੱਸਿਆ ਕਿ 1 ਮਾਰਚ 2024 ਤੋਂ 20 ਮਾਰਚ 2024 ਤੱਕ ਵੋਟਰ ਸੂਚੀਆਂ ਦੀ ਤਿਆਰੀ ਤੇ ਪ੍ਰਿੰਟਿੰਗ ਹੋਵੇਗੀ।ਇਸ ਤੋਂ ਬਾਅਦ 21 ਮਾਰਚ 2024 ਨੂੰ ਵੋਟਰ ਸੂਚੀਆਂ ਪ੍ਰਕਾਸ਼ਤ ਕੀਤੀਆਂ ਜਾਣਗੀਆਂ ਤੇ ਇਸੇ ਹੀ ਦਿਨ ਵੋਟਰ ਸੂਚੀਆਂ ਸਬੰਧੀ ਦਾਅਵੇ ਅਤੇ ਇਤਰਾਜ਼ ਲੈਣ ਸਬੰਧੀ ਚੋਣ ਹਲਕੇ ਅਨੁਸਾਰ ਨਿਯੁਕਤ ਅਧਿਕਾਰੀਆਂ ਦੀ ਸੂਚੀ ਜਾਰੀ ਕੀਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਦਾਅਵੇ ਤੇ ਇਤਰਾਜ਼ ਪ੍ਰਾਪਤ ਕਰਨ ਦੀ ਆਖਰੀ ਮਿਤੀ 11 ਅਪ੍ਰੈਲ 2024 ਹੋਵੇਗੀ।ਉਨ੍ਹਾਂ ਦੱਸਿਆ ਕਿ 21 ਅਪ੍ਰੈਲ 2024 ਤੱਕ ਦਾਅਵਿਆਂ ਤੇ ਇਤਰਾਜ਼ਾਂ ਦਾ ਸਿੱਖ ਗੁਰਦੁਆਰਾ ਬੋਰਡ ਚੋਣਾਂ, 1959 ਦੇ ਰੂਲ ਨੰਬਰ 10(3) ਅਨੁਸਾਰ ਨਿਪਟਾਰਾ ਕੀਤਾ ਜਾਵੇਗਾ।ਇਸ ਤੋਂ ਬਾਅਦ 2 ਮਈ 2024 ਨੂੰ ਸਪਲੀਮੈਂਟਰੀ ਸੂਚੀਆਂ ਦੀ ਤਿਆਰੀ ਤੇ ਪ੍ਰਿੰਟਿੰਗ ਕੀਤੀ ਜਾਵੇਗੀ।ਉਨ੍ਹਾਂ ਦੱਸਿਆ ਕਿ 3 ਮਈ 2024 ਨੂੰ ਸੂਚੀ ਦੀ ਅੰਤਿਮ ਪ੍ਰਕਾਸ਼ਨਾ ਕਰ ਦਿੱਤੀ ਜਾਵੇਗੀ।ਉਨ੍ਹਾ ਕਿਹਾ ਕਿ ਫਾਰਮ-। ਸਬੰਧਤ ਚੋਣ ਹਲਕੇ ਦੇ ਰਿਵਾਈਜ਼ਿੰਗ ਅਫਸਰ ਦੇ ਦਫਤਰ ਵਿਖੇ ਉਪਲਬੱਧ ਹਨ ਤੇ ਜ਼ਿਲ੍ਹੇ ਦੇ 21 ਸਾਲ ਦੇ ਸਮੂਹ ਕੇਸਧਾਰੀ ਸਿੱਖ ਵੋਟਰ ਆਪਣੀ ਵੋਟ ਬਣਾਉਣ ਲਈ ਫਾਰਮ-1 ਭਰਨ ਤੋਂ ਬਾਅਦ ਰਿਵਾਈਜ਼ਿੰਗ ਅਫਸਰ, ਸਹਾਇਕ ਰਿਵਾਈਜ਼ਿੰਗ ਅਫਸਰ ਦੇ ਦਫਤਰ ਜਾਂ ਆਪਣੇ ਹਲਕੇ ਦੇ ਪਟਵਾਰੀ ਪਾਸ ਜਮ੍ਹਾਂ ਕਰਵਾ ਸਕਦੇ ਹਨ।

## ਬੈਡਮਿੰਟਨ ਟੂਰਨਾਮੈਂਟ 'ਚ ਡੀ ਏ ਵੀ ਸਕੂਲ ਨੇ ਜਿੱਤੇ ਮੈਡਲ



**ਜਗਰਾਓਂ (ਨਛੱਤਰ ਸੰਧੂ)**-ਡੀ.ਏ.ਵੀ ਸੈਂਟਨਰੀ ਪਬਲਿਕ ਸਕੂਲ ਜਗਰਾਉਂ ਦੇ ਪ੍ਰਿੰਸੀਪਲ ਵੇਦ ਵ੍ਰਤ ਪਲਾਹ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਲੁਧਿਆਣਾ ਸਹੋਦਿਆ ਸਕੂਲ ਕੰਪਲੈਕਸ (ਵੈਸਟ) ਦੇ ਬੈਡਮਿੰਟਨ ਟੂਰਨਾਮੈਂਟ ਵਿੱਚ ਅੰਡਰ-17 ਕੁੜੀਆਂ 'ਚ ਮੰਨਤ ਪ੍ਰੀਤ ਕੌਰ, ਦਿਵਿਆਂਸੀ, ਦੀਕਸ਼ਿਤਾ ਤੇ ਹਰਗੁਨਜੋਤ ਕੌਰ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਅੰਡਰ-17 ਮੁੰਡਿਆਂ 'ਚ ਰਾਗਵ ਬਾਂਸਲ, ਮੰਨਤ ਚੋਪੜਾ, ਤਰੁਨ ਸਿੰਗਲਾ ਤੇ ਦਕਸ਼ ਗੋਇਲ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਅੰਡਰ-14 ਲੜਕੀਆਂ 'ਚ ਨਿਹਾਰਿਕਾ ਵਰਮਾ ਤੇ ਅਰਸ਼ਵੀਰ ਕੌਰ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਅੰਡਰ-14 'ਚ ਸਹਿਜ ਪ੍ਰੀਤ ਸਿੰਘ, ਦੀਵਾਂਸ਼ ਸਿੰਗਲਾ ਤੇ ਵੰਸ਼ ਮਾਨਿਕ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਇਨ੍ਹਾਂ ਖਿਡਾਰੀਆਂ ਦੇ ਸਕੂਲ ਪਹੁੰਚਣ 'ਤੇ ਪ੍ਰਿੰਸੀਪਲ ਬੇਦ ਵ੍ਰਤ ਪਲਾਹ ਤੇ ਸਮੂਹ ਸਟਾਫ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ ਅਤੇ ਪ੍ਰਿੰਸੀਪਲ ਵੱਲੋਂ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਸਕੂਲ ਦੇ ਡੀ.ਪੀ.ਈ. ਹਰਦੀਪ ਸਿੰਘ ਬਿੰਜਲ, ਡੀ.ਪੀ.ਈ. ਸੁਰਿੰਦਰਪਾਲ ਵਿੱਜ ਤੇ ਡੀ.ਪੀ.ਈ. ਜਗਦੀਪ ਸਿੰਘ ਸਿੱਧਵਾਂ ਹਾਜ਼ਰ ਸਨ।

## ਸੇਂਟ ਜੇਵੀਅਰ ਸਕੂਲ ਵੱਲੋਂ ਰਾਸ਼ਟਰੀ ਤੇ ਅੰਤਰਾਸ਼ਟਰੀ ਪੱਧਰ 'ਤੇ ਰਿਕਾਰਡ ਬਣਾਉਣ ਵਾਲੇ ਵਿਦਿਆਰਥੀ ਸਨਮਾਨਤ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸੇਂਟ ਜੇਵੀਅਰ ਸਕੂਲ ਰਾਮਪੁਰਾ ਫੂਲ ਵੱਲੋਂ ਪੜ੍ਹਾਈ ਦੇ ਖੇਤਰ ਵਿੱਚ ਰਾਸ਼ਟਰੀ ਤੇ ਅੰਤਰਾਸ਼ਟਰੀ ਪੱਧਰ 'ਤੇ ਰਿਕਾਰਡ ਬਣਾਉਣ ਵਾਲੇ ਵਿਦਿਆਰਥੀਆਂ ਦੇ ਸਨਮਾਨ ਲਈ ਇੱਕ ਵਿਸ਼ੇਸ ਸਮਾਗਮ ਕੀਤਾ ਗਿਆ। ਸਮਾਗਮ ਦੇ ਮੁੱਖ ਮਹਿਮਾਨ ਐੱਸ ਐੱਚ ਓ ਰਾਮਪੁਰਾ ਫੂਲ ਜੋਗਿੰਦਰ ਸਿੰਘ ਸਨ। ਸਮਾਗਮ ਦੀ ਪ੍ਰਧਾਨਗੀ ਸ਼ਾਰਪ ਬ੍ਰੇਨਸ ਐਜੂਕੇਸ਼ਨ ਦੇ ਡਾਇਰੈਕਟਰ ਰੰਜੀਵ ਗੋਇਲ ਨੇ ਕੀਤੀ। ਮਹਿਮਾਨਾਂ ਦਾ ਸਵਾਗਤ ਸਕੂਲ ਮੈਨੇਜਰ ਫਾਦਰ ਐਂਡਰਿਓ ਫਰਨਾਂਡਿਜ ਨੇ ਕੀਤਾ। ਸਕੂਲ ਦੇ ਪ੍ਰਿੰਸੀਪਲ ਫਾਦਰ ਯੂਲੈਲੀਓ ਫਰਨਾਂਡਿਜ ਨੇ ਸਮਾਗਮ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਚੰਡੀਗੜ੍ਹ ਵਿਖੇ ਹੋਏ ਨੈਸ਼ਨਲ ਅਬੈਕਸ ਮੁਕਾਬਲੇ ਵਿੱਚ ਸਕੂਲ ਦੇ 75 ਵਿਦਿਆਰਥੀਆਂ ਨੇ ਸ਼ਾਰਪ ਬ੍ਰਨੇਸ ਦੇ ਰੰਜੀਵ ਗੋਇਲ ਤੇ ਪੂਜਾ ਗੋਇਲ ਦੇ ਮਾਰਗਦਰਸ਼ਨ ਵਿੱਚ ਭਾਗ ਲਿਆ ਸੀ, ਜਿਸ ਵਿੱਚੋਂ 4 ਵਿਦਿਆਰਥੀਆਂ ਡੋਲਕਿਤਾ, ਵਿਧੀ, ਭਾਵਿਕ ਸਿੰਗਲਾ ਤੇ ਅਪੇਕਸ਼ਾ ਨੇ ਰਾਸ਼ਟਰੀ ਪੱਧਰ 'ਤੇ ਪਹਿਲੀਆਂ ਪੁਜ਼ੀਸ਼ਨਾਂ ਪ੍ਰਾਪਤ ਕੀਤੀਆਂ ਹਨ। ਵਿਦਿਆਰਥਣ ਡੋਲਕਿਤਾ ਵੱਲੋਂ ਸਭ ਤੋਂ ਤੇਜ਼ ਗਤੀ ਨਾਲ ਪੇਪਰ ਹੱਲ ਕਰਨ ਦਾ ਨਵਾਂ ਨੈਸ਼ਨਲ ਰਿਕਾਰਡ ਵੀ ਬਣਾਇਆ ਗਿਆ। ਇਸ ਤੋਂ ਇਲਾਵਾ 4 ਵਿਦਿਆਰਥੀਆਂ ਨੇ 100 ਫੀਸਦੀ ਨੰਬਰ ਹਾਸਲ ਕਰ ਵਿਸ਼ੇਸ਼ ਇਨਾਮ ਜਿੱਤੇ ਹਨ, ਜਦੋਂ ਕਿ 21 ਹੋਰ ਵਿਦਿਆਰਥੀਆਂ ਨੇ ਮੈਡਲ ਜਿੱਤੇ ਹਨ। ਉਨ੍ਹਾਂ ਕਿਹਾ ਕਿ ਅਬੈਕਸ ਸਿੱਖਿਆ ਬੱਚਿਆਂ ਦੇ ਮੈਥ ਫੋਬੀਆ ਦੂਰ ਕਰਨ ਵਿੱਚ ਅਹਿਮ ਯੋਗਦਾਨ ਦਿੰਦੀ ਹੈ, ਉਥੇ ਹੀ ਬੱਚੇ ਇਸ ਤਰ੍ਹਾਂ ਤੇਜ਼ ਹੋ ਜਾਂਦੇ ਹਨ ਕਿ ਉਹ ਕੈਲਕੂਲੇਟਰ ਤੇ ਕੰਪਿਊਟਰ ਵਾਂਗ ਚੁਟਕੀਆਂ ਵਿੱਚ ਹੀ ਮੈਥ ਦੇ ਸਵਾਲ ਹੱਲ ਕਰਨਾ ਸਿੱਖ ਜਾਂਦੇ ਹਨ। ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਥਾਣਾ ਮੁਖੀ ਜੋਗਿੰਦਰ ਸਿੰਘ ਨੇ ਉਨ੍ਹਾਂ ਨੂੰ ਉੱਚੇ ਸੁਪਨੇ ਦੇਖਣ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਪੜ੍ਹਾਈ ਇੱਕ ਅਜਿਹਾ ਤਰੀਕਾ ਹੈ ਜਿਸ ਨਾਲ ਆਮ ਇਨਸਾਨ ਖਾਸ ਬਣ ਸਕਦਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਟਰੈਫਿਕ ਨਿਯਮਾਂ ਦੀ ਪਾਲਣਾ ਕਰਨ ਲਈ ਵੀ ਕਿਹਾ। ਸ਼ਾਰਪ ਬ੍ਰੇਨਸ ਦੇ ਰੰਜੀਵ ਗੋਇਲ ਨੇ ਵਿਦਿਆਰਥੀਆਂ ਨੂੰ ਮਾਈਂਡ ਪਾਵਰ ਤੇ ਪੜ੍ਹਾਈ ਸਬੰਧੀ ਅਹਿਮ ਨੁਕਤੇ ਦੱਸਦਿਆਂ ਪੜ੍ਹ ਲਿਖ ਕੇ ਆਪਣੇ ਮਾਪਿਆਂ ਦਾ ਨਾਮ ਰੋਸ਼ਨ ਕਰਨ ਲਈ ਕਿਹਾ। ਇਸ ਮੌਕੇ ਨੈਸ਼ਨਲ ਅਬੈਕਸ ਮੁਕਾਬਲੇ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਤੇ ਜੇਤੂਆਂ ਤੋਂ ਇਲਾਵਾ ਇੰਡੀਆ ਬੁੱਕ ਆਫ ਰਿਕਾਰਡਸ ਵਿੱਚ ਨਾਮ ਦਰਜ ਕਰਵਾਉਣ ਵਾਲੇ ਲਵਿਸ਼ ਸਿੰਗਲਾ ਤੇ ਵਿਧੀ, ਏਸ਼ੀਆ ਬੁੱਕ ਆਫ ਰਿਕਾਰਡਸ ਵਿੱਚ ਨਾਮ ਦਰਜ ਕਰਵਾਉਣ ਵਾਲੇ ਦਾਨਿਸ਼ ਗਰਗ ਤੇ ਨਵਾਂ ਵਰਲਡ ਰਿਕਾਰਡ ਬਣਾ ਕੇ ਇੰਟਰਨੈਸ਼ਨਲ ਬੁੱਕ ਆਫ ਰਿਕਾਰਡਸ ਵਿੱਚ ਨਾਮ ਦਰਜ ਕਰਵਾਉਣ ਵਾਲੀ ਵਿਦਿਆਰਥਣ ਅਪੇਕਸ਼ਾ ਨੂੰ ਵੀ ਉਚੇਚੇ ਤੌਰ 'ਤੇ ਸਨਮਾਨਤ ਕੀਤਾ ਗਿਆ। ਸਮਾਗਮ ਦੌਰਾਨ ਹੋਰਨਾਂ ਤੋਂ ਇਲਾਵਾ ਸਕੂਲ ਦੇ ਕੋਆਡੀਨੇਟਰ ਮੈਡਮ ਮਨਪ੍ਰੀਤ ਕੌਰ, ਪ੍ਰੇਮ ਲਤਾ ਤੇ ਅੰਜੂ ਬਾਲਾ ਦੇ ਨਾਲ ਸੰਜੀਵ ਸਿੰਗਲਾ ਹਾਜ਼ਰ ਸਨ।

## ਨਜਾਇਜ਼ ਸ਼ਰਾਬ ਤੇ ਚਾਲੂ ਭੱਠੀ ਸਮੇਤ ਔਰਤ ਕਾਬੂ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਥਾਣਾ ਘੁੰਮਣ ਕਲਾਂ ਦੀ ਪੁਲਸ ਨੇ ਪਿੰਡ ਮੁਸਤਫਾਬਾਦ ਦੇ ਇਕ ਘਰ ਵਿੱਚ ਰੇਡ ਕਰਕੇ ਇਕ ਔਰਤ ਨੂੰ 20 ਕਿਲੋ ਲਾਹਣ, 570 ਐੱਮ. ਐੱਲ. ਸ਼ਰਾਬ ਨਜਾਇਜ਼ ਤੇ ਚਾਲੂ ਭੱਠੀ ਸਮੇਤ ਕਾਬੂ ਕੀਤਾ ਹੈ। ਇਸ ਸਬੰਧੀ ਥਾਣਾ ਘੁੰਮਣ ਕਲਾਂ ਦੇ ਐੱਸ. ਐੱਚ. ਓ. ਸਬ-ਇੰਸਪੈਕਟਰ ਜਸਬੀਰ ਸਿੰਘ ਨੇ ਦੱਸਿਆ ਕਿ ਏਐੱਸਆਈ ਸੁਖਜਿੰਦਰ ਸਿੰਘ ਨੇ ਪੁਲਸ ਪਾਰਟੀ ਸਮੇਤ ਭੈੜੇ ਪੁਰਸ਼ਾਂ ਦੀ ਤਲਾਸ਼ ਵਿੱਚ ਗਸ਼ਤ ਦੌਰਾਨ ਮੁਖਬਰ ਖਾਸ ਦੀ ਇਤਲਾਹ 'ਤੇ ਇੰਦਰਜੀਤ ਕੌਰ ਪਤਨੀ ਗੁਰਮੀਤ ਸਿੰਘ ਵਾਸੀ ਮੁਸਤਫਾਬਾਦ ਦੇ ਘਰ ਰੇਡ ਕਰਕੇ 20 ਕਿੱਲੋ ਲਾਹਣ, 570 ਐੱਮ. ਐੱਲ. ਸ਼ਰਾਬ ਨਜਾਇਜ਼ ਤੇ ਚਾਲੂ ਭੱਠੀ ਸਮੇਤ ਉਕਤ ਔਰਤ ਨੂੰ ਗ੍ਰਿਫਤਾਰ ਕਰਕੇ ਉਸ ਵਿਰੁੱਧ ਆਬਕਾਰੀ ਐਕਟ ਤਹਿਤ ਮੁਕੱਦਮਾ ਦਰਜ ਕਰ ਕੀਤਾ ਹੈ।


**ਉੱਤਰ ਰੇਲਵੇ**

**ਸ਼ੁੱਧੀਪੱਤਰ**

ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਸੀਨੀਅਰ ਮੰਡਲ ਵਾਣਿਜ ਪ੍ਰਬੰਧਕ/ਮਾ. ਸੇ., ਉੱਤਰ ਰੇਲਵੇ, ਫਿਰੋਜ਼ਪੁਰ ਦੀ ਤਰਫ ਤੋਂ ਵਿਜੈਪੁਰ ਜੰਮੂ, ਰੇਲਵੇ ਸਟੇਸ਼ਨ ਉਤੇ ਜੀਸੀਟੀ ਦੇ ਵਿਕਾਸ ਦੇ ਲਈ ਟੈਂਡਰਾ (ਦੋ ਪੈਕੇਟ ਪ੍ਰਣਾਲੀ) ਮੰਗ ਕਰਦਾ ਹੈ, ਵੇਰਵਾ ਹੇਠਾ ਅਨੁਸਾਰ ਹੈ: ਕੀਤੀ ਜਾਂਦੀ ਹੈ :-

ਬੋਲੀ - ਪਹਿਲਾ ਬੈਠਕ ਦੀ ਮਿਤੀ ਜੋ 11.12.2023 ਦੇ ਰੂਪ ਵਿਚ ਨਿਰਧਾਰਿਤ ਕੀਤੀ ਗਈ ਹੈ ਅਤੇ ਟੈਂਡਰ ਦਸਤਾਵੇਜ ਵਿਚ 14.12.2023 ਦੇ ਰੂਪ ਵਿਚ ਲਿਖੀ ਗਈ ਹੈ। ਟੈਂਡਰ ਦਸਤਾਵੇਜਾਂ ਵਿਚ ਸਹੀ ਕੀਤੀ ਜਾਂਦੀ ਹੈ ਅਤੇ ਬੋਲੀ - ਪਹਿਲਾ ਬੈਠਕ ਦੀ ਮਿਤੀ ਨੂੰ 11.12.2023 ਦੇ ਰੂਪ ਵਿਚ ਪੜ੍ਹੀ ਜਾਵੇ।

ireps.gov.in ਉਤੇ ਪ੍ਰਦਾਨ ਕੀਤੀ ਗਈ ਬਾਕੀ ਸ਼ਰਤਾ ਸਮਾਨ ਰਹੇਗੀ।

ਜ਼ਿਆਦਾ ਜਾਣਕਾਰੀ ਦੇ ਲਈ ਕ੍ਰਿਪਾ ਰੇਲਵੇ ਦੀ ਵੈਬਸਾਈਟ ireps.gov.in ਉਤੇ ਜਾਏ।

No. 2-AC/Goods-GCT-VJPJ-FZR/23 Date: 20.11.2023

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ    3641/23


## ਕੋਠਾਗੁਰੂ ਦੇ ਦੋ ਮੌਜੂਦਾ ਕੌਂਸਲਰ ਅਕਾਲੀ ਦਲ 'ਚ ਸ਼ਾਮਲ



**ਭਗਤਾ ਭਾਈ ਕਾ (ਰਾਜੀਵ ਗੋਇਲ)**-ਸਥਾਨਕ ਸ਼ਹਿਰ ਦੇ ਨੇੜਲੇ ਪਿੰਡ ਕੋਠਾਗੁਰੂ ਦੀ ਨਗਰ ਪੰਚਾਇਤ ਦੇ ਦੋ ਮੌਜੂਦਾ ਕੌਂਸਲਰ ਜਸਵੰਤ ਸਿੰਘ ਕਾਲਾ ਤੇ ਸੁਰਜੀਤ ਸਿੰਘ ਕਾਂਗਰਸ ਨੂੰ ਅਲਵਿਦਾ ਆਖ ਆਪਣੇ ਸਾਥੀਆਂ ਸਮੇਤ ਸਾਬਕਾ ਮੰਤਰੀ ਸਿਕੰਦਰ ਸਿੰਘ ਮਲੂਕਾ ਦੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ (ਬ) 'ਚ ਸ਼ਾਮਲ ਹੋ ਗਏ। ਗੱਲਬਾਤ ਕਰਦੇ ਹੋਏ ਮਲੂਕਾ ਨੇ ਜਿੱਥੇ ਵਿਛੜੇ ਸਾਥੀਆਂ ਦੇ ਮੁੜ ਸੰਗ ਆਉਣ 'ਤੇ ਸਵਾਗਤ ਕੀਤਾ, ਉੱਥੇ ਹੀ ਕਿਹਾ ਕਿ ਇਨ੍ਹਾਂ ਦੋ ਸਾਥੀਆਂ ਦੇ ਆਉਣ ਨਾਲ ਪਾਰਟੀ ਨੂੰ ਹਲਕੇ ਅੰਦਰ ਵੱਡਾ ਬਲ ਮਿਲੇਗਾ। ਦੱਸਣਾ ਬਣਦਾ ਹੈ ਕਿ ਜਸਵੰਤ ਸਿੰਘ ਕਾਲਾ ਪੁਰਾਣੇ ਅਕਾਲੀ ਆਗੂ ਵੀ ਰਹਿ ਚੁੱਕੇ ਹਨ, ਜਿਹੜੇ ਕਾਂਗਰਸ ਦੀ ਸਰਕਾਰ ਸਮੇਂ ਅਕਾਲੀ ਦਲ ਨੂੰ ਅਲਵਿਦਾ ਆਖ ਗਏ ਸਨ, ਪਰ ਅੱਜ ਫੇਰ ਇਨ੍ਹਾਂ ਵੱਲੋਂ ਮੁੜ ਅਕਾਲੀ ਦਲ ਦਾ ਪੱਲਾ ਫੜਿਆ ਗਿਆ ਹੈ। ਇਸ ਮੌਕੇ ਹਲਕਾ ਇੰਚਾਰਜ ਹਰਿੰਦਰ ਸਿੰਘ, ਗਗਨਦੀਪ ਸਿੰਘ ਗਰੇਵਾਲ ਸਾ. ਚੇਅਰਮੈਨ, ਜਗਸੀਰ ਸਿੰਘ ਪੰਨੂ, ਰਛਪਾਲ ਸਿੰਘ ਪੁੰਨੂ, ਮੰਗਲ ਸੋਢੀ, ਅਵਤਾਰ ਸਿੰਘ ਕੌਂਸਲਰ, ਬਲੌਰ ਸਿੰਘ, ਜਗਸੀਰ ਸਿੰਘ, ਦਰਸ਼ਨ ਸਿੰਘ ਗੋਂਦਾਰਾ, ਜੀਤ ਸਿੰਘ, ਰਛਪਾਲ ਸਿੰਘ ਪੱਪੂ, ਜਗਜੀਤ ਸਿੰਘ, ਬੇਅੰਤ ਸਿੰਘ, ਮਲਕੀਤ ਸਿੰਘ, ਡਾ. ਸੋਮ ਖਾਨ, ਬੰਸਾ ਸਰਾਂ, ਸੁਖਦੇਵ ਸਿੰਘ, ਗੁਰਜੰਟ ਸਿੰਘ, ਨੈਬ ਸਿੰਘ, ਹਰਨੇਕ ਸਿੰਘ, ਸੁਖਜੀਤ ਕੌਰ ਭੱਠਲ ਸਮੇਤ ਕੋਠਾਗੁਰੂ ਦੀ ਸਮੁੱਚੀ ਜਥੇਬੰਦੀ ਹਾਜ਼ਰ ਸੀ।

## ਚੰਡੀਗੜ੍ਹ ਵੱਲ ਕੂਚ ਕਰਨ ਦੇ ਸੰਬੰਧ 'ਚ ਕੇ ਕੇ ਯੂ ਦੀ ਮੀਟਿੰਗ



ਕਿਰਤੀ ਕਿਸਾਨ ਯੂਨੀਅਨ ਦੇ ਆਗੂ ਮੀਟਿੰਗ ਕਰਦੇ ਹੋਏ।

**ਮੋਗਾ (ਅਮਰਜੀਤ ਬੱਬਰੀ)**-ਕਿਰਤੀ ਕਿਸਾਨ ਯੂਨੀਅਨ ਦੀ ਵਿਸਥਾਰੀ ਮੀਟਿੰਗ ਸਰਬਪ੍ਰੀਤ ਸਿੰਘ ਦੀ ਅਗਵਾਈ ਹੇਠ ਪਿੰਡ ਰਾਜਿਆਣਾ ਵਿਖੇ ਕੀਤੀ ਗਈ।ਇਸ ਮੀਟਿੰਗ ਦੇ ਸਬੰਧ ਵਿੱਚ ਬਲਾਕ ਪ੍ਰੈੱਸ ਸਕੱਤਰ ਜਸਮੇਲ ਸਿੰਘ ਰਾਜਿਆਣਾ ਨੇ ਦੱਸਿਆ ਕਿ ਅੱਜ ਦੀ ਮੀਟਿੰਗ 26, 27, 28 ਨਵੰਬਰ ਨੂੰ ਸੰਯੁਕਤ ਮੋਰਚੇ ਦੇ ਸੱਦੇ ਤਹਿਤ 'ਚੰਡੀਗੜ੍ਹ ਚੱਲੋ' ਦੇ ਪ੍ਰੋਗਰਾਮ ਤਹਿਤ ਹੋਈ ਹੈ।ਇਸ ਮੌਕੇ ਜ਼ਿਲ੍ਹਾ ਸਕੱਤਰ ਚਮਕੌਰ ਸਿੰਘ ਰੋਡੇ ਖੁਰਦ ਤੇ ਬਲਾਕ ਪ੍ਰਧਾਨ ਅਜਮੇਰ ਸਿੰਘ ਛੋਟਾਘਰ ਨੇ ਮੀਟਿੰਗ ਵਿੱਚ ਹਾਜ਼ਰ ਵਰਕਰਾਂ ਨੂੰ ਸੰਬੋਧਨ ਕਰਦਿਆਂ ਆਖਿਆ ਕਿ ਜੋ ਸੰਯੁਕਤ ਕਿਸਾਨ ਮੋਰਚੇ ਵੱਲੋਂ ਉਲੀਕਿਆ ਗਿਆ ਪ੍ਰੋਗਰਾਮ ਪੂਰੇ ਦੇਸ਼ ਦੀਆਂ ਸਾਰੀਆਂ ਰਾਜਧਾਨੀਆਂ ਵਿੱਚ 26,27,28 ਨਵੰਬਰ ਨੂੰ ਧਰਨੇ ਲਗਾਏ ਜਾ ਰਹੇ ਹਨ ਤੇ ਪੰਜਾਬ ਵਿੱਚ 26 ਤੋਂ 28 ਨਵੰਬਰ ਤੱਕ ਚੰਡੀਗੜ੍ਹ ਵਿੱਚ ਧਰਨਾ ਲਗਾਇਆ ਜਾਵੇਗਾ।ਦਿੱਲੀ ਵਿੱਚ ਚੱਲੇ ਤੇਰਾਂ ਮਹੀਨੇ ਕਿਸਾਨ ਅੰਦੋਲਨ ਦੀ ਸਮਾਪਤੀ ਦੌਰਾਨ ਕੇਂਦਰ ਸਰਕਾਰ ਨੇ ਰਹਿੰਦੀਆਂ ਮੰਗਾਂ ਨੂੰ ਲੈ ਕੇ ਵਾਅਦਾ ਕੀਤਾ ਸੀ ਕਿ ਸੰਯੁਕਤ ਮੋਰਚੇ ਵੱਲੋਂ ਰੱਖੀਆਂ ਗਈਆਂ ਸਾਰੀਆਂ ਮੰਗਾਂ ਪੂਰੀਆਂ ਕੀਤੀਆਂ ਜਾਣਗੀਆਂ, ਪ੍ਰੰਤੂ ਭਾਜਪਾ ਦੀ ਕੇਂਦਰ ਸਰਕਾਰ ਨੇ ਮੋਰਚੇ ਤੇ ਕਿਸਾਨਾਂ ਨਾਲ ਵਾਅਦਾ ਖਿਲਾਫੀ ਕੀਤੀ ਹੈ, ਜਿਸ ਦੇ ਤਹਿਤ ਇਹ ਅੰਦੋਲਨ ਦੁਬਾਰਾ ਰਾਜਧਾਨੀਆਂ ਤੋਂ ਸ਼ੁਰੂ ਕੀਤਾ ਜਾ ਰਿਹਾ ਹੈ।ਇਸੇ ਤਰ੍ਹਾਂ ਪੰਜਾਬ ਸਰਕਾਰ ਵਿੱਚ ਆਮ ਆਦਮੀ ਪਾਰਟੀ ਨੇ ਵੀ ਕਿਸਾਨ ਅੰਦੋਲਨ ਦੀ ਆੜ ਲੈ ਕੇ ਕਿਸਾਨਾਂ, ਮੁਲਾਜ਼ਮਾਂ, ਨੌਜਵਾਨ ਵਰਗ ਦੀਆਂ ਵੋਟਾਂ ਲੈ ਕੇ ਆਪਣੀ ਸਰਕਾਰ ਬਣਾਈ ਤੇ ਸੱਤਾ 'ਤੇ ਕਾਬਜ਼ ਹੋਈ ਅਤੇ ਵਾਅਦਿਆਂ ਤੋਂ ਮੁਕਰਨ ਹੋਈ।ਇਸ ਲਈ 26,27,28 ਨੂੰ ਚੰਡੀਗੜ੍ਹ ਵਿੱਚ ਧਰਨਾ ਲੱਗੇਗਾ।ਆਗੂਆਂ ਨੇ ਆਖਿਆ ਕਿ ਚੰਡੀਗੜ੍ਹ ਵੱਲ 25 ਨਵੰਬਰ ਨੂੰ ਹੀ ਕੂਚ ਕੀਤਾ ਜਾਵੇਗਾ, ਜਿਸ ਵਿੱਚ ਬਲਾਕ ਬਾਘਾ ਪੁਰਾਣਾ ਤੋਂ ਕਿਸਾਨ, ਔਰਤਾਂ, ਨੌਜਵਾਨ ਤੇ ਹੋਰ ਵਰਗ ਦੇ ਲੋਕ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ, ਜੇਕਰ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਨੇ ਸੰਯੁਕਤ ਮੋਰਚੇ ਵੱਲੋਂ ਰੱਖੀਆਂ ਮੰਗਾਂ ਜਲਦ ਨਾ ਪੂਰੀਆਂ ਕੀਤੀਆਂ ਤਾਂ ਇਹ ਅੰਦੋਲਨ ਦਿੱਲੀ ਅੰਦੋਲਨ ਵਾਂਗ ਲੰਬਾ ਵੀ ਚੱਲ ਸਕਦਾ ਹੈ।ਇਸ ਦੌਰਾਨ ਔਰਤ ਵਿੰਗ ਦੇ ਜ਼ਿਲ੍ਹਾ ਕਨਵੀਨਰ ਛਿੰਦਰਪਾਲ ਕੌਰ, ਜ਼ਿਲ੍ਹਾ ਸਕੱਤਰ ਚਮਕੌਰ ਸਿੰਘ ਰੋਡੇਖੁਰਦ, ਬਲਾਕ ਪ੍ਰਧਾਨ ਅਜਮੇਰ ਸਿੰਘ ਛੋਟਾਘਰ ਸਕੱਤਰ ਜਸਮੇਲ ਸਿੰਘ, ਖਜ਼ਾਨਚੀ ਜਗਵਿੰਦਰ ਕੌਰ ਰਾਜਿਆਣਾ, ਮੀਤ ਪ੍ਰਧਾਨ ਮੋਹਲਾ ਸਿੰਘ, ਲਖਵੀਰ ਸਿੰਘ ਰੋਡੇ, ਬਲਵਿੰਦਰ ਸਿੰਘ ਛੋਟਾਘਰ, ਨਿਰਮਲ ਸਿੰਘ ਨੱਥੂਵਾਲਾ, ਹਰਜਿੰਦਰ ਸਿੰਘ ਵੈਰੋਕੇ, ਸਰਬਪ੍ਰੀਤ ਵਿੱਕੀ, ਜਗਰੂਪ ਸਿੰਘ ਲੰਗੇਆਣਾ, ਅਮਰਜੀਤ ਸਿੰਘ ਹਰੀਏਵਾਲਾ, ਅੰਗਰੇਜ ਸਿੰਘ, ਹਰਪ੍ਰੀਤ ਸਿੰਘ ਕੋਟਲਾ, ਰਾਜਿਆਣਾ ਇਕਾਈ ਪ੍ਰਧਾਨ ਬੂਟਾ ਸਿੰਘ, ਕੁਲਵੰਤ ਸਿੰਘ ਆਦਿ ਆਗੂ ਹਾਜ਼ਰ ਸਨ।

## ਗੋਦਾਵਰੀ ਇਲੈਕਟ੍ਰਿਕ ਮੋਟਰਜ਼ ਵੱਲੋਂ ਪਲੇਠੇ ਰੋਡਸਾਈਡ ਅਸਿਸਟੈਂਸ ਪ੍ਰੋਗਰਾਮ ਦਾ ਐਲਾਨ

**ਲੁਧਿਆਣਾ** : ਗੋਦਾਵਰੀ ਇਲੈਕਟ੍ਰਿਕ ਮੋਟਰਜ਼ ਜੋ ਕਿ ਇਲੈਕਟ੍ਰਿਕ 2 ਅਤੇ 3-ਪਹੀਆ ਵਾਹਨਾਂ ਦੀ ਈਬਲੂ ਰੇਂਜ ਦੀ ਨਿਰਮਾਤਾ ਹੈ, ਨੇ ਆਪਣੇ ਈਵੀ ਥ੍ਰੀ-ਵ੍ਹੀਲਰ, ਈਬਲੂ ਰੋਜ਼ੀ ਲਈ ਆਪਣੀ ਕਿਸਮ ਦੇ ਰੋਡਸਾਈਡ ਅਸਿਸਟੈਂਸ ਪ੍ਰੋਗਰਾਮ ਦਾ ਐਲਾਨ ਕੀਤਾ ਹੈ। ਕੰਪਨੀ ਨਵੰਬਰ ਮਹੀਨੇ (1 ਨਵੰਬਰ-30 ਨਵੰਬਰ 2023) ਵਿੱਚ ਖਰੀਦੀਆਂ ਸਾਰੀਆਂ ਈਬਲੂ ਰੋਜ਼ੀ ਲਈ 3-ਸਾਲ ਦੀ ਮੁਫਤ ਰੋਡਸਾਈਡ ਸਹਾਇਤਾ ਆਫਰ ਕਰ ਰਹੀ ਹੈ।

ਆਰ ਐੱਸ ਏ ਦੇਸ਼ ਭਰ ਵਿੱਚ ਕੰਪਨੀ ਦੇ ਸਾਰੇ ਟੱਚ ਪੁਆਇੰਟਸ ਲਈ ਮੰਨਣਯੋਗ ਹੋਵੇਗਾ।

ਇਸ ਪਹਿਲਕਦਮੀ 'ਤੇ ਟਿੱਪਣੀ ਕਰਦੇ ਹੋਏ ਹੈਦਰ ਖਾਨ ਸੀਈਓ ਗੋਦਾਵਰੀ ਇਲੈਕਟ੍ਰਿਕ ਮੋਟਰਜ਼ ਨੇ ਆਖਿਆ ਕਿ ਸਾਡੇ ਕੋਲ ਇੱਕ ਸਪੱਸ਼ਟ ਗਾਹਕ-ਕੇਂਦ੍ਰਿਤ ਪਹੁੰਚ ਹੈ ਕਿਉਂਕਿ ਦੇਸ਼ ਵਿੱਚ ਈਵੀ ਨੂੰ ਅਪਣਾਉਣ ਦਾ ਰੁਝਾਨ ਪਿਛਲੇ ਕਈ ਸਾਲਾਂ ਤੋਂ ਸਭ ਤੋਂ ਉੱਚੇ ਪੱਧਰ ਤੇ ਮੌਜੂਦ ਹੈ ਅਤੇ ਈਵੀਜ਼ ਬਾਰੇ ਧਾਰਨਾ ਵਿੱਚ ਮਹੱਤਵਪੂਰਨ ਸੁਧਾਰ ਹੋਇਆ ਹੈ।

## ਸ੍ਰੀ ਰਾਮ ਇੰਟਰਨੈਸ਼ਨਲ ਸਕੂਲ 'ਚ ਐਥਲੈਟਿਕਸ ਮੀਟ ਕਰਵਾਈ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਸ੍ਰੀ ਰਾਮ ਇੰਟਰਨੈਸ਼ਨਲ ਸਕੂਲ ਕੱਕੜਵਾਲ ਵੱਲੋਂ ਪ੍ਰਿੰਸੀਪਲ ਸ੍ਰੀਮਤੀ ਨਲਿਨਾ ਕੁਮਾਰੀ ਦੀ ਰਹਿਨੁਮਾਈ ਹੇਠ ਪਹਿਲੀ ਐਥਲੈਟਿਕਸ ਮੀਟ ਕਰਵਾਈ ਗਈ। ਪ੍ਰਧਾਨ ਪੀ. ਮਧੂਸੂਦਨਨ ਵੱਲੋਂ ਝੰਡਾ ਲਹਿਰਾਉਂਦੇ ਹੋਏ ਐਥਲੈਟਿਕਸ ਮੀਟ ਦੀ ਰਸਮੀ ਤੌਰ 'ਤੇ ਸ਼ੁਰੂਆਤ ਕੀਤੀ ਗਈ। ਪ੍ਰੋਗਰਾਮ ਦਾ ਆਗਾਜ਼ ਵਿਦਿਆਰਥੀਆਂ ਦੀ ਮਾਰਚ ਪਾਸਟ ਸੈਰੇਮਨੀ ਨਾਲ ਕੀਤਾ ਗਿਆ। ਫਿਰ ਬੱਚਿਆਂ ਵੱਲੋਂ ਸ਼ਬਦ ਪੇਸ਼ ਕੀਤਾ ਗਿਆ। ਲੜਕੀਆਂ ਦੀ ਐਰੋਬਿਕਸ ਡਰਿੱਲ ਨੇ ਦਰਸ਼ਕਾਂ ਨੂੰ ਮੰਤਰ-ਮੁਗਧ ਕੀਤਾ। ਉਪਰੰਤ ਬੱਚਿਆਂ ਵੱਲੋਂ ਵੱਖ-ਵੱਖ ਖੇਡਾਂ ਵਿੱਚ ਪ੍ਰਦਰਸ਼ਨ ਕੀਤਾ ਗਿਆ। 50 ਮੀਟਰ, 100 ਮੀਟਰ, ਲੌਂਗ ਜੰਪ, ਹਲਡਰਸ, ਸ਼ਾਰਟਪੁੱਟ, ਰਿਲੇਅ ਆਦਿ ਖੇਡਾਂ ਵਿੱਚ ਬੱਚਿਆਂ ਨੇ ਆਪਣੇ ਜੌਹਰ ਦਿਖਾਏ। ਛੋਟੇ ਬੱਚਿਆਂ ਨੇ ਜਿੱਗ-ਜੈਗ ਰੇਸ, ਜਿੱਗ-ਜੈਗ ਚੇਅਰ ਰੇਸ, ਫਰੌਗ ਰੇਸ, ਬਾਲਜ-ਬੱਕਟ ਰੇਸ ਤੇ ਕੁਝ ਰਚਨਾਤਮਕ ਖੇਡਾਂ ਵਿੱਚ ਭਾਗ ਲਿਆ। ਬੱਚਿਆਂ ਦੇ ਮਾਪਿਆਂ ਵੱਲੋਂ ਵੀ ਵੱਖ-ਵੱਖ ਖੇਡਾਂ ਵਿੱਚ ਭਾਗ ਲਿਆ ਗਿਆ। ਹਾਊਸ ਵਾਈਜ਼ ਪਹਿਲੀ ਪੁਜ਼ੀਸ਼ਨ ਰਾਮਾਨੁਜ ਹਾਊਸ ਨੇ ਪ੍ਰਾਪਤ ਕੀਤੀ। ਬੈਸਟ ਐਥਲੀਟ ਅੰਡਰ-12 ਬਲਕਰਨ ਸਿੰਘ ਤੇ ਹਰਸੀਰਤ ਕੌਰ, ਅੰਡਰ-10 ਤਰਨਪ੍ਰੀਤ ਸਿੰਘ ਤੇ ਹਸਮੀਤ ਕੌਰ, ਅੰਡਰ-8 ਕੇਸ਼ਵ ਤੇ ਹਰਸੀਰਤ ਕੌਰ ਚੁਣੇ ਗਏ। ਇਸ ਮੌਕੇ ਸ੍ਰੀ ਯੋਗੇਸ਼ ਸ਼ਰਮਾ ਐੱਸ.ਪੀ. ਸੰਗਰੂਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਤੇ ਇੰਸਪੈਕਟਰ ਜਗਦੀਪ ਸਿੰਘ ਐੱਸ.ਐੱਚ.ਓ. ਧੂਰੀ ਅਤੇ ਸ੍ਰੀ ਸੁਨੀਲ ਕੁਮਾਰ ਗਰਗ ਈ.ਟੀ.ਓ. ਸੁਨਾਮ ਖਾਸ ਮਹਿਮਾਨਾਂ ਵਜੋਂ ਪਹੁੰਚੇ। ਇਸ ਸਮੇਂ ਬੋਰਡ ਆਫ ਡਾਇਰੈਕਟਰਜ਼ ਅਭੀਨਵ ਗੋਇਲ, ਹੀਰਾ ਜਿੰਦਲ, ਮਨੋਜ ਕੁਮਾਰ ਤੇ ਸਾਰੇ ਅਧਿਆਪਕ ਮੌਜੂਦ ਸਨ।

## ਪੈਨਸ਼ਨਰਾਂ ਨੇ ਸਹਾਇਕ ਕਮਿਸ਼ਨਰ ਨੂੰ ਦਿੱਤਾ ਮੰਗ ਪੱਤਰ

**ਸੰਗਰੂਰ (ਪ੍ਰਵੀਨ ਸਿੰਘ)**
ਆਲ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਸੰਗਰੂਰ ਦੇ ਪੈਨਸ਼ਨਰਾਂ ਦਾ ਵਫਦ ਸ੍ਰੀ ਜਗਦੀਸ਼ ਸ਼ਰਮਾ, ਸੁਰਿੰਦਰ ਕੁਮਾਰ ਬਾਲੀਆ ਤੇ ਬਿੱਕਰ ਸਿੰਘ ਸਿਬੀਆ ਦੀ ਅਗਵਾਈ ਵਿੱਚ ਸਹਾਇਕ ਕਮਿਸ਼ਨਰ ਦੇਵ ਦਰਸ਼ਦੀਪ ਸਿੰਘ ਦਫਤਰ ਡਿਪਟੀ ਕਮਿਸ਼ਨਰ ਸੰਗਰੂਰ ਨੂੰ ਮਿਲ ਕੇ ਪੈਨਸ਼ਨਰਾਂ ਦੇ ਮਸਲੇ ਹੱਲ ਕਰਨ ਲਈ 22 ਨਵੰਬਰ 2023 ਨੂੰ ਪੈਨਸ਼ਨ ਅਦਾਲਤ ਲਗਾਈ ਜਾ ਰਹੀ ਹੈ, ਬਾਰੇ ਮੰਗ ਪੱਤਰ ਦੇ ਕੇ ਮੰਗ ਕੀਤੀ ਕਿ ਪੈਨਸ਼ਨਰਾਂ ਨਾਲ ਸੰਬੰਧਤ ਸਾਰੇ ਬੈਂਕ ਮੈਨੇਜਰ/ਖਜ਼ਾਨਾ ਅਫਸਰ/ਹੋਰ ਵਿਭਾਗਾਂ ਦੇ ਮੁਖੀਆਂ ਦੀ ਹਾਜ਼ਰੀ ਯਕੀਨੀ ਬਣਾਈ ਜਾਵੇ। ਪਿਛਲੇ ਸਾਲ ਬੈਂਕਾਂ ਦੇ ਪੰਚਕੂਲਾ/ਲੁਧਿਆਣਾ ਦੇ ਚੀਫ ਮੈਨੇਜਰ ਦੀ ਗੈਰ-ਹਜ਼ਰੀ ਵਿੱਚ ਮਸਲੇ ਅਧੂਰੇ ਰਹੇ ਸਨ। ਇਸ ਸਾਲ ਉਨ੍ਹਾਂ ਅਧਿਕਾਰੀਆਂ ਦੀ ਹਾਜ਼ਰੀ ਯਕੀਨੀ ਬਣਾਈ ਜਾਵੇ। ਐਸੋਸੀਏਸ਼ਨ ਨੇ ਡਿਪਟੀ ਕਮਿਸ਼ਨਰ ਸੰਗਰੂਰ ਤੇ ਪ੍ਰਸ਼ਾਸਨ ਨੂੰ ਇਸ ਅਦਾਲਤ ਦੀ ਕਾਮਯਾਬੀ ਤੇ ਪੈਨਸ਼ਨਰਾਂ ਦੇ ਮਸਲੇ ਹੱਲ ਕਰਨ 'ਚ ਕੀਤੇ ਪ੍ਰਬੰਧਾਂ ਦਾ ਪੂਰਨ ਸਹਿਯੋਗ ਦਿੱਤਾ ਜਾਵੇਗਾ। ਇਸ ਮੌਕੇ ਜਗਦੀਸ਼ ਸ਼ਰਮਾ, ਬਿੱਕਰ ਸਿੰਘ ਸਿਬੀਆ, ਹਰਬੰਸ ਲਾਲ ਜਿੰਦਲ, ਮੋਹਨ ਸਿੰਘ ਬਾਵਾ, ਰਾਮ ਲਾਲ ਸ਼ਰਮਾ, ਸੁਖਮਿੰਦਰ ਖੇੜੀ, ਜੈ ਸਿੰਘ, ਜਸਮੇਲ ਉੱਪਲੀ, ਰਾਜਿੰਦਰ ਕੁਮਾਰ, ਸੱਤਪਾਲ ਕਲਸੀ, ਬਲਵਿੰਦਰ ਸਿੰਘ, ਰਾਮ ਲਾਲ ਸ਼ਰਮਾ ਆਦਿ ਹਾਜ਼ਰ ਸਨ।



## 17 ਨੂੰ ਸਿਰਸਾ 'ਚ ਕਰਾਂਗੇ ਕਿਸਾਨ-ਮਜ਼ਦੂਰ ਰੋਸ ਰੈਲੀ : ਦਪਿੰਦਰ ਹੁੱਡਾ

### *ਸਰਕਾਰ ਕਿਸਾਨ ਜਥੇਬੰਦੀਆਂ ਦਰਮਿਆਨ ਹੋਏ ਸਮਝੌਤੇ ਤੋਂ ਭੱਜੀ*



**ਸਿਰਸਾ (ਸੁਰਿੰਦਰ ਪਾਲ ਸਿੰਘ)**-ਸਿਰਸਾ ਦੇ ਕਾਂਗਰਸ ਭਵਨ ਵਿਖੇ ਪੱਤਰਕਾਰ ਸੰਵਾਦ ਦੌਰਾਨ ਸੰਸਦ ਮੈਂਬਰ ਦਪਿੰਦਰ ਹੁੱਡਾ ਨੇ ਐਲਾਨ ਕੀਤਾ ਕਿ 750 ਸ਼ਹੀਦ ਕਿਸਾਨਾਂ-ਮਜ਼ਦੂਰਾਂ ਦੀ ਯਾਦ 'ਚ 17 ਦਸੰਬਰ ਨੂੰ ਸਿਰਸਾ ਵਿੱਚ ਕਿਸਾਨ-ਮਜ਼ਦੂਰ ਰੋਸ ਰੈਲੀ ਕੀਤੀ ਜਾਵੇਗੀ। ਉਨ੍ਹਾ ਕਿਹਾ ਕਿ ਸਰਕਾਰ ਤੇ ਕਿਸਾਨ ਜਥੇਬੰਦੀਆਂ ਦਰਮਿਆਨ ਦੋ ਸਾਲ ਪਹਿਲਾਂ ਹੋਏ ਸਮਝੌਤੇ ਨੂੰ ਸਰਕਾਰ ਨੇ ਅਜੇ ਤੱਕ ਲਾਗੂ ਨਹੀਂ ਕੀਤਾ।ਸਰਕਾਰ ਦੇਸ਼ ਵਿੱਚ ਲੋਕਤੰਤਰ ਦਾ ਗਲਾ ਘੁੱਟਣ ਦਾ ਕੰਮ ਕਰ ਰਹੀ ਹੈ। ਹੁੱਡਾ ਨੇ ਕਿਹਾ ਕਿ ਕਿਸਾਨਾਂ-ਮਜ਼ਦੂਰਾਂ ਦੀ ਤਾਕਤ ਨੇ ਇਸ ਸਰਕਾਰ ਨੂੰ ਅਹਿੰਸਾ, ਅਨੁਸ਼ਾਸਨ ਤੇ ਸ਼ਾਂਤੀ ਦੇ ਰਾਹ 'ਤੇ ਚੱਲ ਕੇ ਝੁਕਾਇਆ ਹੈ ਤੇ ਅਸੀਂ ਕਿਸਾਨਾਂ ਦੀ ਆਵਾਜ਼ ਬੁਲੰਦ ਕਰਾਂਗੇ ਅਤੇ ਸਰਕਾਰ ਨੂੰ ਕਿਸਾਨਾਂ ਨਾਲ ਕੀਤੇ ਸਮਝੌਤੇ ਨੂੰ ਲਾਗੂ ਕਰਨ ਲਈ ਮਜਬੂਰ ਕਰਾਂਗੇ।ਇਸ ਮੌਕੇ ਡਾ. ਕੇ. ਵੀ. ਸਿੰਘ, ਵਿਧਾਇਕ ਸ਼ੀਸ਼ਪਾਲ ਕੇਹਰਵਾਲਾ, ਸਾਬਕਾ ਸੰਸਦ ਮੈਂਬਰ ਸੁਸ਼ੀਲ ਇੰਦੌਰਾ, ਸਾਬਕਾ ਮੰਤਰੀ ਪਰਮਬੀਰ ਸਿੰਘ, ਸਾਬਕਾ ਵਿਧਾਇਕ ਭਰਤ ਸਿੰਘ ਬੈਨੀਵਾਲ, ਸਾਬਕਾ ਸੀ.ਪੀ.ਐੱਸ. ਪ੍ਰਹਿਲਾਦ ਸਿੰਘ ਗਿੱਲਖੇੜਾ, ਸਾਬਕਾ ਵਿਧਾਇਕ ਜਰਨੈਲ ਸਿੰਘ, ਡਾ: ਵਰਿੰਦਰ ਸਿਵਾਚ, ਸੰਤੋਸ਼ ਬੈਨੀਵਾਲ, ਰਾਜ. ਕੁਮਾਰ ਸ਼ਰਮਾ, ਮਲਕੀਤ ਸਿੰਘ ਖੋਸਾ, ਅਮੀਰ ਚੰਦ ਚਾਵਲਾ, ਨਵਦੀਪ ਕੰਬੋਜ, ਸੁਮਿਤ ਬੈਨੀਵਾਲ ਹਾਜ਼ਰ ਸਨ।


**AXIS BANK** ਰਿਟੇਲ ਐਸੇਟ ਸੈਂਟਰ : ਐਕਸਿਸ ਬੈਂਕ ਲਿਮ: ਦੂਜੀ ਮੰਜ਼ਲ, ਜਾਇਦਾਦ# 7-ਈ, ਮਿਊਂਸਪਲ 3903/1142/16, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001 ਕਾਰਪੋਰੇਟ ਦਫਤਰ : "ਐਕਸਿਸ ਹਾਊਸ", ਬਲਾਕ-ਬੀ, ਬੌਂਬੇ ਡਾਇੰਗ ਮਿਲਜ਼ ਕੰਪਾਊਂਡ, ਪਾਂਡੂਰੰਗ ਬੁੱਧਕਰ ਮਾਰਗ, ਵਰਲੀ, ਮੁੰਬਈ-400025, ਰਜਿਸਟਰਡ ਦਫਤਰ : "ਤ੍ਰਿਸ਼ੂਲ" ਤੀਜੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਟੈਂਪਲ, ਲਾਅ ਗਾਰਡਨ, ਐਲਿਸਬ੍ਰਿਜ, ਅਹਿਮਦਾਬਾਦ-380006

**ਸਰਫੇਸੀ ਐਕਟ 2002 ਤਹਿਤ ਕਬਜ਼ਾ ਨੋਟਿਸ**

ਜਦੋਂ ਕਿ ਨਿਮਨਹਸਤਾਖਰੀ ਨੇ ਐਕਸਿਸ ਬੈਂਕ ਲਿ. ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰੀਟਾਈਜੇਸ਼ਨ, ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਅਸੈੱਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਅਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਲਿਖੇ ਕਰਜ਼ਦਾਰਾਂ ਨੂੰ ਉਕਤ ਨੋਟਿਸ ਮਿਲਣ ਦੀ ਮਿਤੀ ਤੋਂ 60 ਦਿਨਾਂ ਅੰਦਰ ਨੋਟਿਸ 'ਚ ਦਰਸਾਈ ਰਕਮ ਜਮ੍ਹਾਂ ਕਰਾਉਣ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਕਰਜ਼ਦਾਰ ਰਕਮ ਦੀ ਅਦਾਇਗੀ 'ਚ ਨਾਕਾਮ ਰਹੇ ਹਨ। ਇਸ ਲਈ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਐਕਟ ਦੇ ਸੈਕਸ਼ਨ 13 (4) ਅਤੇ ਉਕਤ ਨਿਯਮ ਦੇ ਨਿਯਮ 8 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਦਰਜ ਮਿਤੀਆਂ ਨੂੰ ਹੇਠਾਂ ਦਰਜ ਜਾਇਦਾਦ ਦਾ ਕਬਜ਼ਾ ਲੈ ਲਿਆ ਹੈ।

ਕਰਜ਼ਦਾਰਾਂ ਨੂੰ ਖਾਸ ਤੌਰ 'ਤੇ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਜਾਂਦਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ 'ਤੇ ਐਕਸਿਸ ਬੈਂਕ ਲਿ. ਵੱਲੋਂ ਵਸੂਲੀ ਕੀਤੀ ਜਾਵੇਗੀ।

ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ : ਸ੍ਰੀ ਹਰਜੀਤ ਸਿੰਘ ਪੁੱਤਰ ਸ੍ਰੀ ਸਵਰਨ ਸਿੰਘ 2. ਸ੍ਰੀਮਤੀ ਗੁਰਜੀਤ ਕੌਰ ਪਤਨੀ ਸ੍ਰੀ ਹਰਜੀਤ ਸਿੰਘ, ਦੋਵੇਂ ਵਾਸੀ ਮਕਾਨ ਨੰ. 102/ਬੀ, ਸੰਤਪੁਰਾ, ਝੰਡਾ ਮੱਲ ਸਕੂਲ, ਗਲੀ ਨੰ. 12, ਨੇੜੇ ਆਟਾ ਚੱਕੀ, ਕਪੂਰਥਲਾ 144601, ਨਾਲ ਹੀ : ਸ੍ਰੀ ਹਰਜੀਤ ਸਿੰਘ ਪੁੱਤਰ ਸ੍ਰੀ ਸਵਰਨ ਸਿੰਘ ਮਾਲਕ ਮੈਸਰਜ਼ ਹਰਜੀਤ ਵੈਲਡਿੰਗ ਵਰਕਸ ਮਾਰਕਫੈਡ ਰੋਡ, ਕਪੂਰਥਲਾ-144601ਕਰਜ਼ਾ ਖਾਤਾ ਨੰ. ਪੀ ਐੱਚ ਆਰ 015506536953

ਜਾਇਦਾਦ ਦਾ ਵੇਰਵਾ : ਬੈਨਾਮਾ ਦਸਤਾਵੇਜ਼ ਨੰ. 2021-22/30/1/1973 ਮਿਤੀ 29 ਸਤੰਬਰ 2021 ਅਨੁਸਾਰ ਸ੍ਰੀਮਤੀ ਗੁਰਜੀਤ ਕੌਰ ਪਤਨੀ ਹਰਜੀਤ ਸਿੰਘ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ, ਰਕਬਾ 0-6 ਮਰਲੇ (121.5 ਵਰਗ ਗਜ਼), ਕੁੱਲ ਜ਼ਮੀਨ ਖੇਤਰ 126 ਕਨਾਲ 7 ਮਰਲੇ ਦਾ 6/2527 ਹਿੱਸਾ, ਖੇਵਟ ਨੰ. 1087/1761 ਤੋਂ 1767, ਖਸਰਾ ਨੰ.2070/1-5, 2074/0-18, 2061 ਮਿਨ/3-0, 2062 ਮਿਨ 3-13, 2063 ਮਿਨ/2-15,2064 ਮਿਨ/2-15,2065 ਮਿਨ/1-10, 2072 ਮਿਨ/2-1, 2073 ਮਿਨ 1-17, 2079 ਮਿਨ/2-10, 2080/2-13, 2081/5-5,2082/5-3, 2083 ਮਿਨ/2-2, 2084 ਮਿਨ/9-8, 2076/5-0,2077/4-16,2078/5-0, 2061 ਮਿਨ/2-9, 2062 ਮਿਨ/3-0,2063 ਮਿਨ/2-0, 2064 ਮਿਨ/2-0, 2065 ਮਿਨ/3-0, 2066 ਮਿਨ/3-0, 2067 ਮਿਨ/2-0,2071 ਮਿਨ/0-19, 2072 ਮਿਨ/2-0, 2073 ਮਿਨ/2-0, 2083 ਮਿਨ/6-0, 2056/2-12, 2057/5-13, 2058/2-19, 2059/2-16, 2060/6-19, 2066/2-2, 2067 ਮਿਨ, 3-2, 2068/4-17,2069/4-18 ਕਿੱਤੇ 38, ਜਮ੍ਹਾਂਬੰਦੀ ਸਾਲ 2015-2016, ਅਬਾਦੀ ਮੁਹੱਲਾ ਸੰਤਪੁਰਾ ਕਪੂਰਥਲਾ ਸ਼ਰਕੀ, ਜ਼ਿਲ੍ਹਾ ਕਪੂਰਥਲਾ ਨਾਲ ਸੰਬੰਧਤ ਸਭ ਕੁਝ। ਹੱਦਾਂ : (ਬੈਨਾਮੇ ਅਨੁਸਾਰ) ਪੂਰਬ : ਰਾਜ ਕੁਮਾਰ/22 ਫੁੱਟ-15 ਇੰਚ, ਪੱਛਮ : ਰਸਤਾ /22 ਫੁੱਟ-1.5 ਇੰਚ, ਉੱਤਰ : ਸੁਖਵਿੰਦਰ ਸਿੰਘ ਦਾ ਮਕਾਨ 48 ਫੁੱਟ, ਦੱਖਣ : ਹੋਰ ਮਾਲਕ 48 ਫੁੱਟ।

| ਡਿਮਾਂਡ ਨੋਟਿਸ ਦੀ ਮਿਤੀ : | ਕਬਜ਼ੇ ਦੀ ਮਿਤੀ : | ਬਕਾਇਆ ਰਕਮ : ਰੁਪਏ : 21,46,003/- |
|---|---|---|
| 16- ਮਾਰਚ-2023 | 17 ਨਵੰਬਰ- 2023 | (ਇੱਕੀ ਲੱਖ ਛਿਆਲੀ ਹਜ਼ਾਰ ਤਿੰਨ ਰੁਪਏ ਕੇਵਲ) |

ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ : 1. ਸ੍ਰੀ ਪਵਨ ਕੁਮਾਰ ਪੁੱਤਰ ਕੈਲਾਸ਼ ਪ੍ਰਸ਼ਾਦ 2. ਸ੍ਰੀਮਤੀ ਮੰਜੂ ਦੇਵੀ ਪਤਨੀ ਪਵਨ ਕੁਮਾਰ, ਦੋਵੇਂ ਵਾਸੀ ਗਲੀ ਨੰ. -14, ਮੁਹੱਲਾ ਸੰਤਪੁਰਾ, ਜ਼ਿਲ੍ਹਾ ਕਪੂਰਥਲਾ-144601, ਨਾਲ ਹੀ : ਸ੍ਰੀ ਪਵਨ ਕੁਮਾਰ ਪੁੱਤਰ ਕੈਲਾਸ਼ ਪ੍ਰਸ਼ਾਦ ਮਾਲਕ ਮੈਸ: ਪਵਨ ਆਟਾ ਚੱਕੀ, ਨੰਦਨਪੁਰ ਰੋਡ, ਨਵੀਂ ਦਾਣਾ ਮੰਡੀ ਦੇ ਪਿਛਲੇ ਪਾਸੇ, ਜ਼ਿਲ੍ਹਾ ਕਪੂਰਥਲਾ-144601, ਕਰਜ਼ਾ ਖਾਤਾ ਨੰ. ਪੀ ਐੱਚ ਆਰ 015505660327

ਜਾਇਦਾਦ ਦਾ ਵੇਰਵਾ : ਬੈਨਾਮਾ ਦਸਤਾਵੇਜ਼ ਨੰ. 2020-21/30/1/2445 ਮਿਤੀ 31 ਦਸੰਬਰ 2020 ਅਨੁਸਾਰ ਸ੍ਰੀ ਪਵਨ ਕੁਮਾਰ ਪੁੱਤਰ ਕੈਲਾਸ਼ ਪ੍ਰਸ਼ਾਦ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਜਾਇਦਾਦ ਰਕਬਾ 7 ਮਰਲੇ (139 ਵਰਗ ਗਜ਼) ਜਿਸ ਵਿੱਚੋਂ 3 ਮਰਲੇ ਖੱਤਾ ਨੰ. 227/740 ਚੋਂ, ਖਸਰਾ ਨੰ. 7509/2349/33-7 ਅਤੇ ਬਾਕੀ 04 ਮਰਲੇ ਖੱਤਾ ਨੰ. 228/741 'ਚੋਂ, ਖਸਰਾ ਨੰ. 7511/2350/23-14, 7513/2351/23-2, ਜਮ੍ਹਾਂਬੰਦੀ ਸਾਲ 2015-2016, ਕਪੂਰਥਲਾ ਸ਼ਰਕੀ, ਮੁਹੱਲਾ ਸੰਤਪੁਰਾ, ਨਵੀਂ ਦਾਣਾ ਮੰਡੀ ਦੇ ਪਿਛਲੇ ਪਾਸੇ, ਜ਼ਿਲ੍ਹਾ ਕਪੂਰਥਲਾ ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) : ਪੂਰਬ : ਐੱਨ ਏ, ਪੱਛਮ : ਐੱਨ ਏ, ਉੱਤਰ: ਐੱਨ ਏ, ਦੱਖਣ : ਐੱਨ ਏ

| ਡਿਮਾਂਡ ਨੋਟਿਸ ਦੀ ਮਿਤੀ : | ਕਬਜ਼ੇ ਦੀ ਮਿਤੀ : | ਬਕਾਇਆ ਰਕਮ : ਰੁਪਏ : 24,92, 925/- |
|---|---|---|
| 14 ਜੁਲਾਈ-2023 | 17 ਨਵੰਬਰ- 2023 | (ਚੌਬੀ ਲੱਖ ਬਾਨਵੇਂ ਹਜ਼ਾਰ ਨੌਂ ਸੌ ਪੱਚੀ ਰੁਪਏ ਕੇਵਲ) |

ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ : 1. ਸ੍ਰੀ ਅਮਨਦੀਪ ਪੁੱਤਰ ਪਿਆਰਾ ਸਿੰਘ 2. ਸ੍ਰੀਮਤੀ ਪਿੰਕੀ ਪਤਨੀ ਅਮਨਦੀਪ, ਦੋਵੇਂ ਵਾਸੀ ਬਹਿਰਾਮਪੁਰ, ਨੇੜੇ ਪਾਣੀ ਵਾਲੀ ਟੈਂਕੀ, ਗੁਰਦਾਸਪੁਰ-143532, ਨਾਲ ਹੀ : ਸ੍ਰੀ ਅਮਨਦੀਪ ਪੁੱਤਰ ਪਿਆਰਾ ਸਿੰਘ, ਮਕਾਨ ਨੰ. 52, ਭਿੰਡਰ ਇਨਕਲੇਵ, ਬਸਤੀ ਦਾਨਿਸ਼ਮੰਦਾਂ, ਜ਼ਿਲ੍ਹਾ ਜਲੰਧਰ-144002, ਨਾਲ ਹੀ : ਸ੍ਰੀ ਅਮਨਦੀਪ ਪੁੱਤਰ ਪਿਆਰਾ ਸਿੰਘ ਮਾਲਕ ਮੈਸ: ਗੱਭਰੂ ਸੈਲੂਨ ਬਹਿਰਾਮਪੁਰ, ਦੀਨਾਨਗਰ ਰੋਡ, ਗੁਰਦਾਸਪੁਰ-143532, ਕਰਜ਼ਾ ਖਾਤਾ ਨੰ. ਪੀ ਐੱਚ ਆਰ 015507081491

ਜਾਇਦਾਦ ਦਾ ਵੇਰਵਾ : ਬੈਨਾਮਾ ਦਸਤਾਵੇਜ਼ ਨੰ. 2021-22/187/1/10741 ਮਿਤੀ 24-02-2022 ਅਨੁਸਾਰ ਸ੍ਰੀਮਤੀ ਪਿੰਕੀ ਪਤਨੀ ਅਮਨਦੀਪ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ ਨੰ. 52, ਰਕਬਾ 03 ਮਰਲੇ, ਖੇਵਟ ਖਤੌਨੀ ਨੰ. 610/661/608/659,707/658, ਖਸਰਾ ਨੰ. 726,1043/720/1, 1941/719/1, ਅਬਾਦੀ ਭਿੰਡਰ ਇਨਕਲੇਵ, ਬਸਤੀ ਦਾਨਿਸ਼ਮੰਦਾਂ, ਜ਼ਿਲ੍ਹਾ ਜਲੰਧਰ ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) : ਪੂਰਬ : ਸੜਕ, ਪੱਛਮ : ਖਾਲੀ ਪਲਾਟ, ਉੱਤਰ : ਹੋਰ, ਦੱਖਣ : ਰਜਨੀ।

| ਡਿਮਾਂਡ ਨੋਟਿਸ ਦੀ ਮਿਤੀ : | ਕਬਜ਼ੇ ਦੀ ਮਿਤੀ : | ਬਕਾਇਆ ਰਕਮ : ਰੁਪਏ : 18,16,859/- |
|---|---|---|
| 17-ਮਾਰਚ 2023 | 17 ਨਵੰਬਰ- 2023 | (ਅਠਾਰਾਂ ਲੱਖ ਸੋਲਾਂ ਹਜ਼ਾਰ ਅੱਠ ਸੌ ਉਨਾਹਠ ਰੁਪਏ ਕੇਵਲ) |

ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ : 1. ਸ੍ਰੀ ਅਰੁਣ ਸ਼ਰਮਾ ਪੁੱਤਰ ਸ੍ਰੀ ਜੈ ਕਿਸ਼ਨ ਅਤੇ 2. ਸ੍ਰੀਮਤੀ ਊਸ਼ਾ ਪਤਨੀ ਅਰੁਣ ਸ਼ਰਮਾ, ਦੋਵੇਂ ਵਾਸੀ ਮਕਾਨ ਨੰ. 3/ਏ, ਗਲੀ ਨੰ. 12, ਅਜ਼ਾਦ ਨਗਰ, ਜਲੰਧਰ-ਪੰਜਾਬ-144001, ਨਾਲ ਹੀ : ਸ੍ਰੀ ਅਰੁਣ ਸ਼ਰਮਾ ਪੁੱਤਰ ਸ੍ਰੀ ਜੈ ਕਿਸ਼ਨ, ਮਕਾਨ ਪਲਾਟ ਨੰ. 148-ਏ ਅਤੇ 149, ਚਰਚ ਕਾਲੋਨੀ, ਬਸਤੀ ਦਾਨਿਸ਼ਮੰਦਾਂ, ਕਾਲਾ ਸੰਘਿਆਂ ਰੋਡ, ਤਹਿਸੀਲ ਤੇ ਜ਼ਿਲ੍ਹਾ ਜਲੰਧਰ, ਪੰਜਾਬ-144001, ਨਾਲ ਹੀ : ਸ੍ਰੀ ਅਰੁਣ ਸ਼ਰਮਾ ਪੁੱਤਰ ਸ੍ਰੀ ਜੈ ਕਿਸ਼ਨ (ਮਕੈਨਿਕ), ਮੈਸ. ਏ ਪੀ ਐੱਲ ਪੈਕਰਜ਼ # 233, ਗਲੀ ਨੰ. 11, ਐਂਟਰੀ ਨੰ. 2, ਕਾਲਾ ਸੰਘਿਆਂ ਰੋਡ, ਜਲੰਧਰ, ਪੰਜਾਬ-144003, ਨਾਲ ਹੀ ਸ੍ਰੀਮਤੀ ਊਸ਼ਾ ਪਤਨੀ ਅਰੁਣ ਸ਼ਰਮਾ (ਬਾਕਸ ਮੇਕਰ) ਮੈਸ. ਕਰਨ ਬਾਕਸ ਮੇਕਰ ਮਕਾਨ ਨੰ. 98 ਏ, ਗਲੀ ਨੰ. 6, ਨਿਊ ਸਰਾਜ ਗੰਜ, ਅਵਤਾਰ ਨਗਰ, ਨੇੜੇ ਡਾ. ਬਲਵੀਰ ਕਲੀਨਿਕ, ਜਲੰਧਰ, ਪੰਜਾਬ-144001, ਕਰਜ਼ਾ ਖਾਤਾ ਨੰ. ਪੀ ਐੱਚ ਆਰ 015506105679

ਜਾਇਦਾਦ ਦਾ ਵੇਰਵਾ : ਬੈਨਾਮਾ ਦਸਤਾਵੇਜ਼ ਨੰ. 2021-22/187/1/983, ਮਿਤੀ 27 ਅਪ੍ਰੈਲ 2021 ਅਨੁਸਾਰ ਸ੍ਰੀਮਤੀ ਊਸ਼ਾ ਪਤਨੀ ਸ੍ਰੀ ਅਰੁਣ ਸ਼ਰਮਾ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਪਲਾਟ ਨੰ. 148 ਅਤੇ 149 ਦੇ ਹਿੱਸੇ 'ਤੇ ਨਿਰਮਤ ਮਕਾਨ, ਰਕਬਾ 04 ਮਰਲੇ 22 ਵਰਗ ਫੁੱਟ, ਖਸਰਾ ਨੰ. 209, ਅਬਾਦੀ ਬਸਤੀ ਦਾਨਿਸ਼ਮੰਦਾਂ, ਤਹਿਸੀਲ ਤੇ ਜ਼ਿਲ੍ਹਾ ਜਲੰਧਰ ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਸੜਕ, ਪੱਛਮ : ਖਾਲੀ ਪਲਾਟ, ਉੱਤਰ : ਪਲਾਟ ਨੰ. 150, ਦੱਖਣ : ਪਲਾਟ ਨੰ. 148-ਬੀ।

| ਡਿਮਾਂਡ ਨੋਟਿਸ ਦੀ ਮਿਤੀ : | ਕਬਜ਼ੇ ਦੀ ਮਿਤੀ : | ਬਕਾਇਆ ਰਕਮ : ਰੁਪਏ : 13,36,367/- |
|---|---|---|
| 4 ਮਈ- 2022 | 17 ਨਵੰਬਰ-2023 | (ਤੇਰਾਂ ਲੱਖ ਛੱਤੀ ਹਜ਼ਾਰ ਤਿੰਨ ਸੌ ਸਤਵੰਜਾ ਰੁਪਏ ਕੇਵਲ) |

ਉਕਤ ਦਰਜ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਾਰੰਟਰਾਂ ਨੂੰ ਰਕਮ ਦੀ ਅਦਾਇਗੀ ਲਈ 30 ਦਿਨਾਂ ਦਾ ਨੋਟਿਸ ਦਿੱਤਾ ਜਾਂਦਾ ਹੈ। ਨਹੀਂ ਤਾਂ ਰਹਿਣ ਕੀਤੀ ਜਾਇਦਾਦ ਇਸ ਨੋਟਿਸ ਦੀ ਪ੍ਰਕਾਸ਼ਨਾ ਤੋਂ 30 ਦਿਨਾਂ ਦਾ ਸਮਾਂ ਖਤਮ ਹੋ ਜਾਣ 'ਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 8 ਤੇ 9 ਦੀਆਂ ਵਿਵਸਥਾਵਾਂ ਅਨੁਸਾਰ ਵੇਚ ਦਿੱਤੀ ਜਾਵੇਗੀ।

ਸਥਾਨ : ਲੁਧਿਆਣਾ, ਮਿਤੀ : 21.11.2023,    ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਟਿਡ



ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Fatehpuri**

ਸੰਪਾਦਕ : **ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਚੰਦੂ ਵਡਾਲਾ ਪੋਸਟ 'ਤੇ ਤਡ਼ਕਸਾਰ ਡਰੋਨ ਦੀ ਦਸਤਕ



**ਕਲਾਨੌਰ (ਮਨਦੀਪ ਕੁਮਾਰ ਕੋਹਲੀ)**-ਪਾਕਿਸਤਾਨ ਆਪਣੀਆਂ ਨਾਪਾਕ ਹਰਕਤਾਂ ਤੋਂ ਬਾਜ਼ ਨਹੀਂ ਆ ਰਿਹਾ। ਬੀਤੀ ਰਾਤ ਵੀ ਬੀਓਪੀ ਚੰਦੂ ਵਡਾਲਾ ਦੀ ਭਾਰਤੀ ਸੀਮਾ 'ਚ ਇੱਕ ਵਾਰ ਫਿਰ ਪਾਕਿਸਤਾਨੀ ਡਰੋਨ ਨੇ ਦਾਖਲ ਹੋਣ ਦੀ ਕੋਸ਼ਿਸ਼ ਕੀਤੀ, ਜਿਸ 'ਤੇ ਸੀਮਾ ਸੁਰੱਖਿਆ ਬਲ ਦੇ ਜਵਾਨਾਂ ਨੇ ਫਾਇਰਿੰਗ ਕਰਕੇ ਵਾਪਸ ਭੇਜਿਆ। ਸੂਤਰਾਂ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ ਬੀ.ਐੱਸ.ਐੱਫ ਦੀ ਚੰਦੂ ਵਡਾਲਾ 27 ਬਟਾਲੀਅਨ ਚੌਕੀ ਦੇ ਜਵਾਨਾਂ ਨੇ ਭਾਰਤੀ ਸਰਹੱਦ 'ਚ ਦਾਖਲ ਹੋਣ ਦੀ ਕੋਸ਼ਿਸ਼ ਕਰ ਰਹੇ ਪਾਕਿਸਤਾਨੀ ਡਰੋਨਾਂ 'ਤੇ ਗੋਲੀਬਾਰੀ ਕੀਤੀ ਅਤੇ ਵਾਪਸ ਭੇਜ ਦਿੱਤਾ। ਬੀ. ਐੱਸ. ਐੱਫ. ਅਧਿਕਾਰੀਆਂ ਅਨੁਸਾਰ ਜਵਾਨਾਂ ਨੂੰ ਕਰੀਬ ਰਾਤ 2:30 ਵਜੇ ਡਰੋਨ ਦੀ ਆਵਾਜ਼ ਸੁਣੀ। ਇਸ ਤੋਂ ਬਾਅਦ ਉਨ੍ਹਾਂ ਤੁਰੰਤ ਉੱਚ ਅਧਿਕਾਰੀਆਂ ਨੂੰ ਸੂਚਿਤ ਕੀਤਾ ਅਤੇ ਫਿਰ ਜਵਾਨਾਂ ਨੇ ਰਾਊਂਡ ਫਾਇਰ ਕੀਤੇ ਗਏ। ਜਾਣਕਾਰੀ ਮੁਤਾਬਕ ਜਵਾਨਾਂ ਵੱਲੋਂ ਕੁੱਲ 5 ਦੇ ਕਰੀਬ ਰਾਊਂਡ ਫਾਇਰ ਕਰਨ ਉਪਰੰਤ ਡਰੋਨ ਆਖਰਕਾਰ ਪਾਕਿਸਤਾਨ ਵੱਲ ਪਰਤ ਗਿਆ। ਦੱਸ ਦੇਈਏ ਕਿ ਪਾਕਿਸਤਾਨੀ ਸਮੱਗਲਰ ਹੁਣ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਦੀ ਸਪਲਾਈ ਲਈ ਡਰੋਨ ਦਾ ਸਹਾਰਾ ਲੈ ਰਹੇ ਹਨ। ਪਾਕਿਸਤਾਨ ਵੱਲੋਂ ਡਰੋਨ ਦੀਆਂ ਨਾਪਾਕ ਹਰਕਤ ਨਿੱਤ ਦਿਨ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ ਪਰ ਸੀਮਾ ਸੁਰੱਖਿਆ ਬਲ ਦੇ ਜਵਾਨਾਂ ਵੱਲੋਂ ਇਨ੍ਹਾਂ 'ਤੇ ਹਰ ਸਮੇਂ ਤਿੱਖੀ ਨਜ਼ਰ ਰੱਖੀ ਹੋਈ ਹੈ। ਭਾਰਤੀ ਸਰਹੱਦ ਤੇ ਆਉਣ ਵਾਲੇ ਡਰੋਨਾਂ ਨੂੰ ਗੋਲੀ ਮਾਰ ਕਈ ਵਾਰ ਹੇਠਾਂ ਸੁੱਟਿਆ ਜਾਂਦਾ ਹੈ ਤੇ ਕਈ ਵਾਰ ਵਾਪਸ ਭੱਜਣ 'ਤੇ ਮਜਬੂਰ ਕਰ ਦਿੱਤਾ ਜਾਂਦਾ ਹੈ। ਇਸ ਮੌਕੇ ਡੀਐੱਸਪੀ ਗੁਰਵਿੰਦਰ ਸਿੰਘ ਅਤੇ ਥਾਣਾ ਮੁੱਖੀ ਕਲਾਨੌਰ ਮੇਜਰ ਸਿੰਘ ਵੱਲੋਂ ਭਾਰੀ ਫੋਰਸ ਨਾਲ ਪਹੁੰਚੇ ਕੇ ਬੀਐੱਸਐੱਫ ਅਤੇ ਪੁਲਸ ਵੱਲੋਂ ਇਲਾਕੇ ਅੰਦਰ ਸਰਚ ਅਭਿਆਨ ਸ਼ੁਰੂ ਕਰ ਦਿੱਤਾ ਗਿਆ ਹੈ।

# ਕਿਸਾਨ ਸੰਘਰਸ਼ ਤੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਨੇ ਐੱਸਡੀਐੱਮ ਨੂੰ ਸੌਂਪਿਆ ਮੰਗ ਪੱਤਰ



**ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਸੰਯੁਕਤ ਕਿਸਾਨ ਮੋਰਚਾ ਗੈਰ-ਰਾਜਨੀਤਿਕ ਭਾਰਤ ਦੀਆਂ 18 ਜਥੇਬੰਦੀਆਂ ਵੱਲੋਂ ਪੂਰੇ ਭਾਰਤ ਅੰਦਰ ਡਿਪਟੀ ਕਮਿਸ਼ਨਰ ਅਤੇ ਐੱਸਡੀਐੱਮ ਦਫਤਰਾਂ ਵਿਖੇ ਧਰਨਾ ਪ੍ਰਦਰਸ਼ਨ ਕਰਦੇ ਹੋਏ ਮੰਗ ਪੱਤਰ ਦਿੱਤੇ ਜਾ ਰਹੇ ਹਨ ਜਿਸ ਦੇ ਤਹਿਤ ਅੱਜ ਕਿਸਾਨ ਸੰਘਰਸ਼ ਕਮੇਟੀ ਪੰਜਾਬ ਕੋਟ ਬੁੱਢਾ ਦੇ ਆਗੂ ਸੂਬਾ ਜਨਰਲ ਸਕੱਤਰ ਸੁੱਚਾ ਸਿੰਘ ਲੱਧੂ, ਜ਼ਿਲ੍ਹਾ ਪ੍ਰਧਾਨ ਬਾਬਾ ਪ੍ਰਗਟ ਸਿੰਘ ਪਰਿੰਗੜੀ, ਜ਼ੋਨ ਪ੍ਰਧਾਨ ਹਰਪਾਲ ਸਿੰਘ ਘਰਿਆਲਾ ਅਤੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਆਗੂ ਹਰਜਿੰਦਰ ਸਿੰਘ ਸ਼ਕਰੀ ਜ਼ਿਲ੍ਹਾ ਸਕੱਤਰ ਮਜ਼ਦੂਰ ਸੰਘਰਸ਼ ਕਮੇਟੀ ਤੇ ਰੇਸ਼ਮ ਸਿੰਘ ਘੁਰਕਵਿੰਡ ਪਿੰਡ ਜ਼ਿਲਾ ਮੀਤ ਪ੍ਰਧਾਨ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੀ ਅਗਵਾਈ ਹੇਠ ਐੱਸਡੀਐੱਮ ਰਾਜੇਸ਼ ਸ਼ਰਮਾ ਨੂੰ ਮੰਗ ਪੱਤਰ ਦਿੱਤਾ ਗਿਆ।

ਇਸ ਉਪਰੰਤ ਗੱਲਬਾਤ ਕਰਦੇ ਹੋਏ ਉਕਤ ਆਗੂਆਂ ਕਿਹਾ ਕਿ ਉਨ੍ਹਾਂ ਵੱਲੋਂ ਲਗਾਤਾਰ ਪੰਜਾਬ ਅਤੇ ਭਾਰਤ ਸਰਕਾਰ ਨੂੰ ਕਿਸਾਨਾਂ ਦੀਆਂ ਹੱਕੀ ਮੰਗਾਂ ਨੂੰ ਪੂਰਾ ਕਰਨ ਦੀ ਅਪੀਲ ਕੀਤੀ ਜਾ ਰਹੀ ਹੈ ਪਰ ਇਨ੍ਹਾਂ ਦੋਵਾਂ ਸਰਕਾਰਾਂ ਦੇ ਕੰਨ 'ਤੇ ਕੋਈ ਜੂੰ ਨਹੀਂ ਸਰਕ ਰਹੀ ਜਿਸ ਤਹਿਤ ਪੂਰੇ ਭਾਰਤ ਅੰਦਰ ਸੰਯੁਕਤ ਕਿਸਾਨ ਮੋਰਚਾ ਗੈਰ-ਰਾਜਨੀਤਿਕ ਭਾਰਤ ਵੱਲੋਂ ਸਮੂਹ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਅਤੇ ਤਹਿਸੀਲਾਂ ਦੇ ਐੱਸਡੀਐੱਮ ਨੂੰ ਮੰਗ ਪੱਤਰ ਦਿੱਤੇ ਜਾ ਰਹੇ ਹਨ। ਆਗੂਆਂ ਨੇ ਕਿਹਾ ਕਿ ਜੇ ਸਾਡੀਆਂ ਮੰਗਾਂ ਨੂੰ ਭਾਰਤ ਅਤੇ ਪੰਜਾਬ ਸਰਕਾਰ ਜਲਦੀ ਪੂਰਾ ਕਰੇ ਨਹੀਂ ਤਾਂ ਆਉਣ ਵਾਲੇ ਦਿਨਾਂ ਵਿੱਚ ਇਸ ਸੰਘਰਸ਼ ਨੂੰ ਦਿੱਲੀ ਦੇ ਸੰਘਰਸ਼ ਵਾਂਗ ਹੋਰ ਤਿੱਖਾ ਕਰਦੇ ਹੋਏ ਅਣਮਿਥੇ ਸਮੇਂ ਲਈ ਕੀਤਾ ਜਾਵੇਗਾ। ਇਸ ਮੌਕੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਆਗੂ ਦਿਲਬਾਗ ਸਿੰਘ ਪਹੁਵਿੰਡ, ਤਰਸੇਮ ਸਿੰਘ ਧਾਰੀਵਾਲ, ਗੁਰਭੇਜ ਸਿੰਘ ਧਾਰੀਵਾਲ, ਆਤਮਾ ਸਿੰਘ ਘਰਿਆਲੀ, ਗੁਰਜੰਟ ਸਿੰਘ ਭੱਗੂਪੁਰ, ਹਰਿੰਦਰ ਸਿੰਘ ਆਸਲ, ਹਰਪਾਲ ਸਿੰਘ ਜੋਧ ਸਿੰਘ ਵਾਲਾ, ਜੱਸਾ ਸਿੰਘ ਬਰਵਾਲਾ, ਮਾਨ ਸਿੰਘ ਮਾੜੀਮੇਘਾ, ਸੁਖਬੀਰ ਸਿੰਘ ਪੱਟੀ, ਸਤਨਾਮ ਸਿੰਘ ਹਰੀਕੇ, ਪੂਰਨ ਸਿੰਘ ਮੰਦਰ, ਹਰਜਿੰਦਰ ਸਿੰਘ ਕਲਸੀਆਂ, ਕੁਲਵਿੰਦਰ ਸਿੰਘ ਭੱਗੂਪੁਰ, ਅਮਰਜੀਤ ਸਿੰਘ ਸਭਰਾ, ਸੋਨੂੰ ਚੂਸਲੇਵੜ, ਮਹਾਂਵੀਰ ਸਿੰਘ ਠੱਕਰਪੁਰਾ, ਬਲਵਿੰਦਰ ਸਿੰਘ ਹਰੀਕੇ ਅਤੇ ਕਿਸਾਨ ਸੰਘਰਸ਼ ਕਮੇਟੀ ਪੰਜਾਬ ਕੋਟ ਬੁੱਢਾ ਦੇ ਆਗੂ ਜ਼ੋਨ ਪ੍ਰਧਾਨ ਦੀਦਾਰ ਸਿੰਘ ਲਾਖਣਾ ਜ਼ੋਨ ਪ੍ਰਧਾਨ ਗੁਰਬੀਰ ਸਿੰਘ ਭਾਊਵਾਲ, ਜ਼ੋਨ ਪ੍ਰਧਾਨ ਸਿਕੰਦਰਪਾਲ ਸਿੰਘ ਰਸੂਲਪੁਰਾ, ਜ਼ਿਲਾ ਪ੍ਰੈਸ ਸਕੱਤਰ ਬਲਜੀਤ ਸਿੰਘ ਠੱਠਾ, ਇਕਾਈ ਪ੍ਰਧਾਨ ਸੰਤੋਖ ਸਿੰਘ ਦੁਬਲੀ, ਸੂਬਾ ਕਮੇਟੀ ਮੈਂਬਰ ਬਲੀ ਸਿੰਘ ਤਲਵੰਡੀ, ਜ਼ੋਨ ਪ੍ਰੈੱਸ ਸਕਤਰ ਗੁਰਦੇਵ ਸਿੰਘ, ਇਕਾਈ ਪ੍ਰਧਾਨ ਬਾਬਾ ਮਨਾਰ ਸਿੰਘ ਮਾਨੀ ਠੱਠਾ ਆਦਿ ਹਾਜ਼ਰ ਸਨ।

## ਕੰਧ ਪਾੜ ਕੇ ਚੋਰਾਂ ਨੇ ਕੱਪੜੇ ਵਾਲੀ ਦੁਕਾਨ 'ਚ ਕੀਤੀ ਚੋਰੀ

**ਗੁਰਦਾਸਪੁਰ, (ਜਨਕ ਮਹਾਜਨ)**-ਕਸਬਾ ਬਹਿਰਾਮਪੁਰ ਅੰਦਰ ਕੱਪੜੇ ਦੀ ਦੁਕਾਨ ਵਿਚੋਂ ਅਣਪਛਾਤੇ ਚੋਰਾਂ ਵਲੋਂ ਦੁਕਾਨ ਨਜ਼ਦੀਕ ਖ਼ਾਲੀ ਪਏ ਪਲਾਟ ਵਾਲੇ ਪਾਸਿਓਂ ਕੰਧ ਪਾੜ ਕੇ ਗਰਮ ਪਜ਼ਾਮੇ, ਜੈਕਟਾਂ ਅਤੇ ਹੋਰ ਸਾਮਾਨ ਚੋਰੀ ਕਰ ਲੈਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਏ. ਐਸ. ਆਈ. ਸ਼ਾਮ ਲਾਲ ਨੇ ਦੱਸਿਆ ਕਿ ਪੀੜਤ ਦੁਕਾਨਦਾਰ ਜਗੀਰ ਸਿੰਘ ਨੇ ਆਪਣੇ ਬਿਆਨਾਂ ਵਿਚ ਕਿਹਾ ਕਿ ਮੈਂ 18.11.23 ਨੂੰ ਸਮਾਂ ਰਾਤ 8 ਵਜੇ ਆਪਣੀ ਰੈਡੀਮੇਡ (ਕੱਪੜੇ) ਦੀ ਦੁਕਾਨ ਬੰਦ ਕਰਕੇ ਆਪਣੇ ਘਰ ਚਲਾ ਗਿਆ। 19 ਨੂੰ ਸਵੇਰੇ ਕਰੀਬ 7:30 ਵਜੇ ਮੇਰੇ ਲੜਕੇ ਜਗਜੀਤ ਸਿੰਘ ਨੇ ਦੁਕਾਨ ਦਾ ਸ਼ਟਰ ਖੋਲਿਆ ਤਾਂ ਦੇਖਿਆ ਕਿ ਦੁਕਾਨ ਨਾਲ ਖਾਲੀ ਪਲਾਟ ਵੱਲੋਂ ਕੰਧ ਨੂੰ ਪਾੜ ਕੇ ਕੋਈ ਨਾ-ਮਲੂਮ ਵਿਅਕਤੀ ਅੰਦਰ ਦਾਖਲ ਹੋ ਕੇ ਦੁਕਾਨ ਅੰਦਰ ਪਏ ਗਰਮ ਪਜਾਮੇ, ਜੈਕਟਾਂ ਅਤੇ ਹੋਰ ਅਸੈਸਰੀ ਅਣਗਿਣਤ ਕਰੀਬ 50,000 ਅਤੇ ਦੁਕਾਨ ਵਿੱਚ ਪਏ ਪੈਸੇ ਵਾਲੇ ਗੱਲੇਂ ਵਿੱਚੋ ਕਰੀਬ 8 ਹਜ਼ਾਰ ਰੁਪਏ ਚੋਰੀ ਕਰਕੇ ਲੈ ਗਏ ਹਨ। ਪੁਲਸ ਨੇ ਪੀੜਤ ਦੇ ਬਿਆਨਾਂ 'ਤੇ ਕਾਰਵਾਈ ਕਰਦਿਆਂ ਨਾ-ਮਲੂਮ ਵਿਅਕਤੀਆਂ ਖ਼ਿਲਾਫ਼ 457, 380 ਅਧੀਨ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

## 20 ਕਿੱਲੋ ਲਾਹਣ ਸਮੇਤ ਔਰਤ ਕਾਬੂ

**ਗੁਰਦਾਸਪੁਰ (ਜਨਕ ਮਹਾਜਨ)**-ਥਾਣਾ ਘੁੰਮਣ ਕਲਾਂ ਪੁਲਸ ਨੇ 20 ਕਿੱਲੋ ਲਾਹਣ ਸਮੇਤ ਇਕ ਔਰਤ ਨੂੰ ਗ੍ਰਿਫਤਾਰ ਕਰਨ ਵਿਚ ਸਫ਼ਲਤਾ ਹਾਸਲ ਕੀਤੀ ਹੈ। ਜਾਣਕਾਰੀ ਦਿੰਦੇ ਹੋਏ ਏਐੱਸਆਈ. ਸੁਖਜਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੇ ਪੁਲਸ ਪਾਰਟੀ ਨਾਲ ਸਰਕਾਰੀ ਗੱਡੀ 'ਤੇ ਭੈੜੇ ਪੁਰਸ਼ਾਂ ਦੇ ਸੰਬੰਧ ਵਿੱਚ ਮੁਖਬਰ ਖਾਸ ਦੀ ਇਤਲਾਹ 'ਤੇ ਦੋਸ਼ਣ ਔਰਤ ਵਾਸੀ ਮੁਸਤਫਾਬਾਦ ਦੇ ਘਰ ਰੇਡ ਕਰਕੇ 20 ਕਿੱਲੋ ਲਾਹਣ 570 ਐਮ. ਐਲ. ਸ਼ਰਾਬ ਨਜਾਇਜ ਤੇ ਚਾਲੂ ਭੱਠੀ ਸਮੇਤ ਉਕਤ ਦੋਸ਼ਣ ਨੂੰ ਕਾਬੂ ਕਰਕੇ ਉਸ ਖ਼ਿਲਾਫ਼ ਆਬਕਾਰੀ ਐਕਟ ਅਧੀਨ ਮਾਮਲਾ ਦਰਜ ਕੀਤਾ ਹੈ।

## ਨਵ-ਨਿਯੁਕਤ ਅਧਿਆਪਕਾਂ ਵੱਲੋਂ ਸਰਕਾਰੀ ਸਕੂਲ ਕਾਦੀਆਂ ਨੂੰ ਪੱਖੇ ਭੇਟ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਾਦੀਆਂ ਵਿਖੇ ਨਵ ਨਿਯੁਕਤ ਹੋਏ ਅਧਿਆਪਕ ਸੰਗੀਤਾ ਸਿੰਘ, ਮਿਸ ਗਗਨਦੀਪ ਕੌਰ, ਮਿਸ ਰਵਿੰਦਰ ਕੌਰ ਅਤੇ ਐੱਸਐੱਲਏ ਸਹਿਜਪਾਲ ਸਿੰਘ ਵੱਲੋਂ ਸਰਕਾਰੀ ਨੌਕਰੀ ਮਿਲਣ ਦੀ ਖੁਸ਼ੀ ਵਿੱਚ ਸਕੂਲ ਨੂੰ 4 ਪੱਖੇ ਭੇਟ ਕੀਤੇ ਗਏ। ਇਸ ਮੌਕੇ ਸਕੂਲ ਵਿੱਚ ਟ੍ਰੇਨਿੰਗ ਲਗਾ ਰਹੇ ਅਧਿਆਪਕ ਅਭਿਸ਼ੇਕ ਬੱਚਨ ਵੱਲੋਂ ਵੀ ਆਪਣੀ ਟ੍ਰੇਨਿੰਗ ਮਕੰਮਲ ਕਰਨ ਉਪਰੰਤ ਸਕੂਲ ਨੂੰ ਯਾਦਗਾਰ ਦੇ ਤੌਰ 'ਤੇ 1 ਸੀਮੈਂਟਿਡ ਬੈਂਚ ਦਿੱਤਾ ਗਿਆ। ਇਸ ਮੌਕੇ ਸਕੂਲ ਪ੍ਰਿੰਸੀਪਲ ਡਾ. ਸੁਨੀਤਾ ਕੌਸ਼ਲ ਨੇ ਸਮੂਹ ਨਵ-ਨਿਯੁਕਤ ਅਧਿਆਪਕਾਂ ਦੀ ਇਸ ਨੇਕ ਕੰਮ ਲਈ ਪ੍ਰਸੰਸਾ ਕੀਤੀ। ਡਾ. ਕੌਸ਼ਲ ਨੇ ਜਿੱਥੇ ਅਧਿਆਪਕਾਂ ਨੂੰ ਨੌਕਰੀ ਵਿੱਚ ਹਾਜ਼ਰ ਹੋਣ 'ਤੇ ਸ਼ੁਭਕਾਮਨਾਵਾਂ ਦਿੱਤੀਆਂ ਉੱਥੇ ਵਿਦਿਆਰਥੀਆਂ ਨੂੰ ਤਨਦੇਹੀ ਨਾਲ ਪੜ੍ਹਾਉਣ ਲਈ ਪ੍ਰੇਰਿਤ ਵੀ ਕੀਤਾ। ਇਸ ਮੌਕੇ ਦਿਨੇਸ਼ ਕੁਮਾਰ ਲੈਕ. ਹਿਸਟਰੀ ਸਮੇਤ ਸਮੂਹ ਸਟਾਫ ਹਾਜ਼ਰ ਸੀ।

## ਢਾਡੀ ਮਲਕੀਅਤ ਸਿੰਘ ਨੂੰ ਸਦਮਾ, ਪਿਤਾ ਦਾ ਦਿਹਾਂਤ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**-ਇੰਟਰਨੈਸ਼ਨਲ ਗੋਲਡ ਮੈਡਲਿਸਟ ਗਿਆਨੀ ਮਲਕੀਅਤ ਸਿੰਘ ਬੱਗਾ ਢਾਡੀ ਜਥੇ ਨੂੰ ਉਸ ਵੇਲੇ ਭਾਰੀ ਸਦਮਾ ਲੱਗਾ ਜਦੋਂ ਉਨ੍ਹਾਂ ਦੇ ਪਿਤਾ ਗਿਆਨੀ ਉੱਤਮ ਸਿੰਘ ਬੱਗਾ ਦਾ ਦਿਹਾਂਤ ਹੋ ਗਿਆ। ਉਹ ਕੁਝ ਸਮਾਂ ਪਹਿਲਾਂ ਬੀਮਾਰ ਹੋਏ ਸਨ। ਗਿਆਨੀ ਉੱਤਮ ਸਿੰਘ ਕਾਫੀ ਸਮਾਂ ਸੱਚਖੰਡ ਸ੍ਰੀ ਦਰਬਾਰ ਸਾਹਿਬ ਵਿਖੇ ਅਖੰਡ ਪਾਠੀ ਸਿੰਘ ਵਜੋਂ ਸੇਵਾ ਕਰਦੇ ਰਹੇ। ਉਨ੍ਹਾਂ ਦਾ ਸੰਸਕਾਰ ਉਨ੍ਹਾਂ ਦੇ ਜੱਦੀ ਪਿੰਡ ਬੱਗਾ ਵਿਖੇ ਕਰ ਦਿੱਤਾ ਗਿਆ। ਗਿਆਨੀ ਜੀ ਦੇ ਸੰਸਕਾਰ ਸਮੇਂ ਧਾਰਮਿਕ, ਸਮਾਜ ਸੇਵੀ, ਰਾਜਨੀਤਕ ਨਿਹੰਗ ਸਿੰਘ ਦਲ ਪੰਥ ਪਹੁੰਚੇ ਹੋਏ ਸਨ। ਇਸ ਦੁੱਖ ਦੀ ਘੜੀ ਵਿੱਚ ਸੰਤ ਬਾਬਾ ਸੱਜਣ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ, ਬਾਬਾ ਗੁਰਦੀਪ ਸਿੰਘ ਖੁਜਾਲਾ, ਬਾਬਾ ਗੁਰਭੇਜ ਸਿੰਘ ਖੁਜਾਲਾ, ਬਾਬਾ ਸੁਖਵੰਤ ਸਿੰਘ ਚੰਨਣਕੇ, ਬਾਬਾ ਗੁਰਦੇਵ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਭਗਤਾਂ ਦਾ ਡੇਰਾ ਤਰਸਿੱਕਾ ਨੇ ਗਿਆਨੀ ਮਲਕੀਅਤ ਸਿੰਘ ਨਾਲ ਹਮਦਰਦੀ ਦਾ ਇਜ਼ਹਾਰ ਕੀਤਾ।

## ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਸਬੰਧੀ ਪ੍ਰਭਾਤ ਫੇਰੀਆਂ ਸ਼ੁਰੂ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਇਤਿਹਾਸਕ ਪਿੰਡ ਭੁੰਗਰਨੀ ਵਿਖੇ ਗੁਰਦੁਆਰਾ ਪਾਤਸ਼ਾਹੀ ਸੱਤਵੀਂ ਧੰਨ ਧੰਨ ਸ੍ਰੀ ਗੁਰੂ ਹਰਿ ਰਾਇ ਸਾਹਿਬ ਜੀ ਦੀ ਪਵਿੱਤਰ ਚਰਨ ਛੋਹ ਪ੍ਰਾਪਤ ਸਥਾਨ 'ਤੇ ਪਾਤਸ਼ਾਹੀ ਪਹਿਲੀ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦਾ 555ਵਾਂ ਪ੍ਰਕਾਸ਼ ਪੁਰਬ 27 ਨਵੰਬਰ ਨੂੰ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ। ਪ੍ਰਧਾਨ ਜਥੇਦਾਰ ਸੁਰਜੀਤ ਸਿੰਘ ਮਸੂਤਾ ਨੇ ਦੱਸਿਆ ਕਿ 20 ਨਵੰਬਰ ਨੂੰ ਅੰਮ੍ਰਿਤ ਵੇਲੇ ਤੋਂ ਪ੍ਰਭਾਤ ਫੇਰੀਆਂ ਕੱਢੀਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਇਸ ਮੌਕੇ ਭਾਈ ਸੁਖਚੈਨ ਸਿੰਘ ਹੈਡ ਗ੍ਰੰਥੀ ਭੁੰਗਰਨੀ, ਪ੍ਰਭਾਤ ਫੇਰੀ ਜੱਥਾ ਕੀਰਤਨ ਕਰਨਗੇ।

# ਇੰਟਰਨੈਸ਼ਨਲ ਬਾਬਾ ਲੱਖੀ ਸ਼ਾਹ ਲੁਬਾਣਾ ਸੰਗਠਨ ਵੱਲੋਂ ਮੀਟਿੰਗ



**ਗੁਰਦਾਸਪੁਰ, (ਜਨਕ ਮਹਾਜਨ)**-ਇੰਟਰਨੈਸ਼ਨਲ ਬਾਬਾ ਲੱਖੀ ਸ਼ਾਹ ਲੁਬਾਣਾ ਸੰਗਠਨ ਦੀ ਮੀਟਿੰਗ ਸੰਗਠਨ ਦੇ ਚੇਅਰਮੈਨ ਇਤਿਹਾਸਕਾਰ ਹਿਸਟੋਰੀਅਨ ਮਨਜੀਤ ਸਿੰਘ ਟਾਂਡਾ ਦੀ ਪ੍ਰਧਾਨਗੀ ਹੇਠ ਨਵਾਂ ਸ਼ਾਲਾ ਤਿੱਬੜੀ ਕੈਂਟ ਵਿਖੇ ਉਨ੍ਹਾਂ ਦੀ ਰਿਹਾਇਸ਼ ਵਿਖੇ ਹੋਈ। ਇਸ ਮੌਕੇ ਲੁਬਾਣਾ ਕੌਮ ਦੇ ਉਘੇ ਸੂਝਵਾਨ ਵਿਦਵਾਨਾਂ ਨੇ ਭਾਗ ਲਿਆ। ਇਸ ਮੌਕੇ ਵਿਚਾਰ ਚਰਚਾ ਕੀਤੀ ਗਈ ਕਿ ਇੰਟਰਨੈਸ਼ਨਲ ਬਾਬਾ ਲੱਖੀ ਸ਼ਾਹ ਲੁਬਾਣਾ ਸੰਗਠਨ ਮਜ਼ਬੂਤ ਕਰਨ ਲਈ ਹੋਰ ਚੰਗੇ ਅਹੁਦੇਦਾਰਾਂ ਨੂੰ ਸ਼ਾਮਿਲ ਕਰਨ, ਵੀਰਾਂ ਭੈਣਾਂ ਦਾ ਸਹਿਯੋਗ ਪ੍ਰਾਪਤ ਕਰਨ ਲਈ, ਸੰਗਠਨ ਦੁਆਰਾ ਦੂਜੇ ਸੂਬਿਆਂ ਜੰਮੂ ਕਸ਼ਮੀਰ, ਹਿਮਾਚਲ, ਹਰਿਆਣਾ, ਰਜਸਥਾਨ, ਦਿੱਲੀ, ਉਤਪ੍ਰਦੇਸ਼ ਅਤੇ ਹੋਰ ਸਟੇਟਾਂ ਤੱਕ ਪੂਰੀ ਪੂਰੀ ਪਹੁੰਚ ਕਰਕੇ ਲੁਬਾਣਾ ਕੌਮ ਦੀ ਏਕਤਾ ਕੀਤੀ ਜਾਵੇਗੀ ਅਤੇ ਵਿਦੇਸ਼ਾਂ ਵਿਚ ਰਹਿ ਰਹੇ ਵੀਰਾਂ ਨਾਲ ਤਾਲ ਮੇਲਾ ਰੱਖਿਆ ਜਾਵੇਗਾ। ਸੰਗਠਨ ਦੇ ਚੇਅਰਮੈਨ ਹਿਸਟੋਰੀਅਨ ਮਨਜੀਤ ਸਿੰਘ ਟਾਂਡਾ, ਐਕਟਿੰਗ ਪ੍ਰਧਾਨ ਜਸਵਿੰਦਰ ਸਿੰਘ, ਸੀਨੀਅਰ ਮੀਤ ਪ੍ਰਧਾਨ ਜਥੇਦਾਰ ਗੁਰਜੀਤ ਸਿੰਘ, ਸੀਨੀਅਰ ਮੀਤ ਪ੍ਰਧਾਨ ਪਰਵਿੰਦਰ ਸਿੰਘ, ਜਥੇਦਾਰ ਦਲੀਪ ਸਿੰਘ, ਸਲਾਹਕਾਰ ਮਹਿੰਦਰ ਸਿੰਘ ਨੇ ਜ਼ੋਰ ਦਿੱਤਾ ਕਿ ਸੰਗਠਨ ਦੁਆਰਾ ਲੁਬਾਣਾ ਕੌਮ ਦਾ ਬਹੁਤ ਹੀ ਮਹਾਨ ਇਤਿਹਾਸ ਗੁਰੂਘਰ ਦੇ ਨਿਕਟਵਰਤੀ ਸ਼ਰਧਾਲੂਆਂ, ਸੂਰਬੀਰ ਯੋਧਿਆਂ, ਮਹਾਂਪੁਰਸ਼ਾਂ ਦਾ ਇਤਿਹਾਸ ਜੋ ਬਹੁਤ ਹੀ ਮਹਾਨ ਹੈ, ਉਹ ਹਰ ਲੁਬਾਣਾ ਕੌਮ ਦੇ ਸ਼ਹਿਰਾਂ, ਕਸਬਿਆਂ, ਪਿੰਡਾਂ ਵਿਚ ਲੁਬਾਣਾ ਕੌਮ ਦੇ ਸਹਿਯੋਗੀ ਸੰਗਠਨ ਨਾਲ ਜੁੜ ਕੇ ਕੰਮ ਕਰਨ।

# ਕਿਰਤੀ ਕਿਸਾਨ ਯੂਨੀਅਨ ਪੰਜਾਬ ਵੱਲੋਂ ਸਰਕਲ ਮਜੀਠਾ ਦੀ ਵਿਸ਼ੇਸ਼ ਇਕੱਤਰਤਾ



**ਮਜੀਠਾ (ਸੋਇਮ ਆਨੰਦ)**-ਮਜੀਠਾ ਹਲਕੇ ਦੇ ਪਿੰਡ ਨਾਗ ਕਲਾਂ ਵਿਖੇ ਕਿਰਤੀ ਕਿਸਾਨ ਯੂਨੀਅਨ ਪੰਜਾਬ ਦੀ ਇੱਕ ਵਿਸ਼ੇਸ਼ ਇਕੱਤਰਤਾ ਹੋਈ ਜਿਸ ਵਿਚ ਜਥੇਬੰਦੀ ਦੇ ਸੂਬਾ ਵਿੱਤ ਸਕੱਤਰ ਧਨਵੰਤ ਸਿੰਘ ਖਤਰਾਏ ਕਲਾਂ, ਵਿਜੇ ਸ਼ਾਹ ਧਾਰੀਵਾਲ, ਸੁੱਚਾ ਸਿੰਘ ਖਤਰਾਏ ਕਲਾਂ ਅਤੇ ਅਮਰੀਕ ਸਿੰਘ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਇਕੱਠ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ 26, 27 ਅਤੇ 28 ਨਵੰਬਰ ਨੂੰ ਚੰਡੀਗੜ੍ਹ ਵਿਖੇ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤੇ ਧਰਨੇ ਵਿਚ ਸ਼ਾਮਲ ਹੋਣ ਲਈ ਕਿਸਾਨਾਂ ਨੂੰ ਪ੍ਰੇਰਿਤ ਕੀਤਾ ਅਤੇ ਧਰਨੇ ਦੀ ਤਿਆਰੀ ਵਾਸਤੇ ਪਿੰਡ-ਪਿੰਡ ਵਿਚੋਂ ਵੱਡੀ ਗਿਣਤੀ ਵਿਚ ਸ਼ਾਮਲ ਹੋਣ ਲਈ ਕਿਸਾਨਾਂ ਦਾ ਹੁੰਗਾਰਾ ਵੀ ਮਿਲਿਆ। ਇਸ ਧਰਨੇ ਵਿਚ ਮੁੱਖ ਮੰਗਾਂ ਬਾਰੇ ਵੀ ਕਿਸਾਨਾਂ ਨਾਲ ਵਿਚਾਰਾਂ ਕੀਤੀਆਂ ਗਈਆਂ ਜਿਨ੍ਹਾਂ ਵਿਚ ਘੱਟੋ-ਘੱਟ ਸਮਰਥਨ ਮੁੱਲਾਂ ਦੇ ਅਨੁਸਾਰ ਜਿਣਸਾਂ ਦੇ ਭਾਅ ਲੈਣ, ਕਿਸਾਨੀ ਅੰਦੋਲਨ ਦੌਰਾਨ ਕਿਸਾਨ ਆਗੂਆਂ ਤੇ ਦਰਜ ਪਰਚੇ ਰੱਦ ਕਰਨ ਬਾਰੇ, ਲਖੀਮਪੁਰ ਖੀਰੀ ਦੇ ਸ਼ਹੀਦ ਕਿਸਾਨਾਂ ਨੂੰ ਮੁਆਵਜ਼ਾ ਦਿਵਾਉਣ, ਸਰਲ ਤੇ ਕਿਸਾਨ ਪੱਖੀ ਬੀਮਾ ਯੋਜਨਾ ਲਾਗੂ ਕਰਵਾਉਣ, ਨਿਊਜ਼ ਕਲਿੱਕ ਖਿਲਾਫ ਕੀਤੇ ਮੁਕੱਦਮੇ ਰੱਦ ਕਰਨ ਤੇ ਗ੍ਰਿਫਤਾਰ ਕੀਤੇ ਪੱਤਰਕਾਰ ਰਿਹਾਅ ਕਰਨ, ਨਿੱਜੀਕਰਨ ਬੰਦ ਕਰਨ ਅਤੇ ਪਬਲਿਕ ਸੈਕਟਰ ਬਹਾਲ ਕਰਨ ਬਾਰੇ, ਕਿਸਾਨ ਅੰਦੋਲਨ ਨੂੰ ਦੇਸ਼ ਵਿਰੋਧੀ, ਸਮਾਜ ਵਿਰੋਧੀ ਅਤੇ ਦੇਸ਼ ਦੇ ਵਿਕਾਸ ਵਿਰੋਧੀ ਕਹਿ ਕੇ ਬਦਨਾਮ ਕਰਨਾ ਬੰਦ ਕਰਨਾ ਆਦਿ ਮੰਗਾਂ ਬਾਰੇ ਵਿਸਥਾਰ ਵਿਚ ਦੱਸਿਆ ਗਿਆ। ਇਸ ਮੌਕੇ ਸ਼ਮਸ਼ੇਰ ਸਿੰਘ ਨਾਗ ਕਲਾਂ ਕਿਰਤੀ ਕਿਸਾਨ ਯੂਨੀਅਨ ਪੰਜਾਬ ਵਿਚ ਸਾਥੀਆਂ ਸਮੇਤ ਸ਼ਾਮਲ ਹੋਏ। ਇਸ ਦੌਰਾਨ ਮਜੀਠਾ ਸਰਕਲ ਪ੍ਰਧਾਨ ਸਵਰਗੀ ਪਲਵਿੰਦਰ ਸਿੰਘ ਜੇਠੂਨੰਗਲ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ ਅਤੇ ਉਸ ਦੀ ਜਗ੍ਹਾ ਜਸਪਾਲ ਸਿੰਘ ਨਵੇਂ ਨਾਗ ਨੂੰ ਜਥੇਬੰਦੀ ਦਾ ਮਜੀਠਾ ਸਰਕਲ ਦਾ ਨਵਾਂ ਪ੍ਰਧਾਨ, ਰਾਜ ਸਿੰਘ ਮੀਤ ਪ੍ਰਧਾਨ ਚੁਣਿਆ ਗਿਆ। ਇਸ ਮੌਕੇ ਜਸਬੀਰ ਸਿੰਘ, ਕੁਲਦੀਪ ਸਿੰਘ ਨਾਗ, ਰਵਿੰਦਰ ਸਿੰਘ ਜੇਠੂਨੰਗਲ ਤੋਂ ਇਲਾਵਾ ਵੱਡੀ ਗਿਣਤੀ ਵਿਚ ਜਥੇਬੰਦੀ ਦੇ ਮੈਂਬਰ ਅਤੇ ਇਲਾਕੇ ਦੇ ਕਿਸਾਨ ਹਾਜ਼ਰ ਸਨ।

# ਰਿਆੜਕੀ ਪਬਲਿਕ ਸਕੂਲ ਤੁਗਲਵਾਲਾ ਦਾ ਸਥਾਪਨਾ ਦਿਵਸ ਮਨਾਇਆ



**ਧਾਰੀਵਾਲ,(ਮਨਦੀਪ ਸਿੰਘ ਵਿੱਕੀ)**-ਨਿਆਰੀ, ਮਿਆਰੀ ਅਤੇ ਪਰਉਪਕਾਰੀ ਸਿੱਖਿਆ ਵਜੋਂ ਜਾਣੀ ਜਾਂਦੀ ਇਲਾਕੇ ਦੀ ਮਾਣਮੱਤੀ ਸੰਸਥਾ ਬਾਬਾ ਆਇਆ ਸਿੰਘ ਰਿਆੜਕੀ ਪਬਲਿਕ ਸਕੂਲ ਤੁਗਲਵਾਲਾ ਵਿਖੇ ਸੰਸਥਾ ਦਾ ਸਥਾਪਨਾ ਦਿਵਸ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਵਿੱਚ ਗੁਰਬਾਣੀ ਲਈ ਪਿਆਰ ਭਰਨ ਦੇ ਆਸੇ ਤਹਿਤ ਨੌਵੀਂ ਕਲਾਸ ਦੇ ਵਿਦਿਆਰਥੀਆਂ ਵੱਲੋਂ ਆਰੰਭ ਕੀਤੇ ਸਹਿਜ ਪਾਠ ਦੇ ਭੋਗ ਪਾਏ ਗਏ। ਭਾਈ ਪ੍ਰਭਜੋਤ ਸਿੰਘ ਜੀ ਦੇ ਕੀਰਤਨੀ ਜਥੇ ਦੁਆਰਾ ਵਿਦਿਆਰਥੀਆਂ ਨੂੰ ਰਸ-ਭਿੰਨੇ ਕੀਰਤਨ ਨਾਲ ਮੰਤਰ ਮੁਗਧ ਕੀਤਾ ਗਿਆ। ਇਸ ਮੌਕੇ ਬਾਬਾ ਆਇਆ ਸਿੰਘ ਰਿਆੜਕੀ ਕਾਲਜ ਤੁਗਲਵਾਲਾ ਦੇ ਪ੍ਰਿੰਸੀਪਲ ਸਵਰਨ ਸਿੰਘ ਵਿਰਕ ਨੇ ਸੰਸਥਾ ਦੀ ਕਾਮਯਾਬੀ ਦਾ ਸਿਹਰਾ ਸੰਸਥਾ ਦੇ ਹੋਣਹਾਰ ਵਿਦਿਆਰਥੀਆਂ ਅਤੇ ਮਿਹਨਤੀ ਅਧਿਆਪਕਾਂ ਦੇ ਸਿਰ ਬੰਨ੍ਹਿਆ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸੰਬੋਧਿਤ ਹੁੰਦੇ ਕਿਹਾ ਕਿ ਵਿਦਿਆਰਥੀ ਜੀਵਨ ਦਾ ਅਸਲ ਮੰਤਵ ਮੈਰਿਟਾਂ, ਫਸਟ ਡਿਵੀਜ਼ਨਾਂ ਲੈਣਾ ਹੀ ਨਹੀਂ ਸਗੋਂ ਆਪਣੇ ਜੀਵਨ ਵਿੱਚ ਵਧੀਆ ਅਤੇ ਸੱਚੇ ਸੁੱਚੇ ਕਿਰਦਾਰ ਦੇ ਮਾਲਕ ਬਣਨਾ ਹੈ, ਜੋ ਕਿ ਇਸ ਸੰਸਥਾ ਵਿੱਚ ਬਖੂਬੀ ਸਿਖਾਇਆ ਜਾ ਰਿਹਾ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਗੁਰੂ ਗੋਬਿੰਦ ਸਿੰਘ ਦੁਆਰਾ ਬਖਸ਼ੀ ਦਸਤਾਰ ਕਾਇਮ ਰੱਖਣ ਲਈ ਜਿੱਥੇ ਸਾਬਾਸ਼ੀ ਦਿੱਤੀ, ਉਥੇ ਹੀ ਪ੍ਰੇਰਨਾ ਦਿੱਤੀ ਕਿ ਇਹ ਹਮੇਸ਼ਾ ਹੀ ਇਸੇ ਤਰੀਕੇ ਨਾਲ ਹੀ ਉਨ੍ਹਾਂ ਦੇ ਸਿਰਾਂ ਤੇ ਕਾਇਮ ਰਹਿਣੀ ਚਾਹੀਦੀ ਹੈ। ਇਸ ਦੌਰਾਨ ਸਿੱਖ ਮਿਸ਼ਨਰੀ ਕਾਲਜ ਲੁਧਿਆਣਾ ਵੱਲੋਂ ਲਈ ਧਾਰਮਿਕ ਪ੍ਰੀਖਿਆ ਵਿੱਚ ਮੱਲਾਂ ਮਾਰਨ ਵਾਲੇ 171 ਦੇ ਕਰੀਬ ਵਿਦਿਆਰਥੀਆਂ ਨੂੰ ਪ੍ਰਿੰਸੀਪਲ ਸਵਰਨ ਸਿੰਘ ਵਿਰਕ ਦੇ ਹੱਥੀਂ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੰਸਥਾ ਦੇ ਮੁਖ ਪ੍ਰਬੰਧਕ ਗਗਨਦੀਪ ਸਿੰਘ ਵਿਰਕ ਨੇ ਧਾਰਮਿਕ, ਅਕਾਦਮਿਕ ਅਤੇ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਦੁਆਰਾ ਸੰਸਥਾ ਨੂੰ ਹੋਰ ਵੀ ਚਾਰ ਚੰਨ ਲਾਉਣ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਸੰਸਥਾ ਦਾ ਮੁੱਖ ਮੰਤਵ ਵਿਦਿਆਰਥੀਆਂ ਵਿੱਚ ਅਜਿਹੀ ਚਿਣਗ ਜਗਾਉਣਾ ਹੈ ਕਿ ਉਹ ਆਉਣ ਵਾਲੇ ਸਮੇਂ ਵਿੱਚ ਪੜ੍ਹਾਈ ਦੇ ਨਾਲ ਨਾਲ ਹਰ ਪੱਖ ਤੋਂ ਕਾਮਯਾਬ ਬਣ ਸਕਣ। ਇਸ ਸਮਾਗਮ ਮੌਕੇ ਪ੍ਰਿੰਸੀਪਲ ਇੰਦਰਜੀਤ ਕੌਰ ਸੈਣੀ, ਡਾਇਰੈਕਟਰ ਪ੍ਰਿੰਸੀਪਲ ਮਨਪ੍ਰੀਤ ਕੌਰ ਵਿਰਕ, ਮੈਡਮ ਜਗਦੀਸ਼ ਕੌਰ, ਕੋਆਰਡੀਨੇਟਰ ਹਰਕਿੰਦਰਬੀਰ ਸਿੰਘ, ਕੋਆਰਡੀਨੇਟਰ ਸੁਖਦੀਪ ਕੌਰ, ਸੁਰਜੀਤ ਕੌਰ, ਬਲਜੀਤ ਕੌਰ ਵਿਠਵਾਂ, ਸੁਮਨਦੀਪ ਕੌਰ, ਪਵਨਦੀਪ ਕੌਰ ਸੁਖਮਨਪ੍ਰੀਤ ਕੌਰ ਅਤੇ ਜਤਿੰਦਰ ਕੁਮਾਰ ਹਾਜ਼ਰ ਸਨ।

# ਧਾਰਮਿਕ ਗੀਤ 'ਬਾਬੇ ਨਾਨਕ ਦੀ ਬਾਣੀ' ਦਾ ਪੋਸਟਰ ਲੋਕ ਅਰਪਿਤ



**ਬਾਬਾ ਬਕਾਲਾ ਸਾਹਿਬ (ਨਿਰਮਲ ਸਿੰਘ ਸੰਘਾ)**-37 ਸਾਲਾਂ ਤੋਂ ਪੰਜਾਬੀ ਮਾਂ ਬੋਲੀ ਨੂੰ ਸਮਰਪਿਤ ਸਾਹਿਤਕ ਸੰਸਥਾ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ ਇਕ ਸਾਹਿਤਕ ਸਮਾਗਮ ਕਰਵਾਇਆ ਗਿਆ। ਇਸ ਮੌਕੇ ਬਹੁਤ ਹੀ ਸਾਦੇ, ਪਰ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਅਤੇ ਪੰਜਾਬੀ ਸਾਹਿਤ ਸਭਾ ਦੇ ਮੁੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ ਰਾਜਨ ਅਤੇ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਕੱਤਰ ਦੀਪ ਦਵਿੰਦਰ ਸਿੰਘ ਨੇ ਨਾਮਵਰ ਗੀਤਕਾਰ ਅਤੇ ਗਾਇਕ ਮੱਖਣ ਸਿੰਘ ਭੈਣੀਵਾਲਾ ਦੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਵੇਂ ਧਾਰਮਿਕ ਗੀਤ 'ਬਾਬੇ ਨਾਨਕ ਦੀ ਬਾਣੀ' ਦੇ ਪੋਸਟਰ ਨੂੰ ਲੋਕ ਅਰਪਿਤ ਕਰਨ ਦੀ ਰਸਮ ਸਾਂਝੇ ਤੌਰ 'ਤੇ ਨਿਭਾਈ। ਇਸ ਮੌਕੇ ਗਾਇਕ ਮੱਖਣ ਸਿੰਘ ਭੈਣੀਵਾਲਾ ਨੇ ਕਿਹਾ ਕਿ ਇਹ ਗੀਤ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹੈ। ਇਹ ਗੀਤ ਜੈ ਮਿਊਜ਼ਿਕ ਕੰਪਨੀ ਅਤੇ ਜਸਵਿੰਦਰ ਸਿੰਘ ਢਿੱਲੋਂ, ਸੁਖਜੀਤ ਸਿੰਘ ਅਤੇ ਹਰਭਜਨ ਸਿੰਘ ਭਗਰੱਥ ਦੀ ਸਾਂਝੀ ਪੇਸ਼ਕਸ਼ ਹੈ। ਇਸ ਮੌਕੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਪ੍ਰਧਾਨ ਸੰਤੋਖ ਸਿੰਘ ਗੁਰਾਇਆ, ਖਜ਼ਾਨਚੀ ਮਾ: ਮਨਜੀਤ ਸਿੰਘ ਵੱਸੀ, ਮੀਤ ਪ੍ਰਧਾਨ ਡਾ: ਕੁਲਵੰਤ ਸਿੰਘ ਬਾਠ, ਸਕੱਤਰ ਸਰਤਾਜ ਜਲਾਲਾਬਾਦੀ, ਸਟੇਟ ਐਵਾਰਡੀ ਮਾ: ਲਖਵਿੰਦਰ ਸਿੰਘ ਮਾਨ, ਰਣਜੀਤ ਸਿੰਘ ਰਾਣਾ, ਬਲਵਿੰਦਰ ਸਿੰਘ ਅਠੌਲਾ, ਡਾ: ਮੋਹਣ ਬੇਗੋਵਾਲ, ਵਜ਼ੀਰ ਸਿੰਘ ਰੰਧਾਵਾ, ਹਰਮੀਤ ਆਰਟਿਸਟ, ਮਨਮੋਹਣ ਸਿੰਘ ਢਿੱਲੋਂ, ਹਰਜੀਤ ਸਿੰਘ ਸੰਧੂ ਅਤੇ ਹੋਰ ਸ਼ਖਸੀਅਤਾਂ ਇਸ ਮੌਕੇ ਹਾਜ਼ਰ ਸਨ।

# ਜੇ ਆਰ ਐੱਸ ਡੀ ਏ ਵੀ ਪਬਲਿਕ ਸਕੂਲ ਨੇ ਬੜੀ ਸ਼ਰਧਾ ਨਾਲ ਮਨਾਇਆ ਗੁਰਪੁਰਬ



**ਝਬਾਲ (ਹਰਜਿੰਦਰ ਸਿੰਘ ਸੋਨੀ)**-ਜੇ. ਆਰ. ਐੱਸ. ਡੀ ਏ ਵੀ ਪਬਲਿਕ ਸਕੂਲ ਝਬਾਲ ਵਿਖੇ ਪਦਮਸ਼੍ਰੀ ਐਵਾਰਡ ਜੇਤੂ ਪੂਨਮ ਸੂਰੀ, ਜੇ. ਪੀ. ਸ਼ੂਰ, ਡਾਇਰੈਕਟਰ ਵੀ. ਕੇ. ਚੋਪੜਾ, ਚੇਅਰਮੈਨ ਮਹੇਸ਼ ਚੋਪੜਾ, ਡਾ. ਨੀਲਮ ਕਾਮਰਾ, ਸਕੂਲ ਮੈਨੇਜਰ ਨੀਰਾ ਸ਼ਰਮਾ, ਪ੍ਰਿੰ. ਅਸ਼ਵਨੀ ਕੁਮਾਰ ਦੀ ਯੋਗ ਅਗਵਾਈ ਹੇਠ ਬੱਚਿਆਂ ਦੇ ਕਵਿਤਾਵਾਂ, ਜਨਮ ਸਾਖੀਆਂ, ਦਸਤਾਰ ਅਤੇ ਦੁਮਾਲੇ ਸਜਾਉਣ ਦੇ ਇੰਟਰ ਜਮਾਤ ਮੁਕਾਬਲੇ ਕਰਵਾਏ ਗਏ। 'ਕਵਿਤਾਵਾਂ ਅਤੇ ਜਨਮ ਸਾਖੀਆਂ' ਮੁਕਾਬਲਿਆਂ 'ਚ ਜੱਜ ਦੀ ਭੂਮਿਕਾ ਰੰਜੂ ਸਚਦੇਵਾ ਅਤੇ ਰਕਸ਼ੰਦਨ ਕੌਰ ਨੇ ਨਿਭਾਈ। ਕਵਿਤਾ ਸੁਣਾਉਣ ਮੁਕਾਬਲਿਆਂ ਵਿੱਚ ਹਰਸੀਰਤ ਕੌਰ (ਜਮਾਤ ਤੀਸਰੀ) ਜੈਸਮੀਨ ਜਮਾਤ ਦੂਸਰੀ) ਅਤੇ ਪਵਨਪ੍ਰੀਤ ਕੌਰ (ਜਮਾਤ ਛੇਵੀਂ) ਦੀਆਂ ਵਿਦਿਆਰਥਣਾਂ ਕ੍ਰਮਵਾਰ ਪਹਿਲੇ, ਦੂਜੇ ਅਤੇ ਤੀਜੇ ਸਥਾਨ 'ਤੇ ਰਹੀਆਂ। 'ਜਨਮ ਸਾਖੀਆਂ' ਸੁਣਾਉਣ ਮੁਕਾਬਲੇ ਵਿੱਚ ਜੈਸਮੀਨ ਕੌਰ (ਤੀਸਰੀ) ਪ੍ਰਦੀਪ ਕੌਰ (ਜਮਾਤ ਤੀਸਰੀ ਅਤੇ ਆਂਚਲ (ਜਮਾਤ ਦੂਸਰੀ) ਦੀਆਂ ਵਿਦਿਆਰਥਣਾਂ ਨੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਸਰਾ ਸਥਾਨ ਪ੍ਰਾਪਤ ਕੀਤਾ। 'ਦਸਤਾਰ ਅਤੇ ਦੁਮਾਲੇ ਸਜਾਉਣ' ਮੁਕਾਬਲਿਆਂ ਦੇ ਜੱਜ ਸਨ ਪਰਮਜੀਤ ਸਿੰਘ (ਝਬਾਲ), ਤੀਜੀ ਅਤੇ ਚੌਥੀ ਦੇ ਵਿਦਿਆਰਥੀਆਂ ਦੇ ਮੁਕਾਬਲਿਆਂ ਵਿੱਚੋਂ ਹਰਗੁਣਪ੍ਰੀਤ ਸਿੰਘ (ਤੀਸਰੀ) ਸਮਰਦੀਪ ਸਿੰਘ (ਤੀਸਰੀ) ਅਤੇ ਏਕਮ ਜੋਤ ਸਿੰਘ (ਤੀਸਰੀ) ਨੇ ਕ੍ਰਮਵਾਰ ਪਹਿਲਾ ਦੂਜਾ ਅਤੇ ਤੀਸਰਾ ਸਥਾਨ ਪ੍ਰਾਪਤ ਕੀਤਾ। ਪੰਜਵੀਂ ਤੋਂ ਸਤਵੀਂ ਦੇ ਮੁਕਾਬਲਿਆਂ ਵਿੱਚ ਪਰਮਵੀਰ ਸਿੰਘ (ਜਮਾਤ ਛੇਵੀਂ) ਅਭਿਜੋਤ ਸਿੰਘ (ਜਮਾਤ ਛੇਵੀਂ) ਅਤੇ ਰਾਜਵੀਰ ਸਿੰਘ (ਜਮਾਤ ਛੇਵੀਂ) ਨੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਸਰਾ ਸਥਾਨ ਪ੍ਰਾਪਤ ਕੀਤਾ। ਲੜਕੀਆਂ ਦੇ ਦੁਮਾਲੇ ਸਜਾਉਣ ਮੁਕਾਬਲਿਆਂ ਵਿੱਚ ਅਨੁਗੀਤ ਕੌਰ (ਛੇਵੀਂ) ਸੁਖਮਨਜੀਤ ਕੌਰ (ਪੰਜਵੀਂ) ਅਤੇ ਨਿਮਰਤ ਕੌਰ (ਚੌਥੀ) ਦੀਆਂ ਵਿਦਿਆਰਥਣਾਂ ਨੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਸਰਾ ਸਥਾਨ ਪ੍ਰਾਪਤ ਕੀਤਾ। ਪ੍ਰੋਗਰਾਮ ਦਾ ਸੰਚਾਲਨ ਮਨਪ੍ਰੀਤ ਦੁਆਰਾ ਕੀਤਾ ਗਿਆ। ਸਕੂਲ ਦੇ ਪ੍ਰਿੰ. ਅਸ਼ਵਨੀ ਕੁਮਾਰ ਨੇ ਬੱਚਿਆਂ ਦੀ ਹੌਸਲਾ ਅਫਜ਼ਾਈ ਕੀਤੀ।

# ਦਿਲਜੀਤ ਸਿੰਘ ਬੇਦੀ ਵੱਲੋਂ ਭਾਈ ਬਲਬੀਰ ਸਿੰਘ ਚੰਗਿਆੜਾ ਦਾ ਸਨਮਾਨ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਵਿਸ਼ਵ ਸਿੱਖ ਪ੍ਰਚਾਰਕ ਭਾਈ ਬਲਬੀਰ ਸਿੰਘ ਚੰਗਿਆੜਾ ਕੈਨੇਡਾ ਨਿਵਾਸੀ ਗੁਰਦੁਆਰਾ ਮੱਲ ਅਖਾੜਾ ਸਾਹਿਬ ਪਾਤਸ਼ਾਹੀ ਛੇਵੀਂ, ਗੁਰਦੁਆਰਾ ਬੁਰਜ ਅਕਾਲੀ ਬਾਬਾ ਫੂਲਾ ਸਿੰਘ ਛਾਉਣੀ ਨਿਹੰਗ ਸਿੰਘਾਂ ਬੁੱਢਾ ਦਲ ਵਿਖੇ ਪੁੱਜੇ, ਜਿੱਥੇ ਬੁੱਢਾ ਦਲ ਦੇ ਸਕੱਤਰ ਦਿਲਜੀਤ ਸਿੰਘ ਬੇਦੀ ਨੇ ਅਕਾਲੀ ਬਾਬਾ ਫੂਲਾ ਸਿੰਘ ਦੀ ਦੂਜੀ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਯਾਦਗਾਰੀ ਫੋਟੋ, ਯਾਦਗਾਰੀ ਸਿੱਕਾ ਤੇ ਸਿਰੋਪਾਓ ਨਾਲ ਉਨ੍ਹਾਂ ਦਾ ਸਨਮਾਨ ਕੀਤਾ। ਇਸ ਮੌਕੇ ਭਾਈ ਚੰਗਿਆੜਾ ਨੇ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਦਾ ਵਿਸ਼ੇਸ਼ ਧੰਨਵਾਦ ਕੀਤਾ। ਉਨ੍ਹਾਂ ਸਿੱਖ ਹਲਕਿਆਂ ਵਿੱਚ ਵੋਟਾਂ ਸਬੰਧੀ ਪਾਏ ਜਾਂਦੇ ਤੌਖਲਿਆਂ ਬਾਰੇ ਚਿੰਤਾ ਜ਼ਾਹਿਰ ਕਰਦਿਆਂ ਕਿਹਾ ਕਿ ਗੁਰਦੁਆਰਾ ਚੋਣ ਕਮਿਸ਼ਨ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਵੋਟਾਂ ਲਈ ਤਾਰੀਖ ਵਧਾਉਣ ਦਾ ਬਹੁਤ ਹੀ ਸ਼ਲਾਘਾਯੋਗ ਫੈਸਲਾ ਹੈ। ਉਨ੍ਹਾਂ ਕਿਹਾ ਕਿ ਹੁਣ ਪੰਜਾਬ ਵਾਸੀਆਂ ਨੂੰ ਛਪੇ ਫਾਰਮ ਦੀਆਂ ਸ਼ਰਤਾਂ ਦੇ ਅਧਾਰ 'ਤੇ ਵੱਧ ਤੋਂ ਵੱਧ ਵੋਟਾਂ ਬਣਵਾਉਣੀਆਂ ਚਾਹੀਦੀਆਂ ਹਨ। ਵੋਟ ਕਿਸ ਨੂੰ ਪਾਉਣੀ ਹੈ, ਇਹ ਅਗਲਾ ਫੈਸਲਾ ਹੈ ਪਰ ਇਸ ਵੇਲੇ ਲੋੜ ਹੈ ਵੋਟ ਬਣਵਾਉਣ ਦੀ ਤਾਂ ਕਿ ਅਸੀਂ ਆਪਣੀ ਸਿੱਖ ਗਿਣਤੀ ਦੱਸ ਸਕੀਏ। ਉਨ੍ਹਾਂ ਕਿਹਾ ਕਿ ਦੇਸ਼ ਵਿੱਚੋਂ ਸਾਡੀ ਗਿਣਤੀ ਘੱਟ ਰਹੀ ਹੈ ਜੋ ਬੜਾ ਚਿੰਤਾ ਦਾ ਵਿਸ਼ਾ ਹੈ। ਵਿਦੇਸ਼ੀਂ ਵਸਦਾ ਹਰ ਪੰਜਾਬੀ ਇਸ ਬਾਰੇ ਸੋਚਦਾ ਹੈ ਕਿ ਕੈਨੇਡਾ ਦੀ ਧਰਤੀ 'ਤੇ ਸਾਡੇ 19-20 ਮੈਂਬਰ ਪਾਰਲੀਮੈਂਟ ਹਨ ਤੇ ਦਸਤਾਰਾਂ ਸਜਾ ਗੁਰੂ ਦੇ ਭੈ ਵਿੱਚ ਰਹਿੰਦੇ ਸਰਕਾਰਾਂ ਦੀ ਅਗਵਾਈ ਕਰਦੇ ਹਨ। ਇਹ ਸਮਾਂ ਹੈ ਕਿ ਅਸੀਂ ਆਪਣੀ ਹੋਂਦ ਕਾਇਮ ਰੱਖ ਸਕੀਏ ਤੇ ਵੱਧ ਤੋਂ ਵੱਧ ਸ਼੍ਰੋ: ਗੁ: ਪ੍ਰ: ਕਮੇਟੀ ਦੀਆਂ ਵੋਟਾਂ ਬਣਾਈਏ।

# ਭਾਰਤ-ਪਾਕਿ ਦਰਮਿਆਨ ਵਪਾਰਕ ਸਬੰਧ ਪੈਦਾ ਕਰਨ ਲਈ ਆਯੋਜਿਤ ਸੈਮੀਨਾਰ ਤੇ ਕਵੀ ਦਰਬਾਰ

## ਪ੍ਰਸਿੱਧ ਕਵੀਆਂ, ਲੇਖਕਾਂ, ਕਿਸਾਨਾਂ ਤੇ ਸਮਾਜ ਸੇਵੀ ਆਗੂਆਂ ਸਮੇਤ ਸੰਗਤਾਂ ਨੇ ਕੀਤੀ ਸ਼ਿਰਕਤ





**ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)**-ਪ੍ਰਗਤੀਸ਼ੀਲ ਲੇਖਕ ਸੰਘ, ਪੰਜਾਬ, ਫ਼ੋਕਲੋਰ ਰਿਸਰਚ ਅਕਾਦਮੀ (ਰਜਿ.) ਅੰਮ੍ਰਿਤਸਰ ਵੱਲੋਂ ਸ੍ਰੀ ਕਰਤਾਰਪੁਰ ਸਾਹਿਬ ਕੋਰੀਡੋਰ ਡੇਰਾ ਬਾਬਾ ਨਾਨਕ ਵਿਖੇ ਸ੍ਰੀ ਕਰਤਾਰਪੁਰ ਸੰਘਰਸ਼ ਕਮੇਟੀ ਦੇ ਸਹਿਯੋਗ ਨਾਲ ਵਿਸ਼ਾਲ ਸੈਮੀਨਾਰ ਅਤੇ ਕਵੀ ਦਰਬਾਰ ਦਾ ਆਯੋਜਨ ਕੀਤਾ ਗਿਆ। ਇਸ ਸੈਮੀਨਾਰ ਦਾ ਮੁੱਖ ਵਿਸ਼ਾ: 'ਗੁਰੂ ਨਾਨਕ: ਦਰਸ਼ਨ ਅਤੇ ਵਰਤਮਾਨ' (ਭਾਰਤ-ਪਾਕਿ ਸਰਹੱਦੀ ਬੰਦਿਸ਼ਾਂ ਦੇ ਵਿਸ਼ੇਸ਼ ਪ੍ਰਸੰਗ) ਸੀ ਜਿਸ ਉੱਤੇ ਵਿਚਾਰ ਚਰਚਾ ਕੀਤੀ ਗਈ। ਇਸ ਮੌਕੇ ਆਏ ਹੋਏ ਮਹਿਮਾਨਾਂ ਦਾ ਸਵਾਗਤ ਪ੍ਰਗਤੀਸ਼ੀਲ ਲੇਖਕ ਸੰਘ ਅੰਮ੍ਰਿਤਸਰ ਇਕਾਈ ਦੇ ਪ੍ਰਧਾਨ ਭੂਪਿੰਦਰ ਸਿੰਘ ਸੰਧੂ ਨੇ ਕੀਤਾ। ਇਸ ਸਮਾਗਮ ਦੇ ਮੁੱਖ ਬੁਲਾਰੇ ਡਾ. ਸਰਬਜੀਤ ਸਿੰਘ ਨੇ ਗੁਰੂ ਨਾਨਕ ਸਾਹਿਬ ਦੀ ਪਾਵਨ ਚਰਨ ਛੋਹ ਪ੍ਰਾਪਤ ਧਰਤੀ 'ਤੇ ਸੰਬੋਧਨ ਕਰਦਿਆਂ ਕਿਹਾ ਕਿ ਗੋਲੀ ਦੀ ਥਾਂ 'ਤੇ ਸੰਵਾਦ ਹੋਵੇ ਤਾਂ ਆਪਣੇ ਮਸਲੇ ਟੇਬਲ 'ਤੇ ਬੈਠ ਕੇ ਹੱਲ ਹੋ ਸਕਦੇ ਹਨ। ਉਨ੍ਹਾਂ ਕਿਹਾ ਕਿ ਸਾਨੂੰ ਗੁਰੂ ਨਾਨਕ ਸਾਹਿਬ ਦੇ ਫ਼ਲਸਫ਼ੇ 'ਕੁਛਿ ਕਹਿਐ, ਕੁਝ ਸੁਣਿਐ' ਤੇ ਚਲਣਾ ਚਾਹੀਦਾ ਹੈ ਤੇ ਦੂਜਿਆਂ ਦੀ ਸੁਣੋ ਤੇ ਤਰਕ ਨਾਲ ਆਪਣੀ ਗੱਲ ਰੱਖਣੀ ਚਾਹੀਦੀ ਹੈ। 20 ਡਾਲਰ ਦੀ ਫ਼ੀਸ ਨੂੰ ਖਤਮ ਕਰਨਾ ਚਾਹੀਦਾ ਹੈ ਅਤੇ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨ ਦੀਦਾਰੇ ਕਰਨ ਜਾਣ ਵਾਲੀਆਂ ਸੰਗਤਾਂ ਕੋਲੋਂ ਪਾਸਪੋਰਟ ਦੀ ਸ਼ਰਤ ਖ਼ਤਮ ਕਰਕੇ ਆਧਾਰ ਕਾਰਡ ਰਾਹੀਂ ਦਰਸ਼ਨ ਕਰਵਾਏ ਜਾਣ। ਉਨ੍ਹਾਂ ਕਿਹਾ ਕਿ ਭਾਰਤ ਵਿੱਚ ਸਭ ਤੋਂ ਅਹਿਮ ਪਹਿਚਾਣ ਪੱਤਰ ਆਧਾਰ ਕਾਰਡ ਨੂੰ ਹੀ ਮੰਨਿਆ ਜਾਂਦਾ ਹੈ। ਕਿਸੇ ਵੀ ਕੰਮ ਲਈ ਆਧਾਰ ਕਾਰਡ ਜ਼ਰੂਰੀ ਹੈ। ਫਿਰ ਬਾਰਡਰ ਪਾਰ ਕਰਨ ਲਈ ਕਿਉਂ ਨਹੀਂ ? ਉਨ੍ਹਾਂ ਕਿਹਾ ਕਿ ਗੁਰੂ ਨਾਨਕ ਦੀ ਬਾਣੀ ਪੁਰਾਣੀਆਂ ਸਾਰੀਆਂ ਪਰੰਪਰਾਵਾਂ ਨੂੰ ਬਦਲ ਦਿੰਦੀ ਹੈ। ਪ੍ਰਮਾਤਮਾ, ਕੁਦਰਤ, ਮਾਨਵੀ ਸਰੋਕਾਰ ਸਮਾਜਕ/ਧਾਰਮਿਕ ਪਰੰਪਰਾਵਾਂ ਬਦਲ ਕੇ ਰੱਖ ਦਿੰਦੇ ਹਨ।

ਅਕਾਦਮੀ ਦੇ ਪ੍ਰਧਾਨ ਰਮੇਸ਼ ਯਾਦਵ ਨੇ ਕਿਹਾ ਕਿ ਭਾਰਤ-ਪਾਕਿ ਦਰਮਿਆਨ ਵਪਾਰ ਗੁਜਰਾਤ ਦੇ ਰਾਹੀਂ ਹੋ ਰਿਹਾ ਹੈ, ਜਦਕਿ ਦੋਵਾਂ ਦੇਸ਼ਾਂ ਲਈ ਵੱਡਾ ਵਪਾਰਕ ਕੇਂਦਰ ਪੰਜਾਬ ਹੈ। ਪੰਜਾਬ ਵਿੱਚ ਦੋ ਰਸਤਿਆਂ ਰਾਹੀਂ ਵਪਾਰ ਕੀਤਾ ਜਾ ਸਕਦਾ ਹੈ। ਪਹਿਲਾ ਵਾਹਗਾ-ਅਟਾਰੀ ਅਤੇ ਦੂਜਾ ਡੇਰਾ ਬਾਬਾ ਨਾਨਕ ਕੋਰੀਡੋਰ। ਉਨ੍ਹਾਂ ਕਿਹਾ ਕਿ ਪਹਿਲਾਂ ਵੀ ਇਨ੍ਹਾਂ ਰਸਤਿਆਂ ਰਾਹੀਂ ਵਪਾਰ ਕੀਤਾ ਜਾਂਦਾ ਸੀ ਪਰ ਦੋਵਾਂ ਦੇਸ਼ਾਂ ਦੀਆਂ ਸਰਕਾਰਾਂ ਵਿਚਕਾਰ ਮੱਤਭੇਦ ਕਾਰਨ ਵਪਾਰ ਬੰਦ ਕਰ ਦਿੱਤਾ ਗਿਆ। ਜੇਕਰ ਗੁਜਰਾਤ ਰਾਹੀਂ ਵਪਾਰ ਹੋ ਸਕਦਾ ਹੈ ਤੇ ਪੰਜਾਬ ਦੇ ਰਸਤੇ ਕਿਉਂ ਨਹੀਂ ? ਪੰਜਾਬ ਰਾਹੀਂ ਵੀ ਵਪਾਰ ਹੋਣਾ ਚਾਹੀਦਾ ਹੈ। ਉਨ੍ਹਾਂ ਦੋਵਾਂ ਦੇਸ਼ਾਂ ਦੀਆਂ ਸਰਕਾਰਾਂ ਕੋਲੋਂ ਪੁਰਜ਼ੋਰ ਮੰਗ ਕੀਤੀ ਕਿ ਇਨ੍ਹਾਂ ਰਸਤਿਆਂ ਰਾਹੀਂ ਵਪਾਰ ਕੀਤਾ ਜਾਵੇ ਤਾਂ ਕਿ ਦੋਵਾਂ ਦੇਸ਼ਾਂ ਦੇ ਲੋਕਾਂ ਨੂੰ ਰੋਜ਼ਗਾਰ ਮਿਲ ਸਕੇ ਤੇ ਦੋਵਾਂ ਦੇਸ਼ਾਂ ਦਰਮਿਆਨ 1947 ਦੀ ਭਿਆਨਕ ਘਟਨਾ ਵਿੱਚ ਵਿਛੜ ਚੁੱਕੇ ਆਪਣੇ ਲੋਕਾਂ ਨੂੰ ਆਸਾਨੀ ਨਾਲ ਮਿਲ ਸਕਣ ਤੇ ਆਪਣੀ ਮਿੱਟੀ ਨੂੰ ਚੁੰਮ ਕੇ ਨਤਮਸਤਕ ਹੋ ਸਕਣ। ਉਨ੍ਹਾਂ ਕਿਹਾ ਕਿ ਇਸ ਵੇਲੇ ਪੂਰੇ ਸੰਸਾਰ ਭਰ ਵਿੱਚ ਡਰ ਦਾ ਮਾਹੌਲ ਬਣਿਆ ਹੋਇਆ। ਪਹਿਲਾਂ ਰੂਸ ਤੇ ਯੂਕਰੇਨ ਯੁੱਧ ਅਤੇ ਹੁਣ ਇਜ਼ਰਾਇਲ ਫ਼ਲਿਸਤੀਨ ਵਿਚਕਾਰ ਯੁੱਧ ਚੱਲ ਰਿਹਾ ਹੈ। ਆਉਣ ਵਾਲੇ ਦਿਨਾਂ ਵਿੱਚ ਇਸਨੂੰ ਤੀਜੀ ਸੰਸਾਰ ਯੁੱਧ ਵਜੋਂ ਦੇਖਿਆ ਜਾ ਰਿਹਾ ਹੈ। ਸਮਾਗਮ ਉਪਰੰਤ ਅਕਾਦਮੀ ਦੇ ਮੈਂਬਰ ਮੈਡਮ ਕਮਲ ਗਿੱਲ ਨੇ ਐਲਾਨਨਾਮਾ ਪੜ੍ਹ ਕੇ ਸੁਣਾਇਆ ਅਤੇ ਇਸ ਮੱਤੇ ਨੂੰ ਸਰਬਸੰਮਤੀ ਨਾਲ ਸਮੂਹ ਸੰਗਤਾਂ ਵੱਲੋਂ ਭਰਵਾਂ ਹੁੰਗਾਰਾ ਦਿੱਤਾ ਗਿਆ। ਸਮਾਗਮ ਦੀ ਪ੍ਰਧਾਨਗੀ ਕਰਦੇ ਹੋਏ ਡਾ. ਸੁਖਦੇਵ ਸਿੰਘ ਸਿਰਸਾ ਨੇ ਕਿਹਾ ਕਿ ਪੰਜਾਬ ਗੁਰੂ ਨਾਨਕ ਦੇਵ ਜੀ ਦੀ ਜਨਮ ਭੂਮੀ ਤੇ ਕਰਮਭੂਮੀ ਵੀ ਰਹੀਂ ਹੈ। ਗੁਰੂ ਨਾਨਕ ਦੇਵ ਜੀ ਕਿਰਤ 'ਤੇ ਜ਼ੋਰ ਦਿੱਤਾ। ਉਨਾਂ ਕਿਹਾ ਕਿ ਸਮਾਜ ਨੂੰ ਬਦਲਣ ਲਈ ਕਲਮ ਦੀ 'ਤੇ ਕਿਰਤ ਕਰਨ ਵਾਲਿਆਂ ਦੀ ਲੋੜ ਹੈ। ਉਨ੍ਹਾਂ ਨੇ ਹਿੰਦੂ ਤੇ ਮੁਸਲਮਾਨ ਪੁਜਾਰੀਆਂ ਨਾਲ ਸੰਵਾਦ ਰਚਾਇਆ, ਵਿਚਾਰ-ਵਟਾਂਦਰਾ ਕੀਤਾ। ਉਨ੍ਹਾਂ ਨੂੰ ਤਰਕ ਤੇ ਵਿਗਿਆਨ ਦੇ ਆਧਾਰ 'ਤੇ ਵਿਚਰਨ ਦਾ ਸੰਦੇਸ਼ ਦਿੱਤਾ। ਉਰਦੂ ਤੇ ਫਾਰਸੀ ਦੇ ਪ੍ਰਸਿੱਧ ਸ਼ਾਇਰ ਡਾ. ਮੁਹੰਮਦ ਇਕਬਾਲ ਨੇ ਉਨ੍ਹਾਂ ਨੂੰ 'ਮਰਦ-ਏ-ਕਾਮਿਲ' ਕਹਿ ਕੇ ਵੱਡਿਆਇਆ। ਪ੍ਰਸਿੱਧ ਕਵੀ ਰਾਬਿੰਦਰਨਾਥ ਟੈਗੋਰ ਨੇ ਗੁਰੂ ਜੀ ਦੁਆਰਾ ਰਚਿਤ ਆਰਤੀ ਦੀ ਸਿਫ਼ਤ ਕੀਤੀ। ਡਾ. ਸੁਰਜੀਤ ਜੱਜ ਨੇ ਕਿਹਾ ਕਿ ਅਜੋਕੇ ਸਮੇਂ ਦੇ ਹਾਲਾਤ ਨੂੰ ਦੇਖਦੇ ਹੋਏ ਅੱਜ ਦਾ ਸੈਮੀਨਾਰ ਅਤੇ ਕਵੀ ਦਰਬਾਰ ਗੁਰੂ ਨਾਨਕ ਦੇਵ ਜੀ ਦੀ ਬਾਣੀ ਤੇ ਫ਼ਲਸਫ਼ੇ ਦੇ ਸੰਧਰਭ ਵਿੱਚ ਆਯੋਜਿਤ ਕੀਤਾ ਗਿਆ ਹੈ। ਇਸ ਦੀ ਤਿਆਰੀ ਵਿੱਚ ਸਹਿਯੋਗੀ ਸੰਸਥਾਵਾਂ ਦੀ ਅਹਿਮ ਭੂਮਿਕਾ ਹੈ। ਸੈਮੀਨਾਰ ਤੋਂ ਬਾਅਦ ਦੂਜੇ ਸੈਸ਼ਨ ਵਿਚ ਕਵੀ ਦਰਬਾਰ ਕਰਵਾਇਆ ਗਿਆ। ਇਸ ਕਵੀ ਦਰਬਾਰ ਵਿੱਚ ਪ੍ਰੋ. ਨਵੇਤਜ ਗੜ੍ਹਦੀਵਾਲਾ, ਪ੍ਰੋ. ਬਲਦੇਵ ਬਲੀ, ਡਾ. ਭੁਪਿੰਦਰ ਕੌਰ ਫਗਵਾੜਾ, ਡਾ. ਅਰਵਿੰਦਰ ਕੌਰ, ਡਾ. ਸੁਖਦੀਪ ਦੀਪ, ਨਿਰੰਜਨ ਸਿੰਘ ਗਿੱਲ, ਕੀਰਤ ਪ੍ਰਤਾਪ ਸਿੰਘ ਪੰਨੂੰ, ਪ੍ਰੋ. ਕੁਲਦੀਪ ਚੌਹਾਨ, ਦੇਵ ਰਾਜ ਦਾਦਰ, ਜਗਪਾਲ ਚਹਿਲ, ਅਮਰੀਕ ਡੋਗਰਾ, ਮਖਣ ਮਾਨ, ਡਾ. ਸੰਤੋਖ ਸੁੱਖੀ, ਡਾ. ਹਰਦੀਪ ਸਿੰਘ, ਨਰੈਣ ਸਿੰਘ ਬਾਜਵਾ, ਗੁਰਭੇਜ ਭਲਾਈਵਾਲਾ, ਸੁੱਚਾ ਸਿੰਘ ਰੰਧਾਵਾ, ਹਰਦਰਸ਼ਨ ਸਿੰਘ ਕੰਵਲ, ਜਸਵਿੰਦਰ ਸਿੰਘ ਢਿਲੋਂ, ਸੁਖਬੀਰ ਭੁੱਲਰ, ਨਿਰਮਲ ਸਿੰਘ ਆਦਿ ਕਵੀਆਂ ਨੇ ਗੁਰੂ ਨਾਨਕ ਸਾਹਿਬ 'ਤੇ ਲਿਖਿਤ ਕਵਿਤਾਵਾਂ ਸੁਣਾਈਆਂ। ਮੰਚ ਸੰਚਾਲਕ ਦੀ ਭੂਮਿਕਾ ਧਰਵਿੰਦਰ ਔਲਖ ਨੇ ਬਾਖੂਬੀ ਨਿਭਾਈ। ਸਭ ਦਾ ਧੰਨਵਾਦ ਹਰਜਿੰਦਰਪਾਲ ਕੌਰ ਕੰਗ ਨੇ ਕੀਤਾ। ਇਸ ਮੌਕੇ ਸ੍ਰੀ ਕਰਤਾਰਪੁਰ ਸਾਹਿਬ ਸੰਘਰਸ਼ ਕਮੇਟੀ ਦੇ ਪ੍ਰਧਾਨ ਵਿਜੇ ਔਕੁਮਾਰ ਸੋਨੀ, ਕਾਮਰੇਡ ਗੁਲਜ਼ਾਰ ਸਿੰਘ ਬਸੰਤ ਕੋਟ, ਦਿਲਬਾਗ ਸਿੰਘ ਸਰਕਾਰੀਆ, ਕਮਲ ਗਿੱਲ, ਹਰਜੀਤ ਸਿੰਘ ਸਰਕਾਰੀਆ, ਗੁਰਪ੍ਰੀਤ ਸਿੰਘ ਕੱਦਗਿੱਲ, ਜਗਰੂਪ ਸਿੰਘ ਐਮਾ, ਗੋਬਿੰਦ ਕੁਮਾਰ, ਰਾਜ ਗੁਰਵਿੰਦਰ ਸਿੰਘ ਲਾਡੀ, ਦਿਲਬਾਗ ਸਿੰਘ ਡੋਗਰ, ਅਮਰਜੀਤ ਕੌਰ, ਕਾਮਰੇਡ ਮਨਜੀਤ ਸਿੰਘ ਰਾਊਵਾਲ, ਪ੍ਰਭਜੋਤ ਸਿੰਘ ਭੱਲਾ, ਕਾਮਰੇਡ ਤਰਲੋਕ ਸਿੰਘ ਬਹਿਰਾਮਪੁਰਾ, ਹਰਪਾਲ ਸਿੰਘ ਛੀਨਾ ਆਦਿ ਵੱਡੀ ਗਿਣਤੀ ਵਿੱਚ ਕਿਸਾਨ ਜੱਥੇਬੰਦੀਆਂ, ਕਿਸਾਨ ਆਗੂ ਅਤੇ ਕਾਲਜਾਂ ਦੇ ਵਿਦਿਆਰਥੀ ਹਾਜ਼ਰ ਸਨ।

21-Nov-PAGE-4.qxd 11/20/2023 11:26 PM Page 1

ਨਵਾਂ ਜ਼ਮਾਨਾ

ਮੰਗਲਵਾਰ, 21 ਨਵੰਬਰ 2023

# ਕਪਿਲ ਦੇਵ ਦੀ ਬੇਇੱਜ਼ਤੀ

*1983 'ਚ ਪਹਿਲਾ ਵਿਸ਼ਵ ਕ੍ਰਿਕਟ ਕੱਪ ਜਿੱਤਣ ਵਾਲੀ ਭਾਰਤੀ ਟੀਮ ਦੇ ਕਪਤਾਨ ਰਹੇ ਕਪਿਲ ਦੇਵ ਨੂੰ ਅਹਿਮਦਾਬਾਦ ਵਿਚ ਐਤਵਾਰ ਭਾਰਤ ਤੇ ਆਸਟ੍ਰੇਲੀਆ ਵਿਚਾਲੇ ਖੇਡੇ ਗਏ ਫਾਈਨਲ ਮੈਚ ਨੂੰ ਦੇਖਣ ਲਈ ਆਦਰ-ਸਹਿਤ ਨਾ ਸੱਦੇ ਜਾਣ 'ਤੇ ਤਿੱਖੀ ਪ੍ਰਤੀਕ੍ਰਿਆ ਹੋਈ ਹੈ। ਲੋਕ ਪੁੱਛ ਰਹੇ ਹਨ ਕਿ ਕੀ ਅੰਦੋਲਨਕਾਰੀ ਮਹਿਲਾ ਭਲਵਾਨਾਂ ਦਾ ਸਾਥ ਦੇਣ 'ਤੇ ਮਹਾਨ ਕ੍ਰਿਕਟ ਖਿਡਾਰੀ ਦੀ ਬੇਇੱਜ਼ਤੀ ਕੀਤੀ ਗਈ? ਕਾਂਗਰਸ ਦੇ ਸੀਨੀਅਰ ਆਗੂ ਜੈਰਾਮ ਰਮੇਸ਼ ਨੇ ਕਿਹਾ ਹੈ ਕਿ ਟੂਰਨਾਮੈਂਟ ਦੇ ਜਥੇਬੰਦਕਾਂ ਨੇ ਬੇਹੱਦ ਘਟੀਆਪਨ ਦਿਖਾਇਆ ਹੈ। ਬਿਸ਼ਨ ਸਿੰਘ ਬੇਦੀ ਦੀ ਤਰ੍ਹਾਂ ਕਪਿਲ ਦੇਵ ਵੀ ਖਿਡਾਰੀਆਂ ਦੇ ਹੱਕ 'ਚ ਆਪਣੀ ਗੱਲ ਕਹਿਣ ਲਈ ਜਾਣੇ ਜਾਂਦੇ ਹਨ ਅਤੇ ਉਹ ਭਾਰਤੀ ਕੁਸ਼ਤੀ ਫੈਡਰੇਸ਼ਨ ਦੇ ਵੇਲੇ ਦੇ ਪ੍ਰਧਾਨ ਤੇ ਭਾਜਪਾ ਸਾਂਸਦ ਬ੍ਰਿਜ ਭੂਸ਼ਣ ਸ਼ਰਣ ਸਿੰਘ ਖਿਲਾਫ ਯੌਨ ਸ਼ੋਸ਼ਣ ਦੇ ਦੋਸ਼ਾਂ ਨੂੰ ਲੈ ਕੇ ਅੰਦੋਲਨ ਕਰ ਰਹੀਆਂ ਮਹਿਲਾ ਭਲਵਾਨਾਂ ਦੇ ਸਮਰਥਨ 'ਚ ਖੁੱਲ੍ਹ ਕੇ ਬੋਲੇ ਸਨ। ਕਪਿਲ ਦੇਵ ਨੇ ਸਵਾਲ ਕੀਤਾ ਸੀ—ਕੀ ਇਨ੍ਹਾਂ ਭਲਵਾਨਾਂ ਨੂੰ ਕਦੇ ਇਨਸਾਫ ਮਿਲ ਸਕੇਗਾ? ਕਪਿਲ ਦੇਵ ਦੀ ਅਗਵਾਈ 'ਚ ਸੁਨੀਲ ਗਾਵਸਕਰ, ਮਹਿੰਦਰ ਅਮਰਨਾਥ, ਕੇ ਸ੍ਰੀਕਾਂਤ, ਸਈਅਦ ਕਿਰਮਾਨੀ, ਯਸ਼ਪਾਲ ਸ਼ਰਮਾ, ਮਦਨ ਲਾਲ, ਬਲਵਿੰਦਰ ਸਿੰਘ, ਸੰਦੀਪ ਪਾਟਿਲ, ਕੀਰਤੀ ਆਜ਼ਾਦ ਤੇ ਰੋਜਰ ਬਿੰਨੀ ਵਰਗੇ 1983 ਵਾਲੀ ਟੀਮ ਦੇ ਮੈਂਬਰਾਂ ਨੇ ਮਹਿਲਾ ਭਲਵਾਨਾਂ ਨੂੰ ਰੋਸ ਵਜੋਂ ਆਪਣੇ ਮੈਡਲ ਗੰਗਾ ਵਿਚ ਨਾ ਵਹਾਉਣ ਦੀ ਅਪੀਲ ਕੀਤੀ ਸੀ। ਉਨ੍ਹਾਂ ਬਿਆਨ ਵਿਚ ਕਿਹਾ ਸੀ—ਮਹਿਲਾ ਭਲਵਾਨਾਂ ਨਾਲ ਜੋ ਗਲਤ ਹੋਇਆ ਹੈ, ਉਸ ਨਾਲ ਦੇਸ਼ ਦਾ ਮਾਣ ਘਟਿਆ ਹੈ। ਉਨ੍ਹਾਂ ਬਾਰੇ ਸਰਕਾਰ ਛੇਤੀ ਕੋਈ ਫੈਸਲਾ ਕਰੇ। ਅਸੀਂ ਭਲਵਾਨਾਂ ਨੂੰ ਵੀ ਕਹਿੰਦੇ ਹਾਂ ਕਿ ਉਹ ਜਲਦਬਾਜ਼ੀ ਵਿਚ ਕੋਈ ਫੈਸਲਾ ਨਾ ਕਰਨ। ਆਸ ਹੈ ਕਿ ਭਲਵਾਨਾਂ ਦੀ ਗੱਲ ਸਰਕਾਰ ਵੱਲੋਂ ਸੁਣੀ ਜਾਵੇਗੀ।*

*ਇਕ ਵਿਅਕਤੀ ਨੇ ਟਵੀਟ ਕੀਤਾ—ਕਪਿਲ ਦੇਵ ਨੂੰ ਨਹੀਂ ਸੱਦਿਆ ਗਿਆ, ਪਰ ਇਕ ਫਿਲਮ ਵਿਚ ਉਸ ਦਾ ਕਿਰਦਾਰ ਨਿਭਾਉਣ ਵਾਲੇ ਅਭਿਨੇਤਾ ਨੂੰ ਸੱਦਿਆ ਗਿਆ। ਸ਼ਿਵ ਸੈਨਾ ਆਗੂ ਸੰਜੇ ਰਾਉਤ ਨੇ ਕਿਹਾ—ਕਪਿਲ ਨੂੰ ਨਾ ਸੱਦ ਕੇ ਭਾਰਤ ਦਾ ਅਪਮਾਨ ਕੀਤਾ ਗਿਆ। ਕਿੰਨੀ ਸ਼ਰਮ ਦੀ ਗੱਲ ਹੈ? ਭਾਰਤੀ ਕ੍ਰਿਕਟ ਕੰਟਰੋਲ ਬੋਰਡ ਤੇ ਕੌਮਾਂਤਰੀ ਕ੍ਰਿਕਟ ਕੌਂਸਲ ਨੂੰ ਦੁਨੀਆ ਨੂੰ ਦੱਸਣਾ ਚਾਹੀਦਾ ਹੈ ਕਿ ਕੀ ਉਨ੍ਹਾਂ ਭਾਰਤ ਦੀ ਸੱਤਾਧਾਰੀ ਪਾਰਟੀ ਦੇ ਦਬਾਅ ਹੇਠ ਇੰਜ ਕੀਤਾ? ਉਨ੍ਹਾਂ ਨੂੰ ਪੂਰੇ ਕ੍ਰਿਕਟ ਜਗਤ ਨੂੰ ਸਫਾਈ ਦੇਣੀ ਚਾਹੀਦੀ ਹੈ।*

*ਕਪਿਲ ਦੇਵ ਨੂੰ ਨਾ ਸੱਦਣ ਦਾ ਪਤਾ ਉਦੋਂ ਲੱਗਾ, ਜਦੋਂ ਇਕ ਟੀ ਵੀ ਪ੍ਰੋਗਰਾਮ ਵਿਚ ਉਨ੍ਹਾ ਨੂੰ ਪੁੱਛਿਆ ਗਿਆ ਕਿ ਉਹ ਫਾਈਨਲ ਦੇਖਣ ਕਿਉਂ ਨਹੀਂ ਗਏ? ਕਪਿਲ ਦਾ ਜਵਾਬ ਸੀ—ਤੁਸੀਂ ਸੱਦਿਆ ਮੈਂ ਤੁਹਾਡੇ ਵੱਲ ਆ ਗਿਆ, ਉਨ੍ਹਾਂ ਨਹੀਂ ਸੱਦਿਆ ਤਾਂ ਉਧਰ ਨਹੀਂ ਗਿਆ, ਬੱਸ ਏਨੀ ਕੁ ਗੱਲ ਹੈ। ਮੈਂ ਤਾਂ ਚਾਹੁੰਦਾ ਸੀ ਕਿ 1983 ਵਾਲੀ ਮੇਰੀ ਪੂਰੀ ਟੀਮ ਨੂੰ ਸੱਦਦੇ, ਪਰ ਜਥੇਬੰਦਕਾਂ 'ਤੇ ਜ਼ਿੰਮੇਵਾਰੀਆਂ ਏਨੀਆਂ ਹੁੰਦੀਆਂ ਹਨ ਕਿ ਕਈ ਵਾਰ ਉਹ ਭੁੱਲ ਜਾਂਦੇ ਹਨ।*

*ਹਾਲਾਂਕਿ ਕਪਿਲ ਦੇਵ ਨੇ ਨਾ ਸੱਦੇ ਜਾਣ 'ਤੇ ਕੋਈ ਨਾਰਾਜ਼ਗੀ ਜ਼ਾਹਰ ਨਹੀਂ ਕੀਤੀ, ਪਰ ਉਨ੍ਹਾ ਨਾਲ ਜਥੇਬੰਦਕਾਂ ਨੇ ਜੋ ਸਲੂਕ ਕੀਤਾ ਹੈ, ਉਹ ਦਰਸਾਉਂਦਾ ਹੈ ਕਿ ਹਾਕਮ ਆਪਣੇ ਖਿਲਾਫ ਕੁਝ ਵੀ ਸੁਣਨ ਨੂੰ ਤਿਆਰ ਨਹੀਂ, ਭਾਵੇਂ ਕੋਈ ਵਿਸ਼ਵ ਪ੍ਰਸਿੱਧ ਬੰਦਾ ਕੋਈ ਨੇਕ ਸਲਾਹ ਹੀ ਕਿਉਂ ਨਾ ਦੇਵੇ।*

# ਮੋਦੀ ਸਰਕਾਰ ਦੇ ਦਿਨ ਪੁੱਗਣ ਦੀ ਤਿਆਰੀ



ਹਰਚੰਦ ਸਿੰਘ ਬਾਸੀ

ਬੜੀ ਹੀ ਸਾਜ਼ਿਸ਼ ਤਹਿਤ 2014 ਵਿੱਚ ਰਾਜ ਸੱਤਾ ਵਿੱਚ ਆਈ ਬੀ ਜੇ ਪੀ ਅਤੇ ਆਰ ਐੱਸ ਐੱਸ ਦੀ ਸਰਕਾਰ ਦੇ ਦਿਨ ਪੁੱਗਣ ਦੇ ਨੇੜੇ ਆ ਗਏ ਹਨ। ਆਰ ਐੱਸ ਐੱਸ ਬਾਰੇ ਅਜ਼ਾਦੀ ਅੰਦੋਲਨ ਤੋਂ ਹੀ ਇਸ ਦੀਆਂ ਸ਼ਾਵਨਵਾਦੀ ਨੀਤੀਆਂ ਬਾਰੇ ਭਰਮ-ਭੁਲੇਖਾ ਨਹੀਂ ਸੀ। ਇਹ ਪਹਿਲਾਂ ਜਨ ਸੰਘ ਅਤੇ ਮੌਜੂਦਾ ਬੀ ਜੇ ਪੀ ਦੀ ਬੈਕ ਤੇ ਆਰ ਐੱਸ ਐੱਸ ਕੰਮ ਕਰਦੀ ਹੈ, ਜਿਸ ਦੀਆਂ ਨੀਤੀਆਂ ਹਿਟਲਰਸ਼ਾਹੀ ਹਨ। ਇਹ ਭਾਰਤ ਅੰਦਰ ਕਿਸੇ ਹੋਰ ਧਰਮ ਨੂੰ ਖਤਮ ਕਰਨ ਦੇ ਮਨਸੂਬੇ ਨਾਲ ਕੰਮ ਕਰਦੀ ਹੈ ਅਤੇ ਵੱਖ-ਵੱਖ ਰਾਜਾਂ ਦੇ ਸੱਭਿਆਚਾਰ ਨੂੰ ਮਿਟਾਉਣ ਦੀ ਸਾਜ਼ਿਸ਼ ਤਹਿਤ ਬੜੇ ਸ਼ਾਤਰਾਨਾ ਢੰਗ ਨਾਲ ਗੁੱਝੇ ਹਮਲੇ ਕਰਦੀ ਹੈ। ਜੇ ਇਸ ਨੂੰ ਲੱਗੇ ਕਿ ਇਸ 'ਤੇ ਜ਼ੋਰਦਾਰ ਹਮਲੇ ਹੋ ਰਹੇ ਹਨ ਤਾਂ ਸ਼ੁਤਰਮੁਰਗ ਵਾਂਗੂੰ ਆਪਣਾ ਸਿਰ ਲੁਕਾ ਲੈਂਦੀ ਹੈ ਅਤੇ ਹਮਲਾ ਟਲ ਜਾਏ ਤਾਂ ਫਿਰ ਹਮਲੇ ਸ਼ੁਰੂ ਕਰ ਦਿੰਦੀ ਹੈ।

ਮੌਜੂਦਾ ਸਮੇਂ ਸੱਤਾ 'ਤੇ ਕਿਸ ਤਰ੍ਹਾਂ ਕਾਬਜ਼ ਹੋਈ, ਇਸ ਪਿੱਛੇ ਵੀ ਇੱਕ ਵੱਡੀ ਕਹਾਣੀ ਹੈ। ਅੰਨਾ ਅੰਦੋਲਨ ਨੂੰ ਆਮ ਲੋਕ ਤਾਂ ਕੀ ਵੱਡੇ ਵੱਡੇ ਧਨੰਤਰ ਵੀ ਸਮਝ ਨਹੀਂ ਸਕੇ, ਜਨਤਾ ਨੂੰ ਅਜਿਹਾ ਚਕਮਾ ਦਿੱਤਾ ਕਿ ਸਰਕਾਰ ਤਾਂ ਕੀ, ਜਨਤਾ ਮੂਧੇ ਮੂੰਹ ਕਰ ਦਿੱਤੀ। ਫਿਰ ਕੀ ਹੋਇਆ ਜਾਣੋ ਇਸ ਤਰਕ ਥੱਲੇ ਕਿ ਜਨਤਾ ਨੇ ਚੁਣਿਆ ਹੈ। ਅਸੀਂ ਜੋ ਚਾਹੀਏ, ਕਰ ਸਕਦੇ ਹਾਂ, ਪਰ ਇਹ ਭੁੱਲ ਗਏ ਹਨ ਕਿ ਜਨਤਾ ਨੇ ਇਸ ਲਈ ਨਹੀਂ ਚੁਣਿਆ, ਉਹਨਾਂ ਦਾ ਦੇਸ਼ ਆਪਣੇ ਨਾ ਕਰਵਾ ਲਓ ਅਤੇ ਇਸ ਦੇ ਲਈ ਭਾਵੇਂ ਜਨਤਾ ਨੂੰ ਮਾਰਨਾ ਪਏ ਤਾਂ ਮਾਰ ਦਿਓ।

ਦੇਸ਼ ਦੇ ਬੁੱਧੀਜੀਵੀਆਂ ਅਤੇ ਸਧਾਰਨ ਲੋਕਾਂ ਵਿੱਚ ਗੰਭੀਰ ਚਰਚਾ ਹੈ ਕਿ ਇਹ ਕੀ ਹੋ ਰਿਹਾ ਹੈ।

ਲੋਕ ਹਿੱਤੂ ਕਾਨੂੰਨ ਸਭ ਬਦਲ ਦਿੱਤੇ। ਡੈਮੋਕਰੇਟਿਕ (ਲੋਕਤੰਤਰ) ਦੀਆਂ ਸਭ ਸੰਵਿਧਾਨਿਕ ਸੰਸਥਾਵਾਂ ਤਬਾਹ ਕਰ ਦਿੱਤੀਆਂ। ਵਿਦਿਅਕ ਸੰਸਥਾਵਾਂ ਆਪਣੇ ਮੁਤਾਬਕ ਚਲਾਉਣ ਲਈ ਨੀਤੀਆਂ ਘੜ ਲਈਆਂ। ਯੂਨੀਵਰਸਿਟੀਆਂ ਵਿੱਚ ਆਰ ਐੱਸ ਐੱਸ ਦੇ ਮੁਖੀ ਅਤੇ ਹੋਰ ਉੱਚ ਅਧਿਕਾਰੀ ਨਿਯੁਕਤ ਕਰ ਦਿੱਤੇ। ਪ੍ਰਿੰਟ ਮੀਡੀਆ ਅਤੇ ਇਲੈਕਟ੍ਰੋਨਿਕ ਮੀਡੀਆ ਆਪਣੇ ਕਾਬੂ ਵਿੱਚ ਲੈ ਲਿਆ, ਜੋ ਸਰਕਾਰ ਦੀ ਹਰ ਗਲਤ-ਮਲਤ ਨੀਤੀਆਂ ਦੀ ਪ੍ਰਸੰਸਾ ਹੀ ਕਰੇ, ਜਨਤਾ ਨੂੰ ਸਰਕਾਰ ਦੀਆਂ ਕਮੀਆਂ ਦਾ ਪਤਾ ਨਾ ਚੱਲੇ। ਮੀਡੀਆ ਸਰਕਾਰ ਤੋਂ ਸਵਾਲ ਪੁੱਛਣ ਦੀ ਬਜਾਏ ਵਿਰੋਧੀਆਂ ਨੂੰ ਹੀ ਕਟਹਿਰੇ ਵਿੱਚ ਖੜ੍ਹਾ ਕਰਨ ਲੱਗਾ ਹੈ। ਪਾਰਲੀਮੈਂਟ ਵਿੱਚ ਵਿਰੋਧੀਆਂ ਦੇ ਮਾਈਕ ਬੰਦ ਕਰ ਦਿੱਤੇ ਜਾਂਦੇ ਰਹੇ। ਸਰਕਾਰ ਤੋਂ ਸਵਾਲ ਪੁੱਛਣ ਵਾਲਿਆਂ ਨੂੰ ਮੁਕੱਦਮਿਆਂ ਵਿੱਚ ਫਸਾਇਆ ਗਿਆ। ਈ ਡੀ, ਸੀ ਬੀ ਆਈ, ਇਨਕਮ ਟੈਕਸ ਵਿਭਾਗ ਜਿਹੀਆਂ ਸੁਤੰਤਰ ਸੰਸਥਾਵਾਂ ਨੂੰ ਆਪਣੀ ਮਰਜ਼ੀ ਨਾਲ ਵਿਰੋਧੀਆਂ ਨੂੰ ਫਸਾਉਣ ਲਈ ਵਰਤਿਆ ਜਾਣ ਲੱਗਾ।

ਇਲੈਕਸ਼ਨ ਕਮਿਸ਼ਨ ਵਿੱਚ ਆਪਣੇ ਚਹੇਤੇ ਬਿਠਾ ਦਿੱਤੇ, ਜੋ ਕਿਸੇ ਦੀ ਨਹੀਂ ਸੁਣਦੇ, ਜਿਸ ਕਾਰਨ ਮੋਦੀ ਇਲੈਕਸ਼ਨ ਦੇ ਨਿਯਮਾਂ ਦੀਆਂ ਧੱਜੀਆਂ ਉਡਾ ਦਿੰਦਾ ਹੈ। ਇਲੈਕਸ਼ਨ ਕਮਿਸ਼ਨ ਮੋਦੀ ਮੁਤਾਬਕ ਹੀ ਸ਼ਡਿਊਲ ਬਣਾਉਂਦਾ ਹੈ। ਦੇਸ਼ ਦੇ ਗੁਜਰਾਤੀ ਧਨੀ ਨੂੰ ਦੇਸ਼ ਦੀਆਂ ਬੰਦਰਗਾਹਾਂ, ਹਵਾਈ ਅੱਡੇ, ਪਾਵਰ ਸੈਕਟਰ, ਕੋਇਲਾ ਖਾਨਾਂ, ਖੇਤੀ ਸੈਕਟਰ ਸਭ ਪਾਸੇ ਕੌਡੀਆਂ ਦੇ ਭਾਅ ਵੇਚ ਦਿੱਤੀਆਂ। ਵੱਡੇ-ਵੱਡੇ ਕਾਰੋਬਾਰੀਆਂ ਦੇ ਕਰੋੜਾਂ ਰੁਪਏ ਮਾਫ ਕਰ ਦਿੱਤੇ, ਪਰ ਦੇਸ਼ ਦੇ ਗਰੀਬਾਂ ਦੀ ਝੋਲੀ ਖਾਲੀ ਰਹੀ ਗਰੀਬ ਹੋਰ ਗਰੀਬ ਹੋ ਗਿਆ। ਖੇਤੀ ਸੈਕਟਰ ਅਡਾਨੀ ਨੂੰ ਦੇਣ ਲਈ ਕਿਸਾਨਾਂ ਵਿਰੁੱਧ ਮਾਰੂ ਤਿੰਨ ਖੇਤੀ ਕਾਨੂੰਨ ਬਣਾ ਦਿੱਤੇ, ਜੋ ਕਿਸਾਨਾਂ ਨੇ ਲੰਮੇ ਸੰਘਰਸ਼ ਪਿੱਛੋਂ ਵਾਪਸ ਕਰਵਾਏ। ਇਹ ਤਲਵਾਰ ਅਜੇ ਸਿਰ 'ਤੇ ਲਟਕਦੀ ਹੈ। ਕਿਸੇ ਵੇਲੇ ਵੀ ਫਿਰ ਹਮਲਾ ਜ਼ਰੂਰ ਹੋਵੇਗਾ। ਦੇਸ਼ ਦੇ ਕਿਸਾਨਾਂ 'ਤੇ ਭੱਦੀਆਂ ਟਿੱਪਣੀਆਂ ਕੀਤੀਆਂ ਗਈਆਂ। ਨੋਟਬੰਦੀ ਅਤੇ ਜੀ ਐੱਸ ਟੀ ਨੇ ਕਾਰੋਬਾਰੀਆਂ ਦਾ ਲੱਕ ਤੋੜ ਦਿਤਾ। ਛੋਟਾ ਕਾਰੋਬਾਰ ਤਬਾਹ ਹੋ ਗਿਆ। ਪੈਰ-ਪੈਰ ਤੇ ਝੂਠ ਬੋਲ ਕੇ ਸਧਾਰਨ ਲੋਕਾਂ ਨੂੰ ਗੁੰਮਰਾਹ ਕੀਤਾ ਜਾਂਦਾ ਹੈ, ਜਿਸ ਨਾਲ ਪ੍ਰਧਾਨ ਮੰਤਰੀ ਦੇ ਉੱਚ ਅਹੁਦੇ ਦੀ ਗਰਮਾ ਨੂੰ ਠੇਸ ਪਹੁੰਚਾਈ ਜਾਂਦੀ ਹੈ। ਕਿਸੇ ਗੱਲ 'ਤੇ ਯਕੀਨ ਕਰਨਾ ਮੁਹਾਲ ਹੋ ਗਿਆ ਹੈ। ਕੈਬਨਿਟ ਦੀ ਸਲਾਹ ਤੋਂ ਬਗੈਰ ਝੱਟ-ਪੱਟ ਐਲਾਨ ਕਰ ਦਿੱਤੇ ਜਾਂਦੇ ਹਨ। ਇਲੈਕਟ੍ਰਿਕ ਬੌਂਡ ਦੀ ਗੁਪਤ ਸਕੀਮ ਲਿਆ ਕੇ ਕਰੋੜਾਂ ਰੁਪਏ ਦਾ ਧਨ ਇਕੱਠਾ ਕਰ ਲਿਆ ਹੈ, ਜਿਸ ਧਨ ਦੀ ਵਰਤੋ ਨਾਲ ਰਾਜਾਂ ਵਿੱਚ ਵਿਰੋਧੀ ਸਰਕਾਰਾਂ ਡੇਗੀਆਂ ਜਾਂਦੀਆਂ ਹਨ। ਜਨਤਾ ਦੇ ਮੱਤ ਦਾ ਘੋਰ ਅਪਮਾਨ ਕੀਤਾ ਜਾਂਦਾ ਹੈ। ਬਹੁਤ ਸਾਰੇ ਕਾਰੋਬਾਰੀ ਮਿੱਤਰ ਬੈਂਕਾਂ ਤੋਂ ਦੇਸ਼ ਦਾ ਪੈਸਾ ਲੈ ਕੇ ਫਰਾਰ ਹੋ ਗਏ। ਰਿਜ਼ਰਵ ਬੈਂਕ ਤੋਂ ਨਿਯਮਾਂ ਦੀ ਉਲੰਘਣਾ ਕਰਕੇ ਪੈਸਾ ਬਟੋਰਿਆ ਗਿਆ। ਕੋਰੋਨਾ ਕਾਲ ਸਮੇਂ ਲੋਕਾਂ ਦੀ ਜ਼ਿੰਦਗੀ ਬਿਨਾਂ ਇਲਾਜ ਤੋਂ ਚਲੀ ਗਈ। ਲੋਕਾਂ ਨੇ ਆਪਣੇ ਪਿਆਰਿਆਂ ਨੂੰ ਪੈਸੇ ਦੀ ਘਾਟ ਤੋਂ ਦਫਨਾਇਆ ਜਿਨ੍ਹਾਂ ਦੇ ਸਰੀਰ ਕਾਵਾਂ-ਕੁੱਤਿਆਂ ਨੇ ਵੀਰਾਨ ਕੀਤੇ। ਦੇਸ਼ ਨੂੰ ਆਪਣੀ ਜਗੀਰ ਸਮਝ ਕੇ ਲੋਕਾਂ ਨੂੰ ਹਾਸ਼ੀਏ 'ਤੇ ਲੈ ਆਂਦਾ। ਇਸ ਤੋਂ ਵੀ ਅੱਗੇ ਸੰਵਿਧਾਨ ਨੂੰ ਬਦਲਣ ਦੀ ਤਿਆਰੀ ਹੈ ਅਤੇ ਹਿੰਦੂ ਰਾਸ਼ਟਰ ਬਣਾਉਣ ਦੇ ਘਿਨਾਉਣੇ ਮਨਸੂਬੇ ਹਨ। ਸੱਤਾ 'ਤੇ ਕਬਜ਼ੇ ਤੋਂ ਪਹਿਲਾਂ ਨੈਤਿਕਤਾ ਦਾ ਪਾਠ ਪੜ੍ਹਾਉਂਦੇ ਸਨ, ਪਰ ਹੁਣ ਉਹ ਸਭ ਹਦਾਂ ਬੰਨੇ ਤੋੜ ਕੇ ਅਤਿ ਨੀਂਵੇ ਪੱਧਰ ਦਾ ਪ੍ਰਗਟਾਵਾ ਕਰਦੇ ਹਨ। ਮੌਬ ਲਿੰਚਿੰਗ ਤੋਂ ਲੈ ਕੇ ਪੁਲਸ ਰਾਜ ਦੇ ਹਾਮੀ ਹਨ।

ਦੇਸ਼ ਦੀਆਂ ਅਦਾਲਤਾਂ ਨੂੰ ਆਪਣੇ ਹਿੱਤ ਵਿੱਚ ਵਰਤਿਆ ਜਾਣ ਲੱਗਾ। ਜੱਜਾਂ ਨੂੰ ਡਰਾ ਧਮਕਾ ਕੇ ਅਤੇ ਲਾਲਚ ਦੇ ਕੇ ਕੁੱਝ ਅਹਿਮ ਫੈਸਲੇ ਆਪਣਾ ਰਾਜ ਪੱਕਾ ਕਰਨ ਦੇ ਫੈਸਲੇ ਕਰਵਾਏ। ਕੋਲਜੀਅਮ ਨੂੰ ਖਤਮ ਕਰਕੇ ਆਪ ਹੀ ਚਹੇਤੇ ਜੱਜਾਂ ਦੀ ਨਿਯੁਕਤੀ ਕਰਨ ਲਈ ਤਰਲੋਮੱਛੀ ਹੋਏ ਫਿਰਦੇ ਹਨ। ਸੁਪਰੀਮ ਕੋਰਟ ਵੱਲੋਂ ਜੱਜਾਂ ਦੀ ਨਿਯੁਕਤੀ ਲਈ ਕਈ ਅੜਿੱਕੇ ਡਾਹੁਣ ਦਾ ਮਤਲਬ ਜੱਜ ਉਹਨਾਂ ਦੀ ਪਸੰਦ ਦੇ ਨਹੀਂ ਜੋ ਇਹਨਾਂ ਦੀ ਖ਼ਾਹਿਸ਼ ਮੁਤਾਬਕ ਫੈਸਲੇ ਨਹੀਂ ਦਿੰਦੇ। ਦੇਸ਼ ਅੰਦਰ ਮਨੂੰਵਾਦੀ ਨੀਤੀਆਂ ਨਾਲ ਦਲਿਤਾਂ ਦੇ ਉਥਾਨ ਦੀ ਵਿਰੋਧੀ ਹੈ। ਅਜਿਹੀਆਂ ਹਾਲਤਾਂ ਵਿੱਚ ਲੋਕ ਆਪਣੇ ਪੈਰੀਂ ਮਾਰੇ ਕੁਹਾੜੇ ਦੀ ਪੀੜ ਨੂੰ ਸਮਝਣ ਲੱਗੇ ਹਨ ਅਤੇ ਮੋਦੀ ਸਰਕਾਰ ਦਾ ਵਿਰੋਧ ਕਰਨ ਲੱਗੇ ਹਨ। ਜਿਸ ਨਾਲ ਮੋਦੀ ਸਰਕਾਰ ਦੇ ਹੰਕਾਰੀ ਰਾਜ ਨੂੰ ਚੱਲਦਾ ਕਰਨ ਲਈ ਕਮਰ ਕਸੇ ਕਰਨ ਲੱਗੇ ਹਨ।

ਕਾਂਗਰਸ ਸਰਕਾਰ ਦੇ ਨੇਤਾਵਾਂ ਦੀ ਨਾਅਹਿਲੀਅਤ ਸੱਤਾ ਦੀ ਮਦਹੋਸ਼ੀ, ਆਪਸੀ ਚੌਧਰਪੁਣੇ ਦੀ ਗੁੱਟਬੰਦੀ, ਦੇਸ਼ ਸੇਵਾ ਨਾਲੋਂ ਦੌਲਤਾਂ ਦੀ ਕਮਾਈ ਲਈ ਖਹਿਬਾਜ਼ੀ ਨੇ ਕਾਂਗਰਸ ਪਾਰਟੀ ਨੂੰ ਕਮਜ਼ੋਰ ਕਰਨ ਵਿੱਚ ਬਹੁਤ ਵੱਡੀ ਭੂਮਿਕਾ ਨਿਭਾਈ। ਸਾਂਝੀ ਸਰਕਾਰ ਦੇ ਹੋਰ ਪਾਰਟੀਆਂ ਦੇ ਮੰਤਰੀ ਹੱਥ ਰੰਗਣ ਲੱਗ ਗਏ, ਜਿਸ ਨਾਲ ਸਰਕਾਰ ਦੀ ਵੱਡੀ ਬਦਨਾਮੀ ਹੋਈ। ਬੇਸ਼ੱਕ ਪ੍ਰਧਾਨ ਮੰਤਰੀ ਦੀ ਸਾਖ ਈਮਾਨਦਾਰੀ ਵੱਲੋਂ ਬਹੁਤ ਸਾਫ ਸੁਥਰੀ ਸੀ, ਪਰ ਉਹ ਰਾਜਨੀਤਕ ਨਾ ਹੁੰਦਿਆਂ ਇੱਕ ਅਫਸਰ ਸੀ। ਇਸ ਲਈ ਉਸ ਦੀ ਮੰਤਰੀਆਂ 'ਤੇ ਪਕੜ ਬਹੁਤ ਢਿੱਲੀ ਸੀ, ਜਿਸ ਕਾਰਨ ਸ਼ਾਸਨ ਚਲਾਉਣ ਵਿੱਚ ਮੁਸ਼ਕਲਾਂ ਆਈਆਂ। ਬੇਸ਼ੱਕ ਕਮਜ਼ੋਰ ਵਰਗਾਂ ਲਈ ਬਹੁਤ ਸਾਰੀਆਂ ਸਕੀਮਾਂ ਲਿਆਂਦੀਆਂ ਗਈਆਂ, ਉਹ ਵੀ ਸਭ ਧਰੀਆਂ-ਧਰਾਈਆਂ ਰਹਿ ਗਈਆਂ। ਹੋਰ ਖੇਤਰੀ ਪਾਰਟੀਆਂ ਵੀ ਮਜ਼ਬੂਤ ਹੋ ਗਈਆਂ ਅਤੇ ਕਾਂਗਰਸ ਤੋਂ ਦੂਰ ਹੋ ਗਈਆਂ। ਕਾਂਗਰਸ ਦੀ ਤਾਕਤ ਕੁੱਝ ਰਾਜਾਂ ਤੱਕ ਸੀਮਿਤ ਹੋ ਗਈ। ਕੇਂਦਰ ਵਿੱਚ ਵੀ ਕੋਈ ਮਜ਼ਬੂਤ ਨੇਤਾ ਨਾ ਰਿਹਾ। ਜਿੱਥੇ ਖੇਤਰੀ ਪਾਰਟੀਆਂ ਵਿੱਚ ਗ੍ਰਹਿ ਯੁੱਧ ਛਿੜਿਆ ਰਿਹਾ, ਉਸੇ ਤਰ੍ਹਾਂ ਕੇਂਦਰ ਵਿੱਚ ਵੀ ਟੌਪ ਲੀਡਰਸ਼ਿਪ ਵਿੱਚ ਕਲਾਹ ਕਲੇਸ਼ ਰਿਹਾ। ਰਾਹੁਲ ਗਾਂਧੀ ਨੂੰ ਕੁੱਝ ਨੇਤਾ ਮਾਨਤਾ ਦੇਣ ਨੂੰ ਮੰਨਣ ਨੂੰ ਤਿਆਰ ਨਹੀਂ ਸਨ। ਉਧਰੋਂ ਬੀ ਜੇ ਪੀ ਦੇ ਜ਼ੋਰਦਾਰ ਹਮਲੇ ਸ਼ੁਰੂ ਹੋ ਗਏ। ਕਾਰਪੋਰੇਟ ਨੇ ਧੜਾਧੜ ਮੋਦੀ ਨੂੰ ਪੈਸੇ ਦੀਆਂ ਨਹਿਰਾਂ ਵਗਾ ਦਿੱਤੀਆਂ। ਹੁਣ ਆਰ ਐੱਸ ਐੱਸ ਲੁਕ-ਛਿਪ ਕੇ ਨਹੀਂ, ਖੁੱਲ੍ਹੇ ਤੌਰ ਤੇ ਹਿੰਦੂਤਵ ਦਾ ਮੁੱਦਾ ਲੈ ਕੇ ਹਮਲੇ ਕਰਨ ਲੱਗੀ ਹੈ। ਖੱਬੀਆਂ ਪਾਰਟੀਆਂ ਜਿਨ੍ਹਾਂ ਦੇਸ਼ ਅੰਦਰ ਬਰਾਬਰੀ ਵਾਲਾ ਭਰਾਤਰੀ, ਭਾਵ ਵਾਲਾ ਸਮਾਜ ਸਿਰਜਣ ਦੀ ਆਪਣੀ ਵਿਚਾਰਧਾਰਾ ਅਪਨਾਈ ਹੋਈ ਹੈ, ਦੀ ਆਪਣੀ ਫੁੱਟ ਨੇ ਆਪਣੇ-ਆਪ ਨੂੰ ਕਮਜ਼ੋਰ ਕਰ ਲਿਆ। ਸ਼ਾਵਨਵਾਦੀ ਨੀਤੀਆਂ ਦੇ ਵਿਰੋਧ ਵਿੱਚ ਕੋਈ ਮਜ਼ਬੂਤ ਅੰਦੋਲਨ ਜਨਤਾ ਵਿੱਚ ਲੈ ਕੇ ਨਹੀਂ ਗਏ। ਹਾਲੇ ਤੱਕ ਵੀ ਆਪਣੀਆਂ ਕਮਜ਼ੋਰੀਆਂ 'ਤੇ ਕਾਬੂ ਨਹੀਂ ਪਾ ਸਕੇ। ਖੇਤਰੀ ਪਾਰਟੀਆਂ ਬੀ ਜੇ ਪੀ ਦੇ ਰਹਿਮੋ-ਕਰਮ 'ਤੇ ਹੋ ਕੇ ਚੁੱਪ ਵੱਟ ਕੇ ਆਪਣੀ ਗੱਦੀ ਬਚਾਉਣ ਲੱਗੀਆਂ। ਪਰ ਹੌਲੀ-ਹੌਲੀ ਮੋਦੀ-ਅਮਿਤ ਸ਼ਾਹ ਦੀਆਂ ਚਾਲਾਂ ਨੇ ਖੇਤਰੀ ਪਾਰਟੀਆਂ ਨੂੰ ਵੀ ਕਿਨਾਰੇ ਲਾਉਣ ਦਾ ਸਿਲਸਲਾ ਸ਼ੁਰੂ ਕਰ ਦਿੱਤਾ। ਆਖਰ ਕਾਂਗਰਸ ਪਾਰਟੀ ਨੇ ਬੜੀ ਜਲਾਲਤ ਹੰਢਾਉਣ ਤੋਂ ਬਾਅਦ ਉਠਣ ਦਾ ਹੀਆ ਕੀਤਾ। ਜਿਸ ਨੇਤਾ ਰਾਹੁਲ ਗਾਂਧੀ ਨੂੰ ਕਾਂਗਰਸ ਦਾ ਇੱਕ ਰਸੂਖਦਾਰ ਧੜਾ ਨੇਤਾ ਮੰਨਣ ਨੂੰ ਤਿਆਰ ਨਹੀਂ ਸੀ, ਉਹ ਆਪ ਕੁੱਝ ਕਰਨ ਦੀ ਬਜਾਏ ਨੁਕਸਾਨ ਪਹੁੰਚਾਉਣ ਲੱਗਾ। ਅਜਿਹੀ ਹਾਲਤ ਵਿੱਚ ਕਾਂਗਰਸ ਨੇ ਪ੍ਰਧਾਨ ਦੀ ਚੋਣ ਕਰਾਈ। ਮਲਿਕ ਅਰਜਨ ਖੜਗੇ ਨੂੰ ਕਾਂਗਰਸ ਦਾ ਰਾਸ਼ਟਰੀ ਪ੍ਰਧਾਨ ਬਣਾਇਆ। ਰਾਹੁਲ ਗਾਂਧੀ ਦੀ ਅਗਵਾਈ ਵਿੱਚ ਭਾਰਤ ਜੋੜੋ ਯਾਤਰਾ ਕੰਨਿਆ ਕੁਮਾਰੀ ਤੋਂ ਕਸ਼ਮੀਰ ਤੱਕ ਕੱਢੀ, ਜੋ ਕਈ ਰਾਜਾਂ ਵਿੱਚ ਦੀ ਹੁੰਦੀ ਹੋਈ ਭਾਰਤੀ ਸਮਾਜ ਅਤੇ ਸੱਭਿਆਚਾਰਾਂ ਨੂੰ ਨਫਰਤ ਛੱਡ ਕੇ ਮੁਹੱਬਤ ਕਰਨ ਦਾ ਸੁਨੇਹਾ ਦਿੰਦੀ ਹੋਈ ਅੱਗੇ ਵਧਦੀ ਗਈ। ਇਸ ਦੇਸ਼ ਦੀ ਸੰਸਕ੍ਰਿਤੀ ਇਹੋ ਮੰਗ ਕਰਦੀ ਹੈ। ਇਸ ਨਾਲ ਉਹਨਾਂ ਨੂੰ ਜਨਤਾ ਦਾ ਮੂਡ ਅਤੇ ਸਮੱਸਿਆਵਾਂ ਨੇੜਿਓਂ ਹੋ ਕੇ ਸਮਝਣ ਦਾ ਮੌਕਾ ਮਿਲਿਆ। ਇਸ ਯਾਤਰਾ ਨਾਲ ਕਾਂਗਰਸ ਨੂੰ ਬਲ ਮਿਲਿਆ। ਦੁਖੀ ਜਨਤਾ ਨੂੰ ਨੇਤਾ ਦੀ ਤਲਾਸ਼ ਸੀ। ਉਹ ਤਲਾਸ਼ ਜਨਤਾ ਨੇ ਰਾਹੁਲ ਗਾਂਧੀ ਦੀ ਕਰ ਲਈ। ਰਾਹੁਲ ਗਾਂਧੀ ਨੇ ਵੀ ਜਨਤਾ ਦੇ ਮੁੱਦਿਆਂ ਨੂੰ ਸਮਝ ਕੇ ਕਾਂਗਰਸ ਦੇ ਮੁੱਦੇ ਬਣਾ ਲਏ। ਉਸ ਯਾਤਰਾ ਤੋਂ ਬਾਅਦ ਦੋ ਰਾਜਾਂ ਵਿੱਚ ਜਨਤਾ ਨੇ ਭਰਪੂਰ ਸਮਰਥਨ ਦੇ ਕੇ ਕਾਂਗਰਸ ਨੂੰ ਜਿਤਾਇਆ। ਹੁਣ ਕਾਂਗਰਸ ਨੂੰ ਹੋਰ ਬਲ ਮਿਲਿਆ, ਜਨਤਾ ਨਾਲ ਜੁੜਨ ਲੱਗੀ। ਹੁਣ ਪੰਜ ਰਾਜਾਂ ਮਿਜ਼ੋਰਮ, ਮੱਧ ਪ੍ਰਦੇਸ਼, ਤੇਲੰਗਾਨਾ, ਰਾਜਸਥਾਨ ਅਤੇ ਛਤੀਸ਼ਗੜ੍ਹ ਵਿੱਚ ਚੋਣਾਂ ਹੋ ਰਹੀਆਂ ਹਨ ਜ਼ੋਰਦਾਰ ਭੜਿੰਤ ਜਾਰੀ ਹੈ। ਜੋ ਖਬਰਾਂ ਆ ਰਹੀਆਂ ਹਨ, ਉਹਨਾਂ ਵਿੱਚ ਕਾਂਗਰਸ ਦਾ ਪੱਲੜਾ ਭਾਰੀ ਲੱਗਦਾ ਹੈ। ਲੱਗਦਾ ਹੈ ਜਨਤਾ ਨੇ ਮੋਦੀ-ਅਮਿਤ ਸ਼ਾਹ ਦੇ ਬੇਹੱਦ ਨਾ ਅਹਿਲ ਰਾਜ ਨੂੰ ਖਤਮ ਕਰਨ ਦਾ ਮਨ ਬਣਾ ਲਿਆ ਹੈ। ਨਿਰੰਕੁਸ਼ ਲੋਕ ਵਿਰੋਧੀ ਕਰੋਨੀ ਕਾਰਪੋਰੇਟ ਰਾਜ ਨੂੰ ਮਿਟਾ ਕੇ ਫਿਰ ਲੋਕ ਹਿਤੂ ਰਾਜ ਦੀ ਸੰਭਾਵਨਾ ਨੂੰ ਉਜਾਗਰ ਕੀਤਾ ਹੈ। ਇਹਨਾਂ ਚੋਣਾਂ ਤੋਂ ਪਿੱਛੋਂ ਪਾਰਲੀਮੈਂਟ ਦੀਆਂ ਚੋਣਾਂ ਆਉਣੀਆਂ ਹਨ। ਉਸ ਮੈਦਾਨ ਵਿੱਚੋਂ ਵੀ ਜਨਤਾ ਬਾਹਰ ਕਰ ਦੇਵੇਗੀ। ਹੁਣ ਮੋਦੀ ਦੇ ਨਿਰੰਕੁਸ਼ ਰਾਜ ਅਤੇ ਇੰਡੀਆ ਜਨਤਾ ਵਿਚਕਾਰ ਚੋਣ ਯੁੱਧ ਹੋਵੇਗਾ।

# ਦਿੱਲੀ ਦੇ ਪ੍ਰਦੂਸ਼ਣ ਲਈ ਪੰਜਾਬ ਦੋਸ਼ੀ ਨਹੀਂ



ਜਗੀਰ ਸਿੰਘ ਜਗਤਾਰ

ਧੂੰਆਂ ਪ੍ਰਦੂਸ਼ਣ 'ਚ ਦੇਸ਼ ਦੀ ਰਾਜਧਾਨੀ ਦਿੱਲੀ ਦੇ ਘਿਰੇ ਹੋਣ ਕਾਰਨ ਸਰਕਾਰਾਂ ਅਤੇ ਕਿਸਾਨ ਆਹਮੋ-ਸਾਹਮਣੇ ਹੋ ਗਏ ਹਨ। ਸੁਪਰੀਮ ਕੋਰਟ ਨੇ ਵੀ ਧਮਕੀ ਭਰੇ ਲਹਿਜ਼ੇ ਵਿਚ ਇਹ ਮਸਲਾ ਠੀਕ ਤਰ੍ਹਾਂ ਛੇਤੀ ਹੱਲ ਕਰਨ ਦਾ ਆਦੇਸ਼ ਕੀਤਾ ਹੈ।

ਇਸ ਮਾਮਲੇ 'ਚ ਪੰਜਾਬ ਨੂੰ ਮੁੱਖ ਨਿਸ਼ਾਨਾ ਬਣਾਇਆ ਗਿਆ ਹੈ, ਭਾਵੇਂ ਹਰਿਆਣਾ ਅਤੇ ਕੁਝ ਹੋਰ ਰਾਜਾਂ ਵਿਚ ਵੀ ਝੋਨੇ ਦੀ ਪਰਾਲੀ ਨੂੰ ਸਮੇਟਣ ਦੀ ਸਮੱਸਿਆ ਹੈ। ਉਹ ਸੂਬੇ ਪੰਜਾਬ ਨਾਲੋਂ ਦਿੱਲੀ ਦੇ ਨੇੜੇ ਹਨ, ਫਿਰ ਵੀ ਪੰਜਾਬ ਨੂੰ ਹੀ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਹਰਿਆਣਾ ਵਿਚ ਵੱਡੀ ਸਨਅਤ ਪੰਜਾਬ ਤੋਂ ਕਿਤੇ ਵੱਧ ਹੈ ਅਤੇ ਉਸ ਦਾ ਧੂੰਆਂ ਸਾਰਾ ਸਾਲ ਰਹਿੰਦਾ ਹੈ, ਪਰ ਉਸ ਨੂੰ ਪ੍ਰਦੂਸ਼ਣ ਫੈਲਾਉਣ ਵਾਲਿਆਂ ਵਿਚ ਨਹੀਂ ਗਿਣਿਆ ਜਾ ਰਿਹਾ।

ਪੰਜਾਬ ਵਿਚ ਵੇਖਦੇ ਹਾਂ ਕਿ ਜਦ ਨਾ ਝੋਨੇ ਦੀ ਬਿਜਾਈ ਅਤੇ ਨਾ ਹੀ ਕਟਾਈ ਦਾ ਮੌਸਮ ਹੁੰਦਾ ਹੈ, ਉਸ ਸਮੇਂ ਵੀ ਪੰਜਾਬ ਦੇ ਨਦੀਆਂ-ਨਾਲਿਆਂ ਦਾ ਪਾਣੀ ਗੰਧਲਾ ਹੁੰਦਾ ਹੈ। ਇੱਥੋਂ ਤੱਕ ਕਿ ਦਰਿਆਵਾਂ ਵਿਚ ਤੇਜ਼ਾਬੀ ਪਾਣੀਆਂ ਕਾਰਨ ਮੱਛੀਆਂ ਤੇ ਹੋਰ ਜਾਨਵਰ ਮਰਦੇ ਹਨ। ਅਨੇਕਾਂ ਥਾਵਾਂ 'ਤੇ ਜ਼ਮੀਨ ਹੇਠਲਾ ਪਾਣੀ ਜੋ ਟਿਊਬਵੈੱਲਾਂ ਰਾਹੀਂ ਬਾਹਰ ਆਉਂਦਾ ਹੈ, ਗਹਿਰਾ ਹੁੰਦਾ ਹੈ। ਅਜਿਹਾ ਸਨਅਤਾਂ ਦਾ ਤੇਜ਼ਾਬੀ ਪਾਣੀ ਨਦੀ, ਨਾਲਿਆਂ, ਸੀਵਰੇਜ ਆਦਿ ਵਿਚ ਪਾਏ ਜਾਣ ਕਾਰਨ ਹੁੰਦਾ ਹੈ। ਇਹ ਤਾਂ ਤੇਜ਼ਾਬੀ ਪਾਣੀ ਦਾ ਪੱਖ ਹੈ। ਇਹਨਾਂ ਕਾਰਖਾਨਿਆਂ ਦਾ ਧੂੰਆਂ ਵੀ ਆਕਾਸ਼ 'ਚ ਪਸਰਦਾ ਹੈ। ਇਹ ਸਭ ਕੁਝ ਇੰਡਸਟਰੀ ਵੱਲੋਂ ਪੂਰਨ ਯੋਗ ਪ੍ਰਬੰਧ ਦੇ ਲਏ ਸਰਕਾਰੀ ਸਰਟੀਫਿਕੇਟ ਹੇਠ ਢਕਿਆ ਰਹਿੰਦਾ ਹੈ। ਕਿਸਾਨ ਖੇਤ ਦੀ ਪਰਾਲੀ ਖੁੱਲ੍ਹੇ ਅਸਮਾਨ ਹੇਠ ਹੋਣ ਕਾਰਨ ਸਭ ਦੇ ਨਿਗ੍ਹਾ ਚੜ੍ਹਦੀ ਅਤੇ ਰੜਕਦੀ ਹੈ। ਕਿਸਾਨਾਂ ਦਾ ਇਹ ਕਹਿਣਾ ਠੀਕ ਹੈ ਕਿ ਉਸ ਪਾਸ ਢੁਕਵੇਂ ਪ੍ਰਬੰਧ ਕਰਨ ਲਈ ਮਸ਼ੀਨਰੀ ਲੈਣ ਦੀ ਸਮਰੱਥਾ ਨਹੀਂ ਹੈ। ਪੰਜਾਬ ਸਰਕਾਰ ਆਪਣੇ ਐਲਾਨਾਂ ਅਨੁਸਾਰ ਬੇਲਰਾਂ ਦਾ ਪ੍ਰਬੰਧ ਕਰਦੀ ਤਾਂ ਕਿਸਾਨ ਪਰਾਲੀ ਸਾੜਨ ਦੇ ਦੋਸ਼ ਤੋਂ ਮੁਕਤ ਰਹਿੰਦੇ ਅਤੇ ਇਸ ਸਮੇਂ ਕੁਝ ਥਾਵਾਂ 'ਤੇ ਕਿਸਾਨਾਂ ਤੋਂ ਮੁਫਤ ਪਰਾਲੀ ਲੈ ਕੇ ਗੰਢਾਂ ਬਣਾ ਕੇ ਅੱਗੇ ਕਾਰਖਾਨਿਆਂ ਨੂੰ 150 ਤੋਂ 175 ਰੁਪਏ ਤੱਕ ਪ੍ਰਤੀ ਕੁਇੰਟਲ ਵੇਚਦੇ ਹਨ। ਹੁਣ ਉਹ ਕਿਸਾਨਾਂ 'ਤੇ ਇਹ ਅਹਿਸਾਨ ਜਤਾਉਂਦਿਆਂ ਕਿ ਅਸੀਂ ਤੁਹਾਡੀ ਸਮੱਸਿਆ ਹੱਲ ਕਰ ਰਹੇ ਹਾਂ, ਇਸ ਲਈ ਕਿਸਾਨਾਂ ਤੋਂ ਵੀ ਪ੍ਰਤੀ ਏਕੜ 1000 ਤੋਂ ਲੈ ਕੇ 1500 ਰੁਪਏ ਵਸੂਲ ਰਹੇ ਹਨ। ਪੰਜਾਬ ਸਰਕਾਰ ਆਪਣੇ ਐਲਾਨ ਅਨੁਸਾਰ ਬੇਲਰਾਂ ਦਾ ਪ੍ਰਬੰਧ ਕਰਦੀ ਤਾਂ ਕਿਸਾਨ ਪ੍ਰਤੀ ਏਕੜ ਰਕਮ ਦੇਣ ਤੋਂ ਬਚੇ ਰਹਿੰਦੇ ਅਤੇ ਸਰਕਾਰ ਅੱਗੇ ਸਨਅਤਕਾਰਾਂ ਨੂੰ ਪਰਾਲੀ ਮੁੱਲ ਦੇ ਕੇ ਆਪਣੇ ਖਰਚੇ ਪੂਰੇ ਕਰ ਸਕਦੀ ਸੀ। ਹੜ੍ਹ ਪੰਜਾਬ ਦੀ ਕਿਸਾਨੀ ਨੂੰ ਬਹੁਤ ਮੁਸ਼ਕਲਾਂ ਖੜ੍ਹੀਆਂ ਕਰ ਗਏ। ਮੁੱਖ ਮੰਤਰੀ ਨੇ ਸ਼ੁਰੂ ਵਿਚ ਹੋਏ ਨੁਕਸਾਨ ਦਾ ਪੈਸਾ-ਪੈਸਾ ਚੁਕਾਉਣ ਦੇ ਦਾਅਵੇ ਕਰਕੇ, ਇੱਕ ਦਿਨ ਹੜ੍ਹ ਦੇ ਪਾਣੀ ਵਿਚ ਪੈਰ ਪਾ ਕੇ ਕੁਝ ਪੀੜਤਾਂ ਨਾਲ ਗੱਲ ਕਰਕੇ ਮੁੜ ਇਸ ਪਾਸੇ ਮੂੰਹ ਨਹੀਂ ਕੀਤਾ। ਕਿਸਾਨ ਹੋਏ ਨੁਕਸਾਨ ਦਾ ਮੁਆਵਜ਼ਾ ਉਡੀਕਦੇ ਥੱਕ ਗਏ ਹਨ। ਇਸੇ ਤਰ੍ਹਾਂ ਹੁਣ ਪਰਾਲੀ ਦੀ ਸਾਂਭ-ਸੰਭਾਲ ਲਈ ਬੇਲਰ ਲਿਆਉਣ ਦੀ ਥਾਂ ਬਾਹਰ ਦੇ ਦੌਰੇ 'ਤੇ ਤੁਰ ਗਏ। ਜਦ ਪੰਜਾਬ ਵਿਚ ਹਨ, ਉਸ ਸਮੇਂ ਵਿਰੋਧੀ ਪਾਰਟੀਆਂ ਨਾਲ ਬਹਿਸ ਦੇ ਮਜ਼ਮੇਂ ਵਿਚ ਉਲਝ ਗਏ, ਜਦੋਂ ਕਿ ਵਿਰੋਧੀ ਪਾਰਟੀਆਂ ਨੇ ਰੱਖੇ ਇਕੱਠ ਵਿਚ ਨਾ ਆਉਣ ਦਾ ਐਲਾਨ ਕਰ ਦਿੱਤਾ ਸੀ। ਇਸ ਤਰ੍ਹਾਂ ਆਪਣਾ ਸਮਾਂ ਅਤੇ ਸਰਕਾਰ ਦਾ ਪੈਸਾ ਬੇਲੜੇ ਇਕੱਠਾਂ 'ਤੇ ਲਾਇਆ ਜਾ ਰਿਹਾ ਹੈ। ਹੁਣ ਸੁਪਰੀਮ ਕੋਰਟ ਵਿਚ ਸੂਬਾ ਸਰਕਾਰ ਵੱਲੋਂ ਦਿੱਤੇ ਹਲਫੀਆ ਬਿਆਨ ਵਿਚ ਫਸਲੀ ਚੱਕਰ ਨੂੰ ਤੋੜਨ ਜਿਹਾ ਬਿਆਨ ਦੇ ਕੇ ਵਿਰੋਧੀਆਂ ਨੂੰ ਝੋਨੇ ਤੋਂ ਐੱਮ ਐੱਸ ਪੀ ਖਤਮ ਕਰਨ ਦਾ ਦੋਸ਼ ਲਾਉਣ ਦਾ ਮੌਕਾ ਦਿੱਤਾ ਹੈ। ਜਦੋਂ ਕਿ ਸਰਕਾਰ ਨੂੰ ਸਪੱਸ਼ਟ ਰੂਪ ਵਿਚ ਮੰਗ ਕਰਨੀ ਚਾਹੀਦੀ ਸੀ ਕਿ ਕੇਂਦਰ ਬੇਲਰ ਲੈਣ ਲਈ ਕਿਸਾਨਾਂ ਨੂੰ ਸਹਾਇਤਾ ਦੇਵੇ।

ਕਿਸਾਨੀ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਲਿਆ ਹੁੰਦਾ ਤਾਂ ਏਨਾ ਵਾਦ-ਵਿਵਾਦ ਨਹੀਂ ਸੀ ਹੋਣਾ। ਹੁਣ ਜਦੋਂ ਕੇਂਦਰ ਨੇ ਕੈਬਨਿਟ ਸਕੱਤਰ ਨੇ ਪੰਜਾਬ 'ਚ ਪਰਾਲੀ ਸਾੜਨ ਨੂੰ ਦਿੱਲੀ ਵਿਚ ਪ੍ਰਦੂਸ਼ਣ ਵਧਾਉਂਦੇ ਦੱਸਿਆ ਹੈ ਤਾਂ ਪੁੱਛਣਾ ਬਣਦਾ ਹੈ ਕਿ ਸਰਕਾਰੀ ਅੰਕੜਿਆਂ ਅਨੁਸਾਰ ਜੋ ਪਹਿਲਾਂ 62 ਫੀਸਦੀ ਪ੍ਰਦੂਸ਼ਣ ਹੈ, ਉਸ ਨੂੰ ਰੋਕਣ ਜਾਂ ਘੱਟ ਕਰਨ ਲਈ ਕੀ ਉਪਾਅ ਕੀਤਾ ਹੈ। ਦੇਸ਼ ਦੀਆਂ ਅਨਾਜ ਲੋੜਾਂ ਨੂੰ ਪੂਰੀਆਂ ਕਰਨ ਵਿਚ ਵੱਡਾ ਹਿੱਸਾ ਪਾਉਣ ਵਾਲੇ ਪੰਜਾਬ ਅਤੇ ਇਸ ਦੇ ਕਿਸਾਨਾਂ ਦੀ ਕੇਂਦਰ ਵੱਲੋਂ ਢੁਕਵੀਂ ਸਹਾਇਤਾ ਕਰਨ ਦੀ ਥਾਂ, ਇਹਨਾਂ ਨੂੰ ਬਦੂ ਕੀਤਾ ਜਾ ਰਿਹਾ ਹੈ।

ਇੱਕ-ਦੋ ਥਾਂ ਕਿਸਾਨਾਂ ਨੇ ਵੀ ਉਕਾਈ ਕੀਤੀ ਹੈ। ਜ਼ਿਲ੍ਹਾ ਬਠਿੰਡਾ ਦੇ ਪਿੰਡ ਮਹਿਮਾ ਸਰਜਾ ਵਿਚ ਕੁਝ ਅਧਿਕਾਰੀ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਬਾਰੇ ਸਮਝਾਉਣ ਗਏ। ਕਿਸਾਨਾਂ ਨੇ ਉਹਨਾਂ ਨੂੰ ਘੇਰ ਕੇ ਪਰਾਲੀ ਨੂੰ ਅੱਗ ਲਾਉਣ ਲਈ ਮਜਬੂਰ ਕੀਤਾ। ਉਦੋਂ ਤੋਂ ਪੰਜਾਬ ਦਾ ਪ੍ਰਸ਼ਾਸਨ ਵਧੇਰੇ ਸਰਗਰਮ ਹੈ। ਨੌਂ ਕਿਸਾਨਾਂ ਵਿਰੁੱਧ ਕੇਸ ਵੀ ਦਰਜ ਕੀਤਾ ਗਿਆ ਹੈ। ਇਸ ਤੋਂ ਪਹਿਲਾਂ ਆਪਣੀ ਜ਼ਿੰਮੇਵਾਰੀ ਵੀ ਨਿਭਾਉਂਦੇ ਸੀ ਤੇ ਕਿਸਾਨਾਂ ਨਾਲ ਹਮਦਰਦੀ ਵੀ ਪ੍ਰਗਟ ਕਰਦੇ ਸਨ। ਕਿਸਾਨ ਜਥੇਬੰਦੀਆਂ ਦੇ ਆਗੂਆਂ ਵੱਲੋਂ ਸਰਕਾਰ ਦੀ ਆਲੋਚਨਾ ਅਸੂਲ ਦੇ ਆਧਾਰ 'ਤੇ ਹੁੰਦੀ ਹੈ, ਉਸ ਤੋਂ ਸ਼ਹਿ ਲੈ ਕੇ ਕੁਝ ਕਿਸਾਨਾਂ ਵੱਲੋਂ ਆਪਹੁਦਰੀ ਕਰਨ ਤੋਂ ਸੰਕੋਚ ਕਰਨਾ ਚਾਹੀਦਾ ਹੈ।

ਮੁੱਖ ਮੰਤਰੀ ਭਗਵੰਤ ਮਾਨ ਜੇ ਸਮੇਂ ਸਿਰ ਇਸ ਪਾਸੇ ਧਿਆਨ ਦੇ ਕੇ ਆਪਣੇ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਦੀ ਉਤਸੁਕਤਾ ਵਿਖਾਉਂਦੇ ਤਾਂ... ।

**# ਸੰਪਰਕ : 94179-71600**

# ਰਾਜਨੀਤਕ ਸੱਚ ਦੇ ਝਰੋਖੇ 'ਚੋਂ

ਚੰਨਦੀਪ ਸਿੰਘ ਬੁਤਾਲਾ

ਸਾਡਾ ਦੇਸ਼ ਅਜ਼ਾਦ ਹੋਇਆ। ਸੰਵਿਧਾਨ ਲਿਖਿਆ ਗਿਆ, ਜਿਸ ਵਿੱਚ ਸਾਡੇ ਨਿਯਮ ਅਤੇ ਕਾਨੂੰਨਾਂ ਦਾ ਵਰਨਣ ਮਿਲਦਾ ਹੈ ਤੇ ਉਸ ਅਨੁਸਾਰ ਸਾਡੇ ਦੇਸ਼ ਦਾ ਢਾਂਚਾ ਚੱਲੇ ਅਸੀ ਇਸ ਦੇ ਲਈ ਕੋਸ਼ਿਸ ਕਰ ਰਹੇ ਹਾਂ। ਸੰਵਿਧਾਨ ਦਾ ਇੱਕ ਮੁੱਲ ਇਹ ਹੈ ਕਿ ਅਸੀ ਸੱਚ 'ਤੇ ਖੜੇ ਰਹਾਂਗੇ, ਪਰ ਅੱਜ ਅਸੀ ਦੇਖਦੇ ਹਾ ਕਿ ਸੱਚ ਬੋਲਣਾ, ਸੱਚ ਸੁਣਨਾ ਤੇ ਸੱਚ 'ਤੇ ਖੜੇ ਰਹਿਣਾ ਕਿੰਨਾ ਕੁ ਅਸਾਨ ਹੈ? ਇਹ ਪ੍ਰਸ਼ਨ ਅੱਜ ਸਾਡੇ ਸਾਹਮਣੇ ਹੈ। ਰਾਜਨੀਤਕ ਲੋਕ ਵਾਅਦੇ ਕਰਦੇ ਹਨ ਤੇ ਚੋਣਾਂ ਦੌਰਾਨ ਚੋਣ ਮੈਨੀਫੈਸਟੋ ਜਾਰੀ ਕਰਦੇ ਹਨ ਤੇ ਉਸ 'ਤੇ ਕਿੰਨਾ ਕੁ ਖਰਾ ਉਤਰਦੇ ਹਨ, ਇਹ ਕਦੇ ਅਸੀ ਵਾਚਿਆ? ਜੇ ਅਸੀਂ ਵਾਚਿਆ ਤਾਂ ਅਸੀਂ ਇਹਨਾਂ ਲੋਕਾ ਤੋ ਕੀ ਸਬਕ ਸਿੱਖਿਆ ਜਾਂ ਫਿਰ ਅਸੀਂ ਇਹਨਾਂ ਨੂੰ ਕੀ ਸਬਕ ਸਿਖਾਇਆ, ਇੱਕ ਵਿਚਾਰ ਦਾ ਵਿਸ਼ਾ ਹੈ।

ਅੱਜ ਦਾ ਆਧੁਨਿਕ ਯੁੱਗ ਸੂਚਨਾ ਤੇ ਸੰਚਾਰ ਦਾ ਯੁੱਗ ਹੈ। ਇਸ ਨਾਲ ਸਮਾਂਜ ਅੰਦਰ ਕ੍ਰਾਂਤੀ ਆਈ ਹੈ, ਇਹ ਦਾਅਵੇ ਕਰਦੇ ਅਸੀਂ ਥੱਕਦੇ ਨਹੀ, ਪਰ ਬਹੁਤ ਹੀ ਦੁੱਖਦਾਈ ਗੱਲ ਹੈ ਕਿ ਅਸੀਂ ਇਸ ਸੋਸ਼ਲ ਮੀਡੀਆ ਦੇ ਦੌਰ ਵਿੱਚ ਅਣਸੋਸ਼ਲ ਹੁੰਦੇ ਜਾ ਰਹੇ ਹਾਂ। ਸੋਸ਼ਲ ਮੀਡੀਆ ਸਾਨੂੰ ਸੋਸ਼ਲ ਬਣਾਉਣ ਵਾਸਤੇ ਹੈ, ਪਰ ਇਸ ਦਾ ਵਰਤਾਰਾ ਕੁਝ ਹੋਰ ਹੈ। ਅੱਜਕੱਲ ਗਾਂਧੀ ਦੀ ਐਨਕ ਲਗਾ ਕਿ ਸਾਫ-ਸਫਾਈ ਦਾ ਪ੍ਰਚਾਰ ਕੀਤਾ ਜਾ ਰਿਹਾ ਹੈ, ਜੋ ਕਿ ਹਕੀਕਤ ਤੋਂ ਪਰੇ ਦੀ ਗੱਲ ਹੈ। ਪਹਿਲਾਂ ਆਪ ਹੀ ਪੱਤੇ ਖਲਾਰ ਲਏ ਜਾਂਦੇ ਹਨ, ਫਿਰ ਝਾੜੂ ਲੈ ਕੇ ਚਾਰ ਕੈਮਰੇ ਲਗਾ ਕਿ ਰੌਲਾ ਪਾਇਆ ਜਾਂਦਾ ਹੈ। ਅੱਜ ਹਰ ਮੰਤਰੀ ਵੀਡਿਉ ਪਾ ਕਿ ਸਵੱਛਤਾ ਦਾ ਸਿਪਾਹੀ ਦੱਸ ਰਿਹਾ ਹੈ, ਅਸਲੀਅਤ ਕੁਝ ਹੋਰ ਹੈ। ਅਸਲ ਸਿਪਾਹੀ ਉਹ ਹਨ, ਜੋ ਹਰ ਰੋਜ਼ ਗਟਰ ਵਿੱਚ ਉਤਰਦੇ ਹਨ ਤੇ ਸਫਾਈ ਕਰਦੇ ਹਨ। ਅਨੇਕਾਂ ਹੀ ਅਜਿਹੇ ਲੋਕ ਗਟਰ ਵਿੱਚ ਗੈਸ ਚੜ੍ਹਨ ਨਾਲ ਮੌਤ ਦੀ ਭੇਟ ਚੜ੍ਹੇ ਹਨ। ਅੱਜ ਤੱਕ ਸਰਕਾਰਾਂ ਨੇ ਇਹਨਾਂ ਲੋਕਾ ਲਈ ਕੋਈ ਵੀ ਕਾਰਗਰ ਕਦਮ ਨਹੀ ਚੁੱਕੇ। ਰਾਜਨੀਤਕ ਝੂਠ ਨੂੰ ਸੋਸ਼ਲ ਮੀਡੀਆ ਵਿੱਚ ਆਪਣੀ ਸਮਝ ਅਨੁਸਾਰ ਸਾਡੇ ਲਈ ਪਰੋਸ ਰਹੇ ਹਨ। ਅਸੀ ਵੀ ਇਸ ਦੇ ਇੱਕ ਜਾਨੂੰਨੀ/ਆਦੀ ਹੋ ਕਿ ਉਨ੍ਹਾਂ ਦੇ ਫਰੇਬਾਂ ਨੂੰ ਬਹੁਤ ਮਹੱਤਤਾ ਦੇ ਰਹੇ ਹਾਂ। ਅਜਿਹੇ ਵਿੱਚ ਅਸੀਂ ਮਿਸ ਕਮਿਊਨੀਕੇਸ਼ਨ ਤੇ ਮਿਸ ਇਨਫਰਮੇਸ਼ਨ ਦੇ ਸ਼ਿਕਾਰ ਹੋ ਰਹੇ ਹਾਂ।

ਦੇਸ਼ ਦੇ ਸ਼ਹੀਦਾਂ ਤੇ ਹਜ਼ਾਰਾਂ ਦੇਸ਼ ਭਗਤਾਂ ਨੇ ਦੇਸ਼ ਦੀ ਤਰੱਕੀ ਤੇ ਸਮਾਜਕ ਬਰਾਬਰੀ ਦੀ ਤਸਵੀਰ ਉਲੀਕੀ ਸੀ, ਪਰ ਬੜੇ ਅਫਸੋਸ ਦੀ ਗੱਲ ਹੈ ਇਹਨਾਂ ਸਿਆਸਤਦਾਨਾਂ ਨੇ ਦੇਸ ਦੇ ਮਾਲਕਾਂ ਦੇ ਰੂਪ ਵਿੱਚ ਮਖੌਟੇ ਪਾਈ ਸਿਆਸਤ ਰਾਸ਼ਟਰੀਅਤਾ ਤੇ ਵਤਨਪ੍ਰਸਤੀ ਤੇ ਤਿਰੰਗੇ ਦੀ ਥਾਂ ਵੋਟਾਂ ਹਥਿਆਉਣ, ਖੰਡਾ,ਖੰਜਰ ਅਤੇ ਤ੍ਰਿਸ਼ੂਲ ਲਹਿਰਾਉਣ 'ਤੇ ਤੁਲੇ ਹੋਏ ਹਨ। ਦੇਸ਼ ਨੂੰ ਭਾਸ਼ਾ, ਜਾਤ, ਧਰਮ ਅਤੇ ਰਾਖਵੇਂਕਰਨ ਵਿੱਚ ਵੰਡਣ ਦੀਆ ਕੁਚਾਲਾਂ ਚੱਲੀਆਂ ਜਾ ਰਹੀਆਂ ਹਨ। ਅੱਜ ਸਾਡਾ ਵੋਟਰ ਇਹਨਾਂ ਸਿਆਸੀ ਲੋਕਾਂ ਲਈ ਥਾਣਿਆ, ਤਹਿਸੀਲਾਂ ਵਿੱਚ ਦਲਾਲੀ ਦਾ ਕੰਮ ਕਰ ਰਿਹਾ ਹੈ। ਸਿਆਸਤ, ਪੁਲਸ, ਪ੍ਰਸ਼ਾਸਨ ਅਤੇ ਕਾਨੂੰਨ ਦੇ ਰਖਵਾਲਿਆ ਦੀ ਮਿਲੀ-ਭੁਗਤ ਹੋਣ ਕਰਕੇ ਦੇਸ਼ ਦੀ ਅਮਨ ਤੇ ਕਾਨੂੰਨ ਦੀ ਸਥਿਤੀ ਦਿਨ ਪ੍ਰਤੀ ਦਿਨ ਵਿਗੜ ਰਹੀ ਹੈ। ਹਰ ਪਾਰਟੀ ਵਿੱਚ ਅਪਰਾਧੀ ਕਿਸਮ ਦੇ ਨੇਤਾਵਾ ਦੀ ਭਰਮਾਰ ਹੈ। ਧਨ-ਦੌਲਤ ਦੀ ਬਦੌਲਤ ਇਹ ਨੇਤਾ ਚੋਣਾਂ ਜਿੱਤ ਕਿ ਵਿਧਾਨ ਸਭਾ ਤੇ ਲੋਕ ਸਭਾ ਵਿੱਚ ਪਹੁੰਚਦੇ ਹਨ ਤੇ ਸਥਿਤੀ ਉਸ ਵੇਲੇ ਹਾਸੋਹੀਣੀ ਹੋ ਜਾਂਦੀ ਹੈ, ਜਦੋਂ ਇਹ ਅਪਰਾਧੀ ਕਿਸਮ ਦੇ ਲੋਕ ਬੈਠ ਕਿ ਅਪਰਾਧ ਨੂੰ ਰੋਕਣ ਲਈ ਕਾਨੂੰਨ ਬਣਾਉਂਦੇ ਹਨ ਤੇ ਆਪਣੇ ਬਚਾਅ ਲਈ ਕਾਨੂੰਨ ਦੀ ਹਰ ਨਾੜ ਆਪਣੇ ਹੱਥ ਵਿੱਚ ਰੱਖੀ ਹੈ।

ਦੇਸ਼ ਦੇ ਵਾਰਸਾਂ ਨੂੰ ਚੰਗੇ ਮਾੜੇ ਵਰਤਮਾਨ ਲਈ ਜ਼ਿੰਮੇਵਾਰ ਬਣਨਾ ਪਵੇਗਾ। ਇਹ ਅੱਜ ਵੰਗਾਰ ਹੈ ਹਰ ਆਦਮੀ ਲਈ ਕਿ ਸਾਨੂੰ ਇਸ ਸਿਸਟਮ 'ਚ ਸੁਧਾਰ ਲਈ ਅੱਗੇ ਆਉਣਾ ਹੈ, ਨਹੀ ਤਾਂ ਇਹ ਸਿਆਸੀ ਅੱਤਵਾਦ ਖਾ ਜਾਵੇਗਾ ਇਸ ਦੇਸ਼ ਨੂੰ ਤੇ ਜਵਾਨੀਆਂ ਨੂੰ।

***# ਸੰਪਰਕ: 84271-40006***

# ਕੰਮ ਦੇ ਘੰਟੇ ਵਧਾਉਣਾ ਗਲਤ

ਰਣਵੀਰ ਸਿੰਘ ਯਾਦਵ

ਅਨੁ : ਪਿਰਥੀਪਾਲ ਸਿੰਘ ਮਾੜੀਮੇਘਾ

ਸੰਸਾਰ ਭਰ ਦੇ ਅੰਕੜੇ ਅਤੇ ਸਰਵੇਖਣਾਂ ਨੂੰ ਜਾਨਣ ਦੀ ਕੋਸ਼ਿਸ਼ 'ਚੋਂ ਲਗਦਾ ਹੈ ਕਿ 'ਇੰਫੋਸਿਸ' (ਇੱਕ ਸਾਫਟਵੇਅਰ ਕੰਪਨੀ) ਦੀ ਬੁਨਿਆਦ ਰੱਖਣ ਵਾਲੇ ਸ੍ਰੀ ਨਰਾਇਣ ਮੂਰਤੀ ਸਚਾਈ ਤੋਂ ਦੂਰੀ ਬਣਾ ਕੇ ਹੀ ਰੱਖਦੇ ਹਨ, ਸਾਇਦ ਇਸੇ ਲਈ ਉਨ੍ਹਾ ਕਿਹਾ ਕਿ ਭਾਰਤ ਦੇ ਨੌਜਵਾਨਾਂ ਨੂੰ ਹਫਤੇ ਵਿੱਚ 70 ਘੰਟੇ ਕੰਮ ਕਰਨਾ ਚਾਹੀਦਾ, ਜਦੋਂ ਕਿ ਅਜੋਕੇ ਸਮੇਂ ਵਿੱਚ ਭਾਰਤ ਦੇ ਮਜ਼ਦੂਰਾਂ ਦੇ ਕੰਮ ਦੇ ਘੰਟੇ ਪੂਰੀ ਦੁਨੀਆ ਨਾਲੋਂ ਸਭ ਤੋਂ ਜ਼ਿਆਦਾ ਹਨ।

ਨਰਾਇਣ ਮੂਰਤੀ ਦੀ ਉਕਤ ਸੋਚ ਬਾਅਦ ਦੇਰ ਨਹੀਂ ਲੱਗੇਗੀ ਕਿ ਕਾਰਖਾਨਿਆਂ ਦੇ ਮਾਲਕਾਂ ਦੀ ਮੰਗ ਬਣਨ ਵਿੱਚ, ਕਿ ਕੰਮ ਦਿਹਾੜੀ ਸਮਾਂ ਵਧਾਇਆ ਜਾਵੇ ਜਾਂ ਫਿਰ ਉਹ ਮਜ਼ਦੂਰਾਂ ਉਤੇ ਇੱਕ ਨਾ ਸਹਿਣਯੋਗ ਬੋਝ ਪਾਉਣਗੇ, ਪ੍ਰੰਤੂ ਇਹ ਇਮਤਿਹਾਨ ਇੱਕ ਅਜਿਹੇ ਸਮੇਂ ਆਇਆ ਹੈ, ਜਦੋਂ ਉਤਪਾਦਨ ਦੇ ਸਾਧਨਾਂ ਵਿੱਚ ਇੱਕ ਵੱਡੀ ਇਨਕਲਾਬੀ ਤਬਦੀਲੀ ਆ ਰਹੀ ਹੈ। ਵਿਸ਼ਾਲ ਮਸ਼ੀਨਾਂ ਦੇ ਜੰਗਲ ਤੇ ਉਨ੍ਹਾਂ 'ਤੇ ਮੁਸ਼ਕਲ ਭਰਿਆ ਕੰਮ ਕਰਦੇ ਮਜ਼ਦੂਰਾਂ ਦੀ ਦੁਨੀਆ ਜਦੋਂ ਧੁੰਦਲੀ ਹੋ ਰਹੀ ਹੋਵੇ ਅਤੇ ਅਸੀਂ ਇੱਕ ਇਸ ਤਰ੍ਹਾਂ ਦੀ ਦੁਨੀਆ ਵਿੱਚ ਪ੍ਰਵੇਸ਼ ਕਰ ਰਹੇ ਹਾਂ, ਜਿੱਥੇ ਕੰਮ ਡਿਜਟਸ ਅਤੇ ਸਿੰਬਾਲ 'ਤੇ ਚੱਲ ਰਿਹਾ ਹੋਵੇ ਤੇ ਸ਼ਾਇਦ ਸਾਡੀ ਯਾਤਰਾ ਹੁਣ ਇੱਕ ਨਵੀਂ ਦੁਨੀਆ ਨੂੰ ਥਾਂ ਦੇਣ ਲਈ ਸ਼ੁਰੂ ਹੋ ਚੁੱਕੀ ਹੈ।

ਵਿਗਿਆਨਕ ਤਕਨੀਕੀ ਕ੍ਰਾਂਤੀ ਜਾਂ ਐੱਸ ਟੀ ਆਰ ਨੇ ਕੰਮ ਦੀ ਉਤਪਾਦਕਤਾ ਨੂੰ ਵਧਾ ਦਿੱਤਾ ਹੈ। ਇਸ ਦਾ ਅਰਥ ਹੈ ਪਹਿਲੇ ਵਾਲੇ ਦਿਹਾੜੀ ਸਮੇਂ ਵਿੱਚ ਹੀ ਜ਼ਿਆਦਾ ਉਤਪਾਦਨ ਹੋਣਾ। ਜਿੰਨਾ ਉਤਪਾਦਨ ਅਸੀਂ 8 ਘੰਟਿਆਂ ਵਿੱਚ ਕਰਦੇ ਹਾਂ, ਹੁਣ ਸਿਰਫ 4 ਘੰਟੇ ਜਾਂ ਉਸ ਤੋਂ ਵੀ ਘੱਟ ਸਮੇਂ ਵਿੱਚ ਹੋ ਜਾਂਦਾ ਹੈ। ਇਸ ਲਈ ਹੁਣ ਜੋ ਨਿਸਚਿਤ ਕੰਮ ਦੇ ਕੋਟੇ ਨੂੰ ਅਸੀਂ 8 ਘੰਟੇ ਵਿੱਚ ਪੂਰਾ ਕਰਦੇ ਸਾਂ, ਹੁਣ 4 ਘੰਟੇ ਵਿੱਚ ਹੋ ਜਾਵੇਗਾ। ਇਸ ਦਾ ਸਿੱਧਾ ਅਰਥ ਹੈ ਕਿ ਮਜਦੂਰਾਂ ਦੇ ਕੰਮ ਦਿਹਾੜੀ ਦੇ ਘੰਟੇ ਘੱਟ ਹੋ ਜਾਣੇ ਚਾਹੀਦੇ ਹਨ, ਪਰੰਤੂ ਦੂਜੇ ਬੰਨੇ ਮੋਦੀ ਸਰਕਾਰ ਨੇ ਭਾਰਤ ਵਿੱਚ ਕੰਮ ਦਿਹਾੜੀ ਦੇ ਘੰਟੇ 12 ਕਰ ਦਿੱਤੇ ਹਨ। ਇਸ ਦਾ ਅਰਥ ਹੈ ਕਾਰਪੋਰੇਟ ਜਗਤ ਵੱਲੋਂ ਉਤਪਾਦਨ ਨੂੰ ਕਈ ਗੁਣਾ ਵਧਾਉਣਾ। ਇੱਥੇ ਇਹ ਕਾਰਪੋਰੇਟ ਪੱਖੀ ਹਕੂਮਤ ਜੋ ਬੀ ਜੇ ਪੀ ਦੀ ਅਗਵਾਈ ਵਾਲੀ ਹੈ, ਭੁੱਲ ਗਈ ਹੈ ਕਿ ਘੱਟ ਸਮੇਂ ਦਿਹਾੜੀ ਵਿੱਚ ਜ਼ਿਆਦਾ ਕੰਮ ਦਾ ਅਰਥ ਹੈ ਕੰਮ ਵਿੱਚ ਤੇਜ਼ੀ ਤੇ ਸੁੰਦਰਤਾ ਆਉਣੀ ਅਤੇ ਇੰਟੇਨਿਸਟੀ ਵਧਣੀ। ਇਸ ਵਿੱਚ ਇੱਕ ਹੋਰ ਸਮੱਸਿਆ ਹੈ, ਸਾਡੀ ਬੁਨਿਆਦ ਸੰਪੂਰਨ ਰੂਪ ਵਿੱਚ ਬਦਲਦੀ ਜਾ ਰਹੀ ਹੈ, ਕਿਉਂਕਿ ਕਿਰਤ ਦੇ ਸਾਧਨਾਂ ਵਿੱਚ ਪਰਵਰਤਨ ਆ ਗਿਆ ਹੈ, ਪਰੰਤੂ ਅਸੀਂ ਆਪਣੀ ਪਿਛਲੱਗ ਟੈਕਨਾਲੋਜੀ ਨਹੀਂ ਬਦਲੀ। ਜ਼ਿਮੀਦਾਰ ਜਾਂ ਜਗੀਰਦਾਰ ਕਾਰਖਾਨੇ ਨਹੀਂ ਚਲਾ ਸਕਦੇ। ਇਸ ਲਈ ਵੱਡੀਆਂ ਫੈਕਟਰੀਆਂ ਦੇ ਮਾਲਕ ਜੋ ਵੱਡੀਆਂ ਮਸ਼ੀਨਾਂ ਜਾਂ ਬਹੁਗਿਣਤੀ ਮਜ਼ਦੂਰਾਂ ਨਾਲ ਅੱਜ ਦੀ ਤੁਲਨਾ ਵਿੱਚ ਦਿਹਾੜੀ ਵਿੱਚ ਜ਼ਿਆਦਾ ਘੰਟੇ ਕੰਮ ਅਤੇ ਜ਼ਿਆਦਾ ਤੋਂ ਜ਼ਿਆਦਾ ਉਤਪਾਦਨ ਦੀ ਹੀ ਆਦਤ 'ਤੇ ਖੜ੍ਹੇ ਹਨ, ਉਹ ਮਿੰਟਾਂ ਸੈਕਿੰਟਾਂ ਜਾਂ ਪਲਾਂ ਵਿੱਚ ਹੋਣ ਵਾਲੇ ਵਿਸਾਲ ਉਤਪਾਦਨ ਦੀ ਦੁਨੀਆ ਵਿੱਚ ਪੁਰਾਣੀ ਦੁਨੀਆ ਦੇ ਹੀ ਪੈਮਾਨੇ ਅਨੁਸਾਰ ਮਸ਼ੀਨਾਂ ਚਲਾਉਣ ਦੀ ਕੋਸ਼ਿਸ਼ ਕਰਦੇ ਹਨ। ਉਹ ਚਾਹੁੰਦੇ ਹਨ ਕਿ ਜੇ ਸਾਧਨਾਂ ਦਾ ਵਿਕਾਸ ਹੋਇਆ ਹੈ ਤੇ ਜ਼ਿਆਦਾ ਤੋਂ ਜ਼ਿਆਦਾ ਉਤਪਾਦਨ ਵਧਾ ਕੇ ਅਤੇ ਤਨਖਾਹ ਵਿੱਚ ਕਟੌਤੀ ਕਰਕੇ ਉਹ ਮੁਨਾਫੇ ਵਿੱਚ ਉਮੀਦ ਨਾਲੋਂ ਜ਼ਿਆਦਾ ਵਾਧਾ ਕਰ ਲੈਣ। ਕੰਮ ਦਿਹਾੜੀ ਸਮਾਂ ਵਧਾ ਕੇ ਮਜ਼ਦੂਰਾਂ ਦੀ ਵੀ ਛਾਂਟੀ ਕਰੀ ਜਾ ਰਹੇ ਹਨ। ਇਸ ਹਾਲਤ ਵਿੱਚ ਬੇਰੁਜਗਾਰੀ ਜੋ ਪਹਿਲਾਂ ਹੀ ਬਸ਼ੁਮਾਰ ਹੈ ਤੇ ਅਗੋਂ ਹੋਰ ਵਧਦੀ ਜਾ ਰਹੀ ਹੈ, ਉਸ ਵਿੱਚ ਅਥਾਹ ਵਾਧਾ ਹੋਵੇਗਾ, ਇਹ ਸਮਾਜ ਵਿੱਚ ਇੱਕ ਖਤਰਨਾਕ ਅਸਮਾਨਤਾ ਦਾ ਕਾਰਨ ਬਣੇਗੀ।

ਇਨ੍ਹਾਂ ਹਾਲਤਾਂ ਵਿੱਚ ਪੂੰਜੀ ਦਾ ਕੇਂਦਰੀਕਰਨ ਵੀ ਵਧ ਰਿਹਾ ਹੈ। ਵਿੱਤੀ ਸੰਸਥਾਵਾਂ ਵਧ ਰਹੀਆਂ ਹਨ ਅਤੇ ਵਿਸ਼ਵ ਆਰਥਕ ਹਾਲਤਾਂ ਵਿੱਚ ਬਹੁ-ਰਾਸ਼ਟਰੀ ਕੰਪਨੀਆਂ ਦੀ ਤਾਕਤ ਵੀ ਵਧਦੀ ਜਾ ਰਹੀ ਹੈ। ਇਸ ਦੇ ਨਾਲ ਹੀ ਕਾਰਪੋਰੇਟ, ਕਿਰਤੀ ਦੇ ਕੰਮ ਦੇ ਮੁੱਲ ਨੂੰ ਆਂਕਣਾ ਭਾਵ ਗਿਣਨ ਦੀਆਂ ਸ਼ਰਤਾਂ ਆਪਣੀ ਮਰਜੀ ਨਾਲ ਬਣਾ ਸਕਦੇ ਹਨ, ਕਿਉਂਕਿ ਕੰਮ ਦੇ ਮੂਲ ਦੇ ਮਾਪਦੰਡ ਬਦਲਦੇ ਜਾ ਰਹੇ ਹਨ। ਅੱਜ ਇਹ ਕਾਰਪੋਰੇਟ ਜਗਤ ਦੇ ਲਈ ਸੰਭਵ ਹੋ ਗਿਆ ਹੈ ਕਿ ਮੌਜੂਦ ਮਜ਼ਦੂਰਾਂ ਨੂੰ ਉਨ੍ਹਾਂ ਨਾਲ ਜੁੜੀਆਂ ਮਸ਼ੀਨਾਂ ਨੂੰ ਅਤੇ ਇਸ ਸਭ ਦੇ ਨਾਲ ਪੂਰੇ ਮੌਜੂਦਾ ਉਦਯੋਗਿਕ ਯੁੱਗ ਨੂੰ ਖਤਮ ਕਰ ਦੇਣ, ਪਰੰਤੂ ਪਰਵਰਤਨ ਤਾਂ ਭਵਿੱਖ ਵਿੱਚ ਜ਼ਰੂਰੀ ਹੈ। ਇਸ ਯੁੱਗ ਕਾਲ ਵਿੱਚ, ਵਿੱਤੀ ਪੂੰਜੀ ਵੀ ਤੇਜ਼ੀ ਨਾਲ ਵਧਦੀ ਜਾ ਰਹੀ ਹੈ। ਵਧਦੀ ਬੇਰੁਜ਼ਗਾਰੀ ਵਿੱਚ ਕੰਮ ਦੇ ਘੰਟੇ ਵਧਾ ਕੇ, ਘੱਟ ਤਨਖਾਹ ਤੇ ਆਸਾਨੀ ਨਾਲ ਮਜ਼ਦੂਰ ਮਿਲ ਸਕਦੇ ਹਨ, ਮੁਨਾਫਾ ਵਧਾਇਆ ਜਾ ਸਕਦਾ ਹੈ, ਪਰੰਤੂ ਸਮੱਸਿਆ ਇਹ ਹੈ ਕਿ ਉਤਪਾਦਨ ਕੀਤਾ ਹੋਇਆ ਮਾਲ ਬਾਜ਼ਾਰ ਵਿੱਚ ਵਿਕਣਾ ਸੰਭਵ ਨਹੀਂ ਹੋਵੇਗਾ, ਕਿਉਂਕਿ ਵਸਤਾਂ ਦਾ ਮੁੱਲ ਭਾਵ ਕੀਮਤ ਵੀ ਵਧਦੀ ਜਾ ਰਹੀ ਹੈ। ਏਧਰ ਬਾਜ਼ਾਰ ਵਿੱਚ ਚੀਜ਼ਾਂ ਤੇਜ਼ੀ ਨਾਲ ਵਧਦੀਆਂ ਜਾ ਰਹੀਆਂ ਹਨ, ਉਨ੍ਹਾਂ ਨੂੰ ਖਰੀਦਣ ਦੀ ਸਕਤੀ ਖਰੀਦਦਾਰਾਂ ਵਿੱਚ ਨਹੀਂ ਹੈ, ਸਗੋਂ ਖਰੀਦ ਸ਼ਕਤੀ ਹੋਰ ਘਟਦੀ ਜਾ ਰਹੀ ਹੈ। ਇਸ ਸਭ ਦਾ ਨਤੀਜਾ ਇਹ ਹੈ ਕਿ ਸਾਮਾਨ ਨਾ ਵਿਕਣ ਕਰਕੇ ਗੋਦਾਮ ਭਰਦੇ ਜਾ ਰਹੇ ਹਨ। ਦੂਜੇ ਪਾਸੇ ਦੇਸ਼ ਦੀ ਵੱਡੀ ਵਸੋਂ ਭਾਵ ਅੱਧ ਤੋਂ ਜ਼ਿਆਦਾ ਨੂੰ ਪੂਰੀ ਖੁਰਾਕ ਵੀ ਨਹੀਂ ਮਿਲਦੀ, ਉਹ ਗਰੀਬੀ ਭਰੀ ਜ਼ਿੰਦਗੀ ਦੇ ਫਾਕੇ ਕੱਟ ਰਹੇ ਹਨ। ਇਹ ਭੁੱਖਮਰੀ ਦਾ ਸ਼ਿਕਾਰ ਲੋਕ ਨਿਰਾਸ਼ਾ ਦੇ ਕੰਗਾਰ 'ਤੇ ਖੜੇ ਹਨ। ਲਗਦਾ ਹੈ ਕਿ ਇੱਕ ਵਾਰ ਇਕੱਲੇ ਭਾਰਤ ਵਿੱਚ ਹੀ ਨਹੀਂ ਦੁਨੀਆ ਭਰ ਵਿੱਚ ਆਰਥਕ ਮੰਦਵਾੜਾ ਆਵੇਗਾ ਜੋ ਪਹਿਲਿਆਂ ਮੰਦਵਾੜਿਆਂ ਨੂੰ ਮਾਤ ਪਾ ਜਾਵੇਗਾ। ਅਜੋਕੇ ਯੁੱਗ ਵਿੱਚ ਮਾਰਕਸ ਦੇ ਕਥਨ ਯਾਦ ਆ ਰਹੇ ਹਨ-ਬਰਤਾਨੀਆ ਵਿਗਿਆਨ ਜਾਂ ਬ੍ਰਿਟਿਸ਼ ਭਾਫ ਨੇ ਹਿੰਦੁਸਤਾਨ ਦੀ ਪੂਰੀ ਸਰਜ਼ਮੀਨ ਨੂੰ ਝੁਲਸਾ ਕੇ ਬਰਬਾਦ ਕਰ ਦਿੱਤਾ ਹੈ। ਇਹ ਸੀ ਸਾਮਰਾਜਵਾਦ ਦੀ ਨੀਤੀ ਅਤੇ ਅੱਜ ਦੀ ਨੀਤੀ ਪਹਿਲੀ ਤੋਂ ਵੀ ਘਾਤਕ ਹੈ।

ਜਿੱਥੋਂ ਤੱਕ ਕੰਮ ਦੇ ਘੰਟਿਆਂ ਦਾ ਸਵਾਲ ਹੈ, 2023 ਦੇ ਆਈ ਐੱਲ ਓ ਜਾਂ ਅੰਤਰਰਾਸ਼ਟਰੀ ਲੇਬਰ ਸੰਸਥਾ ਦੇ ਤਾਜ਼ਾ ਅੰਕੜਿਆਂ ਤੋਂ ਪਤਾ ਲੱਗਦਾ ਹੈ ਕਿ ਭਾਰਤ ਦਾ ਮਜ਼ਦੂਰ ਦੂਸਰੇ ਦੇਸ਼ਾਂ ਦੇ ਮਜ਼ਦੂਰਾਂ ਨਾਲੋਂ ਇੱਕ ਦਿਨ ਵਿੱਚ ਕਿਤੇ ਜ਼ਿਆਦਾ ਘੰਟੇ ਕੰਮ ਕਰਦੇ ਹਨ। ਹਿੰਦੁਸਤਾਨ ਵਿਸ਼ਵ ਭਰ ਵਿੱਚ ਦਿਹਾੜੀ ਵਿੱਚ ਲੰਮਾ ਸਮਾਂ ਕਰਨ ਵਾਲੇ ਦੇਸ਼ਾਂ ਵਿੱਚ 7ਵੇਂ ਸਥਾਨ 'ਤੇ ਹੈ ਆਮ ਤੌਰ 'ਤੇ ਹਿੰਦ ਦੇ ਮਜ਼ਦੂਰ ਹਫਤੇ ਵਿੱਚ 47.7 ਘੰਟੇ ਕੰਮ ਕਰਦੇ ਹਨ। ਕਿਰਤ ਕਾਨੂੰਨ ਦੀ ਇਜਾਜ਼ਤ 48 ਘੰਟੇ ਪ੍ਰਤੀ ਹਫਤੇ ਦੀ ਹੈ, ਪਰੰਤੂ ਇਹ ਵੀ ਸੱਚ ਹੈ ਕਿ ਔਸਤ ਭਾਰਤੀ ਮਜ਼ਦੂਰ ਪੂਰੇ 7 ਦਿਨ ਕੰਮ ਕਰਦਾ ਹੈ, ਭਾਵ ਐਤਵਾਰ ਦੀ ਛੁੱਟੀ ਦਾ ਸਮਾਂ ਕੰਮ ਕਰਨ 'ਤੇ ਲਾ ਦਿੰਦਾ ਹੈ। ਇਹ ਅੰਕੜੇ 'ਟਾਈਮ ਯੂਜ਼ ਸਰਵੇ' ਦੇ ਹਨ, ਜਿਹਨੇ 2019 ਵਿੱਚ ਸਾਡੇ ਦੇਸ਼ ਵਿੱਚ ਕੰਮ ਕਰਦੇ ਕਿਰਤੀਆਂ ਦੇ ਸਮੇਂ ਤੇ ਹਾਲਤਾਂ ਬਾਰੇ ਸਰਵੇਖਣ ਕੀਤਾ ਸੀ।

ਆਈ ਐੱਲ ਓ ਨੇ ਇਹ ਵੀ ਸਪੱਸ਼ਟ ਕੀਤਾ ਹੈ ਕਿ 70 ਘੰਟੇ ਦਾ ਹਫਤਾ ਕਿਸੇ ਵੀ ਦੇਸ਼ ਵਿੱਚ ਕਾਨੂੰਨ ਦੇ ਰੂਪ ਵਿੱਚ ਨਹੀਂ ਹੈ। (ਜਦੋਂ ਕਿ ਸਾਡੇ ਦੇਸ਼ ਵਿੱਚ ਕਾਨੂੰਨੀ ਤੌਰ 'ਤੇ 12 ਘੰਟੇ ਹੋ ਗਿਆ ਹੈ।) ਸਗੋਂ ਵਿਕਸਤ ਦੇਸ਼ ਅੱਜ ਆਈ ਐੱਲ ਓ ਦੇ ਤਾਜ਼ਾ ਕਨਵੈਨਸ਼ਨ ਦੇ ਆਦੇਸ਼ਾਂ ਦੇ ਅਨੁਸਾਰ ਚੱਲ ਰਹੇ ਹਨ। ਸਗੋਂ 48 ਘੰਟੇ ਦਾ ਕੰਮ ਹਫਤਾ ਘਟਾ ਕੇ 40 ਘੰਟੇ ਦਾ ਕਰੀ ਜਾ ਰਹੇ ਹਨ। ਇਸ ਕਾਨੂੰਨ ਨੂੰ ਪੂਰੇ ਵਿਸ਼ਵ ਨੇ 1921 ਵਿੱਚ ਮੰਨ ਲਿਆ, ਜਿਸ ਵਿੱਚ ਸਾਡਾ ਦੇਸ਼ ਪ੍ਰਮੁੱਖ ਸੀ।

ਪਿਛਲੇ ਸਾਲਾਂ ਵਿੱਚ ਕੰਮ ਦੀ ਉਤਪਾਦਕਤਾ ਵਿੱਚ ਭਾਰੀ ਕਮੀ ਆਉਂਦੀ ਜਾ ਰਹੀ ਹੈ। ਹਾਲਾਤ ਇਹ ਹਨ ਕਿ ਸਵੈਰੁਜ਼ਗਾਰ ਵਿੱਚ ਵਾਧਾ ਹੋਇਆ ਹੈ, ਜਿਸ ਵਿੱਚ ਲੋਕ ਦਿਹਾੜੀ ਵਿੱਚ ਘੰਟਿਆਂ ਭਰ ਕੰਮ ਕਰ ਲੈਂਦੇ ਹਨ, ਪਰੰਤੂ ਉਤਪਾਦਕਤਾ ਵਿੱਚ ਕੋਈ ਖਾਸ ਵਾਧਾ ਨਹੀਂ ਹੋ ਰਿਹਾ।

'ਲੇਸੈਂਟ' ਪੱਤ੍ਰਿਕਾ ਦੁਆਰਾ ਕੀਤੇ ਗਏ ਇੱਕ ਸਰਵੇਖਣ ਦੇ ਅਨੁਸਾਰ ਇਹ ਇੱਕ ਗੰਭੀਰ ਸੰਰਚਨਾਤਮਕ ਮਸਲਾ ਹੈ। ਇਸ ਸਰਵੇਖਣ ਦੇ ਅਨੁਸਾਰ ਸੰਭਾਵਤ ਮਾਨਵ ਪੂੰਜੀ ਦੇ ਅਨੁਸਾਰ ਇੱਕ ਵਿਅਕਤੀ ਸਭ ਤੋਂ ਜ਼ਿਆਦਾ ਉਤਪਾਦਕਤਾ ਕਿੰਨੇ ਸਮੇਂ ਤੱਕ ਦੇ ਸਕਦਾ ਹੈ, ਇਸ ਦੇ ਉੱਤਰ ਵਿੱਚ ਭਾਰਤੀ ਮਜ਼ਦੂਰਾਂ ਦੀ ਕੁਸ਼ਲਤਾ ਸੰਸਾਰ ਦੇ ਕਿਰਤੀਆਂ ਨਾਲੋਂ ਬੜੀ ਘੱਟ ਹੈ। ਅਸੀਂ ਬਹੁਤ ਥੋੜ੍ਹਾ ਸਮਾਂ ਕੁਸ਼ਲਤਾ ਨਾਲ ਉਤਪਾਦਕਤਾ ਦੇ ਸਕਦੇ ਹਾਂ। ਅਸੀਂ ਇਸ ਮਾਮਲੇ ਵਿੱਚ 195 ਦੇਸ਼ਾਂ ਦੀ ਸੂਚੀ 'ਚ 158ਵੇਂ ਸਥਾਨ 'ਤੇ ਜਗ੍ਹਾ ਰੱਖਦੇ ਹਾਂ, ਜਿਸ ਵਿੱਚ ਸਭ ਤੋਂ ਜ਼ਿਆਦਾ ਉਤਪਾਦਕਤਾ ਦੇਣ ਵਿੱਚ ਫਿਨਲੈਂਡ ਦੇਸ਼ ਦੇ ਕਿਰਤੀ ਹਨ, ਜੋ 28 ਸਾਲ ਤੱਕ ਕੁਸ਼ਲਤਾ ਨਾਲ ਉਤਪਾਦਕਤਾ ਕਰਦੇ ਹਨ। ਸਾਡੇ ਦੇਸ਼ ਹਿੰਦੁਸਤਾਨ ਦੇ ਕਿਰਤੀ ਕੁਸ਼ਲਤਾ ਨਾਲ ਉਤਪਾਦਕਤਾ ਨਾਮਾਤਰ ਸਿਰਫ 7 ਸਾਲ ਹੀ ਕਰ ਸਕਦੇ ਹਨ। ਇਹ ਸਰਵੇਖਣ ਇਸ 'ਤੇ ਵੀ ਚਾਨਣਾ ਪਾਉਂਦਾ ਹੈ ਕਿ ਜਿਥੇ ਜ਼ਰੂਰੀ ਹੈ ਸਿਹਤ ਅਤੇ ਸਿੱਖਿਆ 'ਤੇ ਧਿਆਨ ਦੇਣ ਦੀ, ਉਥੇ ਮੂਲ ਕੁਦਰਤੀ ਨਿਯਮਾਂ ਦੀ ਬਣਤਰ ਨੂੰ ਵੀ ਠੀਕ ਰੱਖਣਾ ਜ਼ਰੂਰੀ ਹੈ। ਇਨ੍ਹਾਂ ਸਾਰਿਆਂ ਦੇ ਨਾਲ ਹੀ ਆਰਥਕ ਉਤਪਾਦਕਤਾ ਨੂੰ ਵਧਾਉਣ ਦੀ ਜ਼ਰੂਰਤ ਹੈ।

ਅੱਜ ਦੇਸ਼ ਵਿੱਚ ਬਹਿਸ ਛਿੜੀ ਕਿ ਹਫਤੇ ਵਿੱਚ ਵਿਅਕਤੀ ਕੋਲੋਂ ਕਿੰਨੇ ਘੰਟੇ ਕੰਮ ਲੈਣਾ ਚਾਹੀਦਾ ਹੈ। ਭਾਰਤ ਦੇ ਮਜਦੂਰ ਕੁਸਲ ਸ਼ਕਤੀ ਅਤੇ ਉਸ ਦੀ ਉਤਪਾਦਕਤਾ ਦੇ ਸੰਦਰਭ ਵਿੱਚ ਜ਼ਰੂਰੀ ਹੋ ਗਿਆ ਹੈ ਕਿ ਇਸ ਦਾ ਸਮੁੱਚੇ ਤੌਰ 'ਤੇ ਕੀਤਾ ਜਾਵੇ।

ਇਥੇ ਇਹ ਵੀ ਸੋਚਣਾ ਜ਼ਰੂਰੀ ਹੈ ਕਿ ਕਿਸ ਤਰ੍ਹਾਂ ਦੇ ਕੰਮ ਲਈ ਕਿਸ ਯੋਗਤਾ ਵਾਲੇ ਮਜ਼ਦੂਰ ਰੱਖੇ ਜਾਣ। ਹਾਲ ਵਿੱਚ ਪੀਰੀਓਡਿਕ ਲੇਬਰ ਫੋਰਸ ਸਰਵੇ ਜਾਂ ਪੀ ਐੱਲ ਐੱਫ ਐੱਮ ਦੇ ਅਨੁਸਾਰ ਸਵੈਰੁਜ਼ਗਾਰ ਪਿਛਲੇ 6 ਸਾਲਾਂ ਵਿੱਚ ਵਧਿਆ ਹੈ ਅਤੇ ਤਨਖਾਹ 'ਤੇ ਕੰਮ ਕਰਨ ਵਾਲਿਆਂ ਦੀ ਗਿਣਤੀ ਘਟੀ ਹੈ। ਚੂੰ ਕਿ ਸਾਡੇ ਇਥੇ ਮਜ਼ਦੂਰ ਸ਼ਕਤੀ ਦਾ ਇੱਕ ਵੱਡਾ ਹਿੱਸਾ ਉਸ ਖੇਤਰ ਵਿੱਚ ਲੱਗਿਆ ਹੋਇਆ ਹੈ, ਜੋ ਸਵੈਰੁਜ਼ਗਾਰ ਹੈ, ਉਸ ਕੰਮ ਤੋਂ ਕੰਮ ਦਿਹਾੜੀ ਦੇ ਘੰਟਿਆਂ ਦਾ ਅਨੁਮਾਨ ਲਗਾਉਣਾ ਮੁਸ਼ਕਲ ਹੁੰਦਾ ਜਾ ਰਿਹਾ ਹੈ।

***# ਸੰਪਰਕ : 98760-78731***

21-NOV-PAGE-5.qxd 11/20/2023 11:00 PM Page 1



# ਨਰੇਗਾ ਕਾਮਿਆਂ ਦਾ ਹੱਕ ਮਾਰਨ ਵਾਲੀ ਅਫਸਰਸ਼ਾਹੀ ਨੂੰ ਮੁਆਫ ਨਹੀਂ ਕੀਤਾ ਜਾਵੇਗਾ : ਗਦਾਈਆ



**ਸ਼ੇਰਪੁਰ (ਸੁਖਦੇਵ ਧੂਰੀ)**
ਪਿੰਡਾਂ ਦੇ ਕਿਰਤੀਆਂ ਨੂੰ ਪਿੰਡ ਵਿੱਚ ਹੀ ਕੰਮ ਦੀ ਪ੍ਰਾਪਤ ਹੋ ਸਕੇ, ਇਸ ਲਈ ਸੰਨ 2005 ਵਿੱਚ ਕੌਮੀ ਪੇਂਡੂ ਰੁਜ਼ਗਾਰ ਗਾਰੰਟੀ ਐਕਟ ਹੋਂਦ 'ਚ ਆਇਆ, ਕਿਉਂਕਿ ਖੇਤੀ ਖੇਤਰ 'ਚ ਮਸ਼ੀਨੀਕਰਨ ਵੱਧ ਜਾਣ ਨਾਲ ਪੇਂਡੂ ਕਿਰਤੀਆਂ ਲਈ ਕੰਮ ਕਰਕੇ ਆਪਣੇ ਪਰਿਵਾਰ ਦਾ ਜੀਵਨ ਨਿਰਵਾਹ ਕਰਨਾ ਬਹੁਤ ਮੁਸ਼ਕਲ ਹੋ ਗਿਆ ਸੀ, ਇਸ ਕਰਕੇ ਨਰੇਗਾ 2005 ਰਾਹੀਂ 100 ਦਿਨ ਕੰਮ ਦੀ ਗਾਰੰਟੀ ਕੀਤੀ ਗਈ ਹੈ, ਪਰ ਸਰਕਾਰ ਦੀ ਸ਼ਹਿ 'ਤੇ ਅਫਸਰਸ਼ਾਹੀ ਕਾਮਿਆਂ ਨੂੰ ਟਿੱਚ ਸਮਝਦੀ ਹੈ, ਜੋ ਕਿ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਰਜਿ. ਏਟਕ ਦੇ ਸੂਬਾ ਪ੍ਰਧਾਨ ਕਾਮਰੇਡ ਕਸ਼ਮੀਰ ਸਿੰਘ ਗਦਾਈਆ, ਸੀਨੀਅਰ ਮੀਤ ਪ੍ਰਧਾਨ ਕਾਮਰੇਡ ਖੁਸ਼ੀਆ ਸਿੰਘ, ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਰਜਿ. ਏਟਕ ਸੰਗਰੂਰ ਦੇ ਸਲਾਹਕਾਰ ਤੇ ਏਟਕ ਦੇ ਐਕਟਿੰਗ ਪ੍ਰਧਾਨ ਸੁਖਦੇਵ ਸ਼ਰਮਾ ਨੇ ਬੀ ਡੀ ਪੀ ਓ ਦਫਤਰ ਸ਼ੇਰਪੁਰ ਦੇ ਦਫਤਰ ਅੱਗੇ ਨਰੇਗਾ ਕਾਮਿਆਂ ਦੇ ਧਰਨੇ ਨੂੰ ਸੰਬੋਧਨ ਕਰਦਿਆਂ ਕੀਤਾ। ਆਗੂਆਂ ਨੇ ਕਿਹਾ ਕਿ ਸ਼ੇਰਪੁਰ ਦੇ ਬੀ ਡੀ ਪੀ ਓ ਦਫਤਰ ਦੇ ਨਰੇਗਾ ਅਧਿਕਾਰੀ ਕਾਮਿਆਂ ਵੱਲੋਂ ਕੰਮ ਪ੍ਰਾਪਤੀ ਲਈ ਦਿੱਤੀਆਂ ਜਾਂਦੀਆਂ ਅਰਜ਼ੀਆਂ ਦਰਜ ਨਹੀਂ ਕਰਦੇ, ਦਰਜ ਅਰਜ਼ੀ ਤੋਂ 15 ਦਿਨਾਂ ਤੱਕ ਕੰਮ ਦੇਣਾ ਹੁੰਦਾ, ਜੋ ਕਿ 20-30 ਦਿਨਾਂ ਤੱਕ ਕੰਮ ਨਹੀਂ ਦਿੱਤਾ ਜਾਂਦਾ, ਨਰੇਗਾ ਐਕਟ ਅਨੁਸਾਰ 50 ਮਜ਼ਦੂਰਾਂ 'ਤੇ ਇੱਕ ਮੇਟ ਦਿੱਤਾ ਜਾਂਦਾ ਹੈ, ਜੋ ਕਿ ਮਜ਼ਦੂਰਾਂ ਵਿੱਚੋਂ ਹੀ ਬਹੁ-ਗਿਣਤੀ ਦੀ ਸਹਿਮਤੀ ਨਾਲ ਹੁੰਦਾ ਹੈ, ਪਰ ਇਸ ਦਫਤਰ ਦੇ ਅਧਿਕਾਰੀ ਮਨਮਰਜ਼ੀ ਕਰਦੇ ਹਨ, ਨਰੇਗਾ ਕਾਮਿਆਂ ਦੇ ਕੰਮ ਵਾਲੀ ਥਾਂ ਨਾ ਪੀਣ ਵਾਲੇ ਪਾਣੀ, ਨਾ ਹੀ ਪੇਸ਼ਾਬ ਕਰਨ ਜਾਣ ਲਈ ਕੋਈ ਥਾਂ ਬਣਾ ਕੇ ਦਿੱਤੀ ਜਾਂਦੀ ਹੈ, ਨਾ ਹੀ ਦਵਾਈ ਬੂਟੀ ਦਾ ਪ੍ਰਬੰਧ ਕੀਤਾ ਜਾਂਦਾ ਹੈ।

ਆਗੂਆਂ ਨੇ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਨਰੇਗਾ ਨੂੰ ਪਾਰਦਰਸ਼ੀ ਢੰਗ ਨਾਲ ਲਾਗੂ ਨਾ ਕੀਤਾ ਗਿਆ ਤਾਂ ਸੰਘਰਸ਼ ਤੇਜ਼ ਕੀਤਾ ਜਾਵੇਗਾ। ਇਸ ਧਰਨੇ ਨੂੰ ਦੂਲਾ ਸਿੰਘ ਬਾਜਵਾ, ਜਾਗਰ ਸਿੰਘ ਘਨੌਰੀ ਕਲਾਂ, ਸੰਦੀਪ ਕੌਰ, ਕਮਲਜੀਤ ਕੌਰ, ਗੋਰਾ ਦਾਸ ਨੇ ਵੀ ਸੰਬੋਧਨ ਕੀਤਾ।

# ਕਿਸਾਨਾਂ ਵੱਲੋਂ ਪਰਾਲੀ ਨਾਲ ਭਰੀਆਂ ਟਰੈਕਟਰ-ਟਰਾਲੀਆਂ ਡੀ ਸੀ ਦਫਤਰ ਅੱਗੇ ਖੜੀਆਂ ਕਰਕੇ ਪ੍ਰਦਰਸ਼ਨ

## ਫੈਕਟਰੀਆਂ ਤੇ ਵਾਹਨਾਂ ਦੀ ਬਜਾਏ ਕਿਸਾਨ ਨੂੰ ਠਹਿਰਾਇਆ ਜਾ ਰਿਹਾ ਪ੍ਰਦੂਸ਼ਨ ਦਾ ਜ਼ਿੰਮੇਦਾਰ : ਕਿਸਾਨ ਆਗੂ



**ਫਾਜ਼ਿਲਕਾ (ਕ੍ਰਿਸ਼ਨ ਸਿੰਘ)**
ਪਰਾਲੀ ਸਾੜਨ ਦੇ ਮਾਮਲੇ ਨੂੰ ਲੈ ਕੇ ਸੰਯੁਕਤ ਕਿਸਾਨ ਮੋਰਚਾ ਦੀਆਂ ਗੈਰ-ਸਿਆਸੀ ਜਥੇਬੰਦੀਆਂ ਵੱਲੋਂ ਡਿਪਟੀ ਕਮਿਸ਼ਨਰ ਦਫਤਰ ਫਾਜ਼ਿਲਕਾ ਦੇ ਸਾਹਮਣੇ ਹਾਈਵੇਅ ਜਾਮ ਕਰਕੇ ਧਰਨਾ ਦਿੱਤਾ ਗਿਆ। ਇਸ ਦੌਰਾਨ ਕਿਸਾਨ ਪਰਾਲੀ ਨਾਲ ਭਰੀਆਂ ਟਰੈਕਟਰ-ਟਰਾਲੀਆਂ ਵੀ ਲੈ ਕੇ ਆਏ ਤੇ ਡਿਪਟੀ ਕਮਿਸਨਰ ਦਫਤਰ ਅੱਗੇ ਇਨ੍ਹਾਂ ਟਰੈਕਟਰ ਟਰਾਲੀਆਂ ਖੜਾ ਕਰ ਕੇ ਰੋਸ ਪ੍ਰਦਰਸ਼ਨ ਕੀਤਾ।

ਇਸ ਮੌਕੇ ਕਿਸਾਨ ਆਗੂ ਹਰਦੀਪ ਸਿੰਘ, ਕੁਲਵੰਤ ਸਿੰਘ ਤੇ ਹੋਰ ਆਗੂਆਂ ਨੇ ਕਿਹਾ ਕਿ ਕਿਸਾਨਾਂ ਕੋਲ ਪਰਾਲੀ ਸਾੜਨ ਤੋਂ ਬਿਨਾਂ ਹੋਰ ਕੋਈ ਚਾਰਾ ਨਹੀਂ ਹੈ। ਉਨ੍ਹਾਂ ਕਿਹਾ ਕਿ ਕਿਸਾਨ ਸ਼ੌਕ ਨਾਲ ਪਰਾਲੀ ਨੂੰ ਅੱਗ ਨਹੀਂ ਲਗਾਉਂਦੇ। ਪਰਾਲੀ ਨੂੰ ਸਾੜਨਾ ਕਿਸਾਨਾਂ ਦੀ ਮਜਬੂਰੀ ਹੈ, ਜਿਸ ਕਾਰਨ ਉਹ ਪਰਾਲੀ ਸਾੜਨ ਲਈ ਮਜਬੂਰ ਹਨ। ਉਨ੍ਹਾਂ ਕਿਹਾ ਕਿ ਸਾਲ ਭਰ ਧੂਏਂ ਤੇ ਹੋਰ ਕਈ ਤਰ੍ਹਾਂ ਦੇ ਪ੍ਰਦੂਸ਼ਣ ਪੈਦਾ ਕਰਨ ਵਾਲੇ ਵਾਹਨਾਂ, ਫੈਕਟਰੀਆਂ ਆਦਿ ਵੱਲ ਸਰਕਾਰ ਦਾ ਕੋਈ ਧਿਆਨ ਨਹੀਂ ਜਾ ਰਿਹਾ। ਭਾਰੀ ਪ੍ਰਦੂਸ਼ਨ ਕਰਨ ਵਾਲਿਆਂ ਇਨ੍ਹਾਂ ਫੈਕਟਰੀਆਂ ਤੇ ਵਾਹਨਾਂ ਤੇ ਕਾਰਵਾਈ ਕਰਨ ਦੀ ਬਜਾਏ ਕਿਸਾਨਾਂ ਨੂੰ ਹੀ ਪ੍ਰਦੂਸ਼ਨ ਦਾ ਜ਼ਿੰਮੇਦਾਰ ਠਹਿਰਾਇਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਪਰਾਲੀ ਸਾੜਨ 'ਤੇ ਪਾਬੰਦੀ ਲਾਉਣ ਵਾਲੀ ਸਰਕਾਰ ਇਸ ਦੇ ਨਿਪਟਾਰੇ ਦਾ ਕੋਈ ਹੱਲ ਨਹੀਂ ਕੱਢ ਸਕੀ। ਅੱਜ ਵੀ ਕਈ ਪਿੰਡਾਂ ਵਿੱਚ ਪਰਾਲੀ ਦੀਆਂ ਗੰਢਾਂ ਬਣਾਉਣ ਲਈ ਮਸ਼ੀਨਾਂ ਮੁਹੱਈਆ ਨਹੀਂ ਕਰਵਾਈਆਂ ਗਈਆਂ। ਉਨ੍ਹਾਂ ਇਹ ਵੀ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਕਿਸਾਨਾਂ ਨੂੰ 350 ਕਰੋੜ ਰੁਪਏ ਦੀ ਪਰਾਲੀ ਪ੍ਰਬੰਧਨ ਮਸ਼ੀਨਰੀ ਮੁਹੱਈਆ ਕਰਵਾਉਣ ਦੇ ਵੱਡੇ-ਵੱਡੇ ਇਸ਼ਤਿਹਾਰ ਕਰ ਰਹੇ ਹਨ, ਪਰ ਅਸਲ ਵਿੱਚ ਕਿਸਾਨਾਂ ਨੂੰ ਕੋਈ ਮਸ਼ੀਨਰੀ ਮੁਹੱਈਆ ਨਹੀਂ ਕਰਵਾਈ ਗਈ।

ਉਨ੍ਹਾਂ ਕਿਹਾ ਕਿ ਪਰਾਲੀ ਦਾ ਕੋਈ ਹੱਲ ਕੱਢਣ ਤੋਂ ਅਸਮਰਥ ਸਰਕਾਰ ਪ੍ਰਦੂਸ਼ਨ ਲਈ ਕਿਸਾਨਾਂ ਨੂੰ ਜ਼ਿੰਮੇਵਾਰ ਠਹਿਰਾ ਰਹੀ ਹੈ। ਇਸੇ ਕਰਕੇ ਹਰ ਰੋਜ਼ ਪਰਾਲੀ ਸਾੜਨ ਵਾਲੇ ਕਿਸਾਨਾਂ ਖਿਲਾਫ ਪਰਚੇ ਦਰਜ ਕੀਤੇ ਜਾ ਰਹੇ ਹਨ। ਇਸ ਦੇ ਵਿਰੋਧ ਵਿੱਚ ਸੰਯੁਕਤ ਕਿਸਾਨ ਮੋਰਚਾ ਦੀਆਂ 18 ਕਿਸਾਨ ਜਥੇਬੰਦੀਆਂ ਵੱਲੋਂ ਅੱਜ ਦੁਪਹਿਰ 12 ਵਜੇ ਤੋਂ ਸ਼ਾਮ 4 ਵਜੇ ਤੱਕ ਪਰਾਲੀ ਨਾਲ ਭਰੀਆਂ ਟਰਾਲੀਆਂ ਲੈ ਕੇ ਡੀ ਸੀ ਦਫਤਰ ਅੱਗੇ ਧਰਨਾ ਦਿੱਤਾ ਗਿਆ ਹੈ।

ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਹੈ ਕਿ ਪਰਾਲੀ ਦਾ ਕੋਈ ਠੋਸ ਹੱਲ ਕੀਤਾ ਜਾਵੇ। ਪਰਾਲੀ ਸਾੜਨ ਲਈ ਫਰਦ ਦਾਖਲਾ ਤੇ ਹੋਰ ਜੁਰਮਾਨੇ ਰੱਦ ਕੀਤੇ ਜਾਣੇ ਚਾਹੀਦੇ ਹਨ। ਇਸ ਤੋਂ ਇਲਾਵਾ ਪਾਸਪੋਰਟ ਰੱਦ ਕਰਨ, ਅਸਲਾ ਲਾਇਸੈਂਸ ਰੱਦ ਕਰਨ, ਸਬਸਿਡੀਆਂ ਰੱਦ ਕਰਨ ਤੇ ਹੋਰ ਸਰਕਾਰੀ ਸਹੂਲਤਾਂ ਰੱਦ ਕਰਨ ਸਬੰਧੀ ਦਿੱਤੀਆਂ ਹਦਾਇਤਾਂ ਵਾਪਸ ਲਈਆਂ ਜਾਣ।

# ਕਿਸਾਨ-ਮਜ਼ਦੂਰ ਜਥੇਬੰਦੀਆਂ ਵੱਲੋਂ ਭਖਦੇ ਮਸਲਿਆਂ ਸੰਬੰਧੀ ਡੀ ਸੀ ਦਫ਼ਤਰ ਅੱਗੇ ਧਰਨਾ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**
ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਤੇ 18 ਕਿਸਾਨ ਜਥੇਬੰਦੀਆਂ ਵੱਲੋਂ ਡੀ ਸੀ ਦਫ਼ਤਰ ਫ਼ਿਰੋਜ਼ਪੁਰ ਅੱਗੇ ਧਰਨਾ ਦਿੱਤਾ ਗਿਆ। ਧਰਨੇ ਨੂੰ ਸੰਬੋਧਨ ਕਰਦਿਆਂ ਕਿਸਾਨ ਆਗੂਆਂ ਜਸਬੀਰ ਸਿੰਘ ਪਿੱਦੀ, ਇੰਦਰਜੀਤ ਸਿੰਘ ਬਾਠ, ਗੁਰਮੇਲ ਸਿੰਘ ਫੱਤੇਵਾਲਾ ਨੇ ਕਿਹਾ ਕਿ ਸਰਕਾਰ ਪਰਾਲੀ ਸਬੰਧੀ ਮੁਸ਼ਕਲਾਂ ਦਾ ਪੱਕਾ ਹੱਲ ਕਰੇ ਅਤੇ ਜਿਹੜੇ ਕਿਸਾਨਾਂ ਮਜ਼ਦੂਰਾਂ 'ਤੇ ਅੱਗ ਲਾਉਣ ਤੇ ਪਰਚੇ ਦਰਜ ਕੀਤੇ ਹਨ, ਉਹ ਰੱਦ ਕੀਤੇ ਜਾਣ, ਅਸਲੇ ਦੇ ਲਾਇਸੰਸ ਰੱਦ ਕਰਨ, ਸਸਬਿਡੀਆਂ ਤੇ ਸਰਕਾਰੀ ਸਹੂਲਤਾਂ ਰੱਦ ਕਰਨ ਦੇ ਹੁਕਮ ਵਾਪਸ ਲਏ ਜਾਣ, ਨਿੱਜੀਕਰਨ ਨੂੰ ਬੜ੍ਹਾਵਾ ਦੇਣ ਵਾਲੀ ਨੀਤੀ ਤਹਿਤ ਚਿੱਪ ਵਾਲੇ ਮੀਟਰ ਲਾਉਣੇ ਬੰਦ ਕੀਤੇ ਜਾਣ, ਪਹਿਲਾਂ ਤੋਂ ਚੱਲੇ ਆ ਰਹੇ ਮੀਟਰ ਹੀ ਲਗਾਏ ਜਾਣ, ਭਾਰਤ ਮਾਲਾ ਪ੍ਰੋਜੈਕਟ ਤਹਿਤ ਕੱਢੇ ਜਾ ਰਹੇ ਹਾਈਵੇ ਲਈ ਇਕਵਾਇਰ ਕੀਤੀਆਂ ਜਾਣ ਵਾਲੀਆਂ ਜ਼ਮੀਨਾਂ ਦਾ ਰੇਟ 6 ਗੁਣਾਂ ਦਿੱਤਾ ਜਾਵੇ, ਆਰਬੀਟਰੇਸ਼ਨ ਵਿੱਚ ਪਏ ਕੇਸ ਤੁਰੰਤ ਨਿਪਟਾਏ ਜਾਣ ਤੇ ਰੱਦ ਕੀਤੇ ਹੋਏ ਕੇਸ ਤੁਰੰਤ ਬਹਾਲ ਕਰਕੇ ਯੋਗ ਮੁਆਵਜ਼ਾ ਦਿੱਤਾ ਜਾਵੇ, ਮਸਲੇ ਦੇ ਹੱਲ ਤੋਂ ਪਹਿਲਾਂ ਪੰਜਾਬ ਸਰਕਾਰ ਪੁਲਿਸ ਬੱਲ ਦੇ ਜ਼ੋਰ ਨਾਲ ਜ਼ਮੀਨਾਂ 'ਤੇ ਕਬਜ਼ੇ ਕਰਨੇ ਬੰਦ ਕਰੇ, ਅਤਿ ਜ਼ਰੂਰੀ ਹਾਲਾਤ ਵਿੱਚ ਮਾਰਗ ਨੂੰ ਪਿਲਰਾਂ 'ਤੇ ਬਣਾਇਆ ਜਾਵੇ ਤਾਂ ਜੋ ਹੜ੍ਹ ਆਉਣ ਦੀ ਸਥਿਤੀ ਵਿੱਚ ਕੁਦਰਤੀ ਵਹਾਅ ਬਣਿਆ ਰਹੇ, ਪੰਜਾਬ ਵਿੱਚ ਪੂਰਨ ਤੌਰ 'ਤੇ ਨਸ਼ਾ ਬੰਦੀ ਕੀਤੀ ਜਾਵੇ ਤੇ ਨਸ਼ੇ ਦੀ ਉਵਰਡੋਜ਼ ਕਾਰਨ ਮੌਤ ਹੋਣ ਦੀ ਸੂਰਤ ਵਿੱਚ ਉੱਥੋਂ ਦੇ ਵਿਧਾਇਕ, ਐੱਸ ਐੱਸ ਪੀ ਅਤੇ ਡੀ ਐੱਸ ਪੀ 'ਤੇ ਪਰਚਾ ਦਰਜ ਕੀਤਾ ਜਾਵੇ, ਗੰਨਾਂ ਮਿੱਲਾਂ ਤੁਰੰਤ ਚਾਲੂ ਕੀਤੀਆਂ ਜਾਣ ਤੇ ਗੰਨੇ ਦੇ ਭਾਅ ਵਿੱਚ 120 ਰੁ ਦਾ ਵਾਧਾ ਕੀਤਾ ਜਾਵੇ, ਝੋਨੇ ਦੀ ਫਸਲ ਪੂਰੀ ਤਰ੍ਹਾਂ ਚੁੱਕੀ ਜਾਣ ਤੱਕ ਮੰਡੀਆਂ ਚਾਲੂ ਰੱਖੀਆਂ ਜਾਣ, ਪਿਛਲੇ ਦਿਨੀਂ ਹੜ੍ਹਾਂ ਨਾਲ ਤਬਾਹ ਹੋਈਆਂ ਫ਼ਸਲਾਂ ਦੇ ਮੁਆਵਜ਼ੇ ਤੁਰੰਤ ਦਿੱਤੇ ਜਾਣ, ਵੱਖ ਵੱਖ ਅੰਦੋਲਨਾਂ ਦੌਰਾਨ ਪਾਏ ਕੇਸ ਤੁਰੰਤ ਰੱਦ ਕੀਤੇ ਜਾਣ।ਇਸ ਮੌਕੇ ਧਰਮ ਸਿੰਘ, ਨਰਿੰਦਰਪਾਲ ਸਿੰਘ, ਰਣਜੀਤ ਸਿੰਘ, ਸੁਰਜੀਤ ਸਿੰਘ, ਬਲਜਿੰਦਰ ਸਿੰਘ, ਹਰਫੂਲ ਸਿੰਘ, ਅਮਨਦੀਪ ਸਿੰਘ, ਬਲਰਾਜ ਸਿੰਘ, ਵੀਰ ਸਿੰਘ, ਮੱਖਣ ਸਿੰਘ, ਸੁਖਵੰਤ ਸਿੰਘ ਲੋਹਕਾ, ਕੁੰਦਣ ਸਿੰਘ, ਗੁਰਬਖਸ ਸਿੰਘ, ਬੂਟਾ ਸਿੰਘ, ਰਸ਼ਪਾਲ ਸਿੰਘ ਆਦਿ ਆਗੂ ਹਾਜ਼ਰ ਸਨ।

# ਕੁੱਕ ਬੀਬੀਆਂ ਤੇ ਸਫਾਈ ਵਰਕਰਾਂ ਵੱਲੋਂ ਧਰਨਾ ਤੇ ਰੋਸ ਮੁਜ਼ਾਹਰਾ



**ਮਾਨਸਾ (ਪਮਾਰ)**-ਜ਼ਿਲ੍ਹਾ ਕਚਹਿਰੀਆਂ ਵਿੱਚ ਮਿੱਡ ਡੇ ਮੀਲ ਤੇ ਸਫਾਈ ਵਰਕਰ ਯੂਨੀਅਨ ਸਬੰਧਤ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਵੱਲੋਂ ਸਰਕਾਰੀ ਸਕੂਲਾਂ ਵਿੱਚੋਂ ਬਿਨਾਂ ਵਜ੍ਹਾ ਹਟਾਉਣ ਤੇ ਤਨਖਾਹ 'ਚ ਕੀਤਾ ਵਾਧਾ ਜਾਰੀ ਨਾ ਕਰਨ ਖਿਲਾਫ ਕੁੱਕ ਬੀਬੀਆਂ ਤੇ ਸਫਾਈ ਵਰਕਰਾਂ ਵੱਲੋਂ ਧਰਨਾ ਤੇ ਰੋਸ ਮੁਜ਼ਾਹਰਾ ਕੀਤਾ ਗਿਆ। ਇਸ ਮੌਕੇ ਮਿੱਡ ਡੇ ਮੀਲ ਤੇ ਸਫਾਈ ਵਰਕਰ ਯੂਨੀਅਨ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਬੋਹਾ, ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਸੂਬਾ ਪ੍ਰਧਾਨ ਭਗਵੰਤ ਸਿੰਘ ਸਮਾਓਂ ਨੇ ਕਿਹਾ ਕਿ ਅੱਜ ਜਿੱਥੇ ਰਾਜ ਅੰਦਰ ਮੁੱਖ ਮੰਤਰੀ, ਮੰਤਰੀਆਂ, ਐੱਮ ਐੱਲ ਏ ਤੇ ਅਫਸਰਸ਼ਾਹੀ ਲੱਖਾਂ ਰੁਪਏ ਪ੍ਰਤੀ ਮਹੀਨਾ ਤਨਖਾਹਾਂ ਪ੍ਰਾਪਤ ਕਰ ਰਹੇ ਹਨ, ਉਥੇ ਸਰਕਾਰ ਦੇ ਹੀ ਵਿਭਾਗਾਂ ਤੇ ਸਰਕਾਰੀ ਸਕੂਲਾਂ ਵਿੱਚ ਮਿੱਡ ਡੇ ਮੀਲ ਸਕੀਮ ਤਹਿਤ ਕੰਮ ਕਰਨ ਵਾਲੀਆਂ ਕੁੱਕ ਬੀਬੀਆਂ ਤੇ ਸਫਾਈ ਦਾ ਕੰਮ ਕਰਨ ਵਾਲੇ ਵਰਕਰ ਨੂੰ ਸਿਰਫ 100 ਰੁਪਏ ਰੋਜ਼ਾਨਾ ਦਿਹਾੜੀ 'ਤੇ ਜ਼ਿੰਦਗੀ ਜਿਊਣ ਲਈ ਮਜਬੂਰ ਕੀਤਾ ਹੋਇਆ ਹੈ ਅਤੇ ਇਨ੍ਹਾਂ ਬੀਬੀਆਂ ਨੂੰ ਵੀ ਆਨੇ-ਬਹਾਨੇ ਸਕੂਲਾਂ 'ਚੋਂ ਹਟਾਇਆ ਜਾ ਰਿਹਾ ਹੈ। ਇਸੇ ਤਰ੍ਹਾਂ ਸਕੂਲਾਂ ਵਿੱਚ ਸਫਾਈ ਵਰਕਰ ਨੂੰ ਤਿੰਨ ਮਹੀਨਿਆਂ ਤੋਂ ਤਨਖਾਹਾਂ ਵੀ ਨਹੀਂ ਦਿੱਤੀਆਂ ਗਈਆਂ। ਉਨ੍ਹਾਂ ਕਿਹਾ ਕਿ ਅਕਾਲੀ, ਕਾਂਗਰਸੀ ਚੋਰਾਂ ਤੋਂ ਅੱਕੇ ਪੰਜਾਬੀਆਂ ਨੇ ਡਾਕੂਆਂ ਨੂੰ ਸੱਤਾ 'ਤੇ ਬਿਠਾ ਕੇ ਵੱਡੀ ਗਲਤੀ ਕਰ ਲਈ ਹੈ। ਉਨ੍ਹਾਂ ਕਿਹਾ ਕਿ ਸਾਦੇ ਢੰਗ ਨਾਲ ਰਾਜ ਚਲਾਉਣ ਦੀਆਂ ਗੱਲਾਂ ਕਰਨ ਵਾਲੇ ਮੁੱਖ ਮੰਤਰੀ ਮਾਨ ਨੇ ਤਾਂ 18 ਮਹੀਨਿਆਂ ਵਿੱਚ ਹੀ 65 ਹਜ਼ਾਰ ਕਰੋੜ ਦਾ ਕਰਜ਼ਾ ਪੰਜਾਬ ਸਿਰ ਚੜ੍ਹਾ ਦਿੱਤਾ ਹੈ, ਜਿਸ ਤੋਂ ਸਾਫ ਜ਼ਾਹਰ ਹੁੰਦਾ ਹੈ ਕਿ ਪੰਜ ਸਾਲ 'ਚ ਤਾਂ ਝਾੜੂ ਸਰਕਾਰ ਪੰਜਾਬ ਨੂੰ ਬਰਬਾਦ ਕਰ ਕੇ ਰੱਖ ਦੇਵੇਗੀ ਅਤੇ ਅੱਜ ਆਪ ਸਰਕਾਰ ਦੇ ਰਾਜ ਕਾਲ ਨੇ ਸਾਬਿਤ ਕਰ ਦਿੱਤਾ ਹੈ ਕਿ ਮੁੱਖ ਮੰਤਰੀ ਮਾਨ ਛੋਟੇ ਮੁਲਾਜ਼ਮਾਂ ਤੇ ਦਲਿਤ ਸਮਾਜ ਵਿਰੋਧੀ ਮੁੱਖ ਮੰਤਰੀ ਹੈ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਕੁੱਕ ਬੀਬੀਆਂ ਦੀ ਬੇਵਜ੍ਹਾ ਸਕੂਲਾਂ ਵਿੱਚੋਂ ਛਾਂਟੀ ਕੀਤੀ ਤੇ ਤਨਖਾਹਾਂ ਵਿੱਚ ਕੀਤਾ ਗਿਆ ਵਾਧਾ ਜਾਰੀ ਨਾ ਕੀਤਾ ਤਾਂ ਦਸੰਬਰ ਮਹੀਨੇ ਵਿੱਚ ਮੁੱਖ ਮੰਤਰੀ ਦੇ ਘਰ ਅੱਗੇ ਧਰਨਾ ਦਿੱਤਾ ਜਾਵੇਗਾ। ਇਸ ਮੌਕੇ ਜ਼ਿਲ੍ਹਾ ਸਕੱਤਰ ਜਸਵਿੰਦਰ ਕੌਰ ਗਾਮੀਵਾਲਾ, ਜ਼ਿਲ੍ਹਾ ਪ੍ਰਧਾਨ ਮਨਜੀਤ ਕੌਰ ਰਿਉਂਦ ਖੁਰਦ, ਨਸੀਬ ਕੌਰ ਪੇਰੋ, ਕੇਸਰ ਕੌਰ ਦਾਤੇਵਾਸ, ਜਰਨੈਲ ਸਿੰਘ ਮਾਨਸਾ, ਪਰਮਿੰਦਰ ਕੌਰ, ਵੀਰਪਾਲ ਕੌਰ, ਜਸਵਿੰਦਰ ਕੌਰ ਨੇ ਵੀ ਸੰਬੋਧਨ ਕੀਤਾ।

# 25 ਦੀ ਫਰੀਦਕੋਟ ਰੈਲੀ ਲਾਮਿਸਾਲ ਤੇ ਇਤਿਹਾਸਕ ਹੋਵੇਗੀ : ਚੌਹਾਨ/ਉੱਡਤ

## *ਜਨ ਸੰਪਰਕ ਮੁਹਿੰਮ ਤਹਿਤ ਬਾਜੇਵਾਲਾ 'ਚ ਕੀਤੀ ਭਰਵੀਂ ਮੀਟਿੰਗ*



**ਮਾਨਸਾ (ਆਤਮਾ ਸਿੰਘ ਪਮਾਰ)**-ਪੰਜਾਬ ਸਰਕਾਰ ਦੀਆਂ ਕਾਰਪੋਰੇਟ ਘਰਾਣਿਆਂ ਪੱਖੀ ਤੇ ਮਜ਼ਦੂਰ ਵਿਰੋਧੀ ਨੀਤੀਆਂ ਖਿਲਾਫ ਪੰਜਾਬ ਖੇਤ ਮਜ਼ਦੂਰ ਸਭਾ ਵੱਲੋਂ 25 ਨਵੰਬਰ ਨੂੰ ਫਰੀਦਕੋਟ ਵਿਖੇ ਸੂਬਾ ਪੱਧਰੀ ਰੈਲੀ ਲਾਮਿਸਾਲ ਤੇ ਇਤਿਹਾਸਕ ਹੋਵੇਗੀ ਤੇ ਪੰਜਾਬ ਸਰਕਾਰ ਨੂੰ ਸੱਤਾ ਵਿੱਚ ਆਉਣ ਤੋਂ ਪਹਿਲਾਂ ਲੋਕਾਂ ਨੂੰ ਦਿੱਤੀਆਂ ਗਰੰਟੀਆਂ ਪੂਰੀਆਂ ਕਰਨ ਲਈ ਮਜਬੂਰ ਕਰ ਦੇਵੇਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਇੱਥੋਂ ਥੋੜ੍ਹੀ ਦੂਰ ਸਥਿਤ ਪਿੰਡ ਬਾਜੇਵਾਲਾ ਵਿਖੇ ਜਨ ਸੰਪਰਕ ਮੁਹਿੰਮ ਤਹਿਤ ਕੀਤੀ ਭਰਵੀਂ ਜਨਤਕ ਮੀਟਿੰਗ ਨੂੰ ਸੰਬੋਧਨ ਕਰਦਿਆਂ ਪੰਜਾਬ ਖੇਤ ਮਜ਼ਦੂਰ ਸਭਾ ਦੇ ਸੂਬਾ ਮੀਤ ਪ੍ਰਧਾਨ ਸਾਥੀ ਕ੍ਰਿਸ਼ਨ ਚੌਹਾਨ ਤੇ ਏਟਕ ਦੇ ਸੂਬਾਈ ਆਗੂ ਐਡਵੋਕੇਟ ਕੁਲਵਿੰਦਰ ਸਿੰਘ ਉੱਡਤ ਨੇ ਕੀਤਾ। ਆਗੂਆਂ ਨੇ ਕਿਹਾ ਕਿ ਬਦਲਾਅ ਦੇ ਨਾਮ 'ਤੇ ਬਣੀ ਆਪ ਸਰਕਾਰ ਨੇ ਸੱਤਾ ਹਾਸਲ ਕਰਨ ਉਪਰੰਤ ਰਵਾਇਤੀ ਪਾਰਟੀਆਂ ਵਾਂਗ ਲੋਕ ਵਿਰੋਧੀ ਤੇ ਕਾਰਪੋਰੇਟ ਘਰਾਣਿਆਂ ਪੱਖੀ ਨੀਤੀਆਂ ਲਾਗੂ ਕਰਕੇ ਮਜ਼ਦੂਰ ਵਰਗ ਨਾਲ ਵੱਡਾ ਧ੍ਰੋਹ ਕਮਾਇਆ ਤੇ ਕੰਮ ਦੇ 8 ਤੋਂ 12 ਕਰਨ ਵਾਲੀ ਪੰਜਾਬ ਸਰਕਾਰ ਦੇਸ਼ ਦੀ ਪਹਿਲੀ ਰਾਜ ਸਰਕਾਰ ਬਣ ਗਈ ਹੈ। ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਵੀ ਮੋਦੀ ਸਰਕਾਰ ਵਾਂਗ ਮਜ਼ਦੂਰਾਂ ਦੀ ਭਲਾਈ ਲਈ ਬਣੇ ਮਨਰੇਗਾ ਕਾਨੂੰਨ ਨੂੰ ਖਤਮ ਕਰਨ ਲਈ ਕੋਈ ਕਸਰ ਬਾਕੀ ਨਹੀਂ ਛੱਡੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਾਥੀ ਬਲਦੇਵ ਸਿੰਘ ਬਾਜੇਵਾਲਾ, ਬਲਦੇਵ ਸਿੰਘ ਉੱਡਤ, ਜੱਗਾ ਸਿੰਘ ਬਾਜੇਵਾਲਾ, ਬੂਟਾ ਸਿੰਘ ਬਾਜੇਵਾਲਾ, ਨਿਰਮਲ ਸਿੰਘ ਬਾਜੇਵਾਲਾ, ਕਾਲਾ ਖਾਂ ਭੰਮੇ ਕਲਾਂ, ਗਿੰਦਰ ਸਿੰਘ ਬਾਜੇਵਾਲਾ, ਮੰਗਾ ਸਿੰਘ ਬਾਜੇਵਾਲਾ, ਗੁਰਜੰਟ ਸਿੰਘ ਕੋਟਧਰਮੂ ਆਦਿ ਹਾਜ਼ਰ ਸਨ।

# ਧਰਨਾਕਾਰੀ ਵਫਦ ਐੱਸ ਪੀ ਹੈੱਡਕੁਆਰਟਰ ਨੂੰ ਮਿਲਿਆ

## ਪੀੜਤਾ ਮਨਪ੍ਰੀਤ ਕੌਰ ਦਾ ਨਾਂਅ ਐੱਫ ਆਈ ਆਰ 'ਚ ਸ਼ਾਮਲ ਕਰਨ ਦੀ ਮੰਗ



**ਜਗਰਾਓਂ (ਅਮਿਤ ਖੰਨਾ)**
ਸੰਘਰਸ਼ ਕਮੇਟੀ ਦੇ ਕਨਵੀਨਰ ਤੇ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਤਰਲੋਚਨ ਸਿੰਘ ਝੋਰੜਾਂ, ਪੇਂਡੂ ਮਜ਼ਦੂਰ ਯੂਨੀਅਨ ਦੇ ਬਖਤਾਵਰ ਸਿੰਘ, ਦਸਮੇਸ਼ ਕਿਸਾਨ ਮਜ਼ਦੂਰ ਯੂਨੀਅਨ ਦੇ ਸਕੱਤਰ ਜਸਦੇਵ ਸਿੰਘ ਲਲਤੋਂ, 'ਸੀਟੂ' ਆਗੂ ਨਿਰਮਲ ਸਿੰਘ ਧਾਲੀਵਾਲ, ਯੂਥ ਵਿੰਗ ਦੀ ਅਗਵਾਈ 'ਚ ਧਰਨਾਕਾਰੀ ਜਥੇਬੰਦੀਆਂ ਦਾ ਵਫਦ ਐੱਸ ਪੀ ਹੈੱਡਕੁਆਰਟਰ ਮਨਵਿੰਦਰਬੀਰ ਸਿੰਘ ਨੂੰ ਮਿਲਿਆ। ਵਫਦ ਨੇ ਐੱਸ ਪੀ ਅੱਗੇ ਇਕਮਾਤਰ ਮੰਗ ਰੱਖੀ ਕਿ ਪੀੜਤਾ ਮਨਪ੍ਰੀਤ ਕੌਰ ਧਾਲੀਵਾਲ ਨੂੰ ਵੀ ਇੱਕ ਪੀੜਤਾ ਵਜੋਂ ਮੁਕੱਦਮਾ ਨੰਬਰ 274/2021 ਵਿੱਚ ਸ਼ਾਮਲ ਕੀਤਾ ਜਾਵੇ ਤਾਂ ਕਿ ਪੀੜਤਾ ਨੂੰ 'ਨੌਰਮ 2016' ਮੁਤਾਬਕ ਬਣਦਾ ਮੁਆਵਜ਼ਾ ਤੇ ਨਿਆਂ ਮਿਲ ਸਕੇ। ਵਫਦ ਨੇ ਪੁਲਸ ਅਧਿਕਾਰੀਆਂ ਦਾ ਧਿਆਨ ਜ਼ਿਲ੍ਹਾ ਮੈਜਿਸਟਰੇਟ ਨਾਲ ਹੋਈ ਮੀਟਿੰਗ ਵੱਲ ਦਿਵਾਉਂਦਿਆਂ ਕਿਹਾ ਕਿ ਮੁਆਵਜ਼ੇ ਦੀ ਪੂਰਤੀ ਲਈ ਪੀੜਤਾ ਨਾਮ ਮੁਕੱਦਮੇ ਵਿੱਚ ਸ਼ਾਮਲ ਹੋਣਾ ਜ਼ਰੂਰੀ ਹੈ। ਦੱਸਣਯੋਗ ਹੈ ਕਿ ਦੋਵੇਂ ਪੀੜਤ ਪਰਿਵਾਰਾਂ ਨੂੰ ਨਿਆਂ ਤੇ ਮੁਆਵਜ਼ਾ ਦਿਵਾਉਣ ਸਬੰਧੀ ਕਰੀਬ 19 ਮਹੀਨਿਆਂ ਤੋਂ ਥਾਣੇ ਮੂਹਰੇ ਅਣਮਿੱਥੇ ਸਮੇਂ ਦਾ ਪੱਕਾ ਧਰਨਾ ਲਗਾਇਆ ਹੋਇਆ ਹੈ ਅਤੇ ਪੀੜਤਾ ਮਨਪ੍ਰੀਤ ਕੌਰ ਵਗੈਰਾ ਨਾਲ ਵੀ ਮੁਕੱਦਮੇ ਦੇ ਦੋਸ਼ੀ ਤੱਤਕਾਲੀ ਕਥਿਤ ਥਾਣਾ ਮੁਖੀ, ਚੌਕੀ ਮੁਖੀ ਨੇ ਨਜਾਇਜ਼ ਹਿਰਾਸਤ 'ਚ ਜ਼ਾਤੀ ਮੰਦਭਾਵਨਾ ਤਹਿਤ ਅੱਤਿਆਚਾਰ ਕੀਤਾ ਸੀ। ਤਰਲੋਚਨ ਸਿੰਘ ਝੋਰੜਾਂ, ਜਸਦੇਵ ਸਿੰਘ ਲਲਤੋਂ ਤੇ ਨਿਰਮਲ ਸਿੰਘ ਧਾਲੀਵਾਲ ਨੇ ਪ੍ਰੈੱਸ ਨਾਲ ਗੱਲ ਕਰਦਿਆਂ ਕਿਹਾ ਕਿ ਪੁਲਸ ਅਧਿਕਾਰੀਆਂ ਨੇ ਵਫਦ ਨੂੰ ਭਰੋਸਾ ਦਿੱਤਾ ਕਿ ਪੀੜਤਾ ਮਨਪ੍ਰੀਤ ਕੌਰ ਨੂੰ ਬਣਦਾ ਮੁਆਵਜ਼ਾ ਦਿਵਾਉਣ ਲਈ ਲੋੜੀਂਦੀ ਕਾਰਵਾਈ ਜਲਦੀ ਕੀਤੀ ਜਾਵੇਗੀ। ਦੱਸਣਯੋਗ ਹੈ ਕਿ ਪੜਤਾਲੀਆ ਅਧਿਕਾਰੀ ਰਹੇ ਡੀਜੀਪੀ/ਐੱਚ ਆਰ ਵੱਲੋਂ ਪੰਜ ਲੱਖ ਰੁਪਏ ਦੇਣ ਦੀ ਤੇ ਕੌਮੀ ਅਨੁਸੂਚਿਤ ਜਾਤੀਆਂ ਕਮਿਸ਼ਨ ਵੱਲੋਂ ਮ੍ਰਿਤਕਾ ਕੁਲਵੰਤ ਦੀ ਮਾਤਾ ਪੀੜਤਾ ਸੁਰਿੰਦਰ ਕੌਰ ਨੂੰ ਪੈਨਸ਼ਨ ਲਗਾਉਣ ਦੀ ਸਿਫਾਰਸ਼ ਕੀਤੀ ਹੋਈ ਹੈ। ਇੱਕ ਵੱਖਰੇ ਬਿਆਨ 'ਚ ਤਰਲੋਚਨ ਸਿੰਘ ਝੋਰੜਾਂ, ਅਵਤਾਰ ਸਿੰਘ ਰਸੂਲਪੁਰ ਤੇ ਸਾਧੂ ਸਿੰਘ ਅੱਚਰਵਾਲ ਨੇ ਕਿਹਾ ਕਿ 28 ਨਵੰਬਰ ਨੂੰ ਇੱਕ ਵਫਦ ਡੀਜੀਪੀ ਗੌਰਵ ਯਾਦਵ ਨੂੰ ਵੀ ਮਿਲੇਗਾ ਤੇ ਨਿਆਂ ਦੀ ਮੰਗ ਕਰੇਗਾ। ਇਸ ਸਮੇਂ ਉਕਤ ਆਗੂਆਂ ਤੋਂ ਬਿਨਾਂ ਪੀੜਤਾ ਮਨਪ੍ਰੀਤ ਕੌਰ ਧਾਲੀਵਾਲ, ਦਰਸ਼ਨ ਸਿੰਘ ਧਾਲੀਵਾਲ, ਨਿਰਮਲ ਸਿੰਘ ਧਾਲੀਵਾਲ, ਸੁਖਦੇਵ ਸਿੰਘ ਚਕਰ, ਇਨਕਲਾਬੀ ਕਵੀ ਸੁਰੈਣ ਸਿੰਘ ਧੂਰਕੋਟ, ਸਤਿਕਾਰ ਕਮੇਟੀ ਦੇ ਪ੍ਰਧਾਨ ਜਸਪ੍ਰੀਤ ਸਿੰਘ ਢੋਲਣ, ਜਗਰੂਪ ਸਿੰਘ ਝੋਰੜਾਂ, ਜਲੌਰ ਸਿੰਘ, ਅਵਤਾਰ ਸਿੰਘ ਜਗਰਾਉਂ, ਗੁਰਚਰਨ ਸਿੰਘ ਆਦਿ ਹਾਜ਼ਰ ਸਨ।

# ਬਲਾਕ ਪ੍ਰਧਾਨ ਸੰਦੀਪ ਸ਼ਰਮਾ ਵੱਲੋਂ ਡੋਰ-ਟੂ-ਡੋਰ ਕੈਂਪੇਨ

**ਨਾਭਾ (ਵਰਿੰਦਰ ਵਰਮਾ)**-ਹਲਕਾ ਵਿਧਾਨ ਸਭਾ ਨਾਭਾ ਦੇ ਬਲਾਕ ਪ੍ਰਧਾਨ ਸੰਦੀਪ ਸ਼ਰਮਾ ਵੱਲੋਂ ਆਮ ਆਦਮੀ ਪਾਰਟੀ ਦੀਆਂ 1 ਸਾਲ ਦੀਆਂ ਪ੍ਰਾਪਤੀਆਂ ਨੂੰ ਘਰ ਘਰ ਪਹੁੰਚਾਉਣ ਲਈ ਵਾਰਡ ਨੰਬਰ 12, 13, 14 ਤੇ 15 ਦੇ ਆਊਟਰ ਕਲੋਨੀਆਂ ਵਿੱਚ ਡੋਰ ਟੂ ਡੋਰ ਕੈਂਪੇਨ ਸ਼ੁਰੂ ਕੀਤੀ। ਇਸ ਮੌਕੇ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ। ਲੋਕ ਸਰਕਾਰ ਦੇ ਕੰਮ ਤੋਂ ਖੁਸ਼ ਨਜ਼ਰ ਆ ਰਹੇ ਸਨ। ਇਸ ਮੌਕੇ ਸੰਦੀਪ ਸ਼ਰਮਾ ਨੇ ਲੋਕਾਂ ਦੀਆਂ ਸਮੱਸਿਆ ਨੂੰ ਵੀ ਸੁਣਿਆ ਤੇ ਬਹੁਤ ਜ਼ਿਆਦਾ ਉਨ੍ਹਾਂ ਦਾ ਹੱਲ ਕਰਨ ਦਾ ਭਰੋਸਾ ਵੀ ਦਿੱਤਾ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਤੇ ਗਤੀਵਿਧੀਆਂ ਨੂੰ ਘਰ-ਘਰ ਪਹੁੰਚਾਉਣ ਦੇ ਇਰਾਦੇ ਨਾਲ ਤੇ ਪਾਰਟੀ ਹਾਈ ਕਮਾਂਡ ਤੇ ਹਲਕਾ ਵਿਧਾਨ ਸਭਾ ਨਾਭਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਜੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਵਾਰਡ ਏ ਕਲੋਨੀ ਵਿੱਚ ਡੋਰ-ਟੂ-ਡੋਰ ਜਾ ਕੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਸੁਣਿਆ ਤੇ ਇਨ੍ਹਾਂ ਨੂੰ ਹੱਲ ਕਰਨ ਦਾ ਵਿਸ਼ਵਾਸ ਵੀ ਦਵਾਇਆ ਹੈ। ਇਸ ਦੌਰਾਨ ਸੰਦੀਪ ਸਰਮਾ ਦਾ ਕਲੋਨੀ ਵਾਸੀਆਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਆਮ ਆਦਮੀ ਪਾਰਟੀ ਸਰਕਾਰ ਦੀਆਂ ਉਪਲਬੱਧੀਆਂ ਬਾਰੇ ਜਨਤਾ ਨੂੰ ਡੋਰ-ਟੂ-ਡੋਰ ਪ੍ਰੋਗਰਾਮ ਤਹਿਤ ਜਾਣੂ ਕਰਵਾਇਆ ਗਿਆ।



# ਹਾਰਟ ਅਟੈਕ ਦੇ ਸ਼ੱਕੀ ਮਰੀਜ਼ਾਂ ਦਾ ਪਹਿਲ ਦੇ ਅਧਾਰ 'ਤੇ ਹੋਵੇਗਾ ਇਲਾਜ : ਡਾ. ਦਵਿੰਦਰਜੀਤ ਕੌਰ

## ਸਟੈਮੀ ਪ੍ਰੋਜੈਕਟ ਤਹਿਤ ਡਾਕਟਰਾਂ ਦੀ ਕੀਤੀ ਰਿਵਿਊ ਮੀਟਿੰਗ



**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**
ਗੈਰ-ਸੰਚਾਰੀ ਬਿਮਾਰੀਆਂ ਤੋਂ ਬਚਾਅ ਤੇ ਰੋਕਥਾਮ ਲਈ ਬਣੇ ਰਾਸ਼ਟਰੀ ਪ੍ਰੋਗਰਾਮ ਤਹਿਤ ਛਾਤੀ ਵਿੱਚ ਦਰਦ, ਦਿਲ ਦੇ ਦੌਰੇ ਜਾਂ ਦਿਲ ਦੀਆਂ ਮਸ਼ਕਲਾਂ ਨਾਲ ਪੀੜਤ ਮਰੀਜ਼ਾਂ ਦਾ ਸਰਕਾਰੀ ਹਸਪਤਾਲਾਂ ਵਿੱਚ ਤੁਰੰਤ ਇਲਾਜ ਕਰਨ ਤੇ ਹਾਰਟ ਅਟੈਕ ਨਾਲ ਹੋਰ ਸੰਬੰਧਤ ਸਮੱਸਿਆਵਾਂ 'ਤੇ ਕਾਬੂ ਪਾਉਣ ਲਈ ਚਲਾਏ ਜਾ ਰਹੇ ਸਟੈਮੀ ਪ੍ਰੋਜੈਕਟ ਤਹਿਤ ਸਿਵਲ ਸਰਜਨ ਡਾ. ਦਵਿੰਦਰਜੀਤ ਕੌਰ ਦੀ ਅਗਵਾਈ ਹੇਠ ਜ਼ਿਲ੍ਹਾ ਹਸਪਤਾਲ ਵਿਖੇ ਮੈਡੀਕਲ ਅਫਸਰਾਂ ਦੀ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਸਰਕਾਰੀ ਮੈਡੀਕਲ ਕਾਲਜ ਤੇ ਹਸਪਤਾਲ, ਸੈਕਟਰ 32, ਚੰਡੀਗੜ੍ਹ ਤੋਂ ਸੀਨੀਅਰ ਰਿਸਰਚ ਫੈਲੋ ਮੈਡਮ ਸਮਰਿਤੀ ਵੱਲੋਂ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ ਗਈ। ਟ੍ਰੇਨਿੰਗ ਦੌਰਾਨ ਡਾ. ਦਵਿੰਦਰਜੀਤ ਕੌਰ ਨੇ ਮੈਡੀਕਲ ਅਫਸਰਾਂ ਨੂੰ ਕਿਹਾ ਕਿ ਉਨ੍ਹਾਂ ਵੱਲੋਂ ਓ.ਪੀ.ਡੀ. ਵਿੱਚ ਸਟੈਮੀ (ਛਾਤੀ ਵਿੱਚ ਦਰਦ ਜਾਂ ਦਿਲ ਦੀਆਂ ਮੁਸ਼ਕਲਾਂ ਨਾਲ ਪੀੜਤ) ਤਹਿਤ ਆਉਣ ਵਾਲੇ ਮਰੀਜ਼ਾਂ ਦੇ ਇਲਾਜ ਸੰਬੰਧੀ ਜ਼ਿਲ੍ਹੇ ਵਿੱਚ ਤਾਇਨਾਤ ਮੈਡੀਸਿਨ ਦੇ ਡਾਕਟਰਾਂ ਨਾਲ ਟੈਲੀਫੋਨ 'ਤੇ ਲੋੜੀਂਦੀ ਸਲਾਹ ਲਈ ਜਾ ਸਕਦੀ ਹੈ, ਜੇਕਰ ਲੋੜ ਹੋਵੇ ਤਾਂ ਉਨ੍ਹਾਂ ਨੂੰ ਅਪਣੀ ਸਿਹਤ ਸੰਸਥਾਂ ਵਿਖੇ ਮੁੱਢਲਾ ਇਲਾਜ ਦੇ ਕੇ ਹੀ ਜ਼ਿਲ੍ਹਾ ਹਸਪਤਾਲ ਵਿਖੇ ਰੈਫਰ ਕੀਤਾ ਜਾਵੇ। ਉਨ੍ਹਾਂ ਜ਼ਿਲ੍ਹੇ ਦੇ ਸਮੂਹ ਮੈਡੀਕਲ ਅਫਸਰਾਂ ਨੂੰ ਸੈਂਸੇਟਾਈਜ਼ ਕਰਦਿਆਂ ਹਦਾਇਤ ਕੀਤੀ ਕਿ ਸਿਹਤ ਸੰਸਥਾਵਾਂ ਵਿੱਚ ਜੇਕਰ ਕੋਈ ਛਾਤੀ ਦੇ ਦਰਦ ਨਾਲ ਮਰੀਜ਼ ਆਉਂਦਾ ਹੈ ਤਾਂ ਉਸ ਦੀ ਤੁਰੰਤ ਈ.ਸੀ.ਜੀ. ਕਰਨ ਜੇਕਰ ਮਰੀਜ਼ ਦੀ ਈ.ਸੀ.ਜੀ ਵਿੱਚ ਕੋਈ ਨੁਕਸ ਆਉਂਦਾ ਹੈ ਤਾਂ ਅਜਿਹੇ ਮਰੀਜ਼ਾਂ ਨੂੰ ਪਹਿਲ ਦੇ ਅਧਾਰ 'ਤੇ ਦੇਖਿਆ ਜਾਵੇ ਤੇ ਲੋੜ ਪੈਣ 'ਤੇ ਤੁਰੰਤ ਨੇੜੇ ਦੀ ਉਚੇਰੀ ਸਿਹਤ ਸੰਸਥਾ ਵਿਖੇ ਭੇਜਿਆ ਜਾਵੇ, ਪਰ ਮਰੀਜ਼ ਨੂੰ ਉਚੇਰੀ ਸੰਸਥਾਂ ਵਿੱਚ ਭੇਜਣ ਉਪਰੰਤ ਨਾਲ ਹੀ ਸਬੰਧਤ ਡਾਕਟਰ ਨੂੰ ਟੈਲੀਫੋਨ ਸੁਨੇਹੇ ਰਾਹੀਂ ਸੂਚਿਤ ਕੀਤਾ ਜਾਵੇ ਅਤੇ ਮਰੀਜ਼ ਦਾ ਰਿਕਾਰਡ ਵੀ ਦੂਰਭਾਸ਼ ਰਾਹੀਂ ਉੱਚ ਸਿਹਤ ਸੰਸਥਾਂ ਦੇ ਡਾਕਟਰਾਂ ਨੂੰ ਭੇਜਿਆ ਤਾਂ ਜੋ ਮਰੀਜ਼ ਦੇ ਪੈਂਹੁਚਣ ਤੋਂ ਪਹਿਲਾਂ ਹੀ ਉਸ ਦੇ ਇਲਾਜ ਲਈ ਉਚੇਰੇ ਪ੍ਰਬੰਧ ਕੀਤੇ ਜਾ ਸਕਣ।

ਇਸ ਮੌਕੇ ਜ਼ਿਲ੍ਹਾ ਪਰਿਵਾਰ ਭਲਾਈ ਅਫਸਰ ਡਾਕਟਰ ਦਲਜੀਤ ਕੌਰ, ਸੀਨੀਅਰ ਮੈਡੀਕਲ ਅਫਸਰ ਡਾਕਟਰ ਬਲਕਾਰ ਸਿੰਘ ਤੇ ਲਾਜਿੰਦਰਜੀਤ ਵਰਮਾ, ਜ਼ਿਲ੍ਹਾ ਮਾਸ ਮੀਡੀਆ ਅਫਸਰ ਬਲਜਿੰਦਰ ਸਿੰਘ ਜਸਵਿੰਦਰ ਕੌਰ, ਜ਼ਿਲ੍ਹਾ ਬੀ ਸੀ ਸੀ ਅਮਰਜੀਤ ਸਿੰਘ ਤੇ ਹੋਰ ਹਾਜ਼ਰ ਸਨ।

# ਪੱਤਰਕਾਰ ਮਨੋਹਰ ਸਿੰਘ ਸੱਗੂ ਨੂੰ ਸਦਮਾ, ਪਤਨੀ ਦਾ ਦੇਹਾਂਤ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਪ੍ਰੈੱਸ ਟਰੱਸਟ ਪੰਜਾਬ ਦੇ ਸੂਬਾ ਕਾਰਜਕਾਰੀ ਪ੍ਰਧਾਨ ਤੇ ਸਥਾਨਕ ਸੀਨੀਅਰ ਪੱਤਰਕਾਰ ਮਨੋਹਰ ਸਿੰਘ ਸੱਗੂ ਨੂੰ ਉਸ ਵੇਲੇ ਗਹਿਰਾ ਸਦਮਾ ਪੁੱਜਿਆ, ਜਦੋਂ ਉਨ੍ਹਾਂ ਦੀ ਧਰਮ ਪਤਨੀ ਸ੍ਰੀਮਤੀ ਗੁਰਚਰਨ ਕੌਰ ਸਦੀਵੀ ਵਿਛੋੜਾ ਦੇ ਗਏ। ਪੱਤਰਕਾਰ ਮਨੋਹਰ ਸਿੰਘ ਸੱਗੂ ਨਾਲ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ, ਓ.ਐਸ.ਡੀ. ਉਂਕਾਰ ਸਿੰਘ ਸਿੱਧੂ, ਸਾਬਕਾ ਵਿੱਤ ਮੰਤਰੀ ਪਰਮਿੰਦਰ ਸਿੰਘ ਢੀਂਡਸਾ, ਓ.ਐਸ.ਡੀ. ਅਮਨਵੀਰ ਸਿੰਘ ਚੈਰੀ, ਮੁੱਖ ਮੰਤਰੀ ਕੈਂਪ ਦਫ਼ਤਰ ਦੇ ਇੰਚਾਰਜ ਅੰਮ੍ਰਿਤ ਬਰਾੜ, ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਅਸ਼ੋਕ ਕੁਮਾਰ, ਮਾਰਕਿਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਆਪ ਆਗੂ ਸਤਿੰਦਰ ਸਿੰਘ ਚੱਠਾ, ਡਾ. ਅਨਵਰ ਭਸੌੜ, ਅਕਾਲੀ ਆਗੂ ਤੇ ਦੇਸ਼ ਭਗਤ ਕਾਲਜ ਬਰੜਵਾਲ ਟਰੱਸਟ ਦੇ ਟਰੱਸਟੀ ਐਡਵੋਕੇਟ ਜਤਿੰਦਰ ਸਿੰਘ ਸੋਨੀ ਮੰਡੇਰ, ਰਾਈਸਿਲਾ ਦੇ ਡਾਇਰੈਕਟਰ ਡਾ. ਏ ਆਰ ਸ਼ਰਮਾ, ਵਿਜੈ ਗੋਇਲ, ਪ੍ਰਸ਼ੋਤਮ ਦਾਸ ਗਰਗ, ਸਾਬਕਾ ਹਲਕਾ ਵਿਧਾਇਕ ਦਲਵੀਰ ਸਿੰਘ ਗੋਲਡੀ, ਅਕਾਲੀ ਆਗੂ ਗਗਨਜੀਤ ਸਿੰਘ ਬਰਨਾਲਾ, ਐਡਵੋਕੇਟ ਸਿਮਰਪ੍ਰਤਾਪ ਸਿੰਘ ਬਰਨਾਲਾ, ਐਸਜੀਪੀਸੀ ਮੈਂਬਰ ਭੁਪਿੰਦਰ ਸਿੰਘ ਭਲਵਾਨ, ਜਿਲ੍ਹਾ ਪ੍ਰੀਸ਼ਦ ਮੈਂਬਰ ਇੰਦਰਪਾਲ ਸਿੰਘ ਗੋਲਡੀ, ਸਾਬਕਾ ਚੇਅਰਮੈਨ ਅੱਛਰਾ ਸਿੰਘ ਭਲਵਾਨ, ਪ੍ਰੈੱਸ ਫੈਡਰੇਸ਼ਨ ਆਫ਼ ਇੰਡੀਆ ਦੇ ਚੇਅਰਮੈਨ ਵਿਵੇਕ ਸਿੰਧਵਾਨੀ, ਪ੍ਰਧਾਨ ਐਡਵੋਕੇਟ ਰਾਜੇਸ਼ਵਰ ਚੌਧਰੀ, ਜਨਰਲ ਸਕੱਤਰ ਵਿਜੈ ਸਿੰਗਲਾ, ਅੱਗਰਵਾਲ ਸਭਾ ਧੂਰੀ ਦੇ ਪ੍ਰਧਾਨ ਅਮਨ ਗਰਗ, ਸਨਾਤਨ ਧਰਮ ਸਭਾ ਧੂਰੀ ਦੇ ਪ੍ਰਧਾਨ ਦਵਿੰਦਰ ਕੁਮਾਰ ਬਿੰਦਾ, ਇੰਡਸਟਰੀਅਲ ਚੈਂਬਰ ਧੂਰੀ ਦੇ ਪ੍ਰਧਾਨ ਮੁਕੇਸ਼ ਸਿੰਗਲਾ ਬੰਟੀ, ਸੀ. ਮੀਤ ਪ੍ਰਧਾਨ ਰਾਜੇਸ਼ ਸਿੰਗਲਾ ਸ਼ੈਟੀ, ਸੰਗਰੂਰ ਚੈਂਬਰ ਆਫ਼ ਕਾਮਰਸ ਧੂਰੀ ਦੇ ਅੰਮ੍ਰਿਤ ਰਿੰਕੂ ਗਰਗ ਨੇ ਦੁੱਖ ਪ੍ਰਗਟ ਕੀਤਾ। ਪਰਿਵਾਰਕ ਸੂਤਰਾਂ ਮੁਤਾਬਿਕ ਸ੍ਰੀਮਤੀ ਗੁਰਚਰਨ ਕੌਰ ਨਮਿਤ ਪਾਠ ਦਾ ਭੋਗ ਤੇ ਅੰਤਿਮ ਅਰਦਾਸ 26 ਨਵੰਬਰ ਨੂੰ ਦੁਪਹਿਰ 12 ਵਜੇ ਤੋਂ 1 ਵਜੇ ਤੱਕ ਸਥਾਨਕ ਰਾਮਗੜ੍ਹੀਆ ਗੁਰਦੁਆਰਾ ਸਾਹਿਬ ਧੂਰੀ ਵਿਖੇ ਹੋਵੇਗਾ।

# ਸਰਕਾਰ ਕਿਸਾਨਾਂ ਤੇ ਮਜ਼ਦੂਰਾਂ ਪ੍ਰਤੀ ਉਸਾਰੂ ਸੋਚ ਅਪਣਾਏ : ਨਾਗਰਾ



**ਸਮਰਾਲਾ (ਸੁਰਜੀਤ ਸਿੰਘ)**-ਉੱਤਰ ਭਾਰਤ ਦੀਆਂ 18 ਕਿਸਾਨ ਜਥੇਬੰਦੀਆਂ ਤੇ ਸੰਯੁਕਤ ਕਿਸਾਨ ਮੋਰਚੇ ਦੀ ਹਦਾਇਤ ਉੱਤੇ ਅੱਜ ਸਮਰਾਲਾ ਵਿਖੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ਿਲ੍ਹਾ ਲੁਧਿਆਣਾ ਦੇ ਪ੍ਰਧਾਨ ਸੰਤੋਖ ਸਿੰਘ ਨਾਗਰਾ ਤੇ ਸ਼ੇਰੇ ਪੰਜਾਬ ਦੇ ਜ਼ਿਲ੍ਹਾ ਲੁਧਿਆਣਾ ਦੇ ਪ੍ਰਧਾਨ ਦਰਸ਼ਨ ਸਿੰਘ ਬੌਂਦਲੀ ਦੀ ਅਗਵਾਈ ਹੇਠ ਐੱਸ. ਡੀ. ਐੱਮ. ਸਮਰਾਲਾ ਰਾਹੀਂ ਇੱਕ ਮੰਗ ਪੱਤਰ ਮੁੱਖ ਮੰਤਰੀ ਪੰਜਾਬ ਨੂੰ ਭੇਜਿਆ ਗਿਆ। ਮੰਗ ਪੱਤਰ ਵਿੱਚ ਪਰਾਲੀ ਸਬੰਧੀ ਮੁਸ਼ਕਲਾਂ ਨੂੰ ਹੱਲ ਕਰਨ, ਜਿਸ ਵਿੱਚ ਪਰਾਲੀ ਸਾੜਨ ਵਾਲੇ ਕਿਸਾਨਾਂ ਦੇ ਮਾਲ ਮਹਿਕਮੇ ਵਿੱਚ ਲਾਲ ਐਂਟਰੀ ਨਾ ਕਰਨ, ਨਿੱਜੀਕਰਨ ਨੂੰ ਵਧਾਵਾ ਦੇਣ ਵਾਲੀ ਨੀਤੀ ਤਹਿਤ ਪ੍ਰੀਪੇਡ ਮੀਟਰ ਲਗਾਉਣੇ ਬੰਦ ਕਰਨਾ, ਭਾਰਤ ਮਾਲਾ ਸਮੇਤ ਸਾਰੇ ਪ੍ਰੋਜੈਕਟਾਂ ਤਹਿਤ ਕੱਢੀਆਂ ਜਾ ਰਹੀਆਂ ਸੜਕਾਂ ਮੌਕੇ ਜ਼ਮੀਨਾਂ ਐਕੁਆਇਰ ਕਰਨਾ ਬੰਦ ਕਰਨ ਸਬੰਧੀ, ਭਾਰਤ ਦਾ ਹਰ ਪਿੰਡ, ਕਸਬਾ, ਸ਼ਹਿਰ ਸੜਕ ਤੇ ਰੇਲ ਮਾਰਗਾਂ ਨਾਲ ਜੁੜੇ ਹੋਏ ਹਨ, ਸਿਰਫ ਕਾਰਪੋਰੇਟਾਂ ਨੂੰ ਫਾਇਦਾ ਪਹੁੰਚਾਉਣ ਦੀ ਮਨਸ਼ਾ ਵਾਲੇ ਪ੍ਰੋਜੈਕਟ ਰੱਦ ਕਰਨ ਸਬੰਧੀ, ਆਰਬੀਟਰੇਸ਼ਨ 'ਚ ਚੱਲ ਰਹੇ ਕੇਸ ਤੁਰੰਤ ਨਿਪਟਾਏ ਜਾਣ ਸਬੰਧੀ, ਅਤਿ ਜ਼ਰੂਰੀ ਹਾਲਤ 'ਚ ਸੜਕ ਮਾਰਗ ਬਣਾਉਣ ਮੌਕੇ ਤਕਨੀਕ ਬਦਲ ਕੇ ਪਿੱਲਰਾਂ ਵਾਲੇ ਮਾਰਗ ਬਣਾਉਣ ਸਬੰਧੀ ਤਾਂ ਜੋ ਖੇਤੀ ਵਾਲੀ ਉਪਜਾਊ ਜ਼ਮੀਨ ਬਰਬਾਦ ਨਾ ਹੋਵੇ। ਇਸ ਮੌਕੇ ਸੰਤੋਖ ਸਿੰਘ ਨਾਗਰਾ ਸਿੰਘ ਇਕੱਠ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਪੰਜਾਬ ਸਰਕਾਰ, ਜਿਸ ਦੀ ਪੰਜਾਬ ਦੇ ਲੋਕਾਂ ਨੇ ਬਹੁਤ ਉਮੀਦ ਨਾਲ ਚੋਣ ਕੀਤੀ ਹੈ, ਉਹ ਕਿਸਾਨਾਂ ਦੀਆਂ ਪ੍ਰਮੁੱਖ ਮੰਗਾਂ ਵੱਲ ਜ਼ਿੰਮੇਵਾਰੀ ਨਾਲ ਧਿਆਨ ਦੇਵੇ, ਕਿਉਂਕਿ ਕੇਂਦਰ ਸਰਕਾਰ ਪਹਿਲਾਂ ਹੀ ਪੰਜਾਬ ਨੂੰ ਬਰਬਾਦ ਕਰਨ ਤੇ ਤੁਲੀ ਹੋਈ ਹੈ, ਜੇਕਰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਪੰਜਾਬ ਦੇ ਲੋਕਾਂ ਦੀ ਬਾਂਹ ਹੁਣ ਵੀ ਫੜੀ ਤਾਂ ਪੰਜਾਬ ਮੁੜ ਕਦੇ ਵੀ ਆਪਣ ਪੈਰਾਂ ਸਿਰ ਨਹੀਂ ਹੋ ਸਕੇਗਾ। ਇਸ ਮੌਕੇ ਵੱਖ ਵੱਖ ਬੁਲਾਰਿਆਂ ਨੇ ਸੰਬੋਧਨ ਕੀਤਾ, ਜਿਨ੍ਹਾਂ ਵਿੱਚ ਦਰਸ਼ਨ ਸਿੰਘ ਬੌਂਦਲੀ, ਅਮਰਜੀਤ ਸਿੰਘ ਬਾਲਿਓਂ, ਸੰਦੀਪ ਰੁਪਾਲੋਂ ਨੇ ਪੰਜਾਬ ਅਤੇ ਕੇਂਦਰ ਸਰਕਾਰ ਦੀਆਂ ਨੀਤੀਆਂ ਦੀ ਅਲੋਚਨਾ ਕੀਤੀ। ਮੰਗ ਪੱਤਰ ਦੇਣ ਮੌਕੇ ਉਪਰੋਕਤ ਤੋਂ ਇਲਾਵਾ ਅਮਨਦੀਪ ਸਿੰਘ, ਰੁਲਦਾ ਸਿੰਘ, ਜਗਤਾਰ ਸਿੰਘ, ਅਮਰੀਕ ਸਿੰਘ, ਪਵਿੱਤਰ ਸਿੰਘ, ਕਾਮਰੇਡ ਭਜਨ ਸਿੰਘ, ਜਸਵੀਰ ਸਿੰਘ ਮਾਦਪੁਰ, ਜਸਵਿੰਦਰ ਸਿੰਘ ਬਰਮਾ, ਕੁਲਵੰਤ ਸਿੰਘ, ਅਮਰਿੰਦਰ ਸਿੰਘ, ਭਗਵੰਤ ਸਿੰਘ, ਰਣਜੀਤ ਸਿੰਘ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਿਸਾਨ ਤੇ ਮਜ਼ਦੂਰ ਹਾਜ਼ਰ ਸਨ।

# ਕਿਰਤੀ ਕਿਸਾਨ ਯੂਨੀਅਨ ਵੱਲੋਂ 26 ਦੇ ਧਰਨੇ ਲਈ ਪਿੰਡਾਂ 'ਚ ਮੀਟਿੰਗਾਂ



**ਮੁਕਤਸਰ (ਸ਼ਮਿੰਦਰਪਾਲ, ਪੂਜਾ)**-ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ 26, 27 ਤੇ 28 ਨਵੰਬਰ ਨੂੰ ਕਿਸਾਨੀ ਮੰਗਾਂ ਨੂੰ ਲੈ ਕੇ ਚੰਡੀਗੜ੍ਹ ਧਰਨੇ ਦੇ ਪ੍ਰੋਗਰਾਮ ਵਿੱਚ ਵੱਡੇ ਪੱਧਰ 'ਤੇ ਕਿਸਾਨ ਟਰੈਕਟਰ-ਟਰਾਲੀਆਂ ਸਮੇਤ ਸ਼ਮੂਲੀਅਤ ਕਰਨਗੇ। ਪ੍ਰੈੱਸ ਬਿਆਨ ਜਾਰੀ ਕਰਦਿਆਂ ਸੂਬਾ ਵਿੱਤ ਸਕੱਤਰ ਜਸਵਿੰਦਰ ਸਿੰਘ ਝਬੇਲਵਾਲੀ ਤੇ ਜ਼ਿਲ੍ਹਾ ਸਕੱਤਰ ਜਥੇਦਾਰ ਹਰਪ੍ਰੀਤ ਸਿੰਘ ਝਬੇਲਵਾਲੀ ਨੇ ਕਿਹਾ ਕਿ ਦਿੱਲੀ ਦੇ ਇਤਿਹਾਸਕ ਸੰਘਰਸ਼ ਦੌਰਾਨ ਰਹਿੰਦੀਆਂ ਮੰਗਾਂ ਪੂਰੀਆਂ ਕਰਵਾਉਣ ਲਈ ਪੂਰੇ ਦੇਸ਼ ਦੀਆਂ ਰਾਜਧਾਨੀਆਂ ਦਾ ਸੰਯੁਕਤ ਕਿਸਾਨ ਮੋਰਚੇ ਵੱਲੋਂ ਤਿੰਨ ਦਿਨ ਲਈ ਧਰਨੇ ਦਿੱਤੇ ਜਾ ਰਹੇ ਹਨ, ਜਿਸ ਦੀਆਂ ਤਿਆਰੀਆਂ ਸਬੰਧੀ ਪਿੰਡ ਝਬੇਲਵਾਲੀ, ਤਖਤ ਮੁਲਾਣਾ, ਚੱਕ ਬਾਜਾ, ਚੋਟੀਆਂ, ਵੜਿੰਗ ਆਦਿ ਪਿੰਡਾਂ ਵਿੱਚ ਭਰਵੀਆਂ ਤਿਆਰੀ ਮੀਟਿੰਗਾਂ ਕਰਵਾਈਆਂ ਗਈਆਂ। ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਨੇ ਵਾਅਦਾ ਕੀਤਾ ਸੀ ਕਿ ਕਿਸਾਨਾਂ ਦੀਆਂ ਫਸਲਾਂ 'ਤੇ ਘੱਟੋ ਘੱਟ ਸਮਰਥਨ ਮੁੱਲ ਦੇਣ ਲਈ ਕਮੇਟੀ ਦਾ ਗਠਨ ਕੀਤਾ ਜਾਵੇਗਾ, ਜਿਸ ਵਿੱਚ ਕਿਸਾਨਾਂ ਦੇ ਨੁਮਾਇੰਦਿਆਂ ਨੂੰ ਸ਼ਾਮਲ ਕੀਤਾ ਜਾਵੇਗਾ, ਪਰ ਮੋਦੀ ਸਰਕਾਰ ਵੱਲੋਂ ਨਾ ਸਿਰਫ ਕਿਸਾਨਾਂ ਨੂੰ ਅਣਗੌਲਿਆ ਕੀਤਾ ਗਿਆ, ਸਗੋਂ ਕਮੇਟੀ 'ਚ ਸਾਰੇ ਸਰਕਾਰ ਪੱਖੀ ਨੁਮਾਇੰਦੇ ਸ਼ਾਮਲ ਕੀਤੇ, ਜਿਨ੍ਹਾਂ ਨੇ ਖੇਤੀ ਕਨੂੰਨਾਂ ਨੂੰ ਜਾਇਜ਼ ਠਹਿਰਾਉਣ ਲਈ ਲਗਾਤਾਰ ਕੂੜ ਪ੍ਰਚਾਰ ਕੀਤਾ। ਉਨ੍ਹਾਂ ਕਿਹਾ ਕਿ ਫਸਲਾਂ ਦੇ ਭਾਅ ਡਾਕਟਰ ਸਵਾਮੀਨਾਥਨ ਕਮਿਸ਼ਨ ਦੇ ਫਾਰਮੂਲੇ ਦੇ ਅਧਾਰਤ ਨਿਰਧਾਰਤ ਕੀਤੇ ਜਾਣ ਅਤੇ ਪੂਰੇ ਦੇਸ਼ ਦੇ ਕਿਸਾਨਾਂ ਦਾ ਕਰਜ਼ਾ ਮਾਫ ਕੀਤਾ ਜਾਵੇ ਅਤੇ ਹੋਰ ਮੰਗਾਂ ਨੂੰ ਲੈ ਕੇ 26 ਨਵੰਬਰ ਤੋਂ ਚੰਡੀਗੜ੍ਹ 'ਚ ਲਾਮਿਸਾਲ ਇਕੱਠ ਕੀਤਾ ਜਾ ਰਿਹਾ ਹੈ।

ਆਗੂਆਂ ਨੇ ਵੱਡੀ ਗਿਣਤੀ 'ਚ ਲੋਕਾਂ ਨੂੰ ਚੰਡੀਗੜ੍ਹ ਪਹੁੰਚਣ ਦੀ ਅਪੀਲ ਕੀਤੀ। ਇਸ ਸਮੇਂ ਬਲਜੀਤ ਸਿੰਘ ਫੌਜੀ, ਰਣਜੀਤ ਸਿੰਘ, ਪਰਗਟ ਸਿੰਘ ਝਬੇਲਵਾਲੀ, ਕਰਮਜੀਤ ਕੌਰ, ਸਿੰਦਰਪਾਲ ਕੌਰ, ਚਮਕੌਰ ਸਿੰਘ ਤਖਤ ਮੁਲਾਣਾ, ਲੱਖਾ ਸਿੰਘ ਵੜਿੰਗ, ਜਸਵਿੰਦਰ ਸਿੰਘ ਵੜਿੰਗ, ਤਰਸੇਮ ਸਿੰਘ ਸੇਮਾ ਚੋਟੀਆਂ, ਸਰਬਜੀਤ ਕੌਰ ਚੋਟੀਆਂ, ਤੇਜ ਸਿੰਘ ਖਾਲਸਾ, ਸੁਖਵਿੰਦਰ ਸਿੰਘ ਚੱਕ ਬਾਜਾ ਮਡਾਹੜ ਆਦਿ ਆਗੂ ਹਾਜ਼ਰ ਸਨ।

# ਹੋਮਿਓਪੈਥਿਕ ਦਵਾਈ ਬਿਮਾਰੀ ਨੂੰ ਜੜ੍ਹ ਤੋਂ ਖਤਮ ਕਰਦੀ ਹੈ : ਡਾਕਟਰ ਨਿਰਮਲ ਸਿੰਘ

**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਹੋਮਿਓਪੈਥਿਕ ਦਵਾਈਆਂ ਭਿਆਨਕ ਤੋਂ ਭਿਆਨਕ ਬਿਮਾਰੀ ਨੂੰ ਜੜ੍ਹ ਤੋਂ ਖਤਮ ਕਰਦੀਆਂ ਹਨ। ਇਹ ਵਿਚਾਰ ਹੋਮਿਓਪੈਥੀ ਦੇ ਮਸ਼ਹੂਰ ਡਾਕਟਰ ਨਿਰਮਲ ਸਿੰਘ ਨੇ ਸਮਾਣਾ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਹੋਮਿਓਪੈਥਿਕ ਦਵਾਈਆਂ ਬਿਮਾਰੀ 'ਤੇ ਤੁਰੰਤ ਅਸਰ ਸ਼ੁਰੂ ਕਰਦੀਆਂ ਹਨ ਅਤੇ ਬਿਮਾਰੀ ਨੂੰ ਜੜ੍ਹ ਤੋਂ ਖਤਮ ਕਰਦੀਆਂ ਹਨ, ਲਾ ਇਲਾਜ ਰੋਗ ਜਿਨ੍ਹਾਂ ਦਾ ਐਲੋਪੈਥਿਕ ਵਿੱਚ ਕੋਈ ਇਲਾਜ ਸੰਭਵ ਨਹੀਂ ਹੈ, ਉਹ ਬਿਮਾਰੀਆਂ ਵੀ ਹੋਮਿਓਪੈਥਿਕ ਦਵਾਈਆਂ ਨਾਲ ਠੀਕ ਹੋ ਸਕਦੀਆਂ ਹਨ, ਜੇਕਰ ਰੋਗੀ ਹੋਮਿਓਪੈਥੀ ਦੇ ਮਾਹਰ ਡਾਕਟਰ ਦੀ ਸਲਾਹ ਨਾਲ ਦਵਾਈਆਂ ਲੈਂਦਾ ਹੈ ਤੇ ਪਰਹੇਜ਼ ਕਰਦਾ ਹੈ। ਡਾਕਟਰ ਨਿਰਮਲ ਸਿੰਘ ਨੇ ਦਾਅਵਾ ਕੀਤਾ ਕਿ ਉਨ੍ਹਾਂ ਨੇ ਆਪਣੇ ਜੀਵਨ ਵਿੱਚ ਪੀ ਜੀ ਆਈ ਤੋਂ ਜਵਾਬ ਲੈ ਕੇ ਆਏ ਮਰੀਜ਼ਾਂ ਨੂੰ ਹੋਮਿਓਪੈਥਿਕ ਦਵਾਈਆਂ ਨਾਲ ਠੀਕ ਕੀਤਾ ਹੈ। ਉਨ੍ਹਾਂ ਕਿਹਾ ਕਿ ਅਜੋਕੇ ਸਮੇਂ ਵਿੱਚ ਕੈਂਸਰ ਸਭ ਤੋਂ ਭਿਆਨਕ ਬਿਮਾਰੀ ਮੰਨੀ ਜਾ ਰਹੀ ਹੈ, ਪ੍ਰੰਤੂ ਸਮੇਂ ਸਿਰ ਮਰੀਜ਼ ਹੋਮਿਓਪੈਥੀ ਦੇ ਮਾਹਰ ਡਾਕਟਰ ਤੋਂ ਇਲਾਜ ਕਰਾਉਣਾ ਸ਼ੁਰੂ ਕਰ ਦੇਵੇ ਤਾਂ ਉਸ ਦੇ ਕੈਂਸਰ ਰੋਗ 'ਤੇ ਕਾਬੂ ਪਾਇਆ ਜਾ ਸਕਦਾ ਹੈ, ਜੇਕਰ ਰੋਗੀ ਪਰਹੇਜ਼ ਨਾਲ ਨਿਰੰਤਰ ਦਵਾਈ ਖਾਂਦਾ ਹੈ ਤਾਂ ਉਹ ਬਿਲਕੁਲ ਤੰਦਰੁਸਤ ਹੋ ਸਕਦਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਵਿੱਚ ਧਾਰਨਾ ਹੈ ਕਿ ਹੋਮਿਓਪੈਥਿਕ ਦਵਾਈਆਂ ਦੇਰ ਨਾਲ ਅਸਰ ਸ਼ੁਰੂ ਕਰਦੀਆਂ ਹਨ ਇਹ ਗਲਤ ਹੈ। ਹੋਮਿਓਪੈਥਿਕ ਦਵਾਈਆਂ ਤੁਰੰਤ ਅਸਰ ਕਰਨਾ ਸ਼ੁਰੂ ਕਰ ਦਿੰਦੀਆਂ ਹਨ, ਇਸ ਲਈ ਲੋਕਾਂ ਨੂੰ ਐਲੋਪੈਥਿਕ ਦਵਾਈਆਂ ਨੂੰ ਛੱਡ ਕੇ ਹੋਮਿਓਪੈਥਿਕ ਦਵਾਈਆਂ ਨਾਲ ਇਲਾਜ ਕਰਵਾਉਣਾ ਚਾਹੀਦਾ ਹੈ। ਡਾਕਟਰ ਨਿਰਮਲ ਸਿੰਘ ਨੇ ਕਿਹਾ ਕਿ ਉਹ ਹਰ ਸਨਿੱਚਰਵਾਰ ਨੂੰ ਸਮਾਣਾ ਦੀ ਪੁਰਾਣੀ ਅੱਗਰਵਾਲ ਗਊਸ਼ਾਲਾ ਵਿਖੇ ਮਰੀਜ਼ਾਂ ਚੈੱਕਅਪ ਕਰਦੇ ਹਨ, ਮਰੀਜ਼ਾਂ ਨੂੰ ਅਗਰਵਾਲ ਗਊਸ਼ਾਲਾ ਵੱਲੋਂ ਮੁਫਤ ਦਵਾਈਆਂ ਦਿੱਤੀਆਂ ਜਾਂਦੀਆਂ ਹਨ।

# ਕਾਮਰੇਡ ਜਗਦੀਸ਼ ਚੰਦਰ ਫਰੀਡਮ ਫਾਈਟਰ ਯਾਦਗਾਰੀ ਟਰੱਸਟ ਵੱਲੋਂ ਸਮਾਰੋਹ



**ਸੰਗਰੂਰ (ਪ੍ਰਵੀਨ ਸਿੰਘ)**-ਕਾਮਰੇਡ ਜਗਦੀਸ਼ ਚੰਦਰ ਫਰੀਡਮ ਫਾਈਟਰ ਯਾਦਗਾਰੀ ਟਰੱਸਟ ਸੰਗਰੂਰ ਵੱਲੋਂ ਉਬਰਾਏ ਨਿਵਾਸ ਵਿਖੇ ਪ੍ਰਸਿੱਧ ਸੁਤੰਤਰਤਾ ਸੰਗਰਾਮੀ ਕਾਮਰੇਡ ਜਗਦੀਸ਼ ਚੰਦਰ ਅਤੇ ਸ੍ਰੀਮਤੀ ਸੁਰੇਸ਼ ਰਾਣੀ ਦੀ ਪਵਿੱਤਰ ਯਾਦ ਨੂੰ ਸਮਰਪਤ 'ਐ ਮੇਰੇ ਵਤਨ ਕੇ ਲੋਗੋ' ਸਮਾਰੋਹ ਕੀਤਾ ਗਿਆ, ਜਿਸ ਵਿੱਚ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਦਾ ਚੇਅਰਮੈਨ ਇਨਫੋਟੈਕ ਪੰਜਾਬ, ਚੇਅਰਮੈਨ ਭਾਈ ਗੁਰਦਾਸ ਗਰੁੱਪ ਆਫ ਇੰਸਟੀਚਿਊਟ ਸੰਗਰੂਰ ਨੇ ਬਤੌਰ ਮੁੱਖ ਮਹਿਮਾਨ ਤੇ ਡਾਕਟਰ ਕਿਰਪਾਲ ਸਿੰਘ ਸੀਨੀਅਰ ਮੈਡੀਕਲ ਅਫਸਰ ਕਾਮਰੇਡ ਜਗਦੀਸ਼ ਚੰਦਰ ਫਰੀਡਮ ਫਾਈਟਰ ਸਿਵਲ ਹਸਪਤਾਲ ਸੰਗਰੂਰ ਨੇ ਬਤੌਰ ਵਿਸ਼ੇਸ਼ ਮਹਿਮਾਨ ਸ਼ਿਰਕਤ ਕੀਤੀ। ਉਨ੍ਹਾਂ ਨਾਲ ਪ੍ਰਧਾਨਗੀ ਮੰਡਲ ਵਿੱਚ ਟਰੱਸਟ ਦੇ ਸਰਪ੍ਰਸਤ ਸ੍ਰੀ ਵਿਜੇ ਕੁਮਾਰ ਵਰਮਾ, ਟਰੱਸਟ ਦੇ ਪ੍ਰਧਾਨ ਬਲਰਾਜ ਉਬਰਾਏ ਬਾਜੀ, ਸ੍ਰੀਮਤੀ ਕਿਰਨ ਬਾਲਾ, ਅਮ੍ਰਿਤ ਸਿੰਘ ਸੁਪਰਡੈਂਟ ਸਿਵਲ ਸਰਜਨ ਦਫਤਰ, ਪ੍ਰੋਫੈਸਰ ਡਾ. ਸੁਖਵਿੰਦਰ ਸਿੰਘ ਪਰਮਾਰ, ਪ੍ਰੋਫੈਸਰ ਕਾਮਰੇਡ ਜਗਦੀਸ਼ ਚੰਦਰ ਜੀ ਦੇ ਜੀਵਨ 'ਤੇ ਆਧਾਰਤ ਪੁਸਤਕ 'ਦਾਸਤਾਨ' ਦੇ ਅੰਗਰੇਜ਼ੀ ਵਿੱਚ ਜਲਦ ਪ੍ਰਕਾਸ਼ਤ ਹੋਣ ਸੰਬੰਧੀ ਜਾਣਕਾਰੀ ਦਿੱਤੀ। ਮੁੱਖ ਮਹਿਮਾਨ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਦਾ ਚੇਅਰਮੈਨ ਇਨਫੋਟੈਕ ਪੰਜਾਬ, ਚੇਅਰਮੈਨ ਭਾਈ ਗੁਰਦਾਸ ਗਰੁੱਪ ਆਫ ਇੰਸਟੀਚਿਊਟ ਸੰਗਰੂਰ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਸਾਨੂੰ ਦੇਸ਼ ਦੇ ਮਹਾਨ ਯੋਧੇ ਕਾਮਰੇਡ ਜਗਦੀਸ਼ ਚੰਦਰ ਤੇ ਮਾਤਾ ਸ੍ਰੀਮਤੀ ਸੁਰੇਸ਼ ਰਾਣੀ ਜੀ ਦੇ ਸੰਘਰਸ਼ਮਈ ਜੀਵਨ ਤੋਂ ਪ੍ਰੇਰਨਾ ਲੈਣੀ ਚਾਹੀਦੀ ਹੈ। ਸਮਾਰੋਹ ਨੂੰ ਅਮਨ ਖੁਰਮੀ, ਕੁਲਵੀਰ ਸਿੰਘ ਰਿੰਕੂ, ਹਰਜੋਤ ਸਿੰਘ, ਗਜ਼ਲ ਵਰਮਾ, ਬਿਦਾਂਸੀ ਮਿਸਟੀ ਤੇ ਰਿਆਂਸ ਕਾਬਿਸ ਨੇ ਦੇਸ਼ ਭਗਤੀ ਦੇ ਗੀਤਾਂ ਨਾਲ ਰੰਗ ਦਿੱਤਾ। ਉਬਰਾਏ ਪਰਵਾਰ ਵੱਲੋਂ ਮਿੰਕੂ ਜਵੰਦਾ ਨੂੰ ਕੁੱਝ ਯਾਦਗਾਰੀ ਤਸਵੀਰਾਂ ਭੇਟ ਕਰਕੇ ਸਨਮਾਨਤ ਕੀਤਾ ਗਿਆ। ਟਰੱਸਟ ਵੱਲੋਂ ਦੇਸ਼ ਦੀ ਤਰੱਕੀ ਵਿੱਚ ਵਧ ਚੜ੍ਹ ਕੇ ਯੋਗਦਾਨ ਪਾਉਣ ਵਾਲਿਆਂ ਕੁੱਝ ਸਮਾਜਸੇਵੀ ਸ਼ਖ਼ਸੀਅਤਾਂ ਨੂੰ ਵੀ ਸਨਮਾਨਤ ਕੀਤਾ ਗਿਆ। ਨਿਰਮਲ, ਸ਼ਿਵ ਨਰਾਇਣ ਵਰਮਾ ਤੇ ਦਿਨੇਸ਼ ਮੋਦਗਿੱਲ ਸ਼ਾਮਲ ਸਨ। ਪ੍ਰਧਾਨਗੀ ਮੰਡਲ ਵੱਲੋਂ ਜਯੋਤੀ ਪ੍ਰਚੰਡ ਕਰਨ ਉਪਰੰਤ ਟਰੱਸਟ ਦੇ ਪ੍ਰਧਾਨ ਬਲਰਾਜ ਉਬਰਾਏ ਬਾਜੀ ਵੱਲੋਂ ਕੀਤੇ ਬਾਖੂਬੀ ਮੰਚ ਸੰਚਾਲਨ ਦੌਰਾਨ ਟਰੱਸਟ ਦੇ ਸਰਪ੍ਰਸਤ ਵਿਜੇ ਕੁਮਾਰ ਵਰਮਾ ਨੇ ਜੀ ਆਇਆਂ ਕਿਹਾ। ਪ੍ਰੋਫੈਸਰ ਡਾ. ਸੁਖਵਿੰਦਰ ਸਿੰਘ ਪਰਮਾਰ ਨੇ ਕਾਮਰੇਡ ਜਗਦੀਸ਼ ਚੰਦਰ ਦੇ ਸੰਘਰਸ਼ਮਈ ਜੀਵਨ ਬਾਰੇ ਡਾ. ਹਰਨੇਕ ਸਿੰਘ ਢੋਟ ਸਾਬਕਾ ਅਸਿਸਟੈਂਟ ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ ਵੱਲੋਂ ਲਿਖਿਆ ਪੇਪਰ ਪੜ੍ਹਿਆ। ਸ੍ਰੀਮਤੀ ਪਾਹੁਲ ਉਬਰਾਏ ਨੇ

# ਆਈ ਐੱਸ ਐੱਫ਼ ਕਾਲਜ ਦੇ ਵਿਦਿਆਰਥੀਆਂ ਵੱਲੋਂ ਲੈਬ ਆਈ ਐੱਚ ਬੀ ਟੀ ਪਾਲਮਪੁਰ ਦਾ ਦੌਰਾ




**ਮੋਗਾ (ਅਮਰਜੀਤ ਬੱਬਰੀ)**-ਸੂਬੇ ਦੀ ਪ੍ਰਮੁੱਖ ਵਿੱਦਿਅਕ ਸੰਸਥਾ ਆਈ ਐੱਸ ਐੱਫ ਕਾਲਜ ਆਫ ਫਾਰਮੇਸੀ ਦੇ ਫਾਰਮਾਕਾਲਾਜੀ ਦੇ ਵਿਦਿਆਰਥੀਆਂ ਵੱਲੋਂ ਸੀ ਐੱਸ ਆਈ ਆਰ ਦੇ ਨਾਲ ਸਾਂਝੇ ਤੌਰ 'ਤੇ ਚੱਲ ਰਹੀ ਆਈ ਐੱਚ ਬੀ ਟੀ ਰਿਸਰਚ ਲੈਬ ਪਾਲਮਪੁਰ ਦਾ ਦੌਰਾ ਕੀਤਾ।

ਟੂਰ ਕੋਆਡੀਨੇਟਰ ਡਾ. ਸ਼ਮਸ਼ੇਰ ਸਿੰਘ ਨੇ ਦੱਸਿਆ ਕਿ ਇਸ ਰਿਸਰਚ ਲੈਬ ਦਾ ਦੌਰਾ ਡਾ. ਦਮਨਪ੍ਰੀਤ ਸਿੰਘ ਸਾਇੰਟਿਸਟ ਫਾਰਮਾਕਾਲਾਜੀ ਡਵੀਜ਼ਨ ਤੇ ਡਾ. ਵਿਕਰਮ ਸਾਇੰਟਿਸਟ ਬਾਈਓ ਟੈਕਨਾਲਾਜੀ ਡਵੀਜ਼ਨ ਵੱਲੋਂ ਜੇਬਰਾ ਫਿਸ਼ ਫੈਸੀਲਿਟੀ, ਆਧੁਨਿਕ ਐਨੀਮਲ ਹਾਉਸ, ਟੌਕਸੀਕਾਲਾਜੀ ਲੈਬ, ਐੱਲ ਸੀ ਐੱਮ ਆਰ ਲੈਬ, ਐਨਾਲਿਟੀਕਲ ਲੈਬ ਤੇ ਬਾਈਓ ਟੈਕਨਾਲਾਜੀ ਲੈਬ ਆਦਿ ਲੈਬਾਂ ਦਾ ਦੌਰਾ ਕਰਵਾਇਆ।ਇਸਦੇ ਨਾਲ ਹੀ ਵਿਦਿਆਰਥੀਆਂ ਨੂੰ ਆਧੁਨਿਕ ਟੈਕਨਾਲਾਜੀ ਦੀ ਜਾਣਕਾਰੀ ਦਿੱਤੀ ਗਈ।ਇਸ ਮੌਕੇ ਸੰਸਥਾ ਦੇ ਚੇਅਰਮੈਨ ਪ੍ਰਵੀਨ ਗਰਗ, ਸੈਕਟਰੀ ਇੰਜੀ. ਜਨੇਸ਼ ਗਰਗ, ਡਾਇਰੈਕਟਰ ਡਾ. ਜੀ ਡੀ ਗੁਪਤਾ, ਵਾਈਸ ਪ੍ਰਿੰਸੀਪਲ ਡਾ. ਆਰ ਕੇ ਨਾਰੰਗ ਤੇ ਸਮੂਹ ਫੈਕਲਿਟੀ ਸਟਾਫ ਨੇ ਵਿਦਿਆਰਥੀਆਂ ਦੇ ਟੂਰ ਦੇ ਸਫਲ ਆਯੋਜਨ 'ਤੇ ਵਧਾਈ ਦਿੱਤੀ।

# ਮੰਗਾਂ ਨੂੰ ਮਨਵਾਉਣ ਲਈ ਪੱਕੇ ਮੋਰਚੇ ਦਾ ਐਲਾਨ, ਕਿਸਾਨ ਕੀਤੇ ਲਾਮਬੰਦ

**ਮਲੋਟ (ਗੁਰਮੀਤ ਸਿੰਘ ਮੱਕੜ)**



ਕੇਂਦਰ ਸਰਕਾਰ ਖਿਲਾਫ ਕਿਸਾਨ ਸੰਯੁਕਤ ਮੋਰਚੇ ਵੱਲੋਂ ਦਿੱਲੀ ਵਿੱਚ ਲਗਾਤਾਰ ਮੋਰਚਾ ਲਗਾ ਕੇ ਕੁੱਝ ਮੰਗਾਂ ਪ੍ਰਵਾਨ ਕਰਵਾ ਲਈਆਂ ਸਨ, ਪ੍ਰੰਤੂ ਕੁੱਝ ਅਜੇ ਵਿੱਚ ਅਧੂਰੀਆਂ ਸਨ। ਹੁਣ ਫਿਰ ਰਾਜ ਤੇ ਕੇਂਦਰ ਸਰਕਾਰ ਖਿਲਾਫ ਭਾਰਤ ਦੇ ਵੱਖ-ਵੱਖ ਰਾਜਾਂ ਦੀਆਂ ਰਾਜਧਾਨੀਆਂ ਵਿਖੇ 26 ਨਵੰਬਰ ਤੋਂ ਮੋਰਚੇ ਖੋਲ੍ਹਣ ਲਈ ਤਿਆਰ ਹੈ। ਪੰਜਾਬ ਤੇ ਹਰਿਆਣਾ ਦੀ ਰਾਜਧਾਨੀ ਚੰਡੀਗੜ੍ਹ ਵਿਖੇ ਧਰਨਾ ਦੇਣ ਲਈ ਕਿਸਾਨਾਂ ਤੇ ਕਿਸਾਨ ਯੂਨੀਅਨ ਦੇ ਆਗੂਆਂ ਨੂੰ ਲਾਮਬੰਦ ਕਰਨ ਲਈ ਅੱਜ ਸੂਬਾ ਪ੍ਰਧਾਨ ਰੁਲਦੂ ਸਿੰਘ ਮਾਨਸਾ ਨੇ ਆਗੂਆਂ ਨਾਲ ਮਲੋਟ ਵਿਖੇ ਮੀਟਿੰਗ ਕੀਤੀ ਤੇ ਧਰਨੇ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ। ਇਸ ਮੌਕੇ ਸੂਬਾ ਪ੍ਰਧਾਨ ਰੁਲਦੂ ਸਿੰਘ ਮਾਨਸਾ ਨੇ ਕੁੱਝ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਕਿਹਾ ਕਿ ਕੇਂਦਰ ਤੇ ਸੂਬਾ ਸਰਕਾਰਾਂ ਤੋਂ ਕਿਸਾਨਾਂ ਦੀਆਂ ਮੰਗਾਂ ਮਨਵਾਉਣ ਲਈ 26 ਨਵੰਬਰ ਨੂੰ ਚੰਡੀਗੜ੍ਹ ਵਿਖੇ ਤਿੰਨ ਦਿਨ ਲਈ ਧਰਨਾ ਦਿੱਤਾ ਜਾ ਰਿਹਾ ਹੈ। ਉਨ੍ਹਾ ਕਿਹਾ ਕਿ ਜੇਕਰ ਪੰਜਾਬ ਦੇ ਗਵਰਨਰ ਨੇ ਤਿੰਨ ਦਿਨ ਵਿੱਚ ਕੋਈ ਸੁਣਵਾਈ ਨਾ ਕੀਤੀ ਤਾਂ ਧਰਨਾ ਲਗਾਤਾਰ ਜਾਰੀ ਰੱਖਿਆ ਜਾਵੇਗਾ ਅਤੇ ਕਿਸਾਨਾਂ ਵੱਲੋਂ ਆਪਣਾ ਇੱਕ ਮਹੀਨੇ ਦਾ ਰਾਸ਼ਨ ਲੈ ਕੇ ਜਾਇਆ ਜਾਵੇਗਾ। ਉਨ੍ਹਾ ਦੱਸਿਆ ਕਿ ਉਨ੍ਹਾਂ ਦੀ ਮੁੱਖ ਮੰਗ ਕਿਸਾਨਾਂ ਦਾ ਪਿਛਲੀਆਂ ਫਸਲਾਂ ਦਾ ਮੁਆਵਜ਼ਾ ਰਾਸ਼ੀ ਜਾਰੀ ਕੀਤੇ ਜਾਣ। ਉਨ੍ਹਾ ਪੰਜਾਬ ਸਰਕਾਰ 'ਤੇ ਸਵਾਲ ਉਠਾਉਂਦੇ ਕਿਹਾ ਕਿ ਪੰਜਾਬ ਦੀ ਸਰਕਾਰ ਨੇ 6800 ਰੁਪਏ ਮੁਆਵਜ਼ਾ ਰਾਸ਼ੀ ਜਾਰੀ ਕੀਤੀ, ਉਹ ਵੀ ਕੇਂਦਰ ਸਰਕਾਰ ਦਾ ਹਿੱਸਾ ਸਾਡੀ ਮੰਗ 50 ਹਜ਼ਾਰ ਪ੍ਰਤੀ ਏਕੜ ਦੇਵੇ ਨਹੀਂ ਤਾਂ 25 ਹਜ਼ਾਰ ਦਾ ਜ਼ਰੂਰ ਦੇਵੇਂ। ਪਰਾਲੀ ਦੇ ਮੁੱਦੇ 'ਤੇ ਉਨ੍ਹਾਂ ਕਿਹਾ ਕਿ ਸਰਕਾਰ ਨੇ 40 ਫੀਸਦੀ ਪਰਾਲੀ ਦੀ ਸੰਭਾਲ ਦਾ ਪ੍ਰਬੰਧ ਕੀਤਾ ਤੇ 60 ਫੀਸਦੀ ਬਾਕੀ ਕਿਸਾਨ ਕਿੱਥੇ ਲੈ ਕੇ ਜਾਵੇ। ਉਨ੍ਹਾਂ ਵੱਲੋਂ ਕਿਸਾਨ ਆਗੂਆਂ ਨੂੰ ਅਪੀਲ ਕੀਤੀ ਕਿ ਜੇਕਰ ਸਰਕਾਰ ਨੇ ਕਿਸਾਨਾਂ ਦੀ ਬਾਕੀ ਪਰਾਲੀ ਚੁੱਕਣ ਦਾ ਜਲਦ ਨਾ ਪ੍ਰਬੰਧ ਨਾ ਕੀਤਾ ਤਾਂ ਕਿਸਾਨਾਂ ਨਾਲ ਮਿਲ ਕੇ ਟਰਾਲੀਆਂ ਭਰ ਕੇ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰ ਦਫਤਰ ਅੱਗੇ ਸੁੱਟੀਆਂ ਜਾਣ।

## ਕੇਂਦਰੀ ਅਨਾਜ ਮੰਡੀ 'ਚ ਲਿਫਟਿੰਗ ਨਾ ਹੋਣ ਕਾਰਨ ਬੋਰੀਆਂ ਦੇ ਲੱਗੇ ਅੰਬਾਰ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਕੇਂਦਰੀ ਅਨਾਜ ਮੰਡੀ ਮਹਿਲ ਕਲਾਂ ਵਿਖੇ ਲਿਫਟਿੰਗ ਦਾ ਕੋਈ ਠੋਸ ਪ੍ਰਬੰਧ ਨਾ ਹੋਣ ਕਰਕੇ ਬੋਰੀਆਂ ਦੇ ਅੰਬਾਰ ਲੱਗਣ ਨਾਲ ਕਿਸਾਨਾਂ, ਆੜ੍ਹਤੀਆਂ, ਮਜ਼ਦੂਰਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਥੇ ਪੱਤਰਕਾਰ ਨਾਲ ਗੱਲਬਾਤ ਦੌਰਾਨ ਪੱਲੇਦਾਰ ਮਜ਼ਦੂਰਾਂ ਨੇ ਕਿਹਾ ਕਿ ਲਿਫਟਿੰਗ ਨਾ ਹੋਣ ਕਰਕੇ ਸਾਨੂੰ ਦਿਨ 'ਚ ਕੰਮ ਕਰਨਾ ਪੈਂਦਾ ਹੈ ਤੇ ਰਾਤ ਨੂੰ ਬੈਠ ਕੇ ਪਹਿਰਾ ਦੇਣਾ ਪੈਂਦਾ ਹੈ, ਕਿਉਂਕਿ ਰਾਤ ਵੇਲੇ ਬੋਰੀਆਂ ਚੋਰੀ ਹੋਣ ਦਾ ਡਰ ਹਮੇਸ਼ਾ ਬਣਿਆ ਰਹਿੰਦਾ ਹੈ। ਉਨ੍ਹਾਂ ਕਿਹਾ ਕਿ ਵੇਲੇ ਸਿਰ ਚੁਕਾਈ ਨਾ ਹੋਣ, ਮੰਡੀ ਦਾ ਫੜ੍ਹ ਛੋਟਾ ਹੋਣ ਕਰਕੇ ਬੋਰੀਆਂ ਦੀਆਂ ਉੱਚੀਆਂ ਧਾਂਕਾਂ ਲਗਾਉਣੀਆਂ ਪੈਂਦੀਆਂ ਹਨ। ਕਈ ਕਈ ਦਿਨ ਬੋਰੀਆਂ ਧੁੱਪੇ ਪਈਆਂ ਰਹਿਣ ਨਾਲ ਬੋਰੀਆਂ ਦਾ ਕਾਫੀ ਮਾਤਰਾ 'ਚ ਘਟਿਆ ਵਜ਼ਨ ਲੇਬਰ ਨੂੰ ਭਰਨਾ ਪੈਂਦਾ ਹੈ। ਮਜ਼ਦੂਰਾਂ ਦਾ ਕਹਿਣਾ ਹੈ ਕਿ ਚੁਕਾਈ ਵਾਸਤੇ ਗੱਡੀਆਂ ਦਾ ਪ੍ਰਬੰਧ ਪੂਰਾ ਨਾ ਹੋਣ ਕਰਕੇ ਇਹ ਮੁਸ਼ਕਲ ਪੇਸ਼ ਆ ਰਹੀ ਹੈ। ਇਕ ਦੁਕਾਨ ਉਪਰ ਇੱਕ ਜਾਂ ਦੋ ਗੱਡੀਆਂ ਮਸਾਂ ਭੇਜੀਆਂ ਜਾ ਰਹੀਆਂ ਹਨ, ਜੋ ਲੋੜ ਅਨੁਸਾਰ ਘੱਟ ਹੈ। ਦਾਣਾ ਮੰਡੀ 'ਚ ਬੈਠੇ ਦੁਖੀ ਲੋਕਾਂ ਨੇ ਸੂਬਾ ਸਰਕਾਰ ਦੀ ਕਾਰਗੁਜ਼ਾਰੀ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਕਿਹਾ ਕਿ ਹਲਕੇ ਦੇ ਕਿਸੇ ਵੀ ਆਗੂ ਨੇ ਕਦੇ ਮੰਡੀ 'ਚ ਗੇੜਾ ਮਾਰ ਕੇ ਉਨ੍ਹਾਂ ਦਾ ਦਰਦ ਨਹੀਂ ਸੁਣਿਆ। ਲੋਕਾਂ ਵੱਲੋਂ ਆਗਾਮੀ ਲੋਕ ਸਭਾ ਚੋਣਾਂ 'ਚ ਹਿਸਾਬ ਕਿਤਾਬ ਜ਼ਰੂਰ ਚੁੱਕਦਾ ਕੀਤਾ ਜਾਵੇਗਾ।

# ਨਸ਼ਾ ਵਿਰੋਧੀ ਸਾਂਝੀ ਐਕਸ਼ਨ ਕਮੇਟੀ ਵੱਲੋਂ ਸਰਕਾਰ ਤੇ ਪ੍ਰਸ਼ਾਸਨ 'ਤੇ ਵਾਅਦਾ-ਖਿਲਾਫੀ ਦੇ ਦੋਸ਼

**ਮਾਨਸਾ (ਆਤਮਾ ਸਿੰਘ ਪਮਾਰ)**

ਨਸ਼ਾ ਵਿਰੋਧੀ ਸਾਂਝੀ ਐਕਸ਼ਨ ਕਮੇਟੀ ਦੀ ਸਥਾਨਕ ਬਾਲ ਭਵਨ ਵਿਖੇ ਇੱਕ ਹੰਗਾਮੀ ਮੀਟਿੰਗ ਹੋਈ, ਜਿਸ ਵਿੱਚ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੀਤੇ ਗਏ ਵਾਅਦੇ ਯਾਦ ਕਰਵਾਉਂਦਿਆਂ ਕਿਹਾ ਕਿ ਜੇਕਰ ਸਰਕਾਰ ਤੇ ਪ੍ਰਸ਼ਾਸਨ ਨੇ ਇਹ ਵਾਅਦੇ ਪੂਰੇ ਨਹੀਂ ਕੀਤੇ ਤਾਂ ਐਕਸ਼ਨ ਕਮੇਟੀ ਵੱਲੋਂ ਅਗਲੀ ਮੀਟਿੰਗ ਕਰਕੇ ਤਿੱਖੇ ਸੰਘਰਸ਼ ਦਾ ਫੈਸਲਾ ਲਿਆ ਜਾਵੇਗਾ। ਕਮੇਟੀ ਦੇ ਕਨਵੀਨਰ ਰਾਜਵਿੰਦਰ ਸਿੰਘ ਰਾਣਾ, ਪਰਮਿੰਦਰ ਸਿੰਘ ਝੋਟਾ, ਗਗਨ ਸ਼ਰਮਾ, ਕੁਲਵਿੰਦਰ ਕਾਲੀ, ਗੁਰਜੰਟ ਸਿੰਘ ਮਾਨਸਾ ਤੇ ਐਡਵੋਕੇਟ ਲਖਵਿੰਦਰ ਸਿੰਘ ਲਖਨਪਾਲ ਨੇ ਕਿਹਾ ਕਿ ਪਿਛਲੇ ਸਮੇਂ ਵਿੱਚ ਜਦੋਂ ਨਸ਼ਾ ਵਿਰੋਧੀ ਸਾਂਝੀ ਐਕਸ਼ਨ ਕਮੇਟੀ ਨੇ ਵਿਧਾਇਕਾਂ ਦੇ ਘਰਾਂ ਦਾ ਘਿਰਾਓ ਕੀਤਾ ਸੀ ਤਾਂ ਇਸ ਦੌਰਾਨ ਪੁਲਸ ਤੇ ਵਿਧਾਇਕਾਂ ਨੇ ਉਨ੍ਹਾਂ ਦੀਆਂ ਮੰਗਾਂ ਮੰਨਣ ਦਾ ਭਰੋਸਾ ਦਿੰਦਿਆਂ ਕਿਹਾ ਸੀ ਕਿ ਜਲਦੀ ਹੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ, ਪ੍ਰੰਤੂ ਪ੍ਰਸ਼ਾਸਨ ਤੇ ਸਰਕਾਰ ਆਪਣੇ ਵਾਅਦੇ 'ਤੇ ਖਰੇ ਨਹੀਂ ਉੱਤਰੇ। ਜਦੋਂ ਰਾਣਾ ਤੋਂ ਕੀਤੇ ਵਾਅਦਿਆਂ ਬਾਰੇ ਪੁੱਛਿਆ ਗਿਆ ਤਾਂ ਉਨ੍ਹਾ ਕਿਹਾ ਕਿ ਡੀ.ਐੱਸ.ਪੀ. ਸੰਜੀਵ ਗੋਇਲ, ਮਾਨਸਾ ਮੈਡੀਕੋਜ ਦੀ ਜਾਇਦਾਦ ਦੀ ਜਾਂਚ ਕਰਵਾਉਣ, ਪਿਛਲੇ ਸਮੇਂ ਵਿੱਚ ਨਸ਼ਾ ਤਸਕਰੀ ਵਿੱਚ ਫੜਾਏ ਵਿਅਕਤੀਆਂ 'ਤੇ ਠੋਸ ਕਾਰਵਾਈ ਕਰਨ।

ਪਰਮਿੰਦਰ ਸਿੰਘ ਝੋਟਾ ਆਦਿ 'ਤੇ ਪਾਏ ਪਰਚੇ ਰੱਦ ਕਰਨ ਅਤੇ ਥਾਣਾ ਸਿਟੀ-2 ਮਾਨਸਾ ਦੇ ਐੱਸ.ਐੱਚ.ਓ. ਦੀ ਜਾਇਦਾਦ ਦੀ ਜਾਂਚ ਕਰਵਾਉਣ ਆਦਿ ਮੰਗਾਂ ਰੱਖੀਆਂ ਸਨ, ਜਿਨ੍ਹਾਂ ਨੂੰ ਵਿਧਾਇਕਾਂ ਤੇ ਪ੍ਰਸ਼ਾਸਨ ਵੱਲੋਂ ਪੂਰੀਆਂ ਕਰਨ ਦਾ ਵਾਅਦਾ ਕੀਤਾ ਗਿਆ ਸੀ। ਉਸ ਮੀਟਿੰਗ ਵਿੱਚ ਪੁਲਸ ਪ੍ਰਸ਼ਾਸਨ ਤੋਂ ਇਲਾਵਾ ਬੁਢਲਾਡਾ ਤੋਂ ਵਿਧਾਇਕ ਬੁੱਧ ਰਾਮ ਤੇ ਹੋਰ ਅਧਿਕਾਰੀ ਵੀ ਸ਼ਾਮਲ ਸਨ। ਰਾਣਾ ਨੇ ਕਿਹਾ ਕਿ ਇਹ ਨਿਸ਼ਚਿਤ ਸਮਾਂ ਵੀ ਪੂਰਾ ਹੋ ਚੁੱਕਿਆ ਹੈ, ਪਰ ਹਾਲੇ ਤੱਕ ਇਨ੍ਹਾਂ ਸਾਰੀਆਂ ਮੰਗਾਂ ਤੇ ਵਾਅਦਿਆਂ ਵਿੱਚੋਂ ਇੱਕ ਵੀ ਵਾਅਦਾ ਪੂਰਾ ਨਹੀਂ ਹੋਇਆ। ਉਨ੍ਹਾਂ ਚੇਤਾਵਨੀ ਦਿੱਤੀ ਕਿ ਆਉਂਦੀ 2 ਦਸੰਬਰ ਨੂੰ ਇਸ 'ਤੇ ਮੁੜ ਮੀਟਿੰਗ ਕਰਕੇ ਕਮੇਟੀ ਵੱਲੋਂ ਅਗਲਾ ਸੰਘਰਸ਼ ਉਲੀਕਿਆ ਜਾਵੇਗਾ।

**■ ਮੁੜ ਤੋਂ ਤਿੱਖਾ ਸੰਘਰਸ਼ ਉਲੀਕਣ ਦੀ ਤਿਆਰੀ**



## ਕਾਤਰਾਂ

### ਵੇਅ ਆਫ ਫੇਥ ਚਰਚ ਰੇਤਗੜ੍ਹ ਵਿਖੇ ਮਸੀਹੀ ਸਤਿਸੰਗ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਵੇਅ ਆਫ ਫੇਥ ਚਰਚ ਰੇਤਗੜ੍ਹ ਵਿਖੇ ਮਸੀਹੀ ਸਤਿਸੰਗ ਕਰਵਾਇਆ ਗਿਆ, ਜਿਸ ਵਿੱਚ ਪਾਸਟਰ ਗੁਰਚਰਨ ਸਿੰਘ ਨੇ ਭਵਾਨੀਗੜ੍ਹ ਤੇ ਸਮਾਣਾ ਦੇ ਪੱਤਰਕਾਰਾਂ ਨਾਲ ਮੁਲਾਕਾਤ ਕੀਤੀ। ਚਰਚ ਵਿਖੇ ਆਏ ਸਮੂਹ ਪੱਤਰਕਾਰ ਭਾਈਚਾਰੇ ਦਾ ਧੰਨਵਾਦ ਕੀਤਾ ਤੇ ਉਨ੍ਹਾਂ ਲਈ ਖਾਸ ਪ੍ਰਾਥਨਾ ਕੀਤੀ ਗਈ। ਉਨ੍ਹਾ ਕਿਹਾ ਕਿ ਰੇਤਗੜ੍ਹ ਚਰਚ ਦੀਆਂ ਗਤੀਵਿਧੀਆਂ ਵਿੱਚ ਪੱਤਰਕਾਰਾਂ ਦਾ ਬਹੁਤ ਵੱਡਾ ਯੋਗਦਾਨ ਰਿਹਾ ਹੈ ਅਤੇ ਅੱਗੇ ਵੀ ਪੱਤਰਕਾਰ ਭਾਈਚਾਰੇ ਨਾਲ ਮਿਲ ਕੇ ਚੱਲਾਂਗੇ। ਇਸ ਮੌਕੇ ਹਰਜਿੰਦਰ ਸਿੰਘ ਜਵੰਦਾ, ਇਕਬਾਲ ਸਿੰਘ ਬੱਲ, ਪ੍ਰਦੀਪ ਅਨੇਜਾ, ਮਨੋਜ ਛਾਬੜਾ, ਪ੍ਰਿੰਸ ਕੁਮਾਰ ਵਧਵਾ, ਮਹੇਸ਼ ਸ਼ੇਰਾ, ਰਾਜ ਖੁਰਮੀ ਭਵਾਨੀਗੜ੍ਹ, ਕ੍ਰਿਸ਼ਨ ਚੌਹਾਨ ਪ੍ਰੈੱਸ ਸਕੱਤਰ ਰੇਤਗੜ੍ਹ ਚਰਚ ਸਮੇਤ ਵੱਡੀ ਗਿਣਤੀ 'ਚ ਸੰਗਤ ਹਾਜ਼ਰ ਸੀ।

### ਕਬੱਡੀ ਖਿਡਾਰਨ ਸੁਖਵੀਰ ਕੌਰ ਸਨਮਾਨਤ



**ਬੁਢਲਾਡਾ (ਅਸ਼ੋਕ ਲਾਕੜਾ)**-ਕਬੱਡੀ ਖਿਡਾਰਨ ਸੁਖਵੀਰ ਕੌਰ ਸੁੱਖੀ ਫਲੇੜਾ, ਜਿਸ ਨੂੰ ਕਬੱਡੀ ਖੇਡ ਵਿੱਚ ਵਧੀਆ ਪ੍ਰਾਪਤੀ ਕਰਨ 'ਤੇ ਬੱਬੂ ਸੰਗਤੀਆਲ ਵੱਲੋਂ ਕੱਪ ਦੇ ਕੇ ਸਨਮਾਨਤ ਕੀਤਾ ਗਿਆ ਤੇ ਨਾਲ ਹੀ ਗੁਰਵਿੰਦਰ ਸਿੰਘ ਏ ਡੀ ਸੀ ਬੇਅੰਤ ਖੇਪਲ ਇਸ ਖਿਡਾਰਨ ਨੂੰ ਨਗਦ ਰਾਸ਼ੀ 1100, 1100 ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਖਿਡਾਰਨ ਦੇ ਪਿਤਾ ਸ੍ਰ. ਗੁਰਬਖ਼ਸ਼ ਸਿੰਘ ਨੇ ਆਪਣੀ ਧੀ ਨੂੰ ਸਨਮਾਨਤ ਕਰਨ ਵਾਲੀਆਂ ਸ਼ਖ਼ਸ਼ੀਅਤਾਂ ਦਾ ਧੰਨਵਾਦ ਕੀਤਾ ਗਿਆ।

### ਤਿੰਨ ਰੋਜ਼ਾ ਯੋਗ ਸਤਿਸੰਗ ਤੇ ਕੀਰਤਨ ਸਮਾਗਮ ਭਲਕ ਤੋਂ

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਇਲਾਕੇ ਦੇ ਪ੍ਰਸਿੱਧ ਡਾ. ਮੁਨੀਸ਼ ਵਸ਼ਿਸ਼ਟ, ਬਲਵਿੰਦਰ ਸਿੰਘ ਢਿੱਲੋਂ ਤੇ ਰਣਜੀਤ ਸਿੰਘ ਕੂਕਾ ਨੇ ਦੱਸਿਆ ਕਿ 22, 23 ਤੇ 24 ਨਵੰਬਰ ਨੂੰ ਝਾੜੋਂ ਪੱਤੀ ਲੌਂਗੋਵਾਲ ਵਿਖੇ ਯੋਗ ਸਤਸੰਗ ਧਿਆਨ ਤੇ ਕੀਰਤਨ ਦਾ ਸਮਾਗਮ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ ਪਤੰਜਲੀ ਯੋਗਪੀਠ ਹਰਿਦੁਆਰ ਤੋਂ ਸਵਾਮੀ ਰਾਮਦੇਵ ਦੇ ਪਰਮ ਸੇਵਕ ਯੁਵਾ ਕੇਂਦਰੀ ਇੰਚਾਰਜ ਸਵਾਮੀ ਯੁਵਾ ਸੰਕਲਪ ਦੇਵ ਉਚੇਚੇ ਤੌਰ 'ਤੇ ਭਾਗ ਲੈਣ ਲਈ ਪੁੱਜ ਰਹੇ ਹਨ। ਉਨ੍ਹਾਂ ਦੱਸਿਆ ਕਿ ਇਹ ਤਿੰਨ ਰੋਜ਼ਾ ਸਮਾਗਮ ਦੌਰਾਨ ਸਵਾਮੀ ਸੰਕਲਪ ਦੇਵ ਨਿਰੋਗ ਤੇ ਸ਼ਾਂਤਮਈ ਜੀਵਨ ਜਿਉਣ ਲਈ ਯੋਗ ਆਸਨ ਤੇ ਧਿਆਨ ਦੇ ਨੁਕਤੇ ਦੱਸਣਗੇ ਅਤੇ ਅਧਿਆਤਮਵਾਦ ਤੇ ਸਤਿਸੰਗ ਕਰਨਗੇ। ਇਹ ਜਾਣਕਾਰੀ ਯੋਗ ਅਚਾਰੀਆ ਨੇ ਦਿੱਤੀ। ਇਸ ਮੌਕੇ ਯੁਵਾ ਜ਼ਿਲ੍ਹਾ ਪ੍ਰਧਾਨ ਸ਼ਸ਼ੀ ਕੁਮਾਰ, ਮਾ. ਤ੍ਰਿਲੋਕੀ ਨਾਥ, ਡਾ. ਓਮ ਪ੍ਰਕਾਸ਼ ਸੇਤੀਆ, ਡਾ. ਨਰੇਸ਼ ਕੁਮਾਰ, ਡਾ. ਮਾਲਵਿੰਦਰ ਸਿੰਘ ਮਾਲੀ ਲੌਂਗੋਵਾਲ, ਨਰਿੰਦਰ ਕੁਮਾਰ ਨਿੰਦੀ ਅਤੇ ਗੁਰਚਰਨ ਸਿੰਘ ਸਮਾਘ ਆਦਿ ਮੌਜੂਦ ਸਨ।

### ਅੱਜ ਬਿਜਲੀ ਬੰਦ ਰਹੇਗੀ

**ਬਰੇਟਾ (ਰੀਤਵਾਲ)**-ਜ਼ਰੂਰੀ ਮੁਰੰਮਤ ਕਾਰਨ 66 ਕੇ.ਵੀ. ਗਰਿੱਡ ਬਰੇਟਾ ਤੇ ਕਿਸ਼ਨਗੜ੍ਹ ਹੇਠ ਚਲਦੇ ਸਾਰੇ ਪਿੰਡਾਂ ਦੀ ਸਪਲਾਈ ਅੱਜ ਬੰਦ ਰਹੇਗੀ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਉਪ ਮੰਡਲ ਅਫਸਰ ਇੰਜਨੀਅਰ ਗੁਰਬਖ਼ਸ਼ ਸਿੰਘ ਤੇ ਜੇ.ਈ. ਭਾਨ ਸਿੰਘ ਨੇ ਦੱਸਿਆ ਕਿ 21 ਨਵੰਬਰ ਨੂੰ ਸਵੇਰੇ 10 ਤੋਂ ਸ਼ਾਮ 5 ਵਜੇ ਤੱਕ ਬਰੇਟਾ ਤੋਂ ਚੱਲਣ ਵਾਲੇ ਸ਼ਹਿਰੀ ਬਰੇਟਾ, ਬਹਾਦਰਪੁਰ, ਬਰੇਟਾ ਪਿੰਡ, ਦਿਆਲਪੁਰਾ, ਖੱਤਰੀਵਾਲ, ਸਿਰਸੀਵਾਲਾ, ਰੰਘੜਿਆਲ, ਜਲਵੇੜਾ, ਗੋਬਿੰਦਪੁਰਾ, ਸੰਘਰੇੜੀ, ਕਾਹਨਗੜ੍ਹ, ਕਾਲੀਆਂ ਪਿੰਡਾਂ ਦੀ ਬਿਜਲੀ ਸਪਲਾਈ ਬੰਦ ਰਹੇਗੀ। ਇਸੇ ਤਰ੍ਹਾਂ ਕਿਸ਼ਨਗੜ੍ਹ ਤੋਂ ਚੱਲਣ ਵਾਲੇ ਪਿੰਡ ਖੁਡਾਲ ਕਲਾਂ, ਅਕਬਰਪੁਰ ਖੁਡਾਲ, ਸੇਖੂਪੁਰ ਖੁਡਾਲ, ਬਖ਼ਸ਼ੀਵਾਲਾ, ਕਿਸ਼ਨਗੜ੍ਹ ਦੀ ਬਿਜਲੀ ਸਪਲਾਈ ਬੰਦ ਰਹੇਗੀ।

# ਸਾਨੂੰ ਛਤਰਪਤੀ ਵਰਗੀ ਸ਼ਹਾਦਤ ਦੀ ਉਡੀਕ ਨਹੀਂ ਕਰਨੀ ਚਾਹੀਦੀ : ਸ਼ੇਰਵਾਨੀ

**ਸਿਰਸਾ (ਸੁਰਿੰਦਰ ਪਾਲ ਸਿੰਘ)**

**■ ਸੰਵਾਦ ਸਿਰਸਾ ਵੱਲੋਂ ਛਤਰਪਤੀ ਯਾਦਗਾਰੀ ਸਮਾਰੋਹ**




ਛਤਰਪਤੀ ਯਾਦਗਾਰੀ ਸਮਾਰੋਹ 'ਚ ਅਰਫਾ ਖਾਨਮ ਸ਼ੇਰਵਾਨੀ ਦਾ ਸਨਮਾਨ ਕਰਦੇ ਪਤਵੰਤੇ।

ਅਖਬਾਰ ਪੂਰਾ ਸੱਚ ਦੇ ਨਿੱਡਰ ਪੱਤਰਕਾਰ ਰਾਮਚੰਦਰ ਛੱਤਰਪਤੀ ਆਪਣੀ ਸ਼ਹਾਦਤ ਦੇ 21 ਸਾਲ ਬਾਅਦ ਵੀ ਜ਼ਿੰਦਾ ਹਨ, ਕਿਉਂਕਿ ਉਨ੍ਹਾ ਨੇ ਹੱਕ, ਸੱਚ, ਇਨਸਾਫ਼ ਤੇ ਆਮ ਲੋਕਾਂ ਦੇ ਹੱਕ ਵਿੱਚ ਆਵਾਜ਼ ਬੁਲੰਦ ਕੀਤੀ। ਮੈਂ ਛੱਤਰਪਤੀ ਸਨਮਾਨ ਪ੍ਰਾਪਤ ਕਰਕੇ ਭਾਗਸ਼ਾਲੀ ਤੇ ਮਾਣ ਮਹਿਸੂਸ ਕਰਦੀ ਹਾਂ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆ 'ਦਿ ਵਾਇਰ' ਦੀ ਸੀਨੀਅਰ ਸੰਪਾਦਕ ਅਰਫਾ ਖਾਨਮ ਸ਼ੇਰਵਾਨੀ ਨੇ ਸਾਹਿਤਕਾਰਾਂ ਨੂੰ ਸਮਰਪਤ ਸੰਸਥਾ ਸੰਵਾਦ ਸਿਰਸਾ ਵੱਲੋਂ ਕਰਵਾਏ ਗਏ ਛਤਰਪਤੀ ਯਾਦਗਾਰੀ ਸਮਾਰੋਹ 'ਚ ਬਤੌਰ ਮੁੱਖ ਮਹਿਮਾਨ ਵਜੋਂ ਬਦਲਵੇਂ ਮੀਡੀਆ ਸਬੰਧੀ ਆਪਣੇ ਬਿਆਨਾਂ 'ਚ ਕੀਤਾ। ਉਨ੍ਹਾ ਕਿਹਾ ਕਿ ਜਦੋਂ ਆਮ ਲੋਕ ਕਿਸੇ ਪੱਤਰਕਾਰ ਨੂੰ ਪਿਆਰ ਤੇ ਸਹਿਯੋਗ ਦਿੰਦੇ ਹਨ ਤਾਂ ਉਸ ਦਾ ਹੌਸਲਾ ਹੋਰ ਵਧ ਜਾਂਦਾ ਹੈ, ਪਰ ਇਸ ਲਈ ਛਤਰਪਤੀ ਵਰਗੀ ਸ਼ਹਾਦਤ ਦੀ ਉਡੀਕ ਨਹੀਂ ਕਰਨੀ ਚਾਹੀਦੀ।ਉਨ੍ਹਾ ਕਿਹਾ ਕਿ ਮੌਜੂਦਾ ਸਿਆਸੀ ਮਾਹੌਲ 'ਚ ਅੱਜ ਦੇਸ਼ ਵਿੱਚ ਹੱਕ ਸੱਚ ਦੀ ਲੜਾਈ ਆਮ ਲੋਕ ਹੀ ਲੜ ਰਹੇ ਹਨ।ਸੰਵਾਦ ਸਿਰਸਾ ਦੇ ਕੋ-ਕਨਵੀਨਰ ਡਾ: ਹਰਵਿੰਦਰ ਸਿੰਘ ਵੱਲੋਂ ਸਮੂਹ ਹਾਜ਼ਰੀਨ ਦੇ ਸਵਾਗਤ ਉਪਰੰਤ ਅਰਫਾ ਖਾਨਮ ਸ਼ੇਰਵਾਨੀ ਨੂੰ ਛਤਰਪਤੀ ਸਨਮਾਨ-2023 ਨਾਲ ਸਨਮਾਨਤ ਕੀਤਾ ਗਿਆ। ਇਸ ਦੌਰਾਨ ਪੰਜਾਬ ਹਰਿਆਣਾ ਬਾਰ ਕੌਂਸਲ ਦੇ ਸਾਬਕਾ ਚੇਅਰਮੈਨ ਗੁਰਿੰਦਰ ਪਾਲ ਸਿੰਘ ਐਡਵੋਕੇਟ ਨੇ 'ਭਾਰਤੀ ਨਿਆਂ ਪ੍ਰਣਾਲੀ ਅੱਗੇ ਚੁਣੌਤੀਆਂ' ਵਿਸ਼ੇ 'ਤੇ ਵਿਸਤਰਿਤ ਭਾਸ਼ਣ ਵਿੱਚ ਕਿਹਾ ਕਿ ਸਾਡੀ ਨਿਆਂ ਪ੍ਰਣਾਲੀ ਦੇ ਸਾਹਮਣੇ ਵੱਡੀਆਂ ਚੁਣੌਤੀਆਂ ਹਨ।ਸ਼ਹੀਦ ਪੱਤਰਕਾਰ ਰਾਮਚੰਦਰ ਛਤਰਪਤੀ ਦੇ ਸਪੁੱਤਰ ਅੰਸ਼ੁਲ ਛਤਰਪਤੀ ਨੇ ਕਿਹਾ ਕਿ ਉਨ੍ਹਾ ਦੇ ਪਿਤਾ ਨੇ ਆਮ ਲੋਕਾਂ ਦੀ ਆਵਾਜ਼ ਬਣਨ ਲਈ 'ਪੂਰਾ ਸੱਚ' ਸ਼ੁਰੂ ਕਰਨ ਸਮੇਂ ਜੋ ਸੰਕਲਪ ਲਿਆ ਸੀ, ਉਹ ਉਸੇ ਮਾਰਗ 'ਤੇ ਚੱਲਦੇ ਰਹਿਣਗੇ।ਸੰਵਾਦ ਕਨਵੀਨਰ ਪਰਮਾਨੰਦ ਸ਼ਾਸਤਰੀ ਨੇ ਹਰਿਆਣਾ ਦੇ ਅਗਾਂਹਵਧੂ ਲੇਖਕ ਤੇ ਸੰਵੇਦਨਸ਼ੀਲ ਅਧਿਆਪਕ ਡਾ: ਰਵਿੰਦਰ ਗਾਸੋ ਨੂੰ ਯਾਦ ਕਰਦਿਆਂ ਸਭ ਵੱਲੋਂ ਮੌਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ। ਪ੍ਰੋਗਰਾਮ ਦੌਰਾਨ ਪ੍ਰੋ. ਸੇਵਾ ਸਿੰਘ ਬਾਜਵਾ ਦੇ ਤਿੰਨ ਪੰਜਾਬੀ ਪੁਸਤਕਾਂ ਵੀ ਰਿਲੀਜ਼ ਹੋਈਆਂ। ਪ੍ਰੋਗਰਾਮ ਸੰਚਾਲਨ ਪ੍ਰੋ. ਹਰਭਗਵਾਨ ਚਾਵਲਾ ਨੇ ਕੀਤਾ।ਇਸ ਮੌਕੇ ਕਾ: ਸਵਰਨ ਸਿੰਘ ਵਿਰਕ, ਸੁਰਜੀਤ ਸਿੰਘ, ਰਾਜ ਕੁਮਾਰ ਸ਼ੇਖੂਪੁਰੀਆ, ਪ੍ਰੋ. ਆਰ. ਪੀ. ਸੇਠੀ, ਡਾ: ਨਿਰਮਲ ਸਿੰਘ, ਗੁਰਵਿੰਦਰ ਸਿੰਘ, ਆਸਥਾ, ਈਸ਼ਾਨਜੋਤ, ਸਿਮਰਨ, ਮੁਸਕਾਨ, ਡਾ: ਕੁਲਵਿੰਦਰ ਸਿੰਘ, ਸ਼ਕਤੀਰਾਜ ਕੌਸ਼ਿਕ, ਸ਼ੀਲ ਕੌਸ਼ਿਕ, ਹਰਰਤਨ ਸਿੰਘ ਗਾਂਧੀ, ਜਗਰੂਪ ਸਿੰਘ, ਪ੍ਰੋ. ਐੱਚ ਕੇ ਲਾਲ, ਪ੍ਰੋ. ਅਸ਼ੋਕ ਭਾਟੀਆ, ਪ੍ਰੋ. ਰਜਿੰਦਰ ਭੰਵਰੀਆ, ਡਾ: ਕੇ. ਕੇ. ਡੂਡੀ, ਗੁਰਭੇਜ ਸਿੰਘ ਗੁਰਾਇਆ, ਰਮੇਸ਼ ਗੋਇਲ, ਡਾ: ਰਾਜੇਸ਼, ਡਾ: ਰਾਣੀ, ਭਗਵੰਤ ਸਿੰਘ ਸੇਠੀ, ਨਵਨੀਤ ਅੰਸ਼ੁਲ, ਏਂਜਲ, ਬਲਬੀਰ ਕੌਰ ਗਾਂਧੀ, ਡਾ: ਨਿਰਮਲ ਬੰਜਾਰਨ, ਡਾ: ਹਰਮੀਤ ਕੌਰ, ਮਹਿਕ ਭਾਰਤੀਠ ਕੁਲਦੀਪ ਸਿਰਸਾ ਵਰਿੰਦਰ ਭਾਟੀਆ, ਸੁਰੇਸ਼ ਬਰਨਵਾਲ, ਸੁਰਜੀਤ ਸਿਰੜੀ ਆਦਿ ਤੋਂ ਇਲਾਵਾ ਹੋਰ ਬੁੱਧੀਜੀਵੀਆਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਦਰਜ ਕਰਵਾਈ।

# ਤਰਕਸ਼ੀਲ ਸੁਸਾਇਟੀ ਵੱਲੋਂ ਚੇਤਨਾ ਪਰਖ ਪ੍ਰੀਖਿਆ 'ਚ ਭਾਗ ਲੈਣ ਵਾਲੇ ਵਿਦਿਆਰਥੀ ਸਨਮਾਨਤ

**■ ਜਪਾਨ ਵਿਖੇ ਵਿਗਿਆਨਕ ਪ੍ਰੋਗਰਾਮ 'ਚ ਹਿੱਸਾ ਲੈਣ ਵਾਲੀ ਤਾਨੀਆ ਦੀ ਭਰਪੂਰ ਸ਼ਲਾਘਾ**



**ਜ਼ੀਰਾ (ਨਰਿੰਦਰ ਅਨੇਜਾ)**-ਤਰਕਸ਼ੀਲ ਸੁਸਾਇਟੀ ਜ਼ੀਰਾ ਦੀ ਮੀਟਿੰਗ ਸ੍ਰੀ ਸੁਰਿੰਦਰ ਕੁਮਾਰ ਜ਼ੀਰਾ ਦੀ ਪ੍ਰਧਾਨਗੀ ਹੇਠ ਜੀਵਨ ਮੱਲ ਸੀਨੀਅਰ ਸੈਕੰਡਰੀ ਸਕੂਲ ਵਿਖੇ ਹੋਈ, ਜਿਸ ਵਿੱਚ ਇਕਾਈ ਦੇ ਸਰਗਰਮ ਆਗੂ ਅਜਮੇਰ ਸਿੰਘ ਇੱਟਾਂ ਵਾਲੀ ਦੇ ਬੇਟੇ ਇੰਦਰਜੀਤ ਸਿੰਘ ਦੀ ਬੇਵਕਤੀ ਮੌਤ 'ਤੇ ਦੁੱਖ ਦਾ ਇਜ਼ਹਾਰ ਕੀਤਾ ਗਿਆ। ਇਸ ਉਪਰੰਤ ਦੋ ਮਾਸਿਕ ਮੈਗਜ਼ੀਨ ਵੰਡ ਦੇ ਨਾਲ ਨਾਲ ਚੇਤਨਾ ਪਰਖ ਪ੍ਰੀਖਿਆ ਵਿੱਚ ਸ਼ਮੂਲੀਅਤ ਕਰਨ ਵਾਲੇ ਵਿਦਿਆਰਥੀਆਂ ਨੂੰ ਪਾਰਟੀਸਪੈਂਟ ਸਰਟੀਫਿਕੇਟ ਦੇ ਕੇ ਸਨਮਾਨਤ ਦੇ ਪ੍ਰੋਗਰਾਮ ਉਲੀਕੇ ਗਏ। ਮੈਂਬਰਾਂ ਵੱਲੋਂ ਸ਼ਹੀਦ ਗੁਰਦਾਸ ਰਾਮ ਮੈਮੋਰੀਅਲ ਸੀਨੀ. ਸੈਕੰ. ਸਮਾਰਟ ਸਕੂਲ (ਕੰਨਿਆ) ਦੀ +2 ਦੀ ਵਿਦਿਆਰਥਣ ਕੁਮਾਰੀ ਤਾਨੀਆ ਦੀ ਭਰਪੂਰ ਸ਼ਲਾਘਾ ਕੀਤੀ ਗਈ, ਜਿਸ ਨੇ ਜਪਾਨ ਵਿਖੇ ਵਿਗਿਆਨਕ ਪ੍ਰੋਗਰਾਮ ਵਿੱਚ ਹਿੱਸਾ ਲੈ ਕੇ ਸਕੂਲ, ਅਧਿਆਪਕ, ਮਾਪਿਆਂ ਤੇ ਇਲਾਕੇ ਦਾ ਮਾਨ ਵਧਾਇਆ ਹੈ। ਪ੍ਰਿੰਸੀਪਲ ਰਕੇਸ਼ ਸ਼ਰਮਾ ਤੇ ਸਮੂਹ ਅਧਿਆਪਕਾਂ ਦੀ ਭਰਪੂਰ ਸ਼ਲਾਘਾ ਕੀਤੀ, ਜਿਨ੍ਹਾਂ ਦੀ ਯੋਗ ਅਗਵਾਈ ਸਦਕਾ ਵਿਦਿਆਰਥੀ ਵੱਡੀਆਂ ਪੁਲਾਂਘਾਂ ਭਰ ਰਹੇ ਹਨ। ਮੀਟਿੰਗ ਦੌਰਾਨ ਕ੍ਰਿਕਟ ਵਰਲਡ ਕੱਪ ਜਿੱਤਣ ਲਈ ਕੀਤੇ ਹਵਨ, ਪਾਠ, ਪ੍ਰਾਥਨਾਵਾਂ ਆਦਿ ਬਾਰੇ ਵੀ ਚਰਚਾ ਕੀਤੀ ਗਈ ਕਿ ਸਾਨੂੰ ਅਜਿਹੇ ਕਰਮਕਾਂਡ ਕਰਨ ਦੀ ਬਜਾਏ ਖੇਡ ਤੇ ਖਿਡਾਰੀਆਂ ਦੇ ਸਤਰ ਨੂੰ ਉੱਚਾ ਚੁੱਕਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ ਤੇ ਕਿਵੇਂ ਇਨ੍ਹਾਂ ਨੂੰ ਵਿਗਿਆਨਕ ਸੋਚ ਵੱਲ ਕਿਸੇ ਤਰ੍ਹਾਂ ਲਿਆਂਦਾ ਜਾਵੇ। ਮੀਟਿੰਗ ਵਿੱਚ ਤਰਕਸ਼ੀਲ ਦੇ ਆਗੂਆਂ ਵੱਲੋਂ ਮਸਲੇ 'ਤੇ ਚਾਰ ਵਟਾਂਦਰਾ ਕੀਤਾ ਗਿਆ। ਤਰਸੇਮ ਸਿੰਘ ਨੂਰਪੁਰ ਨੇ ਵਿਦੇਸ਼ ਪਰਤ ਕੇ ਉਥੋਂ ਦੇ ਜੀਵਨ ਤੇ ਯਾਤਰਾ ਬਾਰੇ ਜਾਣਕਾਰੀ ਦਿੱਤੀ। ਐਡਵੋਕੇਟ ਹਰਦੀਪ ਸਿੰਘ ਨੇ ਪਦਾਰਥ ਤੇ ਜੀਵ ਵਿਕਾਸ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਪ੍ਰੇਮ ਜ਼ੀਰਾ, ਭਜਨ ਸਿੰਘ ਮਰਖਾਈ, ਪੂਰਨ ਸਿੰਘ ਮਨਸੂਰਦੇਵਾ, ਪਰਮਜੀਤ ਵਿਦਿਆਰਥੀ ਕਵਿਸ ਜ਼ੀਰਾ, ਕੁਵਮ ਜ਼ੀਰਾ, ਵੇਦ ਪ੍ਰਕਾਸ ਸੋਨੀ ਆਦਿ ਹਾਜ਼ਰ ਸਨ।

# ਹੇਮਕੁੰਟ ਸਕੂਲ 'ਚ ਗੁਰਬਾਣੀ ਸੰਬੰਧੀ ਸੈਮੀਨਾਰ

**ਕੋਟ ਈਸੇ ਖਾਂ (ਅਜੈ ਅਰੋੜਾ)**



ਸ੍ਰੀ ਹੇਮਕੁੰਟ ਸੀਨੀ. ਸੈਕੰ. ਸਕੂਲ ਵਿਖੇ ਵਿਅਕਤੀਗਤ ਸ਼ਖ਼ਸੀਅਤ ਉਸਾਰੀ ਸਬੰਧੀ ਸ੍ਰੀ ਸਾਹਿਜ ਪਾਠ ਸੇਵਾ ਸੰਸਥਾ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਸਹਿਯੋਗ ਨਾਲ ਸੈਮੀਨਾਰ ਲਗਾਇਆ ਗਿਆ, ਜਿਸ ਵਿੱਚ ਸੰਸਥਾ ਦੇ ਬੁਲਾਰੇ ਸ੍ਰ: ਰਾਜਪਾਲ ਸਿੰਘ ਅੰਮ੍ਰਿਤਸਰ ਨੇ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ ਨਾਲ ਬਾਣੀ ਪੜ੍ਹਨ ਤੇ ਉੱਚ ਨੈਤਿਕ ਕਦਰਾਂ ਕੀਮਤਾਂ ਦੇ ਧਾਰਨੀ ਬਣਨ, ਅਧਿਆਪਕਾਂ ਤੇ ਮਾਪਿਆਂ ਦਾ ਸਤਿਕਾਰ ਕਰਨ ਅਤੇ ਕਾਰਜ ਕੁਸ਼ਲਤਾਵਾਂ ਬਾਰੇ ਭਰਭੂਰ ਰੌਚਕ ਤਰੀਕੇ ਨਾਲ ਚਾਨਣਾ ਪਾਇਆ। ਇਸ ਸਮੇਂ ਉਨ੍ਹਾ ਨਾਲ ਸ੍ਰ: ਰਤਨ ਸਿੰਘ ਮੋਗਾ, ਸ੍ਰ: ਹਰਦੀਪ ਸਿੰਘ ਕਡੋਰੀ ਕਲਾਂ ਤੇ ਸ੍ਰ: ਗੁਰਮੁੱਖ ਸਿੰਘ ਆਦਿ ਹਾਜ਼ਰ ਸਨ। ਸੈਮੀਨਾਰ ਦੌਰਾਨ ਗਤੀਵਿਧੀਆਂ ਕਰਨ ਵਾਲੇ ਵਿਦਿਆਰਥੀਆਂ ਨੂੰ ਕੈਰੀਅਰ ਚੋਣ ਸਬੰਧੀ ਕਿਤਾਬਾ ਭੇਟ ਕਰਕੇ ਸਨਮਾਨਤ ਕੀਤਾ ਗਿਆ। ਹੇਮਕੁੰਟ ਸੰਸਥਾਵਾਂ ਦੇ ਚੇਅਰਮੈਨ ਸ੍ਰ: ਕੁਲਵੰਤ ਸਿੰਘ ਸੰਧੂ ਤੇ ਮੈਡਮ ਰਣਜੀਤ ਕੌਰ ਸੰਧੂ ਨੇ ਵਿਦਿਆਰਥੀਆਂ ਨਾਲ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਦੱਸਿਆ ਕਿ ਸਾਨੂੰ ਗੁਰਬਾਣੀ ਨਾਲ ਜੁੜ ਕੇ ਰਹਿਣਾ ਚਾਹੀਦਾ ਅਤੇ ਜਪੁਜੀ ਸਾਹਿਬ, ਮੂਲ-ਮੰਤਰ ਦਾ ਪਾਠ ਰੋਜ਼ਾਨਾ ਕਰਨ ਬਾਰੇ ਪ੍ਰੇਰਿਤ ਕੀਤਾ। ਪ੍ਰਿੰਸੀਪਲ ਮੈਡਮ ਰਮਨਜੀਤ ਕੌਰ ਤੇ ਵਾਇਸ ਪ੍ਰਿੰਸੀਪਲ ਜਤਿੰਦਰ ਸ਼ਰਮਾ ਨੇ ਇਸ ਸੈਮੀਨਾਰ ਵਿੱਚ ਦੱਸੇ ਹੋਏ ਉੱਚ ਅਧਿਆਤਮਕ ਵਿਚਾਰਾਂ ਨੂੰ ਆਪਣੇ ਜ਼ਿੰਦਗੀ 'ਚ ਅਪਣਾਉਣ ਬਾਰੇ ਦੱਸਿਆ ਤੇ ਆਏ ਹੋਏ ਸੰਸਥਾਂ ਦੇ ਬੁਲਾਰਿਆਂ ਨੂੰ ਸਰੋਪੇ ਪਾ ਕੇ ਸਨਮਾਨਤ ਕੀਤਾ। ਪ੍ਰਿੰਸੀਪਲ ਮੈਡਮ ਨੇ ਉਨ੍ਹਾਂ ਦਾ ਇੱਥੇ ਪਹੁੰਚਣ 'ਤੇ ਧੰਨਵਾਦ ਕੀਤਾ।

# ਰਿਜ਼ਰਵੇਸ਼ਨ ਤੇ ਸੰਵਿਧਾਨ ਬਚਾਉਣਾ ਸਭ ਦਾ ਪਹਿਲਾ ਫਰਜ਼ : ਢੋਸੀਵਾਲ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਭਾਰਤ ਦੇ ਸਭ ਤੋਂ ਵੱਧ ਪੜ੍ਹੇ ਲਿਖੇ ਮਹਾਨ ਵਿਦਵਾਨ ਭਾਰਤ ਰਤਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਨੇ ਸਖਤ ਮਿਹਨਤ ਪਿੱਛੋਂ ਦੇਸ਼ ਦਾ ਸੰਵਿਧਾਨ ਲਿਖਿਆ ਸੀ। ਇਸੇ ਸੰਵਿਧਾਨ ਅਨੁਸਾਰ ਦੇਸ਼ ਵਾਸੀਆਂ ਨੂੰ ਸਾਰੇ ਅਧਿਕਾਰ ਪ੍ਰਾਪਤ ਹੋਏ ਹਨ। ਸਭਨਾਂ ਲਈ ਵੋਟ ਦਾ ਅਧਿਕਾਰ, ਮਜ਼ਦੂਰਾਂ ਲਈ ਕੰਮ ਦੇ ਘੰਟੇ ਨਿਸ਼ਚਤ ਕਰਨਾ ਔਰਤ ਕਰਮਚਾਰੀਆਂ ਲਈ ਮੈਟਰਨਿਟੀ ਲੀਵ ਦੇ ਅਧਿਕਾਰ ਸਮੇਤ ਮੁੱਢਲੇ ਅਧਿਕਾਰ ਡਾ. ਅੰਬੇਡਕਰ ਦੁਆਰਾ ਲਿਖੇ ਸੰਵਿਧਾਨ ਦੀ ਹੀ ਦੇਣ ਹਨ। ਸਦੀਆਂ ਤੋਂ ਦੱਬੇ ਕੁਚਲੇ ਤੇ ਹਰ ਤਰ੍ਹਾਂ ਦੇ ਸ਼ੋਸ਼ਣ ਦਾ ਸ਼ਿਕਾਰ ਅਨੁਸੂਚਿਤ ਜਾਤੀ, ਪੱਛੜੀਆਂ ਸ਼੍ਰੇਣੀਆਂ ਤੇ ਅਨੁਸੂਚਿਤ ਕਬੀਲਿਆਂ ਨੂੰ ਸਮਾਜਿਕ, ਆਰਥਿਕ ਤੇ ਰਾਜਨੀਤਕ ਤੌਰ 'ਤੇ ਦੂਸਰਿਆਂ ਦੇ ਬਰਾਬਰ ਸਮਾਜਿਕ ਰੁਤਬਾ ਦਿਵਾਉਣ ਲਈ ਇਨ੍ਹਾਂ ਵਰਗਾਂ ਵਾਸਤੇ ਰਿਜ਼ਰਵੇਸ਼ਨ ਦੀ ਸਹੂਲਤ ਲਾਗੂ ਕੀਤੀ ਹੈ। ਇਸੇ ਰਿਜ਼ਰਵੇਸ਼ਨ ਦੇ ਆਧਾਰ 'ਤੇ ਇਸ ਵਰਗ ਦੇ ਲੋਕਾਂ ਨੇ ਰਿਜ਼ਰਵੇਸ਼ਨ ਦਾ ਲਾਭ ਲਿਆ ਹੈ, ਪ੍ਰੰਤੂ ਕੁਝ ਵਿਰੋਧੀ ਮਾਨਸਿਕਤਾ ਵਾਲੇ ਲੋਕਾਂ ਦੀਆਂ ਅੱਖਾਂ ਵਿੱਚ ਰਿਜ਼ਰਵੇਸ਼ਨ ਕੰਡੇ ਵਾਂਗੂ ਚੁੱਭ ਰਹੀ ਹੈ। ਰਿਜ਼ਰਵੇਸ਼ਨ ਨੂੰ ਖੋਰਾ ਲਾਇਆ ਜਾ ਰਿਹਾ ਹੈ। ਸਰਕਾਰੀ ਨੌਕਰੀਆਂ ਵਿੱਚ ਇਸ ਨੂੰ ਖਤਮ ਕਰਨ ਦੇ ਨਵੇਂ ਨਵੇਂ ਢੰਗ ਲੱਭੇ ਜਾ ਰਹੇ ਹਨ। ਰਿਜ਼ਰਵੇਸ਼ਨ ਵਿੱਚ ਰਿਜ਼ਰਵੇਸ਼ਨ ਲਾਗੂ ਕਰਕੇ ਰਾਖਵੇਂਕਰਨ ਦੇ ਮੂਲ ਮੰਤਵ ਨੂੰ ਖਤਮ ਕੀਤਾ ਜਾ ਰਿਹਾ ਹੈ। ਰੋਟਾ ਤੇ ਰੋਸਟਰ ਸਿਸਟਮ ਨੂੰ ਮਨਮਾਨੇ ਢੰਗ ਨਾਲ ਲਾਗੂ ਕੀਤਾ ਜਾ ਰਿਹਾ ਹੈ। ਐਨਾ ਹੀ ਨਹੀਂ ਸਮੇਂ ਦੀਆਂ ਸਰਕਾਰਾਂ ਨੇ ਸੰਵਿਧਾਨਕ ਸੋਧਾਂ ਦੇ ਬਹਾਨੇ ਆਮ ਲੋਕਾਂ ਦੇ ਕਾਨੂੰਨੀ ਅਧਿਕਾਰਾਂ 'ਤੇ ਡਾਕਾ ਮਾਰਿਆ ਹੈ। ਸਮਤਾ, ਸਮਾਨਤਾ ਤੇ ਭਾਈਚਾਰੇ ਦੇ ਪਹਿਰੇਦਾਰ ਸੰਵਿਧਾਨ ਨੂੰ ਖਤਮ ਕਰਕੇ ਦੇਸ਼ ਨੂੰ ਗੁਲਾਮੀ ਵੱਲ ਲੈ ਜਾਣ ਦੀਆਂ ਕੋਸ਼ਿਸ਼ਾਂ ਜਾਰੀ ਹਨ। ਐੱਲ.ਬੀ.ਸੀ.ਟੀ. (ਲਾਰਡ ਬੁੱਧਾ ਚੈਰੀਟੇਬਲ ਟਰੱਸਟ) ਦੇ ਚੇਅਰਮੈਨ ਤੇ ਆਲ ਇੰਡੀਆ ਐੱਸ.ਸੀ./ਬੀ.ਸੀ./ਐੱਸ.ਟੀ. ਏਕਤਾ ਭਲਾਈ ਮੰਚ ਦੇ ਰਾਸ਼ਟਰੀ ਪ੍ਰਧਾਨ ਦਲਿਤ ਰਤਨ ਜਗਦੀਸ਼ ਰਾਏ ਢੋਸੀਵਾਲ ਨੇ ਰਿਜ਼ਰਵੇਸ਼ਨ ਤੇ ਸੰਵਿਧਾਨ ਨੂੰ ਸੋਧਾਂ ਦੇ ਬਹਾਨੇ ਖਤਮ ਕਰਨ ਦੀਆਂ ਕੋਸ਼ਿਸ਼ਾਂ ਦੀ ਪੁਰਜ਼ੋਰ ਸ਼ਬਦਾਂ ਵਿੱਚ ਨਿੰਦਾ ਤੇ ਆਲੋਚਨਾ ਕੀਤੀ ਹੈ। ਉਨ੍ਹਾਂ ਕਿਹਾ ਕਿ ਅਜੋਕੇ ਸਮੇਂ ਵਿੱਚ ਦੇਸ਼ ਦੇ ਨਾਗਰਿਕ ਨੂੰ ਇਨ੍ਹਾਂ ਚਾਲਾਂ ਪ੍ਰਤੀ ਸੁਚੇਤ ਤੇ ਜਾਗ੍ਰਿਤ ਹੋਣ ਦੀ ਜ਼ਰੂਰਤ ਹੈ।

ਰਿਜ਼ਰਵੇਸ਼ਨ ਤੇ ਸੰਵਿਧਾਨ ਨੂੰ ਬਚਾਉਣਾ ਹਰ ਦੇਸ਼ ਵਾਸੀ ਦਾ ਮੁਢਲਾ ਫਰਜ਼ ਹੈ। ਢੋਸੀਵਾਲ ਨੇ ਕਿਹਾ ਕਿ ਜੇ ਵਿਰੋਧੀ ਤਾਕਤਾਂ ਰਿਜ਼ਰਵੇਸ਼ਨ ਤੇ ਸੰਵਿਧਾਨ ਨੂੰ ਖਤਮ ਕਰਨ ਦੇ ਆਪਣੇ ਮਨਸੂਬਿਆਂ ਵਿੱਚ ਸਫਲ ਹੋ ਜਾਂਦੀਆਂ ਹਨ ਤਾਂ ਡਾ. ਅੰਬੇਡਕਰ ਦੇ ਸੁਪਨਿਆਂ 'ਤੇ ਆਧਾਰਤ ਸਮਤਾ, ਸਮਾਨਤਾ ਤੇ ਭਾਈਚਾਰੇ ਉੱਪਰ ਆਧਾਰਤ ਸਮਾਜ ਦੀ ਕਦੇ ਵੀ ਸਿਰਜਣਾ ਨਹੀਂ ਹੋ ਸਕੇਗੀ।

# ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਲੜਕੀਆਂ ਦੇ ਸਮੂਹਕ ਅਨੰਦ ਕਾਰਜ ਕਰਾਏ

**ਨਾਭਾ (ਵਰਿੰਦਰ ਵਰਮਾ)**

**■ ਮੱਖਣ ਸਿੰਘ ਲਾਲਕਾ ਤੇ ਜਥੇਦਾਰ ਕਸ਼ਮੀਰਾ ਸਿੰਘ ਅਸ਼ੀਰਵਾਦ ਦੇਣ ਪਹੁੰਚੇ**



ਰਿਆਸਤੀ ਸ਼ਹਿਰ ਨਾਭਾ ਦੇ ਇਤਿਹਾਸਕ ਗੁਰ ਅਸਥਾਨ ਗੁਰਦੁਆਰਾ ਡੇਰਾ ਬਾਬਾ ਅਜਾਪਾਲ ਸਿੰਘ ਜੀ ਘੋੜਿਆਂ ਵਾਲਾ ਸਾਹਿਬ ਨਾਭਾ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਤੇ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਦਸਮੇਸ਼ ਪਿਤਾ ਧੰਨ ਗੁਰੂ ਗੋਬਿੰਦ ਸਿੰਘ ਜੀ ਦੇ ਨਗਾਰਚੀ ਧੰਨ ਧੰਨ ਬਾਬਾ ਅਜਾਪਾਲ ਸਿੰਘ ਦੀ ਮਿੱਠੀ ਯਾਦ ਵਿੱਚ ਸਾਲਾਨਾ ਜੋੜ ਮੇਲਾ ਤੇ ਹਰ ਸਾਲ ਦੀ ਤਰ੍ਹਾਂ 13 ਲੋੜਵੰਦ ਲੜਕੀਆਂ ਦੇ ਸਮੂਹਕ ਆਨੰਦ ਕਾਰਜ ਸਮੂਹ ਸੰਗਤਾਂ ਦੇ ਸਹਿਯੋਗ ਦਾ ਸਦਕਾ ਸ੍ਰੀ ਗੁਰੂ ਰਾਮਦਾਸ ਸੇਵਾ ਸੁਸਾਇਟੀ ਨਾਭਾ ਵੱਲੋਂ ਕਰਵਾਏ ਗਏ, ਜਿਸ ਦੀ ਜਾਣਕਾਰੀ ਪੱਤਰਕਾਰ ਨਾਲ ਸਾਂਝੀ ਕਰਦਿਆਂ ਸੁਸਾਇਟੀ ਦੇ ਪ੍ਰਧਾਨ ਹਰਪ੍ਰੀਤ ਸਿੰਘ ਤੇ ਸਰਪ੍ਰਸਤ ਜਥੇਦਾਰ ਸਰਬਜੀਤ ਸਿੰਘ ਧੀਰੋ ਮਾਜਰਾ ਨੇ ਦੱਸਿਆ ਕਿ ਸਵੇਰੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣ ਉਪਰੰਤ 8 ਵਜੇ ਤੋਂ ਲੈ ਕੇ 12 ਵਜੇ ਤੱਕ ਸੁਖਮਨੀ ਸਾਹਿਬ ਦੇ ਜਾਪ ਤੇ ਇਲਾਹੀ ਬਾਣੀ ਦੇ ਕੀਰਤਨ ਕਰਨ ਉਪਰੰਤ 12:00 ਵਜੇ ਲੋੜਵੰਦ ਬੱਚੀਆਂ ਦੇ ਸਮੂਹਕ ਆਨੰਦ ਕਾਰਜ ਕਰਵਾਏ ਗਏ। ਨਵ-ਵਿਆਹੇ ਜੋੜਿਆਂ ਨੂੰ ਰੋਜ਼ਾਨਾ ਜ਼ਰੂਰਤ ਦਾ ਸਾਮਾਨ ਅਲਮਾਰੀ, ਫਰਿਜ, ਬੈੱਡ, ਕੱਪੜੇ, ਰਸੋਈ ਦੇ ਸਾਮਾਨ ਤੋਂ ਇਲਾਵਾ ਹੋਰ ਲੋੜਵੰਦ ਵਸਤੂਆਂ ਦਿੱਤੀਆਂ ਗਾਈਆਂ। ਨਵ-ਵਿਆਹੀਆਂ ਜੋੜੀਆਂ ਨੂੰ ਵਿਸ਼ੇਸ਼ ਤੌਰ 'ਤੇ ਅਸ਼ੀਰਵਾਦ ਦੇਣ ਲਈ ਪਹੁੰਚੇ ਜਥੇਦਾਰ ਬਾਬਾ ਕਸ਼ਮੀਰਾ ਸਿੰਘ ਮੁਖੀ ਗੁਰਦੁਆਰਾ ਸਿੱਧਸਰ ਅਲੋਹਰਾ ਸਾਹਿਬ ਤੇ ਹਲਕਾ ਇੰਚਾਰਜ ਮੱਖਣ ਸਿੰਘ ਲਾਲਕਾ ਨੇ ਇਸ ਕਾਰਜ ਦੀ ਸ਼ਲਾਘਾ ਕਰਦਿਆਂ ਸੁਸਾਇਟੀ ਤੇ ਨਵ-ਵਿਆਹੀਆਂ ਜੋੜੀਆਂ ਨੂੰ ਵਧਾਈ ਦਿੱਤੀ। ਉਨ੍ਹਾਂ ਦੱਸਿਆ ਕਿ ਇਸ ਮਹਾਨ ਕਾਰਜ ਵਿੱਚ ਸਾਨੂੰ ਮਲਕੀਤ ਐਗਰੋਟੈਕ ਲਿਮਿਟਡ ਨਾਭਾ ਵੱਲੋਂ ਵਿਸ਼ੇਸ਼ ਸਹਿਯੋਗ ਦਿੱਤਾ ਗਿਆ ਹੈ। ਇਸ ਮੌਕੇ ਹਰਪ੍ਰੀਤ ਸਿੰਘ ਪ੍ਰਧਾਨ, ਜਥੇਦਾਰ ਸਰਬਜੀਤ ਸਿੰਘ, ਧੀਰੋਮਾਜਰਾ ਸਰਪ੍ਰਸਤ, ਗੁਰਦੀਪ ਸਿੰਘ, ਹਾਕਮ ਸਿੰਘ ਪ੍ਰਧਾਨ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਸੇਵਾ ਸੁਸਾਇਟੀ ਨਾਭਾ ਹਰਮਿੰਦਰ ਸਿੰਘ ਸੁਪਰਵਾਈਜ਼ਰ, ਮੈਨੇਜਰ ਗੁਰਲਾਲ ਸਿੰਘ, ਕੁਲਵਿੰਦਰ ਸਿੰਘ ਜਸਪਾਲ ਕਲੋਨੀ ਨਾਭਾ, ਪੰਥ ਪ੍ਰਸਿੱਧ ਕਥਾਵਾਚਕ ਗਿਆਨੀ ਰਾਜਿੰਦਰਪਾਲ ਸਿੰਘ, ਸੀਨੀਅਰ ਅਕਾਲੀ ਆਗੂ ਜਗਜੀਤ ਸਿੰਘ ਖੋਖ, ਬਾਬੂ ਸਿੰਘ, ਹਰਸਿਮਰਤ ਸਿੰਘ ਗਲਵੱਟੀ, ਤਰਲੋਚਨ ਸਿੰਘ ਖੋਖ, ਜਸਵੀਰ ਸਿੰਘ ਸੇਠੀ, ਹਰਪ੍ਰੀਤ ਸਿੰਘ ਰੂਬਲ ਆਦਿ ਹਾਜ਼ਰ ਸਨ।

# ਪੰਜਾਬ ਮਸਲੇ ਨੂੰ ਕੇਂਦਰ ਨੇ ਜਾਣਬੁੱਝ ਕੇ ਉਲਝਾ ਕੇ ਰੱਖਿਆ ਹੋਇਐ : ਖੁੱਡੀਆਂ

**ਬਠਿੰਡਾ (ਬਖਤੌਰ ਢਿੱਲੋਂ)**

**■ ਅਕਾਸ਼ਦੀਪ ਦੇ ਵਿਆਹ ਸਮਾਗਮ 'ਚ ਸ਼ਾਮਲ ਹੋਏ ਕਈ ਸਿਆਸੀ ਆਗੂ**



ਪਾਣੀਆਂ ਤੇ ਚੰਡੀਗੜ੍ਹ ਦੇ ਮਸਲੇ ਨੂੰ ਕੇਂਦਰ ਸਰਕਾਰਾਂ ਨੇ ਜਾਣਬੁੱਝ ਕੇ ਉਲਝਾ ਕੇ ਰੱਖਿਆ ਹੋਇਆ ਹੈ ਤਾਂ ਜੋ ਵੋਟਾਂ ਸਮੇਂ ਇਸ ਦਾ ਲਾਭ ਹਾਸਲ ਕੀਤਾ ਜਾ ਸਕੇ। ਇਹ ਵਿਚਾਰ ਪੰਜਾਬ ਦੇ ਕੈਬਨਿਟ ਮੰਤਰੀ ਸ੍ਰ: ਗੁਰਮੀਤ ਸਿੰਘ ਖੁੱਡੀਆਂ ਨੇ ਬੀਤੇ ਦਿਨ ਇੱਥੇ ਪ੍ਰਗਟ ਕੀਤੇ। ਉਹ ਸੀਨੀਅਰ ਪੱਤਰਕਾਰ ਸ੍ਰੀ ਬਲਵਿੰਦਰ ਸਿੰਘ ਭੁੱਲਰ ਦੇ ਸਪੁੱਤਰ ਅਕਾਸ਼ਦੀਪ ਸਿੰਘ ਦੇ ਵਿਆਹ ਮੌਕੇ ਸੁਭਾਗੀ ਜੋੜੀ ਨੂੰ ਆਸ਼ੀਰਵਾਦ ਦੇਣ ਲਈ ਉਚੇਚੇ ਤੌਰ 'ਤੇ ਪਹੁੰਚੇ ਸਨ। ਉਨ੍ਹਾ ਕਿਹਾ ਕਿ ਦਹਾਕਿਆਂ ਪਹਿਲਾਂ ਇਹ ਮਸਲੇ ਖੜੇ ਕੀਤੇ ਗਏ ਤੇ ਕੇਂਦਰ ਵਿੱਚ ਸਰਕਾਰਾਂ ਬਦਲਦੀਆਂ ਰਹੀਆਂ, ਪਰ ਕਿਸੇ ਨੇ ਵੀ ਇਨ੍ਹਾਂ ਦੇ ਹੱਲ ਲਈ ਯਤਨ ਨਹੀਂ ਕੀਤੇ। ਸਾਬਕਾ ਲੋਕ ਸਭਾ ਮੈਂਬਰ ਬੀਬੀ ਪਰਮਜੀਤ ਕੌਰ ਗੁਲਸ਼ਨ ਨੇ ਜੋੜੀ ਨੂੰ ਆਸ਼ੀਰਵਾਦ ਦੇਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਕੇਂਦਰ ਸਰਕਾਰਾਂ ਹਮੇਸ਼ਾ ਪੰਜਾਬ ਨਾਲ ਵਿਤਕਰਾ ਕਰਦੀਆਂ ਰਹੀਆਂ ਹਨ, ਇਸੇ ਕਰਕੇ ਇਹ ਮਸਲੇ ਸੁਲਝਾਏ ਨਹੀਂ ਜਾ ਸਕੇ। ਭਾਜਪਾ ਦੇ ਸੀਨੀਅਰ ਆਗੂ ਸ੍ਰ: ਜਗਦੀਪ ਸਿੰਘ ਨਕੱਈ ਨੇ ਭੁੱਲਰ ਪਰਿਵਾਰ ਨਾਲ ਖੁਸ਼ੀ ਸਾਂਝੀ ਕੀਤੀ। ਉਨ੍ਹਾਂ ਕੁੱਝ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਹ ਪੰਜਾਬ ਦੇ ਮਸਲਿਆਂ ਦੇ ਹੱਲ ਲਈ ਪਾਰਟੀ ਦੀ ਹਾਈਕਮਾਂਡ ਨਾਲ ਜਲਦੀ ਵਿਚਾਰ ਚਰਚਾ ਕਰਨਗੇ। ਸੀ ਪੀ ਆਈ ਐੱਮ ਪੰਜਾਬ ਦੇ ਸਕੱਤਰ ਕਾ: ਸੁਖਵਿੰਦਰ ਸਿੰਘ ਸੇਖੋਂ ਨੇ ਭੁੱਲਰ ਪਰਿਵਾਰ ਨੂੰ ਵਧਾਈ ਦਿੱਤੀ ਤੇ ਨਵੀਂ-ਵਿਆਹੀ ਜੋੜੀ ਨੂੰ ਆਸ਼ੀਰਵਾਦ ਦਿੱਤਾ। ਪੰਜਾਬ ਦੇ ਮਾਮਲਿਆਂ ਬਾਰੇ ਗੱਲ ਕਰਦਿਆਂ ਉਨ੍ਹਾ ਪੰਜਾਬ ਦੇ ਮੁੱਖ ਮੰਤਰੀ ਨੂੰ ਸਰਬ ਪਾਰਟੀ ਮੀਟਿੰਗ ਬੁਲਾਉਣ ਦਾ ਸੁਝਾਅ ਦਿੱਤਾ। ਇਸ ਮੌਕੇ ਬੀਬੀ ਬਲਜਿੰਦਰ ਕੌਰ ਵਿਧਾਇਕ ਤਲਵੰਡੀ ਸਾਬੋ ਦੇ ਪਿਤਾ ਸ੍ਰ: ਦਰਸ਼ਨ ਸਿੰਘ ਤੇ ਸੀ ਪੀ ਆਈ ਦੇ ਸੀਨੀਅਰ ਆਗੂ ਤੇ ਸਾਬਕਾ ਵਿਧਾਇਕ ਕਾ: ਹਰਦੇਵ ਸਿੰਘ ਅਰਸ਼ੀ ਵੱਲੋਂ ਉਨ੍ਹਾਂ ਦੇ ਸਪੁੱਤਰ ਨੇ ਭੁੱਲਰ ਪਰਿਵਾਰ ਨਾਲ ਖੁਸ਼ੀ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਸੇਵਾਮੁਕਤ ਜਸਟਿਸ ਨਿਰਮਲ ਸਿੰਘ, ਉੱਘੇ ਸਾਹਿਤਕਾਰਾਂ ਸ੍ਰੀ ਜਸਪਾਲ ਮਾਨਖੇੜਾ, ਰਣਜੀਤ ਗੌਰਵ, ਰਣਬੀਰ ਰਾਣਾ ਸਮੇਤ ਖੇਤੀਬਾੜੀ ਵਿਭਾਗ ਨਾਲ ਸਬੰਧਤ ਕਈ ਉੱਚ ਅਫ਼ਸਰਾਂ ਤੇ ਸੀਨੀਅਰ ਪੱਤਰਕਾਰਾਂ ਨੇ ਵੀ ਸੁਭਾਗੀ ਜੋੜੀ ਨੂੰ ਆਸ਼ੀਰਵਾਦ ਦਿੱਤਾ।

# ਅਨੰਤ ਨੂੰ ਜਾਣਨਾ ਸੰਭਵ ਹੈ : ਪ੍ਰੇਮ ਰਾਵਤ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਪ੍ਰੇਮ ਰਾਵਤ ਜੀ ਨੇ ਸ਼ਾਂਤੀ ਦਾ ਸੰਦੇਸ਼ ਦਿੰਦੇ ਹੋਏ ਪ੍ਰਦਰਸ਼ਨੀ ਗਰਾਊਂਡ ਵਿਖੇ ਇੱਕ ਵਿਸ਼ਾਲ ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਿਰਫ ਸ਼ਾਂਤੀ ਕਹਿ ਕੇ ਸ਼ਾਂਤੀ ਪ੍ਰਾਪਤ ਨਹੀਂ ਕੀਤੀ ਜਾ ਸਕਦੀ, ਸ਼ਾਂਤੀ ਮਨੁੱਖ ਦੀ ਮੁੱਢਲੀ ਲੋੜ ਹੈ ਤੇ ਇਸ ਨੂੰ ਪੂਰਾ ਕਰਨਾ ਸਾਡੇ ਲਈ ਬਹੁਤ ਜ਼ਰੂਰੀ ਹੈ। ਇਸ ਪ੍ਰੋਗਰਾਮ ਵਿੱਚ ਦਿੱਲੀ, ਹਰਿਆਣਾ, ਪੰਜਾਬ, ਰਾਜਸਥਾਨ, ਹਿਮਾਚਲ ਪ੍ਰਦੇਸ ਤੇ ਆਸ-ਪਾਸ ਦੇ ਇਲਾਕੇ ਦੇ ਹਜ਼ਾਰਾਂ ਲੋਕਾਂ ਨੇ ਇਸ ਪ੍ਰੋਗਰਾਮ ਵਿੱਚ ਸ਼ਮੂਲੀਅਤ ਕੀਤੀ। ਇਸ ਤੋਂ ਇਲਾਵਾ 100 ਤੋਂ ਵੱਧ ਵਿਦਿਆਰਥੀ, ਜੋ ਸੁਣ ਜਾਂ ਬੋਲ ਨਹੀਂ ਸਕਦੇ, ਉਨ੍ਹਾਂ ਨੇ ਵੀ ਆਪਣੇ ਅਨੁਵਾਦਕ ਦੀ ਮਦਦ ਨਾਲ ਪ੍ਰੇਮ ਰਾਵਤ ਜੀ ਦੇ ਪ੍ਰੋਗਰਾਮ ਵਿੱਚ ਹਿੱਸਾ ਲਿਆ। ਪ੍ਰੇਮ ਰਾਵਤ ਜੀ ਨੇ ਕਿਹਾ ਕਿ ਜੋ ਅਵਿਨਾਸ਼ੀ ਹਰ ਥਾਂ ਹੈ, ਉਹ ਤੁਹਾਡੇ ਅੰਦਰ ਵੀ ਹੈ। ਤੁਹਾਡੇ ਆਨੰਦ ਦਾ ਸਰੋਤ ਤੁਹਾਡੇ ਅੰਦਰ ਹੈ। ਜੇਕਰ ਤੁਸੀਂ ਆਪਣੇ ਅੰਦਰ ਅਨੰਤਤਾ ਦੇ ਸਾਗਰ ਦੀ ਇੱਕ ਬੂੰਦ ਪੀ ਲਈ ਤਾਂ ਤੁਸੀਂ ਪੂਰੀ ਅਨੰਤਤਾ ਦਾ ਅਨੁਭਵ ਕਰ ਲਿਆ। ਪ੍ਰੇਮ ਰਾਵਤ ਜੀ ਦਾ ਇਹ ਮੁੱਖ ਸੰਦੇਸ਼ ਹੈ ਕਿ ਸ਼ਾਂਤੀ ਹਰ ਮਨੁੱਖ ਦੀ ਮੁੱਢਲੀ ਲੋੜ ਹੈ। ਸ਼ਾਂਤੀ ਹਰ ਮਨੁੱਖ ਲਈ ਸੰਭਵ ਹੈ, ਜਿਸ ਦਿਨ ਤੁਸੀਂ ਹਰ ਸਾਹ ਲਈ ਸ਼ੁਕਰਗੁਜ਼ਾਰ ਹੋਵੋਗੇ, ਉਸ ਦਿਨ ਤੁਸੀਂ ਜੀਣਾ ਸਿੱਖੋਗੇ। ਅੱਜ ਸੰਸਾਰ ਵਿੱਚ ਜੋ ਕੁਝ ਵੀ ਹੋ ਰਿਹਾ ਹੈ, ਉਹ ਮਨੁੱਖ ਦੇ ਅੰਦਰੋਂ ਪੈਦਾ ਹੋਈ ਅਸੰਤੁਸ਼ਟੀ ਦਾ ਨਤੀਜਾ ਹੈ। ਇਸ ਸਭ ਦਾ ਅੰਤ ਤਾਂ ਹੀ ਸੰਭਵ ਹੈ, ਜਦੋਂ ਮਨੁੱਖ ਮਨੁੱਖਤਾ ਨੂੰ ਅਪਣਾ ਲਵੇ। ਪ੍ਰੇਮ ਰਾਵਤ ਜੀ ਨੂੰ ਉਨ੍ਹਾਂ ਦੀ ਹਾਲ ਹੀ ਵਿੱਚ ਪ੍ਰਕਾਸ਼ਤ ਪੁਸਤਕ 'ਸਵੈਮ ਕੀ ਆਵਾਜ਼' ਲਈ ਗਿਨੀਜ਼ ਬੁੱਕ ਆਫ ਵਰਲਡ ਰਿਕਾਰਡ ਦੇ ਸਨਮਾਨ ਨਾਲ ਸਨਮਾਨਤ ਕੀਤਾ ਗਿਆ ਹੈ। ਇਸ ਦੀ ਅੰਗਰੇਜ਼ੀ ਸੰਸਕਰਣ 'ਹੀਅਰ ਯੂਅਰਸੈਲਫ' ਦਿ ਨਿਊਯਾਰਕ ਟਾਈਮਜ਼ ਦੀ ਬੈਸਟ ਸੇਲਰ ਪੁਸਤਕ ਰਹੀ ਹੈ। ਪ੍ਰੇਮ ਰਾਵਤ ਜੀ ਨੂੰ ਕਈ ਸਰਕਾਰੀ ਤੇ ਵਿੱਦਿਅਕ ਅਦਾਰਿਆਂ ਵੱਲੋਂ 'ਸ਼ਾਂਤੀ ਦੇ ਦੂਤ' ਦੇ ਖਿਤਾਬ ਨਾਲ ਵੀ ਨਿਵਾਜਿਆ ਗਿਆ ਹੈ।

# ਪ੍ਰਦੂਸ਼ਣ ਦੇ ਮੁੱਦੇ 'ਤੇ ਸਰਕਾਰਾਂ ਕਿਸਾਨਾਂ ਨੂੰ ਬਦਨਾਮ ਕਰ ਰਹੀਆਂ : ਬਿਰਧ ਦਲ



ਮੀਟਿੰਗ ਕਰਦੇ ਹੋਏ ਬਿਰਧ ਦਲ ਦੇ ਆਗੂ ਤੇ ਵਰਕਰ।

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਬਿਰਧ ਦਲ ਪਾਤੜਾਂ ਦੀ ਮੀਟਿੰਗ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਵਿਖੇ ਹੋਈ, ਜਿਸ ਵਿੱਚ ਵਧਦੇ ਪ੍ਰਦੂਸ਼ਣ ਦੇ ਮੱਦੇਨਜ਼ਰ ਕੇਂਦਰ ਤੇ ਸੂਬਾ ਸਰਕਾਰ ਵੱਲੋਂ ਅਪਣਾਈਆਂ ਜਾ ਰਹੀਆਂ ਨੀਤੀਆਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ।

ਮੀਟਿੰਗ ਉਪਰੰਤ ਦਲ ਦੇ ਸ੍ਰਪਰਸਤ ਜੋਰਾ ਸਿੰਘ ਪਾਤੜ, ਬਲਵੀਰ ਸਿੰਘ ਪ੍ਰਧਾਨ, ਜਰਨੈਲ ਸਿੰਘ ਖਜ਼ਾਨਚੀ ਤੇ ਬਾਬਾ ਗੁਰਦੇਵ ਸਿੰਘ ਰਿਸ਼ੀ ਨੇ ਕਿਹਾ ਕਿ ਦੇਸ਼ ਦੀ ਅਜ਼ਾਦੀ ਵਿੱਚ ਸਭ ਤੋਂ ਵੱਧ ਕੁਰਬਾਨੀਆਂ ਪੰਜਾਬੀਆਂ ਨੇ ਕੀਤੀਆਂ ਹਨ ਤੇ ਅਜ਼ਾਦੀ ਮਗਰੋਂ ਭੁੱਖਮਰੀ ਦੀ ਕਗਾਰ 'ਤੇ ਦੇਸ਼ ਨੂੰ ਵਿਦੇਸ਼ਾਂ ਤੋਂ ਕਣਕ ਤੇ ਹੋਰ ਅਨਾਜ ਮੰਗਵਾਉਣਾ ਪੈ ਰਿਹਾ ਸੀ। ਦੇਸ਼ ਦੇ ਉਸ ਸਮੇਂ ਦੇ ਪ੍ਰਧਾਨ ਮੰਤਰੀ ਵੱਲੋਂ ਕੀਤੀ ਗਈ ਅਪੀਲ 'ਤੇ ਪੰਜਾਬ ਦੇ ਕਿਸਾਨਾਂ ਨੇ ਰਸਾਇਣਕ ਖਾਦਾਂ ਦੀ ਵਰਤੋਂ ਕਰਕੇ, ਕਰਜ਼ੇ ਚੁੱਕ ਕੇ ਟਿਊਬਵੈੱਲ ਲਾ ਕੇ ਤੇ ਹੋਰ ਸਾਧਨ ਪੈਦਾ ਕਰਕੇ ਅਨਾਜ ਦੀ ਪੈਦਾਵਾਰ ਵਧਾ ਕੇ ਦੇਸ਼ ਦੇ ਭੰਡਾਰ ਭਰਨ ਵਿੱਚ ਵੱਡਾ ਯੋਗਦਾਨ ਪਾਇਆ ਹੈ। ਦੇਸ਼ ਬਚਾਉਣ ਲਈ ਆਪਣੀਆਂ ਕੀਮਤੀ ਜ਼ਮੀਨਾਂ ਨੂੰ ਰਸਾਇਣਕ ਖਾਦਾਂ ਦੀ ਵਰਤੋਂ ਤੇ ਆਪਣੀ ਜਾਨ ਜੋਖਮ ਵਿੱਚ ਪਾ ਕੇ ਕੀਟਨਾਸ਼ਕ ਦਵਾਈਆਂ ਦੀ ਵਰਤੋਂ ਕਰਦਿਆਂ ਆਪਣੀਆਂ ਜਾਨਾਂ ਗਵਾਉਣ ਵਾਲੇ ਕਿਸਾਨਾਂ ਦੇ ਪਰਵਾਰਾਂ ਨੂੰ ਹੁਣ ਪ੍ਰਦੂਸ਼ਣ ਦਾ ਸਭ ਤੋਂ ਵੱਡਾ ਕਾਰਨ ਦੱਸ ਕੇ ਬਦਨਾਮ ਕਰਕੇ ਕੋਈ ਨਵੀਂ ਚਾਲ ਕੇਂਦਰ ਦੀ ਸਰਕਾਰ ਵੱਲੋਂ ਚੱਲੀ ਜਾ ਰਹੀ ਹੈ। ਦੇਸ਼ ਦੇ ਔਖੇ ਸਮੇਂ ਵਿੱਚ ਨਾਲ ਖੜਨ ਵਾਲੇ ਕਿਸਾਨਾਂ ਨੂੰ ਪਰਾਲੀ ਸਾੜਨ ਦੀ ਉਨ੍ਹਾਂ ਦੀ ਮਜਬੂਰੀ ਸੁਣ ਕੇ ਉਸ ਦਾ ਹੱਲ ਕਰਨ ਦੀ ਬਜਾਏ ਸਰਕਾਰਾਂ ਕਿਸਾਨਾਂ ਨੂੰ ਬਦਨਾਮ ਕਰ ਰਹੀਆਂ ਹਨ।

ਬਿਰਧ ਦਲ ਆਗੂਆਂ ਨੇ ਮੰਗ ਕੀਤੀ ਕਿ ਕਿਸਾਨਾਂ ਨੂੰ ਪਰਾਲੀ ਦੇ ਹੱਲ ਲਈ ਜਿੱਥੇ ਮਸ਼ਨੀਰੀ ਮੁਫਤ ਮੁਹੱਈਆ ਕਰਵਾਈ ਜਾਵੇ, ਉੱਥੇ ਹੀ ਦਰਜ ਕੀਤੇ ਗਏ ਸਾਰੇ ਕੇਸ ਵਾਪਸ ਲਏ ਜਾਣ। ਇਸ ਮੌਕੇ ਬਿਰਧ ਦਲ ਦੇ ਮੈਂਬਰ ਬਲਵਿੰਦਰ ਸਿੰਘ, ਦਵਿੰਦਰ ਸਿੰਘ, ਨਿਰਵੈਰ ਸਿੰਘ, ਬਲਦੇਵ ਸਿੰਘ, ਹਰਨਾਮ ਸਿੰਘ, ਅਮਰੀਕ ਸਿੰਘ, ਜੋਗਾ ਸਿੰਘ, ਗੁਲਾਬ ਸਿੰਘ, ਕਪੂਰ ਸਿੰਘ, ਗੁਰਨਾਮ ਸਿੰਘ ਬਾਜਵਾ, ਅਜੀਤ ਸਿੰਘ, ਸਰਿੰਦਰ ਸਿੰਘ, ਦਲਵੀਰ ਸਿੰਘ, ਰਘਵੀਰ ਸਿੰਘ ਤੇ ਜਸਪਾਲ ਸਿੰਘ ਆਦਿ ਮੌਜੂਦ ਸਨ।

# ਸ਼੍ਰੋਮਣੀ ਕਮੇਟੀ ਚੋਣਾਂ 'ਚ ਫੈਡਰੇਸ਼ਨ ਮਹਿਤਾ ਵਰਕਰ ਵਿਸ਼ੇਸ਼ ਭੂਮਿਕਾ ਨਿਭਾਉਣਗੇ : ਜਸਪਾਲ ਸਿੰਘ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਅਗਾਮੀ ਹੋਣ ਵਾਲੀਆਂ ਆਮ ਚੋਣਾਂ 'ਚ ਫੈਡਰੇਸ਼ਨ ਮਹਿਤਾ ਦੇ ਵਰਕਰ ਆਪਣੀ ਵਿਸ਼ੇਸ਼ ਤੇ ਅਹਿਮ ਭੂਮਿਕਾ ਨਿਭਾਉਣਗੇ, ਕਿਉਂਕਿ ਇਨ੍ਹਾਂ ਚੋਣਾਂ ਦੀ ਕੌਮ ਲਈ ਵਿਸ਼ੇਸ਼ ਮੱਹਤਤਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਿੱਖ ਸਟੂਡੈਂਟਸ ਮਹਿਤਾ ਦੇ ਕੌਮੀ ਸੀਨੀਅਰ ਮੀਤ ਪ੍ਰਧਾਨ ਭਾਈ ਜਸਪਾਲ ਸਿੰਘ ਤੇ ਸਾਥੀਆਂ ਨੇ ਪ੍ਰੈੱਸ ਨਾਲ ਵਿਸ਼ੇਸ਼ ਗੱਲਬਾਤ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਫੈਡਰੇਸ਼ਨ ਵਰਕਰਾਂ ਵਿੱਚ ਇਸ ਕੰਮ ਲਈ ਭਾਰੀ ਉਤਸ਼ਾਹ ਹੈ ਤੇ ਉਨ੍ਹਾਂ ਹੁਣ ਤੋਂ ਹੀ ਕਮਰ ਕੱਸੇ ਕਰ ਲਏ ਹਨ ਤੇ ਇਨ੍ਹਾਂ ਚੋਣਾਂ ਲਈ ਤਾਰੀਖ ਦਾ ਐਲਾਨ ਹੁੰਦਿਆਂ ਹੀ ਉਹ ਮੈਦਾਨ ਵਿੱਚ ਡੱਟ ਜਾਣਗੇ ਤੇ ਆਪਣਾ ਬਣਦਾ ਫਰਜ਼ ਨਿਭਾਉਣਗੇ। ਭਾਈ ਜਸਪਾਲ ਸਿੰਘ ਤੇ ਸਾਥੀਆਂ ਨੇ ਕਿਹਾ ਕਿ ਉਹ ਅਪੀਲ ਕਰਨਗੇ ਕਿ ਕੌਮ ਦਾ ਦਰਦ ਰੱਖਣ ਵਾਲਿਆਂ ਨੂੰ ਹੀ ਉਮੀਦਵਾਰ ਬਣਾ ਕੇ ਟਿਕਟਾਂ ਦਿੱਤੀਆਂ ਜਾਣ। ਉਨ੍ਹਾਂ ਇਹ ਵੀ ਸਪੱਸ਼ਟ ਕੀਤਾ ਕਿ ਗੁਰੂ ਮਰਿਆਦਾ ਤੋਂ ਅਣਜਾਣ ਵਿਅਕਤੀਆਂ ਨੂੰ ਕਿਸੇ ਵੀ ਕੀਮਤ 'ਤੇ ਅੱਗੇ ਨਹੀਂ ਆਉਣ ਦੇਣਗੇ। ਉਮੀਦਵਾਰ ਤੇ ਉਨ੍ਹਾਂ ਦੇ ਪਰਿਵਾਰਕ ਮੈਂਬਰ ਵੀ ਪੂਰੇ ਸਾਬਿਤ ਸੂਰਤ ਤੇ ਗੁਰੂ ਦੇ ਸਿਧਾਂਤਾਂ 'ਤੇ ਚੱਲਣ ਵਾਲੇ ਹੋਣੇ ਚਾਹੀਦੇ ਹਨ। ਆਖੀਰ ਵਿੱਚ ਉਨ੍ਹਾਂ ਆਮ ਜਨਤਾ ਨੂੰ ਵੀ ਅਪੀਲ ਕੀਤੀ ਕਿ ਉਹ ਗੁਰੂ ਸਿਧਾਂਤਾਂ ਤੇ ਕੌਮ ਦਾ ਦਰਦ ਰੱਖਣ ਵਾਲਿਆਂ ਨੂੰ ਹੀ ਸੇਵਾ ਦਾ ਮੌਕਾ ਦੇਣ। ਇਸ ਸਮੇਂ ਭਾਈ ਜਸਪਾਲ ਸਿੰਘ ਦੇ ਨਾਲ ਸੁਖਦੇਵ ਸਿੰਘ ਲਾਡਾ, ਜਰਨੈਲ ਸਿੰਘ ਗਾਬਾੜੀਆ, ਡਾ. ਗੁਰਮੀਤ ਸਿੰਘ, ਜਸਬੀਰ ਸਿੰਘ ਤੇਗਾ ਸਿੰਘ ਵਾਲਾ, ਕੁਲਦੀਪ ਸਿੰਘ ਨੰਢਾ, ਪਰਮਵੀਰ ਸਿੰਘ ਸੋਢੀ, ਅਮਰ ਸਿੰਘ, ਜਸਬੀਰ ਸਿੰਘ, ਨਿਰਮਲ ਸਿੰਘ ਭੋਲਾ, ਗੁਰਚਰਨ ਸਿੰਘ, ਸੁਖਵਿੰਦਰ ਸਿੰਘ ਬਾਬਾ, ਗੁਰਮੇਲ ਸਿੰਘ ਭੇਡੀਆ, ਕੁਲਦੀਪ ਸਿੰਘ ਲੋਕੋ, ਮਨਜੀਤ ਸਿੰਘ, ਅਵਤਾਰ ਸਿੰਘ ਖਾਲਸਾ ਸਮੇਤ ਹੋਰ ਵੀ ਕਈ ਆਗੂ ਹਾਜ਼ਰ ਸਨ।

# ਓਵਰਲੋਡ ਟਿੱਪਰਾਂ ਕਾਰਨ ਪੁਲ 'ਤੇ ਵਾਪਰ ਸਕਦਾ ਹਾਦਸਾ



**ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**- ਨਜ਼ਦੀਕੀ ਪਿੰਡ ਓਇੰਦ ਦੀ ਹੱਦ 'ਚੋਂ ਲੰਘਣ ਵਾਲੇ ਨੈਸ਼ਨਲ ਹਾਈਵੇ ਅਧੀਨ ਰਾਜ ਮਾਰਗ 'ਤੇ ਚੱਲ ਰਹੇ ਕੰਮਾਂ ਕਾਰਨ ਪਿੰਡ ਓਇੰਦ ਤੇ ਪਿੰਡ ਰੁੜਕੀ ਹੀਰਾਂ ਦੇ ਵਿਚਕਾਰ ਭਾਖੜਾ ਨਹਿਰ ਦੇ ਪੁਲ ਤੋਂ ਓਵਰਲੋਡ ਟਿੱਪਰਾਂ ਨਾਲ ਲਿਆਂਦੀ ਜਾ ਰਹੀ ਮਿੱਟੀ ਕਾਰਨ ਕਦੇ ਵੀ ਪੁਲ 'ਤੇ ਵੱਡਾ ਹਾਦਸਾ ਵਾਪਰ ਸਕਦਾ ਹੈ । ਉਕਤ ਪਿੰਡ ਵਾਸੀਆਂ ਨਿਰਮਲ ਸਿੰਘ, ਮੇਜਰ ਸਿੰਘ, ਕਰਮ ਸਿੰਘ ਅਤੇ ਸਰਜਾ ਸਿੰਘ ਆਦਿ ਨੇ ਦੱਸਿਆ ਕਿ ਨਹਿਰ ਦੇ ਪੁਲ ਦੀ ਪਹਿਲਾ ਹੀ ਖਸਤਾ ਹਾਲਤ ਹੈ ਅਤੇ ਹੁਣ ਸੜਕ ਬਣਨ ਕਾਰਨ ਰੋਜ਼ਾਨਾ ਹੀ ਮਿੱਟੀ ਨਾਲ ਭਰੇ ਬਹੁਤਾਤ ਓਵਰਲੋਡ ਟਿੱਪਰ ਲੰਘ ਰਹੇ ਹਨ, ਜਿਸ ਕਾਰਨ ਕਦੇ ਵੀ ਪੁਲ ਤੇ ਵੱਡਾ ਹਾਦਸਾ ਵਾਪਰ ਸਕਦਾ ਹੈ । ਉਨ੍ਹਾਂ ਦੱਸਿਆ ਕਿ ਨਹਿਰੀ ਵਿਭਾਗ ਦੇ ਅਧਿਕਾਰੀਆਂ ਵੱਲੋਂ ਵੀ ਪਿੰਡ ਵਾਸੀਆਂ ਨੂੰ ਪੁਲ ਦੀ ਖਸਤਾ ਹਾਲਤ ਦੇ ਮੱਦੇਨਜ਼ਰ ਭਰੀਆਂ ਹੋਈਆਂ ਟਰੈਕਟਰ ਟਰਾਲੀਆਂ ਅਤੇ ਕੰਬਾਈਨਾਂ ਨੂੰ ਲੰਘਾਉਂਣ ਤੇ ਬੰਦ ਕੀਤਾ ਹੋਇਆ ਹੈ ਪਰ ਓਵਰਲੋਡ ਟਿੱਪਰਾ ਕਾਰਨ ਪੁੱਲ ਤੇ ਕੋਈ ਵੱਡਾ ਹਾਦਸਾ ਵਾਪਰ ਸਕਦਾ ਹੈ। ਉਨ੍ਹਾਂ ਦੱਸਿਆ ਕਿ ਜੇਕਰ ਪੁਲ ਨੁਕਸਾਨਿਆਂ ਗਿਆ ਤਾਂ ਨਹਿਰੋਂ ਪਾਰ ਜਮੀਨ ਵਾਲੇ ਕਿਸਾਨਾਂ ਨੂੰ ਕੋਈ ਵੀ ਰਸਤਾ ਨਹੀਂ ਲੱਗਦਾ ਜਿਸ ਕਾਰਨ ਕਿਸਾਨ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨ ਲਈ ਮਜਬੂਰ ਹੋਣਗੇ। ਇਸ ਤੋਂ ਇਲਾਵਾ ਗਰੀਬ ਤੇ ਲੋੜਵੰਦ ਪਰਿਵਾਰ ਆਪਣੇ ਪਸ਼ੂਆਂ ਲਈ ਚਾਰਾ ਵੀ ਨਹਿਰੋਂ ਪਾਰ ਤੋਂ ਹੀ ਲੈ ਕੇ ਆਉਂਦੇ ਹਨ ਅਤੇ ਚਮਕੌਰ ਸਾਹਿਬ ਜਾਣ ਸਮੇਤ ਪੈਟਰੋਲ ਪੰਪ ਲਈ ਵੀ ਇਹੀ ਰਸਤਾ ਜਾਂਦਾ ਹੈ। ਪਿੰਡ ਵਾਸੀਆਂ ਨੇ ਪੁਲ ਤੇ ਟਿੱਪਰ ਰੋਕ ਕੇ ਰੋਸ ਪ੍ਰਦਰਸ਼ਨ ਵੀ ਕੀਤਾ ਪਰ ਕਿਸੇ ਵੀ ਅਧਿਕਾਰੀ ਨੇ ਉਨ੍ਹਾਂ ਦੀ ਸੁਣੀ ਨਹੀਂ । ਉਨ੍ਹਾਂ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਤੋਂ ਮੰਗ ਕੀਤੀ ਕਿ ਉਕਤ ਪੁਲ 'ਤੇ ਓਵਰਲੋਡ ਟਿੱਪਰਾਂ ਦਾ ਲਾਂਘਾ ਬੰਦ ਕਰਕੇ ਕੋਈ ਬਦਲਵਾਂ ਰਸਤਾ ਕੱਢਿਆ ਜਾਵੇ ਨਹੀਂ ਤਾਂ ਆਉਂਦੇ ਦਿਨਾਂ ਵਿਚ ਇਸ ਪੁਲ ਤੇ ਵੱਡਾ ਹਾਦਸਾ ਵਾਪਰ ਸਕਦਾ ਹੈ, ਜਿਸ ਦੀ ਜਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ । ਇਸ ਮੌਕੇ ਗੁਰਪ੍ਰੀਤ ਸਿੰਘ, ਦੀਦਾਰ ਸਿੰਘ, ਪਾਲ ਸਿੰਘ, ਹਰਦੀਪ ਸਿੰਘ, ਮਿਹਰ ਸਿੰਘ, ਕਰਮ ਸਿੰਘ ਅਤੇ ਬਲਵਿੰਦਰ ਸਿੰਘ ਆਦਿ ਹਾਜਰ ਸਨ ।

# ਤਿੰਨ ਰੋਜ਼ਾ ਧਰਨੇ 'ਚ ਹਾਜ਼ਰੀ ਦੇਣ ਲਈ ਬੀ ਕੇ ਯੂ ਏਕਤਾ ਉਗਰਾਹਾਂ ਦੇ ਮੈਂਬਰਾਂ 'ਚ ਭਾਰੀ ਉਤਸਾਹ



**ਬੁੱਲ੍ਹੋਵਾਲ, (ਵਿਰਦੀ)**- ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਹੁਸ਼ਿਆਰਪੁਰ ਦੀ ਜਿਲ੍ਹਾ ਕਮੇਟੀ ਦੀ ਮੀਟਿੰਗ ਬੁੱਲ੍ਹੋਵਾਲ ਵਿਖੇ ਮਾਸਟਰ ਸ਼ਿੰਗਾਰਾ ਸਿੰਘ ਦੀ ਪ੍ਰਧਾਨੀ ਹੇਠ ਹੋਈ। ਮੀਟਿੰਗ ਵਿੱਚ ਸੰਯੁਕਤ ਕਿਸਾਨ ਮੋਰਚੇ ਦੀਆਂ ਰਹਿੰਦੀਆਂ ਮੰਗਾਂ ਸਾਰੀਆਂ ਫਸਲਾਂ ਨੂੰ ਲਾਭਦਾਇਕ ਐਮ ਐਸ ਪੀ ਨਾਲ ਚੱਕਣ ਦੀ ਗਰੰਟੀ, ਅੰਦੋਲਨ ਦੌਰਾਨ ਸ਼ਹੀਦ ਹੋਏ ਕਿਸਾਨਾਂ ਨੂੰ ਯੋਗ ਮੁਆਵਜ਼ਾ, ਪਰਵਾਰ ਦੇ ਇਕ ਮੈਂਬਰ ਨੂੰ ਪੱਕੀ ਸਰਕਾਰੀ ਨੌਕਰੀ, ਝੂਠੇ ਕੇਸ ਵਾਪਸ ਲੈਣ, ਲਖੀਮਪੁਰ ਖੀਰੀ ਕਾਂਡ ਦੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦੇਣ, ਬਿਜਲੀ ਸੋਧ ਬਿੱਲ 2022 ਨੂੰ ਰੱਦ ਕਰਨ, ਕਿਸਾਨਾਂ ਸਿਰ ਚੜ੍ਹੇ ਕਰਜ਼ੇ ਮੁਆਫ਼ ਕਰਨ, 60 ਸਾਲ ਦੀ ਉਮਰ ਤੋਂ 10000 ਰੁ ਮਹੀਨਾ ਪੈਨਸ਼ਨ ਲਾਗੂ ਕਰਨ, ਪਰਾਲੀ ਸਾੜਨ ਤੋਂ ਬਚਣ ਲਈ ਕਿਸੇ ਪੱਕੇ ਹੱਲ ਲਈ ਚੰਡੀਗੜ੍ਹ ਵਿਖੇ 26,27,28 ਨਵੰਬਰ ਨੂੰ ਤਿੰਨ ਰੋਜ਼ਾ ਪੱਕੇ ਧਰਨੇ ਵਿੱਚ ਜਾਣ ਲਈ ਭਾਰੀ ਉਤਸਾਹ ਪਾਇਆ ਗਿਆ। ਸੰਯੁਕਤ ਕਿਸਾਨ ਮੋਰਚੇ ਦੇ ਇਸ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਅੱਜ ਤੋਂ ਹੀ ਯਤਨ ਆਰੰਭ ਦਿੱਤੇ ਗਏ ਹਨ। ਯੂਨੀਅਨ ਲੋਕਾਂ ਨੂੰ ਅਪੀਲ ਕਰਦੀ ਹੈ ਕਿ 26 ਨਵੰਬਰ ਨੂੰ ਚੰਡੀਗੜ੍ਹ ਜਾਣ ਵਾਲੇ ਕਾਫ਼ਲੇ ਵਿਚ ਵੱਧ ਚੜ ਕੇ ਸ਼ਾਮਿਲ ਹੋਣ। ਇਸ ਮੀਟਿੰਗ ਵਿੱਚ ਮਹਿੰਦਰਪਾਲ ਸਿੰਘ, ਤਲਵਿੰਦਰ ਸਿੰਘ ਹੀਰ, ਮਲਕੀਤ ਸਿੰਘ ਹੀਰ, ਮਾਸਟਰ ਮਦਨ ਲਾਲ, ਮਾਸਟਰ ਜਸਵੰਤ ਸਿੰਘ ਲਾਂਬੜਾ, ਪਰਮਜੀਤ ਸਿੰਘ ਕਾਲਕਟ, ਕੁਲਤਾਰ ਸਿੰਘ, ਬਲਾਕ ਪ੍ਰਧਾਨ ਪਿਆਰਾ ਸਿੰਘ, ਬਚਨ ਸਿੰਘ, ਡਾ. ਜਤਿੰਦਰ ਸਿੰਘ ਕਾਲੜਾ, ਹਰਵਿੰਦਰ ਸਿੰਘ, ਜਸਵਿੰਦਰ ਸਿੰਘ, ਜਤਿੰਦਰਪਾਲ ਸਿੰਘ, ਗੁਰਨਾਮ ਸਿੰਘ ਕੋਟਲਾ ਆਦਿ ਹਾਜ਼ਰ ਸਨ।

## ਪਰਾਲੀ ਸਾੜਨ ਵਾਲਾ ਨੰਬਰਦਾਰ ਮੁਅੱਤਲ

**ਜਲੰਧਰ ( ਸ਼ੈਲੀ ਐਲਬਰਟ)**-ਡਿਪਟੀ ਕਮਿਸ਼ਨਰ ਕਮ ਜ਼ਿਲ੍ਹਾ ਮੈਜਿਸਟ੍ਰੇਟ ਵਿਸ਼ੇਸ਼ ਸਾਰੰਗਲ ਵਲੋਂ ਨੰਬਰਦਾਰ ਸਰਬਜੀਤ ਸਿੰਘ, ਪਿੰਡ ਸੀਹੋਵਾਲ ਤਹਿਸੀਲ ਨਕੋਦਰ ਨੂੰ ਆਪਣੇ ਖੇਤਾਂ ਵਿੱਚ ਪਰਾਲੀ ਨੂੰ ਅੱਗ ਲਾਉਣ ਦੇ ਦੋਸ਼ਾਂ ਤਹਿਤ ਨੰਬਰਦਾਰੀ ਤੋਂ ਮੁਅੱਤਲ ਕਰ ਦਿੱਤਾ ਗਿਆ ਹੈ। ਸੁਪਰੀਮ ਕੋਰਟ ਅਤੇ ਪੰਜਾਬ ਸਰਕਾਰ ਵਲੋਂ ਝੋਨੇ ਦੀ ਕਟਾਈ ਤੋਂ ਬਾਅਦ ਪਰਾਲੀ ਨੂੰ ਅੱਗ ਲਗਾਉਣ 'ਤੇ ਪਾਬੰਦੀ ਲਗਾਈ ਹੋਈ ਹੈ ਅਤੇ ਇਸ ਆਦੇਸ਼ਾ ਦੀ ਉਲੰਘਣਾ ਕਰਨ ਵਾਲਿਆਂ 'ਤੇ ਕਾਰਵਾਈ ਕਰਨ ਦੇ ਹੁਕਮ ਹੋਏ ਹਨ। ਨੰਬਰਦਾਰ ਸਰਬਜੀਤ ਸਿੰਘ ਜਿਸ ਦਾ ਮੁੱਢਲਾ ਫਰਜ ਸੀ ਕਿ ਸੁਪਰੀਮ ਕੋਰਟ ਅਤੇ ਸਰਕਾਰ ਵਲੋਂ ਜਾਰੀ ਕੀਤੀਆਂ ਗਈਆਂ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਹੋਰ ਕਿਸਾਨਾਂ ਨੂੰ ਵੀ ਪਰਾਲੀ ਨੂੰ ਅੱਗ ਨਾ ਲਗਾਉਣ ਬਾਰੇ ਜਾਗਰੂਕ ਕਰੇ ਪਰੰਤੂ ਸਰਬਜੀਤ ਸਿੰਘ ਇਨ੍ਹਾਂ ਨਿਰਦੇਸ਼ਾਂ ਨੂੰ ਦਰਕਿਨਾਰ ਕਰਦੇ ਹੋਏ ਖੁੱਦ ਹੀ ਆਪਣੇ ਖੇਤਾਂ ਵਿੱਚ ਪਰਾਲੀ ਨੂੰ ਅੱਗ ਲਗਾਈ। ਸਰਬਜੀਤ ਸਿੰਘ ਦਾ 5000/- ਰੁਪਏ ਦਾ ਚਲਾਨ ਵੀ ਕਟਿਆ ਗਿਆ ਹੈ।

## ਦੋਆਬਾ ਜਨਰਲ ਕੈਟਾਗਰੀਜ ਫਰੰਟ ਦੀ ਅਹਿਮ ਮੀਟਿੰਗ 25 ਨੂੰ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਦੋਆਬਾ ਜਨਰਲ ਕੈਟਗਰੀਜ ਫਰੰਟ ਪੰਜਾਬ ਦੇ ਪ੍ਰਧਾਨ ਬਲਵੀਰ ਸਿੰਘ ਫੁਗਲਾਣਾ ਨੇ ਇਕ ਪ੍ਰੈਸ ਬਿਆਨ ਜਾਰੀ ਕਰਦਿਆਂ ਆਖਿਆ ਕਿ ਫਰੰਟ ਦੀ ਅਹਿਮ ਮੀਟਿੰਗ 25 ਨਵੰਬਰ ਨੂੰ ਪਿੰਡ ਫੁਗਲਾਣਾ ਦੀ ਦਾਣਾ ਮੰਡੀ ਵਿਖੇ ਠੀਕ 11 ਵਜੇ ਹੋਵੇਗੀ ਜਿਸ ਵਿਚ ਸਭਾ ਦੀ ਕਾਰਗੁਜਾਰੀ ਅਤੇ ਆਉਣ ਵਾਲੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਚੋਣ ਅਤੇ ਵੋਟਾਂ ਬਣਾਉਣ ਸਬੰਧੀ ਵਿਚਾਰ ਵਟਾਂਦਰਾ ਕੀਤਾ ਜਾਵੇਗਾ ਅਤੇ ਬਾਕੀ ਹੋਰ ਏਜੰਡੇ ਮੌਕੇ ਉਪਰ ਵਿਚਾਰੇ ਜਾਣਗੇ। ਕੇਂਦਰ ਅਤੇ ਪੰਜਾਬ ਸਰਕਾਰ ਵਲੋਂ ਜਨਰਲ ਮੰਗਾਂ ਨੂੰ ਅਣਗੌਲਿਆ ਕਰਨ ਸਬੰਧੀ ਰਣਨੀਤੀ ਵੀ ਤਿਆਰ ਕੀਤੀ ਜਾਵੇਗੀ।

## ਪੈਨਸ਼ਨ ਅਦਾਲਤ ਭਲਕੇ

**ਮੋਹਾਲੀ, (ਗੁਰਜੀਤ ਬਿੱਲਾ)** ਸੀ ਐਮ ਐਫ ਓ ਇੰਦਰਪਾਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੈਨਸ਼ਨਰਾਂ ਦੀ ਸ਼ਿਕਾਇਤਾਂ ਦੇ ਨਿਬੇੜੇ ਲਈ ਇੰਡੀਅਨ ਆਡਿਟ ਅਤੇ ਅਕਾਊਂਟ ਡਿਪਾਰਟਮੈਂਟ ਵੱਲੋਂ 22 ਨਵੰਬਰ ਨੂੰ ਆਡਿਟ ਦਿਵਸ ਦੇ ਮੌਕੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਐਸ ਏ ਐਸ ਨਗਰ ਦੇ ਮੀਟਿੰਗ ਹਾਲ ਵਿਖੇ ਪੈਨਸ਼ਨ ਅਦਾਲਤ ਲਾਈ ਜਾ ਰਹੀ ਹੈ। ਸੀ ਐਮ ਐਫ ਓ ਨੇ ਅੱਗੇ ਦੱਸਿਆ ਕਿ ਪੈਨਸ਼ਨਰਾਂ ਦੀਆਂ ਸ਼ਿਕਾਇਤਾਂ ਦੇ ਹੱਲ ਲਈ ਸਬੰਧਤ ਵਿਭਾਗਾਂ ਦੇ ਅਧਿਕਾਰੀ ਮੌਕੇ 'ਤੇ ਮੌਜੂਦ ਹੋਣਗੇ। ਉਨ੍ਹਾਂ ਪੈਨਸ਼ਨਧਾਰਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ 22 ਨਵੰਬਰ ਨੂੰ ਸਵੇਰੇ 11 ਵਜੇ ਤੋਂ ਸ਼ਾਮ 4 ਵਜੇ ਤੱਕ ਲੱਗਣ ਵਾਲੀ ਇਸ ਪੈਨਸ਼ਨ ਅਦਾਲਤ ਵਿੱਚ ਆਪਣੇ ਜਾਂ ਪਰਵਾਰਕ ਪੈਨਸ਼ਨ ਦੇ ਮਾਮਲੇ ਲਿਆ ਸਕਦੇ ਹਨ। ਸੀ.ਐਮ.ਐਫ.ਓ. ਨੇ ਦੱਸਿਆ ਕਿ ਅਧਿਕਾਰੀਆਂ ਨੂੰ ਇਸ ਸੰਬੰਧੀ ਲੋੜੀਂਦੇ ਪ੍ਰਬੰਧ ਸਮੇਂ ਸਿਰ ਯਕੀਨੀ ਬਣਾਉਣ ਲਈ ਪਹਿਲਾਂ ਹੀ ਨਿਰਦੇਸ਼ ਜਾਰੀ ਕਰ ਦਿੱਤੇ ਗਏ ਹਨ ਤਾਂ ਜੋ ਪੈਨਸ਼ਨ ਅਦਾਲਤ 'ਚ ਆਉਣ ਵਾਲੇ ਕਿਸੇ ਵੀ ਪੈਨਸ਼ਨਰ ਨੂੰ ਅਸੁਵਿਧਾ ਨਾ ਹੋਵੇ। ਉਨ੍ਹਾਂ ਕਿਹਾ ਕਿ ਵੱਧ ਤੋਂ ਵੱਧ ਪੈਨਸ਼ਨਰਾਂ ਦੀਆਂ ਸ਼ਿਕਾਇਤਾਂ ਦਾ ਸਥਾਈ ਤੇ ਢੁੱਕਵਾਂ ਹੱਲ ਯਕੀਨੀ ਬਣਾਉਂਦਿਆਂ ਪੈਨਸ਼ਨ ਅਦਾਲਤ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਿਆ ਜਾਵੇਗਾ।

## ਜਲ ਸ਼ਕਤੀ ਕੇਂਦਰ ਨੇ ਮਨਾਇਆ ਵਿਸ਼ਵ ਟਾਇਲਟ ਦਿਵਸ




**ਹੁਸ਼ਿਆਰਪੁਰ (ਓ ਪੀ ਰਾਣਾ )**-ਜਲ ਸ਼ਕਤੀ ਕੇਂਦਰ ਹੁਸ਼ਿਆਰਪੁਰ ਵੱਲੋਂ ਕੇ. ਆਰ. ਕੇ ਡੀ. ਏ. ਵੀ ਸੀਨੀਅਰ ਸੈਕੰਡਰੀ ਸਕੂਲ ਗੜ੍ਹਦੀਵਾਲਾ ਵਿਖੇ ਵਿਸ਼ਵ ਟਾਇਲਟ ਦਿਵਸ ਮਨਾਇਆ ਗਿਆ। ਇਸ ਮੌਕੇ ਮੁੱਖ ਮਹਿਮਾਨ ਸਮਾਜ ਸੇਵਕ ਸੁਨੀਲ ਕੁਮਾਰ ਐ ਸਕੂਲ ਦੇ ਪ੍ਰਿੰਸੀਪਲ ਤਰਸੇਮ ਨੇ ਵਿਦਿਆਰਥੀਆਂ ਨੂੰ ਵਿਸ਼ਵ ਟਾਇਲਟ ਦਿਵਸ ਦੇ ਮਹੱਤਵ ਬਾਰੇ ਦੱਸਿਆ। ਇਸ ਦੌਰਾਨ ਪੰਡਤ ਜਗਤ ਰਾਮ ਮੈਮੋਰੀਅਲ ਫੋਰਸ ਟਰੱਸਟ ਦੀ ਟੀਮ ਵੱਲੋਂ ਵਿਦਿਆਰਥੀਆਂ ਨੂੰ ਸਵੱਛਤਾ ਅਤੇ ਵਾਤਾਵਰਨ ਨੂੰ ਸਾਫ਼ ਰੱਖਣ ਸੰਬੰਧੀ ਜਾਗਰੂਕ ਕੀਤਾ ਗਿਆ। ਇਸ ਤੋਂ ਇਲਾਵਾ ਵਿਦਿਆਰਥੀਆਂ ਵੱਲੋਂ ਵਿਸ਼ਵ ਟਾਇਲਟ ਦਿਵਸ ਸਬੰਧੀ ਪੋਸਟਰ ਵੀ ਬਣਾਏ ਗਏ। ਇਸ ਦੌਰਾਨ ਸਕੂਲ ਦੇ ਵਿਦਿਆਰਥੀਆਂ ਦੀਆਂ ਵੱਖ-ਵੱਖ ਟੀਮਾਂ ਬਣਾ ਕੇ ਵੱਖ-ਵੱਖ ਪਿੰਡਾਂ ਤੋਂ ਪੀਣ ਵਾਲੇ ਪਾਣੀ ਦੇ ਸੈਂਪਲ ਇਕੱਤਰ ਕੀਤੇ ਗਏ, ਜਿਨ੍ਹਾਂ ਵਿਚ ਪਿੰਡ ਚਠਾਰੀਆਂ, ਕਾਲਰਾਂ, ਕੁੱਲੀਆਂ, ਗੜ੍ਹਦੀਵਾਲਾ, ਅੱਜੋਵਾਲ ਅਤੇ ਬੱਸੀ ਸ਼ਾਮਲ ਸਨ। ਇਨ੍ਹਾਂ ਪਿੰਡਾਂ ਦੇ ਪੀਣ ਵਾਲੇ ਪਾਣੀ ਦੀ ਟੈਸਟਿੰਗ ਕੀਤੀ ਗਈ। ਇਸ ਮੌਕੇ ਸਕੂਲ ਸਟਾਫ ਅਤੇ ਵਿਦਿਆਰਥੀਆਂ ਤੋਂ ਇਲਾਵਾ ਪੰਡਿਤ ਜਗਤ ਰਾਮ ਮੈਮੋਰੀਅਲ ਫੋਰਸ ਟਰੱਸਟ ਦੀ ਸਮੁੱਚੀ ਟੀਮ ਮੌਜੂਦ ਸੀ।

## ਸਕਿਊਰਟੀ ਟ੍ਰੇਨਿੰਗ ਕੈਂਪ ਅੱਜ

**ਮੋਹਾਲੀ, (ਗੁਰਜੀਤ ਬਿੱਲਾ)** ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਅਤੇ ਮਾਡਲ ਕਰੀਅਰ ਸੈਂਟਰ, ਐਸ ਏ ਐਸ ਨਗਰ ਵੱਲੋਂ ਸਹਾਇਕ ਕਮਾਂਡੈਂਟ, ਸਕਿਊਰਟੀ ਸਕਿਲਜ਼ ਕੌਂਸਲ ਇੰਡੀਆ ਲਿਮਿਟਿਡ ਦੇ ਸਹਿਯੋਗ ਨਾਲ ਜ਼ਿਲ੍ਹਾ ਐਸ ਏ ਐਸ ਨਗਰ ਦੇ ਪੇਂਡੂ ਖੇਤਰਾਂ ਦੇ ਨੌਜਵਾਨਾਂ ਲਈ ਸਕਿਊਰਟੀ ਟ੍ਰੇਨਿੰਗ ਸੰਬੰਧੀ ਰਜਿਸਟ੍ਰੇਸ਼ਨ ਕੈਂਪ 17 ਨਵੰਬਰ ਤੋਂ 22 ਨਵੰਬਰ ਤੱਕ ਜ਼ਿਲ੍ਹੇ ਦੇ ਵੱਖ-2 ਬਲਾਕਾਂ ਵਿੱਚ ਲਗਾਇਆ ਜਾ ਰਿਹਾ ਹੈ।

ਵਧੇਰੇ ਜਾਣਕਾਰੀ ਦਿੰਦਿਆਂ ਡੀ.ਬੀ.ਈ.ਈ. ਦੇ ਡਿਪਟੀ ਡਾਇਰੈਕਟਰ ਹਰਪ੍ਰੀਤ ਸਿੰਘ ਮਾਨਸ਼ਾਹੀਆਂ ਵੱਲੋਂ ਦੱਸਿਆ ਗਿਆ ਕਿ ਇਸ ਕੈਂਪ ਵਿੱਚ ਕੇਵਲ 21 ਤੋਂ 37 ਸਾਲ ਤੱਕ ਦੇ ਪੁਰਸ਼ ਉਮੀਦਵਾਰ, ਜੋ 10ਵੀਂ ਪਾਸ ਹੋਣ ਸ਼ਾਮਲ ਹੋ ਸਕਦੇ ਹਨ। ਉਨ੍ਹਾਂ ਕਿਹਾ ਕਿ ਪ੍ਰਾਰਥੀਆਂ ਦਾ ਕੱਦ 168 ਸੈ.ਮੀ. ਅਤੇ ਭਾਰ 56-90 ਕਿਲੋ ਤੱਕ ਹੋਣ ਲਾਜ਼ਮੀ ਹੈ। ਕੈਂਪ 21 ਨਵੰਬਰ ਨੂੰ ਬਲਾਕ ਮੋਹਾਲੀ ਅਤੇ 22 ਨਵੰਬਰ ਨੂੰ ਬਲਾਕ ਡੇਰਾਬੱਸੀ ਵਿਖੇ ਲਗਾਇਆ ਜਾਣਾ ਹੈ। ਟ੍ਰੇਨਿੰਗ ਸਫ਼ਲਤਾ-ਪੂਰਵਕ ਪੂਰੀ ਕਰਨ ਵਾਲੇ ਪ੍ਰਾਰਥੀਆਂ ਨੂੰ ਐਸ.ਏ.ਐਸ ਨਗਰ/ਚੰਡੀਗੜ੍ਹ ਵਿਖੇ 18-20 ਹਜ਼ਾਰ ਰੁਪਏ ਪ੍ਰਤੀ ਮਹੀਨਾ ਦੀ ਨੌਕਰੀ ਮੁਹੱਇਆ ਕਰਵਾਈ ਜਾਵੇਗੀ।

# ਸੰਪੂਰਨ ਬਾਡੀ ਚੈੱਕਅੱਪ ਕੈਂਪ ਲਗਾਇਆ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ )**- ਸ਼੍ਰੋਮਣੀ ਜੱਦੀ ਜਠੇਰੇ ਗੋਤ ਭਟੋਆ ਸਾਹਿਬ ਪਿੰਡ ਕਾਲਰਾ ਆਦਮਪੁਰ ਜਲੰਧਰ ਵਿਖੇ ਜੇਠੇ ਐਤਵਾਰ ਵਾਲੇ ਦਿਨ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਹਮਸਫਰ ਸੋਸ਼ਲ ਵੈਲਫੇਅਰ ਯੂਥ ਕਲੱਬ ਅਤੇ ਸ਼੍ਰੋਮਣੀ ਜੱਦੀ ਜਠੇਰੇ ਬਾਬਾ ਭਟੋਆ ਸਾਹਿਬ ਦੀ ਛਤਰ ਛਾਇਆ ਹੇਠ ਸਮੂਹ ਸੰਗਤਾਂ ਅਤੇ ਇਲਾਕਾ ਨਿਵਾਸੀਆਂ ਲਈ ਸੰਪੂਰਨ ਬਾਡੀ ਚੈੱਕਅਪ ਕੈਂਪ ਲਗਾਇਆ ਗਿਆ। ਜਿਸ ਵਿੱਚ ਡਾਕਟਰ ਮਨਜਿੰਦਰ ਕੌਰ ਆਯੂਰਵੈਦਿਕ ਸਪੈਸਲਿਸ਼ਟ ਵੱਲੋਂ 250 ਤੋਂ ਵੱਧ ਮਰੀਜਾਂ ਦੇ ਸੰਪੂਰਨ ਬਾਡੀ ਚੈਕਅੱਪ ਦੌਰਾਨ ਟੈਸਟ, ਮਲਟੀ ਸਪੈਸਲਿਸ਼ਟ ਮਸ਼ੀਨਾਂ ਨਾਲ ਫੁਲ ਬਾਡੀ ਥੈਰਪੀ ਅਤੇ ਦਵਾਈਆਂ ਦਿੱਤੀਆਂ ਗਈਆਂ। ਭਟੋਆ ਦਰਬਾਰ ਪ੍ਰਬੰਧਕ ਕਮੇਟੀ ਦੇ ਮੁੱਖ ਪ੍ਰਧਾਨ ਬੂਟਾ ਸਿੰਘ ਦੀ ਰਹਿਨੁਮਾਈ ਹੇਠ ਲਗਾਏ ਇਸ ਕੈਂਪ ਦੌਰਾਨ ਐਮ ਐਸ ਐਮ ਈ ਪ੍ਰਮੋਸ਼ਨ ਕੌਂਸਲ ਇੰਡੀਆ ਦੇ ਪੰਜਾਬ ਡਾਇਰੈਕਟਰ ਤੇ ਸਟੇਟ ਮੀਡੀਆ ਡਾਇਰੈਕਟਰ ਅਤੇ ਹਮਸਫਰ ਸੋਸ਼ਲ ਵੈੱਲਫੇਅਰ ਯੂਥ ਕਲੱਬ ਦੇ ਪ੍ਰਧਾਨ ਰੋਹਿਤ ਭਾਟੀਆ ਗੋਲਡ ਮੈਡਲਿਸਟ ਸਟੇਟ ਤੇ ਨੈਸ਼ਨਲ ਲੈਵਲ ਐਵਾਰਡੀ, ਐਮ ਐਸ ਐਮ ਈ ਪੀ ਸੀ ਆਈ ਕੌਂਸਿਲ ਦੇ ਅਸਿਸਟੈਂਟ ਡਾਇਰੈਕਟਰ ਪੂਨਮ ਭਾਟੀਆ ਨੇ ਦੱਸਿਆ ਕਿ ਸੰਪੂਰਨ ਆਯੁਰਵੈਦਿਕ ਮਾਹਿਰ ਡਾਕਟਰ ਮਨਜਿੰਦਰ ਕੌਰ, ਸੰਪੂਰਨ ਆਯੂਰਵੈਦਿਕ ਮਾਹਿਰ ਡਾਕਟਰ ਨੀਰਜ, ਫਿਜਿਓਥਰੈਪਿਸਟ ਹਰਜੀਤ ਸਿੰਘ ਦੀ ਸਮੁੱਚੀ ਟੀਮ ਵੱਲੋਂ ਇਸ ਮੈਡੀਕਲ ਕੈਂਪ, ਟੈਸਟ ਅਤੇ ਦਵਾਈਆਂ ਦਾ ਉਪਰਾਲਾ ਕੀਤਾ ਗਿਆ ਜੋ ਕਿ ਇਹ ਇਕ ਮਨੁੱਖਤਾ ਦੀ ਸੇਵਾ ਕਰਨ ਦੀ ਇਕ ਜਿਉਂਦੀ ਜਾਗਦੀ ਮਿਸਾਲ ਹੈ। ਇਸ ਮੌਕੇ ਸੇਵਾਦਾਰ ਬਲਵੰਤ ਸਿੰਘ ਗੁਰਪ੍ਰੀਤ ਬਸਰਾ ਸੁੱਖਵਿੰਦਰ ਕੁਮਾਰ ਰਣਜੀਤ ਕੌਰ ਕਰਨੈਲ ਚੰਦ ਅਭੀਜੀਤ ਹਰਜਿੰਦਰ ਕੁਮਾਰ ਉਮੇਸ਼ ਕੁਮਾਰ ਤੇ ਅਨੇਕਾਂ ਪਤਵੰਤੇ ਸੱਜਣਾਂ ਨੇ ਹਾਜਰੀ ਭਰੀ।

# ਸੀ ਪੀ ਆਈ ਐੱਮ ਐੱਲ ਵੱਲੋਂ ਕਾਮਰੇਡ ਸੰਘਾ ਦੀ ਬਰਸੀ ਮੌਕੇ ਸਿਆਸੀ ਕਾਨਫਰੰਸ



**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)** ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ -ਲੈਨਿਨਵਾਦੀ ) ਨਿਊਡੈਮੋਕਰੇਸੀ ਵਲੋਂ ਸ਼ਹੀਦ ਮਾਸਟਰ ਗਿਆਨ ਸਿੰਘ ਸੰਘਾ ਦੀ 31ਵੀਂ ਬਰਸੀ ਮੌਕੇ ਸਿਆਸੀ ਕਾਨਫਰੰਸ ਕੀਤੀ ਗਈ। ਕਾਮਰੇਡ ਸੰਘਾ ਦੀ ਯਾਦਗਾਰ ਉੱਤੇ ਪਾਰਟੀ ਦਾ ਝੰਡਾ ਲਹਿਰਾਉਣ ਦੀ ਰਸਮ ਪਾਰਟੀ ਦੇ ਆਗੂ ਦਲਜੀਤ ਸਿੰਘ ਐਡਵੋਕੇਟ ਵਲੋਂ ਨਿਭਾਈ ਗਈ। ਇਸ ਮੌਕੇ ਸੰਬੋਧਨ ਕਰਦਿਆਂ ਉਹਨਾਂ ਕਿਹਾ ਕਿ ਸਾਨੂੰ ਸ਼ਹੀਦ ਸਾਥੀ ਸੰਘਾ ਦੇ ਦਰਸਾਏ ਰਾਹ 'ਤੇ ਚੱਲਦਿਆਂ ਜਮਾਤੀ ਯੁੱਧ ਨੂੰ ਹੋਰ ਤੇਜ ਕਰਨ ਦਾ ਪ੍ਰਣ ਕਰਨਾ ਚਾਹੀਦਾ ਹੈ। ਇਸ ਵਾਰ ਸ਼ਹੀਦ ਮਾਸਟਰ ਗਿਆਨ ਸਿੰਘ ਸੰਘਾ ਯਾਦਗਾਰੀ ਅਵਾਰਡ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਪ੍ਰਧਾਨ ਨਿਰਭੈ ਸਿੰਘ ਢੁੱਡੀਕੇ ਨੂੰ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਉਪਰੰਤ ਸਿਆਸੀ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਸੀਨੀਅਰ ਸੂਬਾਈ ਆਗੂਆਂ ਦਰਸ਼ਨ ਸਿੰਘ ਖਟਕੜ ਅਤੇ ਅਜਮੇਰ ਸਿੰਘ ਸਮਰਾ ਨੇ ਆਖਿਆ ਕਿ ਸ਼ਹੀਦ ਸਾਥੀ ਸੰਘਾ ਦੀ ਦੇਣ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਉਹਨਾਂ ਕਿਹਾ ਕਿ ਦੁਨੀਆਂ 'ਚ ਆਰਥਿਕ ਮੰਦਵਾੜਾ ਵੱਧ ਰਿਹਾ ਹੈ ਜੋ ਕਿ ਸਾਮਰਾਜਵਾਦ ਦਾ ਸੰਕਟ ਹੈ। ਰੂਸ-ਯੂਕਰੇਨ ਜੰਗ ਅਤੇ ਇਸਰਾਇਲ -ਫਲਸਤੀਨ ਯੁੱਧ ਸਾਮਰਾਜਵਾਦ ਦੀ ਦੇਣ ਹੈ। ਸਾਮਰਾਜੀ ਤਾਕਤਾਂ ਦੂਸਰੇ ਦੇਸ਼ਾਂ ਨੂੰ ਆਪਣੇ ਹਿੱਤਾਂ ਅਨੁਸਾਰ ਚਲਾਉਣਾ ਚਾਹੁੰਦੀਆਂ ਹਨ।

ਉਹਨਾਂ ਕਿਹਾ ਕਿ ਸੰਸਾਰ ਹੁਣ ਅਮਰੀਕਾ ਦੀ ਚੌਧਰ ਵਾਲਾ ਇਕ ਧਰੁੱਵੀ ਸੰਸਾਰ ਨਹੀਂ ਰਿਹਾ। ਉਕਤ ਦੇਸ਼ਾਂ ਦਰਮਿਆਨ ਜੰਗਬੰਦੀ ਕਰਾਉਣ ਵਿਚ ਯੂ.ਐਨ.ਓ ਵੀ ਨਕਾਰਾ ਸਾਬਤ ਹੋਇਆ ਹੈ। ਉਹਨਾਂ ਕਿਹਾ ਕਿ ਅਮਰੀਕਾ ਦੀ ਸ਼ਹਿ ਨਾਲ ਇਜਰਾਇਲ ਫਲਸਤੀਨ ਵਿਚ ਤਬਾਹੀ ਮਚਾ ਰਿਹਾ ਹੈ। ਉਹਨਾਂ ਕਿਹਾ ਕਿ ਮੋਦੀ ਸਰਕਾਰ ਹਰ ਵਿਰੋਧੀ ਵਿਚਾਰਾਂ ਨੂੰ ਕੁਚਲਣ ਦੇ ਰਾਹ ਪੈ ਗਈ ਹੈ,ਪ੍ਰੈਸ ਦੀ ਆਜਾਦੀ ਨੂੰ ਕੁਚਲ ਰਹੀ ਹੈ। ਮੋਦੀ ਸਰਕਾਰ ਦੇਸੀ ਅਤੇ ਵਿਦੇਸ਼ੀ ਕਾਰਪੋਰੇਟਰਾਂ ਦੇ ਹਿੱਤ ਪੂਰਦੀਆਂ ਆਰਥਿਕ ਅਤੇ ਵਿੱਤੀ ਨੀਤੀਆਂ ਲਾਗੂ ਕਰ ਰਹੀ ਹੈ ਉਹਨਾਂ ਕਿਹਾ ਕਿ ਲੋਕ ਸੰਘਰਸ਼ਾਂ ਨੂੰ ਮੋਦੀ ਸਰਕਾਰ ਦੇ ਫਾਸ਼ੀਵਾਦੀ ਹੱਲੇ ਵਿਰੁੱਧ ਸੇਧਤ ਕਰਨਾ ਚਾਹੀਦਾ ਹੈ। ਇਸ ਮੌਕੇ ਬੀਬੀ ਗੁਰਬਖਸ਼ ਕੌਰ ਸੰਘਾ, ਹਰੀ ਰਾਮ ਰਸੂਲਪੁਰੀ ਕਮਲਜੀਤ ਸਨਾਵਾ ਅਤੇ ਅਵਤਾਰ ਸਿੰਘ ਤਾਰੀ ਨੇ ਸੰਬੋਧਨ ਕੀਤਾ। ਇਸ ਮੌਕੇ ਮਾਨਵਤਾ ਕਲਾ ਕੇਂਦਰ ਨਗਰ ਦੀ ਨਾਟਕ ਟੀਮ ਵਲੋਂ ਇਨਕਲਾਬੀ ਨਾਟਕ ਅਤੇ ਕੋਰੀਓਗ੍ਰਾਫੀਆਂ ਪੇਸ਼ ਕੀਤੀਆਂ ਗਈਆਂ।

# 'ਅਕਸ਼ਮ ਸੇ ਸਕਸ਼ਮ-ਇੰਪਾਵਰਿੰਗ ਦ ਯੂਥ' ਕੈਂਪੇਨ ਦੀ ਸ਼ੁਰੂਆਤ

**ਮੋਹਾਲੀ, (ਗੁਰਜੀਤ ਬਿੱਲਾ)** ਜਸਟਿਸ ਗੁਰਮੀਤ ਸਿੰਘ ਸੰਧਾਵਾਲੀਆ, ਜੱਜ, ਪੰਜਾਬ ਅਤੇ ਹਰਿਆਣਾ ਹਾਈਕੋਰਟ ਅਤੇ ਕਾਰਜਕਾਰੀ ਚੇਅਰਮੈਨ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ ਨਗਰ ਵਲੋਂ ਜਾਰੀ ਹਦਾਇਤਾਂ ਦੀ ਰੌਸ਼ਨੀ ਵਿਚ ਹਰਪਾਲ ਸਿੰਘ, ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ-ਕਮ ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸਾਹਿਬਜਾਦਾ ਅਜੀਤ ਸਿੰਘ ਨਗਰ ਵੱਲੋਂ ਜ਼ਿਲ੍ਹੇ ਵਿਚ 'ਅਕਸ਼ਮ ਸੇ ਸਕਸ਼ਮ-ਇੰਪਾਵਰਿੰਗ ਦ ਯੂਥ' ਕੈਂਪੇਨ ਦੀ ਸ਼ੁਰੂਆਤ ਕੀਤੀ ਗਈ ਜੋ ਕਿ 20 ਨਵੰਬਰ ਤੋਂ ਸ਼ੁਰੂ ਹੋ ਕੇ 29 ਨਵੰਬਰ ਨੂੰ ਖਤਮ ਹੋਵੇਗੀ। ਬਲਜਿੰਦਰ ਸਿੰਘ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਐਸ ਏ ਐਸ ਨਗਰ ਵਲੋਂ ਜਾਣਕਾਰੀ ਦਿੱਤੀ ਗਈ ਕਿ ਜ਼ਿਲ੍ਹੇ ਦੇ ਵੱਖ-ਵੱਖ ਸਰਕਾਰੀ ਸਕੂਲਾਂ ਵਿੱਚੋਂ ਅੱਠਵੀਂ, ਨੌਂਵੀਂ, ਦਸਵੀਂ ਅਤੇ ਗਿਆਰਵੀਂ ਜਮਾਤ ਦੇ 100 ਵਿਦਿਆਰਥੀਆਂ ਦੀ ਚੋਣ ਕੀਤੀ ਗਈ ਹੈ, ਜਿਹੜੇ ਕਿ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਦਫ਼ਤਰ ਅਤੇ ਅਦਾਲਤਾਂ ਦੇ ਵਿਵਹਾਰਕ ਕੰਮ-ਕਾਰ ਪ੍ਰਤੀ ਜਾਣਕਾਰੀ ਪ੍ਰਾਪਤ ਕਰਨਗੇ। ਉਨ੍ਹਾਂ ਨੂੰ ਜ਼ਿਲ੍ਹੇ ਦੇ ਥਾਣਿਆਂ ਵਿੱਚ ਲਿਜਾਇਆ ਜਾਵੇਗਾ ਤਾਂ ਕਿ ਉਨ੍ਹਾਂ ਨੂੰ ਕਿਸੇ ਵੀ ਪ੍ਰਕਾਰ ਦੀ ਸ਼ਿਕਾਇਤ ਦਰਜ ਕਰਵਾਉਣ ਦੀ ਪ੍ਰਕਿਰਿਆ ਸੰਬੰਧੀ ਜਾਣਕਾਰੀ ਮਿਲ ਸਕੇ। ਇਸ ਤੋਂ ਇਲਾਵਾ ਵਿਦਿਆਰਥੀਆਂ ਨੂੰ ਬਿਰਧ ਅਤੇ ਅਨਾਥ ਆਸ਼ਰਮਾਂ ਵਿਚ ਲਿਜਾਇਆ ਜਾਵੇਗਾ ਤਾਂ ਜੋ ਉਥੇ ਰਹਿਣ ਵਾਲੇ ਬੱਚੇ ਅਤੇ ਬਜ਼ੁਰਗਾਂ ਪ੍ਰਤੀ ਆਪਣੇ ਪਿਆਰ ਅਤੇ ਸਤਿਕਾਰ ਦੀ ਭਾਵਨਾ ਪ੍ਰਗਟ ਕਰ ਸਕਣ। ਇਸ ਕੈਂਪੇਨ ਦੀ ਸਮਾਪਤੀ ਮੌਕੇ ਇੱਕ ਸੈਮੀਨਾਰ ਦਾ ਆਯੋਜਨ ਕਰਵਾਇਆ ਜਾ ਰਿਹਾ ਹੈ ਜਿਸ ਵਿੱਚ ਉਨ੍ਹਾਂ ਸਕੂਲਾਂ ਦੇ ਪ੍ਰਿੰਸੀਪਲ, ਲੀਗਲ ਲਿਟਰੇਸੀ ਇੰਚਾਰਜ ਅਤੇ ਵਿਦਿਆਰਥੀ ਭਾਗ ਲੈਣਗੇ, ਜਿਨ੍ਹਾਂ ਸਕੂਲਾਂ ਦੇ ਵਿਦਿਆਰਥੀਆਂ ਦੀ ਚੋਣ ਕੈਂਪੇਨ ਲਈ ਕੀਤੀ ਗਈ ਹੈ।

# 'ਚੜ੍ਹਦੇ ਸੂਰਜ ਦੀ ਅੱਖ' ਲੋਕ ਅਰਪਣ




**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)** ਪੰਜਾਬੀ ਵਿਰਸਾ ਟਰੱਸਟ (ਰਜਿ.) ਫਗਵਾੜਾ ਵੱਲੋਂ ਸੀਨੀਅਰ ਪੱਤਰਕਾਰ ਅਤੇ ਲੇਖਕ ਪ੍ਰੋ. ਜਸਵੰਤ ਸਿੰਘ ਗੰਡਮ ਦੀ ਨਵੀਂ ਪੁਸਤਕ ਚੜ੍ਹਦੇ ਸੂਰਜ ਦੀ ਅੱਖ ਰਿਲੀਜ਼ ਕੀਤੀ ਗਈ। ਸਾਹਿਤਕਾਰ ਗੁਰਮੀਤ ਸਿੰਘ ਪਲਾਹੀ ਦੀ ਦੇਖ-ਰੇਖ ਹੇਠ ਕਰਵਾਏ ਸਮਾਗਮ ਵਿੱਚ ਅਪਨੀਤ ਰਿਆਤ (ਆਈ ਏ ਐਸ) ਚੀਫ ਐਡਮਿਨ ਪੁੱਡਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਜਦਕਿ ਸਮਾਗਮ ਦੀ ਪ੍ਰਧਾਨਗੀ ਫੁੱਟਬਾਲ ਖਿਡਾਰੀ ਇੰਦਰ ਸਿੰਘ ਅਤੇ ਧਰਮਿੰਦਰ ਸਿੰਘ, ਉਪ ਕੁਲਪਤੀ ਬਾਬਾ ਭਾਗ ਸਿੰਘ ਯੂਨੀਵਰਸਿਟੀ ਖਿਆਲਾ (ਹੁਸ਼ਿਆਰਪੁਰ) ਨੇ ਸਾਂਝੇ ਤੌਰ 'ਤੇ ਕੀਤੀ। ਗੁਰਮੀਤ ਸਿੰਘ ਪਲਾਹੀ ਨੇ ਪੁਸਤਕ ਦੇ ਵਿਸ਼ੇ 'ਤੇ ਚਾਨਣਾ ਪਾਉਂਦਿਆਂ ਦੱਸਿਆ ਕਿ ਪ੍ਰੋ. ਜਸਵੰਤ ਸਿੰਘ ਗੰਡਮ ਦੀ ਇਹ ਤੀਜੀ ਪੁਸਤਕ ਹੈ ਜਿਸ ਵਿੱਚ ਉਨ੍ਹਾਂ ਵੱਲੋਂ ਵੱਖ-ਵੱਖ ਵਿਸ਼ਿਆਂ 'ਤੇ ਲਿਖੇ 33 ਲੇਖ ਸ਼ਾਮਿਲ ਕੀਤੇ ਗਏ ਹਨ। ਜਿਨ੍ਹਾਂ ਵਿੱਚੋਂ 14 ਲੇਖ ਵਿਅੰਗਾਤਮਕ ਹਨ। ਪ੍ਰੋ. ਗੰਡਮ ਨੇ ਇਹ ਪੁਸਤਕ ਰੂਹ ਦੇ ਸਾਥੀ (ਸੋਲ ਮੇਟ) ਪ੍ਰੋ. ਸ਼ੀਤਲ ਸਿੰਘ ਰਿਐਤ ਨੂੰ ਸਮਰਪਿਤ ਕੀਤੀ ਹੈ। ਜੋ ਇੱਕ ਖੇਡ ਕੁਮੈਂਟੇਟਰ, ਫੁੱਟਬਾਲ ਪ੍ਰਮੋਟਰ ਅਤੇ ਟ੍ਰੇਨਰ ਸਨ। ਇਸ ਸਾਲ 12 ਮਈ ਨੂੰ ਉਹ ਸਦੀਵੀਂ ਵਿਛੋੜਾ ਦੇ ਗਏ ਸਨ।

ਪ੍ਰੋ. ਜਸਵੰਤ ਸਿੰਘ ਗੰਡਮ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਲੇਖਕ ਆਪਣੇ ਤਜ਼ਰਬੇ ਅਤੇ ਸਿਰਜਣਾਤਮਕ ਸ਼ਕਤੀ ਦੇ ਬਲਬੂਤੇ ਉਹ ਵਿਸ਼ੇ ਹੀ ਆਪਣੀਆਂ ਲਿਖਤਾਂ ਵਿੱਚ ਸ਼ਾਮਲ ਕਰਦਾ ਹੈ ਜੋ ਉਸ ਦੀ ਅੰਤਰ-ਆਤਮਾ ਨੂੰ ਪ੍ਰਭਾਵਿਤ ਕਰਨ ਵਾਲੀਆਂ ਘਟਨਾਵਾਂ ਦੇ ਰੂਪ ਵਿੱਚ ਉਸ ਦੇ ਆਲੇ-ਦੁਆਲੇ ਵਾਪਰਦੇ ਹਨ। ਮੁੱਖ ਮਹਿਮਾਨ ਅਪਨੀਤ ਰਿਆਤ ਅਤੇ ਉਨ੍ਹਾਂ ਦੀ ਮਾਤਾ ਸ੍ਰੀਮਤੀ ਮਨਜੀਤ ਕੌਰ ਨੇ ਇਹ ਪੁਸਤਕ ਸਵ. ਸ਼ੀਤਲ ਸਿੰਘ ਰਿਆਤ ਨੂੰ ਸਮਰਪਿਤ ਕਰਨ ਲਈ ਲੇਖਕ ਦਾ ਧੰਨਵਾਦ ਕੀਤਾ।

ਅਪਨੀਤ ਰਿਆਤ ਨੇ ਦੱਸਿਆ ਕਿ ਪ੍ਰੋ. ਗੰਡਮ ਅਤੇ ਉਸਦੇ ਪਿਤਾ ਦਾ ਪਿਛਲੇ 50 ਸਾਲਾਂ ਤੋਂ ਬਹੁਤ ਨਜ਼ਦੀਕੀ ਰਿਸ਼ਤਾ ਸੀ। ਫੁੱਟਬਾਲਰ ਇੰਦਰ ਸਿੰਘ ਅਤੇ ਪ੍ਰੋ. ਧਰਮਿੰਦਰ ਸਿੰਘ ਤੋਂ ਇਲਾਵਾ ਯੂ.ਕੇ. ਤੋਂ ਵਿਸ਼ੇਸ਼ ਤੌਰ 'ਤੇ ਪਹੁੰਚੇ ਸਾਹਿਤਕਾਰ ਨਛੱਤਰ ਸਿੰਘ ਭੋਗਲ, ਪੰਜਾਬ ਫੁੱਟਬਾਲ ਐਸੋਸੀਏਸ਼ਨ ਦੇ ਜਨਰਲ ਸਕੱਤਰ ਹਰਜਿੰਦਰ ਸਿੰਘ, ਦੀਦਾਰ ਸ਼ੇਤਰਾ, ਟੀਡੀ ਚਾਵਲਾ ਆਦਿ ਨੇ ਵੀ ਪ੍ਰੋ. ਗੰਡਮ ਨੂੰ ਉਹਨਾਂ ਦੀ ਨਵੀਂ ਕਿਤਾਬ ਲਈ ਸ਼ੁਭਕਾਮਨਾਵਾਂ ਦਿੱਤੀਆਂ। ਮੁੱਖ ਮਹਿਮਾਨ ਅਪਨੀਤ ਰਿਆਤ ਅਤੇ ਮਨਜੀਤ ਕੌਰ ਰਿਆਤ ਨੂੰ ਪੰਜਾਬੀ ਵਿਰਸਾ ਟਰੱਸਟ ਦੀ ਤਰਫੋਂ ਦੁਸ਼ਾਲੇ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਰਬ ਨੌਜਵਾਨ ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ, ਸਾਹਿਤਕਾਰ ਰਵਿੰਦਰ ਚੋਟ, ਐਸ.ਐਲ. ਵਿਰਦੀ, ਬਲਦੇਵ ਕੋਮਲ, ਲਸ਼ਕਰ ਢੰਡਵਾੜੀ, ਮਨੋਜ ਫਗਵਾੜਵੀ, ਪ੍ਰਦੀਪ ਸਿੰਘ ਬਸਰਾ, ਪਰਵਿੰਦਰਜੀਤ ਸਿੰਘ, ਪ੍ਰਿੰਸੀਪਲ ਇੰਦਰਜੀਤ ਸਿੰਘ ਆਦਿ ਤੋਂ ਇਲਾਵਾ ਹੋਰ ਪਤਵੰਤੇ ਹਾਜ਼ਰ ਸਨ।

# ਭਰੋਲੀ 'ਚ ਪਟਕੇ ਦੀ ਕੁਸ਼ਤੀ ਪ੍ਰਿਤਪਾਲ ਫਗਵਾੜਾ ਨੇ ਜਿੱਤੀ



**ਬਹਿਰਾਮ (ਅਵਤਾਰ ਕਲੇਰ)** ਬੰਗਾ ਹਲਕੇ ਦੇ ਪਿੰਡ ਭਰੋਲੀ ਵਿਖੇ ਗੁੱਗਾ ਜਾਹਰ ਪੀਰ ਜੀ ਨੂੰ ਸਨਮਾਨਿਤ ਛਿੰਝ ਮੇਲਾ ਪ੍ਰਬੰਧਕ ਕਮੇਟੀ , ਪ੍ਰਵਾਸੀ ਭਾਰਤੀ ਅਤੇ ਪਹਿਲਵਾਨ ਚੰਨੀ ਭਰੋਲੀ ਦੀ ਰਹਿਨੁਮਾਈ ਹੇਠ ਕਰਵਾਇਆ ਗਿਆ। ਪਟਕੇ ਦੀ ਕੁਸ਼ਤੀ ਪ੍ਰਿਤਪਾਲ ਫਗਵਾੜਾ ਅਤੇ ਭੁਪਿੰਦਰ ਅਜਨਾਲਾ ਵਿਚਕਾਰ ਹੋਈ ਜਿਸ ਵਿੱਚ ਪ੍ਰਿਤਪਾਲ ਫਗਵਾੜਾ ਜੇਤੂ ਰਿਹਾ। ਦੋ ਨੰਬਰ ਦੀ ਕੁਸ਼ਤੀ ਜੱਸਾ ਬਾਹੜੋਵਾਲ ਅਤੇ ਤੀਰਥ ਮਾਹਲਾ ਵਿਚਕਾਰ ਬਰਾਬਰ ਰਹੀ । ਪ੍ਰੋ ਪ੍ਰੇਮ ਸਿੰਘ ਚੰਦੂਮਾਜਰਾ ਸਾਬਕਾ ਮੈਂਬਰ ਪਾਰਲੀਮੈਂਟ ਅਤੇ ਡਾ. ਸੁਖਵਿੰਦਰ ਕੁਮਾਰ ਸੁੱਖੀ ਵਿਧਾਇਕ ਬੰਗਾ ਵਿਸ਼ੇਸ਼ ਤੌਰ 'ਤੇ ਪਹੁੰਚੇ। ਉਹਨਾਂ ਸੰਬੋਧਨ ਕਰਦਿਆਂ ਕਿਹਾ ਕਿ ਕੁਸ਼ਤੀਆਂ ਖੇਡ ਮੇਲੇ ਕਰਵਾਉਣੇ ਸਮੇਂ ਦੀ ਮੁੱਖ ਲੋੜ ਹੈ। ਇਸ ਨਾਲ ਨੌਜਵਾਨਾਂ 'ਚ ਖੇਡਾਂ ਪ੍ਰਤੀ ਰੁਚੀ ਵਧੇਗੀ ਅਤੇ ਨੌਜਵਾਨ ਨਸ਼ਿਆਂ ਤੋਂ ਦੂਰ ਰਹਿਣਗੇ । ਚੰਨੀ ਭਰੋਲੀ , ਸਾਧੂ ਸਿੰਘ ਭਰੋਲੀ , ਢਾਡੀ ਅਮਰਜੀਤ ਸਿੰਘ , ਕਾਲਾ ਭਰੋਲੀ ਵਲੋਂ ਜੇਤੂ ਪਹਿਲਵਾਨਾਂ , ਕਬੱਡੀ ਖਿਡਾਰੀਆਂ ਅਤੇ ਪ੍ਰਮੁੱਖ ਸ਼ਖਸੀਅਤਾਂ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਸੁਖਦੀਪ ਸਿੰਘ ਸੁਕਾਰ , ਬਲਵਿੰਦਰ ਸਿੰਘ ਐਸ ਆਈ , ਗੁਰਮੀਤ ਕਟਾਰੀਆ , ਸ਼ਿੰਦਾ ਜਪਾਨੀ , ਸੋਨੂੰ ਚੇਤਾ , ਗੁਰਮੁਖ ਸਿੰਘ , ਬਲਿਹਾਰ ਸਿੰਘ , ਪਰਮਜੀਤ ਬੰਗਾ , ਗੁਰਪ੍ਰੀਤ ਸਿੰਘ , ਮਦਨ ਕਟਾਰੀਆ , ਹਰਜਿੰਦਰ ਸਿੰਘ , ਚੇਲਾ ਅਮਰੀਕ ਸਿੰਘ ਤੋਂ ਇਲਾਵਾ ਖੇਡ ਪ੍ਰੇਮੀ ਹਾਜਰ ਸਨ।

# 25 ਦੀ ਫਰੀਦਕੋਟ ਰੈਲੀ ਇਤਿਹਾਸਕ ਹੋਵੇਗੀ : ਮੇਹਲੀ



**ਬਹਿਰਾਮ (ਅਵਤਾਰ ਕਲੇਰ)** ਮਜਦੂਰਾਂ , ਕਿਰਤੀ ਲੋਕਾਂ ਦੀ ਸਿਰਮੌਰ ਜਥੇਬੰਦੀ ਪੰਜਾਬ ਖੇਤ ਮਜਦੂਰ ਸਭਾ ਦਾ ਸੂਬਾਈ ਇਜਲਾਸ 25 - 26 ਨਵੰਬਰ 2023 ਨੂੰ ਫਰੀਦਕੋਟ ਵਿਖੇ ਹੋ ਰਿਹਾ ਹੈ । 25 ਨਵੰਬਰ ਨੂੰ ਫਰੀਦਕੋਟ ਵਿਖੇ ਮਜਦੂਰਾਂ ਦੀ ਵੱਡੀ ਰੈਲੀ ਕੀਤੀ ਜਾਵੇਗੀ ।

ਇਹ ਰੈਲੀ ਇਤਿਹਾਸਕ ਹੋਵੇਗੀ । ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਸੀ ਪੀ ਆਈ ਦੇ ਸੂਬਾ ਕੌਂਸਲ ਮੈਂਬਰ ਅਤੇ ਪੰਜਾਬ ਖੇਤ ਮਜਦੂਰ ਸਭਾ ਦੇ ਜ਼ਿਲ੍ਹਾ ਆਗੂ ਨਰੰਜਣ ਦਾਸ ਮੇਹਲੀ ਨੇ ਪਿੰਡ ਮੇਹਲੀ ਵਿਖੇ ਪਾਰਟੀ ਵਰਕਰਾਂ ਨਾਲ ਮੀਟਿੰਗ ਉਪਰੰਤ ਕੀਤਾ। ਉਹਨਾਂ ਕਿਹਾ ਕਿ ਨਵਾਂਸ਼ਹਿਰ ਜ਼ਿਲ੍ਹੇ ਤੋਂ ਇਸ ਰੈਲੀ ਵਿੱਚ ਡੈਲੀਗੇਟਾਂ ਤੋਂ ਇਲਾਵਾ ਸੈਂਕੜੇ ਸਾਥੀ ਪਹੁੰਚਣਗੇ । ਇਸ ਸਬੰਧੀ ਪਿੰਡਾਂ ਵਿੱਚ ਮੀਟਿੰਗਾਂ ਦਾ ਸਿਲਸਿਲਾ ਜਾਰੀ ਹੈ । ਉਹਨਾਂ ਕਿਹਾ ਕਿ ਸਰਕਾਰਾਂ ਨੇ ਮਜਦੂਰਾਂ ਅਤੇ ਕਾਮਿਆਂ ਨੂੰ ਹਮੇਸ਼ਾ ਵੋਟਾਂ ਲਈ ਹੀ ਵਰਤਿਆ । ਇਹਨਾਂ ਦੀਆਂ ਮੰਗਾਂ ਵੱਲ ਕਦੇ ਕੋਈ ਧਿਆਨ ਨਹੀਂ ਦਿੱਤਾ । ਇਸ ਮੌਕੇ ਸਰਪੰਚ ਸੁਰਿੰਦਰ ਪਾਲ , ਨਰੰਜਣ ਦਾਸ ਮੇਹਲੀ , ਸੁਤੰਤਰ ਕੁਮਾਰ , ਸੰਤੋਖ ਪਾਲ ਰਾਹੋਂ , ਮੁਕੰਦ ਲਾਲ , ਜਸਵਿੰਦਰ ਭੰਗਲ , ਗੁਰਬਖਸ ਕੌਰ ਰਾਹੋਂ , ਗੁਰਮੀਤ ਰਾਮ , ਅਮਰਜੀਤ ਬੱਬੀ , ਹੁਸਨ ਲਾਲ , ਜੀਤ ਰਾਮ , ਗੁਰਮੇਲ ਰਾਮ ਆਦਿ ਹਾਜਰ ਸਨ ।

# ਡਿਪਾਜ਼ਿਟ ਤੇ ਜੁਡੀਸ਼ੀਅਲ ਪ੍ਰੋਜੈਕਟਾਂ ਦੀ ਉਸਾਰੀ 'ਤੇ ਵੀ 150 ਕਰੋੜ ਰੁਪਏ ਖਰਚ ਕਰਨ ਦਾ ਟੀਚਾ : ਈ ਟੀ ਓ

**ਚੰਡੀਗੜ੍ਹ (ਗੁਰਜੀਤ ਬਿੱਲਾ)** ਪੰਜਾਬ ਦੇ ਲੋਕ ਨਿਰਮਾਣ ਅਤੇ ਬਿਜਲੀ ਮੰਤਰੀ ਹਰਭਜਨ ਸਿੰਘ ਈ ਟੀ ਓ ਨੇ ਇਥੇ ਦੱਸਿਆ ਕਿ ਲੋਕ ਨਿਰਮਾਣ ਵਿਭਾਗ (ਪੀ.ਡਬਲਯੂ.ਡੀ) ਚਾਲੂ ਵਿੱਤੀ ਸਾਲ ਦੌਰਾਨ 2280 ਕਰੋੜ ਰੁਪਏ ਦੇ 206 ਸਰਕਾਰੀ ਇਮਾਰਤੀ ਪ੍ਰੋਜੈਕਟਾਂ 'ਤੇ ਕੰਮ ਕਰ ਰਿਹਾ ਹੈ ਅਤੇ ਇਨ੍ਹਾਂ ਵਿੱਚੋਂ 53 ਪ੍ਰੋਜੈਕਟ ਅਕਤੂਬਰ 2023 ਤੱਕ ਮੁਕੰਮਲ ਹੋ ਚੁੱਕੇ ਹਨ।

ਇਨ੍ਹਾਂ ਪ੍ਰੋਜੈਕਟਾਂ ਦਾ ਵੇਰਵਾ ਦਿੰਦਿਆਂ ਲੋਕ ਨਿਰਮਾਣ ਮੰਤਰੀ ਨੇ ਦੱਸਿਆ ਕਿ ਇਨ੍ਹਾਂ 206 ਪ੍ਰੋਜੈਕਟਾਂ 'ਚ ਨਿਆਂਪਾਲਿਕਾ, ਆਈ.ਕੇ.ਜੀ.ਪੀ.ਟੀ.ਯੂ., ਉਚੇਰੀ ਸਿੱਖਿਆ, ਸਕੂਲ ਸਿੱਖਿਆ, ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲੇ, ਮੈਡੀਕਲ ਸਿੱਖਿਆ ਅਤੇ ਖੋਜ, ਮਾਲ, ਖੇਡਾਂ, ਟਰਾਂਸਪੋਰਟ ਅਤੇ ਸ਼ਹਿਰੀ ਹਵਾਬਾਜੀ ਆਦਿ ਸਮੇਤ ਵੱਖ-ਵੱਖ ਵਿਭਾਗਾਂ ਦੀਆਂ ਸਰਕਾਰੀ ਇਮਾਰਤਾਂ ਦੀ ਉਸਾਰੀ ਸਾਮਲ ਹੈ। ਉਨ੍ਹਾਂ ਦੱਸਿਆ ਕਿ ਵਿੱਤੀ ਸਾਲ 2023-2024 ਦੌਰਾਨ ਡਿਪਾਜ਼ਿਟ ਅਤੇ ਨਿਆਂਇਕ ਕੰਮਾਂ 'ਤੇ 150 ਕਰੋੜ ਰੁਪਏ ਖਰਚੇ ਜਾਣ ਦਾ ਟੀਚਾ ਹੈ ਅਤੇ ਹੁਣ ਤੱਕ ਇਨ੍ਹਾਂ ਕੰਮਾਂ 'ਤੇ 43.60 ਕਰੋੜ ਰੁਪਏ ਖਰਚ ਹੋ ਚੁੱਕੇ ਹਨ ਹੋਰ ਖੁਲਾਸਾ ਕਰਦਿਆਂ, ਲੋਕ ਨਿਰਮਾਣ ਮੰਤਰੀ ਨੇ ਦੱਸਿਆ ਕਿ ਲੋਕ ਨਿਰਮਾਣ ਵਿਭਾਗ ਨੇ ਵਿੱਤੀ ਸਾਲ 2022-23 ਵਿੱਚ ਵੱਖ-ਵੱਖ ਵਿਭਾਗਾਂ ਦੀਆਂ ਸਰਕਾਰੀ ਇਮਾਰਤਾਂ ਦੀ ਉਸਾਰੀ ਲਈ 2700 ਕਰੋੜ ਰੁਪਏ ਦੀ ਲਾਗਤ ਦੇ ਕੁੱਲ 196 ਪ੍ਰੋਜੈਕਟ ਸ਼ੁਰੂ ਕੀਤੇ, ਜਿਨ੍ਹਾਂ 'ਚੋਂ 45 ਪ੍ਰੋਜੈਕਟ ਮਾਰਚ 2023 ਤੱਕ ਮੁਕੰਮਲ ਕੀਤੇ ਗਏ, ਬਾਕੀ ਰਹਿੰਦੇ ਪ੍ਰੋਜੈਕਟ ਪ੍ਰਗਤੀ ਅਧੀਨ ਹਨ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਵਿਭਾਗ ਵੱਲੋਂ ਵਿੱਤੀ ਸਾਲ 2022-23 ਵਿੱਚ 255 ਪ੍ਰਾਇਮਰੀ ਹੈਲਥ ਸੈਂਟਰਾਂ ਨੂੰ ਆਮ ਆਦਮੀ ਕਲੀਨਿਕਾਂ ਵਿੱਚ ਅੱਪਗ੍ਰੇਡ ਕੀਤਾ ਗਿਆ ਹੈ। ਕੈਬਨਿਟ ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਸਕੂਲੀ ਸਿੱਖਿਆ ਵਿੱਚ ਸੁਧਾਰ ਦੇ ਦ੍ਰਿੜ ਨਿਸ਼ਚੇ ਨੂੰ ਸਾਕਾਰ ਕਰਨ ਲਈ ਫ਼ੇਜ-1 ਅਧੀਨ ਵਿਭਾਗ ਦੇ ਮਿਥੇ ਗਏ 17 ਸਕੂਲਾਂ ਦੇ ਟੀਚੇ ਵਿੱਚੋਂ 15 ਸਕੂਲਾਂ ਦਾ ਕੰਮ ਸਮਾਪਤੀ 'ਤੇ ਹੈ, ਅਤੇ ਫ਼ੇਜ-3 ਅਧੀਨ 25 ਸਕੂਲਾਂ ਦਾ ਕੰਮ ਹੱਥ ਵਿੱਚ ਲਿਆ ਗਿਆ ਹੈ। ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਕਿਹਾ ਕਿ ਵਿਭਾਗ ਵੱਲੋਂ ਸਾਰੇ ਵਿਕਾਸ ਕਾਰਜਾਂ ਦੀ ਵੰਡ ਸਮੇਂ ਨਿਰਪੱਖ ਅਤੇ ਪਾਰਦਰਸੀ ਬੋਲੀ ਦੀ ਪ੍ਰਣਾਲੀ ਅਪਣਾਈ ਜਾ ਰਹੀ ਹੈ ਅਤੇ ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀਆਂ ਨੂੰ ਵੀ ਹਦਾਇਤ ਕੀਤੀ ਗਈ ਹੈ ਕਿ ਸਾਰੇ ਪ੍ਰੋਜੈਕਟਾਂ ਨੂੰ ਸਮਾਂਬੱਧ ਤਰੀਕੇ ਨਾਲ ਮਿਆਰ ਸਬੰਧੀ ਨਿਯਮਾਂ ਦੀ ਪਾਲਣਾ ਕਰਦਿਆਂ ਵੱਧ ਤੋਂ ਵੱਧ ਕਿਫਾਇਤੀ ਖਰਚੇ 'ਤੇ ਮੁਕੰਮਲ ਕਰਨਾ ਯਕੀਨੀ ਬਣਾਇਆ ਜਾਵੇ। ਸੂਬੇ ਨੂੰ ਵਿਕਾਸ ਅਤੇ ਖੁਸ਼ਹਾਲੀ ਦੀਆਂ ਉੱਚੀਆਂ ਲੀਹਾਂ 'ਤੇ ਲਿਆਉਣ ਬਾਰੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਕਿਹਾ ਕਿ ਵਿਭਾਗ ਵੱਲੋਂ ਸੂਬੇ ਵਿੱਚ ਮਿਆਰੀ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਅਣਥੱਕ ਯਤਨ ਕੀਤੇ ਜਾ ਰਹੇ ਹਨ।

# ਪਰਾਲੀ ਸਾੜਨ ਦੇ 7405 ਮਾਮਲਿਆਂ 'ਚ 1.67 ਕਰੋੜ ਜੁਰਮਾਨਾ



**ਚੰਡੀਗੜ੍ਹ, ( ਗੁਰਜੀਤ ਬਿੱਲਾ)**-ਸੂਬੇ ਵਿੱਚ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਰੋਕਣ ਲਈ ਪੰਜਾਬ ਪੁਲਸ ਵੱਲੋਂ ਕੀਤੇ ਜਾ ਰਹੇ ਠੋਸ ਯਤਨਾਂ ਦੇ ਸਾਰਥਕ ਨਤੀਜੇ ਸਾਹਮਣੇ ਆਏ ਹਨ ਕਿਉਂਕਿ ਪਿਛਲੇ ਦੋ ਦਿਨਾਂ ਵਿੱਚ ਖੇਤਾਂ ਵਿੱਚ ਪਰਾਲੀ ਸਾੜਨ ਦੇ ਮਾਮਲਿਆਂ ਵਿੱਚ ਭਾਰੀ ਗਿਰਾਵਟ ਆਈ ਹੈ। ਇਹ ਜਾਣਕਾਰੀ ਸਪੈਸ਼ਲ ਡਾਇਰੈਕਟਰ ਜਨਰਲ ਆਫ਼ ਪੁਲਸ (ਸਪੈਸ਼ਲ ਡੀਜੀਪੀ) ਕਾਨੂੰਨ ਅਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਦਿੱਤੀ। ਪਰਾਲੀ ਸਾੜਨ ਦੇ ਕ੍ਰਮਵਾਰ 740 ਅਤੇ 637 ਮਾਮਲੇ ਦਰਜ ਕੀਤੇ ਗਏ ਹਨ। ਪਰਾਲੀ ਸਾੜਨ ਦੇ ਮਾਮਲਿਆਂ 'ਤੇ ਪੂਰਨ ਰੋਕ ਨੂੰ ਯਕੀਨੀ ਬਣਾਉਣ ਸਬੰਧੀ ਮਾਣਯੋਗ ਸੁਪਰੀਮ ਕੋਰਟ ਦੇ ਨਿਰਦੇਸਾਂ ਦੀ ਪਾਲਣਾ ਕਰਦਿਆਂ ਡੀਜੀਪੀ ਗੌਰਵ ਯਾਦਵ ਵੱਲੋਂ ਪਰਾਲੀ ਸਾੜਨ ਦੇ ਮਾਮਲਿਆਂ ਵਿਰੁੱਧ ਕਾਰਵਾਈ ਦੀ ਨਿਗਰਾਨੀ ਲਈ ਸਪੈਸ਼ਲ ਡੀਜੀਪੀ ਅਰਪਿਤ ਸ਼ੁਕਲਾ ਨੂੰ ਪੁਲਿਸ ਨੋਡਲ ਅਫਸਰ ਨਿਯੁਕਤ ਕੀਤਾ ਗਿਆ ਹੈ ਡੀਜੀਪੀ ਪੰਜਾਬ ਵੱਲੋਂ ਸੂਬੇ ਵਿੱਚ ਪਰਾਲੀ ਸਾੜਨ ਦੇ ਮਾਮਲਿਆਂ ਦੀ ਸਮੀਖਿਆ ਕਰਨ ਲਈ ਸਾਰੇ ਸੀਨੀਅਰ ਅਧਿਕਾਰੀਆਂ, ਰੇਂਜ ਅਫਸਰਾਂ, ਸੀਪੀਜ/ਐਸਐਸਪੀਜ ਅਤੇ ਸਟੇਸਨ ਹਾਊਸ ਅਫਸਰਾਂ (ਐਸਐਚਓਜ) ਨਾਲ ਰੋਜਾਨਾ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਅਤੇ ਉਨ੍ਹਾਂ ਜ਼ਿਲ੍ਹਿਆਂ ਦੇ ਐਸਐਸਪੀਜ ਨੂੰ ਕਾਰਨ ਦੱਸੋ ਨੋਟਿਸ ਵੀ ਜਾਰੀ ਕੀਤੇ ਹਨ, ਜਿੱਥੇ ਪਰਾਲੀ ਸਾੜਨ ਦੇ ਜ਼ਿਆਦਾ ਮਾਮਲੇ ਸਾਹਮਣੇ ਆਏ ਹਨ। ਸ਼ੁਕਲਾ ਜੋ ਪਰਾਲੀ ਸਾੜਨ ਦੇ ਮਾਮਲਿਆਂ ਦਾ ਜਮੀਨੀ ਪੱਧਰ 'ਤੇ ਜਾਇਜਾ ਲੈਣ ਲਈ ਖੁਦ ਜ਼ਿਲ੍ਹਿਆਂ ਦਾ ਦੌਰਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਪੁਲਸ ਤੇ ਸਿਵਲ ਅਧਿਕਾਰੀਆਂ ਦੇ ਕਰੀਬ 1072 ਉਡਣ ਦਸਤੇ ਪਰਾਲੀ ਸਾੜਨ ਦੇ ਮਾਮਲਿਆਂ 'ਤੇ ਨਜ਼ਰ ਰੱਖ ਰਹੇ ਹਨ। ਪਰਾਲੀ ਸਾੜਨ ਵਾਲੇ ਵਿਅਕਤੀਆਂ ਖਿਲਾਫ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ 8 ਨਵੰਬਰ ਤੋਂ ਲੈ ਕੇ ਹੁਣ ਤੱਕ ਪੁਲਸ ਟੀਮਾਂ ਵੱਲੋਂ 932 ਐਫਆਈਆਰਜ ਦਰਜ ਕੀਤੀਆਂ ਗਈਆਂ ਹਨ, ਜਦਕਿ 7405 ਮਾਮਲਿਆਂ ਵਿੱਚ 1.67 ਕਰੋੜ ਰੁਪਏ ਦੇ ਜੁਰਮਾਨੇ ਕੀਤੇ ਗਏ ਹਨ। ਉਨ੍ਹਾਂ ਅੱਗੇ ਕਿਹਾ ਕਿ ਇਸ ਸਮੇਂ ਦੌਰਾਨ 340 ਕਿਸਾਨਾਂ ਦੇ ਮਾਲ ਰਿਕਾਰਡ ਵਿੱਚ ਰੈਡ ਐਂਟਰੀਜ਼ ਵੀ ਕੀਤੀਆਂ ਗਈਆਂ ਹਨ। ਡੀਜੀਪੀ ਨੇ ਕਿਸਾਨਾਂ ਨੂੰ ਸਹਿਯੋਗ ਦੇਣ ਅਤੇ ਫਸਲੀ ਰਹਿੰਦ-ਖੂੰਹਦ ਨਾ ਸਾੜਨ ਦੀ ਅਪੀਲ ਕਰਦਿਆਂ ਕਿਹਾ ਕਿ ਇਸ ਨੂੰ ਸਾੜਨ ਨਾਲ ਨਾ ਸਿਰਫ਼ ਵਾਤਾਵਰਨ ਪ੍ਰਦੂਸ਼ਿਤ ਹੁੰਦਾ ਹੈ ਬਲਿਕ ਬੱਚਿਆਂ ਦੀ ਸਿਹਤ 'ਤੇ ਵੀ ਮਾੜਾ ਅਸਰ ਪੈਂਦਾ ਹੈ।

# ਸਾਥੀ ਸ਼ਿੰਗਾਰਾ ਸਿੰਘ ਦੁਸਾਂਝ ਦੇ ਵਿਛੋੜੇ 'ਤੇ ਅਫਸੋਸ ਪ੍ਰਗਟਾਇਆ



**ਜਲੰਧਰ** : ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ.ਐਮ.ਪੀ.ਆਈ.) ਦੀ ਜਲੰਧਰ-ਕਪੂਰਥਲਾ ਜ਼ਿਲ੍ਹਾ ਕਮੇਟੀ ਦੇ ਮੈਂਬਰ, ਉੱਘੇ ਕਿਸਾਨ ਘੁਲਾਟੀਏ ਸਾਥੀ ਸ਼ਿੰਗਾਰਾ ਸਿੰਘ ਦੁਸਾਂਝ ਸਦੀਵੀ ਵਿਛੋੜਾ ਦੇ ਗਏ ਆਪ ਨੇ ਦਿੱਲੀ ਕਿਸਾਨ ਮੋਰਚੇ ਸਮੇਤ ਅਨੇਕਾਂ ਕਿਸਾਨ ਘੋਲਾਂ ਤੇ ਜਮਹੂਰੀ ਸ਼ੰਘਰਸ਼ਾਂ ਵਿਚ ਸ਼ਾਨਾਮੱਤੀ ਭੂਮਿਕਾ ਅਦਾ ਕੀਤੀ ਸੀ। ਸਾਥੀ ਦੁਸਾਂਝ ਨੇ ਅਧਿਆਪਕ ਵਜੋਂ ਨੌਕਰੀ ਕਰਦਿਆਂ ਟਰੇਡ ਯੂਨੀਅਨ ਅਤੇ ਮੁਲਾਜ਼ਮ ਘੋਲਾਂ ਵਿਚ ਵੀ ਮਿਸਾਲੀ ਯੋਗਦਾਨ ਪਾਇਆ ਸੀ। ਆਰਐਮਪੀਆਈ ਦੇ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ, ਪੰਜਾਬ ਰਾਜ ਕਮੇਟੀ ਦੇ ਪ੍ਰਧਾਨ ਤੇ ਸਕੱਤਰ ਕਾਮਰੇਡ ਰਤਨ ਸਿੰਘ ਰੰਧਾਵਾ ਤੇ ਪਰਗਟ ਸਿੰਘ ਜਾਮਾਰਾਏ, ਜਮਹੂਰੀ ਕਿਸਾਨ ਸਭਾ ਦੇ ਜਨਰਲ ਸਕੱਤਰ ਸਾਥੀ ਕੁਲਵੰਤ ਸਿੰਘ ਸੰਧੂ, ਦਿਹਾਤੀ ਮਜਦੂਰ ਸਭਾ ਪੰਜਾਬ ਦੇ ਪ੍ਰਧਾਨ ਸਾਥੀ ਦਰਸ਼ਨ ਨਾਹਰ, ਪਸਸਫ ਪੰਜਾਬ ਦੇ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਨੇ ਸਾਥੀ ਸ਼ਿੰਗਾਰਾ ਸਿੰਘ ਦੁਸਾਂਝ ਦੇ ਵਿਛੋੜੇ ਨੂੰ ਪਾਰਟੀ ਅਤੇ ਲਹਿਰ ਲਈ ਨਾ ਪੂਰਿਆ ਜਾ ਸਕਣ ਵਾਲਾ ਘਾਟਾ ਦੱਸਦਿਆਂ ਉਨ੍ਹਾਂ ਨੂੰ ਇਨਕਲਾਬੀ ਸ਼ਰਧਾਂਜਲੀ ਭੇਂਟ ਕੀਤੀ ਹੈ।

# ਐੱਮ ਐੱਸ ਕੇ ਡੇ ਬੋਰਡਿੰਗ ਸਕੂਲ ਵਿਖੇ ਸੱਭਿਆਚਾਰਕ ਸਮਾਰੋਹ 'ਉਡਾਨ' 23 ਨੂੰ: ਪ੍ਰਿੰ. ਪਰਵਿੰਦਰ ਕੌਰ



**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਉਂਕਾਰ ਸਿੰਘ)**- ਇਲਾਕੇ ਦੀ ਪ੍ਰਮੁੱਖ ਵਿਦਿਅਕ ਸੰਸਥਾ ਐਮ.ਐਸ.ਕੇ. ਡੇ ਬੋਰਡਿੰਗ ਸਕੂਲ ਕੋਟਲੀ ਜੰਡ ਦਾ ਸਲਾਨਾ ਸੱਭਿਆਚਾਰਕ ਸਮਾਗਮ "ਉਡਾਨ' 23 ਨਵੰਬਰ ਨੂੰ ਕਰਵਾਇਆ ਜਾਵੇਗਾ। ਪ੍ਰਿੰਸੀਪਲ ਪਰਵਿੰਦਰ ਕੌਰ ਨੇ ਦੱਸਿਆ ਕਿ ਮਾਤਾ ਸਾਹਿਬ ਕੌਰ ਐਜੂਕੇਸ਼ਨਲ ਸੁਸਾਇਟੀ ਦੇ ਪ੍ਰਧਾਨ ਸੁਖਵਿੰਦਰ ਸਿੰਘ ਅਰੋੜਾ ਦੀ ਅਗਵਾਈ ਹੇਠ ਕਰਵਾਏ ਜਾ ਰਹੇ ਇਸ ਪ੍ਰੋਗਰਾਮ ਵਿੱਚ ਵਿਧਾਇਕ ਹਲਕਾ ਟਾਂਡਾ ਜਸਵੀਰ ਸਿੰਘ ਰਾਜਾ ਬਤੌਰ ਮੁੱਖ ਮਹਿਮਾਨ ਸ਼ਾਮਿਲ ਹੋਣਗੇ ਜਦੋਂ ਕਿ ਸਮਾਰੋਹ ਦੀ ਪ੍ਰਧਾਨਗੀ ਐਸ.ਡੀ. ਐਮ ਟਾਂਡਾ ਗਗਨਦੀਪ ਸਿੰਘ ਅਤੇ ਡੀ ਐਸ ਪੀ ਟਾਂਡਾ ਕੁਲਵੰਤ ਸਿੰਘ ਕਰਨਗੇ। ਉਨਾਂ ਦੱਸਿਆ ਕਿ ਇਸ ਪ੍ਰੋਗਰਾਮ ਸਬੰਧੀ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ ਬੱਚਿਆਂ ਵੱਲੋਂ ਬੜੀ ਮਿਹਨਤ ਨਾਲ ਇਸ ਪ੍ਰੋਗਰਾਮ ਦੀ ਤਿਆਰੀ ਕੀਤੀ ਗਈ ਹੈ ਜਿਸ ਦਾ ਮੁੱਖ ਥੀਮ ਉਡਾਨ ਹੈ। ਜਿਸ ਦੌਰਾਨ ਵਿਦੇਸਾਂ ਵੱਲ ਬੱਚਿਆਂ ਦੇ ਵੱਧ ਰਹੇ ਲਗਾਤਾਰ ਰੁਝਾਨ ਨੂੰ ਦੇਖਦੇ ਹੋਏ ਇਸ ਪ੍ਰੋਗਰਾਮ ਰਾਹੀਂ ਆਪਣੇ ਦੇਸ਼ ਵਿੱਚ ਵੱਖ-ਵੱਖ ਸੇਵਾ ਦੇ ਮੌਕਿਆਂ ਨੂੰ ਬੜੀ ਚਰਚਾ ਨਾਲ ਦਿਖਾਇਆ ਜਾਵੇਗਾ ਤੇ ਵਿਦੇਸ਼ਾਂ ਦੀ ਮਿਹਨਤ ਮਜਦੂਰੀ ਵਾਲੀ ਜ਼ਿੰਦਗੀ ਵਿੱਚੋਂ ਬਾਹਰ ਨਿਕਲ ਕੇ ਪੜ੍ਹ-ਲਿਖ ਕੇ ਚੰਗੀਆਂ ਨੌਕਰੀਆਂ ਹਾਸਲ ਕਰਨ ਲਈ ਪ੍ਰੇਰਿਆ ਗਿਆ ਹੈ।

ਪ੍ਰੋਗਰਾਮ ਨੂੰ ਤਿਆਰ ਕਰਨ ਵਿੱਚ ਮੈਡਮ ਨਰਿੰਦਰ ਕੌਰ, ਗੁਰਪ੍ਰੀਤ ਕੌਰ, ਪ੍ਰਭਜੋਤ ਕੌਰ, ਗੁਰਸ਼ਰਨ ਕੌਰ, ਅਮਨਪ੍ਰੀਤ ਸਿੰਘ, ਨੀਰਜ ਕੁਮਾਰ ,ਅਮਨ ਸੰਧੂ, ਆਗਿਆ ਕੌਰ, ਸੁੱਖਵਿੰਦਰ ਕੌਰ ਅਤੇ ਜੋਬਨ ਪ੍ਰੀਤ ਵੱਲੋਂ ਮਿਹਨਤ ਕੀਤੀ ਗਈ ਹੈ।

21-Nov-PAGE-9.qxd 11/20/2023 11:14 PM Page 1



# ਵੈਨਕੂਵਰ ਵਿਖੇ 25 ਹਜ਼ਾਰ ਕੈਨੇਡੀਅਨ ਡਾਲਰ ਦੇ ਢਾਹਾਂ ਪ੍ਰਾਈਜ਼ ਦੀ ਦੀਪਤੀ ਬਬੂਟਾ ਬਣੀ ਜੇਤੂ

**ਬਹਿਰਾਮ (ਅਵਤਾਰ ਕਲੇਰ)** ਪੰਜਾਬੀ ਗਲਪ ਜਗਤ ਦੇ ਪ੍ਰਸਿੱਧ ਢਾਹਾਂ ਪ੍ਰਾਈਜ਼ 2023 ਦਾ 25 ਹਜ਼ਾਰ ਕੈਨੇਡੀਅਨ ਡਾਲਰ ਪੁਰਸਕਾਰ ਮੋਹਾਲੀ ਨਿਵਾਸੀ, ਦੀਪਤੀ ਬਬੂਟਾ ਨੇ ਪ੍ਰਾਪਤ ਕੀਤਾ ਹੈ। ਉਹ ਢਾਹਾਂ ਪ੍ਰਾਈਜ਼ ਜਿੱਤਣ ਵਾਲੀ ਪਹਿਲੀ ਔਰਤ ਹੈ। ਉਸ ਦੇ ਨਾਲ ਹੀ ਦੋ ਫਾਈਨਲਿਸਟਾਂ ਵਜੋਂ ਜਮੀਲ ਅਹਿਮਦ ਪਾਲ, ਲਾਹੌਰ ਅਤੇ ਬਲੀਜੀਤ ਮੋਹਾਲੀ ਦਾ 10-10 ਹਜ਼ਾਰ ਡਾਲਰ ਦੇ ਪੁਰਸਕਾਰ ਮਿਲੇ ਹਨ। ਢਾਹਾਂ ਪ੍ਰਾਈਜ਼ ਪੰਜਾਬੀ 'ਚ ਗਲਪ ਕਿਤਾਬਾਂ ਲਈ ਸਭ ਤੋਂ ਵੱਡਾ ਵਿਸ਼ਵ ਪੱਧਰੀ ਸਾਹਿਤਕ ਪੁਰਸਕਾਰ ਹੈ। ਪ੍ਰਾਈਜ਼ ਦੀ ਦਸਵੀਂ ਵਰ੍ਹੇਗੰਢ ਅਤੇ ਸਾਲਾਨਾ ਸਨਮਾਨ ਸਮਾਗਮ ਨੌਰਥਵਿਊ ਗੌਲਫ ਐਂਡ ਕੰਟਰੀ ਕਲੱਬ, ਸਰੀ, ਬੀ.ਸੀ, ਵਿਖੇ ਆਯੋਜਿਤ ਕੀਤਾ ਗਿਆ ਸੀ। ਇਸ ਮੌਕੇ ਤਿੰਨਾਂ ਲੇਖਕਾਂ ਨੂੰ ਉਨ੍ਹਾਂ ਦੇ ਪੁਰਸਕਾਰਾਂ ਅਤੇ ਕਲਾਕਾਰਾਂ ਦੇ ਹੱਥੀਂ ਤਿਆਰ ਕੀਤੀਆਂ ਵਿਸ਼ੇਸ਼ ਟਰਾਫ਼ੀਆਂ ਨੂੰ ਸਤਿਕਾਰ ਸਹਿਤ ਭੇਟ ਕਰਕੇ ਸਨਮਾਨਿਤ ਕੀਤਾ ਗਿਆ।

ਸਨਮਾਨ ਸਮਾਗਮ ਵਿਚ ਢਾਹਾਂ ਪ੍ਰਾਈਜ਼ ਦੇ ਸੰਸਥਾਪਕ ਬਰਜਿੰਦਰ ਸਿੰਘ ਢਾਹਾਂ ਨੇ ਸੰਬੋਧਨ ਕਰਦਿਆਂ ਕਿਹਾ, "ਸਾਲ 2023 ਦੇ ਢਾਹਾਂ ਸਾਹਿਤ ਪੁਰਸਕਾਰ ਜੇਤੂ, ਪੰਜਾਬੀ ਸਾਹਿਤ ਜਗਤ ਦੇ ਬਹੁਤ ਵਧੀਆ ਕਹਾਣੀਕਾਰ ਅਤੇ ਪ੍ਰਭਾਵਸ਼ਾਲੀ ਸ਼ਖਸੀਅਤਾਂ ਹਨ। ਉਨ੍ਹਾਂ ਦੀਆਂ ਕਹਾਣੀਆਂ ਦੇ ਭਾਵ ਸਾਡੇ ਮਨਾਂ ਨੂੰ ਖਿੱਚ ਪਾਉਣ ਵਾਲੇ ਹਨ ਅਤੇ ਇਹ ਪੁਸਤਕਾਂ ਪੰਜਾਬੀ ਸਾਹਿਤ ਨੂੰ ਇਕ ਵਿੱਲਖਣ ਸੰਦੇਸ਼ ਦੇਣ ਵਾਲੀਆਂ ਹਨ। ਪੰਜਾਬੀ ਜ਼ੁਬਾਨ ਦੀ ਅਮੀਰ ਵਿਰਾਸਤ ਨੂੰ ਜੋੜਨ ਵਾਲੇ ਢਾਹਾਂ ਸਾਹਿਤ ਪੁਰਸਕਾਰ ਦਾ ਉਦੇਸ਼ ਸਰਹੱਦਾਂ ਤੋਂ ਉੱਪਰ ਉੱਠ ਕੇ ਪੰਜਾਬੀ ਸਾਹਿਤ ਰਚਨਾ ਨੂੰ ਉਤਸ਼ਾਹਿਤ ਕਰਨਾ, ਵਿਸ਼ਵ ਭਰ ਦੇ ਪੰਜਾਬੀ ਭਾਈਚਾਰਿਆਂ ਨੂੰ ਜੋੜਨਾ, ਮਾਂ-ਬੋਲੀ ਪੰਜਾਬੀ ਅਤੇ ਇਸ ਦੇ ਸਾਹਿਤ ਦਾ ਪਸਾਰ ਕਰਨਾ ਹੈ। ਪੰਜਾਬੀ ਕਲਾ ਅਤੇ ਸਾਹਿਤਕ ਖੇਤਰਾਂ ਵਿੱਚ ਔਰਤਾਂ ਨੂੰ ਅਕਸਰ ਹੀ ਘੱਟ ਨੁਮਾਇੰਦਗੀ ਦਿੱਤੀ ਜਾਂਦੀ ਹੈ।

ਸਾਨੂੰ ਮਾਣ ਮਹਿਸੂਸ ਹੋ ਰਿਹਾ ਹੈ ਕਿ ਪੁਰਸਕਾਰ ਦੇ 10 ਸਾਲਾਂ ਦੇ ਸਫਰ ਵਿਚ ਅਸੀਂ ਆਪਣੀ ਪਹਿਲੀ ਔਰਤ ਵਿਜੇਤਾ ਦਾ ਐਲਾਨ ਕਰ ਰਹੇ ਹਾਂ ਜੋ ਕਿ ਸਿਰਫ ਆਪਣੀ ਲੇਖਣੀ ਦੀ ਗੁਣਵੱਤਾ ਦੇ ਆਧਾਰ 'ਤੇ ਢਾਹਾਂ ਪੁਰਸਕਾਰ ਪ੍ਰਾਪਤ ਕਰ ਰਹੀ ਹੈ।



ਪਹਿਲੀ ਔਰਤ ਜੇਤੂ ਦੀਪਤੀ ਬਬੂਟਾ (ਮੋਹਾਲੀ, ਪੰਜਾਬ, ਭਾਰਤ) ਨੂੰ ਉਸ ਦੇ ਗੁਰਮੁਖੀ ਲਿਪੀ ਵਿੱਚ ਲਿਖੇ ਕਹਾਣੀ ਸੰਗ੍ਰਹਿ "ਭੁੱਖ ਇਉਂ ਸਾਹ ਲੈਂਦੀ ਹੈ" ਲਈ 25 ਹਜ਼ਾਰ ਡਾਲਰ ਵਾਲਾ ਪੁਰਸਕਾਰ ਮਿਲਿਆ। ਸਮਾਗਮ ਵਿਚ ਬਬੂਟਾ ਨੇ ਕਿਹਾ, "ਸ਼ਬਦ ਮੇਰੀ ਜ਼ਿੰਦਗੀ ਹਨ, ਅੱਜ ਮੈਨੂੰ ਆਪਣੀਆਂ ਭਾਵਨਾਵਾਂ ਪ੍ਰਗਟਾਉਣ ਲਈ ਲਫਜ਼ ਨਹੀਂ ਮਿਲ ਰਹੇ ਹਨ। ਇਹ ਪ੍ਰਾਪਤੀ ਇਕੱਲੀ ਮੇਰੀ ਨਹੀਂ ਹੈ, ਇਹ ਹਰ ਔਰਤ ਦੀ ਹੈ ਜੋ ਆਪਣੇ ਸੁਪਨਿਆਂ ਦੀ ਜੰਗ ਲੜਦੀ ਹੈ, ਫਿਰ ਉਸ ਵਿਚ ਸਫਲ ਹੋ ਕੇ ਦਿਖਾਉਂਦੀ ਹੈ"।

ਇਸ ਮੌਕੇ ਜਮੀਲ ਅਹਿਮਦ ਪਾਲ (ਲਾਹੌਰ, ਪੰਜਾਬ, ਪਾਕਿਸਤਾਨ) ਨੇ ਸ਼ਾਹਮੁਖੀ ਲਿਪੀ ਵਿੱਚ ਲਿਖੇ ਕਹਾਣੀ ਸੰਗ੍ਰਹਿ "ਮੈਂਡਲ ਦਾ ਕਾਨੂੰਨ" ਅਤੇ ਬਲੀਜੀਤ (ਮੋਹਾਲੀ, ਪੰਜਾਬ, ਭਾਰਤ) ਨੇ ਗੁਰਮੁਖੀ ਲਿਪੀ ਵਿੱਚ ਲਿਖੇ ਕਹਾਣੀ ਸੰਗ੍ਰਹਿ "ਉੱਚੀਆਂ ਆਵਾਜ਼ਾਂ" ਲਈ ਫਾਈਨਲਿਸਟਾਂ ਦੇ ਤੌਰ 'ਤੇ 10-10 ਹਜ਼ਾਰ ਕੈਨੇਡੀਅਨ ਡਾਲਰ ਦਾ ਪੁਰਸਕਾਰ ਪ੍ਰਾਪਤ ਕੀਤਾ। ਇਸ ਮੌਕੇ ਜਮੀਲ ਅਹਿਮਦ ਪਾਲ ਨੇ ਬਿਆਨ ਦਿੱਤਾ, "ਜੀਵਨ ਦਾ ਸਭ ਤੋਂ ਖ਼ੁਸ਼ਗਵਾਰ ਦਿਨ ਉਹ ਸੀ ਜਦੋਂ ਜ਼ੁਬੈਰ ਅਹਿਮਦ ਅਤੇ ਫਿਰ ਬਾਰਜ ਢਾਹਾਂ ਨੇ ਫੋਨ 'ਤੇ ਓਹੀ ਖ਼ਬਰ ਸੁਣਾਈ, ਜਿਸ ਦੀ ਉਸ ਨੂੰ ਉਡੀਕ ਸੀ। ਪੰਜਾਬੀ ਲਿਖਣਾ ਪਹਿਲਾਂ ਵੀ ਮੇਰੇ ਲਈ ਇਬਾਦਤ ਸੀ, ਹੁਣ ਮਾਣ ਵੀ ਹੈ ਕਿ ਪੰਜਾਬੀ ਵਿੱਚ ਲਿਖੀ ਮੇਰੀ ਕਿਤਾਬ ਨੂੰ ਢਾਹਾਂ ਇਨਾਮ ਨੇ ਸਨਮਾਨਿਆ ਹੈ। ਬਲੀਜੀਤ ਨੇ ਆਪਣੇ ਸੰਬੋਧਨ ਵਿਚ ਕਿਹਾ, "ਚੜ੍ਹਦੇ ਅਤੇ ਲਹਿੰਦੇ ਪੰਜਾਬ ਤੋਂ ਇਲਾਵਾ ਦੁਨੀਆ ਦੇ ਕੋਨੇ-ਕੋਨੇ 'ਚ ਵਸਦੇ ਕਿਸੇ ਵੀ ਪੰਜਾਬੀ ਲੇਖਕ ਦਾ ਸੁਪਨਾ ਹੁੰਦਾ ਹੈ ਕਿ ਢਾਹਾਂ ਪ੍ਰਾਈਜ਼ ਉਸ ਦੇ ਦਰਵਾਜ਼ੇ 'ਤੇ ਦਸਤਕ ਦੇਵੇ। ਮੈਨੂੰ ਬਤੌਰ ਲੇਖਕ ਖ਼ੁਸ਼ੀ ਤੇ ਮਾਣ ਹੈ ਕਿ ਮੇਰੇ ਵਰਗੇ ਸਧਾਰਨ ਬੰਦੇ ਵੱਲੋਂ ਲਿਖੀ ਗਈ ਕਿਤਾਬ 'ਉੱਚੀਆਂ ਆਵਾਜ਼ਾਂ' ਨੂੰ ਫਾਈਨਲਿਸਟ ਦਾ ਪੁਰਸਕਾਰ ਮਿਲਿਆ ਹੈ"।

ਵਰਨਣਯੋਗ ਹੈ ਕਿ ਬਰਜਿੰਦਰ ਸਿੰਘ ਢਾਹਾਂ ਅਤੇ ਉਹਨਾਂ ਦੀ ਪਤਨੀ ਰੀਟਾ ਢਾਹਾਂ, ਸਮੂਹ ਢਾਹਾਂ ਪਰਵਾਰ, ਕੈਨੇਡਾ ਇੰਡੀਆ ਐਜੂਕੇਸ਼ਨ ਸੁਸਾਇਟੀਅਤੇ ਯੂਨੀਵਰਸਿਟੀ ਆਫ ਬ੍ਰਿਟਿਸ਼ ਕੋਲੰਬੀਆ ਦੇ ਸਹਿਯੋਗ ਨਾਲ ਸਾਲ 2013 ਵਿੱਚ ਢਾਹਾਂ ਪੁਰਸਕਾਰ ਦੀ ਸ਼ੁਰੂਆਤ ਕੀਤੀ ਗਈ ਸੀ। ਬਰਜਿੰਦਰ ਸਿੰਘ ਢਾਹਾਂ, ਬੀਬੀ ਕਸ਼ਮੀਰ ਕੌਰ ਢਾਹਾਂ ਅਤੇ ਪ੍ਰਸਿੱਧ ਸਮਾਜ ਸੇਵਕ ਸਵ: ਬਾਬਾ ਬੁੱਧ ਸਿੰਘ ਢਾਹਾਂ ਬਾਨੀ ਪ੍ਰਧਾਨ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਦੇ ਸਪੁੱਤਰ ਹਨ।

# ਪਰਾਲੀ ਨਾ ਸਾੜਨ ਵਾਲੇ ਕਿਸਾਨਾਂ ਦਾ ਪੰਜਾਬ ਵਿਧਾਨ ਸਭਾ 'ਚ ਕੀਤਾ ਜਾਵੇਗਾ ਸਨਮਾਨ : ਸੰਧਵਾਂ

**ਚੰਡੀਗੜ੍ਹ, (ਗੁਰਜੀਤ ਬਿੱਲਾ)** ਪੰਜਾਬ ਦੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਅਤੇ ਫ਼ਸਲੀ ਰਹਿੰਦ-ਖੂੰਹਦ ਨੂੰ ਖੇਤਾਂ 'ਚ ਨਾ ਸਾੜਨ ਲਈ ਪ੍ਰੇਰਿਤ ਕਰਨ ਦੇ ਉਦੇਸ਼ ਨਾਲ, ਅਜਿਹੇ ਕਿਸਾਨਾਂ ਨੂੰ ਪੰਜਾਬ ਵਿਧਾਨ ਸਭਾ 'ਚ ਸਨਮਾਨਿਤ ਕੀਤਾ ਜਾਵੇਗਾ, ਜਿਨ੍ਹਾਂ ਨੇ ਵੱਡੇ ਜਨਤਕ ਹਿੱਤਾਂ ਅਤੇ ਵਾਤਾਵਰਣ ਦੀ ਵਾਜਿਬ ਸੰਭਾਲ ਦੇ ਮੱਦੇਨਜ਼ਰ ਇਸ ਮਾੜੇ ਅਮਲ ਤੋਂ ਪਾਸਾ ਵੱਟਿਆ ਹੈ। ਇਹ ਜਾਣਕਾਰੀ ਦਿੰਦਿਆਂ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਦੱਸਿਆ ਕਿ ਸੂਬਾ ਸਰਕਾਰ ਅਜਿਹੇ ਸੂਝਵਾਨ ਕਿਸਾਨਾਂ ਦੀ, ਪਰਾਲੀ ਨੂੰ ਅੱਗ ਲਾਉਣ ਨਾਲ ਪੈਦਾ ਹੋਣ ਵਾਲੇ ਹਵਾ ਅਤੇ ਹੋਰ ਪ੍ਰਦੂਸ਼ਣ ਨੂੰ ਰੋਕਣ ਲਈ ਪਾਏ ਇਸ ਵਡਮੁੱਲੇ ਯੋਗਦਾਨ ਲਈ ਭਰਪੂਰ ਸ਼ਲਾਘਾ ਕਰਦੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਸਾਰੇ ਜ਼ਿਲ੍ਹਿਆਂ 'ਚ ਇਨ੍ਹਾਂ ਕਿਸਾਨਾਂ ਦਾ ਸਨਮਾਨ ਕਰਨ ਦਾ ਫੈਸਲਾ ਕੀਤਾ ਹੈ। ਉਨ੍ਹਾਂ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨੂੰ ਅਜਿਹੇ ਕਿਸਾਨਾਂ ਦੀ ਸੂਚੀ ਤਿਆਰ ਕਰਨ ਲਈ ਕਿਹਾ ਤਾਂ ਜੋ ਉਨ੍ਹਾਂ ਦਾ ਵਿਸ਼ੇਸ਼ ਮਾਣ-ਸਨਮਾਨ ਕੀਤਾ ਜਾ ਸਕੇ। ਸੰਧਵਾਂ ਨੇ ਕਿਹਾ ਕਿ ਪਰਾਲੀ ਨੂੰ ਅੱਗ ਨਾ ਲਗਾਉਣ ਵਾਲੇ ਕਿਸਾਨਾਂ ਨੂੰ ਸਨਮਾਨਿਤ ਕਰਨ ਲਈ ਖੇਤੀਬਾੜੀ ਅਤੇ ਹੋਰ ਸਬੰਧਤ ਵਿਭਾਗਾਂ ਦੇ ਸਹਿਯੋਗ ਨਾਲ ਸੂਬੇ ਭਰ 'ਚ ਵਿਸ਼ੇਸ਼ ਪ੍ਰੋਗਰਾਮ ਕਰਵਾਏ ਜਾਣਗੇ ਅਤੇ ਇਸ ਦੇ ਨਾਲ-ਨਾਲ ਵਿਧਾਨ ਸਭਾ 'ਚ ਵੀ ਉਨ੍ਹਾਂ ਦਾ ਮਾਣ ਕੀਤਾ ਜਾਵੇਗਾ।

ਸਪੀਕਰ ਨੇ ਦੱਸਿਆ ਕਿ ਪਿਛਲੇ ਸਾਲ ਵੀ ਪੰਜਾਬ ਵਿਧਾਨ ਸਭਾ ਵਿੱਚ ਵੱਡੀ ਗਿਣਤੀ 'ਚ ਕਿਸਾਨਾਂ ਦਾ ਸਨਮਾਨ ਕੀਤਾ ਗਿਆ ਸੀ। ਸਪੀਕਰ ਸੰਧਵਾਂ ਨੇ ਕਿਹਾ ਕਿ ਜਿਹੜੇ ਕਿਸਾਨ ਫ਼ਸਲੀ ਰਹਿੰਦ-ਖੂੰਹਦ ਨੂੰ ਅੱਗ ਨਹੀਂ ਲਗਾਉਂਦੇ, ਉਹ ਵਾਤਾਵਰਣ ਨੂੰ ਵੱਖ-ਵੱਖ ਤਰ੍ਹਾਂ ਦੇ ਪ੍ਰਦੂਸ਼ਣ ਤੋਂ, ਸਿਹਤ ਨੂੰ ਖ਼ਤਰਨਾਕ ਬਿਮਾਰੀਆਂ ਤੋਂ ਬਚਾਉਣ ਅਤੇ ਧਰਤੀ ਦੀ ਉਪਜਾਊ ਸ਼ਕਤੀ ਬਰਕਰਾਰ ਰੱਖਣ ਵਿੱਚ ਉਸਾਰੂ ਯੋਗਦਾਨ ਪਾ ਰਹੇ ਹਨ। ਸਪੀਕਰ ਨੇ ਸੂਬੇ ਦੇ ਕਿਸਾਨਾਂ ਨੂੰ ਖੇਤਰਾਂ ਵਿੱਚ ਵੱਧ ਤੋਂ ਵੱਧ ਬੂਟੇ ਲਗਾਉਣ ਦੀ ਅਪੀਲ ਵੀ ਕੀਤੀ ਤਾਂ ਜੋ ਸਾਫ਼-ਸੁਥਰਾ, ਹਰਿਆ ਭਰਿਆ ਅਤੇ ਪ੍ਰਦੂਸ਼ਣ ਰਹਿਤ ਵਾਤਾਵਰਣ ਯਕੀਨੀ ਬਣਾਇਆ ਜਾ ਸਕੇ।

## ਗੁਰੂ ਨਾਨਕ ਮਿਸ਼ਨ ਪਬਲਿਕ ਸਕੂਲ 'ਚ ਕਾਮਰਸ ਐਕਸਪੋ ਪ੍ਰਦਰਸ਼ਨੀ



**ਭੋਗਪੁਰ (ਕਾਹਲੋਂ)**- ਗੁਰੂ ਨਾਨਕ ਮਿਸ਼ਨ ਪਬਲਿਕ ਸਕੂਲ ਡੱਲਾ ( ਭੋਗਪੁਰ ) ਦੇ ਕਾਮਰਸ ਵਿਦਿਆਰਥੀਆਂ ਵਲੋਂ ਕਾਮਰਸ ਨਾਲ ਸੰਬੰਧਿਤ ਪ੍ਰਦਰਸ਼ਨੀ ਦਾ ਆਯੋਜਨ ਕੀਤਾ ਗਿਆ, ਜਿਸ ਦਾ ਮਕਸਦ ਵਿਦਿਆਰਥੀਆਂ ਨੂੰ ਕਾਮਰਸ ਦੀ ਅਸਲ ਜਾਣਕਾਰੀ ਦੇਣਾ ਸੀ ਤਾਂ ਜੋ ਉਹ ਆਪਣੀ ਜ਼ਿੰਦਗੀ ਵਿਚ ਉਸ ਨੂੰ ਅਮਲੀ ਰੂਪ ਦੇ ਸਕਣ। ਪ੍ਰਿੰਸੀਪਲ ਬਿਕਰਮ ਸਿੰਘ ਸੈਣੀ ਦੀ ਅਗਵਾਈ ਹੇਠ ਕਾਮਰਸ ਦੇ ਅਧਿਆਪਕ ਸ੍ਰੀਮਤੀ ਸਿਵਾਂਗੀ ਸੇਤੀਆ , ਅੰਮ੍ਰਿਤਪਾਲ ਸਿੰਘ, ਯਸ਼ ਕੁਮਾਰ, ਸ੍ਰੀਮਤੀ ਸ਼ਿਵਾਂਗੀ ਅਰੋੜਾ ਅਤੇ ਹੋਰ ਅਧਿਆਪਕਾਂ ਵਲੋਂ ਵਿਦਿਆਰਥੀਆਂ ਦੀ ਰਹਿਨੁਮਾਈ ਕੀਤੀ ਗਈ। ਪ੍ਰਦਰਸ਼ਨੀ ਵਿਚ ਨੋਟਬੰਦੀ, ਬੀਮਾ,ਵੱਡੀਆਂ -ਵੱਡੀਆਂ ਕੰਪਨੀਆਂ ਦੇ ਕੰਮ ਤਰੀਕਾ, ਮਸ਼ਹੂਰੀ ਦੇ ਫਾਇਦੇ ਅਤੇ ਨੁਕਸਾਨ ਆਦਿ ਦਾ ਜ਼ਿਕਰ ਕੀਤਾ ਗਿਆ। ਪ੍ਰਿੰਸੀਪਲ ਨੇਂ ਸਾਰੇ ਹੀ ਅਧਿਆਪਕਾਂ ਤੇ ਵਿਦਿਆਰਥੀਆਂ ਨੂੰ ਇਸੇ ਤਰ੍ਹਾਂ ਮਿਹਨਤ ਕਰਨ ਅਤੇ ਕੰਮ ਵਿਚ ਮਨ ਲਾਉਣ ਪ੍ਰੇਨਣਾ ਦਿੱਤੀ।

## ਗੁਰਦੁਆਰਾ ਬਾਉਲੀ ਸਾਹਿਬ ਵਿਖੇ ਜਪ-ਤਪ ਚੌਪਹਿਰਾ ਸਮਾਗਮ ਸ਼ਰਧਾ ਨਾਲ ਕਰਵਾਇਆ



**ਫਿਲੌਰ (ਨਿਰਮਲ)**- ਗੁਰਦੁਆਰਾ ਬਾਉਲੀ ਸਾਹਿਬ ਵਿਖੇ ਜਪ ਤਪ ਚੌਪਹਿਰਾ ਸਮਾਗਮ ਹਰ ਵਾਰ ਦੀ ਤਰ੍ਹਾਂ ਇਸ ਵਾਰ ਵੀ ਸ਼ਰਧਾ ਨਾਲ ਕਰਵਾਇਆ ਗਿਆ। ਏ ਕਮੇਟੀ ਮੈਂਬਰਾਂ ਨੇ ਦੱਸਿਆ ਕਿ ਧੰਨ ਧੰਨ ਬਾਬਾ ਬੁੱਢਾ ਜੀ ਸੇਵਾ ਸਿਮਰਨ ਸੁਸਾਇਟੀ ਲੁਧਿਆਣਾ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਭਾਈ ਘਨ੍ਹਈਆ ਜੀ ਸੇਵਾ ਸਿਮਰਨ ਸੁਸਾਇਟੀ ਅਤੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਜਨ ਤਪ ਚੌਪਹਿਰਾ ਸਮਾਗਮ 19 ਨਵੰਬਰ ਨੂੰ 12 ਵਜੇ ਤੋਂ 4 ਵਜੇ ਤੱਕ ਕਰਵਾਇਆ ਗਿਆ। ਮਾਤਾ ਵਿਪਨਦੀਪ ਕੌਰ, ਮਾਤਾ ਰਜਿੰਦਰ ਕੌਰ , ਭਾਈ ਓਮਪ੍ਰੀਤ ਸਿੰਘ ਹਜ਼ੂਰ ਸਾਹਿਬ ਵਾਲਿਆਂ ਵੱਲੋਂ ਗੁਰੂ ਚਰਨਾਂ 'ਚ ਹਾਜ਼ਰੀ ਲਗਵਾਈ ਗਈ ਅਤੇ ਸੰਗਤਾਂ ਨੂੰ ਨਾਮ ਜਪਾਇਆ ਗਿਆ। ਇਸ ਸਮਾਗਮ 'ਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਬਾਉਲੀ ਸਾਹਿਬ, ਇਸਤਰੀ ਸਤਿਸੰਗ ਸਭਾ ਫਿਲੌਰ, ਸੁਖਮਨੀ ਸਾਹਿਬ ਸਿਮਰਨ ਸੇਵਾ ਸੁਸਾਇਟੀ, ਮੀਰੀ ਪੀਰੀ ਸੇਵਕ ਸਭਾ ਫਿਲੌਰ, ਸੁਖਮਨੀ ਸਾਹਿਬ ਸੇਵਾ ਸੁਸਾਇਟੀ ਫਿਲੌਰ ਅਤੇ ਹੋਰਾਂ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਦਾ ਵਿਸ਼ੇਸ਼ ਸਹਿਯੋਗ ਰਿਹਾ। ਗੁਰੂ ਦਾ ਅਤੁੱਟ ਲੰਗਰ ਵਰਤਾਇਆ ਗਿਆ।

## ਫ੍ਰੀ ਪ੍ਰਦੂਸ਼ਣ ਚੈੱਕਅੱਪ ਕੈਂਪ ਅੱਜ



**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ )**-ਦੂਸ਼ਿਤ ਵਾਤਾਵਰਣ ਅੱਜ ਦੇ ਸਮੇਂ ਦੀ ਪ੍ਰਮੁੱਖ ਸਮੱਸਿਆ ਹੈ ਜੋ ਮਨੁੱਖੀ ਜੀਵਨ ਵਾਸਤੇ ਅਤਿਅੰਤ ਘਾਤਕ ਹੈ। ਲਾਇਨਜ਼ ਕਲੱਬ ਨੂਰਮਹਿਲ ਡ੍ਰੀਮ ਵੱਲੋਂ ਵਾਤਾਵਰਣ ਨੂੰ ਸ਼ੁੱਧ ਰੱਖਣ ਲਈ ਕੋਈ ਨਾ ਕੋਈ ਸਾਰਥਕ ਉਪਰਾਲਾ ਅਕਸਰ ਕੀਤਾ ਜਾਂਦਾ ਹੈ। ਕਲੱਬ ਦੀ ਪ੍ਰਧਾਨ ਲਾਇਨ ਸੋਮਿਨਾਂ ਸੰਧੂ, ਸੈਕੰਡ ਮੀਤ ਪ੍ਰਧਾਨ ਲਾਇਨ ਆਂਚਲ ਸੰਧੂ ਸੋਖਲ, ਪੀ.ਆਰ.ਓ ਰੋਹਿਤ ਸੰਧੂ, ਚੇਅਰਪਰਸਨ ਜਸਪ੍ਰੀਤ ਕੌਰ ਸੰਧੂ ਨੇ ਦੱਸਿਆ 21 ਨਵੰਬਰ ਦਿਨ ਮੰਗਲਵਾਰ ਨੂੰ ਸਵੇਰੇ 11 ਵਜੇ ਤੋਂ ਸਾਮ 4 ਵਜੇ ਤੱਕ ਅਸ਼ੋਕ ਬਬਿਤਾ ਸੰਧੂ ਪੈਟਰੋਲੀਅਮ, ਚੂਹੇਕੀ ਵਿਖੇ ਇੰਡੀਅਨ ਆਇਲ ਦੇ ਪੈਟਰੋਲ ਪੰਪ 'ਤੇ ਦੋ ਅਤੇ ਚਾਰ ਪਹੀਆ ਵਾਹਨਾਂ ਵਾਸਤੇ ਫ੍ਰੀ ਪ੍ਰਦੂਸ਼ਣ ਚੈੱਕ ਅਪ ਕੈਂਪ ਲਗਾਇਆ ਜਾ ਰਿਹਾ ਹੈ ਤਾਂ ਕਿ ਲੋਕ ਆਪਣੀਆਂ ਗੱਡੀਆਂ ਦਾ ਪ੍ਰਦੂਸ਼ਣ ਚੈੱਕ ਕਰਵਾਕੇ ਧੂਏਂ ਦੀ ਗੁਣਵੱਤਾ ਸੰਬੰਧੀ ਸਰਟੀਫਿਕੇਟ ਹਾਸਲ ਕਰ ਸਕਣ। ਉਨ੍ਹਾਂ ਦੱਸਿਆ ਕਿ ਪ੍ਰਦਸ਼ਣ ਦੀ ਸਮੱਸਿਆ ਨੂੰ ਵਧਾਉਣ ਵਿੱਚ ਮੋਟਰ ਗੱਡੀਆਂ ਦਾ ਖਰਾਬ ਧੂੰਆਂ ਵੀ ਇੱਕ ਬਹੁਤ ਵੱਡੀ ਸਮੱਸਿਆ ਹੈ ਜਿਸਦਾ ਨਿਵਾਰਣ ਕਰਨ ਲਈ ਗੱਡੀਆਂ ਦਾ ਪ੍ਰਦੂਸ਼ਣ ਚੈੱਕ ਕਰਨਾ ਸਰਬੱਤ ਦਾ ਭਲਾ ਅਤੇ ਨੇਕੀ ਦਾ ਕਾਰਜ ਹੈ। ਜੇਕਰ ਹਰ ਗੱਡੀ ਦੇ ਮਾਲਕ ਕੋਲ ਪ੍ਰਦੂਸ਼ਣ ਚੈੱਕ ਦਾ ਵੈਲਿਡ ਸਰਟੀਫਿਕੇਟ ਹੋਵੇ ਤਾਂ ਪੁਲਸ ਵੱਲੋਂ ਕੀਤੇ ਜਾਣ ਵਾਲੇ ਭਾਰੀ ਭਰਕਮ ਜੁਰਮਾਨੇ ਅਤੇ ਚਲਾਨ ਦਾ ਡਰ ਨਹੀਂ ਰਹਿੰਦਾ।

## ਵਿਕਾਸ ਕ੍ਰਾਂਤੀ ਰੈਲੀ ਨੇ ਹੁਸ਼ਿਆਰਪੁਰ 'ਚ ਤਰੱਕੀ ਦਾ ਨਵਾਂ ਅਧਿਆਏ ਲਿਖਿਆ : ਜਿੰਪਾ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਹਲਕਾ ਹੁਸ਼ਿਆਰਪੁਰ ਦੇ ਵਿਧਾਇਕ ਅਤੇ ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਹੁਸ਼ਿਆਰਪੁਰ ਵਿਖੇ ਹੋਈ ਵਿਕਾਸ ਕ੍ਰਾਂਤੀ ਰੈਲੀ ਦੀ ਅਪਾਰ ਕਾਮਯਾਬੀ ਲਈ ਲੋਕ ਸਭਾ ਹਲਕਾ ਹੁਸ਼ਿਆਰਪੁਰ ਦੇ ਸਮੂਹ ਲੋਕਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਹੈ। ਉਨ੍ਹਾਂ ਕਿਹਾ ਕਿ ਹੁਸ਼ਿਆਰਪੁਰ ਵਿਖੇ ਵਿਕਾਸ ਕ੍ਰਾਂਤੀ ਰੈਲੀ ਵਿਚ ਏਨੀ ਵੱਡੀ ਤਾਦਾਦ ਵਿਚ ਹਿੱਸਾ ਲੈਣ ਵਾਲੇ ਸਮੂਹ ਮੰਤਰੀਆਂ, ਵਿਧਾਇਕਾਂ, ਆਗੂ ਸਾਹਿਬਾਨ ਅਤੇ ਵਲੰਟੀਅਰ ਸਾਥੀਆਂ ਵੱਲੋਂ ਦਿੱਤੇ ਸਾਥ ਲਈ ਉਹ ਹਮੇਸ਼ਾ ਰਿਣੀ ਰਹਿਣਗੇ। ਉਨ੍ਹਾਂ ਕਿਹਾ ਕਿ 18 ਨਵੰਬਰ ਦਾ ਦਿਨ ਇਤਿਹਾਸਕ ਹੋ ਨਿੱਬੜਿਆ ਅਤੇ ਇਸ ਨੇ ਹੁਸ਼ਿਆਰਪੁਰ ਵਿਚ ਤਰੱਕੀ ਦਾ ਇਕ ਨਵਾਂ ਅਧਿਆਏ ਲਿਖਿਆ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਕਨਵੀਨਰ ਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਹਰਮਨ ਪਿਆਰੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ 867 ਕਰੋੜ ਰੁਪਏ ਦੇ ਪ੍ਰੋਜੈਕਟਾਂ ਨਾਲ ਇਲਾਕੇ ਦੀ ਨੁਹਾਰ ਬਦਲੇਗੀ। ਬ੍ਰਮ ਸ਼ੰਕਰ ਜਿੰਪਾ ਨੇ ਇਨ੍ਹਾਂ ਦੋਵਾਂ ਆਗੂਆਂ ਦਾ ਤਹਿ ਦਿਲੋਂ ਸ਼ੁਕਰੀਆ ਕੀਤਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਹੁਸ਼ਿਆਰਪੁਰ ਦੇ ਵਿਕਾਸ ਨੂੰ ਹਮੇਸ਼ਾ ਤਰਜੀਹ ਦਿੱਤੀ ਗਈ ਹੈ, ਜਿਸ ਲਈ ਹੁਸ਼ਿਆਰਪੁਰ ਦੇ ਲੋਕ ਹਮੇਸ਼ਾ ਉਨ੍ਹਾਂ ਦੇ ਧੰਨਵਾਦੀ ਰਹਿਣਗੇ। ਉਨ੍ਹਾਂ ਇਸ ਸਮਾਗਮ ਨੂੰ ਯਾਦਗਾਰੀ ਬਣਾਉਣ ਲਈ ਦਿਨ-ਰਾਤ ਮਿਹਨਤ ਕਰਨ ਵਾਲੇ ਸਿਵਲ ਅਤੇ ਪੁਲਸ ਪ੍ਰਸ਼ਾਸਨ ਦੇ ਅਧਿਕਾਰੀਆਂ, ਕਰਮਚਾਰੀਆਂ ਅਤੇ ਵਲੰਟੀਅਰਾਂ ਦੀ ਭਰਪੂਰ ਸ਼ਲਾਘਾ ਕੀਤੀ। ਕੈਬਨਿਟ ਮੰਤਰੀ ਨੇ ਕਿਹਾ ਕਿ ਇਸ ਰੈਲੀ ਦੀ ਅਪਾਰ ਸਫਲਤਾ ਨੂੰ ਦੇਖ ਕੇ ਕਈਆਂ ਦੇ ਮੂੰਹ ਨੂੰ ਤਾਲੇ ਲੱਗ ਗਏ ਹਨ ਅਤੇ ਕਈ ਤਾਂ ਸੌਂ ਹੀ ਗਏ ਹਨ।

## ਚਾਨੀਆਂ ਦੀ ਖੇਡ ਗਰਾਊਂਡ 'ਚ ਕਰਵਾਏ ਹਾਕੀ ਮੈਚ

**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ )**- ਰੂਰਲ ਹਾਕੀ ਡਿਵੈਲਪਮੈਂਟ ਸੁਸਾਇਟੀ ਵੱਲੋਂ 9ਵੀਂ ਕੈਪੀਟਲ ਸਮਾਲ ਫਾਇਨਾਂਸ ਬੈਂਕ ਪੇਂਡੂ ਹਾਕੀ ਲੀਗ ਦੇ ਦੂਜੇ ਦਿਨ ਦੇ ਹਾਕੀ ਦੇ ਮੈਚ ਜ਼ਿਲ੍ਹਾ ਜਲੰਧਰ ਦੇ ਅਧੀਨ ਆਉਂਦੇ ਪਿੰਡ ਚਾਨੀਆਂ ਦੀ ਖੇਡ ਗਰਾਊਂਡ ਵਿਖੇ ਕਰਵਾਏ ਗਏ। ਇਸ ਮੌਕੇ ਰੂਰਲ ਹਾਕੀ ਡਿਵੈਲਪਮੈਂਟ ਸੁਸਾਇਟੀ ਦੇ ਚੇਅਰਮੈਨ ਮਾਸਟਰ ਸੁਖਜੀਤ ਸਿੰਘ, ਪ੍ਰਧਾਨ ਹਰਭੁਪਿੰਦਰਜੀਤ ਸਿੰਘ ਸਮਰਾ , ਜਨਰਲ ਸੈਕਟਰੀ ਹਰਮੇਸ਼ ਲਾਲ ਡੀ.ਪੀ.ਈ, ਦੀ ਯੋਗ ਅਗਵਾਈ ਹੇਠ ਕਰਵਾਏ ਗਏ।



ਇਸ ਮੌਕੇ ਖਿਡਾਰੀਆਂ ਨੂੰ ਆਸ਼ੀਰਵਾਦ ਦੇਣ ਲਈ ਮੁੱਖ ਮਹਿਮਾਨ ਵਜੋਂ ਕੇ.ਜੀ.ਐਮ.ਹੱਡੀਆਂ ਦੇ ਹਸਪਤਾਲ ਦੇ ਐਮ ਡੀ ਡਾਕਟਰ ਕੁਲਵੰਤ ਗਿੱਲ ਹਾਜਰ ਹੋਏ। ਹਾਕੀ ਦੀਆ ਟੀਮਾਂ ਨੇ ਭਾਗ ਲਿਆ ਤੇ ਮੁੱਖ ਮਹਿਮਾਨ ਅਤੇ ਸੁਸਾਇਟੀ ਮੈਂਬਰਾਂ ਨੇ ਮੈਚਾਂ ਦੇ ਵਿਚ ਵਧੀਆ ਪ੍ਰਦਰਸ਼ਨ ਕਰਨ ਵਾਲੇ ਖਿਡਾਰੀਆਂ ਵਿੱਚੋਂ ਮੈਨ ਆਫ ਦੀ ਮੈਚ ਚੁਣਿਆ ਜਿੰਨ੍ਹਾਂ ਨੂੰ ਕੈਪੀਟਲ ਸਮਾਲ ਫਾਇਨਾਂਸ ਬੈਂਕ ਵੱਲੋਂ ਟੀ ਸ਼ਰਟ ਤੇ ਨਿਕਰ ਦਿੱਤੀ ਗਈ। ਸੁਸਾਇਟੀ ਤੇ ਪਿੰਡ ਚਾਨੀਆਂ ਦੇ ਮੋਹਤਬਾਰਾਂ ਵਲੋਂ ਮੁੱਖ ਮਹਿਮਾਨ ਨੂੰ ਯਾਦਗਾਰੀ ਸਨਮਾਨ ਚਿੰਨ੍ਹ ਭੇਟ ਕੀਤਾ ਗਿਆ। ਯੁਵਾ ਹਾਕੀ ਦੇ ਖਿਡਾਰੀਆਂ ਤੇ ਸੀਨੀਅਰ ਖਿਡਾਰੀਆਂ ਵਿਚਾਲੇ ਮੈਚ ਕਰਵਾਇਆ ਗਿਆ। ਇਸ ਮੌਕੇ ਪਿੰਡ ਚਾਨੀਆਂ ਤੋਂ ਗਗਨਪ੍ਰੀਤ ਸਿੰਘ ਚਾਨੀਆਂ ਅਤੇ ਸੁਸਾਇਟੀ ਤੋਂ ਪ੍ਰਭਪ੍ਰੀਤ ਕੌਰ ਸਮਰਾ, ਸੁਰਜੀਤ ਸਿੰਘ ਜੰਡਿਆਲਾ , ਫਾਇਨਾਂਸ ਦੇ ਐਮ ਡੀ ਤੇ ਹੋਰ ਖੇਡ ਪ੍ਰੇਮੀ ਹਾਜਰ ਸਨ।

## ਸੰਗਰਾਂਦ ਦਾ ਦਿਹਾੜਾ ਸ਼ਰਧਾ ਨਾਲ ਮਨਾਇਆ

**ਆਦਮਪੁਰ ( ਪਰਮਜੀਤ ਸਿੰਘ )**—ਗੁਰਦੁਆਰਾ ਸ਼ਹੀਦ ਬਾਬਾ ਮੱਤੀ ਜੀ ਵਿਖੇ ਮੱਘਰ ਮਹੀਨੇ ਦੀ ਸੰਗਰਾਂਦ ਦਾ ਦਿਹਾੜਾ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਪ੍ਰਬੰਧਕ ਕਮੇਟੀ ਦੇ ਪ੍ਰਧਾਨ ਮਨੋਹਰ ਸਿੰਘ ਨੇ ਦੱਸਿਆ ਕਿ ਸਵੇਰੇ 8 ਵਜੇ ਤੋਂ ਦੁਪਹਿਰ 1.30 ਵਜੇ ਤੱਕ ਸਜੇ ਦੀਵਾਨਾਂ 'ਚ ਭਾਈ ਲਖਵੀਰ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਸ਼ਹੀਦ ਬਾਬਾ ਮੱਤੀ ਜੀ ਵਲੋ ਸੰਗਤਾਂ ਨੂੰ ਕੀਰਤਨ ,ਕਥਾ ਅਤੇ ਢਾਡੀ ਵਾਰਾਂ ਰਾਹੀਂ ਗੁਰਬਾਣੀ ਨਾਲ ਜੋੜਿਆ ਗਿਆ। ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਸਕੱਤਰ ਰਣਵੀਰ ਪਾਲ ਸਿੰਘ,ਜਰਨੈਲ ਸਿੰਘ,ਸਰਪੰਚ ਰਸ਼ਪਾਲ ਸਿੰਘ ਪਾਲਾ,ਜਸਪਾਲ ਸਿੰਘ ਸਾਬਾ,ਨਰਿੰਦਰ ਪਾਲ ਸਿੰਘ ਨਿੰਦੀ,ਕੁਲਦੀਪ ਸਿੰਘ,ਹਰਦਿਆਲ ਸਿੰਘ,ਅਮਰਜੀਤ ਸਿੰਘ,ਸ਼ਹੀਦ ਬਾਬਾ ਮੱਤੀ ਜੀ ਰਾਜਪੂਤ ਸਭਾ ਦੇ ਪ੍ਰਧਾਨ ਜਰਨੈਲ ਸਿੰਘ ਨਡਾਲੋਂ,ਕੁਲਦੀਪ ਸਿੰਘ ਮਿਨਹਾਸ,ਦਲਜੀਤ ਸਿੰਘ ਭੱਟੀ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ ਗੁਰੂ ਘਰ ਦਾ ਆਸ਼ੀਰਵਾਦ ਲਿਆ। ਸਟੇਜ ਸਕੱਤਰ ਦੀ ਭੂਮਿਕਾ ਮਾਸਟਰ ਸੁਰਜੀਤ ਸਿੰਘ ਨੇ ਨਿਭਾਈ।



# ਮੋਟਰਸਾਈਕਲ ਸਣੇ ਚੋਰ ਕਾਬੂ



**ਬਲਾਚੌਰ (ਸੁਭਾਸ਼ ਭਾਟੀਆ)** ਪਿੰਡ ਰੈਲਮਾਜਰਾ ਦੇ ਇੱਕ ਘਰ ਦੇ ਵੇਹੜੇ ਵਿਚ ਖੜ੍ਹੇ ਮੋਟਰਸਾਈਕਲ ਨੂੰ ਚੋਰੀ ਕਰਨ ਵਾਲੇ ਇੱਕ ਨੌਜਵਾਨ 'ਤੇ ਮਾਮਲਾ ਦਰਜ ਕਰਨ ਤੋਂ ਬਾਅਦ ਆਸਰੋਂ ਚੌਂਕੀਂ ਦੀ ਪੁਲਸ ਵਲੋਂ ਉਸ ਨੂੰ ਮੋਟਰਸਾਈਕਲ ਸਣੇ ਕਾਬੂ ਕਰ ਲਿਆ ਗਿਆ ਹੈ। ਆਸਰੋਂ ਪੁਲਿਸ ਚੌਂਕੀਂ ਦੇ ਇੰਚਾਰਜ ਐਸ.ਆਈ. ਜਰਨੈਲ ਸਿੰਘ ਨੇ ਦੱਸਿਆ ਕਿ ਪਿੰਡ ਰੈਲਮਾਜਰਾ ਨਿਵਾਸੀ ਧਰਿੰਦਰ ਸਿੰਘ ਪੁੱਤਰ ਹਰਦੀਪ ਸਿੰਘ ਨੇ ਸ਼ਿਕਾਇਤ ਦਰਜ ਕਰਵਾਈ ਸੀ ਕਿ ਬੀਤੀ 14 ਨਵੰਬਰ ਨੂੰ ਉਹ ਘਰ ਦੇ ਵੇਹੜੇ ਵਿਚ ਮੋਟਰਸਾਈਕਲ ਨੰਬਰ ਪੀਬੀ 32 ਐਸ-4064 ਨੂੰ ਖੜ੍ਹਾ ਕੇ ਤੇ ਘਰ ਦੇ ਮੇਨ ਗੇਟ ਨੂੰ ਤਾਲਾ ਲਗਾ ਕੇ ਸਮੇਤ ਪਰਵਾਰ ਰੋਪੜ ਵਿਖੇ ਇੱਕ ਨਿੱਜੀ ਕੰਮ ਵਾਸਤੇ ਚਲੇ ਗਏ, ਪਰੰਤੂ ਜਦੋਂ ਦੁਪਹਿਰ 1 ਵਜੇ ਦੇ ਕਰੀਬ ਘਰ ਆ ਕੇ ਵੇਖਿਆ ਤਾਂ ਮੇਨ ਗੇਟ ਦਾ ਤਾਲਾ ਟੁੱਟਿਆ ਸੀ ਅਤੇ ਵੇਹੜੇ ਵਿਚੋਂ ਉਕਤ ਨੰਬਰੀ ਮੋਟਰਸਾਈਕਲ ਗਾਇਬ ਸੀ।

ਉਸ ਦੇ ਪਿਤਾ ਹਰਦੀਪ ਸਿੰਘ ਨੇ ਦੱਸਿਆ ਕਿ ਜਦੋਂ ਉਹ ਪਿੰਡ ਦੇ ਸਰਕਾਰੀ ਸਕੂਲ ਵਲੋਂ ਪੈਦਲ ਘਰ ਆ ਰਿਹਾ ਸੀ ਤਾਂ ਪਿੰਡ ਦਾ ਨੌਜਵਾਨ ਸੱਜਣ ਪੁੱਤਰ ਰਾਮ ਲਾਲ ਉਰਫ ਲਾਲਾ ਜੋ ਪਿੰਡ ਵਿਚ ਪਹਿਲਾਂ ਵੀ ਚੋਰੀਆਂ ਆਦਿ ਕਰਦਾ ਹੈ ਉਸ ਦਾ ਮੋਟਰਸਾਈਕਲ ਤੇਜ਼ੀ ਨਾਲ ਚਲਾਉਂਦਾ ਹੋਇਆ ਪਿੰਡ ਦੇ ਸ਼ਮਸ਼ਾਨ ਘਰ ਵੱਲ ਨੂੰ ਚਲਾ ਗਿਆ ਜਿਸ ਨੂੰ ਲੱਭਣ ਲਈ ਉਨ੍ਹਾਂ ਨੇ ਕਾਫੀ ਕੋਸ਼ਿਸ਼ ਕੀਤੀ ਪਰ ਉਹ ਨਾ ਮਿਲਿਆ।

ਇਸ ਤੋਂ ਬਾਅਦ ਧਰਿੰਦਰ ਸਿੰਘ ਦੀ ਸ਼ਿਕਾਇਤ 'ਤੇ ਪੁਲਸ ਵਲੋਂ ਉਕਤ ਖਿਲਾਫ ਮਾਮਲਾ ਦਰਜ ਕਰਕੇ ਉਸ ਦੀ ਤਲਾਸ਼ ਸ਼ੁਰੂ ਕੀਤੀ ਗਈ ਜਿਸਦੇ ਚਲਦਿਆਂ ਬੀਤੀ ਸ਼ਾਮ ਪੁਲਸ ਪਾਰਟੀ ਜਦੋਂ ਗਸ਼ਤ/ਚੈਕਿੰਗ ਕਰ ਰਹੀ ਸੀ ਤਾਂ ਸੱਜਣ ਮੋਟਰਸਾਈਕਲ 'ਤੇ ਸਵਾਰ ਹੋ ਕੇ ਪਨਿਆਲੀ ਖੁਰਦ ਵਲੋਂ ਆ ਰਿਹਾ ਸੀ ਤਾਂ ਉਸ ਨੂੰ ਮੋਟਰਸਾਈਕਲ ਸਮੇਤ ਕਾਬੂ ਕਰ ਲਿਆ ਗਿਆ।

# ਸੀ ਜੀ ਸੀ ਲਾਂਡਰਾਂ ਵੱਲੋਂ ਅਲੂਮਨਾਈ ਮੀਟ ਰੀਮਿਨਿਸੈਂਸ

**ਮੋਹਾਲੀ (ਗੁਰਜੀਤ ਬਿੱਲਾ)** ਸੀ ਜੀ ਸੀ ਲਾਂਡਰਾਂ ਵਿਖੇ ਅਲੂਮਨਾਈ ਮੀਟ ਰੀਮਿਨਿਸੈਂਸ-2023 ਦਾ ਆਯੋਜਨ ਕੀਤਾ ਗਿਆ ਜਿਸ ਵਿੱਚ 550 ਤੋਂ ਵੱਧ ਸਾਬਕਾ ਵਿਦਿਆਰਥੀ ਇਕੱਠੇ ਹੋਏ। ਇਸ ਅਨੰਦਮਈ ਸ਼ਾਮ 'ਚ ਸਾਬਕਾ ਸੀ ਜੀ ਸੀ ਐਨ ਆਪਣੇ ਪਿਆਰੇ ਅਲਮਾਮੇਟਰ 'ਚ ਮੌਜ ਮਸਤੀ, ਹਾਸੇ, ਪੁਰਾਣੀਆਂ ਯਾਦਾਂ ਲਈ ਇਕੱਠਾ ਹੋਏ। ਇਸ ਅਲੂਮਨਾਈ ਮੀਟ ਦੌਰਾਨ ਸਾਬਕਾ ਵਿਦਿਆਰਥੀਆਂ 'ਚ ਕਾਲਜ ਦੇ ਪਹਿਲੇ ਬੈਚ ਦੇ ਵਿਦਿਆਰਥੀਆਂ ਤੋਂ ਇਲਾਵਾ ਕਈ ਹੋਰ ਅਜਿਹੇ ਵਿਦਿਆਰਥੀ ਵੀ ਸ਼ਾਮਲ ਹੋਏ ਜੋ ਆਪਣੀ ਪਿਆਰੀ ਸੰਸਥਾ (ਸੀਜੀਸੀ) ਤੋਂ ਪਾਸ ਹੋਏ ਅਤੇ ਨਾਲ ਹੀ ਉੱਦਮੀ, ਕਾਰਪੋਰੇਟ, ਵਿਗਿਆਨੀ, ਖੋਜਕਰਤਾ, ਸਿਵਲ ਸੇਵਕ, ਰੱਖਿਆ ਅਫਸਰ, ਸਰਕਾਰੀ ਅਫਸਰ, ਸੈਲੀਬ੍ਰੀਟੀਜ਼ ਅਤੇ ਆਈਆਈਟੀ ਵਰਗੀਆਂ ਉੱਚ ਸੰਸਥਾਨਾਂ ਵਿੱਚ ਪ੍ਰੋਫੈਸਰ ਆਦਿ ਦੇ ਅਹੁਦੇ 'ਤੇ ਬਿਰਾਜਮਾਨ ਹੋ ਕੇ ਆਪਣੇ ਲਈ ਇੱਕ ਚੰਗਾ ਕਰੀਅਰ ਵੀ ਬਣਾਇਆ। ਸੀਜੀਸੀ ਲਾਂਡਰਾ ਦੇ ਚੇਅਰਮੈਨ ਸਤਨਾਮ ਸਿੰਘ ਸੰਧੂ ਵੱਲੋਂ ਸਾਰੇ ਸਾਬਕਾ ਵਿਦਿਆਰਥੀਆਂ ਦਾ ਨਿੱਘਾ ਸੁਆਗਤ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਡਾ.ਪੀਐਨ ਹਰੀਸ਼ਕੇਸ਼ਾ, ਕੈਂਪਸ ਡਾਇਰੈਕਟਰ, ਸੀਜੀਸੀ ਲਾਂਡਰਾਂ, ਸ਼੍ਰੀਮਤੀ ਗਗਨਦੀਪ ਕੌਰ ਭੁੱਲਰ, ਡੀਨ ਵਿਦਿਆਰਥੀ ਭਲਾਈ ਅਤੇ ਅਲੂਮਨੀ ਕੋਆਰਡੀਨੇਟਰ, ਡਾਇਰੈਕਟਰ ਅਤੇ ਹੋਰ ਫੈਕਲਟੀ ਮੈਂਬਰ ਵੀ ਸ਼ਾਮਲ ਹੋਏ। ਇਸ ਪ੍ਰੋਗਰਾਮ ਵਿੱਚ 40 ਤੋਂ ਵੱਧ ਹੋਣਹਾਰ ਸਾਬਕਾ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਇਸ ਤੋਂ ਇਲਾਵਾ 2006 ਤੋਂ 2010 ਦੇ ਬੈਚਾਂ ਤੱਕ ਦੇ ਹੋਰ 62 ਵਿਦਿਆਰਥੀਆਂ ਨੂੰ ਕੈਰੀਅਰ ਦੀਆਂ ਸ਼ਾਨਦਾਰ ਪ੍ਰਾਪਤੀਆਂ ਲਈ ਮਾਨਤਾ ਦਿੱਤੀ ਗਈ। ਪ੍ਰੋਗਰਾਮ ਵਿੱਚ ਸੱਭਿਆਚਾਰਕ ਪੇਸ਼ਕਾਰੀਆਂ, ਸੰਗੀਤ ਅਤੇ ਬੈਂਡ ਪੇਸ਼ਕਾਰੀਆਂ ਵੀ ਕਰਵਾਈਆਂ ਗਈਆਂ ਜਿਨ੍ਹਾਂ ਨੇ ਪ੍ਰੋਗਰਾਮ ਦੀ ਰੌਣਕ ਅਤੇ ਮਨੋਰੰਜਨ ਵਿੱਚ ਹੋਰ ਵੀ ਵਾਧਾ ਕੀਤਾ ਸ਼ਾਨਦਾਰ ਡਿਨਰ ਅਤੇ ਸੁਆਦੀ ਮਿਠਾਈਆਂ ਉਪਰੰਤ, ਸਾਬਕਾ ਵਿਦਿਆਰਥੀਆਂ ਨੇ ਡੀਜੇ ਲਗਾ ਕੇ ਆਪਣੇ ਦੋਸਤਾਂ ਨਾਲ ਇਸ ਸ਼ਾਨਦਾਰ ਸ਼ਾਮ ਦਾ ਜਸ਼ਨ ਮਨਾਇਆ ਅਤੇ ਖੂਬ ਮਨੋਰੰਜਨ ਕੀਤਾ।ਇਸ ਐਲੂਮਨੀ ਮੀਟ ਦੀ ਸਮਾਪਤੀ ਗਰੁੱਪ ਫੋਟੋਆਂ ਅਤੇ ਸਾਰੇ ਸਾਬਕਾ ਵਿਦਿਆਰਥੀਆਂ ਵੱਲੋਂ ਫਲੋਟਿੰਗ ਲਾਈਟ ਗੁਬਾਰੇ ਛੱਡਣ ਨਾਲ ਹੋਈ, ਜੋ ਸੀਜੀਸੀ ਲਾਂਡਰਾਂ ਲਈ ਉਨ੍ਹਾਂ ਦੇ ਸਾਂਝੇ, ਬੇਅੰਤ ਪਿਆਰ ਅਤੇ ਅਗਲੇ ਸਾਲ ਦੁਬਾਰਾ ਮਿਲਣ ਦੀ ਉਮੀਦ ਨੂੰ ਦਰਸਾ ਰਿਹਾ ਸੀ।



## ਪ੍ਰਕਾਸ਼ ਪੁਰਬ ਸਬੰਧੀ ਪ੍ਰਭਾਤ ਫੇਰੀਆਂ ਸ਼ੁਰੂ

**ਹੁਸ਼ਿਆਰਪੁਰ (ਓ ਪੀ ਰਾਣਾ )** ਪਹਿਲੀ ਪਾਤਿਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਖੁਸ਼ੀਆਂ ਦੇ ਸੰਬੰਧੀ ਪ੍ਰਭਾਤ ਫੇਰੀਆਂ ਸ਼੍ਰੋਮਣੀ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਮਹਲਾ ਬਸੀ ਜਾਨਾ, ਨਹਿਰ ਕਲੋਨੀ ਤੋਂ ਆਰੰਭ ਕੀਤੀਆਂ ਗਈਆਂ ਹਨ। ਪ੍ਰਧਾਨ ਰਾਮਜੀ ਦਾਸ ਨੇ ਦਸਿਆ ਕਿ ਪ੍ਰਭਾਤ ਫੇਰੀ ਡਾ.ਦਰਸ਼ਨ ਸਿੰਘ ਦੇ ਗ੍ਰਹਿ ਵਿਖੇ ਪਹੁੰਚੀ ਜਿਥੇ ਸੰਗਤਾਂ ਨੇ ਗੁਰਬਾਣੀ ਦਾ ਕੀਰਤਨ ਕਰਕੇ ਹਾਜ਼ਰੀ ਭਰੀ। ਉਨਾਂ ਦੱਸਿਆ ਕਿ 27 ਨਵੰਬਰ ਨੂੰ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਬਹੁਤ ਸ਼ਰਧਾ ਪੂਰਬਕ ਮਨਾਏ ਜਾਣਗੇ। ਸਹਿਜ ਪਾਠ ਦੇ ਭੋਗ ਤੋਂ ਉਪਰੰਤ ਕੀਰਤਨ ਦੇ ਦੀਵਾਨ ਸਜਾਏ ਜਾਣਗੇ। ਇਸ ਮੌਕੇ ਜਨਰਲ ਸਕੱਤਰ ਸੰਦੀਪ ਕੁਮਾਰ ਲਵਲੀ, ਸਤਵਿੰਦਰ ਕੁਮਾਰ, ਪਵਨ ਕੁਮਾਰ, ਬਖਸ਼ੋ, ਕਵਿਤਾ, ਰਾਣੀ, ਕਮਲਾ ਬੀਰੋ,ਸੰਦੀਪ, ਬਿਮਲਾ ਰਾਣੀ,ਆਸ਼ਾ,ਸੁਮਨ, ਰਿਤਕਾ, ਆਸ਼ਾ, ਪ੍ਰਭਜੋਤ ਅਤੇ ਵੱਡੀ ਗਿਣਤੀ ਵਿਚ ਸੰਗਤਾਂ ਹਾਜਰ ਸਨ।

# ਲੁੱਟ-ਖੋਹ ਤੇ ਚੋਰੀ ਦੀਆਂ ਵਾਰਦਾਤਾਂ ਨੂੰ ਅੰਜ਼ਾਮ ਦੇਣ ਵਾਲਾ ਪ੍ਰੇਮ ਕੁਮਾਰ ਪ੍ਰੇਮਾ ਸਾਥੀਆਂ ਸਮੇਤ ਗ੍ਰਿਫ਼ਤਾਰ



**ਮੁਕੇਰੀਆਂ, ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਮੁਕੇਰੀਆਂ ਪੁਲਸ ਨੇ ਚੋਰੀ ਦੀ ਵਾਰਦਾਤ ਨੂੰ ਅੰਜਾਮ ਦੇਣ ਵਾਲੇ ਪ੍ਰੇਮ ਕੁਮਾਰ ਉਰਫ ਪ੍ਰੇਮਾ ਨੂੰ ਸਾਥੀਆਂ ਸਮੇਤ ਗ੍ਰਿਫਤਾਰ ਕਰਨ 'ਚ ਸਫਲਤਾ ਹਾਸਲ ਕੀਤੀ ਹੈ। 17 ਨਵੰਬਰ ਨੂੰ ਏ.ਐਸ.ਆਈ ਕੁਲਦੀਪ ਸਿੰਘ ਨੇ ਆਪਣੇ ਸਾਥੀ ਕਰਮਚਾਰੀਆਂ ਸਮੇਤ ਨਾਕੇ ਦੌਰਾਨ ਇਕ ਵਿਸ਼ੇਸ਼ ਸੂਚਨਾ 'ਤੇ ਪ੍ਰੇਮ ਕੁਮਾਰ ਉਰਫ ਪ੍ਰੇਮਾ ਪੁੱਤਰ ਸਾਈਂ ਦਾਸ, ਵਾਸੀ ਨਵਾਂ ਭੰਗਾਲਾ ਅਤੇ ਜਗਦੀਸ਼ ਸਿੰਘ ਪੁੱਤਰ ਮਹਿੰਦਰ ਸਿੰਘ ਵਾਸੀ ਅਜੀਤ ਨਗਰ ਕਲੋਨੀ ਨੌਸ਼ਹਿਰਾ ਪੱਤਣ ਥਾਣਾ ਮੁਕੇਰੀਆਂ ਨੂੰ ਕਾਬੂ ਕਰ ਕੇ ਦੋਸ਼ੀਆਂ ਕੋਲੋਂ ਚੋਰੀ ਦਾ ਇੱਕ ਬੈਟਰਾ ਅਤੇ ਇੱਕ ਐਕਟਿਵਾ ਸਕੂਟਰ ਜੋ ਦੋਸ਼ੀਆਂ ਨੇ ਪਠਾਨਕੋਟ ਤੋਂ ਚੋਰੀ ਕੀਤੀ ਸੀ ਬਰਾਮਦ ਕੀਤਾ ਗਿਆ। 18 ਨਵੰਬਰ ਨੂੰ ਏ.ਐਸ.ਆਈ ਰਮੇਸ਼ ਕੁਮਾਰ ਨੇ ਦਿਨ ਦਿਹਾੜੇ ਚੋਰੀ ਦੀ ਵਾਰਦਾਤ ਨੂੰ ਅੰਜਾਮ ਦੇਣ ਵਾਲੇ ਦੀਪਕ ਕੁਮਾਰ ਪੁੱਤਰ ਸੁਖਵਿੰਦਰ ਸਿੰਘ ਵਾਸੀ ਅਟਲਗੜ੍ਹ ਦੇ ਘਰ ਅੰਦਰ ਦਾਖਲ ਹੋ ਕੇ ਕੀਤੀ ਚੋਰੀ ਦੀ ਵਾਰਦਾਤ ਨੂੰ ਅੰਜਾਮ ਦੇਣ ਵਾਲੇ ਦੋਸ਼ੀ ਬਲਜੀਤ ਸਿੰਘ ਪੁੱਤਰ ਅਮਰਜੀਤ ਸਿੰਘ ਦੇ ਘਰ ਦਿਨ- ਦਿਹਾੜੇ ਦਾਖਲ ਹੋ ਗਏ ਸਨ। ਪੁਲਸ ਨੇ ਦੱਸਿਆ ਕਿ ਕਈ ਮਾਮਲੇ ਮੁਲਜ਼ਮ ਪ੍ਰੇਮ ਕੁਮਾਰ ਉਰਫ ਪ੍ਰੇਮਾ ਅਤੇ ਜਗਦੀਸ਼ ਕੁਮਾਰ ਖਿਲਾਫ ਪਹਿਲਾਂ ਹੀ ਦਰਜ ਹਨ। ਭੰਗਾਲਾ ਦੇ ਲੋਕਾਂ ਦਾ ਕਹਿਣਾ ਹੈ ਕਿ ਭੰਗਾਲਾ ਇਲਾਕੇ 'ਚ ਕਈ ਲੁੱਟਾਂ-ਖੋਹਾਂ ਅਤੇ ਚੋਰੀਆਂ ਕਰਨ ਪਿੱਛੇ ਇਸ ਗਰੋਹ ਦਾ ਹੱਥ ਹੋ ਸਕਦਾ ਹੈ। ਇਹ ਗਰੋਹ ਇਲਾਕੇ 'ਚ ਕਾਫੀ ਸਰਗਰਮ ਸੀ ਅਤੇ ਭੰਗਾਲਾ ਇਲਾਕੇ ਦੇ ਹੋਰ ਵੀ ਕਈ ਲੋਕ ਇਨ੍ਹਾਂ ਨਾਲ ਜੁੜੇ ਹੋ ਸਕਦੇ ਹਨ।

## ਮੁੱਖ ਮੰਤਰੀ ਵੱਲੋਂ ਤਿੰਨ ਛਠ ਪੂਜਾ ਘਾਟਾਂ ਦੇ ਨਿਰਮਾਣ ਦਾ ਐਲਾਨ

**ਚੰਡੀਗੜ੍ਹ (ਕ੍ਰਿਸ਼ਨ ਲਾਲ ਗਰਗ)** - ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਨੇ ਛਠ ਪੂਜਾ 'ਤੇ ਪੂਰਵਾਂਚਲ ਵਾਸੀਆਂ ਨੂੰ ਮਹਤੱਵਪੂਰਨ ਸੌਗਾਤ ਦਿੰਦੇ ਹੋਏ ਪਾਣੀਪਤ ਜ਼ਿਲ੍ਹੇ ਵਿਚ ਛਠ ਪੂਜਾ ਦੇ ਲਈ ਸਮਰਪਤ ਤਿੰਨ ਘਾਟਾਂ ਦੇ ਨਿਰਮਾਣ ਦਾ ਐਲਾਨ ਕੀਤਾ। ਮੁੱਖ ਮੰਤਰੀ ਨੇ ਕਿਹਾ ਕਿ ਛਠ ਪੂਜਾ ਤਹਿਤ ਸਾਫ ਪਾਣੀ ਲਈ ਅਵਲਾਨਾ ਡਿਸਟੀਬਿਊਟਰੀ 'ਤੇ 2 ਕਰੋੜ ਰੁਪਏ ਦੀ ਲਾਗਤ ਨਾਲ 700 ਫੁੱਟ ਦੇ ਘਾਟ, ਅਸੰਧ ਰੋਡ 'ਤੇ ਧਰਮਲ ਚੈਨਲ ਦੇ ਕੋਲ 1 ਕਰੋੜ ਰੁਪਏ ਦੀ ਲਾਗਤ ਨਾਲ 300 ਫੁੱਟ ਦੇ ਘਾਟ ਅਤੇ ਬਾਬਰਪੁਰ ਪੁਲ ਦੇ ਕੋਲ ਡ੍ਰੇਨ ਨੰਬਰ 2 'ਤੇ 2 ਕਰੋੜ ਰੁਪਏ ਦੇ ਨਾਲ 300 ਫੁੱਟ ਦਾ ਇਕ ਹੋਰ ਘਾਟ ਦਾ ਨਿਰਮਾਣ ਕੀਤਾ ਜਾਵੇਗਾ। ਇਸ ਤੋਂ ਇਲਾਵਾ ਮਨੋਹਰ ਲਾਲ ਨੇ ਮਹਿਰਾਨਾ ਪਿੰਡ ਦੀ ਭੂਮੀ 'ਤੇ ਦੋ ਨਹਿਰਾਂ ਦੇ ਵਿਚ ਸੂਰਿਆਮੰਦਿਰ ਦੇ ਨਿਰਮਾਣ ਦਾ ਵੀ ਐਲਾਨ ਕੀਤਾ। ਮੁੱਖ ਮੰਤਰੀ ਨੇ ਇਸ ਪਵਿੱਤਰ ਮੌਕੇ 'ਤੇ ਮਾਤਾਵਾਂ, ਭੈਣਾਂ ਅਤੇ ਬੇਟੀਆਂ ਸਮੇਤ ਪ੍ਰਦਰਸ਼ਨਵਾਸੀਆਂ ਨੂੰ ਸ਼ੁੱਭਕਾਮਨਾਵਾਂ ਦਿੰਦੇ ਹੋਏ ਸਾਰਿਆਂ ਨੂੰ ਛਠ ਪੂਜਾ ਦੇ ਪਵਿੱਤਰ ਪੂਰਵ ਦੀ ਵਧਾਈ ਦਿੱਤੀ। ਛਠ ਪੂਜਾ ਦੌਰਾਨ ਲੋਕ ਘੰਟਿਆਂ ਪਾਣੀ ਵਿਚ ਖੜ੍ਹੇ ਹੋ ਕੇ ਭਗਵਾਨ ਸੂਰਿਆ ਨਰਾਇਣ ਦੀ ਪੂਜਾ ਕਰਦੇ ਹਨ। ਮੁੱਖ ਮੰਤਰੀ ਨੇ ਪੂਜਾ ਵਿਚ ਹਿੱਸਾ ਲੈਣ ਵਾਲੀਆਂ ਮਹਿਲਾਵਾਂ ਦੀ ਸ਼ਲਾਘਾ ਕਰਦੇ ਹੋਏ ਉਨ੍ਹਾਂ ਦੇ ਭਰੋਸੇ, ਧੀਰਜ ਅਤੇ ਹਿੰਮਤ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਕਿਹਾ ਕਿ ਇਹ ਸੂਬਾ ਬੇਟੀਆਂ ਨੂੰ ਬਚਾਉਣ ਦੀ ਦਿਸ਼ਾ ਵਿਚ ਮੋਹਰੀ ਸੂਬੇ ਵਜੋਂ ਉਭਰਿਆ ਹੈ। ਉਨ੍ਹਾਂ ਕਿਹਾ ਕਿ ਸੂਬੇ ਦਾ ਲਿੰਗ ਅਨੁਪਾਤ ਜੋ ਉਸ ਸਮੇਂ 871 ਸੀ, ਹੁਣ ਵਧ ਕੇ 931 ਤੋਂ ਉੱਪਰ ਹੋ ਗਿਆ ਹੈ। ਇਸ ਮੌਕੇ ਸਾਂਸਦ ਮਨੋਜ ਤਿਵਾਰੀ ਨੇ ਕਿਹਾ ਕਿ ਮੁੱਖ ਮੰਤਰੀ ਮਨੋਹਰ ਲਾਲ ਨੇ ਸਥਾਨਕ ਲੋਕਾਂ ਦੀ ਸਿਰਫ ਅਪੀਲ 'ਤੇ ਹੀ ਤਿੰਨ ਘਾਟਾਂ ਅਤੇ ਸੂਰਿਆਮੰਦਿਰ ਨੂੰ ਮਨਜ਼ੂਰੀ ਦੇ ਕੇ ਜ਼ਰੂਰਤਾਂ ਨੂੰ ਪੂਰਾ ਕੀਤਾ ਹੈ। ਉਨ੍ਹਾ ਦੱਸਿਆ ਕਿ ਇਸ ਤੋਂ ਪਹਿਲਾਂ ਕਿਸੇ ਵੀ ਸਰਕਾਰ ਨੇ ਪੂਰਵਾਂਚਲ ਕਮਿਊਨਿਟੀ ਦੀ ਭਲਾਈ ਨੂੰ ਪ੍ਰਾਥਮਿਕਤਾ ਨਹੀਂ ਦਿੱਤੀ। ਇਸ ਮੌਕੇ ਸਾਂਸਦ ਸੰਜੈ ਭਾਟੀਆ ਨੇ ਵੀ ਲੋਕਾਂ ਨੂੰ ਸੰਬੋਧਿਤ ਕੀਤਾ।

# ਸਮੇਂ ਸਿਰ ਇਲਾਜ ਨਾਲ ਬਚਿਆ ਜਾ ਸਕਦਾ ਹੈ ਦਿਮਾਗੀ ਦੌਰੇ ਤੋਂ : ਡਾ. ਜੈਨ



**ਮੋਹਾਲੀ, (ਗੁਰਜੀਤ ਬਿੱਲਾ)**- ਸਥਾਨਕ ਪਾਰਕ ਹਸਪਤਾਲ ਦੇ ਦਿਮਾਗੀ ਰੋਗ ਮਾਹਿਰ ਡਾਕਟਰ ਸਕਸ਼ਮ ਜੈਨ ਨੇ ਕਿਹਾ ਕਿ ਅਧਰੰਗ (ਪੈਰਾਲਾਇਸਸ) ਹੋਣ ਦੀ ਸਥਿਤੀ ਵਿੱਚ ਜੇਕਰ ਚਾਰ-ਪੰਜ ਘੰਟੇ ਦੇ ਅੰਦਰ ਡਾਕਟਰੀ ਸਹਾਇਤਾ ਮਿਲ ਜਾਵੇ ਤਾਂ ਬਚਾਅ ਹੋ ਸਕਦਾ ਹੈ। ਡਾਕਟਰ ਜੈਨ ਨੇ ਕਿਹਾ ਕਿ ਸ਼ੂਗਰ ਅਤੇ ਬਲੱਡ ਪ੍ਰੈਸ਼ਰ ਦਾ ਵਧਣਾ ਬਹੁਤ ਘਾਤਕ ਹੈ, ਇਸ ਕਾਰਨ ਦੌਰਾ ਪੈਣ ਦੇ ਖਤਰੇ ਵਧ ਜਾਂਦੇ ਹਨ। ਵਿਸ਼ਵ ਦੌਰਾ ਦਿਵਸ ਦੇ ਥੀਮ ਟੁਗੈਦਰ ਵੁਈ ਆਰ ਗ੍ਰੇਟਰ ਦੈਨ ਸਟਰੋਕ ਦਾ ਜਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਦਿਮਾਗੀ ਦੌਰੇ ਨੂੰ ਰੋਕਣ ਲਈ ਚੇਤਨਾ ਦੀ ਜਰੂਰਤ ਹੈ। ਉਨ੍ਹਾਂ ਕਿਹਾ ਕਿ ਭਾਰਤ ਵਿੱਚ ਰੋਜਾਨਾ ਕਰੀਬ ਦੋ ਹਜ਼ਾਰ ਵਿਅਕਤੀ ਦੌਰੇ ਦੇ ਕਾਰਨ ਮੌਤ ਦਾ ਸ਼ਿਕਾਰ ਹੋ ਜਾਂਦੇ ਹਨ। ਉਨ੍ਹਾਂ ਕਿਹਾ ਦੌਰੇ ਦੇ ਸੰਕੇਤ ਮਿਲਣ ਤੇ ਇੰਨ੍ਹਾਂ ਨੂੰ ਅਣਗੌਲਿਆ ਨਹੀ ਕੀਤਾ ਜਾਣਾ ਚਾਹੀਦਾ ਹੈ, ਬਲਕਿ ਤੁਰੰਤ ਡਾਕਟਰੀ ਸਹਾਇਤਾ ਲੈਣੀ ਚਾਹੀਦੀ ਹੈ। ਇਸ ਲਈ ਬਲੱਡ ਪ੍ਰੈਸ਼ਰ, ਸ਼ੂਗਰ ਅਤੇ ਕੈਲਸਟਰੋਲ ਆਦਿ ਨੂੰ ਕਾਬੂ ਵਿੱਚ ਰੱਖਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਤੰਬਾਕੂਨੋਸ਼ੀ ਤੋਂ ਪੂਰੀ ਤਰ੍ਹਾਂ ਪ੍ਰਹੇਜ਼ ਕੀਤਾ ਜਾਣਾ ਜਰੂਰੀ ਹੈ ਅਤੇ ਸਾਲ ਵਿੱਚ ਇੱਕ ਦੋ ਵਾਰ ਡਾਕਟਰੀ ਜਾਂਚ ਕਰਵਾਉਣੀ ਜਰੂਰੀ ਹੈ। ਉਨ੍ਹਾਂ ਕਿਹਾ ਕਿ ਚੰਗੀ ਸਿਹਤ ਲਈ ਆਪਣੇ ਖਾਣ-ਪੀਣ ਦੀਆਂ ਆਦਤਾਂ ਵਿੱਚ ਸੁਧਾਰ ਕਰਨਾ ਚਾਹੀਦਾ ਹੈ। ਇਸ ਤੋਂ ਇਲਾਵਾ ਸਵੇਰ ਦੀ ਸੈਰ ਜਾਂ ਕਸਰਤ ਨੂੰ ਵੀ ਆਪਣੀ ਜਿੰਦਗੀ ਦਾ ਹਿੱਸਾ ਬਣਾਉਣਾ ਚਾਹੀਦਾ ਹੈ। ਡਾ. ਜੈਨ ਨੇ ਕਿਹਾ ਕਿ ਦਿਮਾਗ ਦਾ ਦੌਰਾ ਦੋ ਕਿਸਮ ਦਾ ਹੁੰਦਾ ਹੈ, ਜਿਸ ਨੂੰ ਇਸਕੀਮਕ ਅਤੇ ਹੈਮੋਰੈਜਿਕ ਕਿਹਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਇਸਕੀਮਕ ਦੌਰੇ ਵਿੱਚ ਖੂਨ ਦੇ ਕਤਲੇ ਕਾਰਨ ਦਿਮਾਗ ਨੂੰ ਖੂਨ ਦੀ ਸਪਲਾਈ ਘਟ ਜਾਂਦੀ ਹੈ ਅਤੇ ਹੈਮੋਰੈਜਿਕ ਵਿੱਚ ਦਿਮਾਗ ਦੀ ਨਾੜੀ ਫੱਟ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਇਸਕੀਮਕ ਦੌਰੇ ਦੀ ਸੂਰਤ ਵਿਚ ਇਕ ਟੀਕਾ ਲਗਾ ਕੇ ਇਸਦਾ ਇਲਾਜ ਕੀਤਾ ਜਾਂਦਾ ਹੈ। ਇਸ ਮੌਕੇ ਹਸਪਤਾਲ ਦੇ ਸੀ.ਈ.ਓ. ਏਅਰ ਮਾਰਸ਼ਲ ਡਾਕਟਰ ਰਾਕੇਸ਼ ਕੁਮਾਰ ਰਾਨਿਆਲ ਅਤੇ ਡਿਪਟੀ ਸੀਈਓ ਗੁਰਜੀਤ ਸਿੰਘ ਰੋਮਾਣਾ ਅਤੇ ਡਾ. ਅਰਚਿਤ ਵੀ ਮੌਜੂਦ ਸਨ।

## ਭਾਈ ਗੁਰਵਿੰਦਰ ਸਿੰਘ ਬੱਬਰ ਦਾ ਸ਼ਹੀਦੀ ਦਿਹਾੜਾ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ

**ਫਗਵਾੜਾ (ਜਸਵਿੰਦਰ ਢੱਡਾ)**-ਖਾਲਸਾ ਪੰਥ ਦੀਆਂ ਨੀਹਾਂ ਨੂੰ ਮਜਬੂਤ ਕਰਨ ਲਈ ਗੁਰੂ ਸਾਹਿਬ ਜੀ ਦੇ ਪਾਏ ਪੂਰਨਿਆਂ 'ਤੇ ਚੱਲਦਿਆਂ ਹੋਇਆਂ ਸ਼ਹੀਦੀ ਜਾਮ ਪੀਣ ਵਾਲੀ ਸਿੱਖ ਕੌਮ ਦੀ ਮਹਾਨ ਸ਼ਖਸੀਅਤ ਸ਼ਹੀਦ ਭਾਈ ਗੁਰਵਿੰਦਰ ਸਿੰਘ ਬੱਬਰ ਉਰਫ ਬਿੰਦਰ ਦੀ 33ਵੀਂ ਸਾਲਾਨਾ ਬਰਸੀ ਭਾਈ ਸਰਬਜੀਤ ਸਿੰਘ ਅਤੇ ਉਹਨਾਂ ਦੇ ਪਰਵਾਰ ਵੱਲੋਂ ਗੁਰਦੁਆਰਾ ਗੁਰੂ ਹਰਿਗੋਬਿੰਦ ਸਾਹਿਬ ਪਿੰਡ ਨੌਰੰਗਸ਼ਾਹਪੁਰ ਵਿਖੇ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਈ ਗਈ। ਇਸ ਮੌਕੇ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਉਣ ਉਪਰੰਤ ਭਾਈ ਬਲਦੇਵ ਸਿੰਘ ਫਗਵਾੜਾ ਦੇ ਰਾਗੀ ਜੱਥੇ ਨੇ ਗੁਰਬਾਣੀ ਕਥਾ ਕੀਰਤਨ ਦੁਆਰਾ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ। ਅੰਤ ਵਿੱਚ ਭਾਈ ਸਾਹਿਬ ਦੀ ਆਤਮਾ ਦੀ ਸ਼ਾਂਤੀ ਅਤੇ ਸਮੂਹ ਪਰਵਾਰ ਦੀ ਚੜ੍ਹਦੀਕਲਾ ਲਈ ਗੁਰੂ ਸ੍ਰੀ ਗ੍ਰੰਥ ਸਾਹਿਬ ਜੀ ਦੇ ਚਰਨਾਂ ਵਿੱਚ ਅਰਦਾਸ ਬੇਨਤੀ ਕੀਤੀ ਗਈ। ਇਸ ਮੌਕੇ ਜੱਥੇਦਾਰ ਰਜਿੰਦਰ ਸਿੰਘ ਫੌਜੀ ਦੋਆਬਾ ਇੰਚਾਰਜ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਸਰਪੰਚ ਨੌਰੰਗਸ਼ਾਹਪੁਰ ਸਾਥੀ ਭਾਈ ਗੁਰਵਿੰਦਰ ਸਿੰਘ ਬੱਬਰ, ਰੇਸ਼ਮ ਸਿੰਘ ਪੱਪੀ, ਹਰਭਜਨ ਸਿੰਘ ਯੂਕੇ, ਸੰਦੀਪ ਸਿੰਘ ਯੂਕੇ, ਕੰਮਗੀਤ ਸਿੰਘ ਨਾਹਲ ਯੂਕੇ, ਜੋਗਿੰਦਰ ਸਿੰਘ ਕਨੇਡਾ, ਜਸਬੀਰ ਸਿੰਘ ਨਾਹਲ, ਕਿਰਨਦੀਪ ਕੌਰ ਵਿਰਕ, ਬੀਬੀ ਮਨਜੀਤ ਕੌਰ ਯੂਕੇ, ਬੀਬੀ ਰਮੇਸ਼ ਕੌਰ ਯੂਕੇ, ਜੱਥੇਦਾਰ ਸੁੱਚਾ ਸਿੰਘ ਬਿਸ਼ਨਪੁਰ, ਬਾਬਾ ਬਲਦੇਵ ਸਿੰਘ ਰਾਇਪੁਰ, ਗੁਰਬਖਸ਼ ਸਿੰਘ ਅਠੌਲੀ, ਭਾਈ ਗੁਰਦਿਆਲ ਸਿੰਘ ਮਾਨਾਂਵਾਲੀ ਜ਼ਿਲ੍ਹਾ ਪ੍ਰੈਸ ਸਕੱਤਰ, ਨੰਬਰਦਾਰ ਝਲਮਣ ਸਿੰਘ, ਸਾਬਕਾ ਸਰਪੰਚ ਹਰਵਿੰਦਰ ਸਿੰਘ, ਸਾਬਕਾ ਸਰਪੰਚ ਜੀਤ ਸਿੰਘ, ਬੀਬੀ ਸੁਰਿੰਦਰ ਕੌਰ ਸਿੰਘਣੀ, ਪੰਚ ਹਰਦੀਪ ਕੌਰ, ਪੰਚ ਗੁਰਪ੍ਰੀਤ ਕੌਰ, ਪੰਚ ਤਰਲੋਕ ਸਿੰਘ, ਪੰਚ ਬਲਦੇਵ ਸਿੰਘ ਆਦਿ ਨੇ ਸ਼ਿਰਕਤ ਕੀਤੀ। ਜੱਥੇਦਾਰ ਰਜਿੰਦਰ ਸਿੰਘ ਫੌਜੀ (ਸਾਥੀ ਭਾਈ ਗੁਰਵਿੰਦਰ ਸਿੰਘ ਬੱਬਰ) ਨੇ ਇਕੱਤਰ ਇਕੱਠ ਨੂੰ ਸੰਬੋਧਨ ਕਰਦਿਆਂ ਹੋਇਆਂ ਕਿਹਾ ਕਿ ਭਾਈ ਗੁਰਵਿੰਦਰ ਸਿੰਘ ਬੱਬਰ ਨੇ ਵੀਹਵੀਂ ਸਦੀ ਦੇ ਮਹਾਨ ਸਿੱਖ ਜਰਨੈਲ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਵੱਲੋਂ ਵਿੱਢੇ ਸੰਘਰਸ਼ ਵਿੱਚ ਹਿੱਸਾ ਲੈਂਦਿਆਂ ਸਿੱਖ ਕੌਮ ਦੀ ਚੜ੍ਹਦੀਕਲ੍ਹਾ ਲਈ ਬਲੀਦਾਨ ਦਿੱਤਾ ਹੈ ਜਿਸਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ।

# ਪੰਜਾਬ ਸਰਕਾਰ ਭ੍ਰਿਸ਼ਟਾਚਾਰੀਆਂ ਖਿਲਾਫ ਕਾਰਵਾਈ ਨਹੀਂ ਕਰ ਰਹੀ : ਮਾਨ

**ਗੜ੍ਹਸ਼ੰਕਰ, ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਵਿਧਾਨ ਸਭਾ ਦੀਆਂ ਇਲੈਕਸ਼ਨਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਦੇ ਆਗੂਆਂ ਨੇ ਪੰਜਾਬ ਦੇ ਲੋਕਾਂ ਨਾਲ ਵੱਡੇ ਵੱਡੇ ਵਾਅਦੇ ਕੀਤੇ ਸਨ ਕਿ ਉਨ੍ਹਾਂ ਦੀ ਸਰਕਾਰ ਬਣਨ 'ਤੇ ਪੰਜਾਬ ਵਿੱਚੋਂ ਭ੍ਰਿਸ਼ਟਾਚਾਰ ਖਤਮ ਕਰ ਦਿੱਤਾ ਜਾਵੇਗਾ ਪਰ ਭਗਵੰਤ ਮਾਨ ਸਰਕਾਰ ਨੇ ਭ੍ਰਿਸ਼ਟਾਚਾਰ ਤਾਂ ਕੀ ਖਤਮ ਕਰਨਾ ਸੀ ਸਰਕਾਰ ਦੇ ਵੱਡੇ ਵੱਡੇ ਮੰਤਰੀ ਖੁਦ ਭ੍ਰਿਸ਼ਟਾਚਾਰ ਵਿੱਚ ਫਸੇ ਹੋਏ ਹਨ ਜਿਨਾਂ ਖਿਲਾਫ ਸਰਕਾਰ ਕੋਈ ਕਾਰਵਾਈ ਨਹੀਂ ਕਰ ਰਹੀ ਤੇ ਸਰਕਾਰ ਪੰਜਾਬ ਦੇ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰਨ ਵਿੱਚ ਬੁਰੀ ਤਰ੍ਹਾਂ ਫੇਲ੍ਹ ਸਾਬਤ ਹੋਈ ਹੈ।



ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕੁਸ਼ਲਪਾਲ ਸਿੰਘ ਮਾਨ ਕੌਮੀ ਜਨਰਲ ਸਕੱਤਰ ਤੇ ਲੋਕ ਸਭਾ ਹਲਕਾ ਅਨੰਦਪੁਰ ਸਾਹਿਬ ਤੋਂ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਉਮੀਦਵਾਰ ਨੇ ਹੋਟਲ ਸਿਟੀ ਪਲਾਜ਼ਾ ਗੜ੍ਹਸ਼ੰਕਰ ਵਿਖੇ ਲੋਕ ਸਭਾ ਹਲਕਾ ਅਨੰਦਪੁਰ ਸਾਹਿਬ ਅਤੇ ਐਸ ਜੀ ਪੀ ਸੀ ਦੀਆਂ ਚੋਣਾਂ ਲਈ ਤਿਆਰੀ ਲਈ ਗੁਰਦੀਪ ਸਿੰਘ ਖੁਣਖੁਣ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੀ ਅਗਵਾਈ ਹੇਠ ਹੋਈ ਇੱਕ ਵਿਸ਼ੇਸ਼ ਮੀਟਿੰਗ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਹੁਣ ਤੱਕ ਅਕਾਲੀ ਭਾਜਪਾ ਅਤੇ ਕਾਂਗਰਸ ਵੱਲੋਂ ਬਾਹਰੀ ਆਗੂਆਂ ਨੂੰ ਹੀ ਇਸ ਹਲਕੇ ਤੋਂ ਉਮੀਦਵਾਰ ਬਣਾਇਆ ਗਿਆ ਹੈ ਜੋ ਜਿੱਤਣ ਤੋਂ ਬਾਅਦ ਹਲਕੇ ਦੀ ਸਾਰ ਨਹੀਂ ਲੈਂਦੇ ਜਿਸ ਕਾਰਨ ਹਲਕਾ ਵਿਕਾਸ ਪੱਖੋਂ ਬਹੁਤ ਪਛੜ ਗਿਆ ਹੈ ਤੇ ਹਲਕੇ ਦੇ ਲੋਕ ਹੁਣ ਹਲਕੇ ਦਾ ਵਿਕਾਸ ਕਰਨ ਵਾਲੇ ਉਮੀਦਵਾਰ ਨੂੰ ਚੁਣਨਗੇ। ਇਸ ਸਮੇਂ ਬੀਬੀ ਹਰਜਿੰਦਰ ਕੌਰ ਰੁੜਕੀ ਖਾਸ ਨੂੰ ਇਸਤਰੀ ਅਕਾਲੀ ਦਲ ਦਾ ਸਰਕਲ ਪ੍ਰਧਾਨ ਨਿਯੁਕਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਸਿਰੋਪਾ ਦੇ ਕੇ ਉਨ੍ਹਾਂ ਦਾ ਸਨਮਾਨ ਕੀਤਾ ਗਿਆ। ਇਸ ਸਮੇਂ ਬਾਬਾ ਕਸ਼ਮੀਰ ਸਿੰਘ ਗੜ੍ਹਸ਼ੰਕਰ, ਰਣਜੀਤ ਸਿੰਘ ਸੰਤੋਖਗੜ੍ਹ, ਦਲਜੀਤ ਸਿੰਘ ਕੁੰਮੜਾ, ਗੁਰਨਾਮ ਸਿੰਘ ਸਿੰਗੜੀਵਾਲਾ, ਬਲਕਾਰ ਸਿੰਘ ਭੁੱਲਰ, ਪਰਮਜੀਤ ਸਿੰਘ ਮੇਗੋਵਾਲ, ਬਾਬਾ ਜਸਵੀਰ ਸਿੰਘ ਰਾਹੋਂ, ਹਰਬੰਸ ਸਿੰਘ ਪੈਲੀ, ਗੁਰਮੁਖ ਸਿੰਘ ਜੀਵਨਪੁਰ ਜੱਟਾਂ, ਬੀਬੀ ਕੁਲਵਿੰਦਰ ਕੌਰ ਬੰਗਾ, ਬੀਬੀ ਰਵਿੰਦਰ ਕੌਰ, ਸਤਵੰਤ ਸਿੰਘ ਮੁਰਾਦਪੁਰ, ਹਰਜੀਤ ਸਿੰਘ ਚਤਾਮਲਾ, ਭਗਤ ਸਿੰਘ ਕਰੀਹਾ ਤੇ ਬਲਕਾਰ ਸਿੰਘ ਬਾਗੀ ਆਦਿ ਹਾਜ਼ਰ ਸਨ।

# ਮੋਦੀ ਸਰਕਾਰ ਅਮੀਰਾਂ ਤੇ ਗਰੀਬਾਂ ’ਚ ਆਰਥਕ ਪਾੜਾ ਵਧਾ ਰਹੀ : ਅਸ਼ੋਕ ਕੌਸ਼ਲ

## 25 ਦੀ ਰੈਲੀ ਲਈ ਖੇਤ ਮਜ਼ਦੂਰਾਂ ’ਚ ਭਾਰੀ ਉਤਸ਼ਾਹ




**ਫਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**

ਪੰਜਾਬ ਖੇਤ ਮਜ਼ਦੂਰ ਸਭਾ ਦੀ 25 ਨਵੰਬਰ ਨੂੰ ਫਰੀਦਕੋਟ ਦੇ ਅਮਰ ਆਸ਼ਰਮ ਵਿੱਚ ਹੋਣ ਵਾਲੀ ਖੁੱਲ੍ਹੀ ਪਬਲਿਕ ਰੈਲੀ ਤੇ 33ਵੀਂ ਸੂਬਾਈ ਕਾਨਫਰੰਸ ਲਈ ਤਿਆਰੀਆਂ ਜ਼ੋਰਾਂ ’ਤੇ ਹਨ, ਜਿੱਥੇ ਮਾਨਸਾ, ਤਰਨਤਾਰਨ, ਮੁਹਾਲੀ, ਫਿਰੋਜ਼ਪੁਰ ਆਦਿ ਜ਼ਿਲ੍ਹਿਆਂ ਤੋਂ ਤਿਆਰੀ ਦੀਆਂ ਖ਼ਬਰਾਂ ਆ ਰਹੀਆਂ ਹਨ, ਉੱਥੇ ਫਰੀਦਕੋਟ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਵੀ ਮੀਟਿੰਗਾਂ ਦਾ ਸਿਲਸਿਲਾ ਤੇਜ਼ ਹੋ ਗਿਆ ਹੈ। ਪਿਛਲੇ ਦਿਨੀਂ ਔਲਖ, ਜਿਊਣਵਾਲਾ, ਰਾਜੋਵਾਲਾ, ਦੀਪ ਸਿੰਘ ਵਾਲਾ, ਸਾਦਿਕ ਆਦਿ ਵਿੱਚ ਭਰਵੀਆਂ ਮੀਟਿੰਗਾਂ ਨੂੰ ਸੰਬੋਧਨ ਕਰਦੇ ਹੋਏ ਸੀ ਪੀ ਆਈ ਦੇ ਜ਼ਿਲਾ ਸਕੱਤਰ ਅਸ਼ੋਕ ਕੌਸ਼ਲ ਤੇ ਕੁੱਲ ਹਿੰਦ ਕਿਸਾਨ ਸਭਾ ਦੇ ਪ੍ਰਧਾਨ ਸੁਖਜਿੰਦਰ ਸਿੰਘ ਤੂੰਬੜਭੰਨ ਨੇ ਕਿਹਾ ਕਿ ਮੋਦੀ ਸਰਕਾਰ ਨੇ ਪਿਛਲੇ 9 ਸਾਲ ਦੇ ਰਾਜ ਦੌਰਾਨ ਵੱਡੇ ਸਰਮਾਏਦਾਰਾਂ ਦਾ 15 ਲੱਖ ਕਰੋੜ ਰੁਪਏ ਦਾ ਕਰਜ਼ਾ ਮੁਆਫ ਕਰ ਦਿੱਤਾ ਹੈ, ਪਰ ਖੇਤ ਮਜ਼ਦੂਰਾਂ, ਬੇਰੁਜ਼ਗਾਰ ਨੌਜਵਾਨਾਂ ਤੇ ਕਿਸਾਨਾਂ ਦੀ ਦਸ਼ਾ ਸੁਧਾਰਨ ਲਈ ਉਸ ਕੋਲ ਕੁੱਝ ਵੀ ਨਹੀਂ। ਇਸ ਮੌਕੇ ਜਥੇਬੰਦੀ ਦੇ ਪ੍ਰਧਾਨ ਗੁਰਨਾਮ ਸਿੰਘ ਮਾਨੀ ਵਾਲਾ, ਦਰਸ਼ਨ ਸਿੰਘ ਜਿਊਣਵਾਲਾ, ਭਲਵਿੰਦਰ ਸਿੰਘ ਔਲਖ, ਜਗਤਾਰ ਸਿੰਘ ਭਾਣਾ ਤੇ ਜਗਤਾਰ ਸਿੰਘ ਰਾਜੋਵਾਲਾ ਨੇ ਕਿਹਾ ਕਿ ਇਸ ਜਥੇਬੰਦੀ ਦਾ ਮਿਹਨਤਕਸ਼ ਅਵਾਮ ਲਈ ਕੁਰਬਾਨੀਆਂ ਦਾ ਪੁਰਾਣਾ ਇਤਿਹਾਸ ਹੈ ਅਤੇ ਅਸੀਂ ਮੰਗ ਕਰਦੇ ਹਾਂ ਕਿ ਨਰੇਗਾ ਮਜ਼ਦੂਰਾਂ ਦੀ ਦਿਹਾੜੀ 700 ਰੁਪਏ ਕੀਤੀ ਜਾਵੇ ਤੇ ਸਾਲ ਵਿੱਚ 200 ਦਿਨ ਕੰਮ ਦਿੱਤਾ ਜਾਵੇ, ਕਿਉਂਕਿ ਖੇਤੀ ਵਿੱਚ ਮਸ਼ੀਨਰੀਕਰਨ ਦੇ ਚੱਲਦੇ ਖੇਤ ਮਜ਼ਦੂਰਾਂ ਹੱਥੋਂ ਰੁਜ਼ਗਾਰ ਖੁਸ ਗਿਆ ਹੈ। ਇਸ ਤੋਂ ਇਲਾਵਾ ਬੁਢਾਪਾ, ਵਿਧਵਾ ਤੇ ਅੰਗਹੀਣ ਪੈਨਸ਼ਨ 5000 ਰੁਪਏ ਮਹੀਨਾ ਦੇਣ ਤੇ ਬੇਘਰਿਆਂ ਲਈ ਘਰ ਬਣਾ ਕੇ ਦੇਣ ਅਤੇ ਖੇਤ ਮਜ਼ਦੂਰਾਂ ਸਿਰ ਚੜ੍ਹੇ ਕਰਜ਼ੇ ਮੁਆਫ ਕਰਨ ਤੇ ਕਣਕ ਦੇ ਨਜਾਇਜ਼ ਕੱਟੇ ਕਾਰਡ ਮੁੜ ਜਾਰੀ ਕਰਨ ਦੀ ਮੰਗ ਵੀ ਕੀਤੀ।

ਆਗੂਆਂ ਨੇ ਦੱਸਿਆ ਕਿ 25 ਨਵੰਬਰ ਨੂੰ 11 ਵਜੇ ਅਮਰ ਆਸ਼ਰਮ ਫਰੀਦਕੋਟ ਵਿੱਚ ਹੋਣ ਜਾ ਰਹੀ ਵਿਸ਼ਾਲ ਰੈਲੀ ਸ਼ਹੀਦ ਕਾਮਰੇਡ ਅਮੋਲਕ ਸਿੰਘ ਨੂੰ ਸਮਰਪਤ ਕੀਤੀ ਜਾਵੇਗੀ, ਜਿਸ ਨੂੰ ਸੀ ਪੀ ਆਈ ਦੇ ਕੌਮੀ ਜਨਰਲ ਸਕੱਤਰ ਕਾਮਰੇਡ ਡੀ ਰਾਜਾ, ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਕੌਮੀ ਜਨਰਲ ਸਕੱਤਰ ਕਾਮਰੇਡ ਗੁਲਜ਼ਾਰ ਗੋਰੀਆ, ਕਾਮਰੇਡ ਬੰਤ ਬਰਾੜ, ਕਾਮਰੇਡ ਹਰਦੇਵ ਅਰਸ਼ੀ ਤੇ ਬੀਬੀ ਦੇਵੀ ਕੁਮਾਰੀ ਵੀ ਸੰਬੋਧਨ ਕਰਨਗੇ। ਇਹ ਰੈਲੀ ਤੇ ਕਾਨਫਰੰਸ ਨਵੇਂ ਸੰਘਰਸ਼ਾਂ ਤੇ ਪ੍ਰਾਪਤੀਆਂ ਦਾ ਮੁੱਢ ਬੰਨ੍ਹਣ ਵਾਲੀ ਸਾਬਿਤ ਹੋਵੇਗੀ।

# ਗੈਰ-ਕਾਨੂੰਨੀ ਤਰੀਕੇ ਨਾਲ ਮਾਈਨਿੰਗ ਕਰਨ ਦੇ ਕੇਸ ’ਚੋਂ ਮੁਲਜ਼ਮ ਬਰੀ

**ਬਰਨਾਲਾ (ਰਾਜਿੰਦਰ ਬਰਾੜ)**-ਮਾਨਯੋਗ ਅਦਾਲਤ ਸ੍ਰੀ ਚੇਤਨ ਸ਼ਰਮਾ, ਜੁਡੀਸ਼ੀਅਲ ਮੈਜਿਸਟਰੇਟ ਫਸਟ ਕਲਾਸ ਬਰਨਾਲਾ ਵੱਲੋਂ ਬਲਜਿੰਦਰ ਸਿੰਘ ਪੁੱਤਰ ਦਰਸ਼ਨ ਸਿੰਘ ਵਾਸੀ ਤਲਵੰਡੀ, ਰਣਜੀਤ ਸਿੰਘ ਪੁੱਤਰ ਭਗਵੰਤ ਸਿੰਘ ਵਾਸੀ ਤਲਵੰਡੀ ਤੇ ਜਗਸੀਰ ਸਿੰਘ ਪੁੱਤਰ ਤਰਲੋਚਨ ਸਿੰਘ ਵਾਸੀ ਭਦੌੜ ਨੂੰ ਪੰਚਾਇਤੀ ਜ਼ਮੀਨ ਠੇਕੇ ’ਤੇ ਲੈ ਕੇ ਬਿਨਾਂ ਮਨਜ਼ੂਰੀ ਮਾਈਨਿੰਗ ਕਰਕੇ ਬਰੇਤੀ ਵੇਚਣ ਦੇ ਕੇਸ ਵਿੱਚੋਂ ਬਾਇੱਜ਼ਤ ਬਰੀ ਕਰਨ ਦਾ ਹੁਕਮ ਸੁਣਾਇਆ ਗਿਆ ਹੈ। ਧੀਰਜ ਕੁਮਾਰ ਐਡਵੋਕੇਟ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਥਾਣਾ ਭਦੌੜ ਦੀ ਪੁਲਸ ਵੱਲੋਂ ਮੁਖਬਰੀ ਦੇ ਆਧਾਰ ’ਤੇ ਮਿਤੀ 22-01-2020 ਨੂੰ ਮੱਝੂਕੇ-ਤਲਵੰਡੀ ਰੋਡ ਵਿਖੇ ਪੰਚਾਇਤੀ ਜ਼ਮੀਨ ’ਤੇ ਰੇਡ ਕੀਤੀ ਗਈ ਤੇ ਬਲਜਿੰਦਰ ਸਿੰਘ ਵਗੈਰਾ ਦੇ ਖ਼ਿਲਾਫ ਬਿਨਾਂ ਮਨਜ਼ੂਰੀ ਮਾਈਨਿੰਗ ਕਰਕੇ ਬਰੇਤੀ ਵੇਚਣ ਦੇ ਦੋਸ਼ ਹੇਠ ਇਕ ਐੱਫ.ਆਈ.ਆਰ. ਨੰਬਰ 07 ਮਿਤੀ 22-01-2020, ਜੇਰ ਧਾਰਾ 21 ਮਾਈਨਜ਼ ਐਂਡ ਮਿਨਰਲ ਐਕਟ, ਸੈਕਸ਼ਨ 3 ਪ੍ਰੀਵੈਨਸ਼ਨ ਆਫ ਡੈਮੇਜ ਆਫ ਪਬਲਿਕ ਪ੍ਰੋਪਰਟੀ ਐਕਟ ਤੇ ਧਾਰਾ 379 ਆਈ.ਪੀ.ਸੀ. ਤਹਿਤ ਥਾਣਾ ਭਦੌੜ ਵਿਖੇ ਦਰਜ ਕੀਤੀ ਗਈ ਸੀ, ਜੋ ਹੁਣ ਮਾਨਯੋਗ ਅਦਾਲਤ ਵੱਲੋਂ ਮੁਲਜ਼ਮਾਂ ਦੇ ਵਕੀਲ ਸ੍ਰੀ ਧੀਰਜ ਕੁਮਾਰ ਐਡਵੋਕੇਟ ਬਰਨਾਲਾ ਦੀਆਂ ਦਲੀਲਾਂ ਨਾਲ ਸਹਿਮਤ ਹੁੰਦਿਆਂ ਕਿ ਗਵਾਹਨ ਦੇ ਬਿਆਨ ਆਪਸ ਵਿੱਚ ਮੇਲ ਨਹੀਂ ਖਾਂਦੇ, ਪੁਲਸ ਨੇ ਆਪਣੀ ਰਿਪੋਰਟ ਤੇ ਪੂਰੀ ਤਫਤੀਸ਼ ਵਿੱਚ ਦਰਜ ਨਹੀਂ ਕੀਤਾ ਕਿ ਮਾਈਨਿੰਗ ਵਾਲਾ ਖੱਡਾ ਕਿੰਨਾਂ ਡੂੰਘਾ ਪੁੱਟਿਆ ਹੋਇਆ ਸੀ ਤੇ ਮੌਕੇ ਉਪਰ ਜੇ.ਸੀ.ਬੀ. ਵਗੈਰਾ ਵੀ ਪੁਲਸ ਨੂੰ ਬਰਾਮਦ ਨਹੀਂ ਹੋਈ, ਉਕਤ ਕੇਸ ’ਚੋਂ ਮੁਲਜ਼ਮਾਂ ਨੂੰ ਬਾਇਜ਼ਤ ਬਰੀ ਕਰਨ ਦਾ ਹੁਕਮ ਸੁਣਾਇਆ ਗਿਆ।

# ਈ ਵੀ ਐੱਮ ਦੀ ਵਰਤੋਂ ਦੇ ਵਿਰੋਧ ’ਚ ਕਰਵਾਇਆ ਸੈਮੀਨਾਰ



**ਮਾਨਸਾ (ਆਤਮਾ ਸਿੰਘ ਪਮਾਰ)**

ਭਾਰਤ ਮੁਕਤੀ ਮੋਰਚਾ ਤੇ ਰਾਸ਼ਟਰੀ ਪਰਿਵਰਤਨ ਮੋਰਚਾ ਵੱਲੋਂ ਮਾਨਸਾ ਵਿਖੇ ਈ.ਵੀ.ਐੱਮ. ਮਸ਼ੀਨਾਂ ਦੀ ਵਰਤੋਂ ਦੇ ਵਿਰੋਧ ਵਿੱਚ ਇੱਕ ਰੋਜ਼ਾ ਸੈਮੀਨਾਰ ਕਰਵਾਇਆ ਗਿਆ। ਸੈਮੀਨਾਰ ਵਿੱਚ ਮਾਨਸਾ ਦੇ ਅਗਾਂਹਵਧੂ ਤੇ ਬੁੱਧੀਜੀਵੀਆਂ ਵੱਲੋਂ ਵਧ ਚੜ੍ਹ ਕੇ ਹਿੱਸਾ ਲਿਆ ਗਿਆ। ਸੈਮੀਨਾਰ ਦੇ ਮੁੱਖ ਬੁਲਾਰੇ ਪ੍ਰਸਿੱਧ ਵਿਗਿਆਨੀ ਬੀ. ਐੱਸ. ਔਲਖ ਲੁਧਿਆਣਾ ਤੇ ਪੰਜਾਬ ਦੇ ਉੱਘੇ ਚਿੰਤਕ ਬਾਪੂ ਬਲਕੌਰ ਸਿੰਘ ਵਿਸ਼ੇਸ਼ ਬੁਲਾਰਿਆਂ ਦੇ ਤੌਰ ’ਤੇ ਸ਼ਾਮਲ ਹੋਏ। ਇਸ ਸਮੇਂ ਬੋਲਦਿਆਂ ਬਾਪੂ ਬਲਕੌਰ ਸਿੰਘ ਨੇ ਕਿਹਾ ਕਿ ਸਮੁੱਚੇ ਭਾਰਤ ਵਿੱਚ ਸਿਆਸਤ ਦਾ ਇੱਕ ਤਰ੍ਹਾਂ ਨਾਲ ਅਪਰਾਧੀਕਰਨ ਹੀ ਹੋ ਚੁੱਕਿਆ ਹੈ, ਜਿਸ ਕਰਕੇ ਬੇਈਮਾਨ ਤੇ ਭ੍ਰਿਸ਼ਟ ਸਿਆਸਤਦਾਨਾਂ ਨੇ ਲੋਕਾਂ ਨੂੰ ਗਰੀਬੀ, ਬੇਰੁਜ਼ਗਾਰੀ ਤੇ ਭ੍ਰਿਸ਼ਟਾਚਾਰ ਦੀ ਦਲਦਲ ਵਿੱਚ ਧੱਕ ਦਿੱਤਾ ਹੈ। ਜੇਕਰ ਸਮਾਂ ਰਹਿੰਦਿਆਂ ਭਾਰਤ ਦੇ ਬੁੱਧੀਜੀਵੀਆਂ, ਸਿਵਿਲ ਸੁਸਾਇਟੀ ਤੇ ਆਮ ਲੋਕਾਂ ਨੇ ਇਸ ਵਰਤਾਰੇ ਵੱਲ ਖੁਦ ਧਿਆਨ ਨਾ ਦਿੱਤਾ ਤਾਂ ਉਹ ਦਿਨ ਦੂਰ ਨਹੀਂ, ਜਦੋਂ ਦੇਸ਼ ਦੀ ਏਕਤਾ ਤੇ ਅਖੰਡਤਾ ਖਤਰੇ ਦੀ ਕਗਾਰ ’ਤੇ ਖੜੀ ਹੋਵੇਗੀ। ਪ੍ਰਸਿੱਧ ਵਿਗਿਆਨੀ ਤੇ ਰਾਜਨੀਤਕ ਚਿੰਤਕ ਡਾ. ਬੀ. ਐੱਸ. ਔਲਖ ਨੇ ਆਪਣੇ ਸੰਖੇਪ, ਪ੍ਰੰਤੂ ਭਾਵਪੂਰਤ ਭਾਸ਼ਣ ਦੌਰਾਨ ਦੱਸਿਆ ਕਿ ਕਿਵੇਂ ਈ.ਵੀ.ਐੱਮ. ਮਸ਼ੀਨਾਂ ਨੂੰ ਹੈਕ ਕਰਕੇ 2004 ਤੋਂ ਅੱਜ ਤੱਕ ਕਾਂਗਰਸ ਤੇ ਭਾਜਪਾ ਨੇ ਨਜਾਇਜ਼ ਤਰੀਕੇ ਨਾਲ ਕੇਂਦਰ ਵਿੱਚ ਆਪਣੀਆਂ ਸਰਕਾਰਾਂ ਬਣਾ ਕੇ ਲੋਕਾਂ ਨੂੰ ਮੂਰਖ ਬਣਾਇਆ ਹੈ।

ਉਨ੍ਹਾ ਦੱਸਿਆ ਕਿ ਜਿੰਨੀ ਦੇਰ ਈ.ਵੀ.ਐੱਮ. ਦੀ ਵਰਤੋਂ ਨੂੰ ਹਟਾ ਕੇ ਬੈਲਟ ਪੇਪਰ ਰਾਹੀਂ ਚੋਣਾਂ ਨਹੀਂ ਕਰਵਾਈਆਂ ਜਾਂਦੀਆਂ, ਓਨੀ ਦੇਰ ਸਹੀ ਤੇ ਪਾਰਦਰਸ਼ਤਾ ਨਾਲ ਚੋਣਾਂ ਹੋ ਹੀ ਨਹੀਂ ਸਕਦੀਆਂ। ਉਨ੍ਹਾ ਸਮਾਜਿਕ, ਧਾਰਮਿਕ, ਮੁਲਾਜ਼ਮ, ਕਿਸਾਨ ਜਥੇਬੰਦੀਆਂ, ਘੱਟ ਗਿਣਤੀਆਂ ਤੇ ਮੌਜੂਦਾ ਸਮੇਂ ਵਿੱਚ ਦੇਸ਼ ਅੰਦਰ ਕੰਮ ਕਰ ਰਹੇ ਸਮੁੱਚੇ ਵਿਰੋਧੀ ਰਾਜਨੀਤਕ ਦਲਾਂ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਜੇਕਰ ਲੋਕਤੰਤਰ ਦੀ ਪਵਿੱਤਰਤਾ ਤੇ ਭਾਰਤੀ ਸੰਵਿਧਾਨ ਨੂੰ ਬਚਾਉਣਾ ਹੈ ਤਾਂ ਆਪਣੀ ਆਪਣੀ ਸਮਰੱਥਾ ਅਨੁਸਾਰ ਇਲੈਕਟੋਰਲ ਵੋਟਿੰਗ ਮਸ਼ੀਨਾਂ ਦੀ ਵਰਤੋਂ ਦਾ ਵਿਰੋਧ ਕਰਨਾ ਹੀ ਹੋਵੇਗਾ। ਸੈਮੀਨਾਰ ਵਿੱਚ ਡਾ. ਸੁਰਿੰਦਰ ਸਿੰਘ, ਦਲਵਿੰਦਰ ਸਿੰਘ, ਭਾਰਤ ਮੁਕਤੀ ਮੋਰਚਾ ਜ਼ਿਲ੍ਹਾ ਬਠਿੰਡਾ ਦੇ ਪ੍ਰਧਾਨ ਹਰਜਿੰਦਰ ਸਿੰਘ, ਬਹੁਜਨ ਮੁਕਤੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਜਸਵੰਤ ਸਿੰਘ ਤੇ ਸੂਬਾ ਮੀਤ ਪ੍ਰਧਾਨ ਸਿਕੰਦਰ ਸਿੰਘ ਲੁਧਿਆਣਾ, ਪੱਛੜਾ ਵਰਗ ਮੋਰਚਾ ਦੇ ਸੂਬਾ ਪ੍ਰਧਾਨ ਮੁਕੰਦ ਸਿੰਘ ਬਠਿੰਡਾ ਨੇ ਵੀ ਸੰਬੋਧਨ ਕੀਤਾ। ਇਸ ਸੈਮੀਨਾਰ ਵਿੱਚ ਲਛਮਣ ਸਿੰਘ, ਮੇਜਰ ਸਿੰਘ ਦੂਲੋਵਾਲ, ਬਿੱਕਰ ਸਿੰਘ ਮਘਾਣੀਆਂ, ਡਾ. ਕੇਵਲ ਸਿੰਘ, ਤਰਕਸ਼ੀਲ ਆਗੂ ਪ੍ਰਿੰਸੀਪਲ ਲੱਖਾ ਸਿੰਘ ਸਹਾਰਨਾ, ਮਾਸਟਰ ਮਹਿੰਦਰਪਾਲ, ਮਾਸਟਰ ਹਰਬੰਸ ਸਿੰਘ ਢਿੱਲੋਂ, ਕ੍ਰਿਸ਼ਨ ਸਿੰਘ ਝੁਨੀਰ, ਭੀਮ ਭੁਪਾਲ, ਨਰਿੰਦਰ ਕੌਰ ਹਮੀਰਾ, ਹਰਦੇਵ ਸਿੰਘ ਸਹਾਰਨਾ, ਅੰਗਰੇਜ਼ ਸਿੰਘ ਜਟਾਣਾ ਤੇ ਨਛੱਤਰ ਸਿੰਘ ਸੱਦਾ ਸਿੰਘ ਵਾਲਾ ਤੋਂ ਇਲਾਵਾ ਵੱਡੀ ਗਿਣਤੀ ’ਚ ਵੱਖ ਵੱਖ ਜਥੇਬੰਦੀਆਂ ਦੇ ਆਗੂ ਤੇ ਵਰਕਰ ਸ਼ਾਮਲ ਸਨ।

## ਕਾਤਰਾਂ

### ਨਸ਼ਾ ਤਸਕਰਾਂ ਤੇ ਲੋੜੀਂਦੇ ਅਪਰਾਧੀਆਂ ’ਤੇ ਛਾਪੇਮਾਰੀ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਸ੍ਰੀ ਗੌਰਵ ਯਾਦਵ ਆਈ.ਪੀ.ਐੱਸ. ਡੀ.ਜੀ.ਪੀ ਪੰਜਾਬ ਤੇ ਪੰਜਾਬ ਸਰਕਾਰ ਦੀਆਂ ਹਦਾਇਤਾਂ ਮੁਤਾਬਿਕ ਸ੍ਰੀ ਮਨਜੀਤ ਸਿੰਘ ਢੇਸੀ ਐੱਸ.ਐੱਸ.ਪੀ. ਫਾਜਿਲਕਾ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਿਕ ਫਾਜ਼ਿਲਕਾ ਪੁਲਸ ਵੱਲੋਂ ਨਸ਼ਾ ਤਸਕਰਾਂ ਤੇ ਲੋੜੀਂਦੇ ਅਪਰਾਧੀਆਂ ’ਤੇ ਕਾਰਵਾਈ ਕਰਦੇ ਹੋਏ ਜ਼ਿਲ੍ਹਾ ਫਾਜ਼ਿਲਕਾ ਦੀਆਂ ਸਮੂਹ ਸਬ-ਡਵੀਜ਼ਨਾਂ ਵਿੱਚ ਕਾਸੋ (ਕੋਰਡਨ ਐਂਡ ਸਰਚ ਅਪ੍ਰੇਸ਼ਨ) ਅਪ੍ਰੇਸ਼ਨ ਚਲਾਇਆ ਗਿਆ। ਇਸ ਦੇ ਤਹਿਤ ਸੀਨੀਅਰ ਪੁਲਸ ਅਧਿਕਾਰੀਆਂ ਦੀ ਨਿਗਰਾਨੀ ਹੇਠ ਸਵੇਰ ਸਮੇਂ 327 ਪੁਲਸ ਮੁਲਾਜ਼ਮਾਂ ਦੀਆਂ ਵੱਖ ਵੱਖ ਟੀਮਾਂ ਬਣਾ ਕੇ ਡਰੱਗ ਹੋਟਸਪੋਟ ਏਰੀਆ, ਸੰਵੇਦਨਸ਼ੀਲ ਏਰੀਆ, ਝੁੱਗੀ ਝੌਂਪੜੀਆਂ ਤੇ ਲੋੜੀਂਦੇ ਅਪਰਾਧੀਆਂ ’ਤੇ ਛਾਪੇਮਾਰੀ ਕੀਤੀ ਗਈ, ਜਿਸ ਦੇ ਤਹਿਤ 134 ਨਸ਼ਾ ਤਸਕਰਾਂ ਦੇ ਘਰਾਂ ਦੀ ਡੂੰਘਾਈ ਨਾਲ ਚੈਕਿੰਗ ਕੀਤੀ ਗਈ ਤੇ 189 ਸ਼ੱਕੀ ਵਿਅਕਤੀਆਂ ਦੀ ਤਲਾਸ਼ੀ ਕੀਤੀ ਗਈ। ਇਸ ਅਪ੍ਰੇਸ਼ਨ ਦੌਰਾਨ 62 ਸ਼ੱਕੀ ਵਹੀਕਲ ਚੈੱਕ ਕੀਤੇ ਗਏ। ਇਸ ਅਪ੍ਰੇਸ਼ਨ ਦੌਰਾਨ 3 ਸ਼ੱਕੀ ਬਿਨਾਂ ਨੰਬਰ ਪਲੇਟ ਤੋਂ ਮੋਟਰਸਾਈਕਲਾਂ ਨੂੰ ਬਰਾਮਦ ਕੀਤਾ ਗਿਆ, ਜਿਸ ’ਤੇ ਅਗਲੇਰੀ ਜਾਂਚ ਜਾਰੀ ਹੈ ਅਤੇ ਇੱਕ ਮੁਕੱਦਮਾ ਦਰਜ ਕਰਦਿਆਂ ਵੱਖ-ਵੱਖ ਥਾਵਾਂ ’ਤੋਂ 6000 ਲੀਟਰ ਲਾਹਣ ਤੇ 200 ਲੀਟਰ ਨਾਜਾਇਜ਼ ਸ਼ਰਾਬ ਨੂੰ ਮੌਕੇ ’ਤੇ ਨਸ਼ਟ ਕੀਤਾ ਗਿਆ ਅਤੇ 150 ਲੀਟਰ ਨਾਜਾਇਜ਼ ਸ਼ਰਾਬ ਨੂੰ ਬਰਾਮਦ ਕੀਤਾ ਗਿਆ ਹੈ।

### ਨਜਾਇਜ਼ ਸ਼ਰਾਬ ਬਰਾਮਦ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਵੈਰੋਕੇ ਦੀ ਪੁਲਸ ਵੱਲੋਂ 200 ਬੋਤਲਾਂ ਨਜਾਇਜ਼ ਸ਼ਰਾਬ ਤੇ ਚਾਲੂ ਭੱਠੀ ਦਾ ਸਾਮਾਨ ਬਰਾਮਦ ਕੀਤਾ ਗਿਆ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਵੈਦ ਪ੍ਰਕਾਸ਼ ਨੇ ਦੱਸਿਆ ਕਿ ਉਹ ਸਾਥੀ ਕਰਮਚਾਰੀਆਂ ਦੇ ਨਾਲ ਗਸ਼ਤ ਦੌਰਾਨ ਦਾਣਾ ਮੰਡੀ ਵੈਰੋਕੇ ਵਿਖੇ ਮੌਜੂਦ ਸੀ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਸਤਪਾਲ ਸਿੰਘ ਪੁੱਤਰ ਹਰਬੰਸ ਸਿੰਘ ਵਾਸੀ ਚੱਕ ਬਲੋਚਾ ਉਰਫ ਮਹਾਲਮ ਘਰ ਵਿੱਚ ਨਜਾਇਜ਼ ਸ਼ਰਾਬ ਤੇ ਲਾਹਣ ਕਸੀਦ ਕਰਨ ਦਾ ਆਦੀ ਹੈ, ਜਿਸ ’ਤੇ ਪੁਲਸ ਪਾਰਟੀ ਨੇ ਛਾਪੇਮਾਰੀ ਕਰਕੇ ਉਕਤ ਸਾਮਾਨ ਬਰਾਮਦ ਕੀਤਾ। ਪੁਲਸ ਨੇ ਸਤਪਾਲ ਸਿੰਘ ਪੁੱਤਰ ਹਰਬੰਸ ਸਿੰਘ ਲਾਸੀ ਮਹਾਲਮ ਖਿਲਾਫ ਮੁਕੱਦਮਾ ਦਰਜ ਕੀਤਾ ਹੈ।

### ਲੜਾਈ ਦੌਰਾਨ ਦੋਵਾਂ ਧਿਰਾਂ ਖਿਲਾਫ ਪਰਚਾ ਦਰਜ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਅਮੀਰ ਖਾਸ ਦੀ ਪੁਲਸ ਵੱਲੋਂ ਬੀਤੇ ਦਿਨ ਪਿੰਡ ਜਮਾਲਗੜ੍ਹ ਵਿਖੇ ਹੋਈ ਲੜਾਈ ਦੇ ਸਬੰਧ ਵਿੱਚ ਦੋਵਾਂ ਧਿਰਾਂ ਖਿਲਾਫ ਕਰਾਸ ਦਾ ਪਰਚਾ ਦਰਜ ਕੀਤਾ ਗਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਮੁਦੱਈ ਜਗਤਾਰ ਸਿੰਘ ਪੁੱਤਰ ਰਾਠਾ ਸਿੰਘ ਵਾਸੀ ਚੱਕ ਜਮਾਲਗੜ੍ਹ ਨੇ ਪੁਲਸ ਕੋਲ ਬਿਆਨ ਦਰਜ ਕਰਵਾਏ ਹਨ ਕਿ ਬੀਤੀ 17 ਨਵੰਬਰ 2023 ਨੂੰ ਦੇਰ ਸ਼ਾਮ ਕਰੀਬ 7 ਵਜੇ ਉਸ ਦੇ ਘਰ ਬਿਜਲੀ ਦਾ ਬਲਬ ਜਗ ਰਿਹਾ ਸੀ ਤਾਂ ਮੇਨ ਗੇਟ ਦਾ ਦਰਵਾਜ਼ਾ ਖੁੱਲ੍ਹਾ ਸੀ। ਇਸ ਦੌਰਾਨ ਰਾਜ ਸਿੰਘ ਵਗੈਰਾ ਨੇ ਉਸ ਦੇ ਘਰ ਆ ਕੇ ਉਨ੍ਹਾਂ ਦੀ ਕੁੱਟਮਾਰ ਕੀਤੀ ਤੇ ਸੱਟਾਂ ਮਾਰੀਆਂ ਹਨ, ਜਿਨ੍ਹਾਂ ਵੱਲੋਂ ਰੌਲਾ ਪਾਉਣ ’ਤੇ ਲੋਕਾਂ ਦਾ ਇਕੱਠ ਹੁੰਦਾ ਵੇਖ ਕੇ ਰਾਜ ਸਿੰਘ ਵਗੈਰਾ ਆਪਣੇ ਹਥਿਆਰਾਂ ਸਮੇਤ ਮੌਕੇ ਤੋਂ ਭੱਜ ਗਏ, ਜਿਸ ਦੇ ਬਾਅਦ ਉਹ ਇਲਾਜ ਲਈ ਸਰਕਾਰੀ ਹਸਪਤਾਲ ਜਲਾਲਾਬਾਦ ਵਿਖੇ ਦਾਖਲ ਹੋਏ। ਥਾਣਾ ਅਮੀਰ ਖਾਸ ਦੀ ਪੁਲਸ ਨੇ ਮੁਦੱਈ ਜਗਤਾਰ ਸਿੰਘ ਦੇ ਬਿਆਨਾਂ ਦੇ ਅਧਾਰ ’ਤੇ ਰਾਜ ਸਿੰਘ ਪੁੱਤਰ ਸਤਨਾਮ ਸਿੰਘ, ਦੀਵਾਨ ਸਿੰਘ ਪੁੱਤਰ ਜੰਗੀਰ ਸਿੰਘ, ਚਰਨਜੀਤ ਕੌਰ ਪਤਨੀ ਦੀਵਾਨ ਸਿੰਘ, ਸੁਰਜੀਤ ਸਿੰਘ ਪੁੱਤਰ ਸੁਭਾਸ਼ ਸਿੰਘ ਤੇ ਵਰਿੰਦਰ ਸਿੰਘ ਪੁੱਤਰ ਪਰਮਜੀਤ ਸਿੰਘ ਵਾਸੀਆਨ ਚੱਕ ਜਮਾਲਗੜ੍ਹ ਦੇ ਖਿਲਾਫ ਮੁਕੱਦਮਾ ਦਰਜ ਕੀਤਾ ਗਿਆ ਹੈ। ਉਧਰ, ਦੂਜੀ ਧਿਰ ਦੇ ਮੁਦੱਈ ਰਾਜ ਸਿੰਘ ਪੁੱਤਰ ਸਤਨਾਮ ਸਿੰਘ ਵਾਸੀ ਜਮਾਲਗੜ੍ਹ ਨੇ ਪੁਲਸ ਕੋਲ ਬਿਆਨ ਦਰਜ ਕਰਵਾਏ ਬਿਆਨਾਂ ਵਿੱਚ ਕਾਲਾ ਸਿੰਘ ਵਗੈਰਾ ’ਤੇ ਕੁੱਟਮਾਰ ਕਰਨ ਦੋਸ਼ ਲਗਾਏ ਗਏ ਹਨ, ਜਿਸ ’ਤੇ ਮੁਦੱਈ ਰਾਜ ਸਿੰਘ ਪੁੱਤਰ ਸਤਨਾਮ ਸਿੰਘ ਦੇ ਬਿਆਨਾਂ ਦੇ ਅਧਾਰ ’ਤੇ ਕਾਲਾ ਸਿੰਘ ਪੁੱਤਰ ਪੂਰਨ ਸਿੰਘ, ਵਰਿੰਦਰ ਸਿੰਘ ਪੁੱਤਰ ਕਾਲਾ ਸਿੰਘ, ਜੀਤਾ ਸਿੰਘ ਪੁੱਤਰ ਪੂਰਨ ਸਿੰਘ, ਹੁਸਨ ਪੁੱਤਰ ਜੀਤ ਸਿੰਘ ਤੇ ਪ੍ਰੀਤ ਸਿੰਘ ਵਾਸੀਆਨ ਜਮਾਲਗੜ੍ਹ ਖਿਲਾਫ ਪੁਲਸ ਨੇ ਕੇਸ ਦਰਜ ਕੀਤਾ ਹੈ।

# ਕਲਾਸ ਫੋਰਥ ਗੌਰਮਿੰਟ ਇੰਪ. ਯੂਨੀਅਨ ਜ਼ਿਲ੍ਹਾ ਫਰੀਦਕੋਟ ਦਾ ਚੋਣ ਅਜਲਾਸ

## ਇਕਬਾਲ ਸਿੰਘ ਢੁੱਡੀ ਪ੍ਰਧਾਨ ਤੇ ਬਲਕਾਰ ਸਿੰਘ ਜਨਰਲ ਸਕੱਤਰ ਚੁਣੇ



**ਕੋਟਕਪੂਰਾ (ਰਛਪਾਲ ਭੁੱਲਰ)**-ਕਲਾਸ ਫੌਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਜ਼ਿਲ੍ਹਾ ਫਰੀਦਕੋਟ ਦਾ ਚੋਣ ਅਜਲਾਸ ਜ਼ਿਲ੍ਹਾ ਪ੍ਰਧਾਨ ਨਛੱਤਰ ਸਿੰਘ ਭਾਣਾ ਦੀ ਅਗਵਾਈ ਹੇਠ ਸਥਾਨਕ ਸਰਕਾਰੀ ਬਿਰਜਿੰਦਰਾ ਕਾਲਜ ਵਿਖੇ ਕੀਤਾ ਗਿਆ। ਇਸ ਮੌਕੇ ਸੂਬਾਈ ਕਮੇਟੀ ਵੱਲੋਂ ਬਤੌਰ ਨਿਗਰਾਨ ਜਥੇਬੰਦੀ ਦੇ ਸੂਬਾ ਸਕੱਤਰ ਜਨਰਲ ਰਣਜੀਤ ਸਿੰਘ ਰਾਣਵਾਂ, ਸੂਬਾ ਸਕੱਤਰ ਹਰਭਗਵਾਨ ਸ੍ਰੀ ਮੁਕਤਸਰ ਸਾਹਿਬ, ਹੰਸ ਰਾਜ ਦੀਦਰਗੜ੍ਹ, ਗੁਰਮੀਤ ਸਿੰਘ ਮਿੱਡਾ ਸੰਗਰੂਰ ਤੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680 ਸੈਕਟਰ 22ਬੀ, ਚੰਡੀਗੜ੍ਹ ਦੇ ਸੂਬਾਈ ਐਡੀਸ਼ਨਲ ਜਨਰਲ ਸਕੱਤਰ ਪ੍ਰੇਮ ਚਾਵਲਾ ਵਿਸ਼ੇਸ਼ ਤੌਰ ’ਤੇ ਸ਼ਾਮਲ ਹੋਏ।

ਅਜਲਾਸ ਦੌਰਾਨ ਜ਼ਿਲ੍ਹਾ ਜਨਰਲ ਸਕੱਤਰ ਇਕਬਾਲ ਸਿੰਘ ਰਣ ਸਿੰਘ ਵਾਲਾ ਨੇ ਜਥੇਬੰਦਕ ਤੇ ਵਿੱਤੀ ਰਿਪੋਰਟ ਪੇਸ਼ ਕੀਤੀ। ਰਿਪੋਰਟ ’ਤੇ ਹੋਈ ਬਹਿਸ ਵਿੱਚ ਮੁਲਾਜ਼ਮ ਆਗੂ ਬਲਕਾਰ ਸਿੰਘ ਮੰਡੀ ਬੋਰਡ, ਅਸ਼ੋਕ ਕੌਸ਼ਲ, ਕੁਲਵੰਤ ਸਿੰਘ ਚਾਨੀ, ਸੁਖਵਿੰਦਰ ਸਿੰਘ ਪ੍ਰਧਾਨ ਸਿਹਤ ਵਿਭਾਗ, ਕੁਲਵੀਰ ਸਿੰਘ ਸਰਾਵਾਂ, ਅਮਰਜੀਤ ਕੌਰ ਰਣ ਸਿੰਘ ਵਾਲਾ ਸੂਬਾ ਪ੍ਰਧਾਨ ਆਲ ਇੰਡੀਆ ਆਸ਼ਾ ਵਰਕਰ ਯੂਨੀਅਨ ਪੰਜਾਬ, ਸ਼ਿਵ ਨਾਥ ਦਰਦੀ, ਹਰਵਿੰਦਰ ਸ਼ਰਮਾ ਤੇ ਕੁਲਵੰਤ ਸਿੰਘ ਚਾਨੀ ਨੇ ਭਾਗ ਲੈਂਦੇ ਹੋਏ ਜਥੇਬੰਦੀ ਨੂੰ ਹੋਰ ਮਜ਼ਬੂਤ ਕਰਨ ਲਈ ਆਪਣੇ ਆਪਣੇ ਸੁਝਾਅ ਪੇਸ਼ ਕੀਤੇ। ਇਸ ਮੌਕੇ ਵੱਖ ਵੱਖ ਬੁਲਾਰਿਆਂ ਨੇ ਆਪਣੇ ਸੰਬੋਧਨ ਵਿੱਚ ਚੌਥਾ ਦਰਜਾ ਮੁਲਾਜ਼ਮਾਂ ਦੇ ਭਖਦੇ ਮਸਲੇ, ਪੁਨਰਗਠਨ ਦੌਰਾਨ ਵੱਖੋ ਵੱਖ ਵਿਭਾਗਾਂ ’ਚੋਂ ਗਰੁੱਪ-ਡੀ ਮੁਲਾਜ਼ਮਾਂ ਦੀਆਂ ਖਤਮ ਕੀਤੀਆਂ ਅਸਾਮੀਆਂ ਦੀ ਬਹਾਲੀ ਕਰਨ, ਹਰ ਤਰ੍ਹਾਂ ਦੇ ਕੱਚੇ ਠੇਕਾ ਤੇ ਆਊਟ ਸੋਰਸ ਮੁਲਾਜ਼ਮਾਂ ਦੀਆਂ ਸੇਵਾਵਾਂ ਨਿਯਮਤ ਕਰਨਾ, ਆਸ਼ਾ ਵਰਕਰਾਂ, ਮਿਡ ਡੇਅ ਮੀਲ ਵਰਕਰਾਂ ਤੇ ਆਂਗਨਵਾੜੀ ਵਰਕਰਾਂ ਲਈ ਘੱਟੋ ਘੱਟ 26000 ਰੁਪਏ ਉਜਰਤ ਕਾਨੂੰਨ ਲਾਗੂ ਕਰਨ ਤੇ ਸੇਵਾਵਾਂ ਰੈਗੂਲਰ ਕਰਨ, ਪੁਰਾਣੀ ਪੈਨਸ਼ਨ ਸਕੀਮ ਅਸਲ ਰੂਪ ਵਿੱਚ ਤੁਰੰਤ ਲਾਗੂ ਕਰਨ, 1 ਜਨਵਰੀ 2016 ਤੋਂ 30 ਜੂਨ 2021 ਤੱਕ ਦਾ ਤਨਖਾਹ ਕਮਿਸ਼ਨ ਦਾ ਰਹਿੰਦਾ ਬਕਾਇਆ ਦੇਣ, ਡੀ ਏ ਦਾ ਰਹਿੰਦਾ ਬਕਾਇਆ ਤੇ 12 ਫੀਸਦੀ ਡੀ ਏ ਦੀਆਂ ਤਿੰਨ ਰਹਿੰਦੀਆਂ ਕਿਸ਼ਤਾਂ ਦੀ ਤੁਰੰਤ ਅਦਾਇਗੀ ਕਰਨ ਸਮੇਤ ਠੇਕਾ ਪ੍ਰਣਾਲੀ ਦਾ ਮੁਕੰਮਲ ਖਾਤਮਾ ਕਰਕੇ ਖਾਲੀ ਅਸਾਮੀਆਂ ’ਤੇ ਪੂਰੇ ਤਨਖਾਹ ਸਕੇਲਾਂ ਵਿੱਚ ਭਰਤੀ ਯਕੀਨੀ ਬਣਾਉਣ ਆਦਿ ਮੰਗਾਂ ਪ੍ਰਤੀ ਮੌਜੂਦਾ ਭਗਵੰਤ ਮਾਨ ਸਰਕਾਰ ਦੀ ਬੇਰੁਖੀ ਪ੍ਰਤੀ ਗੁੱਸੇ ਤੇ ਰੋਸ ਦਾ ਪ੍ਰਗਟਾਵਾ ਕੀਤਾ ਗਿਆ।

ਸੂਬਾਈ ਆਗੂਆਂ ਵੱਲੋਂ ਪੇਸ਼ ਕੀਤੇ ਗਏ ਪੈਨਲ ਅਨੁਸਾਰ ਨਛੱਤਰ ਸਿੰਘ ਭਾਣਾ ਚੇਅਰਮੈਨ, ਇਕਬਾਲ ਸਿੰਘ ਢੁੱਡੀ ਪਸ਼ੂ ਪਾਲਣ ਵਿਭਾਗ ਜ਼ਿਲ੍ਹਾ ਪ੍ਰਧਾਨ, ਇਕਬਾਲ ਸਿੰਘ ਰਣ ਸਿੰਘ ਵਾਲਾ ਖੁਰਾਕ ਤੇ ਸਪਲਾਈ ਵਿਭਾਗ ਸੀਨੀਅਰ ਮੀਤ ਪ੍ਰਧਾਨ, ਬਲਕਾਰ ਸਿੰਘ ਮੰਡੀ ਬੋਰਡ ਜਨਰਲ ਸਕੱਤਰ, ਵਿਸ਼ਾਲ ਮੋਗਾ ਮੈਡੀਕਲ ਕਾਲਜ ਮੀਤ ਪ੍ਰਧਾਨ, ਮਨਜੀਤ ਕੌਰ ਆਸ਼ਾ ਵਰਕਰ ਮੀਤ ਪ੍ਰਧਾਨ, ਕੁਲਬੀਰ ਸਿੰਘ ਸਰਾਵਾਂ ਪਸ਼ੂ ਪਾਲਣ ਵਿਭਾਗ ਵਿੱਤ ਸਕੱਤਰ, ਸ਼ਿਵ ਨਾਥ ਦਰਦੀ ਸਹਾਇਕ ਵਿੱਤ ਸਕੱਤਰ, ਰਣਜੀਤ ਸਿੰਘ ਸਿਹਤ ਵਿਭਾਗ ਜੁਆਇੰਟ ਸਕੱਤਰ, ਗੁਰਪ੍ਰੀਤ ਸਿੰਘ ਸਿੱਧੂ ਬਰਜਿੰਦਰਾ ਕਾਲਜ ਪ੍ਰੈੱਸ ਸਕੱਤਰ, ਸੁਖਵਿੰਦਰ ਸਿੰਘ ਸਕਿਓਰਟੀ ਗਾਰਡ ਸਹਾਇਕ ਜਥੇਬੰਦਕ ਸਕੱਤਰ, ਹਰੀ ਸਿੰਘ ਨਹਿਰੀ ਵਿਭਾਗ, ਮਨਜੀਤ ਕੌਰ ਦੇਵੀ ਵਾਲਾ ਆਸ਼ਾ ਵਰਕਰ ਸਹਾਇਕ ਸਕੱਤਰ ਤੋਂ ਇਲਾਵਾ ਅਮਰਜੀਤ ਕੌਰ ਰਣ ਸਿੰਘ ਵਾਲਾ, ਰਮੇਸ਼ ਢੈਪਈ, ਪ੍ਰੇਮ ਚਾਵਲਾ ਤੇ ਕੁਲਵੰਤ ਸਿੰਘ ਚਾਨੀ ਸਲਾਹਕਾਰ ਬੋਰਡ ਦੇ ਮੈਂਬਰ ਚੁਣੇ ਗਏ। ਇਸ ਮੌਕੇ ਫੈਸਲਾ ਕੀਤਾ ਗਿਆ ਕਿ ਭਗਵੰਤ ਮਾਨ ਸਰਕਾਰ ਦੀਆਂ ਲੋਕ ਤੇ ਮੁਲਾਜ਼ਮ ਵਿਰੋਧੀ ਨੀਤੀਆਂ ਖਿਲਾਫ ਹੋਣ ਵਾਲੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਅਤੇ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਵੱਲੋਂ ਲੜੇ ਜਾਣ ਵਾਲੇ ਸਾਰੇ ਸੰਘਰਸ਼ਾਂ ਵਿੱਚ ਪੂਰੀ ਸਰਗਰਮੀ ਨਾਲ ਸ਼ਮੂਲੀਅਤ ਕੀਤੀ ਜਾਵੇਗੀ।

# ਗੁਰਦੁਆਰਾ ਨਾਨਕਸਰ ਸਾਹਿਬ ਵੱਲੋਂ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਦੀ ਅਪੀਲ

**ਲੁਧਿਆਣਾ (ਜੱਸਦੀਪ ਵਰਤੀਆਂ)**-ਸੂਬਾ ਸਰਕਾਰ ਵੱਲੋਂ ਵਿੱਢੀ ਗਈ ਪਰਾਲੀ ਸਾੜਨ ਵਿਰੋਧੀ ਮੁਹਿੰਮ ਨੂੰ ਸਮਾਜ ਦੇ ਹਰ ਵਰਗ ਵੱਲੋਂ ਹੁੰਗਾਰਾ ਮਿਲ ਰਿਹਾ ਹੈ, ਜਿਸ ਦੇ ਤਹਿਤ ਉੱਘੇ ਧਾਰਮਿਕ ਸਥਾਨ ਗੁਰਦੁਆਰਾ ਨਾਨਕਸਰ ਸਾਹਿਬ ਵੱਲੋਂ ਕਿਸਾਨਾਂ ਨੂੰ ਵਾਤਾਵਰਨ ਨੂੰ ਪਲੀਤ ਹੋਣ ਤੋਂ ਬਚਾਉਣ ਲਈ ਪਰਾਲੀ ਨਾ ਸਾੜਨ ਦਾ ਸੱਦਾ ਦਿੱਤਾ ਹੈ। ਗੁਰਦੁਆਰਾ ਨਾਨਕਸਰ ਕਲੇਰਾਂ ਦੇ ਬਾਬਾ ਲੱਖਾ ਸਿੰਘ ਨੇ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੇ ਖੇਤਾਂ ਨੂੰ ਅੱਗ ਨਾ ਲਗਾਉਣ, ਕਿਉਂਕਿ ਇਸ ਨਾਲ ਸਾਡੇ ਵਾਤਾਵਰਨ ਦੇ ਨਾਲ-ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਦਾ ਵੀ ਭਾਰੀ ਨੁਕਸਾਨ ਹੋ ਰਿਹਾ ਹੈ।

ਸੂਬੇ ਦੇ ਕਿਸਾਨਾਂ ਨੂੰ ਲਿਖਤੀ ਅਪੀਲ ਜਾਰੀ ਕਰਦਿਆਂ ਉਨ੍ਹਾ ਕਿਹਾ ਕਿ ਕੁਦਰਤ ਨੇ ਸਾਨੂੰ ਝੋਨੇ ਦੀ ਪਰਾਲੀ ਦੇ ਰੂਪ ਵਿੱਚ ਖਜ਼ਾਨਾ ਬਖਸ਼ਿਆ ਹੈ, ਪਰ ਸਾਡੇ ਕਿਸਾਨਾਂ ਨੇ ਇਸ ਨੂੰ ਸਰਾਪ ਸਮਝ ਲਿਆ ਹੈ। ਹਾਲਾਂਕਿ, ਸਹੀ ਜਾਗਰੂਕਤਾ ਪਰਾਲੀ ਸਾੜਨ ਦੀ ਸਮੱਸਿਆ ਬਾਰੇ ਉਨ੍ਹਾਂ ਦੇ ਸ਼ੱਕ ਨੂੰ ਦੂਰ ਕਰ ਸਕਦੀ ਹੈ। ਉਨ੍ਹਾ ਦੱਸਿਆ ਕਿ ਸੂਬੇ ਵਿੱਚ 25 ਲੱਖ ਹੈਕਟੇਅਰ ਰਕਬੇ ਵਿੱਚ ਝੋਨੇ ਦੀ ਫ਼ਸਲ ਬੀਜੀ ਜਾਂਦੀ ਹੈ ਤੇ ਵੱਡੀ ਗਿਣਤੀ ’ਚ ਕਿਸਾਨ ਆਪਣੇ ਖੇਤਾਂ ਵਿੱਚ ਫ਼ਸਲਾਂ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾ ਕੇ ਸਾੜ ਦਿੰਦੇ ਹਨ। ਉਨ੍ਹਾ ਕਿਹਾ ਕਿ ਇਹ ਪਿਰਤ ਸਾਡੀ ਜ਼ਮੀਨ ਦੀ ਉਪਜਾਊ ਸ਼ਕਤੀ ਨੂੰ ਨੁਕਸਾਨ ਪਹੁੰਚਾਉਣ ਤੋਂ ਇਲਾਵਾ ਵਾਤਾਵਰਣ ਨੂੰ ਵੀ ਗੰਧਲਾ ਕਰਦੀ ਹੈ। ਉਨ੍ਹਾ ਕਿਹਾ ਕਿ ਝੋਨੇ ਦੀ ਪਰਾਲੀ ਨੂੰ ਪਸ਼ੂਆਂ ਦੇ ਚਾਰੇ, ਖਾਦ ਤੇ ਬਿਜਲੀ ਉਤਪਾਦਨ ਤੋਂ ਇਲਾਵਾ ਹੋਰ ਕੰਮਾਂ ਲਈ ਵੀ ਵਰਤਿਆ ਜਾ ਸਕਦਾ ਹੈ।

# ਸੁਪਰੀਮ ਕਾਨਵੈਂਟ ਸਕੂਲ ਬਿਲਾਸਪੁਰ ’ਚ ਫੁੱਟਬਾਲ ਮੁਕਾਬਲੇ



**ਹਠੂਰ (ਨਛੱਤਰ ਸੰਧੂ)**-ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਵਿੱਚ ਇੰਟਰ ਹਾਊਸ ਫੁੱਟਬਾਲ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਚਾਰੇ ਹਾਊਸ ਭਗਤ ਸਿੰਘ ਹਾਊਸ, ਰਾਜ ਗੁਰੂ ਹਾਊਸ, ਨੇਤਾ ਜੀ ਹਾਊਸ, ਸੁਖਦੇਵ ਹਾਊਸ ਦੇ ਵਿਦਿਆਰਥੀਆਂ ਨੇ ਭਾਗ ਲਿਆ। ਮਿਡਲ ਵਿੰਗ ਵਿੱਚ ਪੰਜਵੀਂ ਤੋਂ ਲੈ ਕੇ ਅੱਠਵੀਂ ਕਲਾਸ ਦੇ ਵਿਦਿਆਰਥੀਆਂ ਨੇ ਭਾਗ ਲਿਆ। ਲੀਗ ਮੁਕਾਬਲੇ ਦੀ ਸ਼ੁਰੂਆਤ ਕਰਦੇ ਸਮੇਂ ਸਕੂਲ ਦੇ ਡਾਇਰੈਕਟਰ ਚਰਨ ਸਿੰਘ, ਚੇਅਰਮੈਨ ਯੋਗਿੰਦਰ ਪ੍ਰਸਾਦ ਸ਼ਰਮਾ ਤੇ ਪ੍ਰਿੰਸੀਪਲ ਸਨਦੀਪ ਕੁਮਾਰ ਨੇ ਟੀਮਾਂ ਦੇ ਖਿਡਾਰੀਆਂ ਨਾਲ ਜਾਣ ਪਹਿਚਾਣ ਕੀਤੀ। ਮੁਕਾਬਲੇ ਸ਼ੁਰੂ ਹੋਣ ਤੋਂ ਪਹਿਲਾਂ ਬੱਚਿਆਂ ਨੂੰ ਵਿਦਿਆਰਥੀ ਜੀਵਨ ’ਚ ਖੇਡਾਂ ਦੀ ਮਹੱਤਤਾ ਬਾਰੇ ਪ੍ਰਿੰਸੀਪਲ ਸੰਦੀਪ ਕੁਮਾਰ ਵੱਲੋਂ ਜਾਣਕਾਰੀ ਦਿੱਤੀ ਗਈ।

ਇਹ ਖੇਡ ਮੁਕਾਬਲੇ ਮਿਡਲ ਵਿੰਗ ਦੀਆਂ ਟੀਮਾਂ ਨੇਤਾ ਜੀ ਹਾਊਸ ਤੇ ਸੁਖਦੇਵ ਹਾਊਸ ਵਿੱਚ ਹੋਏ। ਦੂਜਾ ਲੀਗ ਮੁਕਾਬਲਾ ਭਗਤ ਸਿੰਘ ਤੇ ਨੇਤਾ ਜੀ ਹਾਊਸ ਦੀਆਂ ਟੀਮਾਂ ਵਿਚਕਾਰ ਹੋਇਆ। ਲੀਗ ਮੁਕਾਬਲਿਆਂ ਵਿੱਚ ਟੀਮਾਂ ਰਾਜਗੁਰੂ ਤੇ ਰਾਜਗੁਰੂ ਹਾਊਸ ਵਿੱਚ ਫਾਈਨਲ ਮੁਕਾਬਲੇ ਵਿੱਚ ਸੁਖਦੇਵ ਹਾਊਸ ਦੀ ਟੀਮ ਜੇਤੂ ਰਹੀ। ਸੀਨੀਅਰ ਵਿੰਗ ਦੇ ਮੁਕਾਬਲੇ ਨੌਵੀਂ ਕਲਾਸ ਤੋਂ ਬਾਰਵੀਂ ਕਲਾਸ ਵਿੱਚ ਕਰਵਾਏ ਗਏ, ਜਿਸ ਵਿੱਚ ਲੀਗ ਮੁਕਾਬਲੇ ਨੇਤਾ ਜੀ ਤੇ ਰਾਜਗੁਰੂ ਵਿੱਚ ਹੋਇਆ। ਦੂਜਾ ਲੀਗ ਮੁਕਾਬਲਾ ਸੁਖਦੇਵ ਤੇ ਭਗਤ ਸਿੰਘ ਹਾਊਸ ਵਿਚਕਾਰ ਹੋਇਆ। ਸੀਨੀਅਰ ਵਿੰਗ ਦੇ ਲੀਗ ਮੁਕਾਬਲਿਆਂ ਵਿੱਚ ਜੇਤੂ ਟੀਮਾਂ ਦੇ ਮੁਕਾਬਲੇ ਰਾਜਗੁਰੂ ਤੇ ਭਗਤ ਸਿੰਘ ਸਿੰਘ ਹਾਊਸ ਦੀਆਂ ਟੀਮਾਂ ਵਿੱਚ ਹੋਏ। ਸੀਨੀਅਰ ਵਿੰਗ ਦੇ ਮੁਕਾਬਲੇ ’ਚ ਰਾਜਗੁਰੂ ਟੀਮ ਜੇਤੂ ਰਹੀ। ਇਹ ਮੁਕਾਬਲੇ ਡੀ ਪੀ ਵਿਨੋਦ ਕੁਮਾਰ ਤੇ ਸੁਖਜਿੰਦਰ ਸਿੰਘ ਦੀ ਦੇਖ ਰੇਖ ਹੇਠ ਕਰਵਾਏ ਗਏ। ਅੰਤ ਵਿੱਚ ਡਾਇਰੈਕਟਰ ਤੇ ਚੇਅਰਮੈਨ ਵੱਲੋਂ ਜੇਤੂ ਟੀਮਾਂ ਨੂੰ ਵਧਾਈ ਦਿੱਤੀ ਗਈ। ਪ੍ਰਿੰਸੀਪਲ ਸੰਦੀਪ ਕੁਮਾਰ ਨੇ ਜੇਤੂ ਖਿਡਾਰੀਆਂ ਤੇ ਹਾਊਸ ਮਾਸਟਰ ਅਤੇ ਮਿਸਟ੍ਰਿਸ ਨੂੰ ਵੀ ਵਧਾਈ ਦਿੱਤੀ। ਖਿਡਾਰੀਆਂ ਦੀ ਹੌਸਲਾ ਵਧਾਈ ਕਰਦੇ ਹੋਏ ਅੰਤ ਵਿੱਚ ਸਭ ਦਾ ਧੰਨਵਾਦ ਕੀਤਾ।

# ਪੰਜਾਬ ਤੇ ਪੰਜਾਬੀਅਤ ਨੂੰ ਬਚਾਉਣ ਲਈ ਲੋਕ ਰਾਜ ਪਾਰਟੀ ਦਾ ਸਾਥ ਦਿਓ : ਮੰਗਲੀ



**ਲੁਧਿਆਣਾ (ਜਸਦੀਪ ਵਰਤੀਆਂ)**

ਲੋਕ ਰਾਜ ਪਾਰਟੀ ਦੀ ਇਕ ਵਿਸ਼ੇਸ਼ ਮੀਟਿੰਗ ਇੰਦਰਾ ਕਲੋਨੀ ਰਾਹੋਂ ਰੋਡ ਲੁਧਿਆਣਾ ਵਿਖੇ ਪ੍ਰਧਾਨ ਬਲਕਾਰ ਸਿੰਘ ਮੰਗਲੀ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਮੰਗਲੀ ਨੇ ਕਿਹਾ ਕਿ 75 ਸਾਲਾਂ ਤੋਂ ਰਾਜ ਕਰਦੀਆਂ ਆ ਰਹੀਆਂ ਪਾਰਟੀਆਂ ਨੇ ਪੰਜਾਬ ਨੂੰ ਕੰਗਾਲੀ ਦੇ ਕੰਢੇ ’ਤੇ ਲਿਆ ਕੇ ਖੜਾ ਕਰ ਦਿੱਤਾ ਹੈ। ਪੰਜਾਬ ਦੇ ਲੋਕਾਂ ਨਾਲ ਝੂਠੇ ਵਾਅਦੇ ਕਰ ਕੇ ਹਰ ਵਾਰ ਧੋਖਾ ਕੀਤਾ ਜਾਂਦਾ ਹੈ। ਪੰਜਾਬ ਦੇ ਲੋਕਾਂ ਨੇ ਬਦਲਾਵ ਲਿਆਉਣ ਲਈ ਆਮ ਆਦਮੀ ਪਾਰਟੀ ਨੂੰ 92 ਐੱਮ ਐੱਲ ਏ ਦੇ ਕੇ ਇਤਿਹਾਸ ਰਚਿਆ ਸੀ, ਪਰ ਮਿਲਿਆ ਕੀ ਧੋਖਾ, ਅੱਜ ਦਿਨ ਦਿਹਾੜੇ ਡਕੈਤੀਆਂ, ਕਤਲ ਤੇ ਸਰੇਆਮ ਨਸ਼ਾ ਵਿਕ ਰਿਹਾ ਹੈ, ਸਰਕਾਰ ਦੇ ਕੰਨ ’ਤੇ ਜੂੰ ਤੱਕ ਨਹੀਂ ਸਰਕਦੀ। ਮੰਗਲੀ ਨੇ ਕਿਹਾ ਕਿ ਪੰਜਾਬ ਤੇ ਪੰਜਾਬੀਅਤ ਨੂੰ ਬਚਾਉਣ ਲਈ ਲੋਕ ਰਾਜ ਪਾਰਟੀ ਦਾ ਸਾਥ ਦਿਓ, ਜੋ ਕਹਾਂਗੇ, ਕਰਕੇ ਦਿਖਾਵਾਂਗੇ। ਇਸ ਸਮੇਂ ਵੱਖ ਵੱਖ ਪਾਰਟੀਆਂ ਨੂੰ ਛੱਡ ਕੇ ਆਏ ਸਾਥੀਆਂ ਭੋਲਾ ਸਿੰਘ ਕਲੋਨੀ ਮੀਤ ਪ੍ਰਧਾਨ ਪੰਜਾਬ, ਵਸਣ ਸਿੰਘ ਬਾਜੜਾ ਪ੍ਰਧਾਨ ਯੂਥ ਵਿੰਗ ਲੁਧਿਆਣਾ, ਅਨੂਪ ਬੈਂਸ ਪ੍ਰਧਾਨ ਲੁਧਿਆਣਾ ਦਿਹਾਤੀ, ਜਸਦੀਪ ਮੀਤ ਪ੍ਰਧਾਨ ਵਿਧਾਨ ਸਭਾ ਹਲਕਾ ਉੱਤਰੀ, ਭਾਰਤ ਭੂਸ਼ਣ ਮੀਤ ਪ੍ਰਧਾਨ ਵਿਧਾਨ ਸਭਾ ਹਲਕਾ ਪੂਰਬੀ, ਗੁਰਵਿੰਦਰ ਸਿੰਘ ਜਨਰਲ ਸਕੱਤਰ ਯੂਥ ਵਿੰਗ ਹਲਕਾ ਪੂਰਬੀ, ਕੀਮਤ ਸਿੰਘ ਸਕੱਤਰ ਹਲਕਾ ਸਾਹਨੇਵਾਲ, ਸੁਰਿੰਦਰ ਸਿੰਘ ਮੇਹਰਬਾਨ ਮੀਤ ਪ੍ਰਧਾਨ ਹਲਕਾ ਸਾਹਨੇਵਾਲ, ਰਾਮ ਸਿੰਘ ਸਕੱਤਰ ਯੂਥ ਵਿੰਗ ਹਲਕਾ ਸਾਹਨੇਵਾਲ, ਕਰਨੈਲ ਸਿੰਘ ਮਾਂਗਟ ਮੀਤ ਪ੍ਰਧਾਨ ਹਲਕਾ ਸਾਹਨੇਵਾਲ ਆਦਿ ਨੂੰ ਨਿਯੁਕਤੀ ਪੱਤਰ ਦਿੱਤੇ। ਇਸ ਸਮੇਂ ਵਿਸ਼ਾਲ ਅਰੋੜਾ ਕੌਮੀ ਪ੍ਰਧਾਨ ਯੂਥ ਵਿੰਗ, ਬਲਕਾਰ ਸਿੰਘ ਮਾਂਗਟ ਮੀਤ ਪ੍ਰਧਾਨ ਪੰਜਾਬ, ਬਹਾਦਰ ਰਾਮ ਪ੍ਰਧਾਨ ਐੱਸ ਸੀ ਵਿੰਗ ਪੰਜਾਬ, ਸਲਮਾਨ ਖਾਨ ਪ੍ਰਧਾਨ ਮੁਸਲਿਮ ਵਿੰਗ ਪੰਜਾਬ, ਮਨਜੀਤ ਕੌਰ ਮੀਤ ਪ੍ਰਧਾਨ ਮਹਿਲਾ ਵਿੰਗ, ਮਨਜੀਤ ਸਿੰਘ ਮਾਂਗਟ ਜਨਰਲ ਸਕੱਤਰ ਹਲਕਾ ਸਾਹਨੇਵਾਲ, ਹਰਮਿੰਦਰ ਸਿੰਘ, ਨਰਿੰਦਰ ਕੁਮਾਰ ਮੀਤ ਪ੍ਰਧਾਨ ਵਾਰਡ ਨੰਬਰ 7, ਬਲਵੀਰ ਸਿੰਘ ਵਾਰਡ ਨੰਬਰ 7 ਅਤੇ ਸੈਂਕੜੇ ਵਰਕਰਾਂ ਨੇ ਹਿੱਸਾ ਲਿਆ।

# ਪੰਜਾਬ ਦੇ ਸਾਢੇ 18 ਹਜ਼ਾਰ ਡੀਪੂ ਹੋਲਡਰਾਂ ਕੋਲ ਰਾਸ਼ਨ ਵੰਡਣ ਲਈ ਸਿਰਫ ਇੱਕ ਹਜ਼ਾਰ ਮਸ਼ੀਨਾਂ !

## ਤਿੰਨ ਮਹੀਨੇ ਤੋਂ ਗਰੀਬਾਂ ਨੂੰ ਨਹੀਂ ਮਿਲੀ ਕਣਕ

**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਰਾਸ਼ਨ ਡੀਪੂਆਂ ਤੋਂ ਪਿਛਲੇ ਤਿੰਨ ਮਹੀਨੇ ਤੋਂ ਕਣਕ ਦੀ ਵੰਡ ਨਾ ਹੋਣ ਕਰਕੇ ਗਰੀਬ ਵਰਗ ਦੇ ਲੋਕਾਂ ਨੂੰ ਭਾਰੀ ਮੁਸ਼ਕਲ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸੂਤਰਾਂ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ ਇਸ ਵੇਲੇ ਸੂਬੇ ’ਚ ਸਾਢੇ 18 ਹਜ਼ਾਰ ਡੀਪੂ ਹੋਲਡਰ ਹਨ, ਪਰ ਰਾਸ਼ਨ ਵੰਡਣ ਵਾਲੀਆਂ ਮਸ਼ੀਨਾਂ ਦੀ ਗਿਣਤੀ ਕੇਵਲ 1800 ਹੈ, ਜਿਨ੍ਹਾਂ ਵਿੱਚੋਂ 800 ਮਸ਼ੀਨਾਂ ਖਰਾਬ ਪਈਆਂ ਹਨ। ਪੰਜਾਬ ਭਰ ’ਚ 18500 ਡੀਪੂ ਹੋਲਡਰਾਂ ਕੋਲ ਸਿਰਫ 1000 ਮਸ਼ੀਨਾਂ ਹਨ। ਡੀਪੂਆਂ ਕੋਲ ਲੋੜ ਅਨੁਸਾਰ ਮਸ਼ੀਨਾਂ ਦਾ ਪੂਰਾ ਪ੍ਰਬੰਧ ਨਾ ਹੋਣ ਕਰਕੇ ਲੋੜਵੰਦਾਂ ਨੂੰ ਘੰਟਿਆਂ ਬੱਧੀ ਲੰਮੀਆਂ ਲਾਇਨਾਂ ’ਚ ਖੜਨਾ ਪੈਂਦਾ ਹੈ। ਪੀੜਤ ਲੋਕਾਂ ਦਾ ਕਹਿਣਾ ਹੈ ਕਿ ਜਿਹੜੀ ਸਰਕਾਰ ਡੀਪੂ ਹੋਲਡਰਾਂ ਨੂੰ ਮਸ਼ੀਨਾਂ ਦਾ ਪ੍ਰਬੰਧ ਨਹੀਂ ਕਰਵਾ ਸਕਦੀ, ਉਹ ਘਰ ਘਰ ਰਾਸ਼ਨ ਕਿੱਥੋਂ ਪਹੁੰਚਾ ਦੇਵੇਗੀ। ਇਕ ਡੀਪੂ ਹੋਲਡਰ ਨੇ ਦੱਸਿਆ ਕਿ ਕੇਂਦਰ ਸਰਕਾਰ ਵੱਲੋਂ 1.87 ਰੁਪਏ ਕਮਿਸ਼ਨ ਪ੍ਰਤੀ ਕਿੱਲੋ ਕਣਕ ਵੰਡਣ ਲਈ ਡੀਪੂ ਹੋਲਡਰਾਂ ਵਾਸਤੇ ਪੰਜਾਬ ਸਰਕਾਰ ਰਾਹੀਂ ਭੇਜਿਆ ਜਾ ਰਿਹਾ ਹੈ, ਪਰ ਅੱਗੇ ਪੰਜਾਬ ਸਰਕਾਰ ਵੱਲੋਂ ਸਿਰਫ 47 ਪੈਸੇ ਪ੍ਰਤੀ ਕਿੱਲੋ ਕਮਿਸ਼ਨ ਦਿੱਤਾ ਜਾ ਰਿਹਾ ਹੈ, ਉਹ ਵੀ 25 ਮਹੀਨਿਆਂ ਤੋਂ ਬੰਦ ਪਿਆ ਹੈ। ਹੁਣ ਮਾਨਯੋਗ ਹਾਈ ਕੋਰਟ ਦੇ ਹੁਕਮਾਂ ਅਨੁਸਾਰ 12 ਮਹੀਨਿਆਂ ਦਾ ਕਮਿਸ਼ਨ ਦਿੱਤਾ ਗਿਆ ਹੈ, ਫਿਰ ਵੀ 13 ਮਹੀਨੇ ਦਾ ਬਕਾਇਆ ਖੜਾ ਹੈ। ਮਨਰੇਗਾ ਰੁਜ਼ਗਾਰ ਪ੍ਰਾਪਤ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਜਗਰਾਜ ਰਾਮਾ, ਸਕੱਤਰ ਕਾਮਰੇਡ ਖੁਸ਼ੀਆ ਸਿੰਘ, ਬਵਨ ਸਿੰਘ ਖਿਆਲੀ, ਦਿਹਾਤੀ ਮਜ਼ਦੂਰ ਸਭਾ ਦੇ ਜ਼ਿਲ੍ਹਾ ਸਕੱਤਰ ਭੋਲਾ ਸਿੰਘ ਕਲਾਲ ਮਾਜਰਾ, ਸੂਬਾਈ ਸੀਟੂ ਆਗੂ ਪਰਮਜੀਤ ਕੌਰ ਗੁੰਮਟੀ ਆਦਿ ਆਗੂਆਂ ਨੇ ਸੂਬਾ ਸਰਕਾਰ ਵੱਲੋਂ ਕਣਕ ਦੀ ਵੰਡ ਰੋਕ ਕੇ ਇਸ ਨੂੰ ਨਵਾਂ ਨਾਂਅ ਦੇਣ ਦੀ ਕੀਤੀ ਜਾ ਰਹੀ ਵਿਉਂਤਬੰਦੀ ਦੀ ਸਖ਼ਤ ਸ਼ਬਦਾਂ ’ਚ ਨਿੰਦਾ ਕਰਦਿਆਂ ਮੰਗ ਕੀਤੀ ਕਿ ਹਰੇਕ ਡੀਪੂ ਹੋਲਡਰ ਕੋਲ ਆਪਣੀ ਮਸ਼ੀਨ ਦਾ ਪ੍ਰਬੰਧ ਕਰਕੇ ਤਿੰਨ ਮਹੀਨੇ ਦੀ ਬਕਾਇਆ ਕਣਕ ਦੀ ਵੰਡ ਲੋੜਵੰਦਾਂ ਨੂੰ ਤੁਰੰਤ ਕੀਤੀ ਜਾਵੇ।

# ਲੇਖਕ ਮੰਚ ਦੀ ਮੀਟਿੰਗ ਦੌਰਾਨ ‘ਕਬੱਡੀ’ ਗੀਤ ਦਾ ਪੋਸਟਰ ਤੇ ਵੀਡੀਓ ਰਿਲੀਜ਼



**ਸਮਰਾਲਾ (ਸੁਰਜੀਤ ਸਿੰਘ)**-ਲੇਖਕ ਮੰਚ (ਰਜਿ:) ਸਮਰਾਲਾ ਦੀ ਮਾਸਿਕ ਇਕੱਤਰਤਾ ਮੰਚ ਦੇ ਪ੍ਰਧਾਨ ਕਹਾਣੀਕਾਰ ਦਲਜੀਤ ਸ਼ਾਹੀ ਦੀ ਪ੍ਰਧਾਨਗੀ ਹੇਠ ਸਰਕਾਰੀ ਸੀਨੀ: ਸੈਕੰ: ਸਕੂਲ ਸਮਰਾਲਾ ਵਿਖੇ ਹੋਈ, ਜਿਸ ਵਿੱਚ ਰਚਨਾਵਾਂ ਦੇ ਦੌਰ ’ਚ ਅਵਤਾਰ ਉਟਾਲ ਨੇ ‘ਸੱਚ ਦੱਸ’ ਗੀਤ ਡਿਊਟ ਰੂਪ ਵਿੱਚ ਸੁਣਾਇਆ। ਕਰਮਜੀਤ ਬਾਸੀ ਨੇ ਸਰਕਾਰ ’ਤੇ ਵਿਅੰਗ ਕਰਦੀ ਮੰਨੀ ਕਵਿਤਾ ‘ਬਦਲਾਅ’ ਸੁਣਾਈ। ਨਾਇਬ ਸਿੰਘ ਬਘੌਰ ਨੇ ਆਪਣੇ ਪਿੰਡ ਬਘੌਰ ਦੀ ਸਥਾਪਤੀ ਸਮੇਂ ਦਾ ਜ਼ਿਕਰ ਕਰਦੀ ਵਾਰਤਿਕ ਨੀਂਹ ਪੱਥਰ ਲੇਖ ਰੂਪ ’ਚ ਸੁਣਾਈ ਅਤੇ ਇਸ ਦਾ ਸਿਹਰਾ ਪਿੰਡ ਚਨਾਰਥਲ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਦੇ ਪੁਰਖਿਆਂ ਸਿਰ ਬੰਨ੍ਹਿਆ। ਡਾ. ਜਸਵਿੰਦਰ ਸਿੰਘ ਨੇ ਆਪਣੀ ਕਵਿਤਾ ‘ਕੁਦਰਤ ਦੀ ਕਾਇਨਾਤ’ ਵਿੱਚ ਕੁਦਰਤ ਨਾਲ ਜੁੜਨ ਦਾ ਸੁਨੇਹਾ ਦਿੱਤਾ। ਰਾਜਪਾਲ ਸਿੰਘ ਦਿੱਗਪਾਲ ਨੇ ਕਵਿਤਾ ‘ਬਾਪੂ’ ਸੁਣਾਈ। ਕੇਵਲ ਕੁੱਲੇਵਾਲੀਆ ਦਾ ਲਿਖਿਆ ਤੇ ਗਾਇਆ ‘ਕਬੱਡੀ’ ਗੀਤ ਭਰਪੂਰ ਚਰਚਾ ਕਰਵਾ ਗਿਆ, ਜਿਸ ਦਾ ਪੋਸਟਰ ਤੇ ਵੀਡੀਓ ਰਿਲੀਜ਼ ਕੀਤੇ ਗਏ। ਮੈਨੇਜਰ ਕਰਮ ਚੰਦ ਨੇ ‘ਦੇਸੀ ਢੰਗ ਨਾਲ ਜੀਣਾ ਸਿੱਖ ਲਓ’ ਛੰਦਬੱਧ ਕਵਿਤਾ ਪੇਸ਼ ਕੀਤੀ। ਜੁਆਲਾ ਸਿੰਘ ਥਿੰਦ ਨੇ ਆਪਣੀ ਪਸੰਦੀਦਾ ਸਾਬਰ ਅਲੀ ਸਾਬਰ ਦੀ ਰਚਨਾ ‘ਰੱਬਾ ਜੇ ਤੇਰੇ ਬਿਨਾਂ ਪੱਤਾ ਨਹੀਂ ਹਿਲਦਾ’ ਸਾਂਝੀ ਕੀਤੀ। ਕਮਲਜੀਤ ਨੀਲੋਂ ਨੇ ਕਹਾਣੀ ‘ਸਮੱਸਿਆ ਦਾ ਹੱਲ’ ਸੁਣਾਈ। ਇਸ ਉਪਰੰਤ ਵਧੀਆ ਗੀਤਕਾਰ ਕਾਮਰੇਡ ਕੇਵਲ ਸਿੰਘ ਮੰਜਾਲੀਆਂ ਨੇ ਗੀਤ ‘ਗੱਲ ਪਰਦੇ ’ਚ ਰੱਖੀਂ’, ਹਰਬੰਸ ਮਾਲਵਾ ਨੇ ਗੀਤ ‘ਮਾਏ ਮੈਂ ਜੁਆਨ ਹੋ ਗਈ’ ਸੁਣਾਇਆ। ਉਪਰੋਕਤ ਰਚਨਾਵਾਂ ’ਤੇ ਪ੍ਰਿੰਸੀਪਲ (ਡਾ:) ਪਰਮਿੰਦਰ ਸਿੰਘ ਬੈਨੀਪਾਲ, ਨਾਟਕ ਤੇ ਫਿਲਮੀ ਖੇਤਰ ਦਾ ਨਾਮਵਰ ਨਾਂ ਮਿੱਕੀ ਮਰਵਾਹਾ, ਸੰਗੀਤਕਾਰ ਸਮਸ਼ੇਰ ਸਿੰਘ ਸ਼ੇਰ ਘੁੰਗਰਾਲੀ ਸਿੱਖਾਂ, ਸ਼ਮਿੰਦਰ ਸੇਖੋਂ, ਗੁਰਦੇਵ ਮੰਜਾਲੀਆਂ, ਅਨਮੋਲ ਕੁੱਲੇਵਾਲ ਅਤੇ ਲੇਖਕਾਂ ਨੇ ਇੱਕ ਦੂਜੇ ਦੀਆਂ ਰਚਨਾਵਾਂ ’ਤੇ ਉਸਾਰੂ ਬਹਿਸ ਕੀਤੀ ਅਤੇ ਸਾਰਥਿਕ ਸੁਝਾਅ ਦਿੱਤੇ। ਮਰਹੂਮ ਮਾਸਟਰ ਤਰਲੋਚਨ ਸਿੰਘ ਸਮਰਾਲਾ ਨੂੰ ਯਾਦ ਕੀਤਾ ਗਿਆ ਤੇ ਸੰਪੂਰਨ ਸਿੰਘ ਉਬਰਾਏ, ਜੋਗਿੰਦਰ ਅਮਰ, ਨਰਪਿੰਦਰ ਰਤਨ, ਧੂਰੀ ਸਾਹਿਤ ਸਭਾ ਦੇ ਰੂਹੇਰਵਾਂ ਗੁਲਜ਼ਾਰ ਸ਼ੌਂਕੀ ਦੀ ਪਤਨੀ ਦੀ ਮੌਤ ’ਤੇ ਸ਼ੋਕ ਪ੍ਰਗਟ ਕੀਤਾ ਗਿਆ।

# ਛੱਠ ਪੂਜਾ ਦਾ ਤਿਉਹਾਰ ਮਨਾਇਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸਥਾਨਕ ਸ਼ਹਿਰ ਦੇ ਰਾਮ ਬਾਗ ਵਿਖੇ ਛੱਠ ਪੂਜਾ ਦਾ ਤਿਉਹਾਰ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਗਿਆ, ਜਿਸ ਵਿੱਚ ਮੁੱਖ ਮਹਿਮਾਨ ਐਡਵੋਕੇਟ ਜਸਵਿੰਦਰ ਸਿੰਘ ਜੱਸ ਸਿੱਧੂ ਜ਼ਿਲ੍ਹਾ ਮੀਤ ਪ੍ਰਧਾਨ ਪਹੁੰਚੇ। ਆਪਣੇ ਭਾਸ਼ਣ ਦੌਰਾਨ ਸੰਬੋਧਨ ਕਰਦੇ ਹੋਏ ਜੱਸ ਸਿੱਧੂ ਨੇ ਸ਼ਹਿਰ ਵਾਸੀਆਂ ਨੂੰ ਇਸ ਤਿਉਹਾਰ ਦੀਆਂ ਮੁਬਾਰਕਾਂ ਦਿੱਤੀਆਂ ਅਤੇ ਆਪਸੀ ਭਾਈਚਾਰਾ ਬਣਾ ਕੇ ਰੱਖਣ ਦੀ ਅਪੀਲ ਕੀਤੀ। ਇਸ ਮੌਕੇ ਕਾਂਗਰਸੀ ਆਗੂ ਟੈਨੀ ਬੁੱਗਰ, ਕੁਲਦੀਪ ਗਰਗ ਰਈਆ, ਰਾਮ ਕਿਸ਼ਨ, ਦਰਸ਼ਨ ਸਿੰਘ ਤੇ ਛੱਠ ਪੂਜਾ ਕਮੇਟੀ ਦੇ ਪ੍ਰਧਾਨ ਸੋਨੂੰ ਕੁਮਾਰ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ।

# ਭਾਸ਼ਾ ਵਿਭਾਗ ਨੇ ਲੁਧਿਆਣਾ ’ਚ ਕਰਵਾਏ ਰਾਜ ਪੱਧਰੀ ਪ੍ਰਸ਼ਨੋਤਰੀ ਮੁਕਾਬਲੇ



**ਲੁਧਿਆਣਾ (ਰਾਜ ਸਿੰਗਲਾ)**

ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਤੇ ਮੰਤਰੀ ਉਚੇਰੀ ਸਿੱਖਿਆ ਅਤੇ ਭਾਸ਼ਾਵਾਂ ਹਰਜੋਤ ਬੈਂਸ ਦੀ ਸੁਯੋਗ ਅਗਵਾਈ ਵਿੱਚ ਸੂਬੇ ਅੰਦਰ ਪੰਜਾਬੀ ਭਾਸ਼ਾ ਦੀ ਚੜ੍ਹਦੀਕਲਾ ਲਈ ਅਨੇਕ ਉਪਰਾਲੇ ਕੀਤੇ ਜਾ ਰਹੇ। ਇਸੇ ਕੜੀ ਵਿੱਚ ਪੰਜਾਬੀ ਭਾਸ਼ਾ ਤੇ ਸਾਹਿਤ ਦੇ ਪ੍ਰਚਾਰ ਪ੍ਰਸਾਰ ਲਈ ਕਾਰਜਸ਼ੀਲ ਪੰਜਾਬ ਸਰਕਾਰ ਦਾ ਅਦਾਰਾ ਭਾਸ਼ਾ ਵਿਭਾਗ ਪੰਜਾਬ, ਡਾਇਰੈਕਟਰ ਡਾ. ਵੀਰਪਾਲ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਨਵੰਬਰ ਮਹੀਨੇ ਨੂੰ ਪੰਜਾਬੀ ਮਾਹ ਵਜੋਂ ਮਨਾ ਰਿਹਾ ਹੈ।

ਇਸ ਅਧੀਨ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਸਮਾਗਮ ਕਰਵਾਏ ਜਾ ਰਹੇ ਹਨ। ਇਨ੍ਹਾਂ ਸਮਾਗਮਾਂ ਦੀ ਸ਼ੁਰੂਆਤ ਇੱਕ ਨਵੰਬਰ ਨੂੰ ਪਟਿਆਲਾ ਵਿਖੇ ਭਾਸ਼ਾ ਵਿਭਾਗ ਪੰਜਾਬ ਦੇ ਮੁੱਖ ਦਫ਼ਤਰ ਵਿਖੇ ਕਰਵਾਏ ਉਦਘਾਟਨੀ ਸਮਾਰੋਹ ਰਾਹੀਂ ਕੀਤੀ ਗਈ, ਜਿਸ ਵਿੱਚ ਮੰਤਰੀ ਉਚੇਰੀ ਸਿੱਖਿਆ ਤੇ ਭਾਸ਼ਾਵਾਂ ਹਰਜੋਤ ਬੈਂਸ ਨੇ ਵਿਸ਼ੇਸ਼ ਤੌਰ ’ਤੇ ਸ਼ਿਰਕਤ ਕੀਤੀ। ਇਸੇ ਕੜੀ ਵਿੱਚ ਲੁਧਿਆਣਾ ਦੇ ਸਰਕਾਰੀ ਕਾਲਜ ਲੜਕੀਆਂ ਵਿਖੇ ਰਾਜ ਪੱਧਰੀ ਪ੍ਰਸ਼ਨੋਤਰੀ ਮੁਕਾਬਲਿਆਂ ਦਾ ਆਯੋਜਨ ਕਰਵਾਇਆ ਗਿਆ। ਇਸ ਪ੍ਰਸ਼ਨੋਤਰੀ ਮੁਕਾਬਲੇ ਵਿੱਚ ਪੰਜਾਬੀ ਭਾਸ਼ਾ, ਸਾਹਿਤ ਤੇ ਸੱਭਿਆਚਾਰ ਉਤੇ ਅਧਾਰਤ ਪ੍ਰਸ਼ਨ ਪੁੱਛੇ ਜਾਂਦੇ ਹਨ। ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਸੰਦੀਪ ਸ਼ਰਮਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਨ੍ਹਾਂ ਮੁਕਾਬਲਿਆਂ ਨੂੰ ਤਿੰਨ ਵਰਗਾਂ ਵਿੱਚ ਵੰਡਿਆ ਗਿਆ ਹੈ। ਪਹਿਲਾ ਵਰਗ ਛੇਵੀਂ ਤੋਂ ਅੱਠਵੀਂ, ਦੂਜਾ ਨੌਵੀਂ ਤੋਂ ਬਾਰਵੀਂ ਤੇ ਤੀਜੇ ਵਰਗ ਵਿੱਚ ਗਰੇਜੂਏਸ਼ਨ ਜਾਂ ਇਸ ਤੋਂ ਉਪਰਲੇ ਪੱਧਰ ਦੇ ਵਿਦਿਆਰਥੀ ਭਾਗ ਲੈਂਦੇ ਹਨ। ਅਗਸਤ ਮਹੀਨੇ ’ਚ ਸਮੂਹ ਜ਼ਿਲ੍ਹਿਆਂ ਵਿੱਚ ਇਹ ਮੁਕਾਬਲੇ ਜ਼ਿਲ੍ਹਾ ਪੱਧਰ ’ਤੇ ਕਰਵਾਏ ਗਏ ਤੇ ਜ਼ਿਲ੍ਹਾ ਪੱਧਰ ’ਤੇ ਹਰੇਕ ਵਰਗ ਵਿੱਚ ਪਹਿਲੇ ਸਥਾਨ ’ਤੇ ਆਏ ਵਿਦਿਆਰਥੀਆਂ ਨੇ ਇਸ ਰਾਜ ਪੱਧਰੀ ਸਮਾਗਮ ਵਿੱਚ ਭਾਗ ਲਿਆ। ਇਸ ਸਮਾਗਮ ਵਿੱਚ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਸ੍ਰ. ਸ਼ਰਨਪਾਲ ਸਿੰਘ ਮੱਕੜ ਨੇ ਬਤੌਰ ਮੁੱਖ ਮਹਿਮਾਨ, ਉੱਘੇ ਕਵੀ ਤੇ ਚਿੱਤਰਕਾਰ ਸਵਰਨਜੀਤ ਸਵੀ ਨੇ ਬਤੌਰ ਪ੍ਰਧਾਨ, ਪ੍ਰੋਗਰਾਮ ਐਗਜ਼ੀਕਿਊਟਿਵ ਆਲ ਇੰਡੀਆ ਰੇਡੀਓ ਜਲੰਧਰ ਮੁਹੰਮਦ ਇਮਤਿਆਜ਼ ਤੇ ਪ੍ਰਿੰਸੀਪਲ ਸੁਮਨ ਲਤਾ ਨੇ ਬਤੌਰ ਵਿਸ਼ੇਸ਼ ਮਹਿਮਾਨ ਸ਼ਿਰਕਤ ਕੀਤੀ। ਡਿਪਟੀ ਡਾਇਰੈਕਟਰ ਭਾਸ਼ਾ ਵਿਭਾਗ ਸਤਨਾਮ ਸਿੰਘ ਨੇ ਆਏ ਮਹਿਮਾਨਾਂ ਦਾ ਸਵਾਗਤ ਕੀਤਾ ਤੇ ਵਿਭਾਗ ਦੇ ਕਾਰਜਾਂ ਸੰਬੰਧੀ ਜਾਣਕਾਰੀ ਸਾਂਝੀ ਕੀਤੀ। ਮੁਕਾਬਲਿਆਂ ਵਿੱਚ ਪਹਿਲੇ ਵਰਗ ’ਚ ਜੋਤਰੂਪ ਕੌਰ ਅੰਮ੍ਰਿਤਸਰ, ਹੁਸਨਦੀਪ ਕੌਰ ਫਾਜ਼ਿਲਕਾ, ਸੁਖਮਨ ਬਰਾੜ ਫਰੀਦਕੋਟ ਨੇ ਕ੍ਰਮਵਾਰ ਪਹਿਲਾ, ਦੂਜਾ ਤੇ ਤੀਜਾ ਇਨਾਮ ਹਾਸਲ ਕੀਤਾ। ਦੂਜੇ ਵਰਗ ’ਚ ਪੁਨਮਪ੍ਰੀਤ ਕੌਰ ਲੁਧਿਆਣਾ, ਅਲੀਸ਼ਾ ਫਾਜ਼ਿਲਕਾ ਤੇ ਨਵਜੀਤ ਕੌਰ ਹੁਸ਼ਿਆਰਪੁਰ ਨੇ ਕ੍ਰਮਵਾਰ ਪਹਿਲਾ, ਦੂਜਾ ਤੇ ਤੀਜਾ ਇਨਾਮ ਹਾਸਲ ਕੀਤਾ। ਤੀਜੇ ਵਰਗ ਵਿੱਚ ਨਿਕਿਤਾ ਬਰਨਾਲਾ, ਕੰਚਨ ਨਵਾਂਸ਼ਹਿਰ ਤੇ ਸਾਹਿਬਜੀਤ ਸਿੰਘ ਅੰਮ੍ਰਿਤਸਰ ਨੇ ਕ੍ਰਮਵਾਰ ਪਹਿਲਾ, ਦੂਜਾ ਤੇ ਤੀਜਾ ਸਥਾਨ ਹਾਸਲ ਕੀਤਾ। ਜੇਤੂ ਵਿਦਿਆਰਥੀਆਂ ਨੂੰ ਭਾਸ਼ਾ ਵਿਭਾਗ ਵੱਲੋਂ ਨਕਦ ਇਨਾਮ, ਮੈਡਲ ਤੇ ਸਰਟੀਫਿਕੇਟ ਨਾਲ ਸਨਮਾਨਤ ਕੀਤਾ ਗਿਆ। ਚੇਅਰਮੈਨ ਸ਼ਰਨਪਾਲ ਸਿੰਘ ਮੱਕੜ ਨੇ ਸੰਬੋਧਨ ਕਰਦਿਆਂ ਕਿਹਾ ਕਿ ਜੇਤੂ ਵਿਦਿਆਰਥੀਆਂ ਦੇ ਨਾਲ-ਨਾਲ ਮੁਕਾਬਲੇ ਵਿੱਚ ਭਾਗ ਲੈਣ ਵਾਲਾ ਹਰ ਇੱਕ ਵਿਦਿਆਰਥੀ ਵਧਾਈ ਦਾ ਪਾਤਰ ਹੈ। ਸਵਰਨਜੀਤ ਸਵੀ ਨੇ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਅਜਿਹੇ ਮੁਕਾਬਲੇ ਸਵੈ-ਵਿਕਾਸ ਲਈ ਬੇਹੱਦ ਜ਼ਰੂਰੀ ਹਨ। ਮੁਹੰਮਦ ਇਮਤਿਆਜ਼ ਨੇ ਕਿਹਾ ਕਿ ਭਾਸ਼ਾ ਵਿਭਾਗ ਦਾ ਇਹ ਉਪਰਾਲਾ ਵਿਦਿਆਰਥੀਆਂ ਦੀ ਪੰਜਾਬੀ ਭਾਸ਼ਾ, ਸਾਹਿਤ ਤੇ ਸੱਭਿਆਚਾਰ ਨਾਲ ਸਾਂਝ ਪਵਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ। ਪ੍ਰਿੰਸੀਪਲ ਸੁਮਨ ਲਤਾ ਤੇ ਸਹਾਇਕ ਡਾਇਰੈਕਟਰ ਸੁਰਿੰਦਰ ਕੌਰ ਨੇ ਵੀ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ।

ਸਮਾਗਮ ਵਿੱਚ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਦਵਿੰਦਰ ਲੋਟੇ ਤੇ ਆਮ ਆਦਮੀ ਪਾਰਟੀ ਆਗੂ ਜਸਵੀਰ ਸਿੰਘ ਜੱਸਲ ਨੇ ਵੀ ਵਿਸ਼ੇਸ਼ ਤੌਰ ’ਤੇ ਸ਼ਿਰਕਤ ਕੀਤੀ। ਸ਼੍ਰੋਮਣੀ ਬਾਲ-ਸਾਹਿਤ ਲੇਖਕ ਸ੍ਰੀ ਦਰਸ਼ਨ ਸਿੰਘ ਆਸ਼ਟ ਨੇ ਕੁਇੱਜ਼ ਮਾਸਟਰ ਦੀ ਭੂਮਿਕਾ ਨਿਭਾਈ। ਮੰਚ ਸੰਚਾਲਨ ਦਾ ਕਾਰਜ ਪੰਜਾਬੀ ਕਵਿਤ੍ਰੀ ਤੇ ਸਰਕਾਰੀ ਕਾਲਜ ਲੜਕੀਆਂ ਦੀ ਪੰਜਾਬੀ ਦੀ ਪ੍ਰਾਧਿਆਪਕਾ ਡਾ. ਜਸਲੀਨ ਕੌਰ ਨੇ ਬਾਖੂਬੀ ਨਿਭਾਇਆ।

# ਠੇਕੇਦਾਰ ਲੇਬਰ ਯੂਨੀਅਨ ਨੈਸਲੇ ਦਾ ਇੰਟਕ ਧੜਾ ਭਾਰਤੀਯ ਮਜ਼ਦੂਰ ਸੰਘ ’ਚ ਸ਼ਾਮਲ



**ਮੋਗਾ (ਅਮਰਜੀਤ ਬੱਬਰੀ)**

ਕੁਝ ਮਹੀਨੇ ਪਹਿਲਾਂ ਭਾਰਤੀਯ ਮਜ਼ਦੂਰ ਸੰਘ ਨਾਲ ਸਬੰਧਤ ਠੇਕੇਦਾਰ ਲੇਬਰ ਯੂਨੀਅਨ ਨੈਸਲੇ ਦੇ ਪ੍ਰਧਾਨ ਦੀ ਚੋਣ ਵਿੱਚ ਉਮਰਸੀਰ ਸਿੰਘ ਸੀਰਾ ਨੂੰ ਭਾਰੀ ਬਹੁਮੱਤ ਨਾਲ ਪ੍ਰਧਾਨ ਚੁਣ ਲਿਆ ਗਿਆ ਸੀ। ਇਸ ਚੋਣ ਦਾ ਵਿਰੋਧ ਕਰ ਰਹੇ ਮੁੱਠੀ ਭਰ ਵਰਕਰਾਂ ਨੇ ਨਰਾਜ਼ਗੀ ਵਿੱਚ ਸ਼ਾਮ ਸੁੰਦਰ ਦੀ ਪ੍ਰਧਾਨਗੀ ਤੇ ਰਮਨਦੀਪ ਸਿੰਘ ਬਲਖੰਡੀ ਦੀ ਚੇਅਰਮੈਨਸ਼ਿਪ ਹੇਠ ਅਲੱਗ ਇੰਟਕ ਧੜਾ ਬਣਾ ਲਿਆ ਸੀ। ਅੱਜ ਭਾਰਤੀਯ ਮਜ਼ਦੂਰ ਸੰਘ ਨੂੰ ਜ਼ਿਲ੍ਹਾ ਪ੍ਰਧਾਨ ਵਿਜੇ ਧੀਰ ਐਡਵੋਕੇਟ ਦੀ ਅਗਵਾਈ ਵਿੱਚ ਉਸ ਸਮੇਂ ਇੱਕ ਵੱਡਾ ਸਮਰਥਨ ਮਿਲਿਆ, ਜਦ ਉਕਤ ਇੰਟਕ ਧੜੇ ਦੇ ਕੁੱਲ ਮੈਂਬਰ ਇੰਟਕ ਧੜੇ ਨੂੰ ਸਮਾਪਤ ਕਰਕੇ ਭਾਰਤੀਯ ਮਜ਼ਦੂਰ ਸੰਘ ਨਾਲ ਸਬੰਧਤ ਠੇਕੇਦਾਰ ਲੇਬਰ ਯੂਨੀਅਨ ਨੈਸਲੇ ’ਚ ਸ਼ਾਮਲ ਹੋ ਗਏ ਅਤੇ ਭਾਰਤੀਯ ਮਜ਼ਦੂਰ ਸੰਘ ਦੇ ਜ਼ਿਲ੍ਹਾ ਪ੍ਰਧਾਨ ਵਿਜੇ ਧੀਰ ਐਡਵੋਕੇਟ ਤੇ ਠੇਕੇਦਾਰ ਲੇਬਰ ਯੂਨੀਅਨ ਨੈਸਲੇ ਦੇ ਪ੍ਰਧਾਨ ਉਮਰਸੀਰ ਸਿੰਘ ਸੀਰਾ ਦੀ ਅਗਵਾਈ ਵਿੱਚ ਭਰੋਸਾ ਪ੍ਰਗਟ ਕੀਤਾ। ਭਾਰਤੀਯ ਮਜ਼ਦੂਰ ਸੰਘ ਦੀ ਠੇਕੇਦਾਰ ਲੇਬਰ ਯੂਨੀਅਨ ਨੈਸਲੇ ਵਿੱਚ ਇੰਟਕ ਧੜੇ ਦਾ ਰਲੇਵਾਂ ਹੋਣ ’ਤੇ ਭਾਰਤੀਯ ਮਜ਼ਦੂਰ ਸੰਘ ਦੀ ਠੇਕੇਦਾਰ ਲੇਬਰ ਯੂਨੀਅਨ ਨੈਸਲੇ ਵਿੱਚ ਸ਼ਾਮਲ ਹੋਣ ਵਾਲੇ ਆਗੂਆਂ ਤੇ ਵਰਕਰਾਂ ਵਿੱਚ ਸ਼ਾਮ ਸੁੰਦਰ, ਰਮਨਦੀਪ ਸਿੰਘ ਬਲਖੰਡੀ, ਸੁਰੇਸ਼ ਕੁਮਾਰ, ਬੂਟਾ ਸਿੰਘ, ਕੇਵਲ ਕ੍ਰਿਸ਼ਨ, ਗੁਰਪ੍ਰੀਤ ਸਿੰਘ ਸੁਖਦੇਵ ਸੁੱਖੂ, ਸੰਦੀਪ ਸ਼ਰਮਾ, ਜੈ ਕਿਸ਼ਨ, ਰਜਨੀਸ਼ ਕੁਮਾਰ, ਕੁਲਵਿੰਦਰ ਸਿੰਘ, ਸਿਕੰਦਰ ਸਿੰਘ, ਹਰਜੀਤ ਸਿੰਘ, ਮੁਨੀਸ਼ ਕੁਮਾਰ ਹਰਪ੍ਰੀਤ ਸ਼ਰਮਾ, ਸੁਖਦੀਪ ਸਿੰਘ ਦਾ ਭਾਰਤੀਯ ਮਜ਼ਦੂਰ ਸੰਘ ਦੇ ਜ਼ਿਲ੍ਹਾ ਪ੍ਰਧਾਨ ਵਿਜੇ ਧੀਰ ਐਡਵੋਕੇਟ, ਪੱਲੇਦਾਰਾਂ ਦੇ ਸੂਬਾ ਆਗੂ ਕੇਵਲ ਸਿੰਘ ਸਾਬਕਾ ਮੈਂਬਰ ਪਾਰਲੀਮੈਂਟ, ਕ੍ਰਾਂਤੀਕਾਰੀ ਭੱਠਾ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਪ੍ਰਵੀਨ ਕੁਮਾਰ ਸ਼ਰਮਾ, ਨੈਸਲੇ ਠੇਕੇਦਾਰ ਲੇਬਰ ਯੂਨੀਅਨ ਪ੍ਰਧਾਨ ਸ਼ੰਕਰ ਰਾਜਪੂਤ, ਜਨਰਲ ਸਕੱਤਰ ਅਰੁਣ ਬੋਹਤ, ਚੇਅਰਮੈਨ ਨਰਿੰਦਰ ਸਿੰਘ ਬਲਖੰਡੀ, ਠੇਕੇਦਾਰ ਲੇਬਰ ਯੂਨੀਅਨ ਨੈਸਲੇ ਦੇ ਪ੍ਰਧਾਨ ਉਮਰਸੀਰ ਸਿੰਘ ਸੀਰਾ ਤੇ ਜਨਰਲ ਸਕੱਤਰ ਸੁਖਜਿੰਦਰ ਪਾਲ ਸਿੰਘ ਨੇ ਜੀ ਆਇਆਂ ਆਖਿਆ।

# ਤਹਿਸੀਲ ਦਫਤਰ ਅੱਗੇ ਪਰਾਲੀ ਸੁੱਟ ਕੇ ਕਿਸਾਨਾਂ ਵੱਲੋਂ ਰੋਸ ਪ੍ਰਦਰਸ਼ਨ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਉੱਤਰੀ ਭਾਰਤ ਦੀਆਂ 18 ਕਿਸਾਨ ਜਥੇਬੰਦੀਆਂ ਅਤੇ ਗੈਰ ਸਿਆਸੀ ਸੰਯੁਕਤ ਕਿਸਾਨ ਮੋਰਚੇ ਦੇ ਸਾਂਝੇ ਸੱਦੇ 'ਤੇ ਅੱਜ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਪੰਜਾਬ ਬਲਾਕ ਸ਼੍ਰੀ ਹਰਗੋਬਿੰਦਪੁਰ ਕਾਦੀਆਂ ਵਲੋਂ ਸ਼੍ਰੀ ਹਰਗੋਬਿੰਦਪੁਰ ਵਿਖੇ ਤਹਿਸੀਲਦਾਰ ਦੇ ਦਫਤਰ ਅੱਗੇ ਧਰਨਾ ਦਿੱਤਾ ਗਿਆ ਅਤੇ ਕਿਸਾਨਾਂ ਵਲੋਂ ਲਿਆਂਦੀ ਪਰਾਲੀ ਸੁੱਟ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਇੱਕ ਮੰਗ ਪੱਤਰ ਪੰਜਾਬ ਸਰਕਾਰ ਨੂੰ ਭੇਜਿਆ ਗਿਆ ਅਤੇ ਮੰਗ ਕੀਤੀ ਗਈ ਕਿ ਪ੍ਰਦੂਸ਼ਣ ਰੋਕਣ ਦੇ ਨਾਂ ਤੇ ਪੰਜਾਬ ਸਰਕਾਰ ਦੀ ਹਦਾਇਤ ਤੇ ਪੰਜਾਬ ਪੁਲਸ ਵਲੋਂ ਹਜ਼ਾਰਾਂ ਦੀ ਗਿਣਤੀ ਵਿਚ ਕਿਸਾਨਾਂ 'ਤੇ ਪਰਚੇ ਦਰਜ ਕੀਤੇ ਗਏ ਹਨ ਅਤੇ ਮਾਲ ਵਿਭਾਗ ਵਲੋਂ ਕਿਸਾਨਾਂ ਦੇ ਮਾਲ ਰਿਕਾਰਡ ਵਿਚ ਰੈਡ ਐਂਟਰੀਆਂ ਕੀਤੀਆਂ ਜਾ ਰਹੀਆਂ ਹਨ। ਇਸ ਦੇ ਨਾਲ ਹੀ ਅਸਲਾ ਲਾਇਸੈਂਸ ਰੱਦ ਕਰਨ ਦੇ ਹੁਕਮ ਚਾੜ੍ਹੇ ਗਏ ਹਨ। ਆਗੂਆਂ ਨੇ ਕਿਹਾ ਕਿ ਇਹ ਸਾਰੇ ਕੇਸ ਰੱਦ ਕਰਕੇ ਪਰਾਲੀ ਮਸਲੇ ਦਾ ਕੋਈ ਠੋਸ ਅਤੇ ਅਮਲੀ ਹੱਲ ਕੱਢਿਆ ਜਾਵੇ। ਪਾਵਰਕਾਮ ਵਲੋਂ ਪ੍ਰੀਪੇਡ ਮੀਟਰ ਲਾਉਣੇ ਬੰਦ ਕੀਤੇ ਜਾਣ, ਭਾਰਤ ਮਾਲਾ ਪ੍ਰੋਜੈਕਟ ਤਹਿਤ ਜ਼ਮੀਨਾਂ ਅਕਵਾਇਰ ਕਰਨਾ ਬੰਦ ਕੀਤਾ ਜਾਵੇ, ਗੰਨਾ ਉਤਪਾਦਕ ਕਿਸਾਨਾਂ 120 ਰੁਪਏ ਦਾ ਵਾਧਾ ਦਿੱਤਾ ਜਾਵੇ। ਜੁਮਲਾ ਮੁਸ਼ਤਰਕਾ ਜ਼ਮੀਨਾਂ ਨੂੰ ਪੰਚਾਇਤੀ ਜ਼ਮੀਨਾਂ ਵਿਚ ਬਦਲਣਾ ਬੰਦ ਕਰਕੇ ਅਬਾਦਕਾਰਾਂ ਨੂੰ ਮਾਲਕੀ ਹੱਕ ਦਿੱਤੇ ਜਾਣ। ਇੱਕ ਹੋਰ ਮੰਗ ਪੱਤਰ ਰਾਹੀਂ ਸਰਕਾਰ ਤੋਂ ਮੰਗ ਕੀਤੀ ਗਈ ਕਿ ਮਾਲਬਰੋਸ ਸ਼ਰਾਬ ਫੈਕਟਰੀ ਨੂੰ ਬੰਦ ਕਰਨ ਦਾ ਨੋਟੀਫਿਕੇਸ਼ਨ ਜਾਰੀ ਕੀਤਾ ਜਾਵੇ ਅਤੇ ਕਿਸਾਨਾਂ ਤੇ ਦਰਜ ਕੇਸ ਵਾਪਸ ਲਏ ਜਾਣ। ਇਸ ਮੌਕੇ ਬਲਾਕ ਪ੍ਰਧਾਨ ਕੈਪਟਨ ਅਜੀਤ ਸਿੰਘ ਸੈਰੋਵਾਲ, ਬਲਾਕ ਸਕੱਤਰ ਕੁਲਦੀਪ ਸਿੰਘ ਸੈਰੋਵਾਲ, ਜ਼ਿਲਾ ਖਜਾਨਚੀ ਪਾਲ ਸਿੰਘ ਚੀਮਾ ਖੁੱਡੀ, ਮਾਸਟਰ ਜਗੀਰ ਸਿੰਘ ਅਤੇਪੁਰ, ਸੰਤੋਖ ਸਿੰਘ ਪੱਡਾ ਖੋਖੋਵਾਲ, ਕੁਲਵਿੰਦਰ ਸਿੰਘ ਬਸਰਾਵਾਂ, ਗੁਰਬਖ਼ਸ਼ ਸਿੰਘ ਢਪੱਈ, ਸਤਨਾਮ ਸਿੰਘ ਨੰਗਲ ਝੌਰ, ਜਰਨੈਲ ਸਿੰਘ ਭਰਥ, ਹਰਜੀਤ ਸਿੰਘ ਮਠੋਲਾ, ਪਿਆਰਾ ਸਿੰਘ ਵਿਠਵਾਂ, ਸਰਦੂਲ ਸਿੰਘ ਚੀਮਾ ਖੁੱਡੀ, ਸਤਨਾਮ ਸਿੰਘ ਅਤੇਪੁਰ, ਮਹਿੰਦਰ ਸਿੰਘ ਚੀਮਾ ਖੁੱਡੀ, ਸੁਖਵਿੰਦਰ ਸਿੰਘ ਭੋਲ, ਕਸ਼ਮੀਰ ਸਿੰਘ ਨੰਗਲ ਝੋਰ, ਗਿਆਨ ਸਿੰਘ ਨੰਬਰਦਾਰ, ਸੁਖਵਿੰਦਰ ਸਿੰਘ ਨੰਗਲ ਝੋਰ, ਕੁਲਵੰਤ ਸਿੰਘ ਵਿਠਵਾਂ, ਜਸਰਾਜ ਸਿੰਘ ਭਗਤੂਪੁਰ, ਸੁਖਵਿੰਦਰ ਸਿੰਘ ਬਸਰਾਵਾਂ, ਰਘਵਿੰਦਰ ਬਸਰਾਵਾਂ, ਬਲਵਿੰਦਰ ਸਿੰਘ ਚੀਮਾਂ ਖੁੱਡੀ ਅਤੇ ਪ੍ਰੈਸ ਸਕੱਤਰ ਡਾ. ਅਸ਼ੋਕ ਭਾਰਤੀ ਨੇ ਸੰਬੋਧਨ ਕੀਤਾ।

## ਗੁਰਨਾਮ ਸਿੰਘ ਗਾਮਾ ਬਣੇ ਦੀਨਾਨਗਰ ਟਰੱਕ ਯੂਨੀਅਨ ਦੇ ਪ੍ਰਧਾਨ



ਦੀਨਾਨਗਰ, (ਬਲਵਿੰਦਰ ਸਿੰਘ ਬਿੱਲਾ): ਦੀਨਾਨਗਰ ਦੇ ਪੈਂਦੇ ਪਿੰਡ ਸਿੰਗੋਵਾਲ ਦੇ ਸਾਬਕਾ ਫੌਜੀ ਗੁਰਨਾਮ ਸਿੰਘ ਚੀਮਾ (ਗਾਮਾ) ਨੂੰ ਆਮ ਆਦਮੀ ਪਾਰਟੀ ਵੱਲੋਂ ਦੀਨਾਨਗਰ ਟਰੱਕ ਯੂਨੀਅਨ ਦੇ ਪ੍ਰਧਾਨ ਵਜੋਂ ਨਿਵਾਜਿਆ ਗਿਆ। ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਦੀਨਾਨਗਰ ਅਤੇ ਜ਼ਿਲ੍ਹਾ ਗੁਰਦਾਸਪੁਰ ਦੇ ਸ਼ਹਿਰੀ ਪ੍ਰਧਾਨ ਸ਼ਮਸ਼ੇਰ ਸਿੰਘ ਨੇ ਗੁਰਨਾਮ ਸਿੰਘ ਗਾਮਾ ਨੂੰ ਟਰੱਕ ਯੂਨੀਅਨ ਦੀਨਾਨਗਰ ਦਾ ਪ੍ਰਧਾਨ ਬਣਾ ਕੇ ਮਾਣ ਬਖਸ਼ਿਆ ਅਤੇ ਵਧਾਈ ਦਿੱਤੀ। ਗੁਰਨਾਮ ਸਿੰਘ ਗਾਮਾ ਨੇ ਗੱਲਬਾਤ ਦੌਰਾਨ ਕਿਹਾ ਕਿ ਆਮ ਆਦਮੀ ਪਾਰਟੀ ਨੇ ਜੋ ਅਹੁਦਾ ਦੇ ਕੇ ਮੈਨੂੰ ਮਾਣ ਦਿੱਤਾ ਹੈ ਉਸ 'ਤੇ ਮੈਂ ਖਰਾ ਉੱਤਰਾਂਗਾ ਅਤੇ ਆਪਣਾ ਕੰਮ ਤਨਦੇਹੀ ਨਾਲ ਨਿਭਾਵਾਂਗਾ।

# ਬੰਦੀ ਸਿੰਘਾਂ ਦੇ ਮੁੱਦੇ 'ਤੇ ਸ਼੍ਰੋਮਣੀ ਕਮੇਟੀ ਸਿੱਖ ਵਿਦਵਾਨਾਂ ਤੇ ਵਕੀਲਾਂ ਨਾਲ 25 ਨੂੰ ਕਰੇਗੀ ਬੈਠਕ: ਧਾਮੀ

## * ਗੁ. ਸ੍ਰੀ ਕਰਤਾਰਪੁਰ ਸਾਹਿਬ ਨਜ਼ਦੀਕ ਮਰਯਾਦਾ ਵਿਰੁੱਧ ਹਰਕਤ ਦਾ ਲਿਆ ਕਰੜਾ ਨੋਟਿਸ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਸੰਨੀ ਗਿੱਲ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ ਨੂੰ ਲੈ ਕੇ ਕੀਤੇ ਜਾ ਰਹੇ ਯਤਨਾਂ ਤਹਿਤ ਅਗਲੀ ਰਣਨੀਤੀ ਉਲੀਕਣ ਲਈ ਸਿੱਖ ਵਿਦਵਾਨਾਂ ਅਤੇ ਸੀਨੀਅਰ ਵਕੀਲਾਂ ਦੀ ਇਕ ਵਿਸ਼ੇਸ਼ ਇਕੱਤਰਤਾ ਚੰਡੀਗੜ੍ਹ ਵਿਖੇ ਸੱਦਣ ਦਾ ਫੈਸਲਾ ਕੀਤਾ ਗਿਆ। ਇਹ ਫੈਸਲਾ ਸ਼੍ਰੋਮਣੀ ਕਮੇਟੀ ਦੀ ਅੱਜ ਹੋਈ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿਚ ਲਿਆ ਗਿਆ ਹੈ। ਇਕੱਤਰਤਾ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਬੰਦੀ ਸਿੰਘਾਂ ਦੇ ਮਾਮਲੇ 'ਤੇ ਸਰਕਾਰਾਂ ਵੱਲੋਂ ਸਿੱਖ ਬੰਦੀਆਂ ਨੂੰ ਲੈ ਕੇ ਕੀਤੇ ਜਾ ਰਹੇ ਮਨੁੱਖੀ ਅਧਿਕਾਰਾਂ ਦੇ ਉਲੰਘਣ ਅਤੇ ਅਨਿਆਂ ਵਿਰੁੱਧ ਸ਼੍ਰੋਮਣੀ ਕਮੇਟੀ ਹਰ ਪੱਧਰ 'ਤੇ ਆਵਾਜ਼ ਉਠਾ ਰਹੀ ਹੈ। ਬੀਤੇ ਦਿਨੀਂ ਸ਼੍ਰੋਮਣੀ ਕਮੇਟੀ ਦੇ ਇਕ ਵਫ਼ਦ ਨੇ 26 ਲੱਖ ਲੋਕਾਂ ਦੀ ਆਵਾਜ਼ ਪੰਜਾਬ ਦੇ ਰਾਜਪਾਲ ਪਾਸ ਉਠਾਈ ਸੀ ਅਤੇ ਹੁਣ ਅਗਲੀ ਰਣਨੀਤੀ ਉਲੀਕਣ ਲਈ ਸਿੱਖ ਵਿਦਵਾਨਾਂ ਅਤੇ ਸੀਨੀਅਰ ਵਕੀਲਾਂ ਦੀ 25 ਨਵੰਬਰ 2023 ਨੂੰ ਚੰਡੀਗੜ੍ਹ ਵਿਖੇ ਇਕੱਤਰਤਾ ਬੁਲਾਈ ਜਾਵੇਗੀ। ਬੁੱਧੀਜੀਵੀਆਂ ਦੀ ਇਸ ਇਕੱਤਰਤਾ ਦੌਰਾਨ ਮਿਲੇ ਸੁਝਾਵਾਂ ਨੂੰ ਵਿਚਾਰਨ ਵਾਸਤੇ ਬਾਅਦ ਵਿਚ ਸਿੱਖ ਜਥੇਬੰਦੀਆਂ ਦੀ ਵਿਸ਼ੇਸ਼ ਇਕੱਤਰਤਾ ਸੱਦ ਕੇ ਭਵਿੱਖੀ ਪ੍ਰੋਗਰਾਮ ਐਲਾਨਿਆ ਜਾਵੇਗਾ। ਉਨ੍ਹਾਂ ਇਹ ਵੀ ਕਿਹਾ ਕਿ ਪਟਿਆਲਾ ਜੇਲ੍ਹ ਵਿਚ ਨਜ਼ਰਬੰਦ ਭਾਈ ਬਲਵੰਤ ਸਿੰਘ ਰਾਜੋਆਣਾ ਨੂੰ ਮਿਲਣ ਵਾਸਤੇ ਵੀ ਸ਼੍ਰੋਮਣੀ ਕਮੇਟੀ ਦਾ ਵਫ਼ਦ ਜਲਦ ਜਾਵੇਗਾ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਦੱਸਿਆ ਕਿ ਅੰਤ੍ਰਿੰਗ ਕਮੇਟੀ ਵੱਲੋਂ ਸ਼੍ਰੋਮਣੀ ਕਮੇਟੀ ਦੀਆਂ ਬਣ ਰਹੀਆਂ ਵੋਟਾਂ ਲਈ ਠੋਸ ਨੀਤੀ ਨਾ ਬਣਾਉਣ ਦਾ ਵੀ ਗੰਭੀਰ ਨੋਟਿਸ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਸਿੱਖ ਸੰਸਥਾ ਦੀਆਂ ਜਨਰਲ ਚੋਣਾਂ ਲਈ ਵੋਟਾਂ ਬਣਾਉਣ ਪ੍ਰਤੀ ਸਰਕਾਰ ਸੰਜੀਦਾ ਨਹੀਂ ਹੈ, ਜਿਸ ਕਰਕੇ ਹੁਣ ਤੱਕ ਬਹੁਤ ਘੱਟ ਗਿਣਤੀ ਵਿਚ ਵੋਟਾਂ ਬਣੀਆਂ ਹਨ। ਉਨ੍ਹਾਂ ਕਿਹਾ ਕਿ ਇਸ ਦਾ ਵੱਡਾ ਕਾਰਨ ਸਰਕਾਰ ਵੱਲੋਂ ਇਸ ਮਾਮਲੇ ਵਿਚ ਕੀਤੀ ਜਾ ਰਹੀ ਦਖ਼ਲਅੰਦਾਜ਼ੀ ਹੈ। ਉਨ੍ਹਾਂ ਦੱਸਿਆ ਕਿ ਅੱਜ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿਚ ਇਕ ਮਤਾ ਪਾਸ ਕਰਕੇ ਮੁੱਖ ਕਮਿਸ਼ਨਰ ਗੁਰਦੁਆਰਾ ਚੋਣਾਂ ਤੋਂ ਮੰਗ ਕੀਤੀ ਗਈ ਕਿ ਉਹ ਆਪਣੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਵੋਟਾਂ ਬਣਾਉਣ ਵਾਲੇ ਅਧਿਕਾਰੀਆਂ ਨੂੰ ਸਖ਼ਤ ਹਦਾਇਤਾਂ ਜਾਰੀ ਕਰਨ ਕਿ ਉਹ ਲੋਕਾਂ ਨੂੰ ਖੱਜਲ ਖੁਆਰ ਨਾ ਕਰਨ। ਐਡਵੋਕੇਟ ਧਾਮੀ ਨੇ ਕਿਹਾ ਕਿ ਵੋਟ ਦੀ ਤਸਦੀਕ ਦੇ ਤਰੀਕੇ ਨੂੰ ਸੁਖਾਲਾ ਕੀਤਾ ਜਾਵੇ, ਤਾਂ ਜੋ ਲੋਕ ਭਰੇ ਫਾਰਮ ਇਕ ਥਾਂ 'ਤੇ ਇਕੱਤਰ ਕਰਕੇ ਜਮ੍ਹਾਂ ਕਰਵਾ ਸਕਣ। ਇਸ ਦੇ ਨਾਲ ਹੀ ਹਰ ਸਿੱਖ ਨੂੰ ਸ਼੍ਰੋਮਣੀ ਕਮੇਟੀ ਲਈ ਵੋਟਰ ਰਜਿਸਟਰਡ ਕਰਨ ਵਾਸਤੇ ਕੈਂਪ ਵੀ ਲਗਾਏ ਜਾਣ। ਉਨ੍ਹਾਂ ਕਿਹਾ ਕਿ ਸਰਕਾਰ ਦਾ ਫ਼ਰਜ਼ ਬਣਦਾ ਹੈ ਕਿ ਵੋਟਰਾਂ ਨੂੰ ਵੋਟ ਬਣਾਉਣ ਵਾਸਤੇ ਪ੍ਰੇਰਿਤ ਕਰਨ ਲਈ ਵਿਸ਼ੇਸ਼ ਉਪਰਾਲੇ ਕਰੇ, ਜਿਸ ਤਰ੍ਹਾਂ ਲੋਕ ਸਭਾ ਅਤੇ ਵਿਧਾਨ ਸਭਾ ਚੋਣਾਂ ਦੌਰਾਨ ਕੀਤਾ ਜਾਂਦਾ ਹੈ।

ਐਡਵੋਕੇਟ ਧਾਮੀ ਨੇ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਪਾਕਿਸਤਾਨ ਦੇ ਨੇੜੇ ਆਯੋਜਿਤ ਕੀਤੇ ਗਏ ਇਕ ਪ੍ਰੋਗਰਾਮ ਦੌਰਾਨ ਮਰਯਾਦਾ ਵਿਰੁੱਧ ਹਰਕਤਾਂ ਦੀ ਵੀ ਨਿੰਦਾ ਕੀਤੀ।

# ਪੰਜਾਬ ਸਰਕਾਰ ਸੂਬੇ ਦਾ ਸਰਬਪੱਖੀ ਵਿਕਾਸ ਕਰਾਉਣ ਲਈ ਵਚਨਬੱਧ: ਜੱਗਾ ਮਜੀਠੀਆ



ਮਜੀਠਾ (ਸੋਇਮ ਆਨੰਦ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਸੂਬੇ ਵਿਚ ਬਿਨਾਂ ਕਿਸੇ ਭੇਦਭਾਵ ਸਰਬਪੱਖੀ ਵਿਕਾਸ ਕਰਾਉਣ ਲਈ ਵਚਨਬੱਧ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਆਗੂ ਜਗਵਿੰਦਰਪਾਲ ਸਿੰਘ ਜੱਗਾ ਮਜੀਠੀਆ ਨੇ ਇਥੋਂ ਨਾਲ ਲੱਗਦੇ ਪਿੰਡ ਚੰਡੇ ਵਿਚ ਪਾਰਟੀ ਵਰਕਰਾਂ ਦੇ ਇਕੱਠ ਨੂੰ ਸੰਬੋਧਨ ਕਰਨ ਉਪਰੰਤ ਗੱਲਬਾਤ ਕਰਦਿਆਂ ਕੀਤਾ।

ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਸੱਤਾ ਵਿਚ ਆਉਣ ਤੋਂ ਪਹਿਲਾਂ ਸੂਬਾ ਵਾਸੀਆਂ ਨਾਲ ਜਿਹੜੇ ਵਾਅਦੇ ਕੀਤੇ ਸਨ ਅਤੇ ਗਾਰੰਟੀਆਂ ਦਿੱਤੀਆਂ ਸਨ ਉਹ ਪੂਰੀਆਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਨੇ ਪਿਛਲੀਆਂ ਸਰਕਾਰਾਂ ਦੀ ਗੱਲ ਕਰਦਿਆਂ ਕਿਹਾ ਕਿ ਉਸ ਵਕਤ ਸਰਕਾਰੀ ਗਰਾਂਟਾਂ ਦੀ ਖੁੱਲ੍ਹ ਕੇ ਦੁਰਵਰਤੋ ਹੋਈ ਹੈ। ਜਿੰਨੀਆਂ ਗਰਾਂਟਾਂ ਵੰਡੀਆਂ ਗਈਆਂ ਹਨ ਉਹ ਇੰਨ-ਬਿੰਨ ਵਰਤੋਂ ਵਿਚ ਨਹੀਂ ਲਿਆਂਦੀਆਂ ਗਈਆਂ। ਆਗੂਆਂ ਨੇ ਸਿਰਫ ਆਪਣੀਆਂ ਹੀ ਜੇਬਾਂ ਭਰੀਆਂ ਹਨ ਪਰ ਇਸ ਵਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਭ੍ਰਿਸ਼ਟਾਚਾਰ ਨਾਮ ਦੀ ਕੋਈ ਗੱਲ ਨਹੀਂ। ਜਿੰਨੀਆਂ ਗਰਾਂਟਾਂ ਜਾਰੀ ਹੋਣਗੀਆਂ ਸਾਰੀ ਦੀ ਸਾਰੀ ਰਕਮ ਵਿਕਾਸ ਕਾਰਜਾਂ 'ਤੇ ਖਰਚ ਕੀਤੀ ਜਾਵੇਗੀ।

ਮਜੀਠਾ ਫਤਿਹਗੜ੍ਹ ਚੂੜੀਆਂ ਸੜਕ ਦੇ ਮੁੜ ਨਿਰਮਾਣ ਦੀ ਗੱਲ ਕਰਦਿਆਂ ਜੱਗਾ ਮਜੀਠੀਆ ਨੇ ਕਿਹਾ ਕਿ ਇਸ ਸੜਕ ਦਾ ਸੰਨ 2018 ਵਿਚ ਮੁੜ ਨਿਰਮਾਣ ਹੋਣਾ ਸੀ ਪਰ ਉਸ ਵੇਲੇ ਦੀ ਸਰਕਾਰ ਵਲੋਂ ਇਸ ਵੱਲ ਕੋਈ ਧਿਆਨ ਨਹੀਂ ਦਿੱਤਾ ਗਿਆ ਜਿਸ ਕਰਕੇ ਇਸ ਸੜਕ ਦੀ ਹਾਲਤ ਬਦ ਤੋਂ ਬਦਤਰ ਹੋ ਗਈ।

ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਵੇਲੇ ਇਸ ਸੜਕ ਦਾ ਮੁੜ ਨਿਰਮਾਣ ਸ਼ੁਰੂ ਹੋਇਆ ਹੈ। ਇਸ ਵਿਚ ਭ੍ਰਿਸ਼ਟਾਚਾਰ ਦੀ ਕੋਈ ਗੁੰਜਾਇਸ਼ ਨਹੀਂ ਹੋਵੇਗੀ। ਸਮੇਂ-ਸਮੇਂ 'ਤੇ ਇਸ ਦਾ ਨਿਰੀਖਣ ਕੀਤਾ ਜਾਵੇਗਾ, ਵਧੀਆ ਸੜਕ ਬਣਵਾਈ ਜਾਵੇਗੀ। ਉਨ੍ਹਾਂ ਕਿਹਾ ਕਿ ਇਸ ਕਾਰਜ ਰਾਹੀਂ ਹਲਕਾ ਮਜੀਠਾ ਵਿਚ ਵਿਕਾਸ ਕਾਰਜਾਂ ਦੀ ਸ਼ੁਰੂਆਤ ਹੋ ਚੁੱਕੀ ਹੈ ਜਲਦੀ ਹੀ ਰਹਿੰਦੇ ਵਿਕਾਸ ਕਾਰਜ ਵੀ ਕਰਵਾਏ ਜਾਣਗੇ। ਇਸ ਮੌਕੇ ਉਨ੍ਹਾਂ ਦੇ ਨਾਲ ਹੀਰ ਸਿੰਘ ਸਰਪੰਚ ਚੰਡੇ, ਕੁਲਵੰਤ ਸਿੰਘ, ਕਰਮ ਸਿੰਘ, ਪਰਮਜੀਤ ਸਿੰਘ, ਜਰਨੈਲ ਸਿੰਘ, ਸ਼ਰਨਜੀਤ ਸਿੰਘ, ਲਖਵਿੰਦਰ ਸਿੰਘ, ਬਲਵਿੰਦਰ ਸਿੰਘ, ਬਾਬਾ ਮੰਗਲ ਸਿੰਘ, ਜੋਤਾ ਸਿੰਘ, ਸੁਖਵੰਤ ਸਿੰਘ, ਧਰਮ ਸਿੰਘ, ਦਲਬੀਰ ਸਿੰਘ, ਪਿਆਰਾ ਸਿੰਘ ਆਦਿ ਹਾਜ਼ਰ ਸਨ।

# ਗੋਬਿੰਦ ਗਊਧਾਮ ਵਿਖੇ ਗਊ ਭਲਾਈ ਕੈਂਪ ਲਗਾਇਆ



ਗੁਰਦਾਸਪੁਰ, (ਦਿਨੇਸ਼ ਕੁਮਾਰ)-ਸ਼ਿਵ ਸ਼ਕਤੀ ਮੰਦਰ ਟਰੱਸਟ (ਰਜਿ:) ਵੱਲੋਂ ਪਿੰਡ ਚਾਈਆ, ਤ੍ਰਿਮੋ ਰੋਡ ਗੁਰਦਾਸਪੁਰ ਵਿਖੇ ਸ੍ਰੀ ਗੋਬਿੰਦ ਗੋਧਾਮ (ਗੋਸ਼ਾਲਾ) ਵਿਖੇ ਗੋਪਾਲ ਅਸ਼ਟਮੀ ਪੂਰੀ ਸ਼ਰਧਾ ਮਨਾਈ ਗਈ। ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਅਤੇ ਮਾਰਕੀਟ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਭਾਰਤ ਭੂਸ਼ਨ ਸ਼ਰਮਾ ਨੇ ਇਸ ਮੌਕੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ। ਇਸ ਮੌਕੇ ਪੰਜਾਬ ਗਊ ਸੇਵਾ ਕਮਿਸ਼ਨ ਅਤੇ ਪਸ਼ੂ ਪਾਲਣ ਵਿਭਾਗ ਵੱਲੋਂ ਗਊ ਭਲਾਈ ਕੈਂਪ ਲਗਾਇਆ ਗਿਆ। ਗਊ ਭਲਾਈ ਕੈਂਪ ਦਾ ਉਦਘਾਟਨ ਕਰਦਿਆਂ ਰਮਨ ਬਹਿਲ ਨੇ ਗੋਪਾਲ ਅਸਟਮੀ ਦਾ ਮਹੱਤਵ ਬਾਰੇ ਚਾਨਣਾ ਪਾਇਆ ਅਤੇ ਲੋਕਾਂ ਨੂੰ ਗਊ ਧਨ ਦੀ ਸੇਵਾ ਲਈ ਪ੍ਰੇਰਿਤ ਕੀਤਾ। ਉਹਨਾਂ ਕਿਹਾ ਕਿ ਉਹ ਸ਼ਿਵ ਸਕਤੀ ਮੰਦਿਰ ਟਰੱਸਟ ਗੋਬਿੰਦ ਗਊਧਾਮ ਦੀ ਤਰੱਕੀ ਲਈ ਹਰ ਤਰਾਂ ਦੀ ਸਹਾਇਤਾ ਲਈ ਹਮੇਸ਼ਾ ਤਿਆਰ ਹਨ। ਇਸ ਮੌਕੇ ਪਸ਼ੂ ਪਾਲਣ ਵਿਭਾਗ ਦੇ ਡਿਪਟੀ ਡਾਇਰੈਕਟਰ ਡਾ. ਸ਼ਾਮ ਸਿੰਘ ਨੇ ਕਿਹਾ ਕਿ ਪਾਲਣ ਵਿਭਾਗ ਦੀ ਟੀਮ ਹਮੇਸ਼ਾਂ ਹੀ ਗਊ ਸੇਵਾ ਲਈ ਤਿਆਰ ਰਹਿੰਦੀ ਹੈ ਅਤੇ ਬਿਮਾਰ ਤੇ ਕਮਜ਼ੋਰ ਪਸ਼ੂਆਂ ਦਾ ਇਲਾਜ਼ ਪਸ਼ੂ ਪਾਲਣ ਵਿਭਾਗ ਦੇ ਡਾਕਟਰ ਅਤੇ ਕਰਮਚਾਰੀ ਇਸ ਗਊਸ਼ਾਲਾ ਵਿੱਚ ਸਮੇਂ ਸਿਰ ਕਰਦੇ ਹਨ। ਇਸ ਮੌਕੇ 'ਤੇ ਪੰਜਾਬ ਗਊ ਸੇਵਾ ਕਮਿਸ਼ਨ ਵੱਲੋਂ ਦਿੱਤੀਆਂ 25000 ਰੁਪਏ ਦੀਆਂ ਦਵਾਈਆਂ ਜਿਸ ਵਿੱਚ ਐਂਟੀਬਾਇਓਟਿਕ, ਮਿਨਰਲ ਮਿਕਚਰ, ਸਪਲੀਮੈਂਟ, ਪੇਨ ਕਿੱਲਰ ਆਦਿ ਗਊਸ਼ਾਲਾ ਨੂੰ ਵੰਡੇ ਗਏ। ਇਸ ਮੌਕੇ ਰਜਨੀਸ਼ ਮਹਾਜਨ, ਰੁਦਰ ਸ਼ਰਮਾ, ਪਰਤਾਪ ਸਿੰਘ, ਸੰਦੀਪ ਸ਼ਰਮਾ, ਪਰਸ਼ੋਤਮ ਸ਼ਰਮਾ, ਸ਼ਾਮ ਲਾਲ ਸ਼ਰਮਾ, ਸੁਨੀਲ ਮਹਾਜਨ (ਲਾਲ ਜੀ), ਡਾ. ਨੀਲਮ, ਇੰਸਪੈਕਟਰ ਸਿਮਰਨ ਪਾਲ ਸਿੰਘ, ਅਮਰਬੀਰ ਸਿੰਘ, ਬਲਬੀਰ ਸਿੰਘ, ਬਲਦੇਵ ਸਿੰਘ ਸਰਪੰਚ ਪਿੰਡ ਚਾਈਆ, ਸੁਧੀਰ ਮਹਾਜਨ ਸਾਬਕਾ ਐੱਮ. ਸੀ, ਕੇਸ਼ੋ ਬਹਿਲ ਸਾਬਕਾ ਚੇਅਰਮੈਨ ਬਲਾਕ ਸੰਮਤੀ, ਕੁਲਦੀਪ ਸ਼ਰਮਾ, ਵਿਜੈ ਸ਼ਰਮਾ, ਰਣਬੀਰ ਸ਼ਰਮਾ, ਬਰਿਜ ਭੂਸ਼ਨ ਤੋਂ ਇਲਾਵਾ ਹੋਰ ਵੀ ਮੋਹਤਬਰ ਵਿਅਕਤੀ ਹਾਜ਼ਰ ਸਨ।

# ਭਾਈ ਰਣਜੀਤ ਸਿੰਘ ਖ਼ਾਲਸਾ 23 ਨੂੰ ਆਦੀਆਂ 'ਚ ਮੀਟਿੰਗ ਨੂੰ ਕਰਨਗੇ ਸੰਬੋਧਨ



ਕਲਾਨੌਰ (ਮਨਦੀਪ ਕੁਮਾਰ ਕੋਹਲੀ)-ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਦੇ ਐਲਾਨ ਤੋਂ ਬਾਅਦ ਪਿੰਡਾਂ ਵਿੱਚ ਵੋਟਾਂ ਬਣਾਉਣ ਦਾ ਸਿਲਸਿਲਾ ਪੂਰੇ ਜ਼ੋਰਾਂ ਤੇ ਜਾਰੀ ਹੈ। ਬਣਾਈਆਂ ਜਾ ਰਹੀਆਂ ਵੋਟਾਂ ਦਾ ਕਿਸ ਤਰ੍ਹਾਂ ਸਹੀ ਇਸਤੇਮਾਲ ਕਰਨਾ ਹੈ ਉਸਦੇ ਮੰਤਵ ਨਾਲ ਖਾਲਸਾ ਪੰਚਾਇਤ ਕਲਾਨੌਰ ਦੇ ਮੁਖੀ ਭਾਈ ਰਜਿੰਦਰ ਸਿੰਘ ਭੰਗੂ ਵੱਲੋਂ ਆਪਣੇ ਸਾਥੀਆਂ ਨਾਲ ਪਿੰਡ-ਪਿੰਡ ਜਾ ਕੇ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ।

ਇਸੇ ਸਬੰਧ ਵਿੱਚ ਆਉਣ ਵਾਲੀ 23 ਤਰੀਕ ਨੂੰ ਸਰਹੱਦੀ ਪਿੰਡ ਆਦੀਆਂ ਦੇ ਗੁਰਦੁਆਰਾ ਸਾਹਿਬ ਵਿਖੇ ਇੱਕ ਵਿਸ਼ਾਲ ਮੀਟਿੰਗ ਦਾ ਆਯੋਜਨ ਕੀਤਾ ਗਿਆ ਹੈ, ਜਿਸ ਵਿੱਚ ਅਕਾਲ ਤਖ਼ਤ ਦੇ ਸਾਬਕਾ ਜਥੇਦਾਰ ਅਤੇ ਪੰਥਕ ਅਕਾਲੀ ਲਹਿਰ ਦੇ ਮੁਖੀ ਭਾਈ ਰਣਜੀਤ ਸਿੰਘ ਖਾਲਸਾ ਉਚੇਚੇ ਤੌਰ 'ਤੇ ਪਹੁੰਚ ਰਹੇ ਹਨ। ਇਸ ਦੀ ਜਾਣਕਾਰੀ ਕਲਾਨੌਰ ਤੋਂ ਖਾਲਸਾ ਪੰਚਾਇਤ ਦੇ ਮੁਖੀ ਭਾਈ ਰਜਿੰਦਰ ਸਿੰਘ ਭੰਗੂ ਨੇ ਦਿੱਤੀ। ਉਨ੍ਹਾਂ ਦਾ ਕਹਿਣਾ ਹੈ ਕਿ ਭਾਈ ਸਾਹਿਬ ਦੇ ਇੱਥੇ ਪਹੁੰਚਣ ਅਤੇ ਮੀਟਿੰਗ ਨੂੰ ਸੰਬੋਧਨ ਕਰਨ ਦਾ ਮੁੱਖ ਕਾਰਨ ਇਹ ਹੈ ਕਿ ਲੋਕਾਂ ਨੂੰ ਆਪਣੀ ਵੋਟ ਦਾ ਸਹੀ ਇਸਤੇਮਾਲ ਕਰਨ ਲਈ ਲਾਮਬੰਦ ਕਰਨਾ ਅਤੇ ਪੰਥਕ ਅਕਾਲੀ ਲਹਿਰ ਦੇ ਪ੍ਰਚਾਰ ਲਈ ਲੋਕਾਂ ਨੂੰ ਸਮਝਾਉਣਾ ਹੈ। ਉਨ੍ਹਾਂ ਕਿਹਾ ਕਿ ਨਾਨਕ ਨਾਮ ਲੇਵਾ ਸੰਗਤਾਂ ਜੇਕਰ ਆਪਣੀ ਵੋਟ ਦਾ ਸਹੀ ਇਸਤੇਮਾਲ ਕਰਨਗੀਆਂ ਤਾਂ ਹੀ ਸ਼੍ਰੋਮਣੀ ਕਮੇਟੀ ਨੂੰ ਸਿਆਸਤ ਤੋਂ ਅਲੱਗ ਕੀਤਾ ਜਾ ਸਕਦਾ ਹੈ। f

ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਭਾਈ ਰਜਿੰਦਰ ਸਿੰਘ ਭੰਗੂ, ਭਾਈ ਦਲਵਿੰਦਰ ਸਿੰਘ ਬਿੱਟੂ, ਭਾਈ ਲਖਵਿੰਦਰ ਸਿੰਘ ਆਦੀਆਂ, ਭਾਈ ਰਣਜੀਤ ਸਿੰਘ ਖਾਲਸਾ, ਬਿਕਰਮਜੀਤ ਸਿੰਘ ਭੱਟੀ, ਕੈਪਟਨ ਜਸਵਿੰਦਰ ਸਿੰਘ, ਸੋਹਣ ਸਿੰਘ ਅੱਲੜਪਿੰਡੀ, ਡਾ. ਰਸ਼ਪਾਲ ਸਿੰਘ ਸ਼ਹੂਰ, ਜਤਿੰਦਰ ਸਿੰਘ ਸਿੱਧੂ ਅਤੇ ਕੁਲਦੀਪ ਸਿੰਘ ਹਾਜ਼ਰ ਸਨ।

# ਕਿਸਾਨਾਂ ਨੇ 100 ਏਕੜ ਰਕਬੇ 'ਚ ਹੈਪੀ ਸੀਡਰ ਨਾਲ ਕੀਤੀ ਕਣਕ ਦੀ ਬਿਜਾਈ : ਡਾ. ਭੁਪਿੰਦਰ ਸਿੰਘ



ਪੱਟੀ (ਬਲਦੇਵ ਸਿੰਘ ਸੰਧੂ/ਸਮਸ਼ੇਰ ਸਿੰਘ ਯੋਧਾ)-ਡਿਪਟੀ ਕਮਿਸ਼ਨਰ ਤਰਨ ਤਾਰਨ ਸੰਦੀਪ ਕੁਮਾਰ ਦੇ ਦਿਸ਼ਾ ਨਿਰਦੇਸ਼ ਅਤੇ ਮੁੱਖ ਖੇਤੀਬਾੜੀ ਅਫਸਰ ਤਰਨ ਤਾਰਨ ਡਾ. ਹਰਪਾਲ ਸਿੰਘ ਪੰਨੂ ਦੀ ਦੇਖਰੇਖ ਹੇਠ ਜ਼ਿਲਾ ਪ੍ਰਸ਼ਾਸਨ ਪਰਾਲੀ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਨੂੰ ਰੋਕਣ ਸਬੰਧੀ ਨਿਗਰਾਨੀ ਅਤੇ ਜਾਗਰੂਕਤਾਂ ਕਰ ਰਿਹਾ ਹੈ। ਨਿਗਰਾਨੀ ਦੌਰਾਨ ਡਾ. ਭੁਪਿੰਦਰ ਸਿੰਘ ਏਓ ਅਤੇ ਦਇਆਪ੍ਰੀਤ ਸਿੰਘ ਏਈਓ ਨੇ ਬਲਾਕ ਪੱਟੀ ਦੇ ਪਿੰਡ ਕਿਰਤੋਵਾਲ ਖੁਰਦ ਵਿਖੇ ਸੂਝਵਾਨ ਕਿਸਾਨ ਸੁਖਵਿੰਦਰ ਸਿੰਘ ਦੁਆਰਾ ਹੈਪੀ ਸੀਡਰ ਨਾਲ ਕਣਕ ਬਿਜਾਈ ਮੌਕੇ ਕਿਹਾ ਕਿ ਝੋਨੇ, ਬਾਸਮਤੀ ਦੀ ਫਸਲ ਕੱਟਣ ਤੋਂ ਬਾਅਦ ਖੇਤ ਵਿੱਚ ਮੌਜੂਦ ਨਮੀ ਨੂੰ ਵਰਤ ਕੇ ਹੈਪੀ ਸੀਡਰ ਤਕਨੀਕ ਨਾਲ ਸਿੱਧੀ ਬਿਜਾਈ ਕਰਨ ਨਾਲ ਬਿਜਾਈ ਤੋਂ ਪਹਿਲਾਂ ਰੌਣੀ ਲਈ ਵਰਤੇ ਜਾਂਦੇ ਪਾਣੀ ਦੀ ਵੱਡੀ ਬੱਚਤ ਦੇ ਨਾਲ-ਨਾਲ ਸਮੇਂ ਦੀ ਵੀ ਬੱਚਤ ਹੋ ਜਾਂਦੀ ਹੈ। ਉਨ੍ਹਾਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਜੇਕਰ ਖੇਤ ਵਿੱਚ ਸੁਪਰ ਐੱਸਐੱਮਐੱਸ ਲੱਗੀ ਕੰਬਾਈਨ ਨਾਲ ਕਟਾਈ ਕੀਤੀ ਹੋਵੇ ਜਾਂ ਫਲੂਸ ਨੂੰ ਇੱਕ ਸਾਰ ਖੇਤ ਵਿੱਚ ਖਿਲਾਰਿਆ ਹੋਵੇ ਤਾਂ ਨਦੀਨਾਂ ਤੋਂ ਵੀ ਵੱਡੀ ਰਾਹਤ ਮਿਲ ਸਕਦੀ ਹੈ। ਤਕਨੀਕੀ ਜਾਣਕਾਰੀ ਦਿੰਦਿਆਂ ਉਨ੍ਹਾਂ ਕਿਹਾ ਕਿ ਬਿਜਾਈ ਵੇਲੇ ਕਣਕ ਦੀ ਡੂੰਘਾਈ ਡੇਢ ਇੰਚ ਤੋਂ ਦੋ ਇੰਚ ਰੱਖਣ ਅਤੇ ਬੀਜ ਨੂੰ ਸੋਧ ਲੈਣਾ ਲਾਹੇਵੰਦ ਰਹਿੰਦਾ ਹੈ। ਪਿਛਲੇ ਪੰਜ ਸਾਲ ਤੋਂ ਪਰਾਲੀ ਪ੍ਰਬੰਧਨ ਕਰ ਰਹੇ ਸੂਝਵਾਨ ਕਿਸਾਨ ਸੁਖਵਿੰਦਰ ਸਿੰਘ ਨੇ ਦੱਸਿਆ ਕਿ ਉਸ ਦੁਆਰਾ ਵੱਖ-ਵੱਖ ਪ੍ਰਸਥਿਤੀਆਂ ਅਨੁਸਾਰ 22 ਏਕੜ ਹੈਪੀ ਸੀਡਰ ਨਾਲ ਜਦਕਿ 11 ਏਕੜ ਵਿੱਚੋਂ ਗੱਠਾਂ ਬਣਾ ਕੇ ਜ਼ੀਰੋ ਡਰਿਲ ਨਾਲ ਬਿਜਾਈ ਕੀਤੀ ਗਈ ਹੈ। ਸੁਖਵਿੰਦਰ ਸਿੰਘ ਨੇ ਜਾਣਕਾਰੀ ਦਿੱਤੀ ਕਿ ਇਲਾਕੇ ਦੇ ਵਿੱਚ 100 ਏਕੜ ਤੋਂ ਵੱਧ ਹੈਪੀ ਸੀਡਰ ਨਾਲ ਕਣਕ ਦੀ ਬਿਜਾਈ ਹੋਈ ਹੈ ਅਤੇ ਹੈਪੀ ਸੀਡਰ ਇੱਕ ਵਧੀਆ ਸਸਤੀ ਤੇ ਸੌਖੀ ਤਕਨੀਕ ਹੈ।

ਦੂਜੇ ਕਿਸਾਨ ਵੀ ਉਸ ਤੋਂ ਕਿਰਾਏ 'ਤੇ ਹੈਪੀ ਸੀਡਰ ਨਾਲ ਕਣਕ ਦੀ ਬਿਜਾਈ ਕਰਵਾ ਲੈਂਦੇ ਹਨ। ਇਸ ਮੌਕੇ ਸੁਖਚੈਨ ਸਿੰਘ, ਬਲਜੀਤ ਸਿੰਘ, ਸੁਖਦੇਵ ਸਿੰਘ, ਹਸਰਤ ਸਿੰਘ ਸੂਝਵਾਨ ਕਿਸਾਨਾਂ ਨੇ ਪਰਾਲੀ ਪ੍ਰਬੰਧਨ ਤੇ ਤਜਰਬੇ ਸਾਂਝੇ ਕਰਦਿਆਂ ਦੱਸਿਆ ਕਿ ਇਸ ਨਾਲ ਖਾਦਾਂ ਦੀ ਖਪਤ ਘਟੀ ਹੈ ਕਿਉਂਕਿ ਇੰਨੇ ਵੱਡੇ ਰਕਬੇ ਵਿੱਚ ਦੇਸੀ ਰੂੜੀ ਪਾਉਣੀ ਇਕ ਵੱਡੀ ਮੁਸ਼ੱਕਤ ਦਾ ਕੰਮ ਸੀ।

## ਸੂਬਾ ਸਰਕਾਰ ਘਰ-ਘਰ ਨਾਗਰਿਕ ਸੇਵਾਵਾਂ ਮੁਹੱਈਆ ਕਰਵਾਉਣ ਦੀ ਦੇਵੇਗੀ ਸੌਗਾਤ: ਸੇਖਵਾਂ

ਗੁਰਦਾਸਪੁਰ (ਜਨਕ ਮਹਾਜਨ-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬਾ ਸਰਕਾਰ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ 27 ਨਵੰਬਰ ਤੋਂ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਵਿੱਚ ਹੀ ਨਾਗਰਿਕ ਸੇਵਾਵਾਂ ਮੁਹੱਈਆ ਕਰਨ ਲਈ ਇਕ ਨਿਵੇਕਲੀ ਪਹਿਲ ਦੀ ਸ਼ੁਰੂਆਤ ਕੀਤੀ ਜਾਵੇਗੀ। ਇਹ ਪ੍ਰਗਟਾਵਾ ਕਰਦਿਆਂ ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਇਸ ਮੁਹਿਮ ਤਹਿਤ 40 ਤੋਂ 42 ਸੇਵਾਵਾਂ ਬਿਨਾਂ ਕਿਸੇ ਦਿੱਕਤ ਦੇ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਵਿੱਚ ਹੀ ਮੁਹੱਈਆ ਹੋਣਗੀਆਂ। ਉਨ੍ਹਾਂ ਕਿਹਾ ਕਿ ਇਸ ਨਾਲ ਲੋਕਾਂ ਨੂੰ ਵੱਡੀ ਸਹੂਲਤ ਮਿਲੇਗੀ ਅਤੇ ਉਨ੍ਹਾਂ ਨੂੰ ਇਨ੍ਹਾਂ ਸੇਵਾਵਾਂ ਲਈ ਸਰਕਾਰੀ ਦਫ਼ਤਰਾਂ ਵਿੱਚ ਭਟਕਣਾ ਨਹੀਂ ਪਵੇਗਾ। ਚੇਅਰਮੈਨ ਸੇਖਵਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿਹਤ ਤੇ ਸਿੱਖਿਆ ਖੇਤਰ ਵਿੱਚ ਵੀ ਵੱਡੇ ਸੁਧਾਰ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ 26 ਜਨਵਰੀ 2024 ਤੋਂ ਪੰਜਾਬ ਦੇ ਸਾਰੇ ਤਹਿਸੀਲ ਤੇ ਜ਼ਿਲ੍ਹਾ ਪੱਧਰ ਦੇ ਹਸਪਤਾਲ ਐਕਸਰੇਅ ਮਸ਼ੀਨਾਂ ਨਾਲ ਲੈਸ ਹੋਣਗੇ।

ਉਨ੍ਹਾਂ ਕਿਹਾ ਕਿ ਆਗਾਮੀ ਗਣਤੰਤਰ ਦਿਵਸ ਤੋਂ ਇਹ ਸਹੂਲਤ ਸਾਰੇ ਹਸਪਤਾਲਾਂ ਵਿੱਚ ਮੁਹੱਈਆ ਹੋਵੇਗੀ ਅਤੇ ਇਨ੍ਹਾਂ ਮਸ਼ੀਨਾਂ ਨੂੰ ਚਲਾਉਣ ਲਈ ਅਪਰੇਟਰ ਵੀ ਤਾਇਨਾਤ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਸਿਹਤ ਖ਼ੇਤਰ ਨੂੰ ਨਵੀਂ ਦਿਸ਼ਾ ਦੇਣ ਲਈ ਪੰਜਾਬ ਵਿੱਚ 664 ਆਮ ਆਦਮੀ ਕਲੀਨਿਕ ਸਥਾਪਤ ਕੀਤੇ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਕਲੀਨਿਕਾਂ ਵਿੱਚ 80 ਤਰ੍ਹਾਂ ਦੀਆਂ ਦਵਾਈਆਂ ਅਤੇ 42 ਤਰ੍ਹਾਂ ਦੇ ਕਲੀਨਿਕਲ ਟੈਸਟ ਬਿਲਕੁਲ ਮੁਫ਼ਤ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਕਲੀਨਿਕਾਂ ਤੋਂ 65 ਲੱਖ ਤੋਂ ਵੱਧ ਮਰੀਜ਼ਾਂ ਨੇ ਸਿਹਤ ਸੰਭਾਲ ਸੇਵਾਵਾਂ ਹਾਸਲ ਕੀਤੀਆਂ ਹਨ।

# ਭੱਠਾ ਮਜ਼ਦੂਰਾਂ ਵੱਲੋਂ ਭਲਕੇ ਹੜਤਾਲ 'ਤੇ ਜਾਣ ਦਾ ਐਲਾਨ



ਪਠਾਨਕੋਟ (ਦਵਿੰਦਰ ਸਿੰਘ)-ਡਿਪਟੀ ਕਮਿਸ਼ਨਰ ਜ਼ਿਲ੍ਹਾ ਪਠਾਨਕੋਟ ਤੋਂ ਮੰਗ ਕੀਤੀ ਕਿ ਸਮਝੌਤੇ ਤੋਂ ਘੱਟ ਮਜ਼ਦੂਰੀ ਦੇਣ ਵਾਲੇ ਭੱਠਾ ਮਾਲਕਾਂ ਅਤੇ ਮਿਲੀਭੁਗਤ ਕਰਨ ਵਾਲੇ ਲੇਬਰ ਵਿਭਾਗ ਦੇ ਅਧਿਕਾਰੀਆਂ ਦੀ ਐੱਸਡੀਐੱਮ ਪਠਾਨਕੋਟ ਤੋਂ ਪੜਤਾਲ ਕਰਵਾ ਕੇ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ ਅਤੇ ਭੱਠਾ ਮਜ਼ਦੂਰਾਂ ਨੂੰ ਉਨ੍ਹਾਂ ਦੀ ਬਣਦੀ ਮਜ਼ਦੂਰੀ ਦੇ ਪੈਸੇ ਦਿਵਾਏ ਜਾਣ। ਲਾਲ ਝੰਡਾ ਪੰਜਾਬ ਲੇਬਰ ਯੂਨੀਅਨ ਦੇ ਸੂਬਾਈ ਜਨਰਲ ਸਕੱਤਰ ਕਾਮਰੇਡ ਸ਼ਿਵ ਕੁਮਾਰ, ਜ਼ਿਲ੍ਹਾ ਪ੍ਰਧਾਨ ਜਸਵੰਤ ਸਿੰਘ ਬੁੱਟਰ, ਮੀਤ ਪ੍ਰਧਾਨ ਦਰਸ਼ਨ ਸਿੰਘ ਅਖਰੋਟਾ ਅਤੇ ਮਨਹਰਨ ਨੇ ਲਿਖਤੀ ਪ੍ਰੈੱਸ ਬਿਆਨ ਵਿਚ ਕਿਹਾ ਕਿ ਪਿੰਡ ਅਲੀਖਾਂਹ, ਤੱਗੋਸ਼ਾਹ, ਪਰਮਾਨੰਦ, ਮਾੜੀ, ਜੰਗਲਾਂ, ਭਵਾਨੀ, ਚੌਹਾਨਾ, ਨਾਲਾ, ਘਰੋਟਾ ਅਤੇ ਬਮਿਆਲ ਏਰੀਏ ਦੇ ਲਗਭਗ ਅਠਾਰਾਂ ਭੱਠਿਆਂ ਦੇ ਮਾਲਕਾਂ ਵਲੋਂ ਗਰਮੀ ਦੇ ਸੀਜ਼ਨ ਦੌਰਾਨ ਕੀਤੇ ਕੰਮ ਦੀ ਲੱਗਭੱਗ ਚਾਲੀ ਲੱਖ ਰੁਪਏ ਭੱਠਾ ਮਜ਼ਦੂਰਾਂ ਦੀ ਮਜ਼ਦੂਰੀ ਦੀ ਲੁੱਟ ਕੀਤੀ ਗਈ ਹੈ। ਇਸ ਸਬੰਧੀ ਲਾਲ ਝੰਡਾ ਪੰਜਾਬ ਲੇਬਰ ਯੂਨੀਅਨ ਸਬੰਧਤ ਸੀਟੀਯੂ ਪੰਜਾਬ ਜ਼ਿਲ੍ਹਾ ਪਠਾਨਕੋਟ ਵਲੋਂ 26 ਜੂਨ ਤੋਂ ਅਸਿਸਟੈਂਟ ਲੇਬਰ ਕਮਿਸ਼ਨਰ ਤੇ ਲੇਬਰ ਇਨਫੋਰਸਮੈਂਟ ਅਫਸਰ ਪਠਾਨਕੋਟ, ਐੱਸਡੀਐੱਮ ਪਠਾਨਕੋਟ ਅਤੇ ਡਿਪਟੀ ਕਮਿਸ਼ਨਰ ਜ਼ਿਲ੍ਹਾ ਪਠਾਨਕੋਟ ਤੋਂ ਵੱਖ-ਵੱਖ ਸਮੇਂ ਮੰਗ ਪੱਤਰ ਦੇ ਕੇ ਮਜ਼ਦੂਰਾਂ ਦੀ ਬਕਾਇਆ ਮਜ਼ਦੂਰੀ ਦਿਵਾਉਣ ਲਈ ਮੰਗ ਕੀਤੀ ਗਈ ਹੈ। ਵਾਰ ਵਾਰ ਇਹ ਮੰਗ ਪੱਤਰ ਲੇਬਰ ਇਨਫੋਰਸਮੈਂਟ ਅਫਸਰ ਪਠਾਨਕੋਟ ਨੂੰ ਮਾਰਕ ਹੁੰਦਾ ਗਿਆ ਪਰ ਕੋਈ ਕਾਰਵਾਈ ਨਹੀਂ ਹੋਈ। ਲਗਾਤਾਰ ਅਣਗੌਲਿਆਂ ਹੋਣ ਕਰਕੇ ਲਾਲ ਝੰਡਾ ਪੰਜਾਬ ਲੇਬਰ ਯੂਨੀਅਨ ਜ਼ਿਲ੍ਹਾ ਪਠਾਨਕੋਟ ਵਲੋਂ ਮਜ਼ਬੂਰੀ ਵੱਸ ਹੁਣ 22 ਨਵੰਬਰ ਤੋਂ ਕੱਚੀਆਂ ਇੱਟਾਂ ਬਣਾਉਣ ਵਾਲੇ ਮਜ਼ਦੂਰ ਪਾਣੀ ਬੰਦ ਕਰਕੇ ਅਣਮਿੱਥੇ ਸਮੇਂ ਲਈ ਹੜਤਾਲ ਕਰਕੇ ਸੰਘਰਸ਼ ਕਰਨਗੇ ਜਿਸਦੀ ਸਾਰੀ ਜ਼ਿੰਮੇਵਾਰੀ ਭੱਠਾ ਮਾਲਕਾਂ ਅਤੇ ਜਿਲ੍ਹਾ ਪ੍ਰਸ਼ਾਸਨ ਪਠਾਨਕੋਟ ਦੀ ਹੋਵੇਗੀ। ਹੜਤਾਲ ਸਬੰਧੀ ਵੱਖ-ਵੱਖ ਭੱਠਿਆਂ ਉਪਰ ਮਜ਼ਦੂਰਾਂ ਦੀਆਂ ਮੀਟਿੰਗਾਂ ਦਾ ਸਿਲਸਿਲਾ ਜਾਰੀ ਹੈ।

# ਸਵੀਪ ਮੁਹਿੰਮ ਤਹਿਤ ਵੋਟਰਾਂ ਨੂੰ ਜਾਗਰੂਕ ਕਰਨ ਲਈ ਕੱਢੀ ਵਿਸ਼ਾਲ ਰੈਲੀ




ਅੰਮ੍ਰਿਤਸਰ (ਨਰਿੰਦਰਜੀਤ ਸਿੰਘ)-ਵਿਧਾਨ ਸਭਾ ਹਲਕਾ ਅੰਮ੍ਰਿਤਸਰ ਕੇਂਦਰੀ ਦੇ ਵੋਟਰਾਂ ਨੂੰ ਵੋਟ ਦੇ ਅਧਿਕਾਰ ਪ੍ਰਤੀ ਜਾਗਰੂਕ ਕਰਨ ਲਈ ਵੱਖ ਵੱਖ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ ਅਤੇ ਇਨ੍ਹਾਂ ਹੀ ਗਤੀਵਿਧੀਆਂ ਤਹਿਤ ਅੱਜ ਵੱਖ-ਵੱਖ ਸੰਸਥਾਵਾਂ ਦੇ ਪ੍ਰਿੰਸੀਪਲਾਂ ਅਤੇ ਨੋਡਲ ਅਫਸਰਾਂ ਦੇ ਸਹਿਯੋਗ ਨਾਲ ਲੋਕਾਂ ਨੂੰ ਵੋਟਰ ਕਾਰਡ ਬਣਾਉਣ ਲਈ ਜਾਗਰੂਕ ਕਰਨ ਸਬੰਧੀ ਇਕ ਮੈਗਾ ਰੈਲੀ ਦਾ ਆਯੋਜਨ ਕੀਤਾ ਗਿਆ। ਇਸ ਰੈਲੀ ਵਿੱਚ ਵੱਡੀ ਗਿਣਤੀ 'ਚ ਨੌਜਵਾਨਾਂ ਨੇ ਭਾਗ ਲਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਬਰਿੰਦਰਜੀਤ ਸਿੰਘ ਨੋਡਲ ਅਫਸਰ ਸਵੀਪ 017-ਵਿਧਾਨ ਸਭਾ ਹਲਕਾ ਕੇਂਦਰੀ ਨੇ ਦੱਸਿਆ ਕਿ ਵਧੀਕ ਡਿਪਟੀ ਕਮਿਸ਼ਨਰ ਸ਼ਹਿਰੀ ਵਿਕਾਸ-ਕਮ-ਚੋਣਕਾਰ ਰਜਿਸਟਰੇਸ਼ਨ ਅਫਸਰ 017-ਅੰਮ੍ਰਿਤਸਰ ਕੇਂਦਰੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਵੋਟਰਾਂ ਨੂੰ ਜਾਗਰੂਕ ਕਰਨ ਲਈ ਸਵੀਪ ਤਹਿਤ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ ਅਤੇ ਵੱਧ ਤੋਂ ਵੱਧ ਨੌਜਵਾਨਾਂ ਨੂੰ ਆਪਣਾ ਵੋਟਰ ਕਾਰਡ ਬਣਾਉਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਕੇਂਦਰੀ ਵਿਧਾਨ ਸਭਾ ਹਲਕਾ ਅਧੀਨ ਆਉਂਦੇ ਸਮੂਹ ਕਾਲਜਾਂ ਅਤੇ ਸੰਸਥਾਵਾਂ ਦੇ 2128 ਸਿਖਿਆਰਥੀਆਂ ਨੂੰ ਵੋਟਰ ਹੈਲਪਲਾਈਨ-ਐਪ ਕਰਵਾਇਆ ਡਾਊਨਲੋਡ ਕਰਵਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਐਪ ਰਾਹੀਂ ਨਵੀਂ ਵੋਟ ਬਣਾਉਣੀ, ਵੋਟ ਸ਼ਿਫਟ ਕਰਨੀ ਅਤੇ ਈਵੋਟ ਦੀ ਭਾਲ ਬਾਰੇ ਵੀ ਜਾਗਰੂਕ ਕੀਤਾ ਗਿਆ ਹੈ। ਉਨਾਂ ਕਿਹਾ ਕਿ ਜੋ ਨੌਜਵਾਨ ਪਹਿਲੀ ਵਾਰ ਵੋਟਰ ਬਣੇ ਹਨ ਨੂੰ ਵੋਟ ਦੇ ਅਧਿਕਾਰ ਪ੍ਰਤੀ ਜਾਗਰੂਕ ਕਰਨਾ ਹੈ ਤਾਂ ਜੋ ਉਹ ਆਪਣੀ ਵੋਟ ਦਾ ਇਸਤੇਮਾਲ ਸਹੀ ਢੰਗ ਨਾਲ ਕਰ ਸਕਣ। ਉਨ੍ਹਾਂ ਦੱਸਿਆ ਕਿ ਭਾਰਤ ਚੋਣ ਕਮਿਸ਼ਨਰ ਦੀਆਂ ਹਦਾਇਤਾਂ ਅਨੁਸਾਰ ਬੀਐੱਲਓਜ਼ ਵਲੋਂ ਘਰ-ਘਰ ਜਾ ਕੇ ਵੋਟਾਂ ਬਣਾਈਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਜੋ ਵੀ ਨਾਗਰਿਕ 1 ਜਨਵਰੀ 2024 ਨੂੰ 18 ਸਾਲ ਜਾਂ ਇਸ ਤੋਂ ਵੱਧ ਉਮਰ ਦਾ ਹੋਵੇਗਾ, ਉਹ ਆਪਣੀ ਵੋਟ ਰਜਿਸਟ੍ਰੇਸ਼ਨ ਲਈ ਫਾਰਮ 6 ਪੁਰ ਕਰਕੇ ਜਮ੍ਹਾ ਕਰਵਾ ਸਕਦਾ ਹੈ ਅਤੇ ਵੋਟ ਕਟਵਾਉਣ ਲਈ ਫਾਰਮ 7 ਜਾਂ ਕਿਸੇ ਤਰ੍ਹਾਂ ਦੀ ਦਰੁੱਸਤੀ ਕਰਵਾਉਣ ਲਈ ਫਾਰਮ 8 ਪੁਰ ਕਰਕੇ ਅਪਲਾਈ ਕਰ ਸਕਦਾ ਹੈ। ਭਾਰਤ ਚੋਣ ਕਮਿਸ਼ਨ ਦੇ ਹਦਾਇਤਾਂ ਅਨੁਸਾਰ 2 ਦਸੰਬਰ 2023 ਅਤੇ 3 ਦਸੰਬਰ 2023 ਨੂੰ ਸਮੂਹ ਬੀਐੱਲਓਜ਼ ਅਲਾਟ ਕੀਤੇ ਗਏ ਪੋਲਿੰਗ ਸਟੇਸ਼ਨਾਂ 'ਤੇ ਆਮ ਜਨਤਾ ਪਾਸੋਂ ਦਾਅਵੇ ਅਤੇ ਇਤਰਾਜ਼ ਪ੍ਰਾਪਤ ਕਰਨ ਲਈ ਸਵੇਰ 9:00 ਵਜੇ ਤੋਂ ਸ਼ਾਮ 5:00 ਵਜੇ ਤੱਕ ਬੈਠਣਗੇ।

ਉਨ੍ਹਾਂ ਕਿਹਾ ਕਿ ਇਹ ਦਾਅਵੇ ਅਤੇ ਇਤਰਾਜ਼ ਆਨਲਾਈਨ voters.eci.gov.in ਤੇ ਲਾਗਇਨ ਕਰਕੇ ਵੀ ਅਪਲਾਈ ਕੀਤੇ ਜਾ ਸਕਦੇ ਹਨ।

## 23 ਨੂੰ ਸਕੂਲ ਕੋਟਲੀ ਸੱਕਿਆਂ ਵਾਲੀ ਵਿਖੇ ਲੱਗੇਗੀ ਪੁਸਤਕ ਪ੍ਰਦਰਸ਼ਨੀ

**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**-ਸ਼ਬਦ ਸਾਂਝ ਲਾਇਬ੍ਰੇਰੀ ਮਾਨ ਸੈਂਡਵਾਲ ਵੱਲੋਂ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ ਪੁਸਤਕ ਪ੍ਰਦਰਸ਼ਨੀ ਲਗਾਈ ਜਾ ਰਹੀ ਹੈ। ਇਸ ਸੰਬੰਧੀ ਲਾਇਬ੍ਰੇਰੀ ਪ੍ਰਬੰਧਕ ਜਸਦੇਵ ਮਾਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬੱਚਿਆਂ ਵਿੱਚ ਸਾਹਿਤ ਨੂੰ ਪ੍ਰਫੁੱਲਿਤ ਕਰਨ ਲਈ ਇਹ ਉਪਰਾਲਾ ਕੀਤਾ ਜਾ ਰਿਹਾ ਹੈ। ਇਹ ਪ੍ਰਦਰਸ਼ਨੀ 23 ਨਵੰਬਰ ਵੀਰਵਾਰ ਨੂੰ ਸਰਕਾਰੀ ਐਲੀਮੈਂਟਰੀ ਸਕੂਲ ਕੋਟਲੀ ਸੱਕਿਆਂ ਵਾਲੀ ਬਲਾਕ ਅੰਮ੍ਰਿਤਸਰ-3 ਵਿਖੇ ਲਗਾਈ ਜਾ ਰਹੀ ਹੈ।

ਇਹ ਪੁਸਤਕ ਪ੍ਰਦਰਸ਼ਨੀ ਪੰਜਾਬੀ ਸਾਹਿਤ ਸਭ (ਰਜਿ) ਨਵੀਂ ਦਿੱਲੀ, ਸ਼ਾਇਰ ਮਨਮੋਹਨ ਭਿੰਡਰ, ਗੁਰਭੇਜ ਕੌਰ ਸੰਧੂ, ਗੁਰਸ਼ੇਰ ਸਿੰਘ ਮਾਨ ਤੇ ਮਨਦੀਪ ਕੌਰ ਬੁੱਟਰ ਢੀਂਡਸਾ ਦੇ ਵਿਸ਼ੇਸ਼ ਸਹਿਯੋਗ ਨਾਲ ਲਗਾਈ ਜਾ ਰਹੀ ਹੈ।

# ਸੇਂਟ ਕਬੀਰ ਸਕੂਲ ਦੇ ਵਿਦਿਆਰਥੀਆਂ ਵਾਲੀਬਾਲ ਮੁਕਾਬਲੇ 'ਚ ਮਾਰੀਆਂ ਮੱਲਾਂ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਜ਼ਿਲ੍ਹਾ ਗੁਰਦਾਸਪੁਰ ਦੀ ਨਾਮਵਰ ਸੰਸਥਾ ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ ਦੇ ਵਿਦਿਆਰਥੀ ਨੇ ਬਿਆਸ ਸਹੋਦਿਆ ਵਾਲੀਬਾਲ ਮੁਕਾਬਲਿਆਂ ਵਿੱਚ ਮੱਲਾਂ ਮਾਰ ਕੇ ਆਪਣੇ ਸਕੂਲ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ। ਇਸ ਸਬੰਧੀ ਸਕੂਲ ਦੇ ਪ੍ਰਿੰਸੀਪਲ ਐੱਸ. ਬੀ. ਨਾਯਰ ਅਤੇ ਪ੍ਰਬੰਧਕ ਮੈਡਮ ਨਵਦੀਪ ਕੌਰ ਤੇ ਕੁਲਦੀਪ ਕੌਰ ਨੇ ਖੁਸ਼ੀ ਪ੍ਰਗਟ ਕਰਦਿਆਂ ਦੱਸਿਆ ਕਿ ਟੀ. ਸੀ. ਇੰਟਰਨੈਸ਼ਨਲ ਸਕੂਲ ਗੁਰਦਾਸਪੁਰ ਵਿਖੇ ਹੋਏ ਲੜਕਿਆਂ ਦੇ ਬਿਆਸ ਸਹੋਦਿਆ ਵਾਲੀਬਾਲ ਮੁਕਾਬਲਿਆਂ ਵਿੱਚ ਕੁੱਲ 11 ਸਕੂਲਾ ਦੀਆਂ ਟੀਮਾਂ ਨੇ ਹਿੱਸਾ ਲਿਆ। ਇਨ੍ਹਾਂ ਮੁਕਾਬਲਿਆਂ ਦੌਰਾਨ ਸੇਂਟ ਕਬੀਰ ਪਬਲਿਕ ਸਕੂਲ ਦੀ ਵਾਲੀਬਾਲ (ਅੰਡਰ-17) ਲੜਕਿਆਂ ਦੀ ਟੀਮ ਨੇ ਕੋਚ ਸਮਸ਼ੇਰ ਸਿੰਘ ਦੀ ਅਗਵਾਈ ਹੇਠ ਹਿੱਸਾ ਲੈ ਕੇ ਵਧੀਆ ਪ੍ਰਦਰਸ਼ਨ ਕਰਦੇ ਹੋਏ ਦੂਸਰਾ ਸਥਾਨ ਪ੍ਰਾਪਤ ਕਰਕੇ ਇਲਾਕੇ ਵਿੱਚ ਸਕੂਲ ਦਾ ਨਾਂ ਰੌਸ਼ਨ ਕੀਤਾ ਹੈ। ਜੇਤੂ ਖਿਡਾਰੀਆਂ ਵਿੱਚ ਸਕੂਲ (ਅੰਡਰ-17) ਦੀ ਵਾਲੀਬਾਲ ਟੀਮ ਦੇ ਵਿਦਿਆਰਥੀ ਕੈਪਟਨ ਜਸ਼ਨਦੀਪ ਸਿੰਘ, ਗੁਰਪਵਿੱਤਰ ਸਿੰਘ, ਪ੍ਰਭਜੋਤ ਸਿੰਘ, ਸੁਪਨਦੀਪ ਸਿੰਘ, ਅਕਾਸ਼ਦੀਪ ਸਿੰਘ, ਸਾਹਿਲਦੀਪ ਸਿੰਘ, ਰੌਬਿਨ ਰਾਣਾ, ਗੁਰਕੀਰਤ ਸਿੰਘ, ਕਰਨਬੀਰ ਸਿੰਘ, ਵਿਸ਼ਵਦੀਪ ਸਿੰਘ, ਅਰਮਾਨਦੀਪ ਸਿੰਘ ਅਤੇ ਅਭੈਪ੍ਰੀਤ ਸਿੰਘ ਦਾ ਸਕੂਲ ਪਹੁੰਚਣ ਤੇ ਪ੍ਰਿੰਸੀਪਲ ਐੱਸ. ਬੀ. ਨਾਯਰ ਅਤੇ ਪ੍ਰਬੰਧਕਾਂ ਵਲੋਂ ਵਿਸ਼ੇਸ਼ ਸਨਮਾਨ ਕਰਦਿਆਂ ਹੌਸਲਾ ਅਫਜ਼ਾਈ ਕੀਤੀ ਗਈ ਅਤੇ ਭਵਿੱਖ ਵਿੱਚ ਵੀ ਸਕੂਲ ਦੇ ਹੋਰ ਵਿਦਿਆਰਥੀਆਂ ਨੂੰ ਵੀ ਖੇਡਾਂ ਵਿੱਚ ਭਾਗ ਲੈਣ ਦੀ ਪ੍ਰੇਰਿਆ। ਇਸ ਸਮੇਂ ਸਕੂਲ ਦੇ ਸਾਰੇ ਵਿਦਿਆਰਥੀ ਤੇ ਅਧਿਆਪਕ ਹਾਜ਼ਰ ਸਨ।

# ਨਿਹੰਗ ਸਿੰਘ ਦਲ ਸੁਲਤਾਨਪੁਰ ਲੋਧੀ ਵਿਖੇ ਜਲਦ ਕਰਨਗੇ ਉਤਾਰੇ

## * ਪੁਰਾਤਨ ਰਵਾਇਤ ਮੁਤਾਬਕ ਮਨਾਉਣਗੇ ਪਹਿਲੀ ਪਾਤਸ਼ਾਹੀ ਦਾ ਪ੍ਰਕਾਸ਼ ਪੁਰਬ

ਅੰਮ੍ਰਿਤਸਰ (ਨਰਿੰਦਰਜੀਤ ਸਿੰਘ)-ਨਿਹੰਗ ਸਿੰਘ ਜਥੇਬੰਦੀਆਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖਤ ਚਲਦਾ ਵਹੀਰ ਚੱਕ੍ਰਵਰਤੀ ਦੇ 14ਵੇਂ ਮੁਖੀ ਸ਼੍ਰੋਮਣੀ ਸੇਵਾ ਰਤਨ, ਸ਼੍ਰੋਮਣੀ ਪੰਥ ਰਤਨ, ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਅਤੇ ਸਮੂਹ ਨਿਹੰਗ ਸਿੰਘ ਦਲ ਪੰਥ ਅਤੇ ਸਿੱਖ ਸੰਗਤਾਂ ਸਿੱਖ ਧਰਮ ਦੇ ਸੰਸਥਾਪਕ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦਾ 554ਵਾਂ ਪ੍ਰਕਾਸ਼ ਗੁਰਪੁਰਬ ਪੂਰੀ ਸ਼ਰਧਾ ਭਾਵਨਾ ਨਾਲ ਮਨਾਉਣਗੇ। ਸ. ਦਿਲਜੀਤ ਸਿੰਘ ਬੇਦੀ ਸਕੱਤਰ ਬੁੱਢਾ ਦਲ ਨੇ ਦੱਸਿਆ ਪੁਰਾਤਨ ਰਵਾਇਤ ਮੁਤਾਬਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠ 26 ਨਵੰਬਰ ਨੂੰ ਗੁਰਦੁਆਰਾ ਅਕਾਲ ਬੁੰਗਾ ਸਾਹਿਬ, ਯਾਦਗਾਰ ਸਿੰਘ ਸਾਹਿਬ ਜਥੇਦਾਰ ਨਵਾਬ ਕਪੂਰ ਸਿੰਘ, ਛਾਉਣੀ ਨਿਹੰਗ ਸਿੰਘਾਂ ਬੁੱਢਾ ਦਲ ਵਿਖੇ ਆਰੰਭ ਹੋਣਗੇ ਜਿਨ੍ਹਾਂ ਦੇ ਭੋਗ 27 ਨਵੰਬਰ ਨੂੰ ਭੋਗ ਪਾਏ ਜਾਣਗੇ। ਇਸੇ ਤਰ੍ਹਾਂ ਬਾਕੀ ਨਿਹੰਗ ਸਿੰਘ ਛਾਉਣੀਆਂ ਵਿੱਚ ਵੀ ਏਹੀ ਪਰੰਪਰਾ ਹੋਵੇਗੀ। ਉਨ੍ਹਾਂ ਦੱਸਿਆ ਕਿ ਪ੍ਰਚਾਰਕ ਜਨ ਗੁਰਇਤਿਹਾਸ, ਰਾਗੀ ਸਿੰਘ ਗੁਰਬਾਣੀ ਕੀਰਤਨ, ਢਾਡੀ ਸਿੰਘ ਸਿੱਖ ਧਰਮ ਸਬੰਧੀ ਇਤਿਹਾਸ ਅਤੇ ਸਿੱਖ ਵਿਦਵਾਨ ਗੁਰਇਤਿਹਾਸ ਦੀਆਂ ਅਣਸੁਣੀਆਂ ਸਾਖੀਆਂ ਸਰਵਣ ਕਰਵਾਉਣਗੇ। 28 ਨਵੰਬਰ ਨੂੰ ਇਸੇ ਸਥਾਨ ਤੋਂ ਸਮੂਹ ਨਿਹੰਗ ਸਿੰਘ ਦਲ ਪੰਥ ਨਿਸ਼ਾਨ ਨਿਗਾਰਿਆਂ ਦੀ ਛੱਤਰ ਛਾਇਆ ਹੇਠ ਅਤੇ ਬੁੱਢਾ ਦਲ ਦੇ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਦੀ ਅਗਵਾਈ ਵਿੱਚ ਮਹੱਲਾ ਕੱਢਣਗੇ। ਸ. ਦਿਲਜੀਤ ਸਿੰਘ ਬੇਦੀ ਨੇ ਦੱਸਿਆ ਕਿ ਵੱਖ-ਵੱਖ ਨਿਹੰਗ ਸਿੰਘ ਦਲਾਂ ਨੇ ਗੁਰੂ ਮਹਾਰਾਜ ਦੀਆਂ ਪਾਲਕੀ ਵਾਲੀਆਂ ਗੱਡੀਆਂ ਅਤੇ ਹਾਥੀਆਂ, ਊਠਾਂ, ਘੋੜਿਆਂ ਸਮੇਤ ਆਪੋ ਆਪਣੀਆਂ ਛਾਉਣੀਆਂ ਵਿੱਚ 24-25 ਨਵੰਬਰ ਤੋਂ ਉਤਾਰੇ ਕਰ ਲੈਣਗੇ। ਸਾਰੇ ਨਿਹੰਗ ਸਿੰਘ ਦਲਾਂ ਵਲੋਂ ਨਿਹੰਗ ਛਾਉਣੀਆਂ ਵਿੱਚ ਸਾਫ ਸਫਾਈ ਤੋਂ ਇਲਾਵਾ ਤੰਬੂ, ਘੋੜਿਆਂ, ਹਾਥੀਆਂ, ਊਠਾਂ ਦੇ ਦਾਨਾ-ਪਾਣੀ ਆਦਿ ਦਾ ਵੱਡੀ ਪੱਧਰ 'ਤੇ ਪ੍ਰਬੰਧ ਕੀਤਾ ਜਾ ਰਿਹਾ ਹੈ। ਸਵੇਰੇ ਸ਼ਾਮ ਨਿਤਨੇਮ ਤੋਂ ਇਲਾਵਾ ਕਥਾ ਕੀਰਤਨ ਦਾ ਪ੍ਰਵਾਹ ਚਲੇਗਾ। ਉਨ੍ਹਾਂ ਕਿਹਾ ਕਿ ਲੋਧੀ ਸ਼ਹਿਰ ਸਮੁੱਚੇ ਸੁਲਤਾਨਪੁਰ ਦੀ ਫਿਜ਼ਾ ਧਾਰਮਿਕ ਮਾਹੌਲ ਵਿਚ ਰੰਗੀ ਜਾਵੇਗੀ। ਵੱਖ-ਵੱਖ ਹੋਰਡਿੰਗ, ਬੈਨਰ, ਲੰਗਰਾਂ ਦਾ ਪ੍ਰਬੰਧ ਪੂਰੀ ਸ਼ਰਧਾ ਭਾਵਨਾ ਨਾਲ ਸ਼ੁਰੂ ਹੋ ਗਿਆ ਹੈ। ਨਿਹੰਗ ਸਿੰਘ ਤਿਆਰ ਬਰ ਤਿਆਰ ਜਦੋਂ "ਜੋ ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ" ਦੇ ਜੈਕਾਰੇ ਲਾਉਂਦੇ ਸ਼ਹਿਰ 'ਚ ਲੰਘਣਗੇ ਤਾਂ ਪੁਰਾਣੀਆਂ ਸਦੀਆਂ ਵਾਲੇ ਪੁਰਾਤਨ ਸਿੰਘਾਂ ਦੀ ਯਾਦ ਦਿਵਾਉਂਦੇ ਨਜ਼ਰ ਆਉਣਗੇ। ਬਾਬਾ ਜੋਗਾ ਸਿੰਘ ਮੁਖੀ ਮਿਸਲ ਬਾਬਾ ਦੀਪ ਸਿੰਘ ਸ਼ਹੀਦ ਤਰਨਾ ਦਲ ਬਾਬਾ ਬਕਾਲਾ, ਬਾਬਾ ਅਵਤਾਰ ਸਿੰਘ ਮੁਖੀ ਬਾਬਾ ਬਿਧੀ ਚੰਦ ਤਰਨਾ ਦਲ ਸੁਰ ਸਿੰਘ, ਬਾਬਾ ਨਿਹਾਲ ਸਿੰਘ ਮਿਸਲ ਸ਼ਹੀਦਾਂ ਤਰਨਾ ਦਲ ਹਰੀਆਂ ਵੇਲਾਂ ਹੁਸ਼ਿਆਰਪੁਰ, ਬਾਬਾ ਮੇਜਰ ਸਿੰਘ ਸੋਢੀ ਦਸਮੇਸ਼ ਤਰਨਾ ਦਲ ਤੋਂ ਇਲਾਵਾ ਬੇਅੰਤ ਹੋਰ ਨਿਹੰਗ ਸਿੰਘ ਫੌਜਾਂ ਦੇ ਪੜਾ ਇਸ ਅਸਥਾਨ 'ਤੇ ਹੋਣਗੇ।



*ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਵੱਲੋਂ ਬੁੱਢਾ ਦਲ ਦੇ ਸਥਾਪਨਾ ਦਿਵਸ ਤੇ ਸਿੰਘ ਸਾਹਿਬ ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਜੀ ਦੀ ਦੂਸਰੀ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਅਬਿਚਲਨਗਰ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਰਖਵਾਏ ਗਏ ਹਨ ਜਿਨ੍ਹਾਂ ਦੇ ਭੋਗ ਉਪਰੰਤ ਤਖ਼ਤ ਸਾਹਿਬ ਦੇ ਮੁੱਖ ਜਥੇਦਾਰ ਸਿੰਘ ਸਾਹਿਬ ਜਥੇਦਾਰ ਬਾਬਾ ਕੁਲਵੰਤ ਸਿੰਘ ਦੀ ਰਿਹਾਇਸ਼ ਤੇ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ ਨੂੰ ਸਨਮਾਨਿਤ ਕੀਤਾ ਗਿਆ। ਤਸਵੀਰ ਵਿਚ ਉਨ੍ਹਾਂ ਨਾਲ ਬਾਬਾ ਜਸਵਿੰਦਰ ਸਿੰਘ ਜੱਸੀ ਯੂ.ਐਸ.ਏ, ਬਾਬਾ ਮਨਮੋਹਨ ਸਿੰਘ ਬਾਰਨਵਾਲੇ, ਬਾਬਾ ਜੋਗਾ ਸਿੰਘ ਕਰਨਾਲ, ਬਾਬਾ ਸੁਖਜੀਤ ਸਿੰਘ ਕਨੱਈਆ ਆਦਿ ਸਾਮਲ ਸਨ।*

# ਲੋਕ ਚੇਤਨਾ ਨੂੰ ਸਮਰਪਿਤ ਪ੍ਰਿੰ. ਸੁਜਾਨ ਸਿੰਘ ਯਾਦਗਾਰੀ ਸਨਮਾਨ ਸਮਾਰੋਹ ਅਮਿੱਟ ਪੈੜਾਂ ਛੱਡ ਗਿਆ



**ਧਾਰੀਵਾਲ/ਗੁਰਦਾਸਪੁਰ (ਮਨਦੀਪ ਸਿੰਘ ਵਿੱਕੀ, ਜਨਕ ਮਹਾਜਨ)**-ਜ਼ਿਲ੍ਹਾ ਸਾਹਿਤ ਕੇਂਦਰ ਗੁਰਦਾਸਪੁਰ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਅਤੇ ਪ੍ਰਿੰ. ਸੁਜਾਨ ਸਿੰਘ ਅਤੇ ਡਾ. ਨਿਰਮਲ ਸਿੰਘ ਆਜ਼ਾਦ ਦੇ ਪਰਿਵਾਰਾਂ ਦੇ ਸਹਿਯੋਗ ਨਾਲ ਪ੍ਰਿੰ. ਸੁਜਾਨ ਸਿੰਘ ਤੇ ਡਾ. ਨਿਰਮਲ ਸਿੰਘ ਆਜ਼ਾਦ ਯਾਦਗਾਰੀ ਸਨਮਾਨ ਸਮਾਰੋਹ ਸਰਵਸ਼੍ਰੀ ਦਰਸ਼ਨ ਬੁੱਟਰ ਪ੍ਰਧਾਨ ਕੇਂਦਰੀ ਪੰਜਾਬੀ ਲੇਖਕ ਸਭਾ, ਡਾ. ਲਖਵਿੰਦਰ ਜੌਹਲ ਪ੍ਰਧਾਨ ਪੰਜਾਬੀ ਸਾਹਿਤ ਅਕਾਡਮੀ ਲੁਧਿਆਣਾ, ਡਾ. ਹਰਜਿੰਦਰ ਅਟਵਾਲ, ਡਾ. ਕੁਲਦੀਪ ਪੁਰੀ, ਸੁਰਿੰਦਰ ਸਿੰਘ ਸੁੰਨੜ, ਦੀਪ ਦੇਵਿੰਦਰ ਸਿੰਘ, ਬਲਵਿੰਦਰ ਸਿੰਘ ਸੰਧੂ, ਸੁਲੱਖਣ ਸਰਹੱਦੀ, ਸ਼ੈਲਿੰਦਰਜੀਤ ਸਿੰਘ ਰਾਜਨ, ਡਾ. ਲੇਖ ਰਾਜ ਅਤੇ ਮੱਖਣ ਕੁਹਾੜ ਦੀ ਪ੍ਰਧਾਨਗੀ ਹੇਠ ਰਾਮ ਸਿੰਘ ਦੱਤ ਯਾਦਗਾਰੀ ਭਵਨ ਗੁਰਦਾਸਪੁਰ ਵਿਖੇ ਕਰਵਾਇਆ ਗਿਆ। ਪ੍ਰੋਗਰਾਮ ਦਾ ਆਗਾਜ਼ ਵਿਦਵਾਨਾਂ ਤੇ ਮਹਿਮਾਨਾਂ ਨਾਲ ਭਰੇ ਪੰਡਾਲ ਵਿੱਚ ਜਨਰਲ ਸਕੱਤਰ ਮੰਗਤ ਚੰਚਲ ਵੱਲੋਂ ਪਿਛਲੇ ਸਮੇਂ ਵਿਛੜ ਗਈਆਂ ਕਲਮਾਂ ਨੂੰ ਯਾਦ ਕਰਦਿਆਂ ਦੋ ਮਿੰਟ ਦਾ ਮੌਨ ਕਰਵਾਉਣ ਅਤੇ ਸਾਹਿਤ ਕੇਂਦਰ ਦੇ ਕਾਰਜਕਾਰੀ ਪ੍ਰਧਾਨ ਸੁਲੱਖਣ ਸਰਹੱਦੀ ਵੱਲੋਂ ਆਏ ਵਿਦਵਾਨਾਂ ਅਤੇ ਮਹਿਮਾਨਾਂ ਨੂੰ ਨਿੱਘਾ ਜੀ ਆਇਆਂ ਆਖਣ ਨਾਲ ਹੋਇਆ।

ਸਾਹਿਤ ਕੇਂਦਰ ਦੇ ਸੀਨੀਅਰ ਮੀਤ ਪ੍ਰਧਾਨ ਡਾ. ਲੇਖ ਰਾਜ ਵੱਲੋਂ ਪ੍ਰਿੰ. ਸੁਜਾਨ ਸਿੰਘ ਅਤੇ ਡਾ. ਨਿਰਮਲ ਸਿੰਘ ਆਜ਼ਾਦ ਦੀ ਸਾਹਿਤ ਅਤੇ ਸਮਾਜ ਨੂੰ ਦੇਣ ਬਾਰੇ ਕੁੰਜੀਵੱਤ ਸ਼ਬਦਾਂ ਵਿੱਚ ਸਾਂਝ ਪਵਾਈ ਗਈ। ਪ੍ਰੋਗਰਾਮ ਦੇ ਮੁੱਖ ਬੁਲਾਰੇ ਪ੍ਰਬੁੱਧ ਵਿਦਵਾਨ ਅਤੇ ਪੱਤਰਕਾਰ ਹਮੀਰ ਸਿੰਘ ਨੇ ਅੱਜ ਦੇ ਵਿਸ਼ੇ 'ਅਜੋਕੇ ਦੌਰ ਵਿੱਚ ਲੇਖਕਾਂ, ਬੁੱਧੀਜੀਵੀਆਂ ਅਤੇ ਪੱਤਰਕਾਰਾਂ ਦੀ ਭੂਮਿਕਾ' 'ਤੇ ਬੋਲਦਿਆਂ ਕਿਹਾ ਕਿ ਤਕਨੀਕ 'ਤੇ ਆਧਾਰਤ ਅਤੇ ਕਾਰਪੋਰੇਟ ਪੱਖੀ ਵਿਕਾਸ ਮਾਡਲ ਰੁਜ਼ਗਾਰ ਘਟਾਉਣ ਵਾਲਾ ਅਤੇ ਗਰੀਬੀ ਵਿੱਚ ਵਾਧਾ ਕਰਨ ਵਾਲਾ ਹੋਣ ਕਰਕੇ ਗਰੀਬੀ ਅਤੇ ਅਮੀਰੀ ਦਾ ਪਾੜਾ ਦਿਨੋਂ ਦਿਨ ਵਧਦਾ ਜਾ ਰਿਹਾ ਹੈ ਜਿਸ ਵਿੱਚੋਂ ਨਰੋਏ ਸਮਾਜ ਦੀ ਸਿਰਜਣਾ ਦੀ ਉਮੀਦ ਨਹੀਂ ਕੀਤੀ ਜਾ ਸਕਦੀ। ਕਾਰਪੋਰੇਟਰਾਂ ਦੀ ਛਤਰ-ਛਾਇਆ ਹੇਠ ਦਬਾਅ ਦੀ ਸਿਆਸਤ ਉਪਜਦੀ ਹੈ ਜਿਹੜੀ ਕਿ ਲੋਕਤੰਤਰ ਦੇ ਸਿਧਾਂਤਾਂ ਨਾਲ ਬਿਲਕੁਲ ਮੇਲ ਨਹੀਂ ਖਾਂਦੀ। ਏਸੇ ਕਰਕੇ ਵੱਡੀ ਗਿਣਤੀ ਲੋਕ ਅਸਥਿਰਤਾ ਅਤੇ ਅਸੁਰੱਖਿਆ ਦੇ ਪਰਛਾਵੇਂ ਹੇਠਾਂ ਜੀਣ ਲਈ ਮਜਬੂਰ ਹਨ। ਉਨ੍ਹਾਂ ਅਖੀਰ ਵਿੱਚ ਕਿਹਾ ਕਿ ਸਾਹਿਤਕਾਰਾਂ ਕੋਲੋਂ ਆਸ ਕੀਤੀ ਜਾਂਦੀ ਹੈ ਕਿ ਕੋਈ ਵੱਡੀ ਵਨਗੀ ਦੇਣ ਜਿਹੜੀ ਲੋਕਾਂ ਦੀ ਬਾਂਹ ਫੜਨ ਦੇ ਸਮਰੱਥ ਹੋਵੇ। ਉਨ੍ਹਾਂ ਪੁੱਛੇ ਗਏ ਸਵਾਲਾਂ ਦੇ ਉੱਤਰ ਵੀ ਦਿੱਤੇ। ਉਨ੍ਹਾਂ ਨੂੰ ਹੀ ਡਾ. ਨਿਰਮਲ ਸਿੰਘ ਆਜ਼ਾਦ ਯਾਦਗਾਰੀ ਪੁਰਸਕਾਰ ਨਾਲ ਨਿਵਾਜਿਆ ਗਿਆ ਅਤੇ ਪ੍ਰਿੰ. ਸੁਜਾਨ ਸਿੰਘ ਯਾਦਗਾਰੀ ਸਨਮਾਨ ਕ੍ਰਮਵਾਰ ਪ੍ਰਸਿੱਧ ਕਹਾਣੀਕਾਰ ਕੇ. ਐੱਲ. ਗਰਗ ਅਤੇ ਦਵਿੰਦਰ ਕੌਰ ਗੁਰਾਇਆ ਨੂੰ ਭੇਟ ਕਰਕੇ ਸਨਮਾਨਤ ਕੀਤਾ ਗਿਆ। ਸਨਮਾਨ ਪੱਤਰ ਸੀਤਲ ਸਿੰਘ ਗੁੰਨੋਪੁਰੀ, ਡਾ. ਰਜਵਿੰਦਰ ਕੌਰ ਅਤੇ ਗੁਰਮੀਤ ਬਾਜਵਾ ਵੱਲੋਂ ਪੜ੍ਹੇ ਗਏ।

ਕੇਂਦਰੀ ਪੰਜਾਬੀ ਲੇਖਕ ਸਭਾ ਦੇ ਪ੍ਰਧਾਨ ਦਰਸ਼ਨ ਬੁੱਟਰ ਅਤੇ ਡਾ. ਲਖਵਿੰਦਰ ਜੌਹਲ ਨੇ ਕੇਂਦਰੀ ਪੰਜਾਬੀ ਲੇਖਕ ਸਭਾ ਅਤੇ ਪੰਜਾਬੀ ਸਾਹਿਤ ਅਕਾਦਮੀ ਦੀ ਆਪਣੀ ਆਪਣੀ ਬਨਦੀ ਜ਼ਿੰਮੇਵਾਰੀ 'ਤੇ ਪਹਿਰਾ ਦੇਣ ਦੀ ਗੱਲ ਕੀਤੀ। ਡਾ. ਕੁਲਦੀਪ ਪੁਰੀ, ਡਾ. ਹਰਜਿੰਦਰ ਅਟਵਾਲ, ਦੀਪ ਦੇਵਿੰਦਰ ਸਿੰਘ, ਮੱਖਣ ਕੁਹਾੜ, ਸ਼ੈਲਿੰਦਰਜੀਤ ਰਾਜਨ ਅਤੇ ਸੁਰਿੰਦਰ ਸੁੰਨੜ ਆਦਿ ਵਿਦਵਾਨਾਂ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ।

ਮੰਗਤ ਚੰਚਲ ਵੱਲੋਂ ਮੰਚ ਸੰਚਾਲਨ ਦੀ ਭੂਮਿਕਾ ਬਾਖੂਬੀ ਨਿਭਾਈ ਗਈ ਜਿਨ੍ਹਾਂ ਦੀ ਹਾਜ਼ਰੀ ਨੇ ਇਸ ਪ੍ਰੋਗਰਾਮ ਦੀ ਸ਼ੋਭਾ ਨੂੰ ਚਾਰ ਚੰਨ ਲਾਏ ਉਨ੍ਹਾਂ 'ਚੋਂ ਕੁਝ ਕੁ ਦੇ ਨਾਂ ਇਸ ਪ੍ਰਕਾਰ ਹਨ: ਸਰਵਸ਼੍ਰੀ ਹਰਜੀਤ ਸਿੰਘ ਹੁੰਦਲ, ਗੁਰਪ੍ਰੀਤ ਰੰਗੀਲਪੁਰ, ਸੋਹਣ ਸਿੰਘ, ਬੂਟਾ ਰਾਮ ਆਜ਼ਾਦ, ਨਿਸ਼ਾਨ ਸਿੰਘ, ਸੁੱਚਾ ਸਿੰਘ ਪਸਨਾਵਾਲਾ, ਸੀਸਮ ਸੰਧੂ, ਸੁਖਵਿੰਦਰ ਰੰਧਾਵਾ, ਐੱਸ. ਪੀ. ਸਿੰਘ, ਤਰਸੇਮ ਸਿੰਘ ਭੰਗੂ, ਸੁਭਾਸ਼ ਦੀਵਾਨਾ, ਸੁਨੀਲ ਦੱਤ, ਵਿਜੇ ਅਗਨੀਹੋਤਰੀ, ਜਸਵਿੰਦਰ ਸਿੰਘ ਅਨਮੋਲ, ਗੋਪਾਲ ਸ਼ਰਮਾ, ਜਸਵੰਤ ਹਾਂਸ, ਦਵਿੰਦਰ ਦਿਦਾਰ, ਪ੍ਰਸ਼ੋਤਮ ਸਿੰਘ ਲੱਲੀ, ਲੱਖਣ ਮੇਘੀਆਂ, ਸੁਨੀਲ ਦੱਤ, ਰਜਵੰਤ ਕੌਰ, ਪ੍ਰੇਮ ਨਾਥ, ਪ੍ਰੋ. ਪਰਮਜੀਤ ਸਿੰਘ, ਸ਼ਿਵ ਕੁਮਾਰ, ਸੁਭਾਸ਼ ਸ਼ਰਮਾ, ਰਜਿੰਦਰ ਸਿੰਘ, ਸੁਖਦੇਵ ਸਿੰਘ ਭਾਗੋਕਾਵਾਂ, ਦਵਿੰਦਰ ਦਾਸ, ਸੁਰਿੰਦਰ ਕੌਰ, ਅਮਰੀਕ ਕੌਰ, ਸੁਖਵਿੰਦਰ ਕੌਰ, ਬਲਦੇਵ ਸਿੰਘ, ਜਸਵੰਤ ਸਿੰਘ ਪਾਹੜਾ, ਕੁਲਦੀਪ ਸਿੰਘ, ਅਮਨਪ੍ਰੀਤ ਸਿੰਘ, ਕੰਵਲਦੀਪ ਕੌਰ, ਅਮਰਜੀਤ ਸਿੰਘ, ਜਸਬੀਰ ਕੌਰ, ਸ਼ਰਨ ਕੌਰ, ਕੇਵਲ ਪਟਵਾਰੀ, ਜਸਬੀਰ ਕੌਰ ਚਾਹਲ, ਜਗਜੀਵਨ ਲਾਲ, ਅਸ਼ਵਨੀ ਕੁਮਾਰ, ਕੇ. ਪੀ. ਸਿੰਘ, ਰਣਵੀਰ ਆਕਾਸ਼, ਪਿਆਰਾ ਸਿੰਘ ਟਾਂਡਾ, ਐੱਸ. ਪੀ. ਸਿੰਘ ਗੋਸਲ, ਹਰਮੀਤ ਆਰਟਿਸਟ, ਡਾ. ਕਸ਼ਮੀਰ ਸਿੰਘ, ਅਜੀਤ ਕਮਲ, ਰੂਪ ਸਿੰਘ ਪੱਡਾ, ਧਿਆਨ ਸਿੰਘ ਠਾਕੁਰ, ਬੋਧ ਸਿੰਘ ਘੁੰਮਣ, ਰਘਬੀਰ ਸਿੰਘ, ਅਵਤਾਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਬੁੱਧੀਜੀਵੀ ਅਤੇ ਸਮਾਜ ਸੇਵੀ ਅਤੇ ਹੋਰ ਲੋਕ ਹਾਜ਼ਰ ਸਨ।

# ਐੱਸ ਡੀ ਕਾਲਜ ਨੇ ਇੰਟਰਨਲ ਹੈਕਾਥੌਨ ਈਵੈਂਟ 2023 ਦਾ ਕੀਤਾ ਆਯੋਜਨ



ਜਲੰਧਰ ( ਇਕਬਾਲ ਸਿੰਘ ਉੱਭੀ) ਪੀ ਸੀ ਐਮ ਐਸ ਡੀ ਕਾਲਜ ਫਾਰ ਵੂਮੈਨ ਦੇ ਪੀ ਜੀ ਡਿਪਾਰਟਮੈਂਟ ਆਫ ਕੰਪਿਊਟਰ ਸਾਇੰਸ ਐਂਡ ਆਈਟੀ ਨੇ 'ਇੰਟਰਨਲ ਹੈਕਾਥੌਨ ਈਵੈਂਟ 2023' ਦਾ ਆਯੋਜਨ ਕੀਤਾ। ਇਹ ਵਿਦਿਆਰਥੀਆਂ ਨੂੰ ਅਸਲ-ਸੰਸਾਰ ਦੀਆਂ ਸਮੱਸਿਆਵਾਂ ਦੇ ਸਾਫਟਵੇਅਰ ਹੱਲ ਤਿਆਰ ਕਰਨ ਅਤੇ ਇਸ ਨੂੰ ਲਾਗੂ ਕਰਨ ਲਈ ਹੈਕ ਖੋਜਣ ਦੀ ਪ੍ਰਕਿਰਿਆ ਤੋਂ ਜਾਣੂ ਕਰਵਾਉਣ ਲਈ ਆਯੋਜਿਤ ਕੀਤਾ ਗਿਆ ਸੀ। ਮੁਕਾਬਲੇ ਦਾ ਉਦੇਸ਼ ਵਿਦਿਆਰਥੀਆਂ ਨੂੰ ਪ੍ਰੋਜੈਕਟਾਂ 'ਤੇ ਤਰੱਕੀ ਕਰਨ ਲਈ ਨਵੀਂਆਂ ਤਕਨੀਕਾਂ, ਮਿਆਰਾਂ, ਜਾਂ ਨਿੱਜੀ ਪ੍ਰੋਗਰਾਮਿੰਗ ਸ਼ੈਲੀਆਂ ਨੂੰ ਪੇਸ਼ ਕਰਨ ਲਈ ਆਪਣੇ ਵਿਚਾਰ ਪ੍ਰਗਟ ਕਰਨ ਲਈ ਇੱਕ ਖੁੱਲਾ ਪਲੇਟਫਾਰਮ ਪ੍ਰਦਾਨ ਕਰਨਾ ਸੀ। ਇਸ ਮੌਕੇ ਛੇ ਟੀਮਾਂ ਨੇ ਸਰਗਰਮੀ ਨਾਲ ਭਾਗ ਲਿਆ। ਵਿਦਿਆਰਥੀਆਂ ਵੱਲੋਂ 'ਸਟੂਡੈਂਟ ਇਨੋਵੇਸ਼ਨ' ਥੀਮ ਦੇ ਤਹਿਤ ਦੋ ਸਮੱਸਿਆ ਬਿਆਨ ਪੇਸ਼ ਕੀਤੇ ਗਏ, ਅਰਥਾਤ ਯਾਤਰਾ ਅਤੇ ਸੈਰ-ਸਪਾਟਾ ਅਤੇ ਤੰਦਰੁਸਤੀ ਅਤੇ ਖੇਡਾਂ। ਇਵੈਂਟ ਦੇ ਜੱਜਾਂ ਸ੍ਰੀਮਤੀ ਸ਼ਿਵਾਨੀ ਸ਼ਰਮਾ, ਸ੍ਰੀਮਤੀ ਐਨੀ ਆਹੂਜਾ ਅਤੇ ਸ੍ਰੀਮਤੀ ਸਪਨਾ ਠਾਕੁਰ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਵਿਸ਼ੇ ਦੀ ਚੋਣ, ਸਪੱਸ਼ਟਤਾ, ਰਚਨਾਤਮਕਤਾ, ਤਕਨੀਕੀ ਗੁੰਝਲਤਾ, ਵਪਾਰਕ ਵਿਵਹਾਰਕਤਾ, ਸਮਾਜਿਕ ਪ੍ਰਭਾਵ ਆਦਿ ਬਾਰੇ ਉਨ੍ਹਾਂ ਦੀ ਸੂਝ ਅਤੇ ਸਮਝ 'ਤੇ ਮੁਲਾਂਕਣ ਕੀਤਾ। ਦੋ ਟੀਮਾਂ ਨੂੰ ਜੱਜਾਂ ਦੁਆਰਾ ਨਾਮਜਦ ਕੀਤਾ ਗਿਆ ਸੀ। ਇਸ ਮੌਕੇ ਪ੍ਰਧਾਨ ਨਰੇਸ਼ ਬੁਧੀਆ, ਸੀਨੀਅਰ ਮੀਤ-ਪ੍ਰਧਾਨ ਵਿਨੋਦ ਦਾਦਾ, ਪ੍ਰਬੰਧਕੀ ਕਮੇਟੀ ਦੇ ਮਾਣਯੋਗ ਮੈਂਬਰ ਅਤੇ ਯੋਗ ਪ੍ਰਿੰਸੀਪਲ ਡਾ. ਪੂਜਾ ਪਰਾਸ਼ਰ ਨੇ ਕੰਪਿਊਟਰ ਸਾਇੰਸ ਵਿਭਾਗ ਦੇ ਇਸ ਸਮਾਗਮ ਨੂੰ ਉਤਸਾਹਿਤ ਕਰਨ ਦੇ ਉਦੇਸ਼ ਨਾਲ ਸਫਲਤਾਪੂਰਵਕ ਆਯੋਜਿਤ ਕਰਨ ਲਈ ਕੀਤੇ ਗਏ ਯਤਨਾਂ ਦੀ ਸ਼ਲਾਘਾ ਕੀਤੀ।

# ਸ਼ਹੀਦ ਬਾਬਾ ਧੰਨਾ ਸਿੰਘ ਦੀ ਯਾਦ 'ਚ ਸਾਲਾਨਾ ਧਾਰਮਕ ਸਮਾਗਮ ਕਰਵਾਇਆ



ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ) 1962 ਦੀ ਚੀਨ ਜੰਗ ਵਿੱਚ ਸ਼ਹੀਦੀ ਪ੍ਰਾਪਤ ਸ਼ਹੀਦ ਬਾਬਾ ਧੰਨਾ ਸਿੰਘ ਦੀ ਯਾਦ ਵਿੱਚ ਸਾਲਾਨਾ ਧਾਰਮਿਕ ਸਮਾਗਮ 18 ਨਵੰਬਰ ਨੂੰ ਪਿੰਡ ਕਾਲੂਵਾਹਰ ਪੈਟਰੋਲ ਪੰਪ ਦੀ ਬੈਕ ਸਾਈਡ ਖਰਦੇਹੜ ਰੋਡ 'ਤੇ ਸੋਢੀ ਫਾਰਮ ਵਿਖੇ ਕਰਵਾਇਆ ਗਿਆ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਅਵਤਾਰ ਸਿੰਘ ਖਾਲਸਾ ਸਰਕਲ ਪ੍ਰਧਾਨ ਨੰਦਾਚੋਰ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ਼ਹੀਦ ਬਾਬਾ ਧੰਨਾ ਸਿੰਘ ਦੇ ਸਾਲਾਨਾ ਸਮਾਗਮ ਬੜੀ ਸ਼ਰਧਾ ਪੂਰਵਕ ਭਾਵਨਾ ਨਾਲ ਮਨਾਇਆ ਗਿਆ। ਧਾਰਮਿਕ ਸਮਾਗਮ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਹਜ਼ੂਰੀ ਵਿੱਚ ਸੁਖਮਨੀ ਸਾਹਿਬ ਦੇ ਜਾਪ ਕੀਤੇ ਗਏ। ਉਪਰੰਤ ਕੀਰਤਨੀਏ ਜਥੇ ਭਾਈ ਗੁਰਮੁੱਖ ਸਿੰਘ ਹਰਿਆਣੇ ਵਾਲੇ, ਕਵੀਸ਼ਰੀ ਜਥਾ ਭਾਈ ਬਲਵੀਰ ਸਿੰਘ ਹੁਸੈਨਪੁਰੀ ਵਾਲੇ ਵੱਲੋਂ ਗੁਰਬਾਣੀ ਦੇ ਸ਼ਬਦ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਇਸ ਸਾਲਾਨਾ ਸਮਾਗਮ ਵਿੱਚ ਵੱਖ-ਵੱਖ ਜਥੇਬੰਦੀਆਂ ਦੀਆਂ ਨਾਮਵਰ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ। ਇਸ ਮੌਕੇ ਗੁਰੂ ਕੇ ਲੰਗਰ ਵੀ ਚਲਾਏ ਗਏ। ਅਵਤਾਰ ਸਿੰਘ ਖਾਲਸਾ ਨੇ ਆਈਆਂ ਹੋਈਆਂ ਸਮੂਹ ਸੰਗਤਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

# ਸੇਂਟ ਸੋਲਜਰ ਕਾਲਜ 'ਚ ਵੋਟਰ ਜਾਗਰੂਕਤਾ ਕੈਂਪ ਲਗਾਇਆ



ਜਲੰਧਰ (ਇਕਬਾਲ ਸਿੰਘ ਉੱਭੀ) ਸੇਂਟ ਸੋਲਜ਼ਰ ਇੰਸਟੀਚਿਊਟ ਆਫ ਫਾਰਮੇਸੀ ਐਂਡ ਪਾਲੀਟੈਕਨਿਕ ਵਿਖੇ 'ਸਵੀਪ' ਪ੍ਰੋਗਰਾਮ ਤਹਿਤ ਵਿਦਿਆਰਥੀਆਂ ਨੂੰ ਵੋਟ ਦੀ ਮਹੱਤਤਾ ਸਬੰਧੀ ਜਾਣਕਾਰੀ ਦੇਣ ਲਈ ਜਾਗਰੂਕਤਾ ਕੈਂਪ ਲਗਾਇਆ ਗਿਆ। ਪ੍ਰੋਗਰਾਮ ਦੌਰਾਨ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਿੰਸੀਪਲ ਜਤਿੰਦਰ ਸਿੰਘ ਬਤੌਰ ਰਿਸੋਰਸ ਪਰਸਨ ਪੁੱਜੇ, ਜਿਨ੍ਹਾਂ ਦਾ ਸਵਾਗਤ ਕਾਲਜ ਪ੍ਰਿੰਸੀਪਲ ਇੰਜੀਨਿਆਰ ਹਰਜੀਤ ਸਿੰਘ ਤੇ ਸਟਾਫ ਵੱਲੋਂ ਕੀਤਾ ਗਿਆ। ਕੈਂਪ ਦੌਰਾਨ ਪ੍ਰਿੰਸੀਪਲ ਜਤਿੰਦਰ ਸਿੰਘ ਨੇ 'ਮਾਈ ਵੋਟ ਇਜ਼ ਮਾਈ ਰਾਈਟ', 'ਪਲੈਜ ਫਾਰ ਵੋਟ', 'ਪਰਾਊਡ ਟੂ ਬੀ ਏ ਵੋਟਰ ਰੈਡੀ ਫਾਰ ਵੋਟ', 'ਮਾਈ ਵੋਟ ਇਜ਼ ਮਾਈ ਚੁਆਇਸ', 'ਵੋਟ ਫਾਰ ਹੋਪ ਵੋਟ ਫਾਰ ਚੇਂਜ', 'ਬੀ ਬਰਾਈਟ ਵੋਟ ਫਾਰ ਦਾ ਰਾਈਟ' ਆਦਿ ਸਲੋਗਨਾਂ ਰਾਹੀਂ 'ਵੋਟ ਫਾਰ ਬੈਟਰ ਇੰਡੀਆ' ਦਾ ਸੰਦੇਸ਼ ਦਿੰਦੇ ਹੋਏ ਵਿਦਿਆਰਥੀਆਂ ਨੂੰ ਵੋਟ ਬਣਾਉਣ ਅਤੇ ਵੋਟ ਦੇ ਸਹੀ ਇਸਤੇਮਾਲ ਲਈ ਪ੍ਰੇਰਿਤ ਕੀਤਾ। ਇਸ ਦੇ ਨਾਲ ਹੀ ਉਨ੍ਹਾਂ ਨੇ 1/1/2024 ਤੱਕ 18 ਸਾਲ ਜਾਂ ਇਸ ਤੋਂ ਵੱਧ ਉਮਰ ਦੇ ਵਿਦਿਆਰਥੀਆਂ ਨੂੰ ਆਪਣੀ ਵੋਟ ਬਣਾਉਣ ਦੀ ਪੂਰੀ ਪ੍ਰਕ੍ਰਿਆ ਦੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਕਿਸ ਤਰ੍ਹਾਂ ਇਕ ਬਾਲਗ ਵਿਦਿਆਰਥੀ ਵੋਟਰ ਹੈਲਪ ਲਾਈਨ ਐਪ ਰਾਹੀਂ ਵੋਟ ਬਣਾਉਣ ਲਈ ਅਪਲਾਈ ਕਰ ਸਕਦਾ ਹੈ ਜਾਂ ਆਪਣੇ ਨਜ਼ਦੀਕੀ ਬੂਥ 'ਤੇ ਬੀ ਐੱਲ ਓ ਰਾਹੀਂ ਵੋਟ ਰਜਿਸਟ੍ਰੇਸ਼ਨ ਕਰਵਾ ਸਕਦਾ ਹੈ। ਪ੍ਰਿੰਸੀਪਲ ਇੰਜੀ. ਹਰਜੀਤ ਸਿੰਘ ਨੇ ਆਪਣੇ ਸੁਨੇਹੇ 'ਚ ਵਿਦਿਆਰਥੀਆਂ ਨੂੰ ਦੱਸਿਆ ਕਿ ਭਾਰਤ ਇਕ ਗਣਤੰਤਰ ਰਾਸ਼ਟਰ ਹੈ, ਜਿਸ 'ਚ ਲੋਕਤੰਤਰਕ ਪ੍ਰਣਾਲੀ ਰਾਹੀਂ ਲੋਕਾਂ ਵੱਲੋਂ ਚੁਣੀ ਗਈ ਸਰਕਾਰ ਦੇਸ਼ ਨੂੰ ਚਲਾਉਂਦੀ ਹੈ।

ਅਜਿਹੇ 'ਚ ਇਕ-ਇਕ ਵੋਟ ਦਾ ਮਹੱਤਵ ਬਹੁਤ ਵਧ ਜਾਂਦਾ ਹੈ। ਇਸ ਲਈ ਹਰ ਨਾਗਰਿਕ ਨੂੰ ਆਪਣੀ ਵੋਟ ਦੇ ਮਹੱਤਵ ਅਤੇ ਮਤਦਾਨ ਨੂੰ ਆਪਣਾ ਫ਼ਰਜ਼ ਸਮਝਦੇ ਹੋਏ ਵੋਟ ਦੇ ਅਧਿਕਾਰ ਦਾ ਸਹੀ ਪ੍ਰਯੋਗ ਜ਼ਰੂਰ ਕਰਨਾ ਚਾਹੀਦਾ ਹੈ। ਇਸ ਪ੍ਰੋਗਰਾਮ ਨੂੰ ਸਫ਼ਲ ਬਣਾਉਣ 'ਚ ਕਾਲਜ ਦੇ ਸਮੂਹ ਸਟਾਫ ਨੇ ਪੂਰਨ ਸਹਿਯੋਗ ਦਿੱਤਾ।


## ਜਨਮ ਦਿਨ ਮੁਬਾਰਕ



ਨਿਵਾਨ ਸਿੰਘ, ਸੰਗਰੂਰ

## ਸ਼ਹਿਨਾਈਆਂ



ਫਾਰਮੇਸੀ ਅਫਸਰ ਅਜੀਤ ਸਿੰਘ ਸਪੁੱਤਰ ਕਮਲਜੀਤ ਸਿੰਘ ਨਿਵਾਸੀ ਜਨੌੜੀ ਦਾ ਸ਼ੁੱਭ ਵਿਆਹ ਅਰਵਿੰਦਰ ਕੌਰ ਸਪੁੱਤਰੀ ਜਗਦੀਸ਼ ਸਿੰਘ ਨਿਵਾਸੀ ਭੁਲਾਣਾ ਨਾਲ ਹੋਣ ਤੇ ਸੁਭਾਗ ਜੋੜੀ ਨੂੰ ਬਹੁਤ-ਬਹੁਤ ਮੁਬਾਰਕਾਂ

## ਵਰ੍ਹੇਗੰਢ ਮੁਬਾਰਕ



ਮਾਸਟਰ ਕੁਲਵਿੰਦਰ ਸਿੰਘ ਤੇ ਮੈਡਮ ਰੇਨੂ ਬਾਲਾ ਨੇ ਵਿਆਹ ਦੀ 17ਵੀਂ ਵਰ੍ਹੇਗੰਢ ਮਨਾਈ



ਸਰਬਜੀਤ ਸਿੰਘ ਗਿੱਲ ਤੇ ਮਨਪ੍ਰੀਤ ਕੌਰ ਗਿੱਲ ਨੇ ਆਪਣੇ ਵਿਆਹ ਦੀ 23ਵੀਂ ਵਰ੍ਹੇਗੰਢ ਮਨਾਈ


# ਸ਼੍ਰੋਮਣੀ ਅਕਾਲੀ ਦਲ ਨੇ ਚੰਡੀਗੜ੍ਹ ਪ੍ਰਸ਼ਾਸਨ ਵੱਲੋਂ ਪੰਜਾਬੀਆਂ ਨਾਲ ਕੀਤੇ ਜਾ ਰਹੇ ਵਿਤਕਰੇ 'ਤੇ ਚਿੰਤਾ ਕੀਤੀ ਜ਼ਾਹਰ



ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ) ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਅਤੇ ਬੁਲਾਰੇ ਕਰਨੈਲ ਸਿੰਘ ਪੀਰ ਮੁਹੰਮਦ ਨੇ ਚੰਡੀਗੜ੍ਹ ਪ੍ਰਸ਼ਾਸ਼ਨ ਦੀਆਂ ਪੱਖਪਾਤੀ ਕਾਰਵਾਈਆਂ 'ਤੇ ਡੂੰਘੀ ਚਿੰਤਾ ਦਾ ਪ੍ਰਗਟਾਵਾ ਕੀਤਾ ਹੈ। ਪੀਰ ਮੁਹੰਮਦ ਨੇ ਜਾਰੀ ਪ੍ਰੈਸ ਬਿਆਨ ਵਿੱਚ ਚੰਡੀਗੜ੍ਹ ਪ੍ਰਸਾਸਨ ਦੇ ਇਸ ਪੱਖਪਾਤੀ ਫੈਸਲੇ 'ਤੇ ਨਿਰਾਸ਼ਾ ਪ੍ਰਗਟਾਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਨ 'ਤੇ ਮੌਜੂਦਾ ਪਾਬੰਦੀ ਇੱਕ ਵਿਸ਼ੇਸ਼ ਜਾਤੀ ਜਾਂ ਫਿਰਕੇ ਨਾਲ ਵਿਤਕਰਾ ਕਰਨ ਦੇ ਬਰਾਬਰ ਹੈ। ਇਸ ਗੱਲ ਨੂੰ ਧਿਆਨ ਵਿੱਚ ਰੱਖਦੇ ਹੋਏ ਕਿ ਸਾਡੇ ਦੇਸ ਦੀ ਨੀਂਹ ਸਾਰੇ ਧਰਮਾਂ ਅਤੇ ਉਹਨਾਂ ਦੀਆਂ ਸੰਬੰਧਿਤ ਪਰੰਪਰਾਵਾਂ ਦੇ ਲੋਕਾਂ ਦੁਆਰਾ ਰੱਖੀ ਗਈ ਸੀ, ਇਹ ਮਹੱਤਵਪੂਰਨ ਹੈ ਕਿ ਸਾਰੇ ਵਰਗਾਂ ਦੇ ਲੋਕਾਂ ਨੂੰ ਬਰਾਬਰ ਸਤਿਕਾਰ ਦਿੱਤਾ ਜਾਵੇ। ਪੰਜਾਬੀਆਂ ਨਾਲ ਹੋ ਰਿਹਾ ਵਿਤਕਰਾ ਕੇਂਦਰ ਸਰਕਾਰ ਵੱਲੋਂ ਕੀਤੇ ਜਾਂਦੇ ਵਿਤਕਰੇ ਦੇ ਵਿਆਪਕ ਮੁੱਦਿਆਂ 'ਤੇ ਰੌਸ਼ਨੀ ਪਾਉਂਦਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਪੰਜਾਬ ਦੀ ਰਾਜਧਾਨੀ ਹੋਣ ਦੇ ਬਾਵਜੂਦ ਚੰਡੀਗੜ੍ਹ 'ਚ ਚੱਲ ਰਿਹਾ ਵਿਤਕਰੇ ਵਾਲਾ ਰੁਝਾਨ। ਪੰਜਾਬ ਕੇਡਰ ਦੇ ਆਈ ਪੀ ਐਸ, ਆਈ ਏ ਐਸ ਆਦਿ ਅਧਿਕਾਰੀ ਨਿਯੁਕਤ ਹੋਣ ਦੇ ਬਾਵਜੂਦ ਉਨ੍ਹਾਂ ਦੇ ਪਿਛੋਕੜ ਵਿੱਚ ਵੀ ਵਿਤਕਰਾ ਬਰਕਰਾਰ ਹੈ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਲਈ ਨਿਆਂ ਦੀ ਘਾਟ ਜਿਸ ਨੇ ਸਾਡੇ ਪੂਰੇ ਦੇਸ ਦੀ ਆਜ਼ਾਦੀ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ। ਉਨ੍ਹਾਂ ਨੇ ਪੰਜਾਬੀਆਂ ਨੂੰ ਸਿਆਸੀ ਹਿੱਤਾਂ ਤੋਂ ਉਪਰ ਉਠ ਕੇ ਅਜਿਹੇ ਵਿਤਕਰੇ ਵਿਰੁੱਧ ਇਕਜੁੱਟ ਹੋਣ ਦਾ ਸੱਦਾ ਦਿੱਤਾ। ਅਸੀਂ ਚੰਡੀਗੜ੍ਹ ਪ੍ਰਸ਼ਾਸਨ ਨੂੰ ਅਪੀਲ ਕਰਦੇ ਹਾਂ ਕਿ ਉਹ ਆਪਣੇ ਫੈਸਲੇ 'ਤੇ ਮੁੜ ਵਿਚਾਰ ਕਰੇ, ਸਾਰਿਆਂ ਲਈ ਬਰਾਬਰ ਮੌਕੇ ਯਕੀਨੀ ਬਣਾਏ। ਉਨ੍ਹਾਂ ਕਿਹਾ ਕਿ ਸਾਡੇ ਵਿਵਿਧ ਅਤੇ ਲੋਕਤੰਤਰੀ ਦੇਸ਼ 'ਚ ਕਿਸੇ ਵੀ ਰੂਪ ਵਿੱਚ ਵਿਤਕਰਾ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾਣਾ ਚਾਹੀਦਾ ਹੈ।

# ਸ਼੍ਰੀ ਗੁਰੂ ਰਵਿਦਾਸ ਮਿਸ਼ਨ ਸੇਵਾ ਸੁਸਾਇਟੀ ਵੱਲੋਂ ਵਿੱਦਿਆਰਥੀਆਂ ਦਾ ਸਨਮਾਨ

ਸ੍ਰੀ ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੌਬੀ) ਪਿਛਲੇ ਦਿਨੀਂ ਇਲਾਕੇ ਦੀ ਉੱਘੀ ਸਮਾਜਸੇਵੀ ਸੰਸਥਾ ਸ਼੍ਰੀ ਗੁਰੂ ਰਵਿਦਾਸ ਮਿਸ਼ਨ ਸੇਵਾ ਸੁਸਾਇਟੀ (ਰਜਿ:) ਸ਼੍ਰੀ ਚਮਕੌਰ ਸਾਹਿਬ ਵੱਲੋਂ ਆਪਣੀਆਂ ਗਤੀਵਿਧੀਆਂ ਨੂੰ ਅੱਗੇ ਤੋਰਦਿਆਂ ਬੱਚਿਆਂ ਤੇ ਵਿੱਦਿਆਰਥੀਆਂ ਨੂੰ ਪੜ੍ਹਾਈ ਕਰਕੇ ਅੱਗੇ ਜਾ ਕੇ ਚੰਗੇ ਮੁਕਾਮ ਪੈਦਾ ਕਰਨ ਦੇ ਮਕਸਦ ਲਈ ਉਤਸਾਹਿਤ ਕਰਨ ਲਈ ਸੀਨੀਅਰ ਸੈਕੰਡਰੀ ਸਕੂਲ ਡੱਲਾ ਦੇ ਛੇਵੀਂ ਤੋਂ ਲੈ ਕੇ +2 ਤੱਕ ਦੇ ਫਸਟ, ਸੈਕਿੰਡ, ਥਰਡ ਆਏ ਵੱਖ ਵੱਖ ਵਿੱਦਿਆਰਥੀਆਂ ਨੂੰ ਸ਼ੀਲਡਾਂ ਤੇ ਸ਼ਟੇਸ਼ਨਰੀ ਦੇ ਕੇ ਸਨਮਾਨਿਤ ਕੀਤਾ ਗਿਆ। ਸਨਮਾਨ ਲੈਣ ਵਾਲੇ ਬੱਚਿਆਂ ਨੇ ਬਹੁਤ ਫਕਰ ਮਹਿਸੂਸ ਕਰਦਿਆਂ ਸੁਸਾਇਟੀ ਦੇ ਪ੍ਰਧਾਨ ਸਾਬਕਾ ਪ੍ਰਿੰਸੀਪਲ ਲਛਮਣ ਸਿੰਘ, ਸਰਪ੍ਰਸਤ ਅਜਾਇਬ ਸਿੰਘ ਸੁੰਮਨ, ਜਨਰਲ ਸਕੱਤਰ ਗੁਰਚਰਨ ਸਿੰਘ ਮਾਣੇ ਮਾਜਰਾ ਦਾ ਤਹਿਦਿਲੋਂ ਧੰਨਵਾਦ ਕੀਤਾ। ਇਸ ਸਮੇਂ ਸੁਸਾਇਟੀ ਦੇ ਪ੍ਰਧਾਨ ਪ੍ਰਿੰਸੀਪਲ ਲਛਮਣ ਸਿੰਘ ਨੇ ਬੱਚਿਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ, ਮਾਪਿਆਂ ਤੇ ਆਧਿਆਪਕਾਂ ਦੇ ਆਗਿਆਕਾਰ ਬਨਣ ਅਤੇ ਪੜ੍ਹਾਈ ਕਰਕੇ ਕਿਸੇ ਮੁਕਾਮ 'ਤੇ ਪਹੁੰਚਣ ਲਈ ਪ੍ਰੇਰਿਤ ਕੀਤਾ। ਇਸ ਸਮੇਂ ਹੋਰਨਾਂ ਤੋਂ ਇਲਾਵਾ ਸਕੂਲ ਦੇ ਪ੍ਰਿੰਸੀਪਲ ਕੁਲਦੀਪ ਕੌਰ, ਪਰਮਿੰਦਰ ਸਿੰਘ, ਦਲਜੀਤ ਕੌਰ, ਕਰਮਜੀਤ ਕੌਰ ਸਾਰੇ ਲੈਕਚਰਾਰ, ਮੈਡਮ ਅਮਰਜੀਤ ਕੌਰ, ਮਾਸਟਰ ਹਰਪ੍ਰੀਤ ਸਿੰਘ, ਮਾਸਟਰ ਮੁਨੀਸ਼ ਕੁਮਾਰ ਤੇ ਸਕੂਲ ਦੇ ਵਿਦਿਆਰਥੀ ਅਤੇ ਸਮੂਹ ਸਟਾਫ ਹਾਜ਼ਰ ਸਨ।

# ਮਿਸ਼ਨ ਇੰਦਰਧਨੁਸ਼ ਤਹਿਤ ਜ਼ਿਲ੍ਹੇ 'ਚ ਲੱਗੇ ਵਿਸ਼ੇਸ਼ ਟੀਕਾਕਰਨ ਕੈਂਪ



ਮੋਹਾਲੀ (ਗੁਰਜੀਤ ਬਿੱਲਾ) ਮਿਸ਼ਨ ਇੰਦਰਧਨੁਸ਼ 0.5 ਤਹਿਤ ਜ਼ਿਲ੍ਹੇ 'ਚ ਵਿਸ਼ੇਸ਼ ਟੀਕਾਕਰਨ ਹਫ਼ਤਾ ਸ਼ੁਰੂ ਹੋ ਗਿਆ ਹੈ। ਸਿਵਲ ਸਰਜਨ ਡਾ. ਮਹੇਸ਼ ਕੁਮਾਰ ਆਹੂਜਾ ਅਤੇ ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਗਿਰੀਸ਼ ਡੋਗਰਾ ਨੇ ਦਸਿਆ ਕਿ ਇਸ ਵਿਸ਼ੇਸ਼ ਟੀਕਾਕਰਨ ਮੁਹਿੰਮ ਤਹਿਤ ਜ਼ਿਲ੍ਹੇ 'ਚ ਵੱਖ-ਵੱਖ ਥਾਵਾਂ 'ਤੇ ਕੈਂਪ ਲਗਾਏ ਗਏ। ਉਨ੍ਹਾਂ ਦੱਸਿਆ ਕਿ ਇਹ ਮੁਹਿੰਮ 25 ਨਵੰਬਰ ਤੱਕ ਜਾਰੀ ਰਹੇਗੀ। ਡਾ. ਗਿਰੀਸ਼ ਡੋਗਰਾ ਅਤੇ ਵਿਸ਼ਵ ਸਿਹਤ ਸੰਗਠਨ ਤੋਂ ਸੀਨੀਅਰ ਮੈਡੀਕਲ ਅਫ਼ਸਰ ਡਾ. ਵਿਕਰਮ ਗੁਪਤਾ ਨੇ ਬਲੌਂਗੀ ਵਿਖੇ ਕੈਂਪ ਦਾ ਨਿਰੀਖਣ ਕੀਤਾ ਅਤੇ ਹਦਾਇਤਾਂ ਦਿੱਤੀਆਂ। ਉਨ੍ਹਾਂ ਦੱਸਿਆ ਕਿ ਵਿਸ਼ੇਸ਼ ਟੀਕਾਕਰਨ ਹਫ਼ਤੇ ਦਾ ਉਦੇਸ਼ ਉਦੇਸ 0 ਤੋਂ 5 ਸਾਲ ਤੱਕ ਦੇ ਬੱਚਿਆਂ ਅਤੇ ਗਰਭਵਤੀ ਔਰਤਾਂ ਦੇ ਟੀਕਾਕਰਨ ਦੀ ਕਵਰੇਜ ਨੂੰ ਮਜ਼ਬੂਤ ਕਰਨਾ ਹੈ। ਇਸ ਲਈ 5 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਅਤੇ ਗਰਭਵਤੀ ਔਰਤਾਂ ਜਿਨ੍ਹਾਂ ਦਾ ਟੀਕਾਕਰਨ ਅਧੂਰਾ ਹੈ ਜਾਂ ਕਿਸੇ ਕਾਰਨ ਰਹਿ ਗਿਆ ਹੈ, ਉਸ ਨੂੰ ਪੂਰਾ ਕੀਤਾ ਜਾਵੇਗਾ। ਸਿਵਲ ਸਰਜਨ ਨੇ ਦੱਸਿਆ ਕਿ ਇਸ ਹਫ਼ਤੇ ਦੌਰਾਨ ਉਚ ਜੋਖਮ ਵਾਲੇ ਖੇਤਰਾਂ, ਪ੍ਰਵਾਸੀ ਆਬਾਦੀ, ਖਾਨਾਬਦੋਸ਼ ਸਥਾਨ, ਇੱਟਾਂ ਦੇ ਭੱਠਿਆਂ ਆਦਿ ਤੇ ਰਹਿਣ ਵਾਲੇ ਲੋਕਾਂ ਦੇ ਬੱਚਿਆਂ ਅਤੇ ਗਰਭਵਤੀ ਔਰਤਾਂ ਨੂੰ ਵਿਸ਼ੇਸ਼ ਤੌਰ 'ਤੇ ਕਵਰ ਕੀਤਾ ਜਾਵੇਗਾ। ਇਸ ਤੋਂ ਇਲਾਵਾ ਜਿਹੜੇ ਸਬ-ਸੈਂਟਰਾਂ ਉਤੇ ਏ.ਐਨ.ਐਮ. ਦਾ ਅਹੁਦਾ ਖ਼ਾਲੀ ਹੈ, ਉਥੇ ਵੀ ਟੀਕਾਕਰਨ ਕੀਤਾ ਜਾਵੇਗਾ। ਸਿਹਤ ਅਧਿਕਾਰੀਆਂ ਨੇ ਦਸਿਆ ਕਿ ਜ਼ਿਲ੍ਹੇ ਦੀਆਂ ਸਰਕਾਰੀ ਸਿਹਤ ਸੰਸਥਾਵਾਂ ਵਿਚ ਇਸ ਮੁਹਿੰਮ ਦੀਆਂ ਤਿਆਰੀਆਂ ਪਹਿਲਾਂ ਹੀ ਮੁਕੰਮਲ ਕਰ ਲਈਆਂ ਗਈਆਂ ਸਨ। ਸਿਵਲ ਸਰਜਨ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਨਾਂ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਲੈਣ ਅਤੇ ਮੁਹਿੰਮ ਨੂੰ ਸਫ਼ਲ ਬਣਾਉਣ।

# ਰੂਪਨਗਰ ਹਲਕਾ ਜ਼ਮੀਨੀ ਵਿਕਾਸ ਦੀਆਂ ਨਵੀਂਆਂ ਲੀਹਾਂ 'ਤੇ : ਕੂਨਰ, ਬਾਗ ਵਾਲੇ



ਨੂਰਪੁਰ ਬੇਦੀ (ਸੁਰਜੀਤ ਸਿੰਘ ਕਾਹਲੋਂ )-ਬਲਾਕ ਨੂਰਪੁਰ ਬੇਦੀ ਦੇ ਪਿੰਡ ਔਲਖ ਵਿਖੇ ਪੀਣ ਵਾਲੇ ਪਾਣੀ ਦੀ ਸਮੱਸਿਆ ਕਾਫੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਸੀ ਜਦੋਂ ਇਸ ਦੇ ਸੰਬੰਧ ਵਿੱਚ ਪਿੰਡ ਦੇ ਪੰਚਾਇਤ ਵੱਲੋਂ ਹਲਕਾ ਵਿਧਾਇਕ ਦਿਨੇਸ਼ ਚੱਢਾ ਨਾਲ ਮੁਲਾਕਾਤ ਕੀਤੀ ਗਈ ਅਤੇ ਸਮੱਸਿਆ ਬਾਰੇ ਜਾਣੂ ਕਰਵਾਇਆ। ਵਿਧਾਇਕ ਵੱਲੋਂ ਇਸ ਸਮੱਸਿਆ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਲਗਭਗ 10 ਲੱਖ ਦੇ ਲਾਗਤ ਨਾਲ ਪਿੰਡ ਵਿੱਚ ਪੀਣ ਵਾਲੇ ਪਾਣੀ ਦੇ ਨਵੇਂ ਟਿਊਬਵੈੱਲ ਦੇ ਕੰਮ ਦੀ ਸ਼ੁਰੂਆਤ ਕਰਵਾਉਣ ਦੇ ਨਿਰਦੇਸ ਜਾਰੀ ਕੀਤੇ ਅਤੇ ਅੱਜ ਟਿਊਬਲ ਦੇ ਕੰਮ ਦੀ ਸ਼ੁਰੂਆਤ ਕਰਾਉਣ ਲਈ ਆਪ ਆਗੂਆਂ ਦੀ ਟੀਮ ਮੈਂਬਰ ਸੀਨੀਅਰ ਆਗੂ ਗੁਰਨੈਬ ਸਿੰਘ ਬਾਗਵਾਲੇ ਅਤੇ ਅਵਤਾਰ ਸਿੰਘ ਕੂੰਨਰ ਅਤੇ ਡਾਇਰੈਕਟਰ ਜਸਬੀਰ ਸਿੰਘ ਪਹੁੰਚੇ। ਉਨ੍ਹਾਂ ਆਖਿਆ ਕਿ ਰੂਪਨਗਰ ਵਿਧਾਨ ਸਭਾ ਹਲਕਾ ਜੋਕਿ ਹੁਣ ਤੱਕ ਅਣਗੌਲਿਆ ਗਿਆ ਸੀ,ਹੁਣ ਜਮੀਨੀ ਵਿਕਾਸ ਦੀਆਂ ਨਵੀਂਆਂ ਲੀਹਾਂ 'ਤੇ ਹੈ। ਹਰ ਪਿੰਡ ਦੀਆਂ ਲੋੜਾਂ ਨੂੰ ਪੂਰਾ ਕਰਨ ਲਈ ਸਖਤ ਮਿਹਨਤ ਕੀਤੀ ਜਾ ਰਹੀ ਹੈ। ਇਹ ਸਭ ਕੁਝ ਹਲਕੇ ਦੇ ਜੰਮਪਲ ਸੂਝਵਾਨ ਤੇ ਪੜ੍ਹੇ ਲਿਖੇ ਵਿਧਾਇਕ ਦਿਨੇਸ਼ ਚੱਢਾ ਦੇ ਯਤਨਾਂ ਸਦਕਾ ਸੰਭਵ ਹੋਇਆ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵਿਧਾਨ ਸਭਾ ਹਲਕਾ ਰੂਪਨਗਰ ਵਿਕਾਸ ਦੀਆਂ ਬੁਲੰਦੀਆਂ ਨੂੰ ਛੂਹੇਗਾ। ਇਸ ਮੌਕੇ ਪਿੰਡ ਦੇ ਸਰਪੰਚ ਦਲਜੀਤ ਸਿੰਘ ਅਤੇ ਸਮੂਹ ਪੰਚਾਇਤ ਮੈਂਬਰਾਂ ਵੱਲੋਂ ਦਿਨੇਸ਼ ਚੱਢਾ ਦਾਧੰਨਵਾਦ ਕੀਤਾ ਗਿਆ। ਪੰਚਾਇਤੀ ਰਾਜ ਜੇ ਈ ਸੰਦੀਪ ਕੁਮਾਰ ਅਤੇ ਸੈਕਰਟਰੀ ਸੁਰਜੀਤ ਸਿੰਘ ਨੇ ਦੱਸਿਆ ਕਿ ਇਸ ਟਿਊਬਵੈੱਲ 'ਤੇ ਲਗਭਗ 10 ਲੱਖ ਦੀ ਲਾਗਤ ਆਵੇਗੀ ਅਤੇ ਇਹ 600 ਫੁੱਟ ਦੇ ਕਰੀਬ ਹੋਵੇਗਾ। ਇਸ ਦਾ ਕੰਮ ਲਗਭਗ ਇੱਕ ਮਹੀਨੇ ਦੇ ਅੰਦਰ ਮੁਕੰਮਲ ਹੋ ਜਾਵੇਗਾ ਅਤੇ ਪਿੰਡ ਵਿੱਚ ਪੀਣ ਵਾਲੇ ਪਾਣੀ ਦੀ ਸਮੱਸਿਆ ਦਾ ਹੱਲ ਹੋ ਜਾਵੇਗਾ। ਇਸ ਮੌਕੇ ਸਰਪੰਚ ਦਲਜੀਤ ਸਿੰਘ ,ਲਕਸਮਣ ਸਿੰਘ ਪੰਚ ,ਰਾਮ ਸਰੂਪ ਪੰਚ ,ਮਹਿੰਦਰ ਸਿੰਘ ,ਰਘਬੀਰ ਸਿੰਘ ਰਾਣਾ ,ਹਰਸਦੀਪ ਸਿੰਘ, ਹਰਜਿੰਦਰ ਸਿੰਘ, ਗੁਰਮੀਤ ਸਿੰਘ, ਚੰਦਨ ਸਿੰਘ ,ਜਸਵੀਰ ਸਿੰਘ ਜੱਸੀ, ਕੁਲਵਿੰਦਰ ਸਿੰਘ, ਸੁਮਿੰਦਰ ਸਿੰਘ ਅਤੇ ਹੋਰ ਪਿੰਡ ਵਾਸੀ ਹਾਜਰ ਸਨ।

# ਨਸ਼ਾਖੋਰੀ ਦੇ ਮਾੜੇ ਪ੍ਰਭਾਵਾਂ ਤੇ ਇਲਾਜ ਬਾਰੇ ਜਾਗਰੂਕਤਾ ਸੈਮੀਨਾਰ



ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ) ਡਾਇਰੈਕਟਰ ਸਿਹਤ ਤੇ ਪਰਵਾਰ ਭਲਾਈ ਵਿਭਾਗ ਪੰਜਾਬ, ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਕੋਮਲ ਮਿੱਤਲ ਆਈ ਏ ਐੱਸ, ਡਿਪਟੀ ਮੈਡੀਕਲ ਕਮਿਸ਼ਨਰ ਡਾ. ਹਰਬੰਸ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਨਸ਼ਾ ਮੁਕਤੀ ਮੁੜ ਵਸੇਵਾ ਕੇਂਦਰ ਹੁਸ਼ਿਆਰਪੁਰ ਵਲੋਂ ਦਿੱਲੀ ਇੰਟਰਨੈਸ਼ਨਲ ਪਬਲਿਕ ਸਕੂਲ ਜਿਆਣ ਵਿਖੇ ਨਸ਼ਾਖੋਰੀ ਦੇ ਮਾੜੇ ਪ੍ਰਭਾਵਾਂ ਅਤੇ ਇਲਾਜ਼ ਬਾਰੇ ਜਾਗਰੂਕਤਾ ਸੈਮੀਨਾਰ ਪ੍ਰਿੰਸੀਪਲ ਮਾਰਿਆ ਜੌਹਨ ਦੀ ਪ੍ਰਧਾਨਗੀ ਹੇਠ ਕਰਵਾਇਆ ਗਿਆ। ਇਸ ਮੌਕੇ ਰਿਸੋਰਸ ਪਰਸਨ ਵਜੋਂ ਪ੍ਰਸ਼ਾਂਤ ਆਦਿਆ ਕਾਂਉਸਲਰ ਸਨ। ਇਸ ਮੌਕੇ ਪ੍ਰਸ਼ਾਂਤ ਆਦਿਆ ਕਾਂਉਸਲਰ ਨੇ ਨਸ਼ਾਖੋਰੀ ਦੇ ਮਾੜੇ ਪ੍ਰਭਾਵਾਂ ਬਾਰੇ ਅਤੇ ਤੰਬਾਕੂ ਦੇ ਮਾੜੇ ਪ੍ਰਭਾਵਾਂ, ਇਸ ਨਾਲ ਹੋਣ ਵਾਲਿਆਂ ਬਿਮਾਰੀਆਂ, ਕੈਂਸਰਾਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੰਦਿਆਂ ਕਿਹਾ ਕਿ ਤੰਬਾਕੂ ਨੂੰ 'ਦੀ ਗੇਟ ਆਫ਼ ਅਦਰ ਡਰੱਗਸ' ਕਿਹਾ ਗਿਆ ਹੈ। ਵਿਸ਼ਵ ਸਿਹਤ ਸੰਗਠਨ ਅਨੁਸਾਰ ਤੰਬਾਕੂ 'ਚ 7000 ਕੈਮੀਕਲ ਪਾਏ ਜਿਸ 'ਚ ਨਿਕੋਟਿਨ ਇੱਕ ਅਜਿਹਾ ਕੈਮੀਕਲ ਹੈ ਜੋ ਕਰੇਵਿੰਗ ਦਾ ਕਾਰਨ ਤਾਂ ਹੈ ਪਰ ਕੈਂਸਰ ਦਾ ਨਹੀਂ। ਇਸ ਮੌਕੇ ਪ੍ਰਸ਼ਾਂਤ ਆਦਿਆ ਕਾਂਉਸਲਰ ਨੇ ਕਿਹਾ ਕਿ ਨਸ਼ਾਖੋਰੀ ਇੱਕ ਮਾਨਸਿਕ ਬਿਮਾਰੀ ਹੈ, ਜਿਸ ਦਾ ਇਲਾਜ਼ ਸਿਹਤ ਤੇ ਪਰਵਾਰ ਭਲਾਈ ਵਿਭਾਗ ਪੰਜਾਬ ਵੱਲੋਂ ਸਮੂਹ ਸਿਹਤ ਕੇਂਦਰਾਂ 'ਚ ਮੁਫ਼ਤ ਕੀਤਾ ਜਾਂਦਾ ਹੈ। ਜ਼ਿਲ੍ਹਾ ਹੁਸ਼ਿਆਰਪੁਰ 'ਚ 2 ਨਸ਼ਾ ਮੁਕਤੀ ਕੇਂਦਰ ਸਿਵਲ ਹਸਪਤਾਲ ਦਸੂਹਾ ਅਤੇ ਸਿਵਲ ਹਸਪਤਾਲ ਹੁਸ਼ਿਆਰਪੁਰ ਵਿਖੇ ਹਨ, ਜਿਥੇ ਮਰੀਜ਼ ਨੂੰ 15-21 ਦਿਨ ਤੱਕ ਡੀਟਾਕਸ ਕੀਤਾ ਜਾਂਦਾ ਹੈ, ਇਸ ਤੋਂ ਬਾਅਦ ਮਰੀਜ਼ ਨੂੰ ਸਰਕਾਰੀ ਪੁਨਰਵਾਸ ਕੇਂਦਰ ਮੁਹੱਲਾ ਫਤਿਹਗੜ੍ਹ ਹੁਸ਼ਿਆਰਪੁਰ ਵਿਖੇ 90 ਦਿਨਾਂ ਲਈ ਇਲਾਜ਼ ਅਧੀਨ ਰੱਖਿਆ ਜਾਂਦਾ ਹੈ ਜਿਥੇ ਮਰੀਜ਼ ਦੇ ਇਲਾਜ਼, ਕਾਊਂਸਲਿੰਗ ਦੇ ਨਾਲ ਨਾਲ ਰੈੱਡ ਕਰਾਸ ਹੁਸ਼ਿਆਰਪੁਰ ਦੇ ਸਹਿਯੋਗ ਨਾਲ ਕਿੱਤਾਮੁੱਖੀ ਸਕਿੱਲ ਵੋਕੇਸ਼ਨਲ ਕੋਰਸ ਦੇ 'ਚ ਸਲੂਨ ਬਾਰਬਰ, ਫੂਡ ਕਰਾਫਟ, ਐਫ ਸੀ ਆਈ ਵੱਲੋਂ, ਇਲੈਕਟ੍ਰੀਸ਼ਨ, ਪਲੰਬਰ ਦੇ ਕੋਰਸ ਕਰਵਾਏ ਜਾਂਦੇ ਹਨ। ਇਸ ਤੋਂ ਇਲਾਵਾ ਮਰੀਜ਼ਾ ਨੂੰ ਮਿਸ਼ਨ ਰੈੱਡ ਸਕਾਈ ਅਧੀਨ ਰੋਜ਼ਗਾਰ ਵੀ ਮੁਹੱਈਆ ਕਰਵਾਇਆ ਜਾਂਦਾ ਹੈ। ਜਿਸ ਕਾਰਨ ਕੇਂਦਰ ਨੂੰ 'ਸੈਂਟਰ ਆਫ਼ ਐਕਸੀਲੈਂਸ' ਦਾ ਖਿਤਾਬ ਹਾਸਲ ਹੈ। ਇਸ ਮੌਕੇ ਸਮੂਹ ਵਿਦਿਆਰਥੀ, ਸਟਾਫ਼ ਨੂੰ ਨਸ਼ਾ ਅਤੇ ਤੰਬਾਕੂ ਮੁਕਤ ਰਹਿਣ ਦੀ ਸੰਹੁ ਚੁਕਾਈ ਗਈ। ਇਸ ਮੌਕੇ ਸਮੂਹ ਸਟਾਫ ਸਮੇਤ ਚਰਨਜੀਤ, ਨਵਦੀਪ ਅਤੇ ਵਰੁਣ ਕੁਮਾਰ ਆਦਿ ਹਾਜ਼ਰ ਸਨ।

# ਸੈਕੰਡਰੀ ਮਨਸੂਰਪੁਰ ਸਕੂਲ 'ਚ 'ਆਗਾਜ਼' ਮੈਗਜ਼ੀਨ ਦਾ ਦੂਜਾ ਅੰਕ ਰਿਲੀਜ਼



ਗੁਰਾਇਆ (ਬਿੰਦਰ ਸੁਮਨ )-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਨਸੂਰਪੁਰ ਵਿੱਚ ਬਾਲ ਦਿਵਸ ਮਨਾਇਆ ਗਿਆ। ਇਕ ਪ੍ਰਭਾਵਸ਼ਾਲੀ ਸਮਾਗਮ ਵਿੱਚ ਮੁੱਖ ਮਹਿਮਾਨ ਦੇ ਤੌਰ 'ਤੇ ਡਾ: ਨਰਿੰਦਰ ਕਲਸੀ ਡਿਪਟੀ ਡਾਇਰੈਕਟਰ ਹਾਰਟੀਕਲਚਰ ਪੰਜਾਬ ਸ਼ਾਮਿਲ ਹੋਏ। ਉਹਨਾਂ ਨੇ ਸਕੂਲ ਦਾ ਸਲਾਨਾ ਮੈਗਜੀਨ 'ਆਗਾਜ਼' ਅੰਕ ਦੋ ਰਿਲੀਜ ਕੀਤਾ। ਇਸ ਮੌਕੇ ਸੰਬੋਧਨ ਕਰਦਿਆਂ ਉਹਨਾਂ ਨੇ ਵਿਦਿਆਰਥੀਆਂ ਨੂੰ ਸਖਤ ਮਿਹਨਤ ਕਰਨ ਲਈ ਕਿਹਾ ਅਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵੱਲੋਂ ਚਲਾਏ ਜਾ ਰਹੇ ਵੱਖ-ਵੱਖ ਕੋਰਸਾਂ ਵਿੱਚ ਦਾਖਲੇ ਲਈ ਪ੍ਰੇਰਿਆ। ਲੈਕਚਰਾਰ ਅਵਤਾਰ ਲਾਲ ਨੇ ਮੈਗਜੀਨ ਆਗਾਜ ਵਿਚ ਦਰਜ ਰਚਨਾਵਾਂ ਦਾ ਜ਼ਿਕਰ ਕੀਤਾ। ਵਿਦਿਆਰਥੀਆਂ ਨੇ ਮੈਗਜੀਨ ਲਈ ਲਿਖੀਆਂ ਆਪਣੀਆਂ ਰਚਨਾਵਾਂ ਪੜ੍ਹੀਆਂ। ਬਲਾਕ ਨੋਡਲ ਅਫਸਰ ਤਰਲੋਕ ਸਿੰਘ ਅਤੇ ਬੁੱਧਿਸਟ ਮਿਸ਼ਨ ਚੈਰੀਟੇਬਲ ਟਰੱਸਟ ਖਹਿਰਾ ਦੇ ਪ੍ਰਬੰਧਕ ਸੁਭਾਸ਼ ਚੰਦਰ ਬੋਧ ਨੇ ਸਕੂਲ ਦੇ ਚੰਗੇ ਪ੍ਰਬੰਧ, ਅਧਿਆਪਕਾਂ ਅਤੇ ਵਿਦਿਆਰਥੀਆਂ ਦੁਆਰਾ ਮੈਗਜੀਨ ਤਿਆਰ ਕਰਨ ਦੀ ਸ਼ਲਾਘਾ ਕੀਤੀ ਤੇ ਵਿਦਿਆਰਥੀਆਂ ਨੂੰ ਇਸ ਦਾ ਪੂਰਾ ਲਾਭ ਲੈਣ ਕਿਹਾ। ਉਹਨਾਂ ਨੇ ਕਿਹਾ ਕਿ ਕਿਤਾਬਾਂ ਗਿਆਨ ਦਾ ਭੰਡਾਰ ਹਨ। ਅੱਜ ਦੇ ਸਮੇਂ ਗਿਆਨ ਤੋਂ ਬਿਨਾ ਮਨੁੱਖ ਅਧੂਰਾ ਹੈ। ਕਿਤਾਬਾਂ ਤੋਂ ਗਿਆਨ ਹਾਸਲ ਕਰਕੇ ਹੀ ਉੱਚੇ ਅਹੁਦਿਆਂ 'ਤੇ ਪਹੁੰਚਿਆ ਜਾ ਸਕਦਾ ਹੈ। ਸਟੇਜ ਸੰਚਾਲਨ ਦੀ ਜਿੰਮੇਵਾਰੀ ਲੈਕਚਰਾਰ ਪਰਦੀਪ ਸਿੰਘ ਨੇ ਨਿਭਾਉਂਦਿਆਂ ਬੱਚਿਆਂ ਨੂੰ ਸਾਹਿਤ ਨਾਲ ਜੁੜਨ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਸਰਪੰਚ ਸ੍ਰੀਮਤੀ ਮੀਨਾ ਰਾਣੀ, ਰਕੇਸ਼ ਕੁਮਾਰ ਮੱਲ, ਪੰਚ ਬਿਮਲਾ ਰਾਣੀ, ਉੱਗੇ ਸਮਾਜ ਸੇਵਕ ਚੂਹੜ ਸਿੰਘ ਸਿੱਧੂ ਤੋਂ ਇਲਾਵਾ ਅਧਿਆਪਕ ਸ੍ਰੀਮਤੀ ਰਜਨੀ ਬਾਲਾ, ਰੇਖਾ ਮਹਿਤਾ, ਹਰਜਸ ਪਾਲ, ਅਵਤਾਰ ਲਾਲ, ਮਧੂ ਬਾਲਾ, ਗੁਰਬਖਸ਼ ਕੌਰ, ਨਵਪ੍ਰੀਤ ਕੌਰ, ਮੈਡਮ ਸੀਤਲ, ਹਿਨਾ ਰੰਕੇਸ, ਸ਼ੁਭਮ ਗੋਇਲ, ਸੁਰਜੀਤ ਕੁਮਾਰ ਅਤੇ ਸਮੂਹ ਵਿਦਿਆਰਥੀ ਹਾਜਰ ਸਨ। ਪ੍ਰਿੰਸੀਪਲ ਹਰਦੀਪ ਸਿੰਘ ਨੇ ਸਕੂਲ ਮੈਗਜੀਨ ਅਗਾਜ ਰਿਲੀਜ ਕਰਨ ਅਤੇ ਸਮੁੱਚੇ ਪ੍ਰੋਗਰਾਮ ਦੀ ਵਧਾਈ ਦਿੱਤੀ, ਸਕੂਲ ਦੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ। ਸਾਹਿਤਕ ਪੱਖ ਤੋਂ ਇਹ ਸਮਾਗਮ ਯਾਦਗਾਰੀ ਹੋ ਨਿਬੜਿਆ।

# ਪੇ ਕਮਿਸ਼ਨ ਦੇ 66 ਮਹੀਨਿਆਂ ਦੇ ਬਕਾਏ ਤੇ ਡੀ ਏ ਦੀਆਂ ਕਿਸ਼ਤਾਂ ਦੇਣ ਦੀ ਕੀਤੀ ਮੰਗ




ਜਲੰਧਰ, ਫਗਵਾੜਾ (ਰਾਜੇਸ਼ ਥਾਪਾ, ਡਾ. ਰਮਨ, ਜਸਵਿੰਦਰ ਢੱਡਾ) ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਫਗਵਾੜਾ ਦੀ ਮਾਸਿਕ ਮੀਟਿੰਗ ਪ੍ਰਧਾਨ ਮੋਹਣ ਸਿੰਘ ਭੱਟੀ ਦੀ ਪ੍ਰਧਾਨਗੀ ਹੇਠ ਰੈਸਟ ਹਾਊਸ ਫਗਵਾੜਾ ਵਿਖੇ ਕੀਤੀ ਗਈ। ਮੀਟਿੰਗ ਦੀ ਕਾਰਵਾਈ ਦੀ ਜਾਣਕਾਰੀ ਦਿੰਦਿਆਂ ਜਨਰਲ ਸਕੱਤਰ ਕੁਲਦੀਪ ਸਿੰਘ ਕੌੜਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਵੱਲੋਂ ਮੁਲਾਜਮਾਂ ਅਤੇ ਪੈਨਸ਼ਨਰਾਂ ਦੀਆਂ ਹੱਕੀ ਅਤੇ ਜਾਇਜ ਮੰਗਾਂ ਨੂੰ ਮੰਨਣ ਅਤੇ ਲਾਗੂ ਕਰਨ ਤੋਂ ਟਾਲਾ ਵੱਟਣ ਲਈ ਸਾਜ਼ਿਸ਼ੀ ਚੁੱਪ ਧਾਰੀ ਹੋਈ ਹੈ ਅਤੇ ਜਥੇਬੰਦੀਆਂ ਦੇ ਆਗੂਆਂ ਨਾਲ ਦੋਧਿਰੀ ਗੱਲਬਾਤ ਕਰਨ ਤੋਂ ਵੀ ਵਾਰ ਵਾਰ ਟਾਲਮ ਟੋਲ ਦੀ ਪਾਲਿਸੀ ਅਖਤਿਆਰ ਕੀਤੀ ਹੋਈ ਹੈ। ਆਗੂਆਂ ਨੇ ਪੰਜਾਬ ਸਰਕਾਰ ਦੀ ਇਸ ਨੀਤੀ ਦੀ ਜੋਰਦਾਰ ਤਿੱਖੀ ਨਿਖੇਧੀ ਕਰਦੇ ਹੋਏ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਛੇਵੇਂ ਪੇ ਕਮਿਸ਼ਨ ਦੇ 66 ਮਹੀਨਿਆਂ ਦੇ ਬਕਾਏ ਅਤੇ ਡੀ ਏ ਦੀਆਂ ਰਹਿੰਦੀਆਂ ਬਾਰਾਂ ਪ੍ਰਤੀਸਤ ਦੀ ਕਿਸ਼ਤਾਂ ਅਤੇ ਡੀ ਏ ਦੇ ਬਕਾਏ ਤੁਰੰਤ ਦੇ ਕੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਰਾਹਤ ਦਿੱਤੀ ਜਾਵੇ। ਉਹਨਾਂ ਨੇ ਕਿਹਾ ਕਿ ਵੱਡੀ ਉਮਰ ਦੇ ਪੈਨਸ਼ਨਰ ਬਕਾਏ ਨੂੰ ਉਡੀਕਦੇ ਉਡੀਕਦੇ ਦਿਨ-ਬ-ਦਿਨ ਅਗਲੇ ਜਹਾਨ ਨੂੰ ਜਾ ਰਹੇ ਹਨ। ਬਾਕੀ ਹੱਕੀ ਅਤੇ ਜਾਇਜ ਮੰਗਾਂ ਦੇ ਯੋਗ ਨਿਪਟਾਰੇ ਲਈ ਜਥੇਬੰਦੀਆਂ ਦੇ ਆਗੂਆਂ ਨਾਲ ਦੋਧਿਰੀ ਗੱਲਬਾਤ ਕਰਕੇ ਮੰਗਾਂ ਨੂੰ ਮੰਨ ਕੇ ਲਾਗੂ ਕਰਨ ਦਾ ਉਪਰਾਲਾ ਗੰਭੀਰਤਾ ਨਾਲ ਕੀਤਾ ਜਾਵੇ ਪੰਜਾਬ ਸਰਕਾਰ ਵੱਲੋਂ ਮੁਲਾਜਮਾਂ ਅਤੇ ਪੈਨਸਨਰਾਂ ਦੀਆਂ ਮੰਗਾਂ ਪ੍ਰਤੀ ਦਿਖਾਈ ਜਾ ਰਹੀ ਬੇਰੁਖੀ ਦਾ ਜਵਾਬ ਦੇਣ ਲਈ ਪੰਜਾਬ ਮੁਲਾਜਮ ਅਤੇ ਪੈਨਸ਼ਨਰਜ ਸਾਂਝਾ ਫਰੰਟ ਪੰਜਾਬ ਵਲੋਂ ਪਹਿਲੀ ਜਨਵਰੀ ਤੋਂ ਮੰਤਰੀਆਂ ਅਤੇ ਵਿਧਾਇਕਾਂ ਦੇ ਘਰਾਂ ਦਾ ਘਿਰਾਓ ਕਰਕੇ ਕੀਤੇ ਜਾਣ ਵਾਲੇ ਰੋਸ ਪ੍ਰਦਰਸ਼ਨ 'ਚ ਸ਼ਾਮਲ ਹੋਣ ਦਾ ਫੈਸਲਾ ਵੀ ਕੀਤਾ ਗਿਆ। ਸਤਾਰਾਂ ਦਸੰਬਰ ਨੂੰ ਪੈਂਨਸਨਰ ਦਿਵਸ ਮਨਾਉਣ ਸਮੇਂ ਅੱਸੀ ਸਾਲ ਤੋਂ ਉੱਪਰ ਦੀ ਉਮਰ ਵਾਲੇ ਐਸੋਸੀਏਸ਼ਨ ਦੇ ਛੇ ਮੈਂਬਰਾਂ ਸ੍ਰੀਮਤੀ ਹਰਕੰਵਲ, ਸਾਧੂ ਰਾਮ ਜੱਖੂ, ਹਰਭਜਨ ਸਿੰਘ ਭੁਲਾਰਾਈ, ਲਛਮਣ ਦਾਸ, ਕ੍ਰਿਸ਼ਨ ਗੋਪਾਲ ਚੋਪੜਾ ਅਤੇ ਸੋਹਣ ਲਾਲ ਆਦਿ ਨੂੰ ਸਨਮਾਨਿਤ ਕਰਨ ਦਾ ਫੈਸਲਾ ਕੀਤਾ। ਇਸ ਸਮੇਂ ਮੀਟਿੰਗ 'ਚ ਪ੍ਰਧਾਨ ਮੋਹਣ ਸਿੰਘ ਭੱਟੀ, ਜਨਰਲ ਸਕੱਤਰ ਕੁਲਦੀਪ ਸਿੰਘ ਕੌੜਾ, ਹਰਭਜਨ ਲਾਲ ਕੌਲ ਅਤੇ ਕੇ.ਕੇ.ਪਾਂਡੇ ਆਦਿ ਸਾਥੀ ਹਾਜ਼ਰ ਹੋਏ।

# ਮਿਸ਼ਨ ਇੰਦਰਧਨੁਸ਼ ਦੇ ਤੀਜੇ ਤੇ ਆਖਰੀ ਗੇੜ ਦੀ ਸ਼ੁਰੂਆਤ

ਨੂਰਪੁਰ ਬੇਦੀ (ਸੁਰਜੀਤ ਸਿੰਘ ਕਾਹਲੋਂ) ਡਾ.ਪਰਮਿੰਦਰ ਕੁਮਾਰ ਸਿਵਲ ਸਰਜਨ ਰੂਪਨਗਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਬਲਾਕ ਅੰਦਰ ਵਿਸ਼ੇਸ਼ ਟੀਕਾਕਰਨ ਮੁਹਿੰਮ ਇੰਟੈਨਸੀਫਾਇਡ ਮਿਸ਼ਨ ਇੰਦਰਧਨੁਸ਼ ਦੇ ਤੀਜੇ ਅਤੇ ਆਖਰੀ ਗੇੜ 20 ਨਵੰਬਰ ਤੋਂ 25 ਨਵੰਬਰ ਤੱਕ ਦੀ ਸ਼ੁਰਆਤ ਡਾ.ਵਿਧਾਨ ਚੰਦਰ ਸੀਨੀਅਰ ਮੈਡੀਕਲ ਅਫਸਰ ਵੱਲੋਂ ਕੀਤੀ ਗਈ। ਉਨ੍ਹਾਂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ 0 ਤੋਂ 5 ਸਾਲ ਦੇ ਹਰ ਬੱਚੇ ਦਾ ਸੰਪੂਰਨ ਟੀਕਾਕਰਨ ਸੁਨਿਸ਼ਚਿਤ ਕਰਨ ਲਈ ਇੱਕ ਵਿਸ਼ੇਸ਼ ਮੁਹਿੰਮ ਇੰਟੈਨਸੀਫਾਇਡ ਮਿਸ਼ਨ ਇੰਦਰਧਨੁਸ਼ ਤਿੰਨ ਪੜਾਵਾਂ ਤਹਿਤ ਚਲਾਈ ਜਾ ਰਹੀ ਹੈ।

ਤੀਜੇ ਤੇ ਆਖਰੀ ਗੇੜ ਦੀ ਸ਼ੁਰੂਆਤ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਤਹਿਤ ਅਜਿਹੇ 0 ਤੋਂ 5 ਸਾਲ ਦੇ ਅਜਿਹੇ ਬੱਚੇ ਕਵਰ ਕੀਤੇ ਜਾ ਰਹੇ ਹਨ, ਜਿਹੜੇ ਕਿਸੇ ਨਾ ਕਿਸੇ ਕਾਰਣ ਸੰਪੂਰਨ ਟੀਕਾਕਰਣ ਤੋ ਵਾਂਝੇ ਰਹਿ ਗਏ ਹਨ।

# ਰੂਪਨਗਰ 'ਚ ਵਗਾਰ ਕਲਚਰ ਖਤਮ ਕਰਵਾ ਕੇ ਆਮ ਲੋਕਾਂ ਨੂੰ ਦਿੱਤੀ ਵੱਡੀ ਰਾਹਤ : ਆਪ ਆਗੂ



ਨੂਰਪੁਰ ਬੇਦੀ (ਸੁਰਜੀਤ ਸਿੰਘ ਕਾਹਲੋਂ) - ਹਲਕੇ ਦੇ ਪਿੰਡ ਸਾਖਪੁਰ ਹਲਕਾ ਵਿਧਾਇਕ ਦਿਨੇਸ਼ ਚੱਢਾ ਵੱਲੋਂ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲੈਣ ਲਈ ਆਪ ਆਗੂਆਂ ਦੀ ਟੀਮ ਬਲਾਕ ਪ੍ਰਧਾਨ ਚੌਧਰੀ ਨਰਿੰਦਰ ਝਾਂਡੀਆਂ, ਸ਼ੋਸ਼ਲ ਮੀਡੀਆ ਇੰਚਾਰਜ ਚੌਧਰੀ ਬਲਬੀਰ ਟੇਡੇਵਾਲ ਅਤੇ ਬਲਾਕ ਪ੍ਰਧਾਨ ਡਾ. ਮਦਨ ਕਰੂਰਾ ਪਹੁੰਚੇ ਅਤੇ ਦੱਸਿਆ ਕਿ ਰੂਪਨਗਰ ਹਲਕੇ 'ਚ ਸਰਕਾਰੀ ਦਫਤਰਾਂ 'ਚ ਅਫਸਰਾਂ ਤੋਂ ਵਗਾਰ ਕਲਚਰ ਖਤਮ ਕਰਵਾਉਣ ਨਾਲ ਆਮ ਲੋਕਾਂ ਨੂੰ ਵੱਡੀ ਰਾਹਤ ਮਿਲੀ ਹੈ। ਅੱਜ ਕਿਸੇ ਵੀ ਮਹਿਕਮੇ ਦਾ ਕੋਈ ਵੀ ਅਫਸਰ ਇੱਕ ਚਾਹ ਦੇ ਕੱਪ ਦੀ ਵਗਾਰ ਦਾ ਵੀ ਦੇਣਦਾਰ ਨਹੀਂ ਹੈ। ਜਿਸ ਨਾਲ਼ ਆਮ ਲੋਕਾਂ 'ਤੇ ਰਿਸ਼ਵਤ ਦੇ ਰੂਪ 'ਚ ਅਸਿਧੇ ਤੌਰ 'ਤੇ ਪੈਣ ਵਾਲਾ ਭਾਰ ਬੰਦ ਹੋਇਆ ਹੈ। ਇਸੇ ਕਰਕੇ ਆਮ ਲੋਕਾਂ ਨੇ ਵੀ ਹਜ਼ਾਰਾਂ ਦੀ ਗਿਣਤੀ 'ਚ ਸੜਕਾਂ 'ਤੇ ਕੇ ਰਿਸ਼ਵਤ ਰੋਕਣ ਲਈ ਹਲਕਾ ਵਿਧਾਇਕ ਦਾ ਸਾਥ ਦਿੱਤਾ ਹੈ । ਆਪ ਆਗੂਆਂ ਵੱਲੋਂ ਜਿੱਥੇ ਪਿੰਡ ਵਿੱਚ ਬਣਾਏ ਖੇਡ ਸਟੇਡੀਅਮ ਦਾ ਜਾਇਜਾ ਲਿਆ ਅਤੇ ਗਿੱਲੇ ਸੁੱਕੇ ਕੂੜੇ ਦੀ ਸਾਂਭ ਸੰਭਾਲ ਲਈ ਬਣਾਏ ਜਾ ਰਹੇ ਸੋਲਿਡ ਵੇਸਟ ਮੈਨੇਜਮੈਂਟ ਪ੍ਰੋਜੈਕਟ ਅਤੇ ਸ਼ਮਸ਼ਾਨਘਾਟ ਦੀ ਉਸਾਰੀ ਅਤੇ ਪਿੰਡ ਵਿੱਚ ਹੋਰ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ।

ਇਸ ਮੌਕੇ ਧਰਮ ਸਿੰਘ ਸਰਪੰਚ, ਦਰਸ਼ਨ ਲਾਲ, ਨਿਰਮਲ ਸਿੰਘ ,ਤਰਸੇਮ ਸਿੰਘ, ਬਲਬੀਰ ਸਿੰਘ, ਮਨੋਹਰ ਲਾਲ ,ਜਰਨੈਲ ਸਿੰਘ, ਬਲਵੀਰ ਸਿੰਘ, ਗੁਰਦੇਵ ਸਿੰਘ ,ਰਜਿੰਦਰ, ਲੱਕੀ ਰਾਮਪੁਰ, ਹਰਮੇਲ ਸਿੰਘ ਅਤੇ ਹੋਰ ਪਿੰਡ ਵਾਸੀ ਹਾਜਰ ਸਨ।

# ਹਥਿਆਰਬੰਦ ਸੈਨਾ ਝੰਡਾ ਦਿਵਸ ਸੰਬੰਧੀ ਸਾਈਕਲ ਰੈਲੀ ਦਾ ਜਲੰਧਰ ਪਹੁੰਚਣ 'ਤੇ ਨਿੱਘਾ ਸਵਾਗਤ



ਜਲੰਧਰ (ਸ਼ੈਲੀ ਐਲਬਰਟ)-ਆਮ ਲੋਕਾਂ ਨੂੰ ਝੰਡਾ ਦਿਵਸ ਦੀ ਮਹੱਤਤਾ ਬਾਰੇ ਵੱਧ ਤੋਂ ਵੱਧ ਜਾਗਰੂਕ ਕਰਨ ਦੇ ਮੰਤਵ ਨਾਲ ਸ਼ੁਰੂ ਕੀਤੀ ਗਈ ਸਾਈਕਲ ਰੈਲੀ ਵਾਰ ਮੈਮੋਰੀਅਲ, ਜਲੰਧਰ ਵਿਖੇ ਪਹੁੰਚਣ 'ਤੇ ਜਿਸ ਵਿੱਚ ਬ੍ਰਿਗੇਡੀਅਰ ਇੰਦਰਜੀਤ ਸਿੰਘ ਚੌਹਾਨ, ਸੈਨਾ ਮੈਡਲ (ਗੈਲੰਟਰੀ), ਉਪ ਪ੍ਰਧਾਨ ਜ਼ਿਲ੍ਹਾ ਸੈਨਿਕ ਬੋਰਡ ਅਤੇ ਸਾਬਕਾ ਵੈਟਰਨਰਜ਼ ਸ਼ਾਮਿਲ ਸਨ, ਦਾ ਨਿੱਘਾ ਸਵਾਗਤ ਕੀਤਾ ਗਿਆ। ਵਾਰ ਮੈਮੋਰੀਅਲ ਵਿਖੇ ਪਹੁੰਚਣ 'ਤੇ ਬ੍ਰਿਗੇਡੀਅਰ ਇੰਦਰਜੀਤ ਸਿੰਘ ਚੌਹਾਨ ਸੈਨਾ ਮੈਡਲ (ਗੈਲੰਟਰੀ), ਉਪ ਪ੍ਰਧਾਨ ਜ਼ਿਲ੍ਹਾ ਸੈਨਿਕ ਬੋਰਡ ਅਤੇ ਹੋਰਨਾਂ ਵਲੋਂ ਸ਼ਹੀਦਾਂ ਨੂੰ ਸ਼ਰਧਾਂਜਲੀ ਅਰਪਿਤ ਕਰਦਿਆਂ ਮੌਨ ਧਾਰਨ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਡਾਇਰੈਕਟੋਰੇਟ ਰੱਖਿਆ ਸੇਵਾਵਾਂ ਭਲਾਈ ਵਿਭਾਗ, ਪੰਜਾਬ ਵਲੋਂ ਝੰਡਾ ਦਿਵਸ ਦੀ ਅਹਿਮੀਅਤ ਬਾਰੇ ਲੋਕਾਂ ਨੂੰ ਜਾਣਕਾਰੀ ਦੇਣ ਲਈ ਸੂਬੇ ਦੇ ਸਾਰੇ ਜ਼ਿਲ੍ਹਿਆਂ ਵਿੱਚ ਸਾਇਕਲ ਰੈਲੀ ਕੱਢੀ ਜਾ ਰਹੀ ਹੈ ਅਤੇ ਇਹ ਰੈਲੀ 07 ਦਸੰਬਰ ਨੂੰ ਪੰਜਾਬ ਰਾਜ ਭਵਨ ਚੰਡੀਗੜ੍ਹ ਪਹੁੰਚ ਕੇ ਸਮਾਪਤ ਹੋਵੇਗੀ।

ਉਨ੍ਹਾਂ ਦੱਸਿਆ ਕਿ ਝੰਡਾ ਦਿਵਸ ਦੇਸ਼ ਦੇ ਮਹਾਨ ਸ਼ਹੀਦਾਂ ਨੂੰ ਸ਼ਰਧਾਂਜ਼ਲੀ ਅਰਪਿਤ ਕਰਨ ਲਈ ਬਣਾਇਆ ਜਾਂਦਾ ਹੈ। ਉਨ੍ਹਾਂ ਦਾਨੀ ਸੱਜਣਾਂ ਨੂੰ ਅਪੀਲ ਕੀਤੀ ਕਿ ਝੰਡਾ ਦਿਵਸ ਫੰਡ ਵਿੱਚ ਵੱਧ ਚੜ੍ਹ ਕੇ ਯੋਗਦਾਨ ਪਾਉਣ ਕਿਉਂਕਿ ਇਹ ਫੰਡ ਦੇਸ਼ ਲਈ ਜਾਨਾਂ ਵਾਰਨ ਵਾਲੇ ਮਹਾਨ ਯੋਧਿਆਂ ਦੇ ਪਰਵਾਰਾਂ ਦੀ ਭਲਾਈ ਲਈ ਖ਼ਰਚ ਕੀਤਾ ਜਾਂਦਾ ਹੈ।

ਇਸ ਮੌਕੇ 13 ਲਾਭਪਾਤਰੀਆਂ ਨੂੰ ਫਲੈਗ ਡੇਅ ਫੰਡ ਵਿਚੋਂ ਮਾਲੀ ਸਹਾਇਤਾ ਦੇ ਚੈਕ ਵੀ ਤਕਸੀਮ ਕੀਤੇ ਗਏ। ਇਸ ਉਪਰੰਤ ਇਹ ਸਾਈਕਲ ਰੈਲੀ ਮਹਾਰਾਜਾ ਰਣਜੀਤ ਸਿੰਘ, ਵਾਰ ਮੈਮੋਰੀਅਲ ਲੁਧਿਆਣਾ ਲਈ ਰਵਾਨਾ ਹੋਈ।

# ਮਨੁੱਖਤਾ ਦੀ ਸੇਵਾ 'ਚ ਅਹਿਮ ਯੋਗਦਾਨ ਦੇ ਰਹੀਆਂ ਹਨ ਸਮਾਜ ਸੇਵੀ ਸੰਸਥਾਵਾਂ : ਜਿੰਪਾ



ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ) ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਸਮਾਜ ਸੇਵੀ ਸੰਸਥਾਵਾਂ ਮਨੁੱਖਤਾ ਦੀ ਸੇਵਾ 'ਚ ਅਹਿਮ ਯੋਗਦਾਨ ਪਾ ਰਹੀਆਂ ਹਨ ਅਤੇ ਅਜਿਹੀਆਂ ਸੰਸਥਾਵਾਂ ਦਾ ਸਾਨੂੰ ਵੱਧ ਤੋਂ ਵੱਧ ਸਾਥ ਦੇਣਾ ਚਾਹੀਦਾ ਹੈ। ਉਹ ਬਲਾਕ ਟਾਂਡਾ ਦੇ ਪਿੰਡ ਬੱਸੀ ਕਲਾਂ ਵਿਖੇ ਮਾਨਵਤਾ ਸੇਵਾ ਸੁਸਾਇਟੀ ਵੱਲੋਂ ਦੋ ਲੋੜਵੰਦ ਲੜਕੀਆਂ ਦੇ ਵਿਆਹ ਸਮਾਗਮ ਵਿੱਚ ਸ਼ਿਰਕਤ ਕਰ ਰਹੇ ਸਨ। ਉਨ੍ਹਾਂ ਨਵ-ਵਿਆਹੇ ਜੋੜਿਆਂ ਨੂੰ ਆਸ਼ੀਰਵਾਦ ਦਿੰਦਿਆਂ ਉਨ੍ਹਾਂ ਦੇ ਸੁਖੀ ਗ੍ਰਹਿਸਥੀ ਜੀਵਨ ਦੀ ਕਾਮਨਾ ਕੀਤੀ। ਉਨ੍ਹਾਂ ਕਿਹਾ ਕਿ ਉਹ ਅਜਿਹੀਆਂ ਸੰਸਥਾਵਾਂ ਨੂੰ ਸਲਾਮ ਕਰਦੇ ਹਨ, ਜੋ ਦਿਨ-ਰਾਤ ਮਨੁੱਖਤਾ ਦੀ ਸੇਵਾ ਦੇ ਕੰਮ ਵਿਚ ਲੱਗੀਆਂ ਹੋਈਆਂ ਹਨ। ਉਨ੍ਹਾਂ ਕਿਹਾ ਕਿ ਮਾਨਵਤਾ ਸੇਵਾ ਸੁਸਾਇਟੀ 13 ਤੋਂ ਵੱਧ ਲੋੜਵੰਦ ਲੜਕੀਆਂ ਦੇ ਵਿਆਹ ਕਰਵਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਇਸ ਸੁਸਾਇਟੀ ਨੇ ਜਿਥੇ ਕਈ ਖ਼ੂਨਦਾਨ ਕੈਂਪ ਲਗਾਏ ਹਨ ਉਥੇ ਹੜ੍ਹ ਪੀੜਤਾਂ ਲਈ ਵੀ ਅੱਗੇ ਹੋ ਕੇ ਕੰਮ ਕੀਤਾ ਹੈ। ਇਸ ਤੋਂ ਇਲਾਵਾ ਇਹ ਸੁਸਾਇਟੀ ਆਵਾਰਾ ਪਸ਼ੂਆਂ ਦੇ ਇਲਾਜ ਲਈ ਵੀ ਕੰਮ ਕਰ ਰਹੀ ਹੈ। ਉਨ੍ਹਾਂ ਇਸ ਮੌਕੇ ਮਨੁੱਖਤਾ ਦੇ ਭਲਾਈ ਕਾਰਜਾਂ ਲਈ ਸੁਸਾਇਟੀ ਨੂੰ 51 ਹਜ਼ਾਰ ਰੁਪਏ ਦੇਣ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਅਜਿਹੀਆਂ ਸੰਸਥਾਵਾਂ ਦੀ ਹਰ ਸੰਭਵ ਮਦਦ ਕਰਨ ਲਈ ਹਮੇਸ਼ਾ ਤੱਤਪਰ ਹੈ। ਇਸ ਮੌਕੇ ਸੁਸਾਇਟੀ ਦੇ ਸਮੂਹ ਅਹੁਦੇਦਾਰ ਅਤੇ ਮੈਂਬਰ ਹਾਜ਼ਰ ਸਨ।

